ਮੰਗਲਵਾਰ, 28 ਜੁਲਾਈ, 2026
13 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 57

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 28 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਭਾਰਤੀ ਵਿਦਿਆਰਥੀਆਂ ਨੇ ਲੋਕਸ਼ਾਹੀ ਦੀ ਤਾਕਤ ਦਾ ਅਰਥ ਸਮਝਾਇਆ : ਗ੍ਰੇਟਾ



**ਲੰਡਨ** : ਜਲਵਾਯੂ ਕਾਰਕੁਨ ਗ੍ਰੇਟਾ ਥਨਬਰਗ ਨੇ ਐਤਵਾਰ ਭਾਰਤ ਵਿੱਚ ਵਿਦਿਆਰਥੀ ਅੰਦੋਲਨ ਦਾ ਸਮਰਥਨ ਕਰਦੇ ਹੋਏ ਕਿਹਾ ਕਿ ਇਸ ਨੇ ਲੋਕਾਂ ਦੀ ਸ਼ਕਤੀ ਦਾ ਅਸਲ ਅਰਥ ਸਮਝਾਇਆ ਹੈ। ਇਥੇ ਸਟੂਡੈਂਟਸ ਫੈਡਰੇਸ਼ਨ ਆਫ ਇੰਡੀਆ (ਐੱਸ ਐੱਫ ਆਈ) ਦੇ ਸਮਾਗਮ ਵਿੱਚ ਬੋਲਦਿਆਂ ਉਸ ਨੇ ਕਿਹਾ, 'ਭਾਰਤੀ ਵਿਦਿਆਰਥੀ ਅੰਦੋਲਨ ਨੇ ਸਾਨੂੰ ਸਾਰਿਆਂ ਨੂੰ ਮਾਣ ਦਿਵਾਇਆ ਹੈ। ਇਸ ਨੇ ਸਾਨੂੰ ਉਮੀਦ ਦਿੱਤੀ ਹੈ। ਇਸ ਨੇ ਦਿਖਾਇਆ ਹੈ ਕਿ ਜਦੋਂ ਲੋਕ ਇਕਜੁੱਟ ਹੁੰਦੇ ਹਨ ਅਤੇ ਵਿਰੋਧ ਕਰਦੇ ਹਨ ਤਾਂ ਉਹ ਕੀ ਪ੍ਰਾਪਤ ਕਰ ਸਕਦੇ ਹਨ। ਇਸ ਨੇ ਲੋਕਾਂ ਦੀ ਸ਼ਕਤੀ ਦਾ ਅਸਲ ਅਰਥ ਸਮਝਾਇਆ ਹੈ।' ਗ੍ਰੇਟਾ ਨੇ ਕਿਹਾ ਕਿ ਭਾਰਤੀ ਵਿਦਿਆਰਥੀਆਂ ਦੀ ਇਨਸਾਫ ਲਈ ਲੜਾਈ ਅਤੇ ਲੋਕਤੰਤਰ ਤੇ ਆਜ਼ਾਦੀ ਲਈ ਸੰਘਰਸ਼ ਦੁਨੀਆ ਭਰ ਦੇ ਲੋਕਾਂ ਦਾ ਸੰਘਰਸ਼ ਵੀ ਹੈ। ਉਸ ਨੇ ਕਿਹਾ ਕਿ ਸਾਰਿਆਂ ਨੂੰ ਭਾਰਤ ਦੇ ਸਮਰਥਨ ਵਿੱਚ ਇੱਕਜੁੱਟ ਹੋਣਾ ਚਾਹੀਦਾ ਹੈ।

## 'ਜਦੋਂ ਵੀ ਸੱਦੋਂਗੇ ਪੰਜਾਬ ਆਵਾਂਗਾ'



**ਨਵੀਂ ਦਿੱਲੀ** : ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਸੋਮਵਾਰ ਸੰਸਦ ਭਵਨ ਵਿੱਚ ਪ੍ਰਧਾਨ ਮੰਤਰੀ ਨਾਲ ਮੁਲਾਕਾਤ ਕਰਕੇ ਪੰਜਾਬ ਦੀ ਮੌਜੂਦਾ ਸਿਆਸੀ ਅਤੇ ਸਮਾਜਕ ਸਥਿਤੀ ਬਾਰੇ ਪ੍ਰਧਾਨ ਜਾਣੂ ਕਰਵਾਇਆ। ਢਿੱਲੋਂ ਨੇ ਕਿਹਾ ਕਿ 35 ਮਿੰਟ ਦੀ ਮੀਟਿੰਗ ਵਿੱਚ ਪ੍ਰਧਾਨ ਮੰਤਰੀ ਨੇ ਅਮਨ-ਕਾਨੂੰਨ, ਡਰੱਗ ਤੇ ਹੋਰ ਮੁੱਦਿਆਂ ਬਾਰੇ ਜਾਣਕਾਰੀ ਲਈ। ਉਨ੍ਹਾ ਕਿਹਾ ਕਿ ਜਦੋਂ ਵੀ ਉਹ ਸੱਦਣਗੇ ਪੰਜਾਬ ਆਵਾਂਗਾ। ਢਿੱਲੋਂ ਨੇ ਉਨ੍ਹਾ ਨੂੰ ਸ੍ਰੀ ਦਰਬਾਰ ਸਾਹਿਬ ਦਾ ਪ੍ਰਸ਼ਾਦ ਵੀ ਦਿੱਤਾ।

## ਅਸਤੀਫੇ ਤੋਂ ਬਾਅਦ ਸਨਮਾਨ



**ਨਵੀਂ ਦਿੱਲੀ** : ਨੀਟ ਵਿਵਾਦ ਨੂੰ ਲੈ ਕੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਤੋਂ ਬਾਅਦ ਕੇਂਦਰੀ ਸਿੱਖਿਆ ਮੰਤਰੀ ਵਜੋਂ ਅਸਤੀਫਾ ਦੇਣ ਵਾਲੇ ਭਾਜਪਾ ਆਗੂ ਧਰਮਿੰਦਰ ਪ੍ਰਧਾਨ ਦਾ ਸੋਮਵਾਰ ਸੰਸਦ ਕੰਪਲੈਕਸ ਵਿੱਚ ਕੁਝ ਭਾਜਪਾਈ ਆਗੂਆਂ ਵੱਲੋਂ 'ਪ੍ਰਧਾਨ ਜ਼ਿੰਦਾਬਾਦ' ਵਰਗੇ ਨਾਅਰਿਆਂ ਦੌਰਾਨ ਰਵਾਇਤੀ ਟੋਪੀ ਅਤੇ ਸ਼ਾਲ ਪਾ ਕੇ ਸਵਾਗਤ ਕੀਤਾ ਗਿਆ। ਇਸੇ ਸਮੇਂ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨੇ 'ਚੋਰ-ਚੋਰ, ਪੇਪਰ ਚੋਰ' ਦੇ ਨਾਅਰੇ ਲਾਏ ਅਤੇ ਪ੍ਰਧਾਨ ਦਾ ਸਨਮਾਨ ਕਰਨ ਲਈ ਸੱਤਾਧਾਰੀ ਧਿਰ ਨੂੰ ਰਗੜਿਆ। ਕਾਂਗਰਸ ਆਗੂ ਪਵਨ ਖੇੜਾ ਨੇ ਕਿਹਾ, 'ਇਹ ਉਹੀ ਲੋਕ ਹਨ, ਜਿਨ੍ਹਾਂ ਨੇ ਬਿਲਕਿਸ ਬਾਨੋ ਮਾਮਲੇ ਵਿੱਚ ਬਲਾਤਕਾਰੀਆਂ ਦਾ ਵੀ ਸਵਾਗਤ ਕੀਤਾ ਸੀ। ਪ੍ਰਧਾਨ ਆਰ ਐੱਸ ਐੱਸ ਦੇ ਹੀਰੋ ਹਨ, ਕਿਉਂਕਿ ਉਨ੍ਹਾ ਸਿੱਖਿਆ ਮੰਤਰਾਲੇ ਰਾਹੀਂ ਆਰ ਐੱਸ ਐੱਸ ਦਾ ਏਜੰਡਾ ਲਾਗੂ ਕੀਤਾ ਸੀ। ਇਸੇ ਲਈ ਉਹ ਉਨ੍ਹਾਂ ਦੇ ਹੀਰੋ ਹਨ, ਪਰ ਜਿੱਥੋਂ ਤੱਕ ਪ੍ਰਧਾਨ ਦਾ ਸਵਾਲ ਹੈ, ਲੋਕ ਹੁਣ ਉਨ੍ਹਾ ਦੇ ਅਸਲੀ ਰੂਪ ਨੂੰ ਜਾਣਦੇ ਹਨ, ਜਿਵੇਂ ਕਿ ਅਸੀਂ ਸੋਸ਼ਲ ਮੀਡੀਆ ਅਤੇ ਸੜਕਾਂ 'ਤੇ ਦੇਖ ਸਕਦੇ ਹਾਂ।'

## ਅਯਾਲੀ ਬੀਬੀ ਖਾਲੜਾ ਲਈ ਦਾਖਾ ਸੀਟ ਛੱਡਣ ਨੂੰ ਤਿਆਰ

**ਚੰਡੀਗੜ੍ਹ** : ਵਾਰਿਸ ਪੰਜਾਬ ਦੇ ਆਗੂ ਤੇ ਦਾਖਾ ਹਲਕੇ ਤੋਂ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਨੇ ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਦੀ ਪਤਨੀ ਪਰਮਜੀਤ ਕੌਰ ਖਾਲੜਾ ਨੂੰ ਦਾਖਾ ਹਲਕੇ ਤੋਂ ਅਗਲੀਆਂ ਵਿਧਾਨ ਸਭਾ ਚੋਣਾਂ ਲੜਨ ਦੀ ਅਪੀਲ ਕਰਦਿਆਂ ਆਪਣੀ ਸੀਟ ਉਨ੍ਹਾ ਨੂੰ ਪੇਸ਼ ਕੀਤੀ ਹੈ। ਅਯਾਲੀ ਨੇ ਕੁਝ ਦਿਨ ਪਹਿਲਾਂ ਸਾਂਸਦ ਅੰਮ੍ਰਿਤਪਾਲ ਸਿੰਘ ਨੂੰ ਮੁੱਖ ਮੰਤਰੀ ਦਾ ਉਮੀਦਵਾਰ ਐਲਾਨਿਆ ਸੀ।

## ਸ਼ਾਂਤਮਈ ਪ੍ਰੋਟੈੱਸਟ ਸੰਵਿਧਾਨਕ ਅਧਿਕਾਰ : ਚੀਫ ਜਸਟਿਸ

**ਨਵੀਂ ਦਿੱਲੀ** : ਸੁਪਰੀਮ ਕੋਰਟ ਦੇ ਚੀਫ ਜਸਟਿਸ ਸੂਰੀਆ ਕਾਂਤ ਦੀ ਅਗਵਾਈ ਵਾਲੀ ਬੈਂਚ ਨੇ ਪ੍ਰੀਖਿਆ ਪੇਪਰ ਲੀਕ ਵਿਰੁੱਧ ਦੇਸ਼ ਭਰ ਵਿੱਚ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਦੌਰਾਨ ਪੁਲਸ ਵਧੀਕੀਆਂ ਬਾਰੇ ਪਟੀਸ਼ਨਾਂ ਦੀ ਸੁਣਵਾਈ ਕਰਦੇ ਹੋਏ ਸੋਮਵਾਰ ਕਿਹਾ ਕਿ ਸ਼ਾਂਤਮਈ ਅਤੇ ਕਾਨੂੰਨੀ ਵਿਰੋਧ ਪ੍ਰਦਰਸ਼ਨ ਇੱਕ ਸੰਵਿਧਾਨਕ ਅਧਿਕਾਰ ਹੈ ਅਤੇ ਸਿਰਫ ਇਸ ਲਈ ਲਾਠੀਚਾਰਜ ਨਹੀਂ ਕੀਤਾ ਜਾ ਸਕਦਾ, ਕਿਉਂਕਿ ਵਿਰੋਧ ਪ੍ਰਦਰਸ਼ਨ ਹੋ ਰਿਹਾ ਹੈ। ਅਦਾਲਤ ਨੇ ਕਿਹਾ ਕਿ ਜੇ ਪੁਲਸ ਦੁਆਰਾ ਬਹੁਤ ਜ਼ਿਆਦਾ ਤਾਕਤ ਦੀ ਵਰਤੋਂ ਕੀਤੀ ਗਈ ਹੈ ਤਾਂ ਇਸ ਦੀ ਸੁਤੰਤਰ ਜਾਂਚ ਹੋਣੀ ਚਾਹੀਦੀ ਹੈ। ਬੈਂਚ ਨੇ ਦੇਸ਼ ਭਰ ਵਿੱਚ ਵਿਰੋਧ ਪ੍ਰਦਰਸ਼ਨਾਂ ਨਾਲ ਨਜਿੱਠਣ ਲਈ ਇਕਸਾਰ ਪੁਲਸ ਪ੍ਰੋਟੋਕੋਲ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ। ਬੈਂਚ ਨੇ ਕਿਹਾ ਕਿ ਲੋਕਤੰਤਰੀ ਪ੍ਰਣਾਲੀ ਵਿੱਚ ਅਨੁਸ਼ਾਸਨ ਵੀ ਜ਼ਰੂਰੀ ਹੈ।

# ਹੁਣ ਗਡਕਰੀ ਨਿਸ਼ਾਨੇ 'ਤੇ



**ਮੁੰਬਈ (ਨਵਾਂ ਜ਼ਮਾਨਾ ਸਰਵਿਸ)**

ਬੰਬੇ ਹਾਈ ਕੋਰਟ ਨੇ ਕੇਂਦਰੀ ਮੰਤਰੀ ਨਿਤਿਨ ਗਡਕਰੀ ਨੂੰ ਮੈਟਾ ਅਤੇ ਹੋਰ ਸੋਸ਼ਲ ਮੀਡੀਆ ਪਲੇਟਫਾਰਮਾਂ ਦੇ ਨਾਲ-ਨਾਲ ਅਣਪਛਾਤੀਆਂ ਸੰਸਥਾਵਾਂ ਵਿਰੁੱਧ ਸਿਵਲ ਮੁਕੱਦਮਾ ਦਾਇਰ ਕਰਨ ਦੀ ਇਜਾਜ਼ਤ ਦੇ ਦਿੱਤੀ ਹੈ, ਜਿਨ੍ਹਾਂ ਦੀ ਵਰਤੋਂ ਕਥਿਤ ਤੌਰ 'ਤੇ ਗਡਕਰੀ ਅਤੇ ਉਨ੍ਹਾ ਦੇ ਪਰਵਾਰ ਵਿਰੁੱਧ ਗਲਤ ਜਾਣਕਾਰੀ ਫੈਲਾਉਣ ਲਈ ਕੀਤੀ ਜਾ ਰਹੀ ਹੈ। ਪੇਪਰ ਲੀਕ ਵਿਰੁੱਧ ਚੱਲੇ ਅੰਦੋਲਨ ਕਾਰਨ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਤੋਂ ਬਾਅਦ ਹੁਣ ਗਡਕਰੀ ਲੋਕਾਂ ਦੇ ਨਿਸ਼ਾਨੇ 'ਤੇ ਆ ਗਏ ਹਨ। ਹਾਈ ਕੋਰਟ ਵਿੱਚ ਦਾਇਰ ਗਡਕਰੀ ਦੇ ਮੁਕੱਦਮੇ ਦੇ ਮੁਤਾਬਕ ਸੋਸ਼ਲ ਮੀਡੀਆ 'ਤੇ ਵਿਵਾਦਿਤ ਸਮੱਗਰੀ ਵਿੱਚ ਪੋਸਟਾਂ, ਡੀਪ ਫੇਕ ਤਸਵੀਰਾਂ ਅਤੇ ਵੀਡੀਓ ਸ਼ਾਮਲ ਹਨ, ਜੋ ਕਥਿਤ ਤੌਰ 'ਤੇ ਉਸ ਨੂੰ ਅਤੇ ਉਸ ਦੇ ਪਰਵਾਰ ਨੂੰ ਈ-20 ਈਥਾਨੋਲ ਬਲੈਂਡਿੰਗ ਪ੍ਰੋਗਰਾਮ ਦੇ ਮੁਨਾਫੇ ਨਾਲ ਜੋੜਦੀਆਂ ਹਨ। ਮੁਕੱਦਮੇ ਵਿੱਚ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਗਿਆ ਹੈ ਕਿ ਈਥਾਨੋਲ ਮਿਸ਼ਰਣ ਨੀਤੀ ਪੈਟਰੋਲੀਅਮ ਮੰਤਰਾਲੇ ਦੁਆਰਾ ਚਲਾਈ ਜਾ ਰਹੀ ਹੈ।

ਇਹ ਘਟਨਾਕ੍ਰਮ ਈਥਾਨੋਲ-ਮਿਸ਼ਰਤ ਈਂਧਨ, ਖਾਸ ਕਰਕੇ ਈ-20 ਪੈਟਰੋਲ 'ਤੇ ਵਧ ਰਹੀ ਜਨਤਕ ਜਾਂਚ ਦੇ ਵਿਚਕਾਰ ਆਇਆ ਹੈ, ਸੋਸ਼ਲ ਮੀਡੀਆ 'ਤੇ ਦਾਅਵਿਆਂ ਤੋਂ ਬਾਅਦ ਕਿ ਉੱਚ ਈਥਾਨੋਲ ਮਿਸ਼ਰਣ ਨੇ ਕੁਝ ਵਾਹਨਾਂ ਵਿੱਚ ਨੁਕਸ ਪੈਦਾ ਕੀਤਾ ਹੈ। ਇਸ ਦੌਰਾਨ ਵਾਹਨ ਨਿਰਮਾਤਾਵਾਂ ਅਤੇ ਸਰਕਾਰ-ਸਮਰਥਿਤ ਟੈਸਟਿੰਗ ਏਜੰਸੀਆਂ ਨੇ ਕਿਹਾ ਹੈ ਕਿ ਈ-20 ਲਈ ਪ੍ਰਮਾਣਿਤ ਵਾਹਨਾਂ ਨੂੰ ਈਂਧਣ ਦੀ ਸੁਰੱਖਿਅਤ ਵਰਤੋਂ ਲਈ ਡਿਜ਼ਾਈਨ ਅਤੇ ਟੈਸਟ ਕੀਤਾ ਗਿਆ ਹੈ, ਜਦੋਂ ਕਿ ਵਾਹਨਾਂ ਦੀਆਂ ਸਮੱਸਿਆਵਾਂ ਦੇ ਵੱਖਰੇ ਮਾਮਲਿਆਂ ਨੂੰ ਈਥਾਨੋਲ ਮਿਸ਼ਰਣ ਦੀ ਬਜਾਏ

• ਬਾਕੀ ਸਫਾ 2 'ਤੇ

## ਮੋਦੀ ਜੀ, ਮੇਰੇ 'ਤੇ ਵੀ ਕਿਰਪਾ ਕਰੋ : ਗੋਪੀਨਾਥਨ



**ਨਵੀਂ ਦਿੱਲੀ** : ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਅਸਤੀਫਾ ਮਨਜ਼ੂਰ ਹੋਣ ਤੋਂ ਬਾਅਦ ਜੰਮੂ-ਕਸ਼ਮੀਰ ਨੂੰ ਵਿਸ਼ੇਸ਼ ਦਰਜਾ ਦਿੰਦੀ ਧਾਰਾ 370 ਹਟਾਏ ਜਾਣ ਵਿਰੁੱਧ 2019 ਵਿੱਚ ਅਸਤੀਫਾ ਦੇਣ ਵਾਲੇ ਕੇਰਲਾ ਦੇ 41 ਸਾਲਾ ਆਈ ਏ ਐੱਸ ਅਧਿਕਾਰੀ ਕੰਨਨ ਗੋਪੀਨਾਥਨ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਟੈਗ ਕਰਦੇ ਹੋਏ ਇੱਕ ਪੋਸਟ ਵਿੱਚ ਕਿਹਾ ਹੈ, 'ਪਿਆਰੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਹੁਣ ਜਦੋਂ ਤੁਸੀਂ ਅਸਤੀਫੇ ਸਵੀਕਾਰ ਕਰਨੇ ਸ਼ੁਰੂ ਕਰ ਦਿੱਤੇ ਹਨ, ਤਾਂ ਕਿਰਪਾ ਕਰਕੇ ਮੇਰਾ ਵੀ ਸਵੀਕਾਰ ਕਰੋ। 7 ਸਾਲ ਹੋ ਗਏ ਹਨ!!' ਉਸ ਦੀ ਪੋਸਟ 'ਤੇ ਜਦੋਂ ਇੱਕ ਯੂਜ਼ਰ ਨੇ ਉਸ ਨੂੰ ਪੁੱਛਿਆ ਕਿ ਕੀ ਸਰਕਾਰ ਉਸ ਨੂੰ ਤਨਖਾਹ ਦੇ ਰਹੀ ਹੈ, ਕਿਉਂਕਿ ਉਸ ਦੀ ਨੌਕਰੀ ਅਜੇ ਵੀ ਬਣੀ ਹੋਈ ਹੈ, ਤਾਂ ਗੋਪੀਨਾਥਨ ਨੇ ਜਵਾਬ ਦਿੱਤਾ, 'ਨਹੀਂ। ਕੋਈ ਤਨਖਾਹ ਨਹੀਂ, ਕੋਈ ਮੁਅੱਤਲੀ ਨਹੀਂ, ਕੁਝ ਵੀ ਨਹੀਂ। ਬਸ ਇਸ 'ਤੇ ਬੈਠਾ ਹਾਂ। ਬਿਲਕੁਲ ਹਰ ਦੂਜੇ ਮੁੱਦੇ ਵਾਂਗ।'

# ਸਮੇਂ ਦੀਆਂ ਸਰਕਾਰਾਂ ਨੇ ਪੰਜਾਬ ਨਾਲ ਹਮੇਸ਼ਾ ਧੱਕਾ ਕੀਤਾ : ਧਾਲੀਵਾਲ

### ਜ਼ਿਲ੍ਹਾ ਗੁਰਦਾਸਪੁਰ ਕਨਵੈਨਸ਼ਨ 'ਚ ਚੋਣਾਂ ਲਈ ਹੁਣ ਤੋਂ ਤਿਆਰੀਆਂ ਕਰਨ 'ਤੇ ਜ਼ੋਰ



**ਧਾਰੀਵਾਲ (ਮਨਦੀਪ ਵਿੱਕੀ)**

ਭਾਰਤੀ ਕਮਿਊਨਿਸਟ ਪਾਰਟੀ ਦੀ ਜ਼ਿਲ੍ਹਾ ਗੁਰਦਾਸਪੁਰ ਦੀ ਕਨਵੈਨਸ਼ਨ ਕਾਮਰੇਡ ਰਾਮ ਸਿੰਘ ਦੱਤ ਹਾਲ ਵਿੱਚ ਹੋਈ।ਕਨਵੈਨਸ਼ਨ ਦੀ ਪ੍ਰਧਾਨਗੀ ਬਲਬੀਰ ਸਿੰਘ ਕੱਤੋਵਾਲ, ਹੀਰਾ ਲਾਲ ਕਾਦੀਆਂ, ਟਰੇਡ ਯੂਨੀਅਨ ਆਗੂ ਹਜ਼ਾਰਾ ਸਿੰਘ, ਨੌਜਵਾਨ ਆਗੂ ਹਰਚਰਨ ਸਿੰਘ ਅੌਜਲਾ ਅਤੇ ਇਸਤਰੀ ਸਭਾ ਦੀ ਆਗੂ ਐਡਵੋਕੇਟ ਰਮਨਦੀਪ ਕੌਰ ਨੇ ਕੀਤੀ।ਕਨਵੈਨਸ਼ਨ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਕੋਨਿਆਂ ਤੋਂ ਪਾਰਟੀ ਦੇ ਕਾਰਕੁਨ, ਸੀ ਪੀ ਆਈ ਦੇ ਹਮਦਰਦ, ਖੇਤ ਮਜ਼ਦੂਰ, ਮੁਲਾਜ਼ਮ ਜਥੇਬੰਦੀਆਂ, ਕਿਸਾਨ ਤੇ ਨੌਜਵਾਨ ਹਾਜ਼ਰ ਹੋਏ। ਕਨਵੈਸ਼ਨ ਵਿੱਚ ਵਿਸ਼ੇਸ਼ ਤੌਰ 'ਤੇ ਪੁੱਜੇ ਸੀ ਪੀ ਆਈ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਨਾਲ ਹਮੇਸ਼ਾ ਹੀ ਧੱਕਾ ਹੋਇਆ ਹੈ ਅਤੇ ਪੰਜਾਬ 'ਤੇ ਰਾਜ ਕਰਦੀਆਂ ਪਾਰਟੀਆਂ ਭਾਵੇਂ ਉਹ ਅਕਾਲੀ, ਕਾਂਗਰਸ ਜਾਂ ਆਮ ਆਦਮੀ ਪਾਰਟੀ ਦੀ ਸਰਕਾਰ ਹੋਵੇ, ਇਹਨਾਂ ਸਰਕਾਰਾਂ ਨੇ ਆਪਣੇ ਸਮੇਂ ਦੌਰਾਨ ਪੰਜਾਬ ਦੇ ਮੁੱਦਿਆਂ ਵੱਲ ਕੋਈ ਧਿਆਨ ਨਹੀਂ ਦਿੱਤਾ, ਜਿਸ ਕਰਕੇ ਪੰਜਾਬ ਦੇ ਮਸਲੇ ਜਿਉਂ ਦੇ ਤਿਉਂ ਹਨ, ਭਾਵੇਂ ਉਹ ਚੰਡੀਗੜ੍ਹ ਦਾ ਮਸਲਾ ਹੋਵੇ, ਪੰਜਾਬੀ ਮਾਂ ਬੋਲੀ ਦਾ ਮਸਲਾ ਹੋਵੇ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦਾ ਹੋਵੇ, ਕਿਸਾਨੀ ਦੀਆਂ ਮੁਸ਼ਕਲਾਂ ਦੇ ਸਬੰਧ ਵਿੱਚ ਹੋਵੇ, ਸਿਹਤ ਅਤੇ ਸਿੱਖਿਆ ਦੇ ਸੰਬੰਧ ਵਿੱਚ ਹੋਵੇ, ਅਮਨ-ਕਾਨੂੰਨ ਦੀ ਸਥਿਤੀ ਦੀ ਗੱਲ ਹੋਵੇ, ਇਹਨਾਂ ਇਨਸਾਫ ਦੇਣ ਦੀ ਗੱਲ ਨਹੀਂ ਕੀਤੀ। ਉਲਟਾ ਪੰਜਾਬ ਵਿੱਚ ਸੰਸਕ੍ਰਿਤ ਭਾਸ਼ਾ ਨੂੰ ਲਾਗੂ ਕੀਤਾ ਜਾ ਰਿਹਾ ਹੈ, ਜੋ ਕਿ ਆਰ ਐੱਸ ਐੱਸ ਦੇ ਆਪਣੇ ਆਗੂਆਂ ਨੂੰ ਹੀ ਨਹੀਂ ਆਉਂਦੀ। ਅੱਜ ਪੰਜਾਬ ਦੀ ਜਵਾਨੀ ਵਿਦੇਸ਼ਾਂ ਵਿੱਚ ਧੱਕੇ ਖਾ ਰਹੀ ਹੈ, ਇਸ ਦੀ ਸਾਰੀ ਦੁਰਦਸ਼ਾ ਲਈ ਪੰਜਾਬ ਤੇ ਕੇਂਦਰ ਦੀਆਂ ਸਰਕਾਰਾਂ ਜ਼ਿੰਮੇਵਾਰ ਹਨ।

ਕਾਮਰੇਡ ਧਾਲੀਵਾਲ ਨੇ ਮੋਦੀ ਸਰਕਾਰ ਦੀਆਂ ਨੀਤੀਆਂ ਦੀ ਗੱਲ ਕਰਦਿਆਂ ਕਿਹਾ ਕਿ ਇਹ ਫਿਰਕੂ ਅਤੇ ਫਾਸ਼ੀਵਾਦੀ ਸਰਕਾਰ ਹੈ,

• ਬਾਕੀ ਸਫਾ 2 'ਤੇ

# ਮਾਨ ਨੇ ਵਰਧਮਾਨ-ਆਈਚੀ ਸਟੀਲ ਫੋਰਜਿੰਗ ਪਲਾਂਟ ਦਾ ਨੀਂਹ ਪੱਥਰ ਰੱਖਿਆ

**ਲੁਧਿਆਣਾ/ਦੋਰਾਹਾ (ਹਰਮਿੰਦਰ ਸੇਠ)**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਜਪਾਨ ਦੀ ਆਈਚੀ ਸਟੀਲ ਦੀ ਭਾਈਵਾਲੀ ਨਾਲ ਵਰਧਮਾਨ ਸਪੈਸ਼ਲ ਸਟੀਲਜ਼ ਵੱਲੋਂ ਸਥਾਪਤ ਕੀਤੇ ਜਾ ਰਹੇ ਦੇਸ਼ ਦੇ ਆਪਣੀ ਕਿਸਮ ਦੇ ਪਹਿਲੇ 1,116 ਕਰੋੜ ਰੁਪਏ ਦੇ ਫੋਰਜਿੰਗ ਅਤੇ ਮਸ਼ੀਨਿੰਗ ਯੂਨਿਟ ਦਾ ਨੀਂਹ ਪੱਥਰ ਰੱਖਿਆ।

ਇਹ ਪ੍ਰੋਜੈਕਟ 500 ਤੋਂ ਵੱਧ ਨੌਜਵਾਨਾਂ ਨੂੰ ਸਿੱਧਾ ਰੁਜ਼ਗਾਰ ਪ੍ਰਦਾਨ ਕਰੇਗਾ। ਮੁੱਖ ਮੰਤਰੀ ਨੇ ਆਸ ਪ੍ਰਗਟਾਈ ਕਿ ਵਰਧਮਾਨ-ਆਈਚੀ ਦੇ ਪ੍ਰਾਜੈਕਟ ਦੇ ਭਵਿੱਖੀ ਵਿਸਥਾਰ ਨਾਲ ਹੋਰ 2,000 ਲੋਕਾਂ ਲਈ ਨੌਕਰੀਆਂ ਦੇ ਮੌਕੇ ਪੈਦਾ ਹੋ ਸਕਦੇ ਹਨ। ਉਨ੍ਹਾ ਕਿਹਾ ਕਿ ਕੰਪਨੀਆਂ ਵੱਲੋਂ ਪੰਜਾਬ ਦੇ ਸਾਜ਼ਗਾਰ ਉਦਯੋਗਿਕ ਮਾਹੌਲ ਨੂੰ ਦੇਖਦਿਆਂ ਨਿਵੇਸ਼ ਨੂੰ 500 ਕਰੋੜ ਰੁਪਏ ਦੇ ਸ਼ੁਰੂਆਤੀ ਸਮਝੌਤੇ ਤੋਂ ਵਧਾ ਕੇ 1,116 ਕਰੋੜ ਰੁਪਏ ਕੀਤਾ ਗਿਆ ਹੈ, ਜੋ ਸੂਬੇ ਦੀਆਂ ਉਦਯੋਗ-ਪੱਖੀ ਨੀਤੀਆਂ ਵਿੱਚ ਵਧ ਰਹੇ ਆਲਮੀ ਵਿਸ਼ਵਾਸ ਨੂੰ ਦਰਸਾਉਂਦਾ ਹੈ।

ਮਾਨ ਨੇ ਕਿਹਾ, 'ਦਸੰਬਰ, 2025 ਵਿੱਚ ਸਾਡੀ ਜਪਾਨ ਯਾਤਰਾ ਦੌਰਾਨ ਅਸੀਂ ਨਾਗੋਆ ਵਿੱਚ ਆਈਚੀ ਸਟੀਲ ਦੀ ਲੀਡਰਸ਼ਿਪ ਨਾਲ ਮੁਲਾਕਾਤ ਕੀਤੀ ਸੀ। ਉਸ ਸਮੇਂ ਵਰਧਮਾਨ ਅਤੇ ਆਈਚੀ ਸਟੀਲ ਨੇ ਪੰਜਾਬ ਵਿੱਚ ਲਗਭਗ 500 ਕਰੋੜ ਰੁਪਏ ਦੇ ਨਿਵੇਸ਼ ਨਾਲ ਮੈਨੂਫੈਕਚਰਿੰਗ ਫੈਸਿਲਟੀ ਸਥਾਪਤ ਕਰਨ ਦੀਆਂ ਸੰਭਾਵਨਾਵਾਂ ਲਈ ਸਮਝੌਤਾ ਸਹੀਬੱਧ ਕੀਤਾ ਸੀ। ਅੱਜ ਕੁਝ ਹੀ ਮਹੀਨਿਆਂ

• ਬਾਕੀ ਸਫਾ 2 'ਤੇ

# 'ਮੋਦੀ ਨੇ ਦੁਨੀਆ 'ਚ ਦੇਸ਼ ਦਾ ਸਿਰ ਨੀਵਾਂ ਕਰਵਾਇਆ'

**ਪਟਿਆਲਾ** : ਸੀ ਪੀ ਆਈ ਜ਼ਿਲ੍ਹਾ ਪਟਿਆਲਾ ਦੀ ਭਰਵੀਂ ਕਨਵੈਨਸ਼ਨ ਗੁਰਵਿੰਦਰ ਸਿੰਘ ਐਡਵੋਕੇਟ, ਉਤਮ ਸਿੰਘ ਬਾਗੜੀ, ਕਸ਼ਮੀਰ ਸਿੰਘ ਗਦਾਈਆ ਅਤੇ ਰਾਮ ਚੰਦ ਚੁਨਾਗਰਾ ਦੀ ਪ੍ਰਧਾਨਗੀ ਹੇਠ ਹੋਈ।



ਕਨਵੈਨਸ਼ਨ ਨੂੰ ਸੰਬੋਧਨ ਕਰਨ ਲਈ ਵਿਸ਼ੇਸ਼ ਤੌਰ 'ਤੇ ਸੀ ਪੀ ਆਈ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਉਚੇਚੇ ਤੌਰ 'ਤੇ ਪਹੁੰਚੇ। ਬਰਿਜ ਲਾਲ ਸਹਾਇਕ ਸਕੱਤਰ ਨੇ ਸਟੇਜ ਦੀ ਕਾਰਵਾਈ ਆਰੰਭੀ। ਕੁਲਵੰਤ ਸਿੰਘ ਮੌਲਵੀਵਾਲਾ ਜ਼ਿਲ੍ਹਾ ਸਕੱਤਰ ਸੀ ਪੀ ਆਈ ਨੇ ਕਿਹਾ ਕਿ ਸਭ ਬੁਰਜੂਆ ਪਾਰਟੀਆਂ ਚੋਣਾਂ ਦੀਆਂ ਤਿਆਰੀਆਂ ਵਿੱਚ ਜੁਟੀਆਂ ਹੋਈਆਂ ਹਨ ਅਤੇ ਲੋਕਾਂ ਨੂੰ ਲੁਭਾਉਣੇ ਨਾਅਰੇ, ਇੱਕ-ਦੂਜੀ ਨੂੰ ਤਾਅਨੇ-ਮਿਹਣੇ ਅਤੇ ਰਾਜ-ਸੱਤਾ ਹਾਸਲ ਕਰਨ ਲਈ ਤਰ੍ਹਾਂ-ਤਰ੍ਹਾਂ ਦੇ ਜੁਗਾੜ ਕਰਨ ਵਿੱਚ ਮਸਰੂਫ ਹਨ, ਪਰ ਇਸ ਦ

• ਬਾਕੀ ਸਫਾ 2 'ਤੇ

# ਭਾਜਪਾ-ਸੰਘ ਦੀਆਂ ਫਿਰਕੂ ਚਾਲਾਂ ਪੰਜਾਬ 'ਚ ਕਾਮਯਾਬ ਨਹੀਂ ਹੋਣ ਦਿਆਂਗੇ : ਸੀ ਪੀ ਆਈ

**ਲੁਧਿਆਣਾ (ਐੱਮ ਐੱਸ ਭਾਟੀਆ)**



ਪੰਜਾਬ ਨੂੰ ਦਰਪੇਸ਼ ਚੁਣੌਤੀਆਂ ਨੂੰ ਲੈ ਕੇ ਭਾਰਤੀ ਕਮਿਊਨਿਸਟ ਪਾਰਟੀ ਦੀ ਲੁਧਿਆਣਾ ਜ਼ਿਲ੍ਹਾ ਇਕਾਈ ਵੱਲੋਂ ਜਗਰਾਉਂ ਵਿਖੇ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਜ਼ਿਲ੍ਹਾ ਸਹਾਇਕ ਜਨਰਲ ਸਕੱਤਰ ਚਮਕੌਰ ਸਿੰਘ ਬਰਮੀ, ਐੱਮ ਐੱਸ ਭਾਟੀਆ, ਡਾਕਟਰ ਰਾਜਿੰਦਰ ਪਾਲ ਸਿੰਘ ਔਲਖ ਦੀ ਅਗਵਾਈ ਵਿੱਚ ਆਯੋਜਿਤ ਕੀਤੀ ਗਈ। ਕਾਮਰੇਡ ਅਮਰ ਸਿੰਘ ਜਲਾਲਦੀਵਾਲ, ਭਰਪੂਰ ਸਿੰਘ ਸਵੱਦੀ, ਸਵਰਨ ਸਿੰਘ ਹਠੂਰ, ਚਮਕੌਰ ਸਿੰਘ ਬਰਮੀ ਅਤੇ ਚਮਕੌਰ ਸਿੰਘ ਦੌਧਰ 'ਤੇ ਅਧਾਰਤ ਪ੍ਰਧਾਨਗੀ ਮੰਡਲ ਨੇ ਇਸ ਕਨਵੈਨਸ਼ਨ ਦੀ ਪ੍ਰਧਾਨਗੀ ਕੀਤੀ। ਪੰਜਾਬ ਇੱਕ ਸਮੇਂ ਦੇਸ਼ ਦਾ ਸਭ ਤੋਂ ਖੁਸ਼ਹਾਲ ਰਾਜ ਮੰਨਿਆ ਜਾਂਦਾ ਸੀ। ਹਰੀ ਕ੍ਰਾਂਤੀ ਨੇ ਦੇਸ਼ ਨੂੰ ਅਨਾਜ ਦੇ ਮਾਮਲੇ ਵਿੱਚ ਆਤਮ-ਨਿਰਭਰ ਬਣਾਇਆ, ਪਰ ਅੱਜ ਪੰਜਾਬ ਦੀ ਅਰਥ-ਵਿਵਸਥਾ ਗੰਭੀਰ ਸੰਕਟ ਵਿੱਚੋਂ ਲੰਘ ਰਹੀ ਹੈ। ਕਰਜ਼ੇ ਦਾ ਬੋਝ ਵਧ ਰਿਹਾ ਹੈ, ਪੰਜਾਬ ਸਰਕਾਰ 'ਤੇ ਕੁੱਲ ਕਰਜ਼ਾ ਲੱਗਭੱਗ ?4.3 ਲੱਖ ਕਰੋੜ ਦੇ ਨੇੜੇ ਪਹੁੰਚ ਚੁੱਕਾ ਹੈ। ਖੇਤੀਬਾੜੀ ਸੰਕਟ ਵਿੱਚ ਹੈ। ਲੱਗਭੱਗ 75-80 ਫੀਸਦੀ ਭੂਮੀ ਅੱਜ ਵੀ ਭੂਮੀ ਹੇਠਲਾ ਪਾਣੀ ਤੇਜ਼ੀ ਨਾਲ ਘਟ ਰਿਹਾ ਹੈ। ਖਾਦਾਂ, ਬੀਜ, ਡੀਜ਼ਲ ਅਤੇ ਕੀਟਨਾਸ਼ਕਾਂ ਦੀਆਂ ਕੀਮਤਾਂ ਵਧਣ ਨਾਲ ਲਾਗਤ ਬਹੁਤ ਵਧ ਗਈ ਹੈ। ਉਦਯੋਗ ਖਾਸ ਕਰਕੇ ਲਘੂ ਛੋਟੇ ਅਤੇ ਮੱਧਮ ਐੱਮ ਐੱਸ ਐੱਮ ਈ ਸੰਕਟ ਵਿਚ ਹਨ। ਲੁਧਿਆਣਾ, ਜਲੰਧਰ, ਮੰਡੀ ਗੋਬਿੰਦਗੜ੍ਹ ਅਤੇ ਬਟਾਲਾ ਵਰਗੇ ਉਦਯੋਗਿਕ ਕੇਂਦਰਾਂ ਵਿੱਚ ਹਜ਼ਾਰਾਂ ਛੋਟੀਆਂ ਅਤੇ ਦਰਮਿਆਨੀਆਂ ਇਕਾਈਆਂ ਬੰਦ ਹੋਈਆਂ ਹਨ। ਪੰਜਾਬ ਦੇ ਲੱਖਾਂ ਨੌਜਵਾਨ ਬੇਰੁਜ਼ਗਾਰੀ ਦਾ ਸ਼ਿਕਾਰ ਹਨ, ਹਰ ਸਾਲ ਵੱਡੀ ਗਿਣਤੀ ਵਿੱਚ ਨੌਜਵਾਨ ਕੈਨੇਡਾ, ਆਸਟ੍ਰੇਲੀਆ, ਯੂਕੇ ਅਤੇ ਹੋਰ ਦੇਸ਼ਾਂ ਵੱਲ ਪ੍ਰਵਾਸ ਕਰ ਰਹੇ ਹਨ। ਨਸ਼ਿਆਂ ਨੇ ਪੰਜਾਬ ਦੀ ਜਵਾਨੀ ਰੋਲ ਦਿੱਤੀ ਹੈ। ਇੱਕ ਸਮਾਂ ਸੀ ਜਦੋਂ ਪੰਜਾਬ ਪ੍ਰਤੀ ਵਿਅਕਤੀ ਆਮਦਨ ਵਿੱਚ ਦੇਸ਼ ਦੇ ਅਗਲੇਰੇ ਰਾਜਾਂ ਵਿੱਚ ਸੀ। ਹੁਣ ਹਰਿਆਣਾ, ਗੁਜਰਾਤ, ਕਰਨਾਟਕ, ਤਾਮਿਲਨਾਡੂ, ਤੇਲੰਗਾਨਾ ਆਦਿ ਰਾਜ ਪੰਜਾਬ ਤੋਂ ਕਾਫ਼ੀ ਅੱਗੇ ਨਿਕਲ ਗਏ ਹਨ। ਭਗਵੰਤ ਮਾਨ ਸਰਕਾਰ ਦਾ ਫਾਲਤੂ ਦਾ ਖਰਚਾ ਬੇਤਹਾਸ਼ਾ ਹੈ। ਹੱਕ ਮੰਗ ਰਹੇ ਲੋਕਾਂ 'ਤੇ ਅੱਤਿਆਚਾਰ ਕੀਤਾ ਜਾ ਰਿਹਾ ਹੈ। ਤਕਨਾਲੋਜੀ ਦੇ ਆਉਣ ਤੋਂ ਬਾਅਦ ਪੇਂਡੂ ਮਜ਼ਦੂਰ ਲਈ ਕੰਮ ਨਹੀਂ ਬਚਿਆ।ਪੇਂਡੂ ਮਜ਼ਦੂਰਾਂ ਦਾ ਰੁਜ਼ਗਾਰ ਦਾ ਇੱਕੋ-ਇੱਕ ਸਹਾਰਾ ਮਨਰੇਗਾ ਖਤਮ ਕਰ ਦਿੱਤਾ ਗਿਆ ਹੈ। ਸਿਹਤ ਤੇ ਸਿੱਖਿਆ ਖਾਸ ਕਰਕੇ ਉੱਚ ਸਿੱਖਿਆ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਰਹੀ ਹੈ। ਉਹਨਾਂ ਅੱਗੇ ਕਿਹਾ ਕਿ ਸਾਨੂੰ ਅਜਿਹੇ ਵਿਕਾਸ ਮਾਡਲ ਦੀ ਲੋੜ ਹੈ, ਜੋ ਲੋਕ-ਕੇਂਦਰਤ ਹੋਵੇ। ਖੇਤੀ ਦੀ ਵਿਭਿੰਨਤਾ ਅਤੇ ਫਸਲਾਂ ਦਾ ਵਾਜਬ ਭਾਅ ਮਿਲੇ। ਖੇਤੀ ਆਧਾਰਤ ਉਦਯੋਗਾਂ ਨੂੰ ਉਤਸ਼ਾਹਿਤ ਕੀਤਾ ਜਾਵੇ। ਐੱਮ ਐੱਸ ਐੱਮ ਈ ਅਤੇ ਸਹਿਕਾਰੀ ਖੇਤਰ ਨੂੰ ਪ੍ਰੋਤਸਾਹਿਤ ਕੀਤਾ ਜਾਵੇ ।ਸਰਕਾਰੀ ਸਿੱਖਿਆ ਅਤੇ ਸਿਹਤ ਵਿੱਚ ਨਿਵੇਸ਼ ਕੀਤਾ ਜਾਵੇ। ਨੌਜਵਾਨਾਂ ਲਈ ਰੁਜ਼ਗਾਰ-ਕੇਂਦਰਿਤ ਉਦਯੋਗਿਕ ਨੀਤੀ ਵਧਾਈ ਜਾਵੇ। ਸਰਕਾਰੀ ਖੇਤਰ ਨੂੰ ਮਜ਼ਬੂਤ ਕੀਤਾ ਜਾਵੇ ਅਤੇ ਨਿੱਜੀਕਰਨ 'ਤੇ ਰੋਕ ਲਾਈ ਜਾਵੇ। ਠੇਕੇਦਾਰੀ ਪ੍ਰਬੰਧ ਖਤਮ ਕਰਕੇ ਸਰਕਾਰ ਸਿੱਧੀਆਂ ਨੌਕਰੀਆਂ ਦੇਵੇ। ਭ੍ਰਿਸ਼ਟਾਚਾਰ ਅਤੇ ਟੈਕਸ ਚੋਰੀ 'ਤੇ ਸਖ਼ਤ ਕਾਰਵਾਈ ਕੀਤੀ ਜਾਵੇ।ਪੰਜਾਬ ਦਾ ਸੰਕਟ ਕੇਵਲ ਆਰਥਿਕ ਨਹੀਂ, ਸਗੋਂ

• ਬਾਕੀ ਸਫਾ 2 'ਤੇ

# ਵਿਦਿਆਰਥੀ ਤੇ ਨੌਜਵਾਨ ਅੰਦੋਲਨ ਨੇ ਖੱਬੇ-ਪੱਖੀ ਲਹਿਰ ਨੂੰ ਦਿੱਤੀ ਨਵੀਂ ਮਜ਼ਬੂਤੀ : ਅਰਸ਼ੀ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**



ਨੌਜਵਾਨਾਂ ਤੇ ਵਿਦਿਆਰਥੀਆਂ ਦੇ ਹਾਲੀਆ ਸੰਘਰਸ਼ ਨੇ ਖੱਬੇ-ਪੱਖੀ ਲਹਿਰ ਨੂੰ ਮਜ਼ਬੂਤ ਕਰਨ ਵੱਲ ਇੱਕ ਹੋਰ ਵੱਡਾ ਤੇਜ਼ੀ ਨਾਲ ਕਦਮ ਵਧਾਇਆ ਹੈ। ਕਿਸਾਨ ਅੰਦੋਲਨ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸੰਘਰਸ਼ ਤੋਂ ਬਾਅਦ ਇਹ ਤੀਜੀ ਵਾਰ ਹੈ, ਜਦੋਂ ਕੇਂਦਰ ਦੀ ਮੋਦੀ ਸਰਕਾਰ ਨੂੰ ਲੋਕ-ਸੰਘਰਸ਼ ਅੱਗੇ ਝੁਕਣ ਲਈ ਮਜਬੂਰ ਹੋਣਾ ਪਿਆ ਹੈ। ਇਹ ਵਿਚਾਰ ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਹਰਦੇਵ ਅਰਸ਼ੀ ਨੇ ਪ੍ਰਗਟਾਏ। ਉਹ ਸੋਮਵਾਰ ਇੱਥੇ ਸਥਾਨਕ ਸ਼ਹੀਦ ਕਾਮਰੇਡ ਅਮੋਲਕ ਸਿੰਘ ਭਵਨ ਵਿਖੇ ਪੈਨਸ਼ਨਰ ਆਗੂ ਸੋਮ ਨਾਥ ਅਰੋੜਾ ਦੀ ਪ੍ਰਧਾਨਗੀ ਹੇਠ ਹੋਈ ਪਾਰਟੀ ਦੀ ਜ਼ਿਲ੍ਹਾ ਕੌਂਸਲ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਕਾਮਰੇਡ ਅਰਸ਼ੀ ਨੇ ਕਿਹਾ ਕਿ ਵਿਦਿਆਰਥੀ ਸੰਗਠਨਾਂ ਦੀ ਇਹ ਇਤਿਹਾਸਕ ਜਿੱਤ ਖੱਬੇ-ਪੱਖ ਲਈ ਵੱਡੀ ਸਫ਼ਲਤਾ ਹੈ, ਕਿਉਂਕਿ ਖੱਬੇ-ਪੱਖੀ ਵਿਦਿਆਰਥੀ ਜਥੇਬੰਦੀਆਂ ਨੇ ਇਸ ਸੰਘਰਸ਼ ਵਿੱਚ ਮੋਹਰੀ ਭੂਮਿਕਾ ਨਿਭਾਈ। ਇਸੇ ਅੰਦੋਲਨ ਦੇ ਦਬਾਅ ਹੇਠ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੂੰ ਅਸਤੀਫ਼ਾ ਦੇਣ ਅਤੇ ਮੋਦੀ ਸਰਕਾਰ ਨੂੰ ਮੰਗਾਂ ਮੰਨਣ ਲਈ ਮਜਬੂਰ ਹੋਣਾ ਪਿਆ, ਜੋ ਖੱਬੇ-ਪੱਖੀ ਲਹਿਰ ਲਈ ਸ਼ੁਭ ਸੰਕੇਤ ਹੈ।

ਮੀਟਿੰਗ ਦੌਰਾਨ ਪਾਰਟੀ ਦੇ ਜ਼ਿਲ੍ਹਾ ਕਾਰਜਕਾਰੀ ਸਕੱਤਰ ਪ੍ਰੇਮ ਚਾਵਲਾ, ਮੀਤ ਸਕੱਤਰ ਗੁਰਨਾਮ ਸਿੰਘ ਮਾਨੀ ਸਿੰਘ ਵਾਲਾ, ਵਿੱਤ ਸਕੱਤਰ ਗੁਰਚਰਨ ਸਿੰਘ ਮਾਨ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਖਜਿੰਦਰ ਸਿੰਘ ਤੂੰਬੜਭੰਨ, ਨਰੇਗਾ ਯੂਨੀਅਨ ਆਗੂ ਵੀਰ ਸਿੰਘ ਕੰਮੇਆਣਾ, ਗ ਰ

• ਬਾਕੀ ਸਫਾ 2 'ਤੇ

# ਬੰਦ ਦਾ ਦੋਆਬੇ 'ਚ ਕਾਫੀ ਅਸਰ

**ਜਲੰਧਰ (ਨ ਜ਼ ਸ)**-ਵਾਲਮੀਕਿ ਭਾਈਚਾਰੇ ਵੱਲੋਂ ਦਿੱਤੇ ਗਏ 'ਪੰਜਾਬ ਬੰਦ' ਦੇ ਸੱਦੇ ਕਾਰਨ ਸੋਮਵਾਰ ਪੂਰੇ ਦੋਆਬਾ ਖੇਤਰ ਵਿੱਚ ਬੰਦ ਵਰਗੀ ਸਥਿਤੀ ਦੇਖਣ ਨੂੰ ਮਿਲੀ। ਬੰਦ ਕੁਝ ਦਿਨ ਪਹਿਲਾਂ ਬਰਨਾਲਾ ਵਿਖੇ ਸਫਾਈ ਸੇਵਕਾਂ 'ਤੇ ਹੋਏ ਲਾਠੀਚਾਰਜ ਦੇ ਵਿਰੋਧ ਵਿੱਚ ਬੁਲਾਇਆ ਗਿਆ ਸੀ। ਜਲੰਧਰ ਵਿੱਚ ਵਿਪਨ ਸਭਰਵਾਲ ਦੀ ਅਗਵਾਈ ਹੇਠ ਭਾਈਚਾਰਕ ਆਗੂਆਂ ਨੇ ਇਸ ਪੁਲਸ ਕਾਰਵਾਈ ਲਈ ਜ਼ਿੰਮੇਵਾਰ ਡੀ ਐੱਸ ਪੀ ਸਤਬੀਰ ਸਿੰਘ ਨੂੰ ਬਰਖਾਸਤ ਕਰਨ ਦੀ ਮੰਗ ਕੀਤੀ, ਜਿਸ ਨੂੰ ਪਹਿਲਾਂ ਹੀ ਮੁਅੱਤਲ ਕੀਤਾ ਜਾ ਚੁੱਕਾ ਹੈ। ਜ਼ਿਆਦਾਤਰ ਨਿੱਜੀ ਸਕੂਲਾਂ ਨੇ ਐਤਵਾਰ ਰਾਤ ਨੂੰ ਹੀ ਮਾਪਿਆਂ ਨੂੰ ਮੈਸੇਜ ਭੇਜ ਕੇ ਬੱਚਿਆਂ ਨੂੰ ਸਕੂਲ ਨਾ ਭੇਜਣ ਦੀ ਹਦਾਇਤ ਕਰ ਦਿੱਤੀ ਸੀ ਅਤੇ ਸਕੂਲ ਬੰਦ ਰੱਖਣ ਦਾ ਐਲਾਨ ਕੀਤਾ ਸੀ।

ਜਲੰਧਰ, ਹੁਸ਼ਿਆਰਪੁਰ, ਕਪੂਰਥਲਾ ਅਤੇ ਨਵਾਂਸ਼ਹਿਰ ਵਿੱਚ ਵਾਲਮੀਕਿ ਭਾਈਚਾਰੇ ਦੀ ਕਾਫੀ ਗਿਣਤੀ ਹੈ, ਜਿਸ ਕਾਰਨ ਬੰਦ ਦੇ ਸੱਦੇ ਦਾ ਸਭ ਤੋਂ ਵੱਧ ਪ੍ਰਭਾਵ ਇਸੇ ਖੇਤਰ ਵਿੱਚ ਦੇਖਣ ਨੂੰ ਮਿਲਿਆ।

# ਸਰਕਾਰ ਲੋਕਾਂ ਦੀਆਂ ਬਨਿਆਦੀ ਸਹੂਲਤਾਂ ਵੱਲ ਧਿਆਨ ਦੇਵੇ : ਜਗਰੂਪ, ਭੋਲਾ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਵਿਧਾਨ ਸਭਾ ਹਲਕਾ ਗਿੱਦੜਬਾਹਾ ਵਿੱਚ ਪੈਂਦੇ ਪਿੰਡ ਛੱਤਿਆਣਾ ਵਿਖੇ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਕਨਵੈਨਸ਼ਨ ਕੀਤੀ ਗਈ, ਜਿਸ ਵਿੱਚ ਮਰਦਾਂ ਅਤੇ ਔਰਤਾਂ ਦਾ ਭਾਰੀ ਇਕੱਠ ਹੋਇਆ। ਭਾਵੇ ਅੱਜ ਸੋਸ਼ਲ ਮੀਡੀਆ ਦਾ ਜ਼ਮਾਨਾ ਹੋਣ ਕਰਕੇ ਦੁਨੀਆ ਵਿੱਚ ਕੀ ਹੋ ਰਿਹਾ, ਸਾਡੀਆਂ ਸਰਕਾਰਾਂ ਸਾਡੇ ਲਈ ਕੀ ਕਰ ਰਹੀਆਂ, ਹਰ ਤਰ੍ਹਾਂ ਦੀ ਖਬਰ ਦਾ ਪਲ-ਪਲ ਦਾ ਪਤਾ ਲੱਗਦਾ ਰਹਿੰਦਾ ਹੈ, ਪਰ ਫਿਰ ਵੀ ਕੁਝ ਲੋਕ ਵਾਂਝੇ ਰਹਿ ਜਾਂਦੇ ਹਨ, ਇਸ ਕਰਕੇ ਇਸ ਕਨਵੈਨਸ਼ਨ ਵਿੱਚ ਲੋਕਾਂ ਨੂੰ ਜਾਗਰੂਕ ਕੀਤਾ ਗਿਆ ।

ਕਨਵੈਨਸ਼ਨ 'ਚ ਭਾਰਤੀ ਕਮਿਊਨਿਸਟ ਪਾਰਟੀ ਦੇ ਆਗੂ ਅਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਮੁੱਖ ਸਲਾਹਕਾਰ ਜਗਰੂਪ ਸਿੰਘ, ਮੋਗਾ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਭੋਲਾ, ਬੋਹੜ ਸਿੰਘ ਸੁਖਨਾ ਤੇ ਹਰਲਾਭ ਸਿੰਘ, ਜ਼ਿਲ੍ਹਾ ਸਕੱਤਰ ਸੀ ਪੀ ਆਈ ਮੁਕਤਸਰ ਹੀਰਾ ਸਿੰਘ ਆਧਨੀਆਂ, ਸੁੱਖਪਾਲ ਸਿੰਘ ਲੰਬੀ, ਹਰੀ ਰਾਮ ਸ਼ੇਰਗੜ੍ਹ, ਬਿੰਦਰ ਸਿੰਘ ਖੂਨਣ ਕਲਾਂ, ਗੁਰਮੇਲ ਸਿੰਘ ਦੋਦਾ ਤੇ ਹੋਰ ਸਾਥੀ ਪਹੁੰਚੇ। ਇਸ ਮੌਕੇ ਕੁਲਦੀਪ ਭੋਲਾ ਤੇ ਜਗਰੂਪ ਸਿੰਘ ਨੇ ਸੰਬੋਧਨ ਕਰਦੇ ਆਰਥਿਕ, ਰਾਜਨੀਤਕ ਅਤੇ ਸਮਾਜਿਕ ਹਾਲਾਤ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਨਰੇਗਾ ਕਾਨੂੰਨ ਨੂੰ ਬਹਾਲ ਰੱਖਣ ਲਈ ਕਿਸਾਨ ਅੰਦੋਲਨ ਦੀ ਤਰਜ਼ 'ਤੇ ਵਿਆਪਕ ਤੇ ਸਾਂਝਾ ਲੋਕ ਅੰਦੋਲਨ ਖੜਾ ਕਰਨਾ ਸਮੇਂ ਦੀ ਲੋੜ ਹੈ ਅਤੇ ਨਰੇਗਾ ਇੱਕ ਸਕੀਮ ਹੀ ਨਹੀਂ ਸੀ, ਇਸ ਨਾਲ ਪਿੰਡ ਪੰਚਾਇਤ ਅਤੇ ਗਰਾਮ ਸਭਾਵਾਂ ਰਾਹੀ ਵਿਕਾਸ ਯੋਜਨਾਵਾਂ ਤਿਆਰ ਕਰਨ ਦਾ ਅਧਿਕਾਰ ਮਿਲਿਆ ਹੋਇਆ ਸੀ, ਪਰ ਕੇਂਦਰ ਦੇ ਨਵੇ ਪ੍ਰਬੰਧਾਂ ਤਹਿਤ ਇਹ ਅਧਿਕਾਰ ਸਾਡੇ ਤੋਂ ਖੁਸ ਕੇ ਮੁੜ ਕੇਂਦਰ ਸਰਕਾਰ ਕੋਲ ਚਲਾ ਗਿਆ ਹੈ, ਜਿਸ ਕਰਕੇ ਲੋਕਤੰਤਰ ਕਮਜ਼ੋਰ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਕਨੂੰਨ ਨਾਲ ਪੇਂਡੂ ਖੇਤਰ ਦੇ ਲੋਕਾਂ ਨੂੰ ਆਪਣਾ ਜੀਵਨ ਜਿਉਣ ਦਾ ਇੱਕ ਵਧੀਆ ਜ਼ਰੀਆ ਮਿਲਿਆ ਸੀ, ਪਰ ਉਹ ਵੀ ਖੋਹਿਆ ਜਾ ਰਿਹਾ ਹੈ । ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਲੋਕ ਭਲਾਈ ਵਾਲੇ ਕਨੂੰਨਾਂ ਨੂੰ ਬਦਲ ਕੇ ਕਾਰਪੋਰੇਟ ਘਰਾਣਿਆਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਸਿੱਖਿਆ ਸੰਬੰਧੀ ਬੋਲਦਿਆਂ ਕਿਹਾ ਕਿ ਭਵਿੱਖ ਵਿੱਚ ਸਿੱਖਿਆ, ਸਿਹਤ ਕਾਨੂੰਨ ਅਤੇ ਹੋਰ ਕਈ ਖੇਤਰਾਂ ਵਿੱਚ ਏ ਆਈ ਅਧਾਰਤ ਤਕਨੀਕਾਂ ਇੱਕ ਵੱਡਾ ਦਖਲ ਦੇਣਗੀਆਂ ਅਤੇ ਰਵਾਇਤੀ ਰੁਜ਼ਗਾਰ ਦੇ ਮੌਕੇ ਪ੍ਰਭਾਵਤ ਹੋ ਸਕਦੇ ਹਨ। ਇਸ ਲਈ ਅਜਿਹੇ ਹਾਲਾਤ ਵਿੱਚ ਸਮਾਜਿਕ ਬਰਾਬਰੀ,

• ਬਾਕੀ ਸਫਾ 2 'ਤੇ

## ਅੱਜ-ਨਾਮਾ

ਬਚੀਂ ਪੰਜਾਬ, ਤੂੰ ਬਚੀਂ ਜੀ ਬਚ ਕੇ ਰਹੀਂ,
ਦੌੜਦੀ ਆਵੇ ਪਈ ਚੋਣ ਇੱਕ ਹੋਰ ਬੇਲੀ।
ਜਿਨ੍ਹਾਂ ਦੇ ਸਿਰ ਆ ਸੱਤਾ ਦਾ ਲੋਭ ਚੜ੍ਹਿਆ,
ਅੱਡੀ-ਚੋਟੀ ਦਾ ਲਾਇਆ ਫਿਰ ਜ਼ੋਰ ਬੇਲੀ।
ਸਕੀਮਾਂ-ਗੋਂਦਾਂ ਕੋਈ ਸੋਚੇ ਤੇ ਕਰੇ ਬੈਠਕ,
ਕਿਸੇ ਦੀ ਬਾਕੀਆਂ ਤੋਂ ਛੋਹਲੀ ਤੋਰ ਬੇਲੀ।
ਮਿਲੀ ਜਦ ਸੈਨਤ ਆ ਕਿਸੇ ਦੀ ਹੋਰ ਪਾਸੇ,
ਮਨੋ-ਮਨ ਗਿਣੀ ਜਾਵੇ ਟੂ ਥਰੀ ਫੋਰ ਬੇਲੀ।
ਅੰਦਰੋਂ ਹੋਰ ਤਾਂ ਬਾਹਰੋਂ ਕਈ ਹੋਰ ਦਿੱਸਣ,
ਚਾਹੁੰਦੇ ਆ ਸਾਰਿਆਂ ਨੂੰ ਦੇਣੀ ਮਾਤ ਬੇਲੀ।
ਬਚੀਂ ਪੰਜਾਬ ਸਿਹਾਂ ਏਹੋ ਜਿਹੇ ਲੀਡਰਾਂ ਤੋਂ,
ਦਿਨ-ਦੋਪਹਿਰ ਨਾ ਵਿੰਹਦੇ ਈ ਰਾਤ ਬੇਲੀ।

-ਤੀਸ ਮਾਰ ਖਾਂ

# ਐੱਮ ਈ ਐੱਸ ਵਰਕਰਾਂ ਦੀ ਦੋ ਦਿਨਾ ਕਾਨਫ਼ਰੰਸ ਸਫ਼ਲਤਾ ਨਾਲ ਸੰਪੰਨ

### ਕਾਮਰੇਡ ਸੀ. ਸ੍ਰੀਕੁਮਾਰ ਪ੍ਰਧਾਨ ਤੇ ਮਨੋਜ ਕੁਮਾਰ ਜਨਰਲ ਸਕੱਤਰ ਬਣੇ



**ਜਲੰਧਰ (ਗਿਆਨ ਸੈਦਪੁਰੀ)**-ਐੱਮ ਈ ਐੱਸ ਵਰਕਰਜ਼ ਯੂਨੀਅਨ ਏਰੀਆ ਕਮੇਟੀ ਅੰਬਾਲਾ ਦਾ ਦੋ ਦਿਨਾ ਸਾਲਾਨਾ ਸਮਾਗਮ ਸਫ਼ਲਤਾ-ਪੂਰਵਕ ਨੇਪਰੇ ਚੜ੍ਹਿਆ। 25 ਅਤੇ 26 ਜੁਲਾਈ ਨੂੰ ਬੜੀ ਧਰਮਸ਼ਾਲਾ ਜਲੰਧਰ ਛਾਉਣੀ ਵਿੱਚ ਹੋਏ ਇਸ ਸਮਾਗਮ ਦੀ ਪ੍ਰਧਾਨਗੀ ਕਾਮਰੇਡ ਸੀ. ਸ੍ਰੀਕੁਮਾਰ ਨੇ ਕੀਤੀ। ਇਸ ਸਮਾਗਮ ਵਿੱਚ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਦੇ ਡੈਲੀਗੇਟ ਸ਼ਾਮਲ ਹੋਏ। ਇਸ ਵਿੱਚ ਵੱਖ-ਵੱਖ ਮਹੱਤਵਪੂਰਨ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਹੋਈ।

ਯੂਨੀਅਨ ਦੇ ਜਨਰਲ ਸਕੱਤਰ ਕਾਮਰੇਡ ਸਤਿਅਨ ਨੇ ਸੰਗਠਨ ਦੀਆਂ ਸਰਗਰਮੀਆਂ ਬਾਰੇ ਵਿਸਥਾਰ ਨਾਲ ਰਿਪੋਰਟ ਪੇਸ਼ ਕੀਤੀ। ਇਸੇ ਤਰ੍ਹਾਂ ਵਿੱਤ ਸਕੱਤਰ ਗੁਰਬਖਸ਼ ਰਾਏ ਪ੍ਰਭਾਕਰ ਨੇ ਯੂਨੀਅਨ ਦੀ ਆਮਦਨ ਅਤੇ ਖਰਚਿਆਂ ਬਾਰੇ ਰਿਪੋਰਟ ਪੇਸ਼ ਕੀਤੀ। ਸਮਾਗਮ ਦੌਰਾਨ ਕੇਂਦਰ ਦੁਆਰਾ ਲਾਗੂ ਕੀਤੇ ਗਏ ਚਾਰ ਕੋਡਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਹੋਇਆ। ਲੇਬਰ ਕੋਡਾਂ ਦੀਆਂ ਕਮੀਆਂ ਅਤੇ ਮਜ਼ਦੂਰ ਹਿੱਤਾਂ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਗਿਆ। ਬੁਲਾਰਿਆਂ ਨੇ ਕਿਹਾ ਕਿ ਲੇਬਰ ਕੋਡ ਕਰਮਚਾਰੀਆਂ ਅਤੇ ਮਜ਼ਦੂਰਾਂ ਦੇ ਅਧਿਕਾਰਾਂ ਤੇ ਸਮਾਜਿਕ ਸੁਰੱਖਿਆ ਨੂੰ ਕਮਜ਼ੋਰ ਕਰਦੇ ਹਨ। ਇਸ ਮੁੱਦੇ 'ਤੇ ਜਨਤਕ ਜਾਗਰੂਕਤਾ ਪੈਦਾ ਕਰਨ ਅਤੇ ਕਰਮਚਾਰੀ ਹਿੱਤਾਂ ਦੀ ਰੱਖਿਆ ਲਈ ਸੰਘਰਸ਼ ਤੇਜ਼ ਕਰਨ ਦਾ ਅਹਿਦ ਕੀਤਾ ਗਿਆ।

ਸਮਾਗਮ ਵਿੱਚ ਅੱਠਵੇਂ ਤਨਖਾਹ ਕਮਿਸ਼ਨ ਬਾਰੇ ਵੀ ਮਹੱਤਵਪੂਰਨ ਚਰਚਾ ਹੋਈ। ਡੈਲੀਗੇਟਾਂ ਨੇ ਮੰਗ ਕੀਤੀ ਕਿ ਪੁਰਾਣੀ ਪੈਨਸ਼ਨ ਸਕੀਮ ਨੂੰ ਅੱਠਵੇਂ ਤਨਖਾਹ ਕਮਿਸ਼ਨ ਨਾਲ ਲਾਗੂ ਕੀਤਾ ਜਾਵੇ। ਕਰਮਚਾਰੀਆਂ ਦੀ ਘੱਟੋ-ਘੱਟ ਮੁੱਢਲੀ ਤਨਖ਼ਾਹ 69,000 ਰੁਪਏ ਨਿਰਧਾਰਤ ਕੀਤੀ ਜਾਵੇ। ਪੈਨਸ਼ਨਰਾਂ ਦੀਆਂ ਪੈਨਸ਼ਨਾਂ ਨੂੰ ਢੁਕਵੇਂ ਅਤੇ ਨਿਰਪੱਖ ਢੰਗ ਨਾਲ ਸੋਧਿਆ ਜਾਵੇ।

ਸਮਾਗਮ ਨੂੰ ਏਟਕ ਦੇ ਕੌਮੀ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਨੇ ਵੀ ਸੰਬੋਧਨ ਕੀਤਾ। ਉਨ੍ਹਾ ਕੇਂਦਰ ਸਰਕਾਰ ਦੀਆਂ ਮੁਲਾਜ਼ਮ ਅਤੇ ਮਜ਼ਦੂਰ ਮਾਰੂ ਨੀਤੀਆਂ ਦੀ ਸਖ਼ਤ ਸ਼ਬਦਾਂ ਵਿੱਚ ਅਲੋਚਨਾ ਕੀਤੀ। ਚਾਰ ਕਿਰਤ ਕੋਡਾਂ, ਨਿੱਜੀਕਰਨ ਅਤੇ ਹੋਰ ਲੋਕ ਮਾਰੂ ਨੀਤੀਆਂ ਬਾਰੇ ਜਾਣੂ ਕਰਵਾਉਂਦਿਆਂ ਮੁਲਾਜ਼ਮਾਂ ਅਤੇ ਮਜ਼ਦੂਰਾਂ ਨੂੰ ਆਪਣੇ ਹੱਕਾਂ ਦੀ ਰਾਖੀ ਕਰਨ ਲਈ ਸੰਘਰਸ਼ ਤੇਜ਼ ਕਰਨ ਦਾ ਸੱਦਾ ਦਿੱਤਾ। ਸਮਾਗਮ ਦੌਰਾਨ ਐੱਮ ਈ ਐੱਸ ਵਰਕਰਜ਼ ਯੂਨੀਅਨ ਦੀ ਨਵੀਂ ਕਾਰਜਕਾਰਨੀ ਅਤੇ ਹੋਰ ਅਹੁਦੇਦਾਰਾਂ ਦੀ ਸਰਬ-ਸੰਮਤੀ ਨਾਲ ਚੋਣ ਕੀਤੀ ਗਈ। ਕਾਮਰੇਡ ਸੀ. ਸ੍ਰੀਕੁਮਾਰ ਨੂੰ ਪ੍ਰਧਾਨ, ਕਾਮਰੇਡ ਓ ਪੀ ਵਸ਼ਿਸ਼ਟ ਤੇ ਕਾਮਰੇਡ ਸੱਤਿਅਨ ਨੂੰ ਸੀਨੀਅਰ ਮੀਤ ਪ੍ਰਧਾਨ, ਕਾਮਰੇਡ ਮਨੋਜ ਕੁਮਾਰ ਨੂੰ ਜਨਰਲ ਸਕੱਤਰ ਅਤੇ ਕਾਮਰੇਡ ਗੁਰਬਖਸ਼ ਰਾਏ ਨੂੰ ਖਜ਼ਾਨਚੀ ਚੁਣਿਆ ਗਿਆ। ਐੱਮ ਈ ਐੱਸ ਵਰਕਰਜ਼ ਯੂਨੀਅਨ ਏਰੀਆ ਕਮੇਟੀ ਅੰਬਾਲਾ ਵੱਲੋਂ ਜਲੰਧਰ ਸ਼ਾਖਾ ਦੇ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ ਗਿਆ। ਕਾਮਰੇਡ ਰਣਜੀਤ ਸਿੰਘ ਔਲਖ, ਨੀਰਜ ਕੁਮਾਰ, ਸੁਰਿੰਦਰ ਕੁਮਾਰ, ਰੋਸ਼ਨ ਲਾਲ ਕਾਂਤੀ, ਕ੍ਰਿਸ਼ਨ ਕੁਮਾਰ, ਹੇਮੰਤ ਬਾਬਰ ਅਤੇ ਅਸ਼ਵਨੀ ਕੁਮਾਰ ਨੇ ਕਾਨਫ਼ਰੰਸ ਦੀ ਸਫ਼ਲਤਾ ਲਈ ਮਹੱਤਵਪੂਰਨ ਭੂਮਿਕਾ ਨਿਭਾਈ।

# ਆਗਾਮੀ ਵਿਧਾਨ ਸਭਾ ਚੋਣਾਂ 'ਚ ਕਾਂਗਰਸ ਦੀ ਸਰਕਾਰ ਬਣਨੀ ਤੈਅ : ਕਾਂਗਰਸੀ ਆਗੂ

### ਆਪ ਸਰਕਾਰ ਤੋਂ ਲੋਕਾਂ ਤੇ ਮੁਲਾਜ਼ਮਾਂ ਦਾ ਮੋਹ ਭੰਗ ਹੋਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਆਗਾਮੀ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਸੂਬੇ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਬਣਨਾ ਤੈਅ ਹੈ, ਕਿਉਂਕਿ ਮੌਜੂਦਾ ਸਮੇਂ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਹਰ ਵਰਗ ਦਾ ਮੋਹ ਭੰਗ ਹੋ ਚੁੱਕਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਪਾਰ ਮੰਡਲ ਦੇ ਪ੍ਰਧਾਨ ਸ਼ਸ਼ੀ ਗਰਗ, ਵਾਈਸ ਚੇਅਰਮੈਨ ਸੀਪਾ ਰਾਜੇਆਣਾ, ਕਾਕਾ ਬਰਾੜ ਆਲਮਵਾਲਾ, ਸਰਪੰਚ ਗਗਨ ਬਰਾੜ, ਯੂਥ ਕਾਂਗਰਸ ਪੰਜਾਬ ਦੇ ਸੈਕਟਰੀ ਸੁੱਖਾ ਲੰਗੇਆਣਾ ਤੇ ਵਾਈਸ ਜ਼ਿਲ੍ਹਾ ਪ੍ਰਧਾਨ ਕਾਂਗਰਸ ਹਰਦੀਪ ਸਿੰਘ ਸੇਖਾ ਨੇ ਸਾਂਝੇ ਤੌਰ 'ਤੇ ਕੀਤਾ।ਆਗੂਆਂ ਨੇ ਕਿਹਾ ਕਿ ਸੂਬੇ ਦੇ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਮੁਲਾਜ਼ਮ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸੜਕਾਂ 'ਤੇ ਉਤਰਨ ਲਈ ਮਜਬੂਰ ਹਨ।ਕਈ ਮਹਿਕਮਿਆਂ ਦੇ ਕਰਮਚਾਰੀ ਲਗਾਤਾਰ ਹੜਤਾਲਾਂ ਕਰ ਰਹੇ ਹਨ, ਜਿਸ ਕਾਰਨ ਸਰਕਾਰੀ ਕੰਮਕਾਜ ਪ੍ਰਭਾਵਿਤ ਹੋ ਰਿਹਾ ਹੈ।ਉਨ੍ਹਾਂ ਦਾ ਦਾਅਵਾ ਸੀ ਕਿ ਇਹ ਸਥਿਤੀ ਮੌਜੂਦਾ ਸਰਕਾਰ ਪ੍ਰਤੀ ਲੋਕਾਂ ਤੇ ਮੁਲਾਜ਼ਮਾਂ ਦੀ ਨਾਰਾਜ਼ਗੀ ਨੂੰ ਦਰਸਾਉਂਦੀ ਹੈ।ਉਨ੍ਹਾਂ ਕਿਹਾ ਕਿ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਸਮਾਂ ਖ਼ਤਮ ਹੋਣ ਵਾਲਾ ਹੈ ਤੇ ਆਉਣ ਵਾਲੀਆਂ ਚੋਣਾਂ ਵਿੱਚ ਪੰਜਾਬ ਦੇ ਲੋਕ ਕਾਂਗਰਸ ਪਾਰਟੀ ਨੂੰ ਮੁੜ ਸੱਤਾ ਵਿੱਚ ਲਿਆਉਣ ਦਾ ਮਨ ਬਣਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਲੋਕ ਬਦਲਾਅ ਚਾਹੁੰਦੇ ਹਨ ਤੇ ਕਾਂਗਰਸ ਨੂੰ ਇੱਕ ਮਜ਼ਬੂਤ ਵਿਕਲਪ ਵਜੋਂ ਦੇਖ ਰਹੇ ਹਨ।ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਸਬੰਧੀ ਗੱਲ ਕਰਦਿਆਂ ਆਗੂਆਂ ਨੇ ਕਿਹਾ ਕਿ ਹਲਕੇ ਵਿੱਚ ਕਾਂਗਰਸ ਪਾਰਟੀ ਦੇ ਮੁੱਖ ਸੇਵਾਦਾਰ ਜਗਸੀਰ ਸਿੰਘ ਕਾਲੇਕੇ ਦੀ ਅਗਵਾਈ ਹੇਠ ਪਾਰਟੀ ਦਾ ਸੰਗਠਨ ਕਾਫ਼ੀ ਮਜ਼ਬੂਤ ਹੈ।ਉਨ੍ਹਾਂ ਦਾਅਵਾ ਕੀਤਾ ਕਿ ਕਾਂਗਰਸ ਵਰਕਰ ਪਿੰਡ-ਪਿੰਡ ਤੇ ਘਰ-ਘਰ ਤੱਕ ਪਾਰਟੀ ਦੀਆਂ ਨੀਤੀਆਂ ਪਹੁੰਚਾ ਰਹੇ ਹਨ, ਜਿਸ ਕਾਰਨ ਹਲਕੇ ਦੇ ਲੋਕਾਂ ਦਾ ਭਰਪੂਰ ਸਮਰਥਨ ਪਾਰਟੀ ਨੂੰ ਮਿਲ ਰਿਹਾ ਹੈ।

## ਸੰਤ ਕਬੀਰ ਸਕੂਲ ਵਿਖੇ ਵਿੱਦਿਅਕ ਮਾਡਲਾਂ ਦੀ ਸ਼ਾਨਦਾਰ ਪ੍ਰਦਰਸ਼ਨੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਬੁੱਗੇ ਖੁਰਦ ਨੇ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਵਿਦਿਆਰਥੀਆਂ ਦੁਆਰਾ ਤਿਆਰ ਕੀਤੇ ਗਏ ਵੱਖ-ਵੱਖ ਵਿਸ਼ਿਆਂ 'ਤੇ ਆਕਰਸ਼ਕ ਤੇ ਵਿੱਦਿਅਕ ਮਾਡਲਾਂ ਦੀ ਸ਼ਾਨਦਾਰ ਪ੍ਰਦਰਸ਼ਨੀ ਦਾ ਆਯੋਜਨ ਕੀਤਾ। ਪ੍ਰਦਰਸ਼ਨੀ ਦਾ ਉਦਘਾਟਨ ਮੁੱਖ ਮਹਿਮਾਨ ਸ਼੍ਰੀਮਤੀ ਅਮਿਤੋਜ ਸਾਗਰ (ਐਨੀਐਮਐਸ ਚਾਵਲਾ ਦੇ ਕਮਾਂਡਿੰਗ ਅਫ਼ਸਰ ਦੀ ਪਤਨੀ) ਨੇ ਦੀਪ ਜਲਾ ਕੇ ਤੇ ਰਿਬਨ ਕੱਟ ਕੇ ਕੀਤਾ। ਇਸ ਮੌਕੇ ਪ੍ਰੋ. ਪੀ. ਕੇ. ਗੁਪਤਾ, ਸੁਰਜਨ ਗੁਪਤਾ, ਸੁਰੇਂਦਰ ਮੰਗਲ, ਵਿਜੇ ਜਿੰਦਲ, ਕਮਲ ਨਯਨ ਤੇ ਸ਼੍ਰੀਮਤੀ ਪੂਨਮ ਜਿੰਦਲ ਸਮੇਤ ਹੋਰ ਪ੍ਰਮੁੱਖ ਸ਼ਖਸੀਅਤਾਂ ਮੌਜੂਦ ਸਨ। ਮਹਿਮਾਨਾਂ ਨੇ ਵਿਦਿਆਰਥੀਆਂ ਦੁਆਰਾ ਤਿਆਰ ਕੀਤੇ ਮਾਡਲਾਂ ਨੂੰ ਦੇਖਿਆ ਤੇ ਉਨ੍ਹਾਂ ਦੀ ਸਿਰਜਣਾਤਮਕ ਸੋਚ, ਵਿਗਿਆਨਕ ਪਹੁੰਚ ਤੇ ਕਲਾਤਮਕ ਪ੍ਰਤਿਭਾ ਦੀ ਪ੍ਰਸ਼ੰਸਾ ਕੀਤੀ। ਸ਼੍ਰੀਮਤੀ ਅਮਿਤੋਜ ਸਾਗਰ ਨੇ ਸਕੂਲ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਇੱਕ ਪ੍ਰਭਾਵਸ਼ਾਲੀ ਪਲੇਟਫਾਰਮ ਪ੍ਰਦਾਨ ਕਰਦੇ ਹਨ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਪ੍ਰੋ. ਐਮ. ਐਲ. ਅਰੋੜਾ, ਡਾਇਰੈਕਟਰ ਡਾ. ਨੰਦਿਤਾ ਗਰੇਵਾਲ, ਪ੍ਰਿੰਸੀਪਲ ਸ਼੍ਰੀਮਤੀ ਰੇਖਾ, ਮੁੱਖ ਅਧਿਆਪਕਾ ਸ਼੍ਰੀਮਤੀ ਸੋਨੀਆ ਧਵਨ ਤੇ ਸ਼੍ਰੀਮਤੀ ਰਚਨਾ ਜਿੰਦਲ ਨੇ ਕਿਹਾ ਕਿ ਸਕੂਲ ਦਾ ਟੀਚਾ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਤੱਕ ਸੀਮਤ ਕਰਨਾ ਨਹੀਂ ਹੈ, ਸਗੋਂ ਉਨ੍ਹਾਂ ਨੂੰ ਵਿਹਾਰਕ ਸਿੱਖਿਆ, ਨਵੀਨਤਾ ਤੇ ਰਚਨਾਤਮਕ ਸੋਚ ਵਿੱਚ ਸ਼ਾਮਲ ਕਰਨਾ ਹੈ। ਉਨ੍ਹਾਂ ਸਾਰੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਸਫਲ ਪ੍ਰੋਗਰਾਮ ਲਈ ਵਧਾਈ ਦਿੱਤੀ ਤੇ ਭਵਿੱਖ ਵਿਚ ਅਜਿਹੇ ਰਚਨਾਤਮਕ ਪ੍ਰੋਗਰਾਮਾਂ ਦਾ ਆਯੋਜਨ ਜਾਰੀ ਰੱਖਣ ਦੀ ਵਚਨਬੱਧਤਾ ਪ੍ਰਗਟ ਕੀਤੀ।

## ਸਫ਼ਾਈ ਕਰਮਚਾਰੀਆਂ 'ਤੇ ਲਾਠੀਚਾਰਜ ਅਤਿ-ਨਿੰਦਣਯੋਗ : ਸੈਬੀ ਘਲੋੜੀ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਯੂਥ ਕਾਂਗਰਸ ਸੂਬਾ ਪ੍ਰਧਾਨ ਸੂਬਾ ਜਨਰਲ ਸਕੱਤਰ ਤੇ ਵਿਧਾਨ ਸਭਾ ਹਲਕਾ ਸਨੌਰ ਦੇ ਯੂਥ ਕਾਂਗਰਸ ਦੇ ਸੀਨੀਅਰ ਆਗੂ ਸਰਬਪ੍ਰੀਤ ਸਿੰਘ ਸੈਬੀ ਘਲੋੜੀ ਨੇ ਬਰਨਾਲਾ ਦੇ ਵਿਖੇ ਆਪਣੀਆਂ ਹੱਕੀ ਮੰਗਾਂ ਲਈ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਹੜਤਾਲੀ ਸਫ਼ਾਈ ਕਰਮਚਾਰੀਆਂ 'ਤੇ ਪੁਲਸ ਵੱਲੋਂ ਕੀਤੇ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸੈਬੀ ਘਲੋੜੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਪੰਜਾਬ ਦੀ ਸਫ਼ਾਈ ਵਿਵਸਥਾ ਤਾਂ ਪਹਿਲਾਂ ਹੀ ਮੰਦੇ ਹਾਲੀਂ ਸੀ, ਪਰ ਹੁਣ ਹੱਕ ਮੰਗ ਰਹੇ ਗਰੀਬ ਕਰਮਚਾਰੀਆਂ 'ਤੇ ਡੰਡੇ ਵਰ੍ਹਾ ਕੇ ਸਰਕਾਰ ਨੇ ਆਪਣਾ ਤਾਨਾਸ਼ਾਹੀ ਚਿਹਰਾ ਨੰਗਾ ਕਰ ਦਿੱਤਾ ਹੈ। ਇਸ ਘਟਨਾ ਵਿੱਚ ਕਈ ਸਫ਼ਾਈ ਕਰਮਚਾਰੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਹਨ, ਜਿਨ੍ਹਾਂ ਵਿੱਚੋਂ ਕਈ ਮਹਿਲਾ ਦੇ ਲਹੂ-ਲੁਹਾਨ ਹੋਣ ਦੀ ਤਸਵੀਰ ਨੇ ਪੂਰੇ ਪੰਜਾਬ ਨੂੰ ਸ਼ਰਮਸਾਰ ਕਰ ਦਿੱਤਾ ਹੈ।ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਸਫ਼ਾਈ ਕਰਮਚਾਰੀਆਂ 'ਤੇ ਬੇਰਹਿਮੀ ਨਾਲ ਲਾਠੀਚਾਰਜ ਕਰਕੇ ਉਨ੍ਹਾਂ ਨੂੰ ਜ਼ਖ਼ਮੀ ਕਰਨ ਵਾਲੇ ਡੀ.ਐੱਸ.ਪੀ. ਤੇ ਥਾਣਾ ਇੰਚਾਰਜ ਨੂੰ ਤੁਰੰਤ ਬਰਖ਼ਾਸਤ ਕਰਨ ਦੀ ਮੰਗ ਕਰਦੇ ਹੋਏ ਕਿਹਾ ਕਿ ਦੋਸ਼ੀਆਂ ਵਿਰੁੱਧ ਬਣਦੀਆਂ ਧਾਰਾਵਾਂ ਦੇ ਨਾਲ-ਨਾਲ ਐੱਸ.ਸੀ./ਐੱਸ.ਟੀ. ਐਕਟ ਤਹਿਤ ਪਰਚਾ ਦਰਜ ਕੀਤਾ ਜਾਵੇ।

## ਸੈਂਟੀਨਲ ਸਕੂਲ 'ਚ ਇੰਟਰ-ਹਾਊਸ ਡਿਬੇਟ ਮੁਕਾਬਲੇ ਕਰਵਾਏ



**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਸੈਂਟੀਨਲ ਇੰਟਰਨੈਸ਼ਨਲ ਸਕੂਲ ਵਿਖੇ ਭਾਰਤ ਦੇ ਸਾਬਕਾ ਰਾਸ਼ਟਰਪਤੀ ਤੇ ਮਹਾਨ ਵਿਗਿਆਨੀ ਡਾ. ਏ. ਪੀ. ਜੇ. ਅਬਦੁਲ ਕਲਾਮ ਦੀ ਪਵਿੱਤਰ ਯਾਦ ਨੂੰ ਸਮਰਪਤ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੈਮੋਰੀਅਲ ਇੰਟਰ-ਹਾਊਸ ਡਿਬੇਟ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿੱਚ ਸਕੂਲ ਦੇ ਚਾਰ ਹਾਊਸਾਂ, ਜਿਨ੍ਹਾਂ ਵਿਚ ਰਣਜੀਤ, ਪ੍ਰਤਾਪ, ਭਗਤ ਤੇ ਆਜ਼ਾਦ ਹਾਊਸ-ਦੇ ਵਿਦਿਆਰਥੀਆਂ ਨੇ ਭਾਗ ਲਿਆ।ਮੁਕਾਬਲੇ ਦਾ ਵਿਸ਼ਾ ਕੀ 'ਸਿੱਖਿਆ' ਡਾ. ਏ. ਪੀ. ਜੇ. ਅਬਦੁਲ ਕਲਾਮ ਦੇ ਵਿਕਸਿਤ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਦਾ ਸਭ ਤੋਂ ਸ਼ਕਤੀਸ਼ਾਲੀ ਸਾਧਨ ਹੈ? ਵਿਦਿਆਰਥੀਆਂ ਨੇ ਆਪਣੇ ਪ੍ਰਭਾਵਸ਼ਾਲੀ ਤਰਕਾਂ, ਪ੍ਰਮਾਣਿਕ ਤੱਥਾਂ ਤੇ ਆਤਮ-ਵਿਸ਼ਵਾਸ ਨਾਲ ਭਰਪੂਰ ਭਾਸ਼ਣਾਂ ਰਾਹੀਂ ਸਰੋਤਿਆਂ ਨੂੰ ਪ੍ਰਭਾਵਿਤ ਕੀਤਾ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਡਾ. ਏ. ਪੀ. ਜੇ. ਅਬਦੁਲ ਕਲਾਮ ਦਾ ਜੀਵਨ ਹਰ ਵਿਦਿਆਰਥੀ ਲਈ ਪ੍ਰੇਰਨਾ ਦਾ ਸਰੋਤ ਹੈ।ਉਨ੍ਹਾਂ ਕਿਹਾ ਕਿ ਵੱਡੇ ਸੁਪਨੇ ਦੇਖਣ, ਮਿਹਨਤ, ਅਨੁਸ਼ਾਸਨ ਤੇ ਗਿਆਨ ਹੀ ਸਫਲਤਾ ਦੀ ਅਸਲ ਕੁੰਜੀ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਅਜਿਹੇ ਸਾਹਿਤਕ ਤੇ ਬੌਧਿਕ ਮੁਕਾਬਲਿਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।ਮੁਕਾਬਲੇ ਦੇ ਅੰਤ ਵਿੱਚ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੇ ਡਾ. ਏ. ਪੀ. ਜੇ. ਅਬਦੁਲ ਕਲਾਮ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾਂ ਦੇ ਆਦਰਸ਼ਾਂ 'ਤੇ ਚੱਲਣ ਦਾ ਸੰਕਲਪ ਲਿਆ।ਇਹ ਸਮਾਗਮ ਵਿਦਿਆਰਥੀਆਂ ਲਈ ਗਿਆਨਵਰਧਕ, ਪ੍ਰੇਰਨਾਦਾਇਕ ਤੇ ਯਾਦਗਾਰ ਸਾਬਿਤ ਹੋਇਆ।

## ਅੱਖਾਂ ਦੀ ਜਾਂਚ ਲਈ ਮੁਫ਼ਤ ਚੈੱਕਅਪ ਕੈਂਪ ਲਾਇਆ



**ਮੱਖੂ (ਰਛਪਾਲ ਸਿੰਘ ਸੰਧੂ)**-ਸਿਵਲ ਸਰਜਨ ਡਾ. ਮੀਨਾਕਸ਼ੀ ਢੀਂਗਰਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੀਐਚਸੀ ਵਿਖੇ ਡਾ. ਨਵੀਨ ਸੇਠੀ ਸੀਨੀਅਰ ਮੈਡੀਕਲ ਅਫਸਰ ਦੀ ਰਹਿਨੁਮਾਈ ਹੇਠ ਅੱਖਾਂ ਦੀ ਜਾਂਚ ਲਈ ਮੁਫਤ ਚੈੱਕਅਪ ਕੈਂਪ ਲਾਇਆ ਗਿਆ।ਕੈਂਪ ਵਿੱਚ ਡਾ.ਰਣਜੀਤ ਸਿੰਘ ਕਰੀਰ ਮੈਡੀਕਲ ਅਫਸਰ (ਅੱਖਾਂ ਦੇ ਮਾਹਿਰ) ਸਿਵਲ ਹਸਪਤਾਲ ਜ਼ੀਰਾ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ।ਉਨ੍ਹਾਂ ਦੁਆਰਾ 118 ਮਰੀਜ਼ਾਂ ਦੀ ਅੱਖਾਂ ਦੀ ਸਕਰੀਨਿੰਗ ਕੀਤੀ ਗਈ।ਚੈੱਕਅਪ ਤੋਂ ਬਾਅਦ ਮੁਫਤ ਦਵਾਈਆਂ ਤੇ 45 ਸਾਲ ਤੋਂ ਉਪਰ ਦੀ ਉਮਰ ਦੇ 69 ਮਰੀਜ਼ਾਂ ਨੂੰ ਐਨਕਾਂ ਵੀ ਮੁਹੱਈਆ ਕਰਾਈਆਂ ਗਈਆਂ।ਇਸ ਤੋਂ ਇਲਾਵਾ ਜੋ ਮਰੀਜ਼ ਚਿੱਟੇ ਮੋਤੀਏ ਤੋਂ ਪੀੜਤ ਪਾਏ ਗਏ, ਉਨ੍ਹਾਂ ਨੂੰ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਓਪਰੇਸ਼ਨ ਕਰਾਉਣ ਲਈ ਕਿਹਾ ਜੋ ਬਿਲਕੁਲ ਮੁਫਤ ਕੀਤੇ ਜਾਣਗੇ।ਡਾ. ਰਣਜੀਤ ਸਿੰਘ ਨੇ ਕਿਹਾ ਕਿ ਅੱਖਾਂ ਕੁਦਰਤ ਦੀ ਦਿੱਤੀ ਹੋਈ ਇੱਕ ਅਨਮੋਲ ਦਾਤ ਹਨ।ਇਨ੍ਹਾਂ ਦੀ ਰੌਸ਼ਨੀ ਨਾਲ ਹੀ ਅਸੀਂ ਇਸ ਰੰਗ-ਬਰੰਗੀ ਦੁਨੀਆਂ ਨੂੰ ਵੇਖ ਸਕਦੇ ਹਾਂ।ਅੱਖਾਂ ਦੀ ਸਹੀ ਸੰਭਾਲ ਲਈ ਸਾਨੂੰ ਸਮੇਂ-ਸਮੇਂ 'ਤੇ ਅੱਖਾਂ ਦੀ ਜਾਂਚ ਕਰਾਉਣੀ ਚਾਹੀਦੀ ਹੈ ਅਤੇ ਲੋੜ ਪੈਣ 'ਤੇ ਕਿਸੇ ਮਾਹਿਰ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ।ਅੱਖਾਂ ਨੂੰ ਸਿਹਤਮੰਦ ਰੱਖਣ ਲਈ ਹਰ ਛੇ ਮਹੀਨੇ ਬਾਅਦ ਅੱਖਾਂ ਦੇ ਡਾਕਟਰ ਤੋਂ ਆਪਣੀ ਨਜ਼ਰ ਦੀ ਜਾਂਚ ਜ਼ਰੂਰ ਕਰਾਓ, ਸੰਤੁਲਤ ਖੁਰਾਕ ਜਿਵੇਂ ਵਿਟਾਮਿਨ ਏਸੀ ਅਤੇ ਈ ਨਾਲ ਭਰਪੂਰ ਭੋਜਨ (ਜਿਵੇਂ ਕਿ ਗਾਜਰ, ਪਾਲਕ ਅਤੇ ਖੱਟੇ ਫਲ) ਅੱਖਾਂ ਦੀ ਰੌਸ਼ਨੀ ਲਈ ਬਹੁਤ ਵਧੀਆ ਹੁੰਦੇ ਹਨ।

# ਲਾਠੀਚਾਰਜ ਦੇ ਵਿਰੋਧ 'ਚ ਧਰਨਾ ਤੇ ਚੱਕਾ ਜਾਮ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਵੱਲੋਂ ਹਮਖਿਆਲੀ ਜਥੇਬੰਦੀਆਂ ਤੇ ਸਫਾਈ ਸੇਵਕ ਧੂਰੀ ਦੇ ਸਹਿਯੋਗ ਨਾਲ ਬਰਨਾਲਾ ਵਿਖੇ ਹੋਏ ਸਫਾਈ ਸੇਵਕਾਂ 'ਤੇ ਪੁਲਸ ਅਫਸਰਾਂ ਤੇ ਪੁਲਸ ਮੁਲਾਜ਼ਮਾਂ ਵੱਲੋਂ ਕੀਤੇ ਅੱਤਿਆਚਾਰ ਦੇ ਵਿਰੋਧ ਵਿੱਚ ਰੋਸ ਮਾਰਚ ਸੀਵਰੇਜ ਬੋਰਡ ਦਫਤਰ ਤੋਂ ਸ਼ੁਰੂ ਹੋ ਕੇ ਧੂਰੀ ਬਾਜ਼ਾਰ ਵਿੱਚ ਹੁੰਦਾ ਹੋਇਆ ਕੱਕੜਵਾਲ ਚੌਕ ਵਿਖੇ ਧਰਨਾ ਲਗਾ ਕੇ ਅਤੇ ਚੱਕਾ ਜਾਮ ਕਰਕੇ ਮੁੱਖ ਮੰਤਰੀ ਭਗਵੰਤ ਮਾਨ, ਡੀ.ਐੱਸ.ਪੀ. ਬਰਨਾਲਾ ਤੇ ਐੱਸ ਐੱਚ ਓ ਬਰਨਾਲਾ ਦੇ ਪੁਤਲੇ ਫੂਕੇ ਗਏ।ਗਵਰਨਰ ਪੰਜਾਬ ਦੇ ਨਾਮ 'ਤੇ ਡੀ ਐੱਸ ਪੀ ਧੂਰੀ ਤੇ ਤਹਿਸੀਲਦਾਰ ਧੂਰੀ ਨੂੰ ਮੰਗ ਪੱਤਰ ਸੌਂਪਿਆ ਗਿਆ।ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਦੇ ਕੌਮੀ ਪ੍ਰਧਾਨ ਵਿੱਕੀ ਪਰੋਚਾ ਤੇ ਹੋਰ ਬੁਲਾਰਿਆਂ ਨੇ ਮੰਗ ਕੀਤੀ ਕਿ ਮੁਲਜ਼ਮਾਂ 'ਤੇ ਐੱਸ ਸੀ, ਐੱਸ ਟੀ ਐਕਟ, ਧਾਰਾ 307 ਤੇ ਹੋਰ ਬਣਦੀਆਂ ਸਖਤ ਧਰਾਵਾਂ ਲਗਾ ਕੇ ਉਨ੍ਹਾਂ 'ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ ਤੇ ਨੌਕਰੀ ਤੋਂ ਬਰਖਾਸਤ ਕੀਤਾ ਜਾਵੇ।ਸਫਾਈ ਸੇਵਕਾਂ ਨੂੰ ਤੁਰੰਤ ਪੱਕਾ ਕੀਤਾ ਜਾਵੇ।ਬੁਲਾਰਿਆਂ ਨੇ ਐਲਾਨ ਕੀਤਾ ਕਿ ਸਫ਼ਾਈ ਸੇਵਕਾਂ ਨੂੰ ਇਨਸਾਫ਼ ਨਾ ਮਿਲਣ ਤੱਕ ਇਹ ਸੰਘਰਸ਼ ਜਾਰੀ ਰਹੇਗਾ ਤੇ ਆਉਂਦੇ ਦਿਨਾਂ 'ਚ ਹੋਰ ਪ੍ਰਚੰਡ ਕੀਤਾ ਜਾਵੇਗਾ।ਇਸ ਮੌਕੇ ਅਜੇ ਪਰੋਚਾ ਐੱਮ ਸੀ, ਲੈਫਟੀਨੈਂਟ ਦਰਸ਼ਨ ਸਿੰਘ, ਆਵਾ ਸਿੰਘ ਜ਼ਿਲ੍ਹਾ ਪ੍ਰਧਾਨ ਸੰਗਰੂਰ, ਸੋਨੀ ਲੱਡੀ ਦਿਹਾਤੀ ਪ੍ਰਧਾਨ ਸੰਗਰੂਰ, ਸੰਜੇ ਸੈਕਟਰੀ ਸੰਜੂ ਵਾਈਸ ਪ੍ਰਧਾਨ ਸੀਵਰੇਜ ਬੋਰਡ ਧੂਰੀ, ਬਰਜੇਸ਼ਵਰ ਗੋਇਲ ਸਟੇਟ ਮੈਂਬਰ ਬੀਜੇਪੀ, ਆਸ਼ੀਸ਼ ਗਰਗ ਮੰਡਲ ਪ੍ਰਧਾਨ ਬੀਜੇਪੀ, ਹਰਦੀਪ ਸਿੰਘ ਦੌਲਤਪੁਰ ਕਾਂਗਰਸੀ ਆਗੂ, ਮਹਾਵੀਰ ਸਿੰਘ ਸਾਬਕਾ ਐੱਮ ਸੀ, ਪ੍ਰੇਮ ਕੁਮਾਰ ਸਾਬਕਾ ਐੱਮ ਸੀ, ਹੈਪੀ ਲੰਕੇਸ਼, ਮੱਘਰ ਸਿੰਘ, ਰਜਿੰਦਰ ਕੁਮਾਰ, ਜੱਗੂ ਕਲੇਰਾਂ, ਐਡਵੋਕੇਟ ਵਿੱਕੀ ਚਾਂਗਲੀ, ਬਲਵੀਰ ਸਿੰਘ ਕਾਤਰੋਂ, ਸੁਖਦੇਵ ਸ਼ਰਮਾ, ਚਰਨਜੀਤ ਸਿੰਘ ਕੈਂਥ, ਕਾਮਰੇਡ ਨਿਰੰਜਨ ਸਿੰਘ ਚਨਾਗਰਾ ਤੇ ਜਥੇਬੰਦੀ ਦੇ ਹੋਰ ਆਗੂ ਹਾਜ਼ਰ ਸਨ।

## ਖ਼ੂਨਦਾਨ ਕੈਂਪ 'ਚ 150 ਯੂਨਿਟ ਖ਼ੂਨ ਇਕੱਤਰ



**ਭਵਾਨੀਗੜ੍ਹ (ਰਾਜ ਖੁਰਮੀ)**-ਰੋਟਰੀ ਕਲੱਬ ਸਿਟੀ ਭਵਾਨੀਗੜ੍ਹ ਵੱਲੋਂ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਆਈ.ਟੀ.ਆਈ. ਭਵਾਨੀਗੜ੍ਹ ਦੇ ਸਹਿਯੋਗ ਨਾਲ ਭਗਵਾਨ ਵਿਸ਼ਕਰਮਾ ਮੰਦਰ ਵਿਖੇ 78ਵਾਂ ਵਿਸ਼ਾਲ ਖ਼ੂਨਦਾਨ ਕੈਂਪ ਆਯੋਜਤ ਕੀਤਾ ਗਿਆ।ਕੈਂਪ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਅਤੇ ਦਾਨੀਆਂ ਨੇ ਉਤਸ਼ਾਹ ਨਾਲ ਖ਼ੂਨਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ।ਕੈਂਪ ਦੌਰਾਨ ਕੁੱਲ 150 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ, ਜੋ ਲੋੜਵੰਦ ਮਰੀਜ਼ਾਂ ਲਈ ਵਰਦਾਨ ਸਾਬਤ ਹੋਵੇਗਾ।ਸੰਸਥਾ ਦੇ ਚੇਅਰਮੈਨ ਗਗਨਦੀਪ ਸ਼ਰਮਾ ਅਤੇ ਚੀਫ਼ ਐਡਵਾਈਜ਼ਰ ਜਗਦੀਪ ਕੁਮਾਰ ਸ਼ਰਮਾ ਨੇ ਕਿਹਾ ਕਿ ਸੰਸਥਾ ਸਿੱਖਿਆ ਦੇ ਖੇਤਰ ਵਿੱਚ ਮਿਆਰੀ ਸੇਵਾਵਾਂ ਦੇਣ ਦੇ ਨਾਲ-ਨਾਲ ਸਮਾਜਿਕ ਤੇ ਮਨੁੱਖਤਾ ਭਲਾਈ ਦੇ ਕਾਰਜਾਂ ਵਿੱਚ ਵੀ ਹਮੇਸ਼ਾ ਮੋਹਰੀ ਭੂਮਿਕਾ ਨਿਭਾਉਂਦੀ ਆ ਰਹੀ ਹੈ।ਉਨ੍ਹਾਂ ਕਿਹਾ ਕਿ ਖ਼ੂਨਦਾਨ ਵਰਗਾ ਮਹਾਨ ਦਾਨ ਅਨੇਕਾਂ ਕੀਮਤੀ ਜ਼ਿੰਦਗੀਆਂ ਬਚਾਉਣ ਵਿੱਚ ਸਹਾਈ ਹੁੰਦਾ ਹੈ, ਇਸ ਲਈ ਹਰ ਤੰਦਰੁਸਤ ਵਿਅਕਤੀ ਨੂੰ ਸਮੇਂ-ਸਮੇਂ 'ਤੇ ਖ਼ੂਨਦਾਨ ਕਰਨਾ ਚਾਹੀਦਾ ਹੈ।ਸੰਸਥਾ ਦੇ ਪ੍ਰਿੰਸੀਪਲ ਬਲਵਿੰਦਰ ਸਿੰਘ ਨੇ ਸਮੂਹ ਸਟਾਫ਼ ਸਮੇਤ ਕੈਂਪ ਵਿੱਚ ਵਿਸ਼ੇਸ਼ ਹਾਜ਼ਰੀ ਲਵਾਈ ਤੇ ਖ਼ੁਦ ਵੀ ਖ਼ੂਨਦਾਨ ਕਰਕੇ ਹੋਰਨਾਂ ਨੂੰ ਇਸ ਮਹਾਨ ਕਾਰਜ ਲਈ ਪ੍ਰੇਰਿਤ ਕੀਤਾ।

# ਹਰਮਨਪ੍ਰੀਤ ਕੌਰ ਨੇ 84 ਫ਼ੀਸਦੀ ਅੰਕਾਂ ਨਾਲ ਹਾਸਲ ਕੀਤਾ ਪਹਿਲਾ ਸਥਾਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨ ਦੇ ਐਮ.ਏ. ਪੰਜਾਬੀ ਭਾਗ-ਦੂਜਾ (ਸਮੈਸਟਰ-ਤੀਜਾ) ਸੈਸ਼ਨ 2025-26 ਦੇ ਨਤੀਜੇ ਬੇਹੱਦ ਸ਼ਾਨਦਾਰ ਰਹੇ ਹਨ।ਵਿਭਾਗ ਦੇ ਕੁੱਲ 18 ਵਿਦਿਆਰਥੀਆਂ ਨੇ ਪ੍ਰੀਖਿਆ ਵਿੱਚ ਭਾਗ ਲਿਆ, ਜਿਨ੍ਹਾਂ ਵਿੱਚੋਂ ਵਿਦਿਆਰਥੀਆਂ ਨੇ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਸੰਸਥਾ ਦਾ ਮਾਣ ਵਧਾਇਆ। ਨਤੀਜਿਆਂ ਅਨੁਸਾਰ ਹਰਮਨਪ੍ਰੀਤ ਕੌਰ ਸਪੁੱਤਰੀ ਮਨਜੀਤ ਸਿੰਘ (ਪਿੰਡ ਢੱਡੇ) ਨੇ 84 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ।ਮਨਦੀਪ ਕੌਰ ਸਪੁੱਤਰੀ ਚਰਨਜੀਤ ਸਿੰਘ (ਰਾਮਪੁਰਾ ਫੂਲ) ਤੇ ਸਰਬਜੀਤ ਕੌਰ ਸਪੁੱਤਰੀ ਲਾਲਜੀਤ ਸਿੰਘ (ਰਾਮਨਗਰ) ਨੇ 82 ਫ਼ੀਸਦੀ ਅੰਕ ਪ੍ਰਾਪਤ ਕਰਕੇ ਸਾਂਝੇ ਤੌਰ 'ਤੇ ਦੂਜਾ ਸਥਾਨ ਹਾਸਲ ਕੀਤਾ, ਜਦਕਿ ਆਸ਼ੂ ਸਪੁੱਤਰੀ ਰਾਜੇਸ਼ ਕੁਮਾਰ (ਰਾਮਪੁਰਾ ਫੂਲ) ਨੇ 80 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਆਪਣੇ ਨਾਂਅ ਕੀਤਾ।ਸੰਸਥਾ ਦੇ ਚੇਅਰਮੈਨ ਐਸ. ਐਸ. ਚੱਠਾ ਨੇ ਸਫ਼ਲ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਫਤਿਹ ਗਰੁੱਪ ਗੁਣਵੱਤਾ ਭਰਪੂਰ ਸਿੱਖਿਆ ਲਈ ਹਮੇਸ਼ਾ ਵਚਨਬੱਧ ਰਿਹਾ ਹੈ।ਉਨ੍ਹਾਂ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਲਗਨ, ਅਧਿਆਪਕਾਂ ਦੀ ਮਿਹਨਤ ਤੇ ਸੰਸਥਾ ਦੇ ਉੱਚ ਸਿੱਖਿਆ ਮਿਆਰਾਂ ਦਾ ਪ੍ਰਤੀਕ ਹਨ।ਡੀਨ ਅਕਾਦਮਿਕ ਡਾ. ਜਗਵਿੰਦਰ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਦੀ ਨਿਰੰਤਰ ਮਿਹਨਤ ਤੇ ਅਧਿਆਪਕਾਂ ਦੇ ਸੁਚੱਜੇ ਮਾਰਗਦਰਸ਼ਨ ਸਦਕਾ ਹਰ ਸਾਲ ਸ਼ਾਨਦਾਰ ਨਤੀਜੇ ਸਾਹਮਣੇ ਆ ਰਹੇ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਐਮ.ਡੀ. ਮਨਜੀਤ ਕੌਰ ਚੱਠਾ ਨੇ ਕਿਹਾ ਕਿ ਫਤਿਹ ਗਰੁੱਪ ਵਿਦਿਆਰਥੀਆਂ ਨੂੰ ਆਧੁਨਿਕ ਤੇ ਗੁਣਵੱਤਾ ਭਰਪੂਰ ਸਿੱਖਿਆ ਦੇ ਨਾਲ-ਨਾਲ ਉਨ੍ਹਾਂ ਦੀ ਸ਼ਖ਼ਸੀਅਤ ਦੇ ਸਰਵਪੱਖੀ ਵਿਕਾਸ ਲਈ ਵੀ ਲਗਾਤਾਰ ਯਤਨਸ਼ੀਲ ਹੈ।

## ਸਫਾ 1 ਦੇ ਬਾਕੀ...

### ਮਾਨ ਨੇ ਵਰਧਮਾਨ-ਆਈਚੀ...



ਦੇ ਅੰਦਰ ਇਸ ਸਮਝੌਤੇ ਨੂੰ ਅਮਲੀ ਰੂਪ ਦੇ ਦਿੱਤਾ ਗਿਆ ਹੈ। ਇਹ ਨੀਤੀ ਨੂੰ ਅਮਲ ਵਿੱਚ ਲਿਆਉਣ ਅਤੇ ਵਚਨਬੱਧਤਾ ਨੂੰ ਹਕੀਕਤ ਵਿੱਚ ਬਦਲਣ ਦਾ ਪ੍ਰਤੱਖ ਪ੍ਰਮਾਣ ਹੈ।'

ਮਾਨ ਨੇ ਕਿਹਾ ਕਿ ਸਾਡੀ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਨੂੰ ਮਜ਼ਬੂਤ ਕਰਨ, ਸਿੱਖਿਆ ਦੇ ਬੁਨਿਆਦੀ ਢਾਂਚੇ ਦੇ ਆਧੁਨਿਕੀਕਰਨ ਅਤੇ ਅਧਿਆਪਕਾਂ ਦੀ ਸਿਖਲਾਈ ਵਿੱਚ ਨਿਵੇਸ਼ ਕਰਨ 'ਤੇ ਦਿੱਤੇ ਜਾ ਰਹੇ ਲਗਾਤਾਰ ਧਿਆਨ ਨੇ ਸੂਬੇ ਨੂੰ ਸਕੂਲੀ ਸਿੱਖਿਆ ਦੇ ਖੇਤਰ ਵਿੱਚ ਦੇਸ਼ ਦਾ ਸਭ ਤੋਂ ਮੋਹਰੀ ਸੂਬਾ ਬਣਾ ਦਿੱਤਾ ਹੈ।ਸਰਕਾਰੀ ਪ੍ਰਾਇਮਰੀ ਸਕੂਲ, ਲੋਹਾਰਾ ਵਿਖੇ ਪੰਜ ਕਰੋੜ ਰੁਪਏ ਦੀ ਲਾਗਤ ਨਾਲ ਬਣੇ 'ਵਰਧਮਾਨ ਬਲਾਕ' ਦਾ ਉਦਘਾਟਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨੀਟ, ਜੇ.ਈ.ਈ. ਅਤੇ ਪੰਜਾਬ ਰਾਜ ਟੇਲੈਂਟ ਸਰਚ ਪ੍ਰੀਖਿਆ ਵਰਗੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਸ਼ਾਨਦਾਰ ਸਫ਼ਲਤਾ ਸਰਕਾਰ ਦੇ ਸਿੱਖਿਆ ਸੁਧਾਰਾਂ ਦੇ ਦੂਰਗਾਮੀ ਪ੍ਰਭਾਵ ਨੂੰ ਦਰਸਾਉਂਦੀ ਹੈ।ਨਵੇਂ ਬਲਾਕ ਵਿੱਚ ਵਿਦਿਆਰਥੀਆਂ ਲਈ ਫਰਨੀਚਰ ਸਮੇਤ 18 ਕਲਾਸਰੂਮ ਅਤੇ ਅਧਿਆਪਕਾਂ ਲਈ ਤਿੰਨ ਕਮਰੇ ਸ਼ਾਮਲ ਹਨ। ਮੁੱਖ ਮੰਤਰੀ ਨੇ ਕਿਹਾ, ਵਰਧਮਾਨ ਟੈਕਸਟਾਈਲਜ਼ ਗਰੁੱਪ ਖ਼ਾਸ ਤੌਰ 'ਤੇ ਸਰਕਾਰੀ ਸਕੂਲਾਂ ਦੇ ਵਿੱਦਿਅਕ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਯੋਗਦਾਨ ਪਾ ਰਿਹਾ ਹੈ। ਇਸ ਗਰੁੱਪ ਨੇ ਲੋਹਾਰਾ, ਗਿਆਸਪੁਰਾ, ਕਾਸਾਬਾਦ, ਲਾਡੋਵਾਲ, ਸੇਖੇਵਾਲ ਅਤੇ ਹੋਰ ਸਰਕਾਰੀ ਸਕੂਲਾਂ ਵਿੱਚ ਵੀ ਇਮਾਰਤਾਂ ਦੀ ਉਸਾਰੀ ਕਰਵਾਈ ਹੈ। ਕੋਈ ਵੀ ਮੁਫ਼ਤ ਸਹੂਲਤ ਜਾਂ ਛੋਟ ਸੂਬੇ ਵਿੱਚੋਂ ਗਰੀਬੀ ਜਾਂ ਹੋਰ ਸਮਾਜਿਕ ਬੁਰਾਈਆਂ ਨੂੰ ਖ਼ਤਮ ਨਹੀਂ ਕਰ ਸਕਦੀ, ਸਗੋਂ ਸਿੱਖਿਆ ਹੀ ਉਹ ਕੁੰਜੀ ਹੈ, ਜੋ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕ ਕੇ ਉਨ੍ਹਾਂ ਨੂੰ ਗਰੀਬੀ ਦੀ ਦਲਦਲ ਵਿੱਚੋਂ ਬਾਹਰ ਕੱਢ ਸਕਦੀ ਹੈ।

ਉਨ੍ਹਾਂ ਆਖਿਆ, ਸਰਕਾਰ ਦੇ ਅਣਥੱਕ ਯਤਨਾਂ ਸਦਕਾ ਪੰਜਾਬ ਪ੍ਰਾਇਮਰੀ ਅਤੇ ਮਿਡਲ ਸਕੂਲ ਸਿੱਖਿਆ ਵਿੱਚ ਕੇਰਲ, ਮਹਾਰਾਸ਼ਟਰ ਅਤੇ ਦਿੱਲੀ ਨੂੰ ਪਛਾੜ ਕੇ ਪਹਿਲੇ ਸਥਾਨ 'ਤੇ ਪਹੁੰਚ ਗਿਆ ਹੈ।

### ਸਮੇਂ ਦੀਆਂ ਸਰਕਾਰਾਂ ਨੇ ...

ਜਿਸ ਕਰਕੇ ਅੱਜ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਖਤਰਾ ਹੈ। ਉਹਨਾ ਕਿਹਾ ਕਿ ਪੰਜਾਬ ਦੀਆਂ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਭਾਰਤੀ ਕਮਿਊਨਿਸਟ ਪਾਰਟੀ ਦੀ ਵਿਧਾਨ ਸਭਾ ਅੰਦਰ ਮੌਜੂਦਗੀ ਜ਼ਰੂਰੀ ਹੈ, ਤਾਂ ਜੋ ਲੋਕ ਮੁੱਦਿਆਂ ਪ੍ਰਤੀ ਵਿਧਾਨ ਸਭਾ ਵਿੱਚ ਆਵਾਜ਼ ਉਠਾਈ ਜਾ ਸਕੇ। ਉਸ ਲਈ ਸਾਨੂੰ ਪੂਰੇ ਪੰਜਾਬ ਵਿੱਚ ਹੁਣ ਤੋਂ ਹੀ ਜ਼ੋਰਦਾਰ ਤਿਆਰੀਆਂ ਸ਼ੁਰੂ ਕਰਨੀਆਂ ਚਾਹੀਦੀਆਂ ਹਨ। ਉਹਨਾ ਕਿਹਾ ਕਿ ਇਕ ਸਤੰਬਰ ਨੂੰ ਦਿੱਲੀ ਦੇ ਰਾਮਲੀਲ੍ਹਾ ਗਰਾਊਂਡ ਵਿੱਚ ਸੀ ਪੀ ਆਈ ਵੱਲੋਂ ਦੇਸ਼ ਪੱਧਰ ਦੀ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ, ਜਿਸ ਵਿੱਚ ਪੂਰੇ ਪੰਜਾਬ ਤੋਂ ਲੱਗਭੱਗ 10 ਹਜ਼ਾਰ ਪਾਰਟੀ ਵਰਕਰ ਪੂਰੇ ਉਤਸ਼ਾਹ ਨਾਲ ਸ਼ਾਮਲ ਹੋਣਗੇ। ਇਸ ਮੌਕੇ ਸੀ ਪੀ ਆਈ ਦੇ ਨੈਸ਼ਨਲ ਕੌਂਸਲ ਮੈਂਬਰ ਅਮਰਜੀਤ ਸਿੰਘ ਆਸਲ, ਜ਼ਿਲ੍ਹਾ ਸਕੱਤਰ ਗੁਲਜਾਰ ਸਿੰਘ ਬਸੰਤਕੋਟ, ਬਲਬੀਰ ਸਿੰਘ ਕੱਤੋਵਾਲ, ਹਜ਼ਾਰਾ ਸਿੰਘ ਗਿੱਲ ਧਾਰੀਵਾਲ, ਹਰਚਰਨ ਸਿੰਘ ਔਜਲਾ ਆਦਿ ਨੇ ਸੰਬੋਧਨ ਕਰਦਿਆਂ ਕਿਰਤੀ ਕਾਮਿਆ, ਮੁਲਾਜ਼ਮਾਂ, ਨੌਜਵਾਨਾਂ ਅਤੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਆਓ ਸਮੇਂ ਦੀਆਂ ਚੁਣੌਤੀਆਂ ਨੂੰ ਕਬੂਲ ਕਰਦਿਆਂ ਇਹਨਾਂ ਖਿਲਾਫ ਲੜਨ ਅਤੇ ਪਾਰਟੀ ਤਾਕਤ ਨੂੰ ਹੋਰ ਮਜ਼ਬੂਤ ਕਰਨ ਦਾ ਪ੍ਰਣ ਕਰੀਏ। ਇਸ ਮੌਕੇ ਬਲਦੇਵ ਸਿੰਘ ਖਹਿਰਾ, ਜਨਕ ਰਾਜ ਜੋਸ਼ੀ, ਮਨਜੀਤ ਸਿੰਘ ਰਾਊਵਾਲ, ਰਕੇਸ਼ ਕੁਮਾਰ, ਦਵਿੰਦਰ ਸਿੰਘ ਕਾਲਾ ਅਫਗਾਨਾ, ਅਮਨਜੋਤ ਸਿੰਘ, ਦਰਸ਼ਨ ਸਿੰਘ ਚੀਮਾ, ਕੁਲਦੀਪ ਸਿੰਘ ਕਾਲਾ ਅਫਗਾਨਾ, ਜਗਜੀਤ ਸਿੰਘ ਅਲੂਣਾ, ਬਲਬੀਰ ਸਿੰਘ ਬਾਜਵਾ, ਸੁਰਿੰਦਰ ਸਿੰਘ ਵੜੈਚ, ਅਰਜਿੰਦਰ ਸਿੰਘ ਮੌੜ, ਹੀਰਾ ਲਾਲ, ਬਾਵਾ ਸਿੰਘ, ਜਸਵਿੰਦਰ ਸਿੰਘ, ਰਣਜੀਤ ਸਿੰਘ ਡੋਗਰ ਮਹੇਸ਼, ਗੁਰਮੁਖ ਸਿੰਘ, ਜਰਨੈਲ ਸਿੰਘ ਬਟਾਲਾ, ਜਤਿੰਦਰ ਸਿੰਘ ਬਟਾਲਾ, ਸੁਭਾਸ਼ ਕੈਰੇ, ਸ਼ਿਵ ਦੱਤ, ਜਗਦੀਸ਼ ਰਾਜ ਸਾਦੀਪੁਰ, ਗੁਰਚਰਨ ਵਾਲੀਆ, ਮਿਹਰਬਾਨ ਸਿੰਘ ਵਾਲੀਆ, ਮਦਨ ਲਾਲ, ਸੁਰਿੰਦਰ ਸਿੰਘ ਕੱਤੋਵਾਲ, ਸੁਰਜੀਤ ਸਿੰਘ ਕੱਤੋਵਾਲ, ਗੁਰਦਿਆਲ ਸਿੰਘ ਭਗਵਾਨਪੁਰ, ਤਰਲੋਕ ਸਿੰਘ ਰਾਊਵਾਲ, ਬਲਬੀਰ ਸਿੰਘ ਮੱਲ੍ਹੀ, ਅਮਨਦੀਪ ਸਿੰਘ ਔਜਲਾ, ਕ੍ਰਿਸ਼ਨ ਚੰਦ, ਬਲਬੀਰ ਸਿੰਘ ਰੰਧਾਵਾ, ਬਲਬੀਰ ਕੁਮਾਰ ਪਠਾਨਕੋਟ, ਹਰਵਿੰਦਰ ਸਿੰਘ ਸੈਣੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਾਥੀ ਹਾਜ਼ਰ ਸਨ।

### 'ਮੋਦੀ ਨੇ ਦੁਨੀਆ 'ਚ ...

ਉਲਟ ਸੀ ਪੀ ਆਈ ਪੰਜਾਬ ਦੇ ਬੁਨਿਆਦੀ ਮੁੱਦੇ ਅਤੇ ਦੇਸ਼ ਵਿੱਚ ਤਾਨਾਸ਼ਾਹੀ ਅਤੇ ਨਫਰਤ ਦੀ ਰਾਜਨੀਤੀ ਆਦਿ ਮਸਲਿਆਂ ਬਾਰੇ ਲੋਕਾਂ ਵਿੱਚ ਜਾਗਰੂਕਤਾ ਲਿਆਉਣ ਲਈ ਮੈਦਾਨ ਵਿੱਚ ਨਿਤਰ ਕੇ ਕਨਵੈਨਸ਼ਨਾਂ ਕਰ ਰਹੀ ਹੈ। 6 ਅਗਸਤ ਤੋਂ 15 ਅਗਸਤ ਤੱਕ ਪੰਜਾਬ ਵਿੱਚ ਪਦ—ਯਾਤਰਾ ਕਰੇਗੀ। ਇਸ ਉਪਰੰਤ ਪਹਿਲੀ ਸਤੰਬਰ ਨੂੰ ਸੀ ਪੀ ਆਈ ਵੱਲੋਂ ਦਿੱਲੀ ਦੇ ਰਾਮਲੀਲ੍ਹਾ ਗਰਾਊਂਡ ਵਿੱਚ ਕੀਤੀ ਜਾ ਰਹੀ ਮਹਾਂ-ਰੈਲੀ ਵਿੱਚ ਕਾਫਲਿਆਂ ਦੇ ਰੂਪ ਵਿੱਚ ਸ਼ਾਮਲ ਹੋਣ ਲਈ ਹੋਕਾ ਦੇ ਰਹੀ ਹੈ। ਕਾਮਰੇਡ ਧਾਲੀਵਾਲ ਨੇ ਕਿਹਾ ਕਿ ਦੇਸ਼ ਵਿੱਚ ਭਾਜਪਾ ਸੰਘ ਦੇ ਏਜੰਡੇ ਮੁਤਾਬਕ ਸਰਕਾਰ ਚਲਾ ਰਹੀ ਹੈ। ਇਸ ਸਰਕਾਰ ਨੇ ਸੰਘੀ ਢਾਂਚੇ ਨੂੰ ਤਬਾਹ ਕਰਨ ਅਤੇ ਫਿਰਕਾਪ੍ਰਸਤੀ ਨੂੰ ਬੜ੍ਹਾਵਾ ਦੇਣ ਦੀਆਂ ਨੀਤੀਆਂ 'ਤੇ ਚਲਦੇ ਹੋਏ ਦੇਸ਼ ਵਿੱਚ ਭੁਚਾਲ ਵਰਗੀ ਸਥਿਤੀ ਪੈਦਾ ਕੀਤੀ ਹੋਈ ਹੈ। ਅੰਤਰਰਾਸ਼ਟਰੀ ਪੱਧਰ 'ਤੇ ਇਸ ਸਰਕਾਰ ਦੀ ਵਿਦੇਸ਼ ਨੀਤੀ ਨੇ ਭਾਰਤ ਦਾ ਸਿਰ ਟਰੰਪ ਦੀ ਅਧੀਨਗੀ ਮੰਨ ਕੇ ਦੁਨੀਆ ਦੇ ਸਾਹਮਣੇ ਨੀਵਾਂ ਕਰਕੇ ਰੱਖ ਦਿੱਤਾ ਹੈ। ਅਮਰੀਕਾ ਅਤੇ ਇਜ਼ਰਾਈਲ ਵੱਲੋਂ ਕੀਤੇ ਜਾ ਰਹੇ ਜੰਗੀ ਜ਼ੁਲਮ ਅਤੇ ਗੁੰਡਾਗਰਦੀ ਦੇ ਖਿਲਾਫ ਇੱਕ ਸ਼ਬਦ ਵੀ ਨਾ ਬੋਲਣਾ ਬੇਹੱਦ ਕਮਜ਼ੋਰ ਪ੍ਰਧਾਨ ਮੰਤਰੀ ਮੋਦੀ ਦੇ ਰੂਪ ਵਿੱਚ ਨਜ਼ਰ ਆ ਰਿਹਾ ਹੈ।ਪੰਜਾਬ ਦੇ ਮੁੱਦਿਆਂ 'ਤੇ ਬੋਲਦਿਆਂ ਉਹਨਾ ਕਿਹਾ ਕਿ ਅੱਜ ਪੰਜਾਬ ਦੀ ਖੇਤੀ 'ਤੇ ਚੌਤਰਫਾ ਹਮਲੇ ਨੂੰ ਸਾਮਰਾਜ ਨਾਲ ਮੁਕਤ ਵਪਾਰ ਸਮਝੌਤਾ ਕਰਕੇ ਅੰਜਾਮ ਦਿੱਤਾ ਜਾ ਰਿਹਾ ਹੈ। ਪੰਜਾਬ ਦੇ ਦਰਿਆਈ ਪਾਣੀਆਂ ਦੀ ਵੰਡ ਦੇ ਮਾਮਲੇ ਵਿੱਚ ਪੰਜਾਬ ਨਾਲ ਧੱਕਾ ਕੀਤਾ ਜਾ ਰਿਹਾ ਹੈ।

ਪੰਜਾਬੀ ਬੋਲਦੇ ਇਲਾਕੇ ਅਤੇ ਚੰਡੀਗੜ੍ਹ ਪੰਜਾਬ ਨੂੰ ਨਹੀਂ ਦਿੱਤਾ ਜਾ ਰਿਹਾ, ਬੀ ਬੀ ਐੱਮ ਬੀ ਬੋਰਡ 'ਚ ਮੈਂਬਰੀ ਖਤਮ ਕਰਨਾ, ਪੰਜਾਬੀ ਭਾਸ਼ਾ 'ਤੇ ਪੂਰੀ ਤਰ੍ਹਾਂ ਵਿਉਂਤਬੰਦ ਹਮਲਾ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਖੋਹਣ ਦਾ ਜਤਨ, ਪੰਜਾਬ ਵਿੱਚ ਬੀ ਐੱਸ ਐੱਫ ਦਾ ਕਬਜ਼ਾ ਜਮਾਉਣਾ, ਐੱਸ ਆਈ ਆਰ ਰਾਹੀਂ ਵੋਟਾਂ ਕੱਟਣ ਦੀ ਕਵਾਇਦ ਆਦਿ ਮੁੱਦੇ ਸੀ ਪੀ ਆਈ ਪੰਜਾਬ ਲਈ ਅਹਿਮ ਸਮਝਦੇ ਹੋਏ ਨਿਰੰਤਰ ਤੌਰ 'ਤੇ ਆਪਣੀ ਸੰਘਰਸ਼ੀ ਸਰਗਰਮੀ ਜਾਰੀ ਰੱਖੇਗੀ। ਜਿਹਨਾਂ ਹੋਰ ਆਗੂਆਂ ਨੇ ਕਨਵੈਨਸ਼ਨ ਨੂੰ ਸੰਬੋਧਨ ਕੀਤਾ, ਉਨ੍ਹਾਂ ਵਿੱਚ ਗੁਰਵਿੰਦਰ ਸਿੰਘ, ਕਸ਼ਮੀਰ ਸਿੰਘ ਗਦਾਈਆ, ਉਤਮ ਸਿੰਘ ਬਾਗੜੀ, ਰਜਿੰਦਰ ਸਿੰਘ, ਰਾਮ ਚੰਦ ਚੁਨਾਗਰਾ ਅਤੇ ਰਵਿੰਦਰਜੀਤ ਕੌਰ ਸ਼ਾਮਲ ਸਨ।

### ਭਾਜਪਾ-ਸੰਘ ਦੀਆਂ ...

ਸਮਾਜਿਕ ਅਤੇ ਰਾਜਨੀਤਿਕ ਵੀ ਹੈ। ਇਸ ਦਾ ਹੱਲ ਲੋਕ-ਪੱਖੀ ਨੀਤੀਆਂ, ਲੋਕਤੰਤਰੀ ਸ਼ਮੂਲੀਅਤ ਅਤੇ ਵਿਗਿਆਨਕ ਯੋਜਨਾਬੰਦੀ ਵਿੱਚ ਹੈ। ਜੇ ਖੇਤੀ, ਉਦਯੋਗ, ਸਿੱਖਿਆ ਅਤੇ ਸਿਹਤ ਨੂੰ ਕੇਂਦਰ ਵਿੱਚ ਰੱਖ ਕੇ ਵਿਕਾਸ ਕੀਤਾ ਜਾਵੇ, ਤਾਂ ਪੰਜਾਬ ਦੁਬਾਰਾ ਦੇਸ਼ ਦਾ ਅਗਲੇਰਾ ਰਾਜ ਬਣ ਸਕਦਾ ਹੈ। ਭਾਰਤੀ ਕਮਿਊਨਿਸਟ ਪਾਰਟੀ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਲੋਕਾਂ ਦੇ ਮੁੱਦੇ ਲੈ ਕੇ ਲੋਕਾਂ ਵਿੱਚ ਜਾਵੇਗੀ ਅਤੇ ਪੰਜਾਬ ਵਿੱਚ ਇੱਕ ਲੋਕ ਪੱਖੀ ਸਰਕਾਰ ਬਣਾਵੇਗੀ। ਇਸ ਕਨਵੈਨਸ਼ਨ ਨੂੰ ਸੂਬਾ ਪਾਰਟੀ ਵੱਲੋਂ ਨਿਯੁਕਤ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਨਰਿੰਦਰ ਸੋਹਲ, ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਅਤੇ ਸੀ ਪੀ ਆਈ ਦੇ ਕੌਮੀ ਐਗਜ਼ੈਕਟਿਵ ਮੈਂਬਰ ਗੁਲਜ਼ਾਰ ਸਿੰਘ ਗੋਰੀਆ ਤੋਂ ਇਲਾਵਾ ਹੋਰ ਜਿਹਨਾਂ ਆਗੂਆਂ ਨੇ ਸੰਬੋਧਨ ਕੀਤਾ, ਉਹਨਾਂ ਵਿੱਚ ਸਹਾਇਕ ਜ਼ਿਲ੍ਹਾ ਸਕੱਤਰ ਕਾਮਰੇਡ ਚਮਕੌਰ ਸਿੰਘ ਬਰਮੀ, ਡਾ. ਰਜਿੰਦਰ ਪਾਲ ਸਿੰਘ ਔਲਖ ਅਤੇ ਐੱਮ ਐੱਸ ਭਾਟੀਆ, ਐੱਸ ਪੀ ਸਿੰਘ ਭੁਮੱਦੀ, ਬਲਬੀਰ ਸਿੰਘ ਮਾਨ, ਗੁਰਮੇਲ ਸਿੰਘ ਮੈਲਡੇ, ਸਵਰਨ ਸਿੰਘ ਹਠੂਰ, ਬਲਾਕ ਸਕੱਤਰ ਚਮਕੌਰ ਸਿੰਘ ਦੌਧਰ, ਅਵਤਾਰ ਸਿੰਘ ਗਗੜਾ, ਪ੍ਰਧਾਨ ਹੁਕਮ ਰਾਜ ਦੇਹੜਕਾ ਆਦਿ ਨੇ ਵੀ ਸੰਬੋਧਨ ਕੀਤਾ। ਕਨਵੈਨਸ਼ਨ ਦੇ ਸ਼ੁਰੂ ਵਿੱਚ ਦੋ ਮਿੰਟ ਦਾ ਮੌਨ ਰੱਖ ਕੇ ਨੀਟ ਪੇਪਰ ਦੇ ਲੀਕ ਹੋਣ ਤੋਂ ਬਾਅਦ ਕੈਂਸਰ ਹੋਣ ਦੇ ਸਿੱਟੇ ਵਜੋਂ ਨੌਜਵਾਨ ਵਿਦਿਆਰਥੀਆਂ ਵੱਲੋਂ ਗਵਾਈਆਂ ਗਈਆਂ ਜਾਨਾਂ ਦੇ ਪ੍ਰਤੀ ਸ਼ਰਧਾਂਜਲੀ ਭੇਟ ਕੀਤੀ ਗਈ।ਕਿਸਾਨ ਆਗੂ ਹਰਦੇਵ ਸਿੰਘ ਸੰਧੂ ਦੀ ਬੇਵਕਤ ਮੌਤ 'ਤੇ ਵੀ ਸ਼ੋਕ ਪ੍ਰਗਟ ਕੀਤਾ ਗਿਆ। ਇੱਕ ਹੋਰ ਮਤੇ ਵਿੱਚ ਜੰਤਰ ਮੰਤਰ 'ਤੇ ਬੈਠੇ ਵਿਦਿਆਰਥੀ ਅਤੇ ਨੌਜਵਾਨਾਂ ਦੀ ਇਤਿਹਾਸਕ ਜਿੱਤ 'ਤੇ ਮੁਬਾਰਕਬਾਦ ਦਿੱਤੀ ਗਈ, ਜਿਸ ਵਿੱਚ ਉਹਨਾਂ ਨੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਅਸਤੀਫਾ ਦੇਣ ਲਈ ਮਜਬੂਰ ਕੀਤਾ ਅਤੇ ਮੋਦੀ ਦੀ ਫਾਸ਼ੀਵਾਦੀ ਸਰਕਾਰ ਦੀ ਹੈਂਕੜ ਭੰਨੀ। ਦਿੱਲੀ ਵਿੱਚ ਪੈਲੇਟ ਗੰਨ ਅਤੇ ਕਿੱਲਾਂ ਤੇ ਬਿਜਲੀ ਦੇ ਕਰੰਟਾਂ ਵਾਲੀਆਂ ਬੈਂਤਾਂ ਦਾ ਇਸਤੇਮਾਲ ਕੀਤਾ ਗਿਆ ਇਸ ਦੀ ਅਸੀਂ ਨਿਖੇਧੀ ਕਰਦੇ ਹਾਂ ਅਤੇ ਇਸ ਲਈ ਜ਼ਿੰਮੇਵਾਰ ਗ੍ਰਹਿ ਮੰਤਰੀ ਅਮਿਤ ਸ਼ਾਹ ਅਸਤੀਫਾ ਦੇਵੇ। ਬਰਨਾਲਾ ਵਿਖੇ ਸੰਘਰਸ਼ ਕਰ ਰਹੇ ਸਫਾਈ ਸੇਵਕਾਂ 'ਤੇ ਅੱਤਿਆਚਾਰ ਲਈ ਪੰਜਾਬ ਪੁਲਸ ਦੀ ਨਿਖੇਧੀ ਕੀਤੀ ਗਈ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦਿੱਤੀਆਂ ਜਾਣ। ਕਨਵੈਨਸ਼ਨ ਉਪਰੰਤ ਜਗਰਾਉਂ ਨਗਰ ਦੇ ਵਿੱਚ ਪ੍ਰਦਰਸ਼ਨ ਕੱਢਿਆ ਗਿਆ।

### ਵਿਦਿਆਰਥੀ ਤੇ...

ਪਿਪਲੀ, ਸਲਾਹਕਾਰ ਬਲਕਾਰ ਸਿੰਘ ਸਹੋਤਾ ਅਤੇ ਨੌਜਵਾਨ ਆਗੂ ਚਰਨਜੀਤ ਸਿੰਘ ਚਮੇਲੀ ਨੇ ਦੱਸਿਆ ਕਿ ਸੀ ਪੀ ਆਈ ਦੀ ਕੌਮੀ ਕਮੇਟੀ ਦੇ ਸੱਦੇ 'ਤੇ 1 ਸਤੰਬਰ ਨੂੰ ਦਿੱਲੀ ਵਿਖੇ ਕੀਤੀ ਜਾ ਰਹੀ 'ਬਦਲਾਅ ਰੈਲੀ' ਦੀ ਸਫ਼ਲਤਾ ਲਈ ਜ਼ਿਲ੍ਹੇ ਅੰਦਰ ਤਿਆਰੀਆਂ ਵਿੱਢ ਦਿੱਤੀਆਂ ਗਈਆਂ ਹਨ। ਇਸ ਲੜੀ ਤਹਿਤ 6 ਅਗਸਤ ਤੋਂ 15 ਅਗਸਤ ਤੱਕ ਪਿੰਡ-ਪੱਧਰੀ ਜਨ-ਸੰਪਰਕ ਮੁਹਿੰਮ ਚਲਾਈ ਜਾਵੇਗੀ। ਇਹਨਾਂ ਸਾਰੇ ਪ੍ਰੋਗਰਾਮਾਂ ਨੂੰ ਅੰਤਮ ਛੋਹਾਂ ਦੇਣ ਲਈ 3 ਅਗਸਤ ਨੂੰ ਸਵੇਰੇ 8:30 ਵਜੇ ਜ਼ਿਲ੍ਹਾ ਕਾਰਜਕਾਰਨੀ ਦੀ ਮੀਟਿੰਗ ਬੁਲਾਈ ਗਈ ਹੈ। ਸਕੱਤਰ ਪ੍ਰੇਮ ਚਾਵਲਾ ਨੇ ਦਾਅਵਾ ਕੀਤਾ ਕਿ ਫ਼ਰੀਦਕੋਟ ਜ਼ਿਲ੍ਹੇ ਤੋਂ ਸੈਂਕੜੇ ਵਰਕਰ ਦਿੱਲੀ ਰੈਲੀ ਵਿੱਚ ਸ਼ਮੂਲੀਅਤ ਕਰਨਗੇ।

ਇਸ ਮੌਕੇ ਪੈਨਸ਼ਨਰ ਆਗੂ ਇੰਦਰਜੀਤ ਸਿੰਘ ਗਿੱਲ, ਪ੍ਰਦੀਪ ਸਿੰਘ ਬਰਾੜ, ਜਗਤਾਰ ਸਿੰਘ (ਸਾਬਕਾ ਸਰਪੰਚ ਭਾਣਾ), ਮੁਖਤਿਆਰ ਸਿੰਘ ਭਾਣਾ, ਗੁਰਦੀਪ ਸਿੰਘ ਦੀਪ ਸਿੰਘ ਵਾਲਾ, ਜਸਪਾਲ ਸਿੰਘ, ਜਗਤਾਰ ਸਿੰਘ ਪੱਪੀ ਰਾਜੋਵਾਲਾ, ਗੁਰਦੀਪ ਭੋਲਾ, ਬੋਹੜ ਸਿੰਘ ਔਲਖ, ਰੇਸ਼ਮ ਸਿੰਘ ਜਿਉਣ ਵਾਲਾ, ਨਾਇਬ ਸਿੰਘ ਘਣੀਏ ਵਾਲਾ, ਸ਼ਿਵ ਕੁਮਾਰ ਸ਼ਰਮਾ ਔਲਖ ਅਤੇ ਕੁਲਵੰਤ ਸਿੰਘ ਕੰਤਾ ਔਲਖ ਆਦਿ ਆਗੂ ਹਾਜ਼ਰ ਸਨ।

### ਹੁਣ ਗਡਕਰੀ...

ਈਂਧਣ ਦੂਸ਼ਤਾ ਅਤੇ ਰੱਖ-ਰਖਾਅ ਨਾਲ ਸੰਬੰਧਤ ਚਿੰਤਾਵਾਂ ਵਰਗੇ ਕਾਰਕਾਂ ਨੂੰ ਜ਼ਿੰਮੇਵਾਰ ਠਹਿਰਾਇਆ ਗਿਆ ਹੈ। ਕੇਂਦਰ ਕੱਚੇ ਤੇਲ ਦੀ ਦਰਾਮਦ 'ਤੇ ਦੇਸ਼ ਦੀ ਨਿਰਭਰਤਾ ਘਟਾਉਣ, ਕਾਰਬਨ ਨਿਕਾਸ ਨੂੰ ਘਟਾਉਣ ਅਤੇ ਗੰਨੇ ਅਤੇ ਅਨਾਜ-ਅਧਾਰਤ ਫੀਡਸਟਾਕ ਤੋਂ ਈਥਾਨੋਲ ਦੇ ਘਰੇਲੂ ਉਤਪਾਦਨ ਦਾ ਸਮਰਥਨ ਕਰਨ ਲਈ ਆਪਣੀ ਵਿਆਪਕ ਰਣਨੀਤੀ ਦੇ ਹਿੱਸੇ ਵਜੋਂ ਪੈਟਰੋਲ ਵਿੱਚ ਉੱਚ ਈਥਾਨੋਲ ਮਿਸ਼ਰਣ ਨੂੰ ਉਤਸ਼ਾਹਤ ਕਰ ਰਿਹਾ ਹੈ। ਸੋਸ਼ਲ ਮੀਡੀਆ ਵਿੱਚ ਚੱਲ ਰਿਹਾ ਹੈ ਕਿ ਗਡਕਰੀ ਦੇ ਪਰਵਾਰ ਦਾ ਵੱਡਾ ਈਥਾਨੋਲ ਕਾਰੋਬਾਰ ਹੈ।

### ਸਰਕਾਰ ਲੋਕਾਂ ਦੀਆਂ ...

ਰੁਜ਼ਗਾਰ ਅਤੇ ਲੋਕ ਭਲਾਈ ਨੂੰ ਯਕੀਨੀ ਬਣਾਉਣ ਲਈ ਕਮਿਊਨਿਸਟ ਵਿਚਾਰਧਾਰਾ ਤੋਂ ਸੇਧ ਲੈਣੀ ਬਣਦੀ ਹੈ। ਉਹਨਾ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਦੇ ਹੱਲ ਵੱਲ ਧਿਆਨ ਦੇਣ ਦੀ ਬਜਾਏ ਲੋਕ ਸੰਘਰਸ਼ਾਂ ਨੂੰ ਦਬਾਅ ਰਹੀ ਹੈ। ਬੀਤੇ ਦਿਨੀਂ ਦਿੱਲੀ ਵਿਖੇ ਵਿਦਿਆਰਥੀਆਂ 'ਤੇ ਕੀਤੇ ਲਾਠੀਚਾਰਜ ਦੀ ਸਖਤ ਸਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਦਿੱਲੀ ਵਿਖੇ ਇੱਕ ਸਤੰਬਰ ਨੂੰ ਬਹੁਤ ਭਾਰੀ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ। ਸਾਰੇ ਸਾਥੀਆਂ ਨੂੰ ਪਹੁੰਚਣ ਦੀ ਅਪੀਲ ਕੀਤੀ ਗਈ।

ਇਸ ਮੌਕੇ ਸੁਰਜੀਤ ਸਿੰਘ, ਗੁਰਬਚਨ ਸਿੰਘ, ਜੰਟਾ ਸਿੰਘ, ਦੁਨੀ ਚੰਦ, ਗੁਰਮੇਲ ਸਿੰਘ, ਜਸਵੀਰ ਜੀਤਾ, ਪ੍ਰਕਾਸ਼ ਗਿੱਲ, ਛਿੰਦਰ ਸਿੰਘ, ਬਲਦੇਵ ਸਿੰਘ, ਤੇਜਾ ਸਿੰਘ ਗਿਆਨੀ ਛੱਤਿਆਣਾ ਨੇ ਕਨਵੈਨਸ਼ਨ ਨੂੰ ਨੇਪਰੇ ਚੜ੍ਹਾਉਣ ਲਈ ਆਪਣੀ ਜ਼ਿੰਮੇਵਾਰੀ ਬਾਖ਼ੂਬੀ ਨਿਭਾਈ।

# 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਜਥੇਦਾਰ ਮਾਹਲਾ ਵੱਡੀ ਜਿੱਤ ਦਰਜ ਕਰਨਗੇ : ਸੁਖਵੀਰ ਬਰਾੜ

### ਮਾਹਲਾ ਪਰਵਾਰ ਨੇ ਹਮੇਸ਼ਾ ਲੋਕ ਸੇਵਾ ਤੇ ਸਾਫ਼-ਸੁਥਰੀ ਰਾਜਨੀਤੀ ਨੂੰ ਦਿੱਤੀ ਤਰਜੀਹ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਨੂੰ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਵੱਡੀ ਲੀਡ ਨਾਲ ਜਿੱਤ ਹਾਸਲ ਹੋਵੇਗੀ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਯੂਥ ਆਗੂ ਸੁਖਵੀਰ ਸਿੰਘ ਬਰਾੜ ਸੁੱਖਾ ਨੇ ਕਰਦਿਆਂ ਕਿਹਾ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਤੇ ਉਨ੍ਹਾਂ ਦੇ ਫਰਜ਼ੰਦ ਸੁਖਜੀਤ ਸਿੰਘ ਮਾਹਲਾ, ਜੋ ਯੂਥ ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਦੇ ਮੈਂਬਰ ਹਨ, ਲੰਬੇ ਸਮੇਂ ਤੋਂ ਹਲਕੇ ਦੇ ਲੋਕਾਂ ਦੀ ਨਿਰੰਤਰ ਸੇਵਾ ਕਰ ਰਹੇ ਹਨ।ਉਨ੍ਹਾਂ ਵੱਲੋਂ ਹਰ ਵਰਗ ਦੇ ਲੋਕਾਂ ਨਾਲ ਨਿਰੰਤਰ ਸੰਪਰਕ ਬਣਾਈ ਰੱਖਿਆ ਗਿਆ ਹੈ ਤੇ ਹਰ ਸੁੱਖ-ਦੁੱਖ ਵਿੱਚ ਲੋਕਾਂ ਦਾ ਸਾਥ ਦਿੱਤਾ ਗਿਆ ਹੈ।ਇਸ ਕਾਰਨ ਹਲਕੇ ਦੇ ਲੋਕਾਂ ਵਿੱਚ ਮਾਹਲਾ ਪਰਿਵਾਰ ਪ੍ਰਤੀ ਵਿਸ਼ਵਾਸ ਹੋਰ ਮਜ਼ਬੂਤ ਹੋਇਆ ਹੈ।ਉਨ੍ਹਾ ਕਿਹਾ ਕਿ ਮਾਹਲਾ ਪਰਵਾਰ ਨੇ ਹਮੇਸ਼ਾ ਸਾਫ਼-ਸੁਥਰੀ ਤੇ ਲੋਕ ਹਿੱਤਾਂ ਨੂੰ ਸਮਰਪਤ ਰਾਜਨੀਤੀ ਕੀਤੀ ਹੈ।ਉਨ੍ਹਾਂ ਕਦੇ ਵੀ ਨਿੱਜੀ ਸਵਾਰਥ ਨੂੰ ਤਰਜੀਹ ਨਹੀਂ ਦਿੱਤੀ, ਸਗੋਂ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਮੇਸ਼ਾ ਯਤਨਸ਼ੀਲ ਰਹੇ ਹਨ।ਇਹੀ ਕਾਰਨ ਹੈ ਕਿ ਹਲਕੇ ਦੇ ਲੋਕ ਉਨ੍ਹਾਂ ਨੂੰ ਆਪਣਾ ਪੂਰਾ ਸਮਰਥਨ ਦੇ ਰਹੇ ਹਨ।ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਬਾਘਾ ਪੁਰਾਣਾ ਹਲਕੇ ਦੇ ਵੋਟਰ ਜਥੇਦਾਰ ਤੀਰਥ ਸਿੰਘ ਮਾਹਲਾ ਦੇ ਹੱਕ ਵਿੱਚ ਆਪਣਾ ਫ਼ਤਵਾ ਦੇਣਗੇ ਤੇ ਉਹ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ।ਯੂਥ ਆਗੂ ਨੇ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ-ਪਿੰਡ ਤੇ ਘਰ-ਘਰ ਜਾ ਕੇ ਪਾਰਟੀ ਦੀਆਂ ਨੀਤੀਆਂ ਤੇ ਲੋਕ ਭਲਾਈ ਦੇ ਕੰਮਾਂ ਨੂੰ ਲੋਕਾਂ ਤੱਕ ਪਹੁੰਚਾਉਣ, ਤਾਂ ਜੋ ਆਉਣ ਵਾਲੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਜਿੱਤ ਨੂੰ ਯਕੀਨੀ ਬਣਾਇਆ ਜਾ ਸਕੇ।

## ਮਾਤਾ ਗੁਜਰੀ ਗਰਲਜ਼ ਕਾਲਜ ਦਾ ਨਤੀਜਾ ਸ਼ਾਨਦਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਤਾ ਸੁੰਦਰੀ ਗਰੁੱਪ ਆਫ ਇੰਸਟੀਚਿਊਸ਼ਨਜ਼ ਢੱਡੇ ਦੀ ਇਕਾਈ ਮਾਤਾ ਸੁੰਦਰੀ ਗਰਲਜ਼ ਕਾਲਜ ਆਫ ਐਜੂਕੇਸ਼ਨ ਦਾ ਨਤੀਜਾ ਰਿਹਾ ਸ਼ਾਨਦਾਰ।ਚੇਅਰਮੈਨ ਕੁਲਵੰਤ ਸਿੰਘ ਸਿੱਧੂ, ਮੈਨੇਜਿੰਗ ਡਾਇਰੈਕਟਰ ਗੁਰਵਿੰਦਰ ਸਿੰਘ ਤੇ ਡਾਇਰੈਕਟਰ ਐਡਮਿਨਿਸਟਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਯੂਨੀਵਰਸਿਟੀ ਦੇ ਵੱਲੋਂ ਐਲਾਨੇ ਗਏ ਨਤੀਜਿਆਂ ਉੱਪਰ ਆਪਣੇ ਵਿਚਾਰ ਰੱਖਦੇ ਹੋਏ ਕਿਹਾ ਕਿ ਸਾਡੀ ਹਮੇਸ਼ਾ ਇਹ ਕੋਸ਼ਿਸ਼ ਰਹੀ ਹੈ ਕਿ ਅਸੀਂ ਐਜੂਕੇਸ਼ਨ ਕੋਰਸ ਵਾਲੇ ਵਿਦਿਆਰਥੀਆਂ 'ਚੋਂ ਸਮਾਜ ਲਈ ਇੱਕ ਬਿਹਤਰੀਨ ਅਧਿਆਪਕ ਤਿਆਰ ਕਰਕੇ ਅੱਜ ਦੇ ਵਿਦਿਆਰਥੀਆਂ ਦਾ ਸੁਨਿਹਰਾ ਭਵਿੱਖ ਬਣਾਉਣ ਨੂੰ ਤਰਜ਼ੀਹ ਦਿੰਦੇ ਹਾਂ।ਉਨ੍ਹਾਂ ਕਿਹਾ ਕਿ ਇਨ੍ਹਾਂ ਬਿਹਤਰੀਨ ਨਤੀਜਿਆਂ ਲਈ ਸੰਸਥਾ ਦੇ ਪ੍ਰਿੰਸੀਪਲ, ਸਟਾਫ਼, ਵਿਦਿਆਰਥੀ ਤੇ ਮਾਪਿਆਂ ਨੂੰ ਵਧਾਈ ਦਿੰਦੇ ਹਾਂ ਅਤੇ ਭਵਿੱਖ 'ਚ ਕਾਮਨਾ ਕਰਦੇ ਹਾਂ ਕਿ ਸਾਡੇ ਵਿਦਿਆਰਥੀ ਹਮੇਸ਼ਾ ਚੰਗੇ ਨਤੀਜੇ ਲਿਆਉਣ ਵਿੱਚ ਸਫਲ ਹੋਣ।ਸੰਸਥਾ ਦੇ ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਕਿਹਾ ਕਿ ਸਾਡੇ ਅਧਿਆਪਕਾਂ ਦੀ ਹਮੇਸ਼ਾ ਇਹੀ ਕੋਸ਼ਿਸ਼ ਰਹੀ ਹੈ ਕਿ ਅਸੀਂ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰੀਏ ਤੇ ਉਨ੍ਹਾਂ ਨੂੰ ਨੈਤਿਕ ਤੌਰ 'ਤੇ ਮਜਬੂਤ ਕਰਕੇ ਸਮਾਜ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦੇ ਭਵਿੱਖ ਨੂੰ ਉੱਜਵਲ ਬਣਾਉਣ ਵਿੱਚ ਕਾਮਯਾਬ ਹੋਈਏ।ਡਾਇਰੈਕਟਰ ਮੈਡਮ ਸਿੰਬਲਜੀਤ ਕੌਰ ਤੇ ਖ਼ਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਇਹਨਾਂ ਸਾਨਦਾਰ ਨਤੀਜਿਆਂ ਲਈ ਮੁਬਾਰਕਬਾਦ ਦਿੱਤੀ।ਐਜੂਕੇਸ਼ਨ ਵਿਭਾਗ ਦੇ ਮੁਖੀ ਪ੍ਰੋ. ਮਨਪ੍ਰੀਤ ਕੌਰ ਨੇ ਦੱਸਿਆ ਕਿ ਖੁਸ਼ੀ ਪੁੱਤਰੀ ਦਿਨੇਸ਼ ਕੁਮਾਰ 83.2 % ਸੰਸਥਾ ਵਿੱਚ ਪਹਿਲਾ ਸਥਾਨ, ਕਿਰਨਜੀਤ ਕੌਰ ਪੁੱਤਰੀ ਬਲਤੇਜ ਸਿੰਘ ਨੇ 82.2% ਦੂਜਾ ਸਥਾਨ ਤੇ ਅਰਪਨਦੀਪ ਕੌਰ ਪੁੱਤਰੀ ਕੁਲਵਿੰਦਰ ਸਿੰਘ ਨੇ 81.3% ਨੇ ਤੀਜਾ ਸਥਾਨ ਪ੍ਰਾਪਤ ਕੀਤਾ।

## ਅੰਕੁਸ਼ ਮੁਟਨੇਜਾ ਨੇ ਨਗਰ ਕੌਂਸਲ ਦੇ ਪ੍ਰਧਾਨ ਵਜੋਂ ਅਹੁਦਾ ਸੰਭਾਲਿਆ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**-ਨਗਰ ਕੌਂਸਲ ਦੀ ਨਵੀਂ ਚੁਣੀ ਗਈ ਲੀਡਰਸ਼ਿਪ ਨੂੰ ਹਲਕਾ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਵੱਲੋਂ ਤਹਿ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ ਤੇ ਕਿਹਾ ਕਿ ਅੰਕੁਸ਼ ਮੁਟਨੇਜਾ ਦੇ ਨਗਰ ਕੌਂਸਲ ਜਲਾਲਾਬਾਦ ਦੇ ਪ੍ਰਧਾਨ, ਐਡਵੋਕੇਟ ਰਾਜੀਵ ਬਜਾਜ ਦੇ ਸੀਨੀਅਰ ਵਾਇਸ ਪ੍ਰਧਾਨ ਤੇ ਸੋਨੂ ਘੋਗਾ ਦੇ ਵਾਇਸ ਪ੍ਰਧਾਨ ਬਣਨ ਨਾਲ ਇਲਾਕੇ ਦੇ ਵਿਕਾਸ ਕਾਰਜਾਂ ਨੂੰ ਨਵੀਂ ਦਿਸ਼ਾ ਤੇ ਗਤੀ ਮਿਲੇਗੀ। ਹਲਕਾ ਵਿਧਾਇਕ ਜਗਦੀਪ ਕੰਬੋਜ਼ ਗੋਲਡੀ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ, ਅੰਕੁਸ਼ ਮੁਟਨੇਜਾ ਨੂੰ ਪ੍ਰਧਾਨ, ਐਡਵੋਕੇਟ ਰਾਜੀਵ ਬਜਾਜ ਨੂੰ ਸੀਨੀਅਰ ਵਾਇਸ ਪ੍ਰਧਾਨ ਤੇ ਸੋਨੂ ਘੋਗਾ ਨੂੰ ਵਾਇਸ ਪ੍ਰਧਾਨ ਬਣਨ 'ਤੇ ਬਹੁਤ-ਬਹੁਤ ਮੁਬਾਰਕਬਾਦ ਦਿੰਦਾ ਹਾਂ। ਉਨ੍ਹਾਂ ਕਿਹਾ ਕਿ ਇਹ ਨਵੀਂ ਟੀਮ ਇਲਾਕੇ ਦੀ ਸੇਵਾ ਪੂਰੀ ਲਗਨ, ਇਮਾਨਦਾਰੀ ਤੇ ਤਨਦੇਹੀ ਨਾਲ ਕਰੇਗੀ। ਨਵੀਂ ਲੀਡਰਸ਼ਿਪ ਨੇ ਹਲਕਾ ਵਿਧਾਇਕ ਜਗਦੀਪ ਕੰਬੋਜ ਗੋਲਡੀ ਤੇ ਇਲਾਕਾ ਨਿਵਾਸੀਆਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਬਿਨਾਂ ਕਿਸੇ ਭੇਦਭਾਵ ਦੇ ਕੰਮ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਸ.ਡੀ.ਐਮ ਜਲਾਲਾਬਾਦ ਸ੍ਰੀ ਕੰਵਰਜੀਤ ਸਿੰਘ ਮਾਨ ਮੌਜੂਦ ਸਨ।

## ਸਰਵਹਿੱਤਕਾਰੀ ਵਿੱਦਿਆ ਮੰਦਰ ਦੇ ਵਿਦਿਆਰਥੀਆਂ ਨੇ ਜਿੱਤੇ ਤਮਗੇ




**ਭੀਖੀ (ਧਰਮਵੀਰ ਸ਼ਰਮਾ)**-ਮਾਧਵ ਵਿੱਦਿਆ ਨਿਕੇਤਨ ਅੰਮ੍ਰਿਤਸਰ ਵਿਖੇ ਵਿੱਦਿਆ ਭਾਰਤੀ ਸਟੇਟ ਪੰਜਾਬ ਵੱਲੋਂ ਕਰਾਏ ਗਏ ਸੂਬਾ ਪੱਧਰੀ ਕਰਾਟੇ ਮੁਕਾਬਲਿਆਂ ਵਿੱਚ ਸਰਵਹਿੱਤਕਾਰੀ ਵਿੱਦਿਆ ਮੰਦਰ (ਸੀ.ਬੀ.ਐਸ.ਈ.) ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਤਮਗੇ ਆਪਣੇ ਨਾਂਅ ਕੀਤੇ ਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਅੰਡਰ-17 ਵਰਗ ਵਿੱਚ ਵਰੁਣ ਸਿੰਘ, ਹਰਜੋਤ ਸਿੰਘ ਤੇ ਤ੍ਰਿਮਾਨ ਚਹਿਲ ਨੇ ਸੋਨ ਤਮਗਾ (ਗੋਲਡ ਮੈਡਲ) ਜਿੱਤਿਆ। ਅੰਡਰ-14 ਵਰਗ ਵਿੱਚ ਸਮਰਪ੍ਰੀਤ ਸਿੰਘ, ਜਸਕਰਨ ਸਿੰਘ, ਖੁਸ਼ਨਸੀਬ ਸਿੰਘ ਤੇ ਰਣਵੀਰ ਸਿੰਘ ਚਹਿਲ ਨੇ ਸੋਨ ਤਮਗਾ ਹਾਸਲ ਕੀਤਾ। ਇਸੇ ਵਰਗ ਵਿੱਚ ਜਸਵਿੰਦਰ ਸਿੰਘ ਅਤੇ ਏਕਮ ਰਿਸ਼ੀ ਨੇ ਚਾਂਦੀ ਦਾ ਤਮਗਾ (ਸਿਲਵਰ ਮੈਡਲ) ਜਿੱਤ ਕੇ ਸਕੂਲ ਦਾ ਮਾਣ ਵਧਾਇਆ। ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਤੇ ਸਮੂਹ ਸਟਾਫ਼ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਕੋਚ ਪ੍ਰੀਤਮ ਰਾਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਸਫ਼ਲਤਾ ਮਿਹਨਤ, ਅਨੁਸ਼ਾਸਨ ਅਤੇ ਲਗਨ ਦਾ ਨਤੀਜਾ ਹੈ।

## ਪਾਵਰਕਾਮ ਤੇ ਟਰਾਂਸਕੋ ਸਟੋਰ ਦੇ ਆਊਟਸੋਰਸਿੰਗ ਕਾਮਿਆਂ ਦੀ ਅਣਮਿੱਥੇ ਸਮੇਂ ਲਈ ਹੜਤਾਲ ਸ਼ੁਰੂ



**ਮਾਨਸਾ (ਆਤਮਾ ਸਿੰਘ ਪਮਾਰ)**-ਪਾਵਰਕਾਮ ਤੇ ਟਰਾਂਸਕੋ ਆਊਟਸੋਰਸ ਮੁਲਾਜ਼ਮ ਤਾਲਮੇਲ ਕਮੇਟੀ ਪੰਜਾਬ ਦੇ ਬੈਨਰ ਹੇਠ ਮਾਨਸਾ ਸਟੋਰ ਦੇ ਸਾਥੀ 25 ਜੁਲਾਈ ਬਾਅਦ ਦੁਪਹਿਰ 12 ਵਜੇ ਤੋਂ ਪੰਜਾਬ ਸਰਕਾਰ ਵੱਲੋਂ ਕੀਤੇ ਵਾਅਦੇ ਪੂਰੇ ਨਾ ਕਰਨ ਕਰਕੇ ਅਣਮਿੱਥੇ ਸਮੇਂ ਲਈ ਹੜਤਾਲ 'ਤੇ ਚਲੇ ਗਏ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੇ ਵਾਅਦਾ ਕੀਤਾ ਸੀ ਕਿ ਸਟੋਰਾਂ 'ਚ, ਜੋ ਵੀ ਸਾਥੀ ਕੰਮ ਕਰਦੇ ਹਨ, ਉਨ੍ਹਾਂ ਨੂੰ ਰੈਗੂਲਰ ਕਰਨ ਦਾ ਨੋਟੀਫਿਕੇਸ਼ਨ ਜਲਦੀ ਜਾਰੀ ਕੀਤਾ ਜਾਵੇਗਾ, ਪ੍ਰੰਤੂ ਅਜੇ ਤੱਕ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ, ਜਿਸ ਦੇ ਰੋਸ ਵਜੋਂ ਸਟੋਰਾਂ ਵਾਲੇ ਸਾਰੇ ਸਾਥੀ ਆਪਣੇ ਦਫਤਰਾਂ ਅੱਗੇ ਅਣਮਿੱਥੇ ਸਮੇਂ ਲਈ ਧਰਨੇ 'ਤੇ ਬੈਠੇ ਗਏ ਹਨ।ਸਟੋਰਾਂ ਦੇ ਸਾਥੀਆਂ ਨੇ ਸਾਰਾ ਕੰਮ ਵੀ ਬੰਦ ਕਰ ਦਿੱਤਾ ਹੈ।ਸੂਬਾ ਪ੍ਰਧਾਨ ਜਸਵਿੰਦਰ ਸਿੰਘ ਕੋਟਕਪੂਰਾ ਦੀ ਅਗਵਾਈ ਹੇਠ ਸਾਰੇ ਮੁਲਾਜ਼ਮਾਂ ਨੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਵੀ ਕੀਤੀ।ਇਸ ਮੌਕੇ ਮੌਜੂਦ ਪ੍ਰਧਾਨ ਗੁਰਵਿੰਦਰ ਸਿੰਘ ਗੋਲਟਾ, ਖਜ਼ਾਨਚੀ ਅਮਰੀਕ ਸਿੰਘ, ਮੀਤ ਪ੍ਰਧਾਨ ਜਸਵਿੰਦਰ ਸਿੰਘ ਬੱਬੀ, ਮਨਪ੍ਰੀਤ ਸਿੰਘ ਚਹਿਲ, ਅਮਨਦੀਪ ਸਿੰਘ ਦੰਦੀਵਾਲ, ਗੁਰਮੇਲ ਸਿੰਘ ਮੇਲਾ, ਨੈਬ ਸਿੰਘ, ਭਰਪੂਰ ਸਿੰਘ, ਗੁਰਬਸ਼ਸ਼ ਸਿੰਘ, ਨਰਿੰਦਰ ਰੱਤੀ, ਸੁਖਵਿੰਦਰ ਕੁਮਾਰ ਦਿਵਾਕਰ, ਗੁਰਮੇਲ ਸਿੰਘ, ਰਾਮ ਸਿੰਘ, ਪਾਲਾ ਸਿੰਘ, ਅਤੇ ਪ੍ਰਧਾਨ ਲਾਲ ਚੰਦ ਯਾਦਵ ਰਿਟਾਇਰਡ ਸੰਘਰਸ਼ਸ਼ੀਲ ਯੂਨੀਅਨ ਮਾਨਸਾ ਹਾਜ਼ਰ ਸਨ।

## ਚੇਅਰਮੈਨ ਲੱਖਾ ਵੱਲੋਂ ਦਸਮੇਸ਼ ਨਗਰ 'ਚ ਆਮ ਆਦਮੀ ਕਲੀਨਿਕ ਦਾ ਉਦਘਾਟਨ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਮੁਫ਼ਤ ਤੇ ਗੁਣਵੱਤਾ ਭਰੀਆਂ ਸਿਹਤ ਸੇਵਾਵਾਂ ਉਪਲਬਧ ਕਰਵਾਉਣ ਦੇ ਉਦੇਸ਼ ਨਾਲ ਸਥਾਪਤ ਕੀਤੇ ਜਾ ਰਹੇ ਆਮ ਆਦਮੀ ਕਲੀਨਿਕਾਂ ਦੀ ਲੜੀ ਤਹਿਤ ਅੱਜ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ ਨੇ ਧੂਰੀ ਦੇ ਦਸਮੇਸ਼ ਨਗਰ, ਵਾਰਡ ਨੰਬਰ-12 ਵਿਖੇ ਨਵੇਂ ਆਮ ਆਦਮੀ ਕਲੀਨਿਕ ਦਾ ਉਦਘਾਟਨ ਕੀਤਾ।ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੈਨ ਅਸ਼ੋਕ ਕੁਮਾਰ ਲੱਖਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹਰ ਨਾਗਰਿਕ ਤੱਕ ਬਿਹਤਰ ਸਿਹਤ ਸਹੂਲਤਾਂ ਪਹੁੰਚਾਉਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਮਾਹਿਰ ਡਾਕਟਰਾਂ ਦੀ ਮੁਫ਼ਤ ਸਲਾਹ, ਲੋੜੀਂਦੀਆਂ ਦਵਾਈਆਂ ਤੇ ਲੈਬ ਟੈਸਟਾਂ ਦੀ ਸਹੂਲਤ ਇੱਕੋ ਛੱਤ ਹੇਠ ਮੁਹੱਈਆ ਕਰਵਾਈ ਜਾ ਰਹੀ ਹੈ, ਜਿਸ ਨਾਲ ਲੋਕਾਂ ਦੇ ਇਲਾਜ 'ਤੇ ਹੋਣ ਵਾਲੇ ਖਰਚ ਵਿੱਚ ਕਾਫ਼ੀ ਕਮੀ ਆਈ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਜੰਤਰ-ਮੰਤਰ ਦੇ ਮੈਦਾਨ 'ਚ ਪੇਪਰ ਲੀਕ ਮਸਲੇ 'ਤੇ ਵਿਦਿਆਰਥੀਆਂ ਦੀ ਹੋਈ ਵੱਡੀ ਜਿੱਤ : ਕਾਮਲਪੁਰ

**ਧਾਰੀਵਾਲ, (ਮਨਦੀਪ ਵਿੱਕੀ)**

ਪੰਜਾਬ ਕਿਸਾਨ ਯੂਨੀਅਨ ਦੀ ਮੀਟਿੰਗ ਬੱਸ ਅੱਡਾ ਨੜਾਂਵਾਲੀ ਵਿਖੇ ਹੋਈ।ਮੀਟਿੰਗ ਦੀ ਪ੍ਰਧਾਨਗੀ ਹਰਭਜਨ ਸਿੰਘ ਨੜਾਂਵਾਲੀ ਨੇ ਕੀਤੀ।ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਗੁਰਦੀਪ ਸਿੰਘ ਕਾਮਲਪੁਰ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਦਿੱਲੀ ਜੰਤਰ ਮੰਤਰ ਵਿਖੇ ਵਿਦਿਆਰਥੀਆਂ ਦੇ ਧਰਨੇ ਦੇ ਸਬੰਧ ਵਿੱਚ ਉਨ੍ਹਾਂ ਦੀ ਵੱਡੀ ਜਿੱਤ ਦੇ ਸਬੰਧ ਵਿੱਚ ਸੀ।ਭਾਰਤ ਸਰਕਾਰ ਦੀ ਏਜੰਸੀ ਐੱਨ ਟੀ ਏ (ਨੈਸ਼ਨਲ ਟੈਸਟਿੰਗ ਏਜੰਸੀ) ਵੱਲੋਂ ਕਰਵਾਏ ਗਏ ਨੀਟ ਦੇ ਟੈਸਟ ਵਿੱਚ ਪੇਪਰ ਨੂੰ ਲੀਕ ਕੀਤਾ ਗਿਆ ਅਤੇ ਪੈਸਿਆਂ ਦੇ ਸਬੰਧ ਵਿੱਚ ਵੱਡਾ ਘਪਲਾ ਹੋਇਆ ਜਿਸ ਕਾਰਨ ਬਹੁਤ ਸਾਰੇ ਹੋਣਹਾਰ ਵਿਦਿਆਰਥੀ ਫੇਲ੍ਹ ਹੋਏ।ਨਿਰਾਸ਼ਾ ਦੀ ਹਾਲਤ ਵਿੱਚ 22 ਬੱਚਿਆਂ ਨੇ ਖ਼ੁਦਕੁਸ਼ੀ ਕਰ ਲਈ ਪਰ ਕੇਂਦਰ ਸਰਕਾਰ ਕੁਝ ਵੀ ਮੰਨਣ ਨੂੰ



ਤਿਆਰ ਨਹੀਂ ਸੀ।ਸਿਤਮ ਦੀ ਗੱਲ ਇਹ ਹੋਈ ਕਿ ਕਿ ਇਹ ਮਸਲਾ ਸੁਪਰੀਮ ਕੋਰਟ ਵਿੱਚ ਪੁਹੰਚਿਆ ਪਰ ਮੁੱਖ ਜੱਜ ਸਾਹਿਬ ਨੇ ਵਿਦਿਆਰਥੀਆਂ ਨੂੰ ਕਾਕਰੋਚ ਕਹਿ ਕੇ ਉਨ੍ਹਾਂ ਦੀ ਗੱਲ ਸੁਣਨ ਤੋਂ ਇਨਕਾਰ ਕਰ ਦਿੱਤਾ ਜਿਸ ਕਾਰਨ ਕਾਕਰੋਚ ਜਨਤਾ ਪਾਰਟੀ ਹੋਂਦ ਵਿੱਚ ਆਈ ਅਤੇ ਲੱਖਾਂ ਵਿਦਿਆਰਥੀ ਇਸ ਦੇ ਮੈਂਬਰ ਬਣੇ।ਗੁੱਸੇ ਵਿੱਚ ਆਏ ਵਿਦਿਆਰਥੀਆਂ ਨੇ ਦਿੱਲੀ ਦੀ ਜੰਤਰ ਮੰਤਰ ਗਰਾਊਂਡ ਵਿੱਚ ਧਰਨਾ ਲਗਾ ਦਿੱਤਾ।ਕੇਂਦਰ ਦੀ ਹੰਕਾਰੀ ਮੋਦੀ ਸਰਕਾਰ ਦੀ ਪੁਲਸ ਨੇ ਇਨ੍ਹਾਂ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਤੇ ਅਣਮਨੁੱਖੀ ਤਸ਼ੱਦਦ ਕੀਤਾ ਪਰ ਵਿਦਿਆਰਥੀ ਆਪਣੇ ਹੌਸਲੇ ਤੇ ਹਿੰਮਤ ਨਾਲ ਡਟੇ ਰਹੇ।ਭਾਰਤੀ ਜਨਤਾ ਪਾਰਟੀ ਅਤੇ ਗੋਦੀ ਮੀਡੀਆ ਨੇ ਵਿਦਿਆਰਥੀਆਂ ਨੂੰ ਭੰਡਣ ਵਿਚ ਕੋਈ ਕਸਰ ਨਹੀਂ ਛੱਡੀ ।ਵਾਤਾਵਰਨ ਪ੍ਰੇਮੀ ਵਾਂਗਚੁੱਕ ਨੇ ਮਰਨ ਵਰਤ ਰੱਖਿਆ।ਇਨ੍ਹਾਂ ਦਾ ਕੇਸ ਫ਼ਿਰ ਸੁਪਰੀਮ ਕੋਰਟ ਵਿੱਚ ਪੇਸ਼ ਹੋਇਆ ਪਰ ਮੁੱਖ ਜੱਜ ਸਾਹਿਬ ਨੇ ਇਸ ਨੂੰ ਸੁਣਨ ਤੋਂ ਇਨਕਾਰ ਕਰ ਦਿੱਤਾ ਕਿ ਅਦਾਲਤ ਕੋਲ ਸਮਾਂ ਨਹੀਂ ਹੈ।ਇਸ ਲੰਬੀ ਜੱਦੋਜਹਿਦ ਤੋਂ ਬਾਅਦ ਕੇਂਦਰ ਸਰਕਾਰ ਦੀ ਅਕਲ ਟਿਕਾਣੇ ਆਈ ਅਤੇ ਉਸ ਵੱਲੋਂ ਸੀ ਜੇ ਪੀ ਲੀਡਰਾਂ ਨੂੰ ਗੱਲਬਾਤ ਲਈ ਬੁਲਾਇਆ।ਕੇਂਦਰ ਸਰਕਾਰ ਵੱਲੋਂ ਇਸ ਅੰਦੋਲਨ ਨੂੰ ਦਬਾਉਣ ਲਈ ਹਰ ਹਰਬਾ ਵਰਤਿਆ ਗਿਆ, ਪਰ ਆਖਰ ਨੂੰ ਵਿਦਿਆਰਥੀਆਂ ਦੇ ਰੋਹ ਅੱਗੇ ਝੁਕਣਾ ਪਿਆ। ਸਮਝੌਤੇ ਅਨੁਸਾਰ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਅਸਤੀਫਾ ਦੇਣਾ ਪਿਆ।ਆਤਮ ਹੱਤਿਆਂ ਕਰਨ ਵਾਲੇ 22 ਵਿਦਿਆਰਥੀਆਂ ਦੇ ਮਾਪਿਆਂ ਨੂੰ ਇੱਕ ਇੱਕ ਕਰੋੜ ਦੀ ਸਹਾਇਤਾ ਦਿੱਤੀ ਜਾਵੇਗੀ।ਦਿੱਲੀ ਪੁਲਿਸ ਵੱਲੋਂ ਕੀਤੇ ਜਬਰ ਦੀ ਪੜਤਾਲ ਕੀਤੀ ਜਾਵੇਗੀ ਅਤੇ ਵਿਦਿਆਰਥੀਆਂ ਤੇ ਕੀਤੇ ਪਰਚੇ ਰੱਦ ਕੀਤੇ ਜਾਣਗੇ।ਇਸ ਅੰਦੋਲਨ ਵਿਚ ਤਮਾਮ ਸਿਆਸੀ ਪਾਰਟੀਆਂ ਸ਼ਾਮਲ ਹੋਈਆਂ ਅਤੇ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਵਿਦਿਆਰਥੀ ਵਿੰਗ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਅਸੀਂ ਪੰਜਾਬ ਕਿਸਾਨ ਯੂਨੀਅਨ ਵੱਲੋਂ ਵਿਦਿਆਰਥੀਆਂ ਦੀ ਇਸ ਸ਼ਾਨਾਮੱਤੀ ਜਿੱਤ ਲਈ ਵਧਾਈ ਦਿੰਦੇ ਹੋਏ ਇਹ ਮੰਗ ਕਰਦੇ ਹਾਂ ਕਿ ਸਰਕਾਰ ਇਸ ਤਰ੍ਹਾਂ ਦਾ ਕਾਨੂੰਨ ਬਣਾਏ ਕਿ ਹੋਣਹਾਰ ਵਿਦਿਆਰਥੀਆਂ ਦੇ ਹੱਕ ਨਾ ਮਾਰੇ ਜਾਣ।ਮੀਟਿੰਗ ਵਿੱਚ ਜ਼ਿਲ੍ਹਾ ਸਕੱਤਰ ਅਸ਼ਵਨੀ ਕੁਮਾਰ ਲੱਖਣ ਕਲਾਂ, ਗੁਰਦੀਪ ਸਿੰਘ ਕਾਮਲਪੁਰ, ਮਾਸਟਰ ਲਖਵਿੰਦਰ ਸਿੰਘ, ਜਰਨੈਲ ਸਿੰਘ, ਦਿਲਬਾਗ ਸਿੰਘ ਸਪਰਾਵਾਂ, ਸਰਦੂਲ ਸਿੰਘ ਚਿੱਕੜੀ, ਅਰਜਿੰਦਰ ਸਿੰਘ, ਬਲਕਾਰ ਸਿੰਘ ਮੌੜ, ਹਰਭਜਨ ਸਿੰਘ ਨੜਾਂਵਾਲੀ, ਰਣਜੀਤ ਸਿੰਘ ਕਾਜੀਪੁਰ, ਮੱਖਣ ਸਿੰਘ ਬਖਤਪੁਰ, ਬਲਬੀਰ ਸਿੰਘ ਅਤੇ ਬਚਿੱਤਰ ਸਿੰਘ ਕਾਮਲ ਪੁਰ, ਧਰਮਿੰਦਰ ਸਿੰਘ ਜੋਗੋਵਾਲ, ਕਸ਼ਮੀਰ ਸਿੰਘ ਨੜਾਂਵਾਲੀ ਸਿੰਘ ਵਿੱਕੀ ਅਤੇ ਹੋਰ ਬਹੁਤ ਸਾਰੇ ਲੋਕ ਸ਼ਾਮਲ ਹੋਏ।

# ਸਫ਼ਾਈ ਸੇਵਕਾਂ, ਮਨਰੇਗਾ ਤੇ ਬਿਜਲੀ ਮੁਲਾਜ਼ਮਾਂ 'ਤੇ ਹੋਏ ਪੁਲਸੀਆ ਜਬਰ ਵਿਰੁੱਧ ਰੋਸ ਪ੍ਰਦਰਸ਼ਨ

**ਚੋਹਲਾ ਸਾਹਿਬ (ਰਮਨ ਚੱਢਾ)**



ਪੰਜਾਬ ਵਿੱਚ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਸਫ਼ਾਈ ਸੇਵਕਾਂ, ਮਨਰੇਗਾ ਕਾਮਿਆਂ ਅਤੇ ਬਿਜਲੀ ਮਹਿਕਮੇ ਦੇ ਮੁਲਾਜ਼ਮਾਂ 'ਤੇ ਹੋ ਰਹੇ ਪੁਲਸ ਅੱਤਿਆਚਾਰ ਅਤੇ ਸੂਬੇ ਭਰ ਵਿੱਚ ਬਣੇ ਗੰਭੀਰ ਬਿਜਲੀ ਸੰਕਟ ਦੇ ਵਿਰੋਧ ਵਿੱਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਸੂਬੇ ਭਰ ਵਿੱਚ ਸੈਂਕੜੇ ਥਾਵਾਂ 'ਤੇ ਅਰਥੀ ਫੂਕ ਮੁਜ਼ਾਹਰੇ ਕਰਕੇ ਤਿੱਖਾ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਜ਼ਿਲ੍ਹਾ ਤਰਨ ਤਾਰਨ ਦੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ ਨੇ ਸਾਂਝੇ ਤੌਰ ਤੇ ਦੱਸਿਆ ਕਿ ਸੂਬਾ ਸਰਕਾਰ ਆਮ ਲੋਕਾਂ ਅਤੇ ਮਜ਼ਦੂਰ ਵਰਗ ਦੇ ਹੱਕਾਂ ਤੇ ਡਾਕਾ ਮਾਰ ਰਹੀ ਹੈ। ਇਸ ਧੱਕੇਸ਼ਾਹੀ ਨੂੰ ਜਥੇਬੰਦੀ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕਰੇਗੀ।ਉਨ੍ਹਾਂ ਕਿਹਾ ਕਿ ਬਿਜਲੀ ਮਹਿਕਮੇ ਦੇ ਮੁਲਾਜ਼ਮਾਂ ਨੂੰ ਵੀ ਆਪਣੀਆਂ ਮੰਗਾਂ ਨੂੰ ਲੈ ਕੇ ਹੜਤਾਲ ਦੇ ਰਾਹ ਪੈਣਾ ਪਿਆ ਹੈ, ਜਿਸ ਕਾਰਨ ਸੂਬੇ ਭਰ ਵਿੱਚ ਬਿਜਲੀ ਦੀ ਸਪਲਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ।ਪਿੰਡਾਂ ਅਤੇ ਸ਼ਹਿਰਾਂ ਵਿੱਚ ਘੰਟਿਆਂ-ਬੱਧੀ ਬਿਜਲੀ ਨਾ ਆਉਣ ਕਰਕੇ ਆਮ ਲੋਕਾਂ, ਕਿਸਾਨਾਂ ਅਤੇ ਮਜ਼ਦੂਰਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਲੋਕਾਂ ਦਾ ਜਿਊਣਾ ਦੁੱਭਰ ਹੋ ਗਿਆ ਹੈ।ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਹੱਲ ਕਰਨ ਦੀ ਬਜਾਏ ਮੁਲਾਜ਼ਮਾਂ ਦੀ ਆਵਾਜ਼ ਨੂੰ ਦਬਾਉਣ ਤੇ ਤੁਲੀ ਹੋਈ ਹੈ, ਜਿਸ ਦੀ ਸਿੱਧੀ ਜ਼ਿੰਮੇਵਾਰ ਭਗਵੰਤ ਮਾਨ ਸਰਕਾਰ ਹੈ।ਇਸੇ ਲੜੀ ਤਹਿਤ ਤਰਨ ਤਾਰਨ ਵਿਖੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ ਦੀ ਅਗਵਾਈ ਹੇਠ ਉਸਮਾ ਟੋਲ ਪਲਾਜ਼ਾ 'ਤੇ ਸਰਕਾਰ ਦੇ ਪੁਤਲੇ ਫੂਕੇ ਗਏ ਅਤੇ ਅਰਥੀ ਫੂਕ ਮੁਜ਼ਾਹਰੇ ਕੀਤੇ ਗਏ।ਇਸ ਮੌਕੇ ਜ਼ਿਲ੍ਹਾ ਆਗੂ ਬਲਵਿੰਦਰ ਸਿੰਘ ਚੋਹਲਾ ਸਾਹਿਬ, ਨਰਿੰਦਰ ਸਿੰਘ ਪੱਖੋਪੁਰਾ, ਅਜਮੇਰ ਸਿੰਘ ਪੱਖੋਕੇ, ਕੁਲਵੰਤ ਸਿੰਘ ਭੈਲ, ਕੁਲਵੰਤ ਸਿੰਘ ਢੋਟੀਆਂ, ਬਲਜਿੰਦਰ ਸਿੰਘ ਸੇਰੋਂ ਆਦਿ ਹਾਜ਼ਰ ਸਨ।ਜਥੇਬੰਦੀ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਫ਼ਾਈ ਸੇਵਕਾਂ, ਮਨਰੇਗਾ ਕਾਮਿਆਂ ਅਤੇ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਤੁਰੰਤ ਮੰਨ ਕੇ ਉਨ੍ਹਾਂ ਤੇ ਕੀਤਾ ਜਾ ਰਿਹਾ ਪੁਲਸ ਜਬਰ ਬੰਦ ਨਾ ਕੀਤਾ ਗਿਆ ਅਤੇ ਬਿਜਲੀ ਸੰਕਟ ਦਾ ਹੱਲ ਨਾ ਕੱਢਿਆ ਗਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

# ਰਾਮ ਤੀਰਥ ਰੋਡ ਵੈੱਲ.ਫੇਅਰ ਸੋਸਾਇਟੀ ਦਾ ਵਫਦ ਸ਼ੈਰੀ ਕਲਸੀ ਨੂੰ ਮਿਲਿਆ

**ਬਟਾਲਾ (ਤਰਲੋਕ ਬੱਗਾ)**-ਰਾਮ ਤੀਰਥ ਰੋਡ ਵੈੱਲਫੇਅਰ ਸੋਸਾਇਟੀ ਦੇ ਵਫਦ ਵੱਲੋਂ ਆਪਣੇ ਇਲਾਕੇ ਦੀਆਂ ਸਮੱਸਿਆਵਾਂ ਨੂੰ ਲੈ ਕੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨਾਲ ਮੁਲਾਕਾਤ ਕੀਤੀ ਗਈ ਅਤੇ ਇੱਕ ਮੰਗ ਪੱਤਰ ਵੀ ਦਿੱਤਾ ਗਿਆ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸੋਸਾਇਟੀ ਦੇ ਪ੍ਰਧਾਨ ਅਸ਼ੋਕ ਕੁਮਾਰ ਨੇ ਦੱਸਿਆ ਕਿ ਬਹੁਤ ਲੰਬੇ ਸਮੇਂ ਤੋਂ



ਇਲਾਕਾ ਨਿਵਾਸੀਆਂ ਦੀ ਮੰਗ ਸੀ ਕਿ ਉਨ੍ਹਾਂ ਦੇ ਇਲਾਕੇ ਦਾ ਵੀ ਸੁਧਾਰ ਹੋ ਜਾਵੇ ਅਤੇ ਗੰਦਗੀ ਤੋਂ ਰਾਹਤ ਮਿਲ ਸਕੇ। ਪ੍ਰਧਾਨ ਨੇ ਇਹ ਵੀ ਕਿਹਾ ਕਿ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਭਰੋਸਾ ਦਿਵਾਇਆ ਹੈ ਕਿ ਜਲਦੀ ਹੀ ਉਨ੍ਹਾਂ ਦੀ ਸਮੱਸਿਆ ਨੂੰ ਹੱਲ ਕਰਵਾ ਦਿੱਤਾ ਜਾਵੇਗਾ।ਇਸ ਤੋਂ ਇਲਾਵਾ ਇਲਾਕਾ ਨਿਵਾਸੀਆਂ ਨੇ ਇਹ ਵੀ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਨੇ ਬਟਾਲੇ ਸ਼ਹਿਰ ਦਾ ਬਹੁਤ ਸਾਰਾ ਵਿਕਾਸ ਕਰਵਾ ਕੇ ਸ਼ਹਿਰ ਦੀ ਨੁਹਾਰ ਹੀ ਬਦਲ ਦਿੱਤੀ ਹੈ। ਅੱਜ ਤੱਕ ਕਿਸੇ ਵੀ ਐੱਮ ਐੱਲ ਨੇ ਇੰਨਾ ਵਿਕਾਸ ਨਹੀਂ ਕਰਵਾਇਆ।ਇਸ ਮੌਕੇ ਸੁਖਦੇਵ ਰਾਜ, ਪਿਆਰਾ ਸਿੰਘ, ਪੰਡਿਤ ਸ਼ਵੀ ਲਾਲ, ਹਨੀ ਚੌਹਾਨ, ਸੁਖਜੀਤ, ਸਤਪਾਲ ਰਾਜੇਸ਼ ਅਰੋੜਾ, ਜਤਿੰਦਰ ਕੱਦ, ਦਿਨੇਸ਼ ਸਾਨਣ ਅਤੇ ਰਾਮ ਪਾਲ ਆਦਿ ਹਾਜ਼ਰ ਸਨ।

# ਪਿੰਡ ਭਾਰਥਵਾਲ 'ਚ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ

**ਬਟਾਲਾ, ਫਤਿਹਗੜ੍ਹ ਚੂੜੀਆਂ (ਤਰਲੋਕ ਬੱਗਾ, ਜਸਦੇਵ ਸਿੰਘ ਮਾਨ)**-ਪੰਜਾਬ ਦੇ ਹਰ ਘਰ ਤੱਕ ਸੰਤੁਲਿਤ ਆਹਾਰ ਪਹੁੰਚਾਉਣ ਦੇ ਮਕਸਦ ਦੇ ਨਾਲ ਮਾਨ ਸਰਕਾਰ ਦੇ ਵੱਲੋਂ ਲਗਾਤਾਰ ਮਿਹਨਤ ਜਾਰੀ ਹੈ।ਇਸੇ ਲੜੀ ਦੇ ਤਹਿਤ ਮਾਨ ਸਰਕਾਰ ਦੇ ਵੱਲੋਂ ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਭਾਰਥਵਾਲ ਵਿੱਚ ਮੇਰੀ ਰਸੋਈ ਯੋਜਨਾ ਦੇ



ਤਹਿਤ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ ਅਤੇ ਨਾਲ ਹੀ ਉਨ੍ਹਾਂ ਨੂੰ ਮਾਨ ਸਰਕਾਰ ਦੇ ਵੱਲੋਂ ਚਲਾਈਆਂ ਜਾਂਦੀਆਂ ਲੋਕ ਭਲਾਈ ਯੋਜਨਾਵਾਂ ਦੇ ਬਾਰੇ ਵਿੱਚ ਜਾਣੂ ਕਰਵਾਇਆ ਗਿਆ।ਇਸ ਮੌਕੇ ਨਿਰੰਜਣ ਸਿੰਘ, ਸਰਪੰਚ ਗੁਰਮੀਤ ਕੌਰ, ਪੰਚ ਮਲਕੀਤ ਸਿੰਘ, ਪੰਚ ਹਰਪਾਲ ਸਿੰਘ, ਪੰਚ ਹਰਪ੍ਰੀਤ, ਪੰਚ ਸੁਰਜੀਤ ਸਿੰਘ, ਬਲਜੀਤ ਸਿੰਘ, ਬੁੱਧ ਸਿੰਘ, ਪੰਚ ਅਮਨਦੀਪ ਕੌਰ, ਭੁਪਿੰਦਰ ਕੌਰ, ਸਰਬਜੀਤ ਕੌਰ, ਪਰਮਜੀਤ ਕੌਰ, ਹਰਮਨਪ੍ਰੀਤ ਸਿੰਘ, ਅਕਾਸ਼ਦੀਪ ਸਿੰਘ, ਚੌਕੀਦਾਰ ਬਲਵਿੰਦਰ ਸਿੰਘ, ਲੰਬੜਦਾਰ ਬਲਵਿੰਦਰ ਸਿੰਘ, ਨਰਿੰਦਰ ਸਿੰਘ ਡਿੱਪੂ ਹੋਲਡਰ ਸਮੇਤ ਹੋਰ ਵੀ ਪਿੰਡ ਵਾਸੀ ਹਾਜ਼ਰ ਰਹੇ।

# ਕਿਸਾਨ, ਮਜ਼ਦੂਰ ਸੰਘਰਸ਼ ਕਮੇਟੀ ਨੇ ਮੋਦੀ ਦਾ ਪੁਤਲਾ ਫੂਕਿਆ

**ਬਿਆਸ (ਪਰਮਜੀਤ ਸਿੰਘ ਰੱਖੜਾ)**

ਕਿਸਾਨ, ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੱਦੇ 'ਤੇ ਦਾਣਾ ਮੰਡੀ ਸਠਿਆਲਾ ਵਿਖੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ੋਨ ਮਹਿਤਾ, ਬਾਬਾ ਬਕਾਲਾ



ਸਾਹਿਬ ਜ਼ੋਨ ਇੱਕ ਅਤੇ ਬਾਬਾ ਬਕਾਲਾ ਸਾਹਿਬ ਜ਼ੋਨ-ਦੋ ਵੱਲੋਂ ਸਾਂਝੇ ਤੌਰ 'ਤੇ ਮੋਦੀ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਜ਼ੋਨ ਪ੍ਰਧਾਨ ਨਿਰਮਲ ਸਿੰਘ ਖ਼ਾਨਪੁਰ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਨਰੇਗਾ ਮਜ਼ਦੂਰਾਂ, ਬਿਜਲੀ ਮੁਲਾਜ਼ਮਾਂ, ਸਫ਼ਾਈ ਮੁਲਾਜ਼ਮਾਂ, ਨੀਟ ਦੇ ਪੇਪਰਾਂ ਨੂੰ ਲੀਕ ਕਰਨ ਵਾਲੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਕਰ ਰਹੇ ਵਿਦਿਆਰਥੀਆਂ 'ਤੇ ਕੀਤੇ ਗਏ ਲਾਠੀਚਾਰਜ ਦੇ ਮੁਲਾਜ਼ਮਾਂ ਵਿਰੁੱਧ ਸਖ਼ਤ ਕਾਰਵਾਈ ਨਾ ਕੀਤੀ ਤਾਂ ਆਉਣ ਵਾਲੇ ਦਿਨਾਂ ਵਿੱਚ ਸਖ਼ਤ ਐਕਸ਼ਨ ਲਿਆ ਜਾਵੇਗਾ। ਜ਼ੋਨ ਪ੍ਰਧਾਨ ਸੁਖਵਿੰਦਰ ਸਿੰਘ ਪੱਡਾ ਨੇ ਕਿਹਾ ਕਿ ਨੈਸ਼ਨਲ ਹਾਈਵੇ 'ਤੇ ਬਣੇ ਟੋਲ ਪਲਾਜ਼ੇ ਢਿਲਵਾਂ ਅਤੇ ਮਾਨਾਂਵਾਲਾ, ਜਿਸ ਦੀ ਮਿਆਦ ਜੂਨ 2026 ਨੂੰ ਖ਼ਤਮ ਹੋ ਚੁੱਕੀ ਹੈ, ਪਰ ਅਜੇ ਵੀ ਨਿਰੰਤਰ ਲੋਕਾਂ ਦੀ ਲੁੱਟ ਕੀਤੀ ਜਾ ਰਹੀ ਹੈ। ਕੇਂਦਰ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਉਹਨਾ ਕਿਹਾ ਅਗਰ ਇਹ ਟੋਲ ਪਲਾਜ਼ੇ ਬੰਦ ਨਾ ਕੀਤੇ ਤਾਂ ਸਖਤ ਐਕਸ਼ਨ ਲਿਆ ਜਾਵੇਗਾ। ਇਸ ਮੌਕੇ ਸੁਖਵਿੰਦਰ ਸਿੰਘ ਪੱਡਾ, ਅਜੀਤ ਸਿੰਘ ਠੱਠੀਆਂ, ਅਮਰੀਕ ਸਿੰਘ ਜਮਾਲਪੁਰ, ਜੋਗਿੰਦਰ ਸਿੰਘ ਬੇਦਾਦਪੁਰ, ਸੰਤੋਖ ਸਿੰਘ ਬੁਤਾਲਾ, ਚਰਨ ਸਿੰਘ ਕਲੇਰ ਘੁਮਾਣ, ਜੋਗਿੰਦਰ ਸਿੰਘ ਜਮਾਲਪੁਰ, ਸੁਰਜੀਤ ਸਿੰਘ ਬੁਤਾਲਾ, ਦਲਜੀਤ ਸਿੰਘ ਤੇ ਗੁਰਮੁੱਖ ਸਿੰਘ ਪੱਡਾ ਆਦਿ ਹਾਜ਼ਰ ਸਨ।

# ਪੰਜਾਬ ਫੋਟੋਗ੍ਰਾਫਰ ਐਸੋਸੀਏਸ਼ਨ 'ਚੋਂ ਗਏ ਦੋ ਮੈਂਬਰਾਂ ਨੇ ਕੀਤੀ ਘਰ ਵਾਪਸੀ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਪੰਜਾਬ ਫੋਟੋਗ੍ਰਾਫਰ ਐਸੋਸੀਏਸ਼ਨ ਦੇ ਯੂਨਿਟ ਨੂਰਮਹਿਲ ਦੀ ਹੋਈ ਚੋਣ ਤੋਂ ਬਾਅਦ ਕੁਝ ਮੈਂਬਰਾਂ ਨੇ ਨੂਰਮਹਿਲ ਐਸੋਸੀਏਸ਼ਨ ਨੂੰ ਛੱਡ ਕੇ ਜਲੰਧਰ ਦੀ ਕਿਸੇ ਐਸੋਸੀਏਸ਼ਨ ਵਿੱਚ ਸ਼ਾਮਲ ਹੋ ਗਏ ਸਨ । ਹੁਣ ਉਨ੍ਹਾਂ ਵਿੱਚੋਂ ਦੋ ਮੈਂਬਰਾਂ ਨੇ ਪੰਜਾਬ ਫੋਟੋਗ੍ਰਾਫਰ ਐਸੋਸੀਏਸ਼ਨ ਵਿੱਚ ਆਪਣਾ ਭਰੋਸਾ ਪ੍ਰਗਟ ਕਰਦਿਆਂ ਉਸ ਐਸੋਸੀਏਸ਼ਨ ਵਿੱਚੋਂ ਅਸਤੀਫਾ ਦੇ ਕੇ ਨੂਰਮਹਿਲ ਯੂਨਿਟ ਵਿੱਚ ਦੁਬਾਰਾ ਸ਼ਾਮਲ ਹੋ ਗਏ ਹਨ ਜਿਨ੍ਹਾਂ ਵਿੱਚ ਫੋਟੋਗ੍ਰਾਫਰ ਵਿਜੇ ਕੁਮਾਰ ਤੇ ਹਰਕੇਸ਼ ਕੁਮਾਰ ਸ਼ਾਮਲ ਹਨ । ਉਨ੍ਹਾਂ ਦਾ ਦੁਬਾਰਾ ਪੰਜਾਬ ਫੋਟੋਗ੍ਰਾਫਰ ਐਸੋਸੀਏਸ਼ਨ ਵਿੱਚ ਆਉਣ ਤੇ ਜਰਨਲ ਸਕੱਤਰ ਮਨਜੀਤ ਸਿੰਘ, ਚੇਅਰਮੈਨ ਅਸ਼ਵਨੀ ਕੁਮਾਰ ਤੇ ਖਜ਼ਾਨਚੀ ਸ਼ਲਿੰਦਰ ਸਿੰਘ ਸ਼ੈਲੀ ਨੇ ਉਨ੍ਹਾਂ ਨੂੰ ਜੀ ਆਇਆ ਆਖਿਆ।ਸ਼ਾਮਲ ਹੋਣ ਤੋਂ ਬਾਅਦ ਉਨ੍ਹਾਂ ਨੂੰ ਨੂਰਮਹਿਲ ਫੋਟੋਗ੍ਰਾਫਰ ਯੂਨਿਟ ਵੱਲੋਂ ਸਰਟੀਫਿਕੇਟ ਤੇ ਸ਼ਨਾਖਤੀ ਕਾਰਡ ਦਿੱਤੇ ਗਏ ।

# ਕਿਸਾਨਾਂ ਨੇ ਸਾੜਿਆ ਸਰਕਾਰਾਂ ਦਾ ਪੁਤਲਾ

**ਝਬਾਲ, (ਹਰਜਿੰਦਰ ਸਿੰਘ ਸੋਨੀ)**-ਪਿਛਲੇ ਦਿਨਾਂ ਤੋਂ ਬਿਜਲੀ ਕਾਮਿਆਂ ਦੀ ਹੜਤਾਲ ਕਾਰਨ ਮੋਟਰਾਂ ਨੂੰ ਬਿਜਲੀ ਨਾ ਮਿਲਣ ਕਾਰਨ ਕਿਸਾਨਾਂ ਦੇ ਝੋਨੇ ਸੁੱਕਣ ਕਿਨਾਰੇ ਹਨ। ਘਰਾਂ 'ਚ ਬਿਜਲੀ ਨਾ ਆਉਣ ਕਾਰਨ ਲੋਕਾਂ ਦਾ ਜਿਊਣਾ ਮੁਹਾਲ ਹੋਇਆ ਪਿਆ ਹੈ।ਬਿਜਲੀ ਕਾਮਿਆਂ ਦੀਆਂ ਜਾਇਜ਼ ਮੰਗਾਂ ਵਾਅਦੇ ਕਰਕੇ ਵੀ ਪੂਰੀਆਂ ਨਹੀਂ ਕੀਤੀਆਂ ਜਾ ਰਹੀਆਂ ਜਿਸ ਕਰਕੇ ਉਹ ਬਾਰ-ਬਾਰ ਹੜਤਾਲ ਕਰਦੇ ਹਨ।ਇਸ ਕਾਰਨ ਗੁੱਸੇ ਵਿੱਚ ਆਏ ਬਲਾਕ ਗੰਡੀਵਿੰਡ ਦੇ ਕਿਸਾਨਾਂ ਨੇ ਸੰਯੁਕਤ ਕਿਸਾਨ ਮੋਰਚਾ ਵੱਲੋਂ ਝਬਾਲ ਚੌਂਕ ਵਿੱਚ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ।ਇਸ ਮੌਕੇ ਕਾਮਰੇਡ ਦਵਿੰਦਰ ਕੁਮਾਰ ਸੋਹਲ ਕੁੱਲ ਹਿੰਦ ਕਿਸਾਨ ਸਭਾ, ਗੁਰਜੀਤ ਸਿੰਘ ਗੰਡੀਵਿੰਡ ਬੀ ਕੇ ਯੂ ਉਗਰਾਹਾਂ, ਕੈਪਟਨ ਸਿੰਘ ਬਘਿਆੜੀ ਕੌਮੀ ਕਿਸਾਨ ਯੂਨੀਅਨ, ਹਰਦੀਪ ਸਿੰਘ ਰਸੂਲਪੁਰ ਜਮਹੂਰੀ ਕਿਸਾਨ ਸਭਾ ਤੇ ਰਤਨ ਸਿੰਘ ਢੰਡ ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਨੇ ਕਿਹਾ ਕਿ ਪੰਜਾਬ ਤੇ ਕੇਂਦਰ ਦੀਆਂ ਸਰਕਾਰਾਂ ਲੋਕ ਦੋਖੀ ਸਾਬਤ ਹੋ ਰਹੀਆਂ ਹਨ।ਕਿਸਾਨ, ਮਜ਼ਦੂਰ, ਮੁਲਾਜ਼ਮ, ਵਿਦਿਆਰਥੀ, ਨੌਜਵਾਨ ਸੜਕਾਂ 'ਤੇ ਹਨ।ਸਮੇਂ ਦੀਆਂ ਸਰਕਾਰਾਂ ਡੰਡੇ ਦੇ ਜ਼ੋਰ ਨਾਲ ਸੰਘਰਸ਼ ਕੁਚਲਣ ਲੱਗੀਆਂ ਹਨ।ਪੰਜਾਬ ਵਿੱਚ ਵੀ ਬਿਜਲੀ ਕਾਮੇ, ਸਫ਼ਾਈ ਕਾਮਿਆਂ ਨੇ ਹੜਤਾਲਾਂ ਕੀਤੀਆਂ ਹੋਈਆਂ ਹਨ ਜਿਸ ਕਰਕੇ ਆਮ ਸਮਾਜ ਬਹੁਤ ਪ੍ਰੇਸ਼ਾਨ ਹੈ।ਇਸ ਸਮੇਂ ਸਰਕਾਰਾਂ ਨੂੰ ਸਿਰਫ ਕਾਰਪੋਰੇਟ ਘਰਾਣਿਆਂ ਦੀ ਫ਼ਿਕਰ ਹੈ।ਸਿਰਫ਼ ਉਨ੍ਹਾਂ ਦੇ ਕਾਰੋਬਾਰ ਵੱਡੇ ਹੋ ਰਹੇ ਹਨ ਜਦੋਂ ਕਿ ਮਿਹਨਤਕਸ਼ ਜਨਤਾ ਦਾ ਜਿਊਣਾ ਮੁਹਾਲ ਹੋਇਆ ਪਿਆ ਹੈ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ



ਕੀਤੀ ਕਿ ਘਰਾਂ ਤੇ ਮੋਟਰਾਂ ਦੀ ਬਿਜਲੀ ਦੀ ਸਪਲਾਈ ਲਗਾਤਾਰ ਯਕੀਨੀ ਬਣਾਈ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਲਕੀਅਤ ਸਿੰਘ ਬਘਿਆੜੀ, ਪੰਜਾਬ ਸਿੰਘ ਕਸੇਲ, ਸੁਖਵੰਤ ਸਿੰਘ ਮੰਨਣ, ਅਮਰਜੀਤ ਸਿੰਘ ਬੰਟੀ, ਬਲਜੀਤ ਸਿੰਘ ਸੋਹਲ, ਸ਼ਮਸ਼ੇਰ ਸਿੰਘ, ਮਾਸਟਰ ਖਜ਼ਾਨ ਸਿੰਘ, ਕੰਵਲਜੀਤ ਸਿੰਘ ਢਿੱਲੋਂ, ਜਗਤਾਰ ਸਿੰਘ ਜੱਗਾ, ਸੁਰਿੰਦਰ ਸਿੰਘ ਬਿੱਲਾ ਖੂਹ ਵਾਲਾ, ਸੂਰਤ ਸਿੰਘ ਬਘਿਆੜੀ ਸਮੇਤ ਬਹੁਤ ਸਾਰੇ ਇਲਾਕਾ ਆਗੂ ਹਾਜ਼ਰ ਸਨ।

# ਹੱਥਾਂ 'ਤੇ ਰਚਾਈ ਐੱਸ. ਆਈ. ਆਰ. ਦੀ ਮਹਿੰਦੀ

**ਤਰਨਤਾਰਨ (ਪ੍ਰਿਤਪਾਲ ਸਿੰਘ)**-ਐੱਸ. ਆਈ. ਆਰ.-2026 ਤਹਿਤ ਵੋਟਰ ਸੂਚੀ ਦੀ ਸੁਧਾਈ ਦੇ ਕੰਮ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਜ਼ਿਲ੍ਹਾ ਸਿੱਖਿਆ ਵਿਭਾਗ ਵੱਲੋਂ ਇੱਕ ਵਿਲੱਖਣ ਉਪਰਾਲਾ ਕੀਤਾ ਗਿਆ।ਜ਼ਿਲ੍ਹੇ ਭਰ ਦੇ ਸਕੂਲਾਂ ਵਿੱਚ ਵਿਦਿਆਰਥਣਾਂ ਨੇ ਆਪਣੇ ਹੱਥਾਂ ਤੇ




ਮਹਿੰਦੀ ਨਾਲ ਐੱਸ ਆਈ. ਆਰ-2026 ਦੇ ਸੰਦੇਸ਼ ਰਚ ਕੇ ਆਮ ਲੋਕਾਂ ਦਾ ਧਿਆਨ ਖਿੱਚਿਆ।ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ-ਕਮ-ਨੋਡਲ ਅਫ਼ਸਰ ਸਵੀਪ ਰਜਿੰਦਰ ਕੌਰ ਦੀ ਅਗਵਾਈ ਹੇਠ ਕਰਵਾਈਆਂ ਗਈਆਂ ਇਨ੍ਹਾਂ ਗਤੀਵਿਧੀਆਂ ਵਿੱਚ ਵਿਦਿਆਰਥਣਾਂ ਨੇ ਨਾਮ ਜੁੜਵਾ, ਐੱਸ. ਆਈ. ਆਰ -2026, ਵੋਟਰ ਸੂਚੀ ਕਰਵਾਓ ਸਾਫ਼' ਵਰਗੇ ਸਲੋਗਨ ਮਹਿੰਦੀ ਦੇ ਰੰਗਾਂ ਨਾਲ ਹੱਥਾਂ ਤੇ ਉਕੇਰੇ।ਮਹਿੰਦੀ ਦੇ ਇਸ ਰਵਾਇਤੀ ਅਤੇ ਆਕਰਸ਼ਕ ਮਾਧਿਅਮ ਰਾਹੀਂ ਦਿੱਤੇ ਗਏ ਸੰਦੇਸ਼ ਨੇ ਘਰ-ਘਰ ਵਿੱਚ ਚਰਚਾ ਛੇੜ ਦਿੱਤੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਰਜਿੰਦਰ ਕੌਰ ਨੇ ਕਿਹਾ ਕਿ ਵਿਦਿਆਰਥੀਆਂ ਵੱਲੋਂ ਕੀਤੇ ਜਾ ਰਹੇ ਇਨ੍ਹਾਂ ਨਵੇਂ ਉਪਰਾਲਿਆਂ ਕਾਰਨ ਐੱਸ. ਆਈ. ਆਰ. ਦੇ ਕੰਮ ਵਿੱਚ ਕਾਫੀ ਤੇਜ਼ੀ ਆਈ ਹੈ।ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਮਿਹਨਤ ਸਦਕਾ ਜ਼ਿਲ੍ਹੇ ਦੇ ਕਈ ਪਿੰਡਾਂ ਵਿੱਚ ਵੋਟਰ ਸੁਧਾਈ ਦਾ ਕੰਮ ਸ਼ਤ ਪ੍ਰਤੀਸ਼ਤ ਪੂਰਾ ਕਰ ਲਿਆ ਗਿਆ ਹੈ।ਰਜਿੰਦਰ ਕੌਰ ਨੇ ਕਿਹਾ ਕਿ ਹਰੇਕ ਪਿੰਡ ਵਿੱਚ ਐੱਸ. ਆਈ. ਆਰ. ਦਾ ਕੰਮ ਮੁਕੰਮਲ ਹੋਣ ਤੱਕ ਸਕੂਲਾਂ ਵਿੱਚ ਇਸ ਤਰ੍ਹਾਂ ਦੀਆਂ ਜਾਗਰੂਕਤਾ ਗਤੀਵਿਧੀਆਂ ਲਗਾਤਾਰ ਜਾਰੀ ਰਹਿਣਗੀਆਂ।ਸਾਡਾ ਮਕਸਦ ਹੈ ਕਿ ਇਕ ਵੀ ਵੋਟਰ ਆਪਣੇ ਅਧਿਕਾਰ ਤੋਂ ਵਾਂਝਾ ਨਾ ਰਹੇ।ਸਿੱਖਿਆ ਵਿਭਾਗ ਦੀ ਇਸ ਰਚਨਾਤਮਿਕ ਪਹਿਲਕਦਮੀ ਦੀ ਭਰਪੂਰ ਸ਼ਲਾਘਾ ਹੋ ਰਹੀ ਹੈ।

# ਸਾਬਕਾ ਸੈਨਿਕਾਂ ਦੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਲਈ ਵਿਸ਼ੇਸ਼ ਸਕਾਲਰਸ਼ਿਪ

**ਗੁਰਦਾਸਪੁਰ, (ਜਨਕ ਮਹਾਜਨ)**-ਕਮਾਂਡਰ ਬਲਜਿੰਦਰ ਵਿਰਕ (ਸੇਵਾਮੁਕਤ), ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਗੁਰਦਾਸਪੁਰ ਵੱਲੋਂ ਦੱਸਿਆ ਗਿਆ ਕਿ ਰੱਖਿਆ ਸੇਵਾਵਾਂ ਭਲਾਈ ਵਿਭਾਗ ਪੰਜਾਬ ਵੱਲੋਂ ਪੰਜਾਬ ਅਮਲਗਾਮੇਟਿਡ ਫੰਡ ਵਿਚੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਤਹਿਤ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਲਈ ਵਿਸ਼ੇਸ਼ ਸ਼ਕਾਲਰਸ਼ਿਪ ਸਕੀਮ ਚਲਾਈ ਗਈ ਹੈ ਜਿਸ ਤਹਿਤ ਹਵਲਦਾਰ ਰੈਂਕ ਤੱਕ ਦੇ ਸਾਬਕਾ ਸੈਨਿਕਾਂ (ਪੈਨਸ਼ਨਰ/ਨਾਨ ਪੈਨਸ਼ਨਰ) ਦੇ ਪ੍ਰਤਿਭਾਸ਼ਾਲੀ ਬੱਚਿਆਂ ਲਈ 10ਵੀਂ ਜਮਾਤ ਵਿੱਚੋਂ 95 ਫ਼ੀਸਦੀ ਅਤੇ ਉਸ ਤੋਂ ਵੱਧ ਨੰਬਰ ਲੈਣ ਵਾਲੇ ਵਿਦਿਆਰਥੀ ਨੂੰ 5 ਹਜ਼ਾਰ ਰੁਪਏ, 12ਵੀਂ ਜਮਾਤ ਵਿੱਚ 90 ਫ਼ੀਸਦੀ ਅਤੇ ਉਸ ਤੋਂ ਵੱਧ ਨੰ. ਲੈਣ ਵਾਲੇ ਵਿਦਿਆਰਥੀਆਂ ਨੂੰ 10 ਹਜ਼ਾਰ ਰੁਪਏ ਗ੍ਰੈਜੂਏਸ਼ਨ 'ਚ 85 ਫ਼ੀਸਦੀ ਅਤੇ ਉਸ ਤੋਂ ਵੱਧ ਨੰਬਰ ਲੈਣ ਵਾਲੇ ਵਿਦਿਆਰਥੀ ਨੂੰ 20 ਹਜ਼ਾਰ ਰੁਪਏ ਅਤੇ ਪੋਸਟ ਗ੍ਰੈਜੂਏਸ਼ਨ ਵਿੱਚ 80 ਫ਼ੀਸਦੀ ਅਤੇ ਉਸ ਤੋਂ ਵੱਧ ਨੰਬਰ ਲੈਣ ਵਾਲੇ ਵਿਦਿਆਰਥੀ ਨੂੰ 30 ਹਜ਼ਾਰ ਰੁਪਏ ਦੇਣ ਦੀ ਵਿਵਸਥਾ ਕੀਤੀ ਗਈ ਹੈ ਬਸ਼ਰਤੇ ਲਾਭਪਾਤਰੀ ਵੱਲੋਂ ਇਹ ਲਾਭ ਹੋਰ ਕਿਸੇ ਸੰਸਥਾ ਵੱਲੋਂ ਪ੍ਰਾਪਤ ਨਾ ਕੀਤਾ ਹੋਵੇ। ਉਨ੍ਹਾਂ ਦੱਸਿਆ ਕਿ ਇਹ ਲਾਭ ਪ੍ਰਾਪਤ ਕਰਨ ਲਈ ਬਿਨੈਕਾਰ ਵੱਲੋਂ ਆਪਣੀ ਪ੍ਰਤੀਬੇਨਤੀ ਲੋੜੀਂਦੇ ਦਸਤਾਵੇਜ਼ਾਂ ਸਹਿਤ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਰਾਹੀਂ ਪ੍ਰੋਸੈਸ ਕਰਵਾਈ ਜਾਵੇਗੀ। ਲੋੜੀਂਦੇ ਦਸਤਾਵੇਜ਼ਾਂ ਸਬੰਧੀ ਜਾਂ ਹੋਰ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਗੁਰਦਾਸਪੁਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਸੁਰਜੀਤ ਸਿੰਘ ਖੂਹ ਵਾਲੇ ਕੋਰ ਕਮੇਟੀ ਮੈਂਬਰ ਨਿਯੁਕਤ

**ਬਿਆਸ (ਰੱਖੜਾ)** ਸ਼੍ਰੋਮਣੀ ਅਕਾਲੀ ਦਲ ਹਲਕਾ ਬਾਬਾ ਬਕਾਲਾ ਸਾਹਿਬ ਦੇ ਇੰਚਾਰਜ ਅਤੇ ਸਾਬਕਾ ਵਿਧਾਇਕ ਜਥੇਦਾਰ ਬਲਜੀਤ ਸਿੰਘ ਜਲਾਲਉਸਮਾ ਨੇ ਸੀਨੀਅਰ ਅਕਾਲੀ ਆਗੂ ਸੁਰਜੀਤ ਸਿੰਘ ਖੂਹ ਵਾਲੇ ਕਾਲੇਕੇ ਨੂੰ ਸ਼੍ਰੋਮਣੀ ਅਕਾਲੀ ਦਲ ਹਲਕਾ ਬਾਬਾ ਬਕਾਲਾ ਸਾਹਿਬ ਦੀ ਕੋਰ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਹੈ।



ਇਸ ਸਮੇਂ ਉਨ੍ਹਾ ਵੱਲੋਂ ਪਾਰਟੀ ਦੀ ਮਜ਼ਬੂਤੀ ਤੇ ਸੰਗਠਨ ਦਾ ਵਿਸਥਾਰ ਅਤੇ ਮਿਸ਼ਨ 2027 ਨੂੰ ਕਾਮਯਾਬ ਬਣਾਉਣ ਲਈ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਮਿਹਨਤ ਕਰਨ ਦੀ ਅਪੀਲ ਕੀਤੀ।

ਨਵ-ਨਿਯੁਕਤ ਕੋਰ ਕਮੇਟੀ ਮੈਂਬਰ ਸੁਰਜੀਤ ਸਿੰਘ ਖੂਹ ਵਾਲੇ ਕਾਲੇਕੇ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਤੇ ਸਾਬਕਾ ਵਿਧਾਇਕ ਜਥੇਦਾਰ ਬਲਜੀਤ ਸਿੰਘ ਜਲਾਲਉਸਮਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਹਾਈ ਕਮਾਂਡ ਵੱਲੋਂ ਦਿੱਤੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣਗੇ।




## ਅੰਦੋਲਨ ਦਾ ਅਗਲਾ ਪੜਾਅ ਕੀ ਹੋਵੇ?

ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਤੋਂ ਬਾਅਦ ਨੌਜਵਾਨ ਮੁੰਡੇ-ਕੁੜੀਆਂ ਨੇ ਜੰਤਰ-ਮੰਤਰ ਵਿਖੇ ਲੋਕਤੰਤਰ ਦਾ ਜਸ਼ਨ ਮਨਾਇਆ-ਜਿਹੜੇ ਲੋਕਤੰਤਰ ਦੇ ਪੈਦਾ ਹੋਣ ਦੀ ਉਡੀਕ 12 ਸਾਲਾਂ ਤੋਂ ਕੀਤੀ ਜਾ ਰਹੀ ਸੀ। ਹਰ ਨੌਜਵਾਨ ਇੰਜ ਤੁਰ ਰਿਹਾ ਸੀ, ਜਿਵੇਂ ਕਿਸੇ ਦੇ ਹੰਕਾਰ ਨੂੰ ਠੁੱਡ ਮਾਰ ਰਿਹਾ ਹੋਵੇ। ਹਿੰਦੀ ਫਿਲਮਾਂ ਦੇ ਗਾਣਿਆਂ ’ਤੇ ਨੱਚਣ ਵਾਲੇ ਨੌਜਵਾਨ ਲੋਕਤੰਤਰ ਦੀ ਜਿੱਤ ’ਤੇ ਨੱਚ ਰਹੇ ਸਨ। ਕਿਸੇ ਵੀ ਲੋਕਤੰਤਰੀ ਰਾਸ਼ਟਰ ਤੇ ਲੋਕਤੰਤਰੀ ਵਿਅਕਤੀ ਲਈ ਅਜਿਹਾ ਪਲ ਉਸ ਦੀ ਜ਼ਿੰਦਗੀ ਦੇ ਸਭ ਤੋਂ ਖ਼ੂਬਸੂਰਤ ਪਲਾਂ ਵਿੱਚੋਂ ਇੱਕ ਹੁੰਦਾ ਹੈ। ਇਸੇ ਤਰ੍ਹਾਂ ਦੇ ਪਲਾਂ ਦੀ ਕਲਪਨਾ ਕਰਕੇ ਫੈਜ਼ ਨੇ ਲਿਖਿਆ ਸੀ : ਜਬ ਤਖਤ ਗਿਰਾਏ ਜਾਏਂਗੇ, ਜਬ ਤਾਜ ਉਛਾਲੇ ਜਾਏਂਗੇ। ਨੌਜਵਾਨਾਂ ਨੇ ਲਾਠੀਆਂ, ਹੰਝੂ ਗੈਸ ਦੇ ਗੋਲੇ ਤੇ ਪੈਲੇਟ ਗੰਨ ਦੀਆਂ ਗੋਲੀਆਂ ਖਾਧੀਆਂ ਤੇ ਦੇਸ਼ਧ੍ਰੋਹੀ ਕਹੇ ਜਾਣ ਦਾ ਅਪਮਾਨ ਬਰਦਾਸ਼ਤ ਕੀਤਾ, ਪਰ ਹੰਕਾਰੀ ਦਾ ਤਾਜ ਹਵਾ ਵਿੱਚ ਉਛਾਲ ਦਿੱਤਾ।


ਜਬ ਜ਼ੁਲਮ-ਓ-ਸਿਤਮ ਕੇ ਕੋਹ-ਏ-ਗਿਰਾਂ, ਰੂਈ ਕੀ ਤਰਹ ਉੜ ਜਾਏਂਗੇ। ਹੁਕਮਰਾਨਾਂ ਦਾ ਜ਼ੁਲਮ ਤੇ ਹੰਕਾਰ ਜਿੰਨਾ ਵੀ ਭਾਰੀ ਤੇ ਪਹਾੜ ਵਰਗਾ ਅਟੁੱਟ ਕਿਉਂ ਨਾ ਦਿਖਾਈ ਦੇਵੇ, ਜਦੋਂ ਲੋਕਾਂ ਵਿੱਚ ਚੇਤਨਾ ਤੇ ਇਨਕਲਾਬ ਦੀ ਲਹਿਰ ਉੱਠਦੀ ਹੈ ਤਾਂ ਅੱਤਿਆਚਾਰ ਦਾ ਵਿਸ਼ਾਲ ਪਹਾੜ ਰੂੰ ਦੇ ਫਹੇ ਦੀ ਤਰ੍ਹਾਂ ਹਲਕਾ ਹੋ ਕੇ ਹਵਾ ਵਿੱਚ ਉੱਡ ਜਾਂਦਾ ਹੈ। ਲੋਕਾਂ ਦੀ ਅਜਿਹੀ ਤਾਕਤ ਨੂੰ ਫੈਜ਼ ਨੇ ਆਪਣੀ ਨਜ਼ਮ ਵਿੱਚ ਪ੍ਰਗਟ ਕੀਤਾ। ਕੋਹ-ਏ-ਗਿਰਾਂ, ਯਾਨੀ ਮਜ਼ਬੂਤ ਪਹਾੜ ਵਰਗੇ ਹੰਕਾਰ ਨੂੰ ਕਾਗਜ਼ ਦੇ ਜਹਾਜ਼ ਦੀ ਤਰ੍ਹਾਂ ਉਡਾ ਦਿੱਤਾ।

ਮਹਕੂਮੋਂ ਕੇ ਪਾਂਵ ਤਲੇ ਧਰਤੀ ਧੜ-ਧੜ ਧੜਕੇਗੀ। ਅਹਲ-ਏ-ਹਕਮ ਕੇ ਸਰ ਊਪਰ ਬਿਜਲੀ ਕੜਕੜ ਕੜਕੇਗੀ। ਮਹਕੂਮ (ਦੱਬੇ-ਕੁਚਲੇ) ਇੰਜ ਇਕੱਠੇ ਹੋ ਕੇ ਚੱਲੇ ਕਿ ਹਾਕਮਾਂ ਦੇ ਪੈਰਾਂ ਹੇਠਾਂ ਧਰਤੀ ਕੰਬਣ ਲੱਗ ਪਈ। ਹਾਕਮਾਂ ਦੇ ਦਿਲਾਂ ਵਿੱਚ ਅਜਿਹਾ ਡਰ ਪੈਦਾ ਕਰ ਦਿੱਤਾ, ਜਿਹੜਾ ਸਿਰ ਦੇ ਠੀਕ ਉੱਪਰ ਬਿਜਲੀ ਕੜਕਣ ਨਾਲ ਪੈਦਾ ਹੁੰਦਾ ਹੈ।

ਜਿਹੜੀ ਜਨਤਾ ਤੋਂ ‘ਜਨਤਾ ਹੋਣਾ’ ਖੋਹ ਲਿਆ ਗਿਆ ਸੀ, ਅੰਦੋਲਨ ਦੌਰਾਨ ਉਹੀ ਜਨਤਾ ਫਿਰ ਤੋਂ ਜਨਤਾ ਹੋ ਰਹੀ ਸੀ। ਹੁਕਮਰਾਨ ਡਰ ਗਏ ਕਿ ਜਿਹੜੀ ਜਨਤਾ ਨੂੰ ਅਰਬਾਂ ਰੁਪਏ ਖਰਚ ਕੇ ‘ਭਗਤ’ ਬਣਾਇਆ ਸੀ, ਉਹ ਕਿਤੇ ਫਿਰ ਤੋਂ ਜਨਤਾ ਨਾ ਬਣ ਜਾਵੇ। 25 ਨਵੰਬਰ 1949 ਨੂੰ ਸੰਵਿਧਾਨ ਸਭਾ ਵਿੱਚ ਡਾ. ਅੰਬੇਡਕਰ ਨੇ ਭਾਰਤ ਨੂੰ ਖਬਰਦਾਰ ਕੀਤਾ ਸੀ ਕਿ ਲੋਕਤੰਤਰ ਵਿੱਚ ‘ਭਗਤੀ’ ਬਰਬਾਦੀ ਵੱਲ ਵਧਣ ਦਾ ਰਾਹ ਹੈ। ਜਨਤਾ ਨੂੰ ਫਿਰ ਤੋਂ ਜਨਤਾ ਬਣਦੇ ਦੇਖ ਹਾਕਮਾਂ ਨੂੰ ਕਿੰਨੀ ਤਕਲੀਫ ਹੋਈ, ਇਸ ਨੂੰ ਬੀ ਬੀ ਸੀ ਦੇ ਇੱਕ ਕਾਰਟੂਨਿਸਟ ਨੇ ਬਹੁਤ ਵਧੀਆ ਚਿਤਰਿਆ। ਕਾਰਟੂਨ ਵਿੱਚ ਇੱਕ ਨੇਤਾ ਮੀਡੀਆ ਨੂੰ ਕਹਿ ਰਿਹਾ ਹੈ ‘ਬੇਹੱਦ ਤਕਲੀਫਦੇਹ ਹੈ ਇਹ ਸਭ। ਜਾਤ-ਪਾਤ ਤੇ ਧਰਮ ਦੀ ਰਾਜਨੀਤੀ ਦਰਮਿਆਨ ਸਿੱਖਿਆ ਤੇ ਵਿਦਿਆਰਥੀਆਂ ਦੇ ਮੁੱਦਿਆਂ ਨਾਲ ਮੈਨੂੰ ਘੁਟਣ ਤੇ ਬੇਚੈਨੀ ਹੋ ਰਹੀ ਹੈ।”

ਸਿੱਖਿਆ ਮੰਤਰੀ ਦੇ ਅਸਤੀਫੇ ਦੀ ਮੁੱਖ ਮੰਗ ਮੰਨੇ ਜਾਣ ਤੋਂ ਬਾਅਦ ਹੁਣ ਵਿਦਿਆਰਥੀਆਂ ਤੇ ਨੌਜਵਾਨਾਂ ਅੱਗੇ ਕਰਨ ਲਈ ਕੀ ਹੈ? ਸਭ ਤੋਂ ਵੱਡਾ ਮੁੱਦਾ ਸਿੱਖਿਆ ਨੂੰ ਨਿੱਜੀ ਹੱਥਾਂ ਵਿੱਚ ਸੌਂਪਣ ਦਾ ਹੈ। ਉੱਚ ਸਿੱਖਿਆ ਤਾਂ ਛੱਡੋ, ਪ੍ਰਾਇਮਰੀ ਤੇ ਪ੍ਰੀ-ਪ੍ਰਾਇਮਰੀ ਸਿੱਖਿਆ ਦਾ ਬਹੁਤ ਤੇਜ਼ੀ ਨਾਲ ਨਿੱਜੀਕਰਨ ਕੀਤਾ ਜਾ ਰਿਹਾ ਹੈ। ਇਸ ਦਾ ਸਭ ਤੋਂ ਬੁਰਾ ਅਸਰ ਗਰੀਬ ਤਬਕੇ ’ਤੇ ਪੈ ਰਿਹਾ ਹੈ। ਉਨ੍ਹਾਂ ਵਿੱਚੋਂ ਵੀ ਕੁੜੀਆਂ ’ਤੇ ਸਭ ਤੋਂ ਵੱਧ, ਕਿਉਂਕਿ ਬਹੁਤੇ ਪਰਵਾਰ ਅੱਜ ਵੀ ਕੁੜੀਆਂ ਦੀ ਸਿੱਖਿਆ ’ਤੇ ਖਰਚ ਨਹੀਂ ਕਰਦੇ। ਇਸ ਲਈ ਦੇਸ਼ ਦੀ ਅੱਧੀ ਆਬਾਦੀ ਦੀ ਸਿੱਖਿਆ ਲਈ ਸਿੱਖਿਆ ਦੇ ਖੇਤਰ ਵਿੱਚ ਸਰਕਾਰੀ ਖਰਚ ਨੂੰ ਵਧਾਉਣਾ ਬਹੁਤ ਜ਼ਰੂਰੀ ਹੈ ਅਤੇ ਇਸ ਲਈ ਨੌਜਵਾਨਾਂ ਨੂੰ ਸਰਕਾਰ ’ਤੇ ਦਬਾਅ ਵਧਾਉਣਾ ਪਵੇਗਾ। ਇਹ ਲੱਭਣਾ ਪਵੇਗਾ ਕਿ ਕੇਂਦਰ ਸਰਕਾਰ ਨੇ ਸਿੱਖਿਆ ਦੇ ਬਜਟ ਵਿੱਚ 44 ਫੀਸਦੀ ਦੀ ਕਟੌਤੀ ਕਿਉਂ ਕੀਤੀ? 2014 ਵਿੱਚ ਸਿੱਖਿਆ ਦਾ ਬਜਟ ਕੁੱਲ ਘਰੇਲੂ ਪੈਦਾਵਾਰ (ਜੀ ਡੀ ਪੀ) ਦਾ 0.66 ਫੀਸਦੀ ਸੀ, ਜਿਸ ਨੂੰ 2024 ਵਿੱਚ ਮਹਿਜ਼ 0.37 ਫੀਸਦੀ ਕਰ ਦਿੱਤਾ ਗਿਆ। ਇਹ ਵੀ ਜਾਣਨਾ ਪਵੇਗਾ ਕਿ ਕੇਂਦਰ ਸਰਕਾਰ ਨੇ ਆਪਣੇ ਕੁਲ ਬਜਟ ਵਿੱਚ ਸਿੱਖਿਆ ਦੀ ਹਿੱਸੇਦਾਰੀ 46 ਫੀਸਦੀ ਘੱਟ ਕਿਉਂ ਕੀਤੀ ਹੈ? ਇਹ 2014-15 ਵਿੱਚ 4.6 ਫੀਸਦੀ ਸੀ ਤੇ 2024-25 ਵਿੱਚ 2.5 ਫੀਸਦੀ ਕਰ ਦਿੱਤੀ ਗਈ। ਸਰਕਾਰ ਦੀ ਨਿੱਜੀਕਰਨ ਨੂੰ ਬੜ੍ਹਾਵਾ ਦੇਣ ਵਾਲੀ ਸਿੱਖਿਆ ਨੀਤੀ ਨੌਜਵਾਨਾਂ ਨੂੰ ਉਹ ਨਹੀਂ ਬਣਨ ਦੇਣਾ ਚਾਹੁੰਦੀ, ਜਿਹੜੇ ਜੰਤਰ-ਮੰਤਰ ਵਿੱਚ ਉਹ ਬਣ ਗਏ। ਇੱਕ-ਦੂਜੇ ਦੇ ਸਾਥੀ ਬਣ ਗਏ ਅਤੇ ਸਾਥੀ ਬਣਦਿਆਂ ਕਿਸੇ ਦਾ ਧਰਮ ਨਹੀਂ ਪੁੱਛਿਆ। ਨਵੀਂ ਸਿੱਖਿਆ ਨੀਤੀ ਨਹੀਂ ਚਾਹੁੰਦੀ ਕਿ ਤੁਸੀਂ ਸਾਥੀ ਬਣੋ, ਸਾਥੀ ਬਣਾਓ। ਇਹ ਨੀਤੀ ਵੰਡਦੀ ਹੈ, ਜਿਸ ਨੂੰ ਪਛਾੜਨ ਲਈ ਵੱਡਾ ਹੰਭਲਾ ਮਾਰਨਾ ਪੈਣਾ ਹੈ। ਇੱਕ ਹੋਰ ਮੁੱਦਾ ਜਿਹੜਾ ਕਾਕਰੋਚ ਜਨਤਾ ਪਾਰਟੀ ਨੇ ਨਹੀਂ ਉਠਾਇਆ ਅਤੇ ਖੱਬੀ ਸੋਚ ਵਾਲੀਆਂ ਵਿਦਿਆਰਥੀ ਜਥੇਬੰਦੀਆਂ ਸ਼ੁਰੂ ਤੋਂ ਉਠਾਉਂਦੀਆਂ ਆ ਰਹੀਆਂ ਹਨ ਤੇ ਜੰਤਰ-ਮੰਤਰ ਵਿੱਚ ਵੀ ਉਠਾਇਆ-ਸਿੱਖਿਆ ਨੂੰ ਆਰ ਐੱਸ ਐੱਸ ਦੀ ਸੋਚ ਤੋਂ ਆਜ਼ਾਦ ਕਰਾਉਣਾ, ਜਿਹੜੀ ਗੈਰ-ਜਮਹੂਰੀ, ਦਕੀਆਨੂਸੀ, ਫਿਰਕੂ, ਵਿਗਿਆਨਕ ਚੇਤਨਾ ਵਿਰੋਧੀ, ਤਰਕ ਵਿਰੋਧੀ ਤੇ ਸੰਵਿਧਾਨ ਵਿਰੋਧੀ ਹੈ। ਜੰਤਰ-ਮੰਤਰ ਤੋਂ ਸ਼ੁਰੂ ਹੋਏ ਅੰਦੋਲਨ ਦੀ ਸੱਚੀ ਜਿੱਤ ਉਦੋਂ ਹੋਵੇਗੀ ਜਦੋਂ ਸਿੱਖਿਆ ਸਿਰਫ ਮੁਨਾਫੇ ਦਾ ਸਾਧਨ ਨਾ ਰਹਿ ਕੇ ਇੱਕ ਜਨਤਕ ਅਧਿਕਾਰ ਬਣੇਗੀ ਅਤੇ ਉਸ ਨੂੰ ਫਿਰਕੂ ਤੇ ਵਿਗਿਆਨਕ ਚੇਤਨਾ ਵਿਰੋਧੀ ਸੋਚ ਦੀ ਜਕੜ ਤੋਂ ਆਜ਼ਾਦ ਕਰਵਾ ਲਿਆ ਜਾਵੇਗਾ।

# ਪੰਜਾਬ ਵਿਧਾਨ ਸਭਾ ਚੋਣਾਂ 2027



ਜਗਦੇਵ ਸ਼ਰਮਾ ਬੁਗਰਾ

ਪੰਜਾਬ ਵਿਧਾਨ ਸਭਾ ਚੋਣਾਂ 2027 ਸਿਰ ’ਤੇ ਹਨ। ਬਿਸਾਤ ਵਿਛ ਚੁੱਕੀ ਹੈ, ਗੋਟੀਆਂ ਫਿੱਟ ਕੀਤੀਆਂ ਜਾ ਰਹੀਆਂ ਹਨ। ਸਾਰੀਆਂ ਹੀ ਪਾਰਟੀਆਂ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਪਣੀ ਕਾਰਗੁਜ਼ਾਰੀ ਵਧੀਆ ਦਿਖਾਉਣ ਲਈ ਅੱਡੀ-ਚੋਟੀ ਦਾ ਜ਼ੋਰ ਲਾ ਰਹੀਆਂ ਹਨ। ਦੇਖਦੇ ਹਾਂ, ਕਿਹੜੀ ਨਿੱਤਰੂ ਵੜੇਵੇਂ ਖਾਣੀ?

ਭਾਜਪਾ ਦੀ ਗੱਲ ਕਰਦਿਆਂ ਕਹਿ ਸਕਦੇ ਹਾਂ ਕਿ ਪੰਜਾਬ ਨੂੰ ਲੋੜ ਹੈ ਪੰਜਾਬੀ ਭਾਜਪਾ ਦੀ। ਜਦੋਂ ਭਾਜਪਾ ਵਿੱਚ ਸ਼ਾਮਲ ਹੋਏ ਪੁਰਾਣੇ ਕਾਂਗਰਸੀ ਅਤੇ ਜੱਦੀ ਭਾਜਪਾ ਵਾਲੇ ਪੰਜਾਬ ਨਾਲ ਖੜ੍ਹਨਗੇ, ਓਦੋਂ ਇਹ ਪੰਜਾਬੀਆਂ ਤੋਂ ਵੋਟਾਂ ਮੰਗਣ ਦੇ ਅਸਲੀ ਹੱਕਦਾਰ ਬਣਨਗੇ। ਪਿਛਲੇ ਸਾਲ ਦਾ ਹੜ੍ਹਾਂ ਦੀ ਮਾਰ ਲਈ ਪੰਜਾਬ ਨੂੰ 1600 ਕਰੋੜ ਦੇਣ ਦਾ ਵਾਅਦਾ ਕਰਕੇ, ਕਿੰਨੇ ਦਿੱਤੇ, ਕਦੇ ਪੰਜਾਬ ਭਾਜਪਾ ਵਾਲਿਆਂ ਨੇ ਮੋਦੀ ਸਾਹਿਬ ਨੂੰ ਪੁੱਛਿਆ ਹੈ? ਪੰਜਾਬ ਨੂੰ ਇਸ ਦੇ ਬਕਾਏ ਕਿਉਂ ਨਹੀਂ ਦਿੱਤੇ ਜਾ ਰਹੇ, ਪ੍ਰਧਾਨ ਦਾ ਪੁੱਛਣ ਦਾ ਫਰਜ਼ ਨਹੀਂ ਬਣਦਾ? ਕੇਂਦਰ ਪੰਜਾਬ ਨਾਲ ਪੈਰ-ਪੈਰ ’ਤੇ ਮਤਰੇਈ ਮਾਂ ਵਾਲਾ ਸਲੂਕ ਕਰਦਾ ਹੈ, ਕਦੇ ਉਨ੍ਹਾਂ ਦਾ ਵਫ਼ਦ ਅਜਿਹੇ ਵਰਤਾਅ ਖਿਲਾਫ ਹਾਈ ਕਮਾਂਡ ਨੂੰ ਮਿਲਣ ਗਿਆ ਹੈ?

ਕਈ ਭਾਜਪਾਈ ਨੇਤਾ ਕੀ ਪੰਜਾਬੀਆਂ ਨੂੰ ਮੂਰਖ ਸਮਝਦੇ ਹਨ ਕਿ ਖਨੌਰੀ ਤੋਂ ਪੰਜਾਬ ਵੜਨ ਲੱਗੇ ਸਿਰ ’ਤੇ ਪੱਗ ਸਜਾ ਲਵੋ ਅਤੇ ਵੋਟਾਂ ਲੁੱਟ ਲਵੋ। ਜ਼ਿਆਦਾ ਪੰਜਾਬੀ ਹੋਣ ਦਾ ਹੇਜ ਮਾਰਦਾ ਹੈ ਤਾਂ ਪੱਕੇ ਦਸਤਾਰਧਾਰੀ ਬਣੋ ਅਤੇ ਪੰਜਾਬੀ ਬੋਲੀ ਸਿੱਖਣ ਲਈ ਪੰਜਾਬੀ ਅਧਿਆਪਕ ਕੋਲੋਂ ਟਿਊਸ਼ਨ ਲਵੋ। ਗੰਗਾ ਗਏ ਗੰਗਾ ਰਾਮ, ਜਮੁਨਾ ਗਏ ਜਮੁਨਾ ਦਾਸ ਵਾਲਾ ਫਾਰਮੂਲਾ ਨਹੀਂ ਚੱਲਣਾ।

ਬੀਤੀ 17 ਜੁਲਾਈ ਨੂੰ ਜਲੰਧਰ ਰੈਲੀ ਵੇਲੇ ‘ਆਪ’ ਸਰਕਾਰ ਨੂੰ 50,000 ਰੁਪਏ ਦਾ ਮਿਹਣਾ ਮਾਰਦੇ ਵਕਤ ਮੋਦੀ ਸਾਹਿਬ ਭੁੱਲ ਜਾਂਦੇ ਹਨ ਕਿ ਉਸ ਨੇ 2014 ਵਿੱਚ ਹਿੰਦੁਸਤਾਨੀਆਂ ਨੂੰ 15 ਲੱਖ ਖਾਤਿਆਂ ਵਿੱਚ ਆਉਣ ਦਾ ਜੁਮਲਾ ਫੈਂਕ ਕੇ ਸਰਕਾਰ ਬਣਾ ਲਈ ਸੀ। ਕਿੰਨੇ ਆਏ, ਕਦੇ ਕਿਸੇ ਨੇ ਪੁੱਛਿਆ ਹੈ? ਆਪਣੀਆਂ ਕੱਛ ਵਿੱਚ ਅਤੇ ਦੂਜੇ ਦੀਆਂ ਹੱਥ ਵਿੱਚ।

ਦਸ ਸਾਲ ਸੱਤਾ ਤੋਂ ਲਾਂਭੇ ਰਹੇ ਅਕਾਲੀ ਪੰਜਾਬ ਦੀ ਸੱਤਾ ਹਥਿਆਉਣ ਲਈ ਤਰਲੋਮੱਛੀ ਹੋ ਰਹੇ ਹਨ। ਅਕਾਲੀ ਦਲ ਦਾ ਪ੍ਰਧਾਨ ਸੁਖਬੀਰ ਸਿੰਘ ਬਾਦਲ ਆਪਣੇ ਹਰ ਭਾਸ਼ਣ ਵਿੱਚ ਖੁਦ ਨੂੰ ਮੁੱਖ ਮੰਤਰੀ ਬਣਾ ਦੇਣ ਲਈ ਕਹਿੰਦਾ ਨਜ਼ਰ ਆਉਂਦਾ ਹੈ। ਭਲਾ ਉਸ ਦੇ ਕਿਸ ਚੀਜ਼ ਦਾ ਘਾਟਾ ਹੈ? ਨੋਟ ਤਾਂ ਬੱਕਰੀਆਂ ਨਹੀਂ ਖਾਂਦੀਆਂ। ਧਰ-ਧਰ ਭੁੱਲਦਾ ਹੈ, ਫਿਰ ਮੁੱਖ ਮੰਤਰੀ ਬਣਨ ਦੀ ਐਨੀ ਲਾਲਸਾ ਕਿਉਂ?

2007 ਤੋਂ 2017 ਦਰਮਿਆਨ ਅਕਾਲੀ-ਭਾਜਪਾ ਸਰਕਾਰ ਵੇਲੇ ਸਮੇਂ ਦੀ ਸਰਕਾਰ ਕੋਲੋਂ ਹੋਈਆਂ ਬੱਜਰ ਗਲਤੀਆਂ ਅਕਾਲੀਆਂ ਦਾ ਪਿੱਛਾ ਨਹੀਂ ਛੱਡ ਰਹੀਆਂ। ਕਿਸਾਨੀ ਅੰਦੋਲਨ ਵੇਲੇ ਵੀ ਸ਼ਰੋਮਣੀ ਅਕਾਲੀ ਦਲ ਦੀ ਭੂਮਿਕਾ ਦੋਹਰੇ ਚਰਿੱਤਰ ਵਾਲੀ ਰਹੀ। ਪਹਿਲਾਂ ਕਿਸਾਨੀ ਬਿੱਲਾਂ ਦਾ ਸਮਰਥਨ ਅਤੇ ਪੈਰਾਂ ਥੱਲਿਓਂ ਜ਼ਮੀਨ ਖਿਸਕਦੀ ਦੇਖ ਬਿੱਲਾਂ ਦਾ ਵਿਰੋਧ ਪੰਜਾਬੀਆਂ ਨੇ ਪਸੰਦ ਨਹੀਂ ਕੀਤਾ।

ਲੱਗਦੇ ਹੱਥ ਸ਼ਰੋਮਣੀ ਅਕਾਲੀ ਦਲ ਵਿੱਚੋਂ ਵੱਖ ਹੋਏ ਪੁਨਰ-ਸੁਰਜੀਤ ਅਕਾਲੀ ਦਲ ਦੀ ਗੱਲ ਵੀ ਕਰ ਲਈ ਜਾਵੇ। 2024 ਦੇ ਅਖੀਰ ਵਿੱਚ ਜਦੋਂ ਅਕਾਲੀ ਦਲ ਇੱਕ ਵਾਰੀ ਫਿਰ ਦੋਫਾੜ ਹੋਇਆ ਤਾਂ ਲੱਗਦਾ ਸੀ ਕਿ ਤਤਕਾਲੀ ਮੁੱਖ ਅਕਾਲੀ ਦਲ ਦੀ ਕਰੀਮ ਨਵੇਂ ਅਕਾਲੀ ਦਲ ਵਿੱਚ ਚਲੀ ਗਈ ਹੈ। ਰਾਜਨੀਤੀ ਵਿੱਚ ਹੰਢੇ-ਵਰਤੇ ਨੇਤਾ ਪੁਨਰ-ਸੁਰਜੀਤ ਅਕਾਲੀ ਦਲ ਦਾ ਹਿੱਸਾ ਬਣ ਗਏ ਸਨ ਅਤੇ ਲਗਦਾ ਸੀ ਕਿ ਨਵਾਂ ਅਕਾਲੀ ਦਲ ਜ਼ਿਆਦਾ ਪ੍ਰਭਾਵਸ਼ਾਲੀ ਹੋ ਕੇ ਨਿਕਲੇਗਾ, ਪ੍ਰੰਤੂ ਸਮਾਂ ਪਾ ਕੇ ਬਾਦਲ ਪਰਵਾਰ ਵਾਲਾ ਅਕਾਲੀ ਦਲ ਇਹਨਾਂ ਤੋਂ ਜ਼ਿਆਦਾ ਪ੍ਰਭਾਵਸ਼ਾਲੀ ਨਜ਼ਰ ਆਉਣ ਲੱਗਿਆ ਹੈ। ਇਹਨਾਂ ਵੱਲੋਂ ਕੋਈ ਐਕਸ਼ਨ ਨਹੀਂ, ਸਿਰਫ ਰੀਐਕਸ਼ਨ। ਕੋਈ ਸਰਗਰਮੀ ਨਹੀਂ, ਕੋਈ ਵਿਜ਼ਨ ਨਹੀਂ, ਕੋਈ ਪ੍ਰੋਗਰਾਮ ਨਹੀਂ। ਕੁੱਛ ਬੰਦੇ ਜਿੱਤ ਜਾਣ ਦੀ ਸੂਰਤ ਵਿੱਚ ਵੀ ਪਤਾ ਨਹੀਂ ਕਿਹੜਾ ਮਿੱਤਰਾਂ ਦੀ ਛਤਰੀ ਤੋਂ ਕਦੋਂ ਉਡਾਰੀ ਮਾਰ ਜਾਵੇ।

2024 ਦੀਆਂ 8 ਲੋਕ ਸਭਾ ਸੀਟਾਂ ਜਿੱਤਣ ਤੋਂ ਬਾਅਦ ਬਹੁਤ ਸਾਰਾ ਪਾਣੀ ਪੁਲਾਂ ਹੇਠੋਂ ਗੁਜ਼ਰ ਚੁੱਕਾ ਹੈ। ਪੰਜਾਬੀ ਚਾਹੁੰਦੇ ਹੋਏ ਵੀ ਕਾਂਗਰਸ ਨੂੰ ਵੋਟ ਨਹੀਂ ਪਾ ਸਕਣਗੇ। ਜਿਹੜੇ ਅੱਜ ਪ੍ਰਧਾਨਗੀ ਪਿੱਛੇ ਪਾਟੋ-ਧਾੜ ਹੋਏ ਫਿਰਦੇ ਹਨ, ਉਹਨਾਂ ਵਿੱਚੋਂ ਬਹੁਤੇ ਟਿਕਟਾਂ ਦੀ ਵੰਡ ਵੇਲੇ ਟੀਂਡਰ ਜਾਣਗੇ। ਨਿਰਾਸ ਅਜ਼ਾਦ ਖੜ੍ਹਨਗੇ, ਯਾਨੀ ਕਿ ਇੱਕ ਇੱਕ ਸੀਟ ’ਤੇ ਦੋ ਜਾਂ ਦੋ ਤੋਂ ਵੀ ਵੱਧ ਕਾਂਗਰਸੀ ਅਤੇ ਕਾਂਗਰਸੀ ਵੋਟਰ ਦੁਬਿਧਾ ਵਿੱਚ ਹੋਵੇਗਾ।

ਇੱਕ ਹੋਰ ਅਕਾਲੀ ਦਲ ਵੀ ਪਰ ਤੋਲ ਰਿਹਾ ਹੈ, ਵਾਰਿਸ ਪੰਜਾਬ ਦੇ, ਪ੍ਰੰਤੂ ਉਹਨਾਂ ਦੀ ਟੇਕ ਇੱਕੋ ਬੰਦੇ ’ਤੇ ਹੈ ਅਤੇ ਉਹ ਹੈ ਅੰਮ੍ਰਿਤਪਾਲ ਸਿੰਘ। ਹਾਲ ਦੀ ਘੜੀ ਅੰਮ੍ਰਿਤਪਾਲ ਸਿੰਘ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹੈ, ਕੱਲ੍ਹ ਦਾ ਪਤਾ ਨਹੀਂ। ਰਾਜਨੀਤੀ ਵਿੱਚ ਕੁਝ ਵੀ ਅਸੰਭਵ ਨਹੀਂ, ਕਿਹੜਾ ਕਿਸ ਨਾਲ ਕਦੋਂ ਹੱਥ ਮਿਲਾ ਲਵੇ ਅਤੇ ਲੋਕਾਂ ਦੀਆਂ ਕਿਆਸਅਰਾਈਆਂ ਧਰੀਆਂ ਧਰਾਈਆਂ ਰਹਿ ਜਾਣ।

ਹੁਣ ਗੱਲ ਕਰਦੇ ਹਾਂ ਵਰਤਮਾਨ ਸਰਕਾਰ ਚਲਾ ਰਹੀ ਪਾਰਟੀ ਆਮ ਆਦਮੀ ਪਾਰਟੀ ਦੀ। ਪਿਛਲੇ ਲੱਗਭੱਗ ਸਾਢੇ ਚਾਰ ਸਾਲ ਵਿੱਚ ਇਸ ਸਰਕਾਰ ਦੇ ਕੰਮ ਢੰਗ ਤੋਂ ਪਤਾ ਚਲਦਾ ਹੈ ਕਿ ਇਹਨਾਂ ਦਾ ਸਰਕਾਰ ਚਲਾਉਣ ਦਾ ਤਰੀਕਾ ਰਵਾਇਤੀ ਪਾਰਟੀਆਂ ਤੋਂ ਥੋੜ੍ਹਾ ਹਟ ਕੇ ਹੈ। ਭਗਵੰਤ ਮਾਨ ਸਰਕਾਰ ਨੇ ਕੋਈ 70000 ਦੇ ਕਰੀਬ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਹਰ ਸਟੇਜ ਤੋਂ ਉਹ ਹਿੱਕ ਠੋਕ ਕੇ ਕਹਿੰਦਾ ਹੈ ਕਿ ਬਿਨਾਂ ਕਿਸੇ ਪੈਸੇ ਅਤੇ ਬਿਨਾਂ ਕਿਸੇ ਸਿਫਾਰਸ਼ ਦੇ ਇਹ ਨੌਕਰੀਆਂ ਮੁਹੱਈਆ ਕਰਵਾਈਆਂ ਗਈਆਂ ਹਨ। ਨਹਿਰੀ ਪਾਣੀ ਟੇਲਾਂ ਤੱਕ ਪਹੁੰਚਾਇਆ ਗਿਆ ਹੈ। 100 ਫੀਸਦੀ ਤਾਂ ਬੇਸ਼ੱਕ ਨਹੀਂ, ਪ੍ਰੰਤੂ ਬਿਨਾਂ ਰੁਤਬੇ, ਅਹੁਦੇ ਦਾ ਲਿਹਾਜ ਕੀਤਿਆਂ ਭ੍ਰਿਸ਼ਟਾਚਾਰੀਆਂ ਨੂੰ ਉਹਨਾਂ ਦੀ ਅਸਲੀ ਥਾਂ ਦਿਖਾਈ ਗਈ ਹੈ। ਨਸ਼ੇ ਖਤਮ ਕਰਨ ਲਈ ਸ਼ਾਸਨ ਪ੍ਰਸ਼ਾਸਨ 24 ਘੰਟੇ ਪੱਬਾਂ ਭਾਰ ਹੋਇਆ ਰਹਿੰਦਾ ਹੈ, ਪ੍ਰੰਤੂ ਕਾਲੀਆਂ ਭੇਡਾਂ ਵਾਹ ਨਹੀਂ ਜਾਣ ਦਿੰਦੀਆਂ। ਬਿਜਲੀ ਸਪਲਾਈ ਦੀ ਹਾਲਤ ਸੁਧਰੀ ਹੈ। ਆਮ ਆਦਮੀ ਕਲੀਨਿਕ, 10 ਲੱਖ ਤੱਕ ਦਾ ਮੁਫ਼ਤ ਬੀਮਾ ਯੋਜਨਾ ਅਤੇ ਸਕੂਲਾਂ ਦੀ ਹਾਲਤ ਬਿਹਤਰ ਕਰ ਦੇਣ ਦਾ ਦਾਅਵਾ ਕੀਤਾ ਜਾ ਰਿਹਾ ਹੈ। ਕਾਫੀ ਸਾਰੇ ਟੋਲ ਪਲਾਜ਼ੇ ਖਤਮ ਕਰਕੇ ਲੋਕਾਂ ਨੂੰ ਰਾਹਤ ਦਿਵਾਉਣਾ ਅਤੇ ਸੜਕਾਂ ਦੀ ਬਿਹਤਰ ਹਾਲਤ ਇਹਨਾਂ ਦੀਆਂ ਪ੍ਰਾਪਤੀਆਂ ਦੇ ਤੌਰ ’ਤੇ ਦੇਖ ਸਕਦੇ ਹਾਂ। ਪ੍ਰਭਾਵਸ਼ਾਲੀ ਲੋਕਾਂ ਕੋਲੋਂ ਸਰਕਾਰੀ ਜ਼ਮੀਨਾਂ ਦੇ ਕਬਜ਼ੇ ਛੁਡਵਾਉਣਾ, ਨਸ਼ਾ ਤਸ਼ਕਰਾਂ ਦੇ ਘਰਾਂ ’ਤੇ ਬੁਲਡੋਜ਼ਰ ਚਲਾਉਣੇ ਵੀ ਦਲੇਰਾਨਾ ਕੰਮ ਹਨ।

2027 ਵਿੱਚ ਸਰਕਾਰ ਬਣਾਉਣ ਦੀਆਂ ਸੰਭਾਵਨਾਵਾਂ ਟਟੋਲਣ ਤੋਂ ਪਹਿਲਾਂ ਵਿਚਾਰਨ ਵਾਲੇ ਕੁੱਝ ਤੱਥ ਹੋਰ ਵੀ ਹਨ। ਪਹਿਲਾ, ਆਇਆ ਰਾਮ ਗਿਆ ਰਾਮ ਵੀ ਚੋਣਾਂ ਨੇੜੇ ਸਰਗਰਮ ਹੋਣਗੇ ਅਤੇ ਚੋਣ ਦ੍ਰਿਸ਼ ਨੂੰ ਪ੍ਰਭਾਵਤ ਕਰਨਗੇ। ਸਦਾਚਾਰ, ਕਦਰਾਂ-ਕੀਮਤਾਂ, ਨੈਤਿਕਤਾ ਅਤੇ ਵਿਚਾਰਧਾਰਾ ਨੂੰ ਤਿਲਾਂਜਲੀ ਦੇ ਕੇ ਕਈਆਂ ਦਾ ਆਪਣੀ ਮਾਂ ਪਾਰਟੀ ਵਿੱਚ ਦਮ ਘੁੱਟੇਗਾ ਅਤੇ ਕਈ ਮਾਂ ਪਾਰਟੀ ਵਿੱਚ ਵਾਪਸੀ ਲਈ ਤਰਲੋਮੱਛੀ ਹੋਣਗੇ। ਦੂਜੇ, ਪਾਰਟੀਆਂ ਦਾ ਆਪਸੀ ਸਾਂਝਾ-ਗਾਂਢਾ ਵੀ ਸਰਕਾਰ ਬਣਾਉਣ, ਢਾਹੁਣ ਵਿੱਚ ਸਹਾਈ ਹੋਏਗਾ। ਫਿਲਹਾਲ ਜੱਦੀ-ਪੁਸ਼ਤੀ ਭਾਜਪਾਈ ਅਕਾਲੀਆਂ ਨਾਲ ਗੱਠਜੋੜ ਨਾ ਕਰਕੇ ਇੱਕਲੇ ਚੋਣਾਂ ਲੜਨ ਦੇ ਹਾਮੀ ਹਨ, ਜਦਕਿ ਦੂਜਿਆਂ ਪਾਰਟੀਆਂ ਵਿੱਚੋਂ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਭਾਜਪਾਈ ਅਕਾਲੀਆਂ ਨਾਲ ਗੱਠਜੋੜ ਦੇ ਹਾਮੀ ਹਨ। ਅਕਾਲੀ ਵੀ ਇੱਕਲੇ ਚੋਣਾਂ ਲੜਨ ਦਾ ਰਾਗ ਅਲਾਪ ਰਹੇ ਹਨ ਅਤੇ ਕਹਿ ਰਹੇ ਹਨ ਕਿ ਅਸੀਂ ਕਿਹੜਾ ਗੱਠਜੋੜ ਲਈ ਗੰਢ ਭੇਜੀ ਹੈ?

ਕਾਂਗਰਸ ਅਤੇ ਆਮ ਆਦਮੀ ਪਾਰਟੀ ਦਾ ਕਿਸੇ ਹੋਰ ਪਾਰਟੀ ਨਾਲ ਸਮਝੌਤਾ ਫਿਲਹਾਲ ਦਿਖਾਈ ਨਹੀਂ ਦੇ ਰਿਹਾ। ਚੋਣਾਂ ਤੋਂ ਬਾਅਦ ਇਹ ਆਪਸ ਵਿੱਚ ਜਾਂ ਕਿਸੇ ਪਾਰਟੀ ਵਿੱਚੋਂ ਵੱਖ ਹੋਏ ਧੜੇ ਨਾਲ ਮਿਲ ਕੇ ਸਰਕਾਰ ਬਣਾ ਸਕਦੇ ਹਨ। ਕਿਸੇ ਦਾ ਕਿਸੇ ਨਾਲ ਵੀ ਸਮਝੌਤਾ ਨਾ ਹੋਣ ਦੀ ਸੂਰਤ ਵਿੱਚ ਖਿਚੜੀ ਬਣਨ ਦੇ ਮੌਕੇ ਜ਼ਿਆਦਾ ਦਿਖਾਈ ਦੇ ਰਹੇ ਹਨ ਅਤੇ ਕਿਸੇ ਵੀ ਪਾਰਟੀ ਨੂੰ ਸਪੱਸ਼ਟ ਬਹੁਮਤ ਟੇਢੀ ਖੀਰ ਬਣਦਾ ਦਿਖਾਈ ਦਿੰਦਾ ਹੈ।

# ਸੰਪਰਕ : 98727-87243

# ਆਸਟਰੇਲੀਆ ’ਚ ਪੰਜਾਬੀ ਅਤੇ ਭਾਰਤੀ ਬਜ਼ੁਰਗਾਂ ਦਾ ਜੀਵਨ



ਹਰਜਿੰਦਰ ਸਿੰਘ ਗੁਲਪੁਰ

ਇੱਥੇ ਦੋ ਤਰ੍ਹਾਂ ਦੇ ਬਜ਼ੁਰਗ ਆਉਂਦੇ ਹਨ। ਇੱਕ ਕੰਮ ਕਰਨ ਵਾਲੇ ਅਤੇ ਦੂਜੇ ਪੂਰੀ ਤਰ੍ਹਾਂ ਵਿਹਲੇ ਰਹਿ ਕੇ ਸਮਾਂ ਗੁਜ਼ਾਰਨ ਵਾਲੇ ਅਤੇ ਘਰ ਦੇ ਨਿੱਕੇ ਮੋਟੇ ਕੰਮਾਂ ਵਿਚ ਹੱਥ ਵਟਾਉਣ ਵਾਲੇ। ਕੰਮ ਕਰਨ ਵਾਲੇ ਬਜ਼ੁਰਗ ਜਾਂ ਤਾਂ ਦੂਰ-ਦੁਰਾਡੇ ਆਪਣੀ ਜਾਣ-ਪਛਾਣ ਵਾਲੇ ਫਾਰਮਾਂ ਵਿੱਚ ਚਲੇ ਜਾਂਦੇ ਹਨ ਜਾਂ ਹਰ ਰੋਜ਼ ਸੌ ਡੇਢ ਸੌ ਕਿਲੋਮੀਟਰ ਦੂਰ ਪੈਂਦੇ ਫਾਰਮਾਂ ਵਿੱਚ ਸਵੇਰੇ ਚਲੇ ਜਾਂਦੇ ਹਨ ਅਤੇ ਸ਼ਾਮ ਨੂੰ ਵਾਪਸ ਘਰ ਆ ਜਾਂਦੇ ਹਨ। ਠੇਕੇਦਾਰ ਉਹਨਾਂ ਨੂੰ ਗੱਡੀਆਂ ਰਾਹੀਂ ਲੈ ਜਾਂਦੇ ਹਨ ਅਤੇ ਬਣਦਾ ਕਿਰਾਇਆਂ ਲੈ ਕੇ ਉਹਨਾਂ ਨੂੰ ਵਾਪਸ ਲੈ ਆਉਂਦੇ ਹਨ। ਉਸੇ ਤਰ੍ਹਾਂ ਜਿਵੇਂ ਸਾਡੇ ਪੰਜਾਬ ਵਿੱਚ ਬੱਚਿਆਂ ਨੂੰ ਸਕੂਲ ਛੱਡਣ ਅਤੇ ਵਾਪਸ ਲਿਆਉਣ ਦਾ ਕੰਮ ਵੱਖ-ਵੱਖ ਵਾਹਨਾਂ ਵਾਲੇ ਕਰਦੇ ਹਨ। ਇਸ ਕਿਸਮ ਦੇ ਬਜ਼ੁਰਗਾਂ ਨਾਲ ਮੇਲ-ਜੋਲ ਘੱਟ ਹੀ ਹੁੰਦਾ ਹੈ, ਕਿਉਂ ਕਿ ਉਹਨਾਂ ਦਾ ਜੀਵਨ ਬਹੁਤ ਜ਼ਿਆਦਾ ਵਿਅਸਥ ਹੁੰਦਾ ਹੈ। ਪੂਰੀ ਤਰ੍ਹਾਂ ਵਿਹਲੇ ਬਜ਼ੁਰਗ ਇੱਥੇ ਬਹੁਤਾਤ ਵਿੱਚ ਮਿਲਦੇ ਰਹਿੰਦੇ ਹਨ। ਇਹਨਾਂ ਵਿੱਚੋਂ ਜਿਆਦਾਤਰ ਬਜ਼ੁਰਗਾਂ ਦਾ ਦਿਨ ਇਸ ਤਰ੍ਹਾਂ ਸ਼ੁਰੂ ਹੁੰਦਾ ਹੈ। ਉਹ ਚਾਹ-ਪਾਣੀ ਪੀ ਕੇ ਆਪਣੇ ਆਪਣੇ ਢੰਗ ਨਾਲ ਤਿਆਰ ਹੁੰਦੇ ਹਨ। ਇਸ ਤੋਂ ਬਾਅਦ ਉਹ ਆਪਣੇ ਪੋਤਿਆਂ, ਦੋਹਤਿਆਂ ਨੂੰ ਸਕੂਲ ਛੱਡਣ ਲਈ ਨਿਕਲ ਜਾਂਦੇ ਹਨ। ਪ੍ਰਾਇਮਰੀ ਸਕੂਲ ਘਰਾਂ ਦੇ ਨੇੜੇ-ਤੇੜੇ ਹੀ ਹਨ। ਬੱਚਿਆਂ ਨੂੰ ਸਕੂਲ ਛੱਡ ਕੇ ਕਈ ਬਜ਼ੁਰਗ ਸੈਰ ਕਰਨ ਲੱਗ ਪੈਂਦੇ ਅਤੇ ਕਈ ਬਜ਼ੁਰਗ ਪਾਰਕਾਂ ਅਤੇ ਖੇਡ ਮੈਦਾਨਾਂ ਵਿੱਚ ਬੈਠ ਜਾਂਦੇ ਹਨ। ਜਿਹਨਾਂ ਬਜ਼ੁਰਗਾਂ ਨੇ ਆਪਣੇ ਦੇਸ਼ ਵਿੱਚ ਕਦੇ ਸੈਰ ਨਹੀਂ ਕੀਤੀ, ਉਹ ਲੰਮੀਆਂ ਲੰਮੀਆਂ ਸੈਰਾਂ ਕਰਦੇ ਹਨ ਅਤੇ ਸਾਫ ਹਵਾ ਅੰਦਰ ਖਿੱਚਣ ਦਾ ਲੁਤਫ ਲੈਂਦੇ ਹਨ। ਪਾਰਕਾਂ ਅਤੇ ਖੇਡ ਮੈਦਾਨਾਂ ਦਾ ਪੂਰੇ ਆਸਟ੍ਰੇਲੀਆ ਵਿੱਚ ਜਾਲ ਵਿਛਿਆ ਹੋਇਆ ਹੈ, ਜਿਸ ਪਾਸੇ ਮਰਜ਼ੀ ਤੁਰ ਪਵੋ, ਦਸ ਮਿੰਟ ਬਾਅਦ ਸ਼ਾਨਦਾਰ ਪਾਰਕ ਆ ਜਾਂਦਾ ਹੈ। ਉੱਥੇ ਹਲਕੀਆਂ-ਫੁਲਕੀਆਂ ਕਸਰਤਾਂ ਲਈ ਜਿੰਮ ਵਾਂਗ ਮਸ਼ੀਨਾਂ ਦਾ ਪ੍ਰਬੰਧ ਕੀਤਾ ਹੋਇਆ ਹੈ। ਤਕਰੀਬਨ ਦਸ ਕੁ ਵਜੇ ਬਹੁਤੇ ਬਜ਼ੁਰਗ ਨੇੜਲੇ ਕਮਿਊਨਿਟੀ ਹਾਲ ਵਿੱਚ ਚਲੇ ਜਾਂਦੇ ਹਨ ਅਤੇ ਬਾਕੀ ਦੇ ਘਰ ਚਲੇ ਜਾਂਦੇ ਹਨ। ਕਮਿਊਨਿਟੀ ਹਾਲ ਵਿੱਚ ਬਜ਼ੁਰਗਾਂ ਦਾ ਮੇਲਾ ਲੱਗ ਜਾਂਦਾ ਹੈ। ਉੱਥੇ ਬਕਾਇਦਾ ਕੁਰਸੀਆਂ ਅਤੇ ਮੇਜ਼ਾਂ ਦਾ ਪ੍ਰਬੰਧ ਕੌਂਸਲ ਵੱਲੋਂ ਕੀਤਾ ਹੋਇਆ ਹੈ। ਆਪੋ-ਆਪਣੀਆਂ ਟੋਲੀਆਂ ਬਣਾ ਕੇ ਤਾਸ਼ ਖੇਡਣ ਦਾ ਕੰਮ ਸ਼ੁਰੂ ਹੋ ਜਾਂਦਾ ਹੈ। ਜ਼ਿਆਦਾ ਕਰਕੇ ਸੀਪ ਖੇਡੀ ਜਾਂਦੀ ਹੈ। ਜਿਹਨਾਂ ਨੂੰ ਇਹ ਖੇਡ ਨਹੀਂ ਆਉਂਦੀ, ਉਹ ਇੱਕ ਪਾਸੇ ਬੈਠ ਕੇ ਗੱਪਾਂ ਮਾਰਨ ਲੱਗ ਪੈਂਦੇ ਹਨ। ਕਈ ਮਨਚਲੇ ਬਜ਼ੁਰਗ ਲਤੀਫੇ ਅਤੇ ਤਰ੍ਹਾਂ-ਤਰ੍ਹਾਂ ਦੇ ਟੋਟਕੇ ਸੁਣਾਉਣ ਦੇ ਮਾਹਰ ਹੁੰਦੇ ਹਨ। ਪੰਜਾਬ ਅਤੇ ਦੇਸ਼ ਦੀ ਰਾਜਨੀਤੀ ਗੱਲਾਂਬਾਤਾਂ ਦਾ ਮੁੱਖ ਧੁਰਾ ਹੁੰਦੀ ਹੈ। ਤਾਸ਼ ਖੇਡਣ ਵਾਲੇ ਚੁੱਪ-ਚਾਪ ਤਾਸ਼ ਖੇਡਦੇ ਰਹਿੰਦੇ ਹਨ। ਚਾਹ ਅਤੇ ਕੌਫੀ ਦਾ ਸਮਾਨ ਇੱਕ ਤਰਫ਼ ਪਿਆ ਹੁੰਦਾ ਹੈ, ਜਦੋਂ ਜੀਅ ਕਰਦਾ ਹੈ ਉਹ ਤਿਆਰ ਕਰਕੇ ਪੀਂਦੇ ਰਹਿੰਦੇ ਹਨ। ਇਸ ਦਾ ਖ਼ਰਚਾ ਕੌਂਸਲ ਵਲੋਂ ਕੀਤਾ ਜਾਂਦਾ ਹੈ।

ਇਹਨਾਂ ਵਿਚੋਂ ਕੁਝ ਬਜ਼ੁਰਗ ਸ਼ਾਮ ਨੂੰ ਸੈਰ-ਸਪਾਟਾ ਕਰਨ ਲਈ ਫੇਰ ਪਾਰਕਾਂ ਦੀ ਸ਼ਰਨ ਵਿਚ ਆ ਜਾਂਦੇ ਹਨ। ਇਹਨਾਂ ਵਿਚ ਬਹੁਤੇ ਬਜ਼ੁਰਗ ਅੰਦਰਖਾਤੇ ਪੈੱਗ-ਸ਼ੈਗ ਦਾ ਪ੍ਰਬੰਧ ਕਰਕੇ ਆਉਂਦੇ ਹਨ।

ਇਕੱਠੇ ਰਹਿਣ ਦੀ ਆਦਤ ਕਰਕੇ ਕੁਝ ਭਾਰਤੀ ਸੂਬਿਆਂ ਦੇ ਬਜ਼ੁਰਗ ਲੋਕ ਗਰੁੱਪਾਂ ਵਿੱਚ ਘੁੰਮਦੇ ਆਮ ਦੇਖੇ ਜਾ ਸਕਦੇ ਹਨ, ਖਾਸ ਕਰਕੇ ਨੇਪਾਲੀ ਅਤੇ ਭੂਟਾਨੀ। ਗੋਰੇ ਬਜ਼ੁਰਗ ਸੈਰ ਕਰਨ ਸਮੇਂ ਗਰੁੱਪਾਂ ਵਿੱਚ ਨਹੀਂ ਘੁੰਮਦੇ। ਉਹ ਸੈਰ ਨੂੰ ਸੈਰ ਸਮਝ ਕੇ ਕਰਦੇ ਹਨ।

ਪ੍ਰਦੇਸਾਂ ਵਿੱਚ ਜੀਅ ਲਾਉਣ ਲਈ ਆਪਣੀ ਜੀਵਨ-ਜਾਚ ਵਿੱਚ ਥੋੜ੍ਹੇ-ਬਹੁਤੇ ਬਦਲਾਅ ਕਰਨੇ ਪੈਂਦੇ ਹਨ, ਜੋ ਜ਼ਿਆਦਾ ਔਖੇ ਨਹੀਂ ਹਨ। ਜਿਹੜੇ ਬਜ਼ੁਰਗ ਆਪਣੀ ਜੀਵਨ ਜਾਚ ਨਹੀਂ ਬਦਲਦੇ, ਉਹ ਪੰਜਾਬ ਅਤੇ ਭਾਰਤ ਵਾਂਗ ਇੱਥੇ ਵੀ ਦੁਖੀ ਰਹਿੰਦੇ ਹਨ। ਸਿਆਣੇ ਬਜ਼ੁਰਗ ਇੱਥੋਂ ਦੇ ਜੀਵਨ ਮੁਤਾਬਕ ਆਪਣੇ ਆਪ ਨੂੰ ਢਾਲ ਲੈਂਦੇ ਹਨ। ਕੁਝ ਬਜ਼ੁਰਗ ਆਪਣੇ ਸਖਤ ਸੁਭਾਅ ਕਾਰਨ ਨੂੰਹਾਂ ਅਤੇ ਬੱਚਿਆਂ ਨਾਲ ਘੁਲ-ਮਿਲ ਕੇ ਨਹੀਂ ਰਹਿ ਸਕਦੇ, ਅਜਿਹੇ ਬਜ਼ੁਰਗਾਂ ਦਾ ਇੱਥੇ ਰਹਿਣਾ ਬਹੁਤ ਮੁਸ਼ਕਲ ਹੋ ਜਾਂਦਾ ਹੈ। ਅਜਿਹੇ ਬਜ਼ੁਰਗ ਬੱਚਿਆਂ ਦੇ ਕੰਮਾਂ ਵਿੱਚ ਦਖਲ-ਅੰਦਾਜ਼ੀ ਕਰਦੇ ਰਹਿੰਦੇ ਹਨ, ਜਿਸ ਨੂੰ ਧੀਆਂ-ਪੁੱਤ ਤਾਂ ਬਰਦਾਸ਼ਤ ਕਰ ਲੈਂਦੇ ਹਨ, ਪ੍ਰੰਤੂ ਅਗਲੀ ਪੀੜ੍ਹੀ ਬਰਦਾਸ਼ਤ ਨਹੀਂ ਕਰਦੀ।

ਜਿਹੜੇ ਬਜ਼ੁਰਗ ਆਪਣੇ ਆਪ ਨੂੰ ਇੱਥੋਂ ਦੇ ਸਿਸਟਮ ਅਨੁਸਾਰ ਢਾਲ ਲੈਂਦੇ ਹਨ, ਉਹਨਾਂ ਦਾ ਜੀਅ ਇੱਥੇ ਲੱਗਾ ਰਹਿੰਦਾ ਹੈ। ਇਸ ਲਈ ਉਹ ਵਾਰ-ਵਾਰ ਇੱਥੇ ਆਉਂਦੇ ਰਹਿੰਦੇ ਹਨ। ਸਨਿੱਚਵਾਰ ਅਤੇ ਐਤਵਾਰ ਨੂੰ ਬਹੁਤੇ ਬਜ਼ੁਰਗ ਨੇੜੇ ਪੈਂਦੇ ਗੁਰਦੁਆਰਿਆਂ ਅਤੇ ਮੰਦਰਾਂ ਵਿੱਚ ਚਲੇ ਜਾਂਦੇ ਹਨ। ਕੋਈ ਉੱਥੇ ਲੰਗਰ ਵਿੱਚ ਸੇਵਾ ਕਰਦਾ ਹੈ ਅਤੇ ਕੋਈ ਸਾਫ਼-ਸਫਾਈ ਕਰਨ ਵਿੱਚ ਹੱਥ ਵਟਾਉਂਦਾ ਹੈ। ਕੁਝ ਬਜ਼ੁਰਗ ਸਮੇਤ ਪਰਵਾਰ ਜਾਂਦੇ ਹਨ, ਕੁਝ ਆਪਣੇ ਹਮ-ਉਮਰ ਸਾਥੀਆਂ ਨਾਲ। ਸਾਰੀ ਦਿਹਾੜੀ ਗੁਰਦਵਾਰਿਆਂ ਜਾਂ ਮੰਦਰਾਂ ਵਿੱਚ ਬਿਤਾ ਕੇ ਅਤੇ ਆਪਣੇ ਹਮ-ਵਤਨਾਂ ਨਾਲ ਨਵੀਂਆਂ ਸਾਂਝਾਂ ਪਾ ਕੇ ਦੇਰ ਸ਼ਾਮ ਘਰਾਂ ਨੂੰ ਪਰਤ ਆਉਂਦੇ ਹਨ। ਇਹਨਾਂ ਅਸਥਾਨਾਂ ’ਤੇ ਸਵੇਰ ਤੋਂ ਸ਼ਾਮ ਤੱਕ ਖਾਣ-ਪੀਣ ਦੀ ਕੋਈ ਘਾਟ ਨਹੀਂ ਹੁੰਦੀ। ਕਮਿਊਨਿਟੀ ਕੇਂਦਰਾਂ ਤੋਂ ਇਲਾਵਾ ਧਾਰਮਿਕ ਸਥਾਨ ਆਪਸ ਵਿੱਚ ਮਿਲ ਬੈਠਣ ਦਾ ਵਧੀਆ ਜ਼ਰੀਆ ਮੰਨੇ ਜਾਂਦੇ ਹਨ। ਬਜ਼ੁਰਗਾਂ ਦਾ ਮੁੱਖ ਮਕਸਦ ਸਮਾਂ ਗੁਜ਼ਾਰਨਾ ਹੁੰਦਾ ਹੈ। ਪਾਰਕ, ਖੇਡ ਮੈਦਾਨ, ਕਮਿਊਨਿਟੀ ਸੈਂਟਰ ਅਤੇ ਧਾਰਮਿਕ ਅਸਥਾਨ ਉਹਨਾਂ ਦਾ ਮਨਭਾਉਂਦਾ ਟਿਕਾਣਾ ਬਣਦੇ ਹਨ। ਜਿਹੜੇ ਬਜ਼ੁਰਗ ਪੜ੍ਹੇ ਲਿਖੇ ਅਤੇ ਸਾਹਿਤਕ ਰੁਚੀਆਂ ਦੇ ਮਾਲਕ ਹੁੰਦੇ ਹਨ, ਉਹ ਅਖ਼ਬਾਰਾਂ-ਰਸਾਲੇ ਪੜ੍ਹ ਕੇ ਵੀ ਟਾਈਮ ਪਾਸ ਕਰ ਲੈਂਦੇ ਹਨ। ਲਿਖਣ ਵਾਲਿਆਂ ਕੋਲ ਇੱਥੇ ਖੁੱਲ੍ਹਾ ਸਮਾਂ ਹੁੰਦਾ ਹੈ। ਸਾਹਿਤਕ ਸਮਾਗਮ ਵੀ ਹੁੰਦੇ ਰਹਿੰਦੇ ਹਨ। ਜਿੱਥੇ ਨਵੇਂ-ਪੁਰਾਣੇ ਲੇਖਕਾਂ ਨੂੰ ਮਿਲਣ ਦਾ ਸਬੱਬ ਬਣਦਾ ਰਹਿੰਦਾ ਹੈ।

ਮੁਕਦੀ ਗੱਲ ਇਹ ਹੈ ਕਿ ਸਾਰਾ ਕਿੱਸਾ ਮਨ ਉੱਤੇ ਆ ਕਿ ਖੜ੍ਹ ਜਾਂਦਾ ਹੈ। ‘ਮਨ ਪਰਦੇਸੀ ਜੇ ਥੀਆ ਸਭ ਦੇਸ ਪਰਾਇਆ।’ ਅਗਰ ਤੁਹਾਡਾ ਮਨ ਅਵਾਰਾਗਰਦੀ ਕਰਦਾ ਰਹੇ ਤਾਂ ਤੁਹਾਨੂੰ ਖ਼ੁਦ ਦਾ ਦੇਸ਼ ਵੀ ਪਰਦੇਸ ਲਗਦਾ ਹੈ। ਸੀਮਤ ਬੁੱਧੀ ਦੇ ਮਾਲਕਾਂ ਲਈ ਕੰਧ ਓਹਲੇ ਦਾ ਮਾਮਲਾ ਵੀ ਪਰਦੇਸ ਦੇ ਬਰਾਬਰ ਹੁੰਦਾ ਹੈ। ਦੂਜੇ ਪਾਸੇ ਬਾਬਾ ਬੁੱਲ੍ਹੇ ਸ਼ਾਹ ਨੇ ਫਰਮਾਇਆ ਹੈ: ‘ਬੁੱਲ੍ਹਿਆ ਮਨ ਦਾ ਕੀ ਸਮਝਾਉਣਾ, ਏਧਰੋਂ ਪੁੱਟ ਕੇ ਏਧਰ ਲਾਉਣਾ।’ ਤੁਸੀਂ ਜਿੱਥੇ ਰਹਿੰਦੇ ਹੋ, ਤੁਹਾਨੂੰ ਮਨੋਵਿਗਿਆਨਕ ਸਮਝ ਹੋਣੀ ਚਾਹੀਦੀ ਹੈ। ਫੇਰ ਭਾਵੇਂ ਤੁਹਾਡਾ ਜਨਮ ਅਸਥਾਨ ਹੋਵੇ ਜਾਂ ਕੋਈ ਪਰਾਇਆ ਦੇਸ਼। ਆਪਣੀ ਜਨਮ ਭੂਮੀ ਦਾ ਹੇਰਵਾ ਤੁਹਾਡਾ ਖਹਿੜਾ ਮੌਤ ਤੱਕ ਨਹੀਂ ਛੱਡਦਾ। ਤੁਹਾਨੂੰ ਰਾਤ ਦੇ ਸੁਪਨੇ ਆਪਣੀ ਜਨਮ ਭੂਮੀ ਦੇ ਹੀ ਆਉਂਦੇ ਹਨ, ਪਰ ਸਭ ਤੋਂ ਵੱਡਾ ਸੱਚ ਇਹ ਹੈ ਕਿ ਦੁਨੀਆਦਾਰੀ ਨਿਭਾਉਣ ਅਤੇ ਰੋਟੀ-ਰੋਜ਼ੀ ਦੇ ਚੱਕਰਾਂ ਵਿੱਚ ਸਾਨੂੰ, ਤੁਹਾਨੂੰ ਮਨ ਉੱਤੇ ਕਾਬੂ ਪਾਉਣਾ ਹੀ ਪੈਂਦਾ ਹੈ। ਜੇ ਮਨ ਦੇ ਅੱਥਰੇ ਘੋੜੇ ਦੀਆਂ ਲਗਾਮਾਂ ਫੜ ਕੇ ਰੱਖਾਂਗੇ ਤਾਂ ਚਾਰ ਦਿਨ ਸੁੱਖ ਦੇ ਕੱਟ ਲਵੋਗੇ, ਨਹੀਂ ਤਾਂ ਮਾਨਸਿਕ ਰੋਗਾਂ ਦਾ ਸ਼ਿਕਾਰ ਬਣ ਜਾਵੋਗੇ।

# ਨਵੀਂ ਪੀੜ੍ਹੀ ਨੂੰ ਹੁਣ ਸਿਰ.ਫ ਦਰਸ਼ਕ ਸਮਝਣਾ ਠੀਕ ਨਹੀਂ



ਮੁਹੰਮਦ ਅੱਬਾਸ ਧਾਲੀਵਾਲ

ਜਦੋਂ ਭਾਰਤ ਵਿੱਚ ਅੰਦੋਲਨਾਂ ਦੇ ਇਤਿਹਾਸ ’ਤੇ ਝਾਤ ਪਾਉਂਦੇ ਹਾਂ ਤਾਂ ਇਸ ਦਾ ਇਤਿਹਾਸ ਅਨੇਕਾਂ ਵੱਡੇ ਜਨ-ਅੰਦੋਲਨਾਂ ਨਾਲ ਭਰਿਆ ਪਿਆ ਹੈ। ਜਿੱਥੇ ਆਜ਼ਾਦੀ ਤੋਂ ਪਹਿਲਾਂ ਇਸ ਤਰ੍ਹਾਂ ਦੇ ਅੰਦੋਲਨ ਮੁੱਖ ਤੌਰ ’ਤੇ ਬ੍ਰਿਟਿਸ਼ ਰਾਜ ਤੋਂ ਮੁਕਤੀ ਲਈ ਕੀਤੇ ਗਏ ਸਨ, ਉੱਥੇ ਹੀ ਆਜ਼ਾਦੀ ਤੋਂ ਬਾਅਦ ਇਹ ਅੰਦੋਲਨ ਲੋਕਤੰਤਰ, ਸਮਾਜਿਕ ਨਿਆਂ, ਭ੍ਰਿਸ਼ਟਾਚਾਰ ਵਿਰੁੱਧ, ਵਾਤਾਵਰਣ, ਕਿਸਾਨੀ ਅਤੇ ਨਾਗਰਿਕ ਅਧਿਕਾਰਾਂ ਨਾਲ ਜੁੜੇ ਨਜ਼ਰ ਆਏ। ਭਾਰਤ ਦੇ ਇਤਿਹਾਸ ਨੂੰ ਜੇ ਇੱਕ ਲੜੀ ਵਜੋਂ ਦੇਖੀਏ ਤਾਂ ਆਜ਼ਾਦੀ ਅੰਦੋਲਨ ਦਾ ਮਕਸਦ ਵਿਦੇਸ਼ੀ ਹਕੂਮਤ ਤੋਂ ਮੁਕਤੀ ਸੀ, ਜਦਕਿ ਆਜ਼ਾਦ ਭਾਰਤ ਦੇ ਵੱਡੇ ਅੰਦੋਲਨਾਂ ਦਾ ਕੇਂਦਰ ਲੋਕਤੰਤਰ ਦੀ ਮਜ਼ਬੂਤੀ, ਸਮਾਜਿਕ ਨਿਆਂ, ਭ੍ਰਿਸ਼ਟਾਚਾਰ ਵਿਰੋਧ, ਵਾਤਾਵਰਣ, ਨਾਗਰਿਕ ਅਧਿਕਾਰ ਅਤੇ ਆਰਥਿਕ ਹੱਕ ਰਹੇ ਹਨ। ਇਨ੍ਹਾਂ ਅੰਦੋਲਨਾਂ ਨੇ ਭਾਰਤੀ ਲੋਕਤੰਤਰ ਨੂੰ ਸਿਰਫ਼ ਚੋਣਾਂ ਤੱਕ ਸੀਮਿਤ ਨਹੀਂ ਰਹਿਣ ਦਿੱਤਾ, ਸਗੋਂ ਲੋਕਾਂ ਨੂੰ ਆਪਣੀ ਆਵਾਜ਼ ਬੁਲੰਦ ਕਰਨ ਅਤੇ ਸਰਕਾਰਾਂ ਤੋਂ ਜਵਾਬਦੇਹੀ ਮੰਗਣ ਦਾ ਮੌਕਾ ਵੀ ਦਿੱਤਾ।

ਸਮੇਂ ਦੇ ਨਾਲ ਨਾਲ ਇਨ੍ਹਾਂ ਅੰਦੋਲਨਾਂ ਦੇ ਢੰਗ-ਤਰੀਕੇ ਅਤੇ ਸਰੂਪ ਵੀ ਬਦਲਦੇ ਰਹੇ। ਕਦੇ ਇਹ ਅੰਦੋਲਨ ਚੌਕਾਂ ਅਤੇ ਮੈਦਾਨਾਂ ਵਿੱਚ ਨਾਅਰਿਆਂ ਨਾਲ ਜਨਮ ਲੈਂਦੇ ਸਨ, ਕਦੇ ਅਖ਼ਬਾਰਾਂ ਦੇ ਸੰਪਾਦਕੀ ਲੇਖਾਂ ਅਤੇ ਪੈਂਫ਼ਲੈਟਾਂ ਰਾਹੀਂ ਲੋਕਾਂ ਤੱਕ ਪਹੁੰਚਦੇ ਸਨ, ਪਰ ਡਿਜੀਟਲ ਯੁੱਗ ਨੇ ਵਿਰੋਧ ਦੀ ਭਾਸ਼ਾ ਹੀ ਬਦਲ ਦਿੱਤੀ ਹੈ। ਅੱਜ ਇੱਕ ਛੋਟਾ ਜਿਹਾ ਮੀਮ, ਇੱਕ ਵਿਅੰਗਮਈ ਤਸਵੀਰ ਜਾਂ ਕੁਝ ਸਕਿੰਟਾਂ ਦੀ ਵੀਡੀਓ ਹਜ਼ਾਰਾਂ-ਲੱਖਾਂ ਲੋਕਾਂ ਤੱਕ ਪਹੁੰਚ ਕੇ ਇੱਕ ਵੱਡੀ ਸਮਾਜਕ ਚਰਚਾ ਨੂੰ ਜਨਮ ਦੇ ਸਕਦੀ ਹੈ।

CJP ਨਾਲ ਜੁੜੇ ਹਾਲੀਆ ਅੰਦੋਲਨ ਨੇ ਇਸ ਬਦਲ ਰਹੀ ਰਾਜਨੀਤਕ ਅਤੇ ਸਮਾਜਕ ਭਾਸ਼ਾ ਨੂੰ ਇੱਕ ਵਾਰ ਫਿਰ ਸਾਹਮਣੇ ਲਿਆਂਦਾ ਹੈ। ਇਸ ਅੰਦੋਲਨ ਦੀ ਖਾਸੀਅਤ ਇਹ ਰਹੀ ਕਿ ਇਸ ਨੇ ਰਵਾਇਤੀ ਰਾਜਨੀਤਕ ਢਾਂਚਿਆਂ ਦੀ ਬਜਾਏ ਡਿਜੀਟਲ ਪਲੇਟਫਾਰਮਾਂ, ਨੌਜਵਾਨੀ ਦੀ ਰਚਨਾਤਮਕਤਾ ਅਤੇ ਸੋਸ਼ਲ ਮੀਡੀਆ ਦੀ ਤੇਜ਼ ਪਹੁੰਚ ਨੂੰ ਆਪਣੀ ਤਾਕਤ ਬਣਾਇਆ। ਰਿਪੋਰਟਾਂ ਅਨੁਸਾਰ ਅੰਦੋਲਨ ਦਾ ਵਿਸਥਾਰ ਆਨਲਾਈਨ ਪੋਸਟਾਂ, ਰੀਲਜ਼ ਅਤੇ ਲਾਈਵ ਸਟ੍ਰੀਮਾਂ ਰਾਹੀਂ ਹੋਇਆ ਅਤੇ ਇਹ ਸੜਕਾਂ ਤੱਕ ਪਹੁੰਚਿਆ।

ਇਸ ਸੰਦਰਭ ਵਿੱਚ ਜੈੱਨ ਜ਼ੀ ਵਰਗੇ ਡਿਜੀਟਲ ਸਰਗਰਮੀਆਂ ਨਾਲ ਜੁੜੇ ਵਿਅਕਤੀਆਂ ਦੀ ਭੂਮਿਕਾ ਨੂੰ ਸਮਝਣਾ ਵੀ ਜ਼ਰੂਰੀ ਹੈ। ਜੇਕਰ ਕਿਸੇ ਅੰਦੋਲਨ ਦਾ ਸੰਦੇਸ਼ ਸਿਰਫ਼ ਰਵਾਇਤੀ ਭਾਸ਼ਣਾਂ ਅਤੇ ਮੰਚਾਂ ਤੱਕ ਸੀਮਿਤ ਰਹੇ ਤਾਂ ਉਸ ਦੀ ਪਹੁੰਚ ਇੱਕ ਨਿਸਚਿਤ ਵਰਗ ਤੱਕ ਰਹਿ ਸਕਦੀ ਹੈ, ਪਰ ਜਦੋਂ ਉਹੀ ਗੱਲ ਇੱਕ ਪ੍ਰਭਾਵਸ਼ਾਲੀ ਮੀਮ, ਵਿਅੰਗ ਜਾਂ ਦ੍ਰਿਸ਼-ਸੰਦੇਸ਼ ਦੇ ਰੂਪ ਵਿੱਚ ਸਾਹਮਣੇ ਆਉਂਦੀ ਹੈ ਤਾਂ ਉਹ ਨੌਜਵਾਨ ਪੀੜ੍ਹੀ ਦੀ ਭਾਸ਼ਾ ਬਣ ਜਾਂਦੀ ਹੈ।

ਜੈੱਨ ਜ਼ੀ ਦੁਆਰਾ ਬਣਾਏ ਗਏ ਮੀਮਜ਼ ਦੀ ਮਹੱਤਤਾ ਨੂੰ ਵੀ ਇਸੇ ਪ੍ਰਸੰਗ ਵਿੱਚ ਦੇਖਿਆ ਜਾਣਾ ਚਾਹੀਦਾ ਹੈ। ਮੀਮ ਸਿਰਫ਼ ਹਾਸੇ-ਮਜ਼ਾਕ ਦਾ ਸਾਧਨ ਨਹੀਂ ਰਹੇ, ਇਹ ਅੱਜ ਦੇ ਸਮੇਂ ਵਿੱਚ ਰਾਜਨੀਤਕ ਵਿਅੰਗ, ਸਮਾਜਕ ਆਲੋਚਨਾ ਅਤੇ ਜਨਮਤ ਬਣਾਉਣ ਦਾ ਇੱਕ ਪ੍ਰਭਾਵਸ਼ਾਲੀ ਮਾਧਿਅਮ ਬਣ ਚੁੱਕੇ ਹਨ।

CJP ਅੰਦੋਲਨ ਦੇ ਸੰਦਰਭ ਵਿੱਚ ਮੀਮਾਂ ਨੇ ਇੱਕ ਹੋਰ ਮਹੱਤਵਪੂਰਨ ਕੰਮ ਕੀਤਾ—ਉਨ੍ਹਾਂ ਨੇ ਜਟਿਲ ਮੁੱਦਿਆਂ ਨੂੰ ਆਮ ਨੌਜਵਾਨ ਦੀ ਸਮਝ ਵਾਲੀ ਭਾਸ਼ਾ ਵਿੱਚ ਤਬਦੀਲ ਕੀਤਾ। ਪੇਪਰ ਲੀਕ, ਪ੍ਰੀਖਿਆ ਪ੍ਰਣਾਲੀ ਦੀ ਭਰੋਸੇਯੋਗਤਾ, ਰੁਜ਼ਗਾਰ ਦੀ ਕਮੀ ਅਤੇ ਸਰਕਾਰੀ ਜਵਾਬਦੇਹੀ ਵਰਗੇ ਗੰਭੀਰ ਸਵਾਲਾਂ ਨੂੰ ਡਿਜੀਟਲ ਹਾਸੇ ਅਤੇ ਵਿਅੰਗ ਰਾਹੀਂ ਵੱਡੇ ਪੱਧਰ ’ਤੇ ਚਰਚਾ ਦਾ ਹਿੱਸਾ ਬਣਾਇਆ ਗਿਆ। ਮੀਮ ਦੀ ਤਾਕਤ ਇਹ ਹੈ ਕਿ ਉਹ ਇੱਕੋ ਸਮੇਂ ਮਨੋਰੰਜਨ ਵੀ ਕਰਦਾ ਹੈ ਅਤੇ ਸੋਚਣ ਲਈ ਮਜਬੂਰ ਵੀ ਕਰਦਾ ਹੈ।

ਪਰ ਇੱਥੇ ਇੱਕ ਗੰਭੀਰ ਸਵਾਲ ਵੀ ਖੜ੍ਹਾ ਹੁੰਦਾ ਹੈ। ਕੀ ਮੀਮ ਕਿਸੇ ਲੋਕਤੰਤਰਕ ਅੰਦੋਲਨ ਦਾ ਬਦਲ ਹੋ ਸਕਦਾ ਹੈ? ਜਵਾਬ ਹੈ—ਨਹੀਂ। ਮੀਮ ਅੰਦੋਲਨ ਦੀ ਆਵਾਜ਼ ਨੂੰ ਤੇਜ਼ ਕਰ ਸਕਦਾ ਹੈ, ਪਰ ਅੰਦੋਲਨ ਦੀ ਬੁਨਿਆਦ ਨਹੀਂ ਬਣ ਸਕਦਾ। ਅਸਲ ਬਦਲਾਅ ਲਈ ਵਿਚਾਰ, ਸੰਗਠਨ, ਤੱਥ, ਜਨ-ਭਾਗੀਦਾਰੀ ਅਤੇ ਲੰਮੀ ਮਿਆਦ ਦੀ ਨੀਤੀ ਲੋੜੀਂਦੀ ਹੁੰਦੀ ਹੈ। ਸੋਸ਼ਲ ਮੀਡੀਆ ਲੋਕਾਂ ਨੂੰ ਇਕੱਠਾ ਕਰ ਸਕਦਾ ਹੈ, ਪਰ ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਜ਼ਮੀਨੀ ਪੱਧਰ ’ਤੇ ਸੰਵਾਦ ਅਤੇ ਜਵਾਬਦੇਹੀ ਵੀ ਲਾਜ਼ਮੀ ਹੈ।

ਇਸ ਅੰਦੋਲਨ ਦਾ ਇੱਕ ਹੋਰ ਪੱਖ ਵੀ ਧਿਆਨਯੋਗ ਹੈ। ਨੌਜਵਾਨ ਪੀੜ੍ਹੀ ਹੁਣ ਸਿਰਫ਼ ਰਾਜਨੀਤਕ ਪਾਰਟੀਆਂ ਦੀਆਂ ਰਵਾਇਤੀ ਘੋਸ਼ਣਾਵਾਂ ਸੁਣਨ ਵਾਲੀ ਪੀੜ੍ਹੀ ਨਹੀਂ ਰਹੀ, ਉਹ ਸਵਾਲ ਕਰਦੀ ਹੈ, ਤੱਥ ਜਾਂਚਦੀ ਹੈ, ਵਿਅੰਗ ਕਰਦੀ ਹੈ ਅਤੇ ਆਪਣੀ ਗੱਲ ਖੁਦ ਪ੍ਰਸਾਰਤ ਕਰਦੀ ਹੈ। ਇਹ ਬਦਲਾਅ ਭਾਰਤੀ ਲੋਕਤੰਤਰ ਲਈ ਇੱਕ ਵੱਡਾ ਸੰਕੇਤ ਹੈ।

ਜੈੱਨ ਜ਼ੀ ਦੀ ਭੂਮਿਕਾ ਨੂੰ ਵੀ ਇਸੇ ਵੱਡੇ ਬਦਲਾਅ ਦੇ ਇੱਕ ਹਿੱਸੇ ਵਜੋਂ ਦੇਖਿਆ ਜਾ ਸਕਦਾ ਹੈ। ਜੇ ਉਨ੍ਹਾਂ ਦੇ ਮੀਮਜ਼ ਨੇ ਲੋਕਾਂ ਵਿੱਚ ਚਰਚਾ ਪੈਦਾ ਕੀਤੀ, ਨੌਜਵਾਨਾਂ ਨੂੰ ਮੁੱਦਿਆਂ ਨਾਲ ਜੋੜਿਆ ਅਤੇ ਅੰਦੋਲਨ ਦੇ ਸੰਦੇਸ਼ ਨੂੰ ਵਿਆਪਕ ਪੱਧਰ ’ਤੇ ਪਹੁੰਚਾਇਆ, ਤਾਂ ਇਹ ਡਿਜੀਟਲ ਸਰਗਰਮੀ ਦੀ ਇੱਕ ਮਹੱਤਵਪੂਰਨ ਮਿਸਾਲ ਹੈ, ਪਰ ਅਜਿਹੀ ਸਰਗਰਮੀ ਦੀ ਸਫਲਤਾ ਸਿਰਫ਼ ਵਾਇਰਲ ਹੋਣ ਨਾਲ ਨਹੀਂ ਮਾਪੀ ਜਾਣੀ ਚਾਹੀਦੀ। ਅਸਲ ਸਫਲਤਾ ਤਦ ਹੈ, ਜਦੋਂ ਵਾਇਰਲ ਸਮੱਗਰੀ ਲੋਕਾਂ ਨੂੰ ਤੱਥਾਂ ਵੱਲ ਲੈ ਜਾਵੇ, ਸਵਾਲ ਪੁੱਛਣ ਲਈ ਪ੍ਰੇਰਿਤ ਕਰੇ ਅਤੇ ਲੋਕਤੰਤਰਕ ਸੰਵਾਦ ਨੂੰ ਮਜ਼ਬੂਤ ਬਣਾਏ।

ਇਸ ਦੇ ਨਾਲ ਹੀ ਮੀਮ-ਸੱਭਿਆਚਾਰ ਦੇ ਖ਼ਤਰਿਆਂ ਨੂੰ ਵੀ ਅਣਡਿੱਠ ਨਹੀਂ ਕੀਤਾ ਜਾ ਸਕਦਾ। ਇੱਕ ਮੀਮ ਜਿੰਨੀ ਤੇਜ਼ੀ ਨਾਲ ਸੱਚੀ ਗੱਲ ਫੈਲਾ ਸਕਦਾ ਹੈ, ਓਨੀ ਹੀ ਤੇਜ਼ੀ ਨਾਲ ਗਲਤ ਜਾਣਕਾਰੀ ਵੀ ਫੈਲਾ ਸਕਦਾ ਹੈ। ਵਿਅੰਗ ਅਤੇ ਤੱਥ ਵਿੱਚ ਫ਼ਰਕ ਮਿਟਣ ਲੱਗੇ ਤਾਂ ਜਨਮਤ ਭਰਮਿਤ ਹੋ ਸਕਦਾ ਹੈ। ਇਸ ਲਈ ਡਿਜੀਟਲ ਐਕਟਿਵਿਜ਼ਮ ਵਿੱਚ ਜ਼ਿੰਮੇਵਾਰੀ, ਤੱਥ-ਜਾਂਚ ਅਤੇ ਸੰਵਿਧਾਨਕ ਮਰਿਆਦਾ ਬਹੁਤ ਜ਼ਰੂਰੀ ਹਨ। ਖੋਜ ਵੀ ਇਹ ਦਰਸਾਉਂਦੀ ਹੈ ਕਿ ਮੀਮ ਰਾਜਨੀਤਕ ਭਾਵਨਾਵਾਂ ਅਤੇ ਜਨਤਕ ਚਰਚਾ ਨੂੰ ਪ੍ਰਭਾਵਤ ਕਰਨ ਦੀ ਸਮਰੱਥਾ ਰੱਖਦੇ ਹਨ, ਪਰ ਇਹੀ ਮਾਧਿਅਮ ਗਲਤ ਜਾਣਕਾਰੀ ਅਤੇ ਨਫ਼ਰਤ ਫੈਲਾਉਣ ਲਈ ਵੀ ਵਰਤਿਆ ਜਾ ਸਕਦਾ ਹੈ।

ਅੱਜ ਭਾਰਤ ਵਿੱਚ ਜਿਹੜੀ ਨਵੀਂ ਡਿਜੀਟਲ ਰਾਜਨੀਤਕ ਭਾਸ਼ਾ ਉਭਰ ਰਹੀ ਹੈ, ਉਸ ਨੂੰ ਹਲਕੇ ਵਿੱਚ ਲੈਣਾ ਇੱਕ ਵੱਡੀ ਭੁੱਲ ਹੋਵੇਗੀ। ਮੀਮ, ਰੀਲ੍ਹ ਅਤੇ ਛੋਟੀ ਵੀਡੀਓ ਹੁਣ ਸਿਰਫ਼ ਮਨੋਰੰਜਨ ਦੇ ਸਾਧਨ ਨਹੀਂ ਰਹੇ, ਇਹ ਜਨ-ਚੇਤਨਾ, ਵਿਰੋਧ ਅਤੇ ਰਾਜਨੀਤਕ ਸੰਵਾਦ ਦੇ ਨਵੇਂ ਮਾਧਿਅਮ ਬਣ ਚੁੱਕੇ ਹਨ। 3●♦ ਅੰਦੋਲਨ ਨੇ ਇਸ ਹਕੀਕਤ ਨੂੰ ਹੋਰ ਸਪੱਸ਼ਟ ਕੀਤਾ ਹੈ।

ਸਵਾਲ ਇਹ ਨਹੀਂ ਕਿ ਮੀਮ ਕਿੰਨੇ ਵਾਇਰਲ ਹੋਏ। ਅਸਲ ਸਵਾਲ ਇਹ ਹੈ ਕਿ ਉਨ੍ਹਾਂ ਸਮਾਜ ਨੂੰ ਕਿੰਨਾ ਜਗਾਇਆ? ਕੀ ਉਨ੍ਹਾਂ ਨੌਜਵਾਨਾਂ ਨੂੰ ਸਿਰਫ਼ ਹਸਾਇਆ ਜਾਂ ਸੋਚਣ ਲਈ ਵੀ ਮਜਬੂਰ ਕੀਤਾ? ਕੀ ਉਨ੍ਹਾਂ ਸਿਰਫ਼ ਕਿਸੇ ਵਿਅਕਤੀ ਜਾਂ ਸਰਕਾਰ ਦੀ ਆਲੋਚਨਾ ਕੀਤੀ ਜਾਂ ਪ੍ਰਣਾਲੀ ਨੂੰ ਬਿਹਤਰ ਬਣਾਉਣ ਲਈ ਕੋਈ ਰਚਨਾਤਮਕ ਸੰਵਾਦ ਵੀ ਖੜ੍ਹਾ ਕੀਤਾ?

ਇਹੀ ਉਹ ਬਿੰਦੂ ਹੈ, ਜਿੱਥੇ ਜੈੱਨ ਜੀ ਵਰਗੇ ਡਿਜੀਟਲ ਸਿਰਜਣਹਾਰਾਂ ਦੀ ਜ਼ਿੰਮੇਵਾਰੀ ਵਧ ਜਾਂਦੀ ਹੈ। ਜੇ ਮੀਮ ਨੂੰ ਸਿਰਫ਼ ਮਜ਼ਾਕ ਦੀ ਹੱਦ ਤੋਂ ਕੱਢ ਕੇ ਜਨ-ਚੇਤਨਾ ਦਾ ਸਾਧਨ ਬਣਾਇਆ ਜਾਵੇ, ਤਾਂ ਇਹ ਲੋਕਤੰਤਰ ਵਿੱਚ ਇੱਕ ਨਵੀਂ ਕਿਸਮ ਦੀ ਲੋਕ-ਭਾਸ਼ਾ ਬਣ ਸਕਦਾ ਹੈ, ਪਰ ਜੇ ਇਸ ਦੀ ਥਾਂ ਤੱਥਾਂ ਦੀ ਜਗ੍ਹਾ ਅਫ਼ਵਾਹ, ਤਰਕ ਦੀ ਜਗ੍ਹਾ ਨਫ਼ਰਤ ਅਤੇ ਸੰਵਾਦ ਦੀ ਜਗ੍ਹਾ ਧਰੁਵੀਕਰਨ ਲੈ ਲਵੇ, ਤਾਂ ਇਹੀ ਤਾਕਤ ਲੋਕਤੰਤਰ ਲਈ ਚੁਣੌਤੀ ਵੀ ਬਣ ਸਕਦੀ ਹੈ।

CJP ਅੰਦੋਲਨ ਦੀ ਸਭ ਤੋਂ ਵੱਡੀ ਸਿੱਖਿਆ ਸ਼ਾਇਦ ਇਹ ਹੈ ਕਿ ਭਾਰਤ ਦੀ ਨਵੀਂ ਪੀੜ੍ਹੀ ਨੂੰ ਹੁਣ ਸਿਰਫ਼ ਦਰਸ਼ਕ ਸਮਝਣਾ ਠੀਕ ਨਹੀਂ। ਉਹ ਆਪਣੀ ਭਾਸ਼ਾ ਵਿੱਚ ਸਵਾਲ ਕਰ ਰਹੀ ਹੈ, ਆਪਣੇ ਮਾਧਿਅਮ ਬਣਾਉਂਦੀ ਹੈ ਅਤੇ ਆਪਣੇ ਢੰਗ ਨਾਲ ਜਨਮਤ ਨੂੰ ਪ੍ਰਭਾਵਤ ਕਰ ਰਹੀ ਹੈ।

ਬੀਤੇ ਦਿਨੀਂ ਦਿੱਲੀ ਦੇ ਜੰਤਰ ਮੰਤਰ ਵਿਖੇ ਹੋਏ ਜੈੱਨ ਜ਼ੀ ਅੰਦੋਲਨ ਨੇ ਵੱਡੇ-ਵੱਡੇ ਤਥਾ ਕਥਿਤ ਵਿਸ਼ਵ-ਵਿਆਪੀ ਆਗੂਆਂ ਦੇ ਬਹੁਤ ਸਾਰੇ ਭਰਮ-ਭੁਲੇਖੇ ਦੂਰ ਕਰ ਦਿੱਤੇ ਅਤੇ ਇਹ ਵੀ ਸਾਬਤ ਕਰ ਦਿੱਤਾ ਕਿ ਅਸਲ ਤਾਕਤ ਜਨਤਾ ਵਿੱਚ ਹੁੰਦੀ ਹੈ।

ਸੰਪਰਕ : 98552-59650

# ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਸੁਨਾਮ 'ਚ ਕਰਵਾਇਆ ਜਾਵੇਗਾ ਰਾਜ ਪੱਧਰੀ ਸਮਾਗਮ : ਅਮਨ ਅਰੋੜਾ

**ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਰਨਗੇ ਸਮਾਗਮ ਦੀ ਅਗਵਾਈ, ਪੰਜਾਬ ਭਰ ਤੋਂ ਹਜ਼ਾਰਾਂ ਲੋਕ ਹੋਣਗੇ ਸ਼ਾਮਲ**



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਸੋਮਵਾਰ ਕਿਹਾ ਕਿ ਮਹਾਨ ਸੁਤੰਤਰਤਾ ਸੈਨਾਨੀ ਤੇ ਅਮਰ ਸ਼ਹੀਦ ਸ੍ਰ. ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਰਾਜ ਪੱਧਰੀ ਸ਼ਹੀਦੀ ਸਮਾਗਮ 31 ਜੁਲਾਈ ਨੂੰ ਸੁਨਾਮ ਦੀ ਅਨਾਜ ਮੰਡੀ ਵਿਖੇ ਪੂਰੀ ਸ਼ਰਧਾ, ਸਤਿਕਾਰ ਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਤੇ ਸਮਾਗਮ ਇਤਿਹਾਸਕ ਅਤੇ ਯਾਦਗਾਰੀ ਹੋਵੇਗਾ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਇਸ ਰਾਜ ਪੱਧਰੀ ਸਮਾਗਮ ਦੀ ਅਗਵਾਈ ਕਰਨਗੇ।ਉਨ੍ਹਾਂ ਨਾਲ ਪੰਜਾਬ ਮੰਤਰੀ ਮੰਡਲ ਦੇ ਮੈਂਬਰ, ਵਿਧਾਇਕ, ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ, ਸਮਾਜਿਕ, ਧਾਰਮਿਕ ਤੇ ਰਾਜਨੀਤਕ ਆਗੂ ਵੀ ਹਾਜ਼ਰ ਰਹਿਣਗੇ।ਇਸ ਮੌਕੇ ਪੰਜਾਬ ਦੇ ਹਰ ਵਰਗ ਨਾਲ ਸੰਬੰਧਤ ਹਜ਼ਾਰਾਂ ਲੋਕ ਮਹਾਨ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਸੁਨਾਮ ਪਹੁੰਚਣਗੇ।

ਸ੍ਰੀ ਅਰੋੜਾ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਦਾ ਜੀਵਨ ਦੇਸ਼ਭਗਤੀ, ਬਹਾਦਰੀ ਤੇ ਕੁਰਬਾਨੀ ਦੀ ਅਦੁੱਤੀ ਮਿਸਾਲ ਹੈ।ਜਲ੍ਹਿਆਂਵਾਲਾ ਬਾਗ ਦੇ ਸ਼ਹੀਦਾਂ ਦਾ ਬਦਲਾ ਲੈ ਕੇ ਉਨ੍ਹਾਂ ਨੇ ਭਾਰਤ ਦੀ ਆਜ਼ਾਦੀ ਦੀ ਲੜਾਈ ਨੂੰ ਨਵੀਂ ਦਿਸ਼ਾ ਦਿੱਤੀ।ਉਨ੍ਹਾਂ ਕਿਹਾ ਕਿ ਅੱਜ ਅਸੀਂ ਜਿਸ ਆਜ਼ਾਦ ਫ਼ਿਜ਼ਾ ਵਿੱਚ ਸਾਹ ਲੈ ਰਹੇ ਹਾਂ, ਉਹ ਅਜਿਹੇ ਮਹਾਨ ਸ਼ਹੀਦਾਂ ਦੀਆਂ ਬੇਮਿਸਾਲ ਕੁਰਬਾਨੀਆਂ ਦਾ ਹੀ ਨਤੀਜਾ ਹੈ।ਪੰਜਾਬ ਸਰਕਾਰ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਮਹਾਨ ਸ਼ਹੀਦਾਂ ਦੇ ਇਤਿਹਾਸ ਤੇ ਆਦਰਸ਼ਾਂ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ।ਇਸ ਮੌਕੇ ਕੈਬਨਿਟ ਮੰਤਰੀ ਨੇ 31 ਜੁਲਾਈ ਨੂੰ ਹੋਣ ਵਾਲੇ ਰਾਜ ਪੱਧਰੀ ਸ਼ਹੀਦੀ ਸਮਾਗਮ ਦਾ ਅਧਿਕਾਰਤ ਪੋਸਟਰ ਜਾਰੀ ਕੀਤਾ ਤੇ ਸਮੂਹ ਪੰਜਾਬ ਵਾਸੀਆਂ ਨੂੰ ਆਪਣੇ ਪਰਿਵਾਰਾਂ ਸਮੇਤ ਸੁਨਾਮ ਦੀ ਅਨਾਜ ਮੰਡੀ ਵਿਖੇ ਪਹੁੰਚ ਕੇ ਮਹਾਨ ਸ਼ਹੀਦ ਊਧਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਤੇ ਉਨ੍ਹਾਂ ਦੇ ਆਦਰਸ਼ਾਂ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ।ਇਸ ਮੌਕੇ ਕੰਬੋਜ ਭਾਈਚਾਰੇ ਦੇ ਨੁਮਾਇੰਦੇ ਜਗਦੀਪ ਸਿੰਘ ਮਹਰੋਕ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਆਮਦ ਸਬੰਧੀ ਸਾਰੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।

ਜਗਦੀਪ ਸਿੰਘ ਮਹਿਰੋਕ, ਹਰਜਿੰਦਰ ਸਿੰਘ ਹਾਂਡਾ ਸਪੋਕਸਮੈਨ ਕੰਬੋਜ ਫਾਊਂਡੇਸ਼ਨ ਤੇ ਹਰਦਿਆਲ ਸਿੰਘ ਕੰਬੋਜ ਮੀਤ ਪ੍ਰਧਾਨ ਕੰਬੋਜ ਫਾਊਂਡੇਸ਼ਨ ਦੀ ਅਗਵਾਈ ਵਿੱਚ ਪੋਸਟਰ ਰਿਲੀਜ਼ ਮੌਕੇ ਗਿਆਨੀ ਜੰਗੀਰ ਸਿੰਘ ਰਤਨ, ਕੇਸਰ ਸਿੰਘ ਢੋਟ, ਰਿਪੀ ਐਮ.ਸੀ. ਬਿੱਟੂ ਐਮ.ਸੀ. ਪ੍ਰਤਿਪਾਲ ਸਿੰਘ ਕਾਲਾ ਐਮ. ਸੀ. ਪ੍ਰਭਸ਼ਰਨ ਸਿੰਘ ਬੱਬੂ ਸਾਬਕਾ ਐਮ.ਸੀ., ਸਰਪੰਚ ਜਗਤਾਰ ਸਿੰਘ, ਡਾ. ਮਲਕੀਤ ਸਿੰਘ, ਦਰਸ਼ਨ ਸਿੰਘ ਮਹਰੋਕ, ਰਘਵੀਰ ਸਿੰਘ ਜੋਸ਼ਨ, ਨਰਿੰਦਰ ਸਿੰਘ, ਕਾਲਾ ਨੂਗਰੀ ਤੇ ਗੁਰਪ੍ਰੀਤ ਢੋਟ ਹਾਜ਼ਰ ਸਨ।

# ਵਿਦਿਆਰਥੀ ਸੰਘਰਸ਼ ਦੀ ਜਿੱਤ 'ਚ ਕਿਸਾਨ ਰੈਲੀ ਤੇ ਮੁਜ਼ਾਹਰਾ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਨੀਟ ਪੇਪਰ ਘੁਟਾਲੇ ਖਿਲਾਫ ਜੰਤਰ ਮੰਤਰ 'ਤੇ ਹੋਏ ਵਿਦਿਆਰਥੀ ਸੰਘਰਸ਼ ਦੀ ਜਿੱਤ ਨੂੰ ਮੁਬਾਰਕ ਕਹਿਣ ਤੇ ਵਾਅਦਾ ਕੀਤੇ ਮੁੱਦਿਆਂ 'ਤੇ ਵਿਦਿਆਰਥੀ ਸੰਘਰਸ਼ ਚੌਕਸੀ ਕਾਇਮ ਰੱਖਣ ਦਾ ਸੰਦੇਸ਼ ਦੇਣ ਲਈ ਬੀਕੇਯੂ ਏਕਤਾ (ਉਗਰਾਹਾਂ) ਵੱਲੋਂ ਪੰਜਾਬ ਦੇ ਜ਼ਿਲ੍ਹਾ ਕੇਂਦਰਾਂ 'ਤੇ ਵੱਡੀਆਂ ਜਨਤਕ ਰੈਲੀਆਂ ਤੇ ਮੁਜ਼ਾਹਰਾ ਕਰਨ ਦੇ ਦਿੱਤੇ ਸੱਦੇ ਤਹਿਤ ਜ਼ਿਲ੍ਹਾ ਬਠਿੰਡਾ ਵੱਲੋਂ ਮਿੰਨੀ ਸਕੱਤਰੇਤ ਅੱਗੇ ਰੈਲੀ ਕਰਨ ਤੋਂ ਬਾਅਦ ਸ਼ਹਿਰ ਵਿੱਚ ਮੁਜ਼ਾਹਰਾ ਕੀਤਾ ਗਿਆ।ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਸ਼ਿੰਗਾਰਾ ਸਿੰਘ ਮਾਨ, ਜਨਰਲ ਸਕੱਤਰ ਹਰਜਿੰਦਰ ਸਿੰਘ ਬੱਗੀ ਤੇ ਔਰਤ ਆਗੂ ਹਰਪ੍ਰੀਤ ਕੌਰ ਜੇਠੂਕੇ ਨੇ ਕਿਹਾ ਕਿ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਮੰਨਵਾਉਣ ਰਾਹੀਂ ਵਿਦਿਆਰਥੀ ਅੰਦੋਲਨ ਨੇ ਅਹਿਮ ਮੁਢਲੀ ਜਿੱਤ ਹਾਸਲ ਕੀਤੀ ਹੈ, ਪਰ ਨਾਲ ਹੀ ਜਥੇਬੰਦੀ ਨੇ ਵਿਦਿਆਰਥੀ ਵਰਗ ਨੂੰ ਸੁਚੇਤ ਕਰਦਿਆਂ ਕਿਹਾ ਕਿ ਹਕੂਮਤੀ ਕਿਰਦਾਰ ਤੇ ਵਿਹਾਰ ਨੂੰ ਯਾਦ ਰੱਖਿਆ ਜਾਣਾ ਚਾਹੀਦਾ ਹੈ, ਦਰਜ ਹੋਏ ਕੇਸ ਰੱਦ ਕਰਵਾਉਣ ਤੇ ਮੁਆਵਜ਼ਾ ਹਾਸਲ ਕਰਨ ਲਈ ਸੰਘਰਸ਼ ਚੌਕਸੀ ਦੀ ਲੋੜ ਪੈਣੀ ਹੈ ਕਿਉਂਕਿ ਸਰਕਾਰਾਂ ਮਗਰੋਂ ਝੂਠੇ ਕੇਸ ਵਾਪਸ ਲੈਣ ਤੋਂ ਵੀ ਭੱਜਦੀਆਂ ਆਈਆਂ ਹਨ ਤੇ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕਰਨ ਤੋਂ ਵੀ ਟਾਲਾ ਵੱਟਿਆ ਜਾਂਦਾ ਰਿਹਾ ਹੈ।ਇਸ ਲਈ ਵਿਦਿਆਰਥੀ ਵਰਗ ਨੂੰ ਅਵੇਸਲੇ ਹੋਣ ਦੀ ਥਾਂ ਚੇਤਨ ਪਹਿਰੇਦਾਰੀ ਕਰਨੀ ਚਾਹੀਦੀ ਹੈ।ਕੁਝ ਖੇਤਰਾਂ 'ਚ ਵਿਦਿਆਰਥੀਆਂ ਨਾਲ ਹੋ ਰਹੇ ਸਲੂਕ ਦੀਆਂ ਖ਼ਬਰਾਂ ਵੀ ਹਕੂਮਤ ਦੀ ਨੀਯਤ ਦੇ ਸੰਕੇਤ ਦੇ ਰਹੀਆਂ ਹਨ ਕਿ ਇਹ ਹਕੂਮਤ ਵਿਦਿਆਰਥੀ ਨੂੰ ਸਬਕ ਸਿਖਾਉਣ ਦੇ ਮਨਸੂਬੇ ਪਾਲ ਰਹੀ ਹੈ, ਇਸ ਦਾ ਜਵਾਬ ਦੇਣ ਲਈ ਵਿਦਿਆਰਥੀ ਵਰਗ ਨੂੰ ਏਕਾ ਕਾਇਮ ਰੱਖਣ ਦੀ ਲੋੜ ਹੈ।ਅੱਜ ਦੇ ਇਕੱਠ ਵਿੱਚ ਪੰਜਾਬ ਸਰਕਾਰ ਵੱਲੋਂ ਸਫਾਈ ਕਰਮਚਾਰੀਆਂ, ਮਨਰੇਗਾ ਕਰਮਚਾਰੀਆਂ ਤੇ ਹੋਰਨਾਂ ਮਿਹਨਤਕਸ਼ ਵਰਗਾਂ ਦੇ ਸੰਘਰਸ਼ਾਂ ਨੂੰ ਕੁਚਲਣ ਲਈ ਕੀਤੇ ਜਾ ਰਹੇ ਜਬਰ ਦੀ ਸਖ਼ਤ ਨਿੰਦਾ ਕੀਤੀ ਗਈ।ਸਫ਼ਾਈ ਕਰਮਚਾਰੀਆਂ ਵੱਲੋਂ 30 ਜੁਲਾਈ ਨੂੰ ਪੰਜਾਬ ਬੰਦ ਦੇ ਦਿੱਤੇ ਗਏ ਸੱਦੇ ਦਾ ਸਮਰਥਨ ਕਰਨ ਦਾ ਐਲਾਨ ਕੀਤਾ ਗਿਆ।ਅੱਜ ਦੇ ਇਕੱਠ ਨੂੰ ਉਪਰੋਕਤ ਬੁਲਾਰਿਆਂ ਤੋਂ ਇਲਾਵਾ ਜਗਦੇਵ ਸਿੰਘ ਜੋਗੇਵਾਲਾ, ਜਗਸੀਰ ਸਿੰਘ ਝੁੰਬਾ, ਨਛੱਤਰ ਸਿੰਘ ਢੱਡੇ, ਮਾਲਣ ਕੌਰ ਕੋਠਾ ਗੁਰੂ, ਹਰਪ੍ਰੀਤ ਕੌਰ ਜੇਠੂਕੇ, ਸੁਖਜੀਤ ਕੌਰ ਚੱਕ ਫਤਿਹ ਸਿੰਘ ਵਾਲਾ, ਰਾਮ ਸਿੰਘ ਕੋਟਗੁਰੂ, ਜਸਪਾਲ ਸਿੰਘ ਕੋਠਾ ਗੁਰੂ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ, ਪੀਐਸਯੂ (ਸ਼ਹੀਦ ਰੰਧਾਵਾ) ਦੇ ਆਗੂ ਬਿੰਦਰ ਸਿੰਘ ਬਠਿੰਡਾ ਨੇ ਵੀ ਸੰਬੋਧਨ ਕੀਤਾ।

## ਭੋਗ 'ਤੇ ਵਿਸ਼ੇਸ਼

# ਲੋਕ-ਪੱਖੀ ਕੰਮਾਂ 'ਚ ਸਰਗਰਮੀ ਨਾਲ ਹਿੱਸਾ ਲੈਂਦੇ ਸਨ ਮੁਖਤਿਆਰ ਸਿੰਘ



ਲਗਭਗ 83 ਵਰ੍ਹੇ ਪਹਿਲਾਂ ਕਿਰਤੀ ਪਰਿਵਾਰ, ਨਾਨਕ ਸਿੰਘ ਦੇ ਘਰ ਮਾਤਾ ਹਰਨਾਮ ਕੌਰ ਦੀ ਕੁੱਖੋਂ ਛੇ ਭੈਣਾਂ ਦੇ ਇਕਲੌਤੇ ਭਰਾ ਮੁਖਤਿਆਰ ਸਿੰਘ ਦਾ ਜਨਮ ਜ਼ਿਲ੍ਹਾ ਮਾਨਸਾ ਦੇ ਪਿੰਡ ਬੀਰ ਖ਼ੁਰਦ ਵਿਖੇ ਹੋਇਆ।ਪਿਤਾ ਨਾਨਕ ਸਿੰਘ ਉਸ ਸਮੇਂ ਗਦਰ ਲਹਿਰ ਤੋਂ ਪ੍ਰਭਾਵਿਤ ਹੋ ਕੇ ਸਮੇਂ ਦੀ ਹਕੂਮਤ ਖ਼ਿਲਾਫ਼ ਡੱਟ ਕੇ ਪਹਿਰਾ ਦਿੰਦੇ ਹੋਏ ਲੋਕ ਪੱਖੀ ਕੰਮਾਂ 'ਚ ਵੀ ਸਰਗਰਮੀ ਨਾਲ ਹਿੱਸਾ ਲੈਂਦੇ ਸਨ।1952 ਦੀਆਂ ਪਹਿਲੀਆਂ ਗ੍ਰਾਮ ਪੰਚਾਇਤ ਚੋਣਾਂ ਸਮੇਂ ਉਨ੍ਹਾਂ ਨੂੰ ਸਰਬਸੰਮਤੀ ਨਾਲ ਪੰਚ ਚੁਣਿਆ ਗਿਆ।ਮੁਖਤਿਆਰ ਸਿੰਘ ਨੇ ਮੁੱਢਲੀ ਸਿੱਖਿਆ ਭੀਖੀ ਦੇ ਪ੍ਰਾਇਮਰੀ ਸਕੂਲ ਤੋਂ ਪ੍ਰਾਪਤ ਕੀਤੀ ਤੇ ਆਪਣੇ ਪਿਤਾ ਤੋਂ ਪ੍ਰਭਾਵਿਤ ਹੋ ਕੇ ਸਕੂਲ ਸਮੇਂ ਹੀ ਖੱਬੇ ਪੱਖੀ ਨੌਜਵਾਨ ਜਥੇਬੰਦੀ ਦਾ ਮੈਂਬਰ ਬਣ ਗਿਆ।ਉਨ੍ਹਾਂ ਦੀ ਸ਼ਾਦੀ ਵਰ੍ਹੇ ਪਿੰਡ ਦੀ ਸੁਰਜੀਤ ਕੌਰ ਨਾਲ ਹੋਈ ਤੇ ਉਨ੍ਹਾਂ ਦੇ 6 ਧੀਆਂ ਤੇ ਦੋ ਪੁੱਤਰ ਕਰਮ ਸਿੰਘ ਤੇ ਦਰਸ਼ਨ ਸਿੰਘ ਪੈਦਾ ਹੋਏ।ਬੇਸ਼ੱਕ ਵੱਡੇ ਪਰਿਵਾਰ ਤੇ ਗਰੀਬੀ ਨੇ ਹਰ ਤਰ੍ਹਾਂ ਦੀਆਂ ਮੁਸ਼ਕਲਾਂ ਤਾਂ ਬਹੁਤ ਪੈਦਾ ਕੀਤੀਆਂ, ਪ੍ਰੰਤੂ ਉਨ੍ਹਾਂ ਦੇ ਹੌਸਲੇ ਤੇ ਮਿਹਨਤ ਸਾਹਮਣੇ ਸਭ ਕੁੱਝ ਸੁਹਾਵਣਾ ਜਾਪਿਆ।

1978 ਸਮੇਂ ਪੰਚਾਇਤ ਮੈਂਬਰ ਬਣੇ, ਪੰਜਾਬ ਦੇ ਕਾਲੇ ਦੌਰ ਤੋਂ ਬਾਅਦ 1993 ਦੌਰਾਨ ਹੋਈਆਂ ਪੰਚਾਇਤੀ ਚੋਣਾਂ ਸਮੇਂ ਪਿੰਡ ਦੇ ਸਰਪੰਚ ਬਣੇ ਤੇ ਤੁਰੰਤ ਬਾਅਦ 1994 ਸਮੇਂ ਬਲਾਕ ਸੰਮਤੀ ਜ਼ੋਨ ਧਲੇਵਾਂ ਤੋਂ 1067 ਦੇ ਫਰਕ ਨਾਲ ਸੰਮਤੀ ਮੈਂਬਰ ਚੁਣੇ ਗਏ।ਦੂਸਰੀ ਵਾਰ 1998 'ਚ ਪਿੰਡ ਵੱਲੋਂ ਉਨ੍ਹਾਂ 'ਤੇ ਭਰੋਸਾ ਜਿਤਾਉਂਦਿਆਂ ਫਿਰ ਸਰਪੰਚ ਚੁਣ ਲਿਆ।ਇਲਾਕੇ ਦੀ ਸ਼ਖ਼ਸੀਅਤ ਕਾਮਰੇਡ ਫਕੀਰੀਆ ਸਿੰਘ ਨਾਲ ਨਿੱਜੀ ਨੇੜਤਾ ਨੇ ਹੋਰ ਜ਼ਿਆਦਾ ਲੋਕ ਹਿੱਤਾਂ ਦੀਆਂ ਮੁਸ਼ਕਲਾਂ ਤੇ ਕੰਮਾਂ ਵੱਲ ਜੋੜੀ ਰੱਖਿਆ। ਉਨ੍ਹਾਂ ਦੇ ਪੁੱਤਰ ਕਰਮ ਸਿੰਘ ਜੋ ਸੀ ਪੀ ਆਈ ਦੇ ਸਰਗਰਮ ਕਾਰਕੁੰਨ ਹਨ ਤੇ ਕਿਰਤੀਆਂ ਦੇ ਹੱਕਾਂ ਦੀ ਰਾਖੀ ਲਈ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ।ਪਿਛਲੇ ਦਿਨਾਂ ਦੌਰਾਨ ਸੰਖੇਪ ਬਿਮਾਰੀ ਕਾਰਨ ਮੁਖਤਿਆਰ ਸਿੰਘ ਸਾਨੂੰ ਸਾਰਿਆਂ ਨੂੰ ਸਦੀਵੀ ਵਿਛੋੜਾ ਦੇ ਗਏ।ਉਨ੍ਹਾਂ ਨਮਿੱਤ ਰਖਵਾਏ ਗਏ ਸ੍ਰੀ ਸਹਿਜ ਪਾਠ ਦੇ ਭੋਗ, ਅੰਤਿਮ ਅਰਦਾਸ ਤੋਂ ਇਲਾਵਾ ਸ਼ਰਧਾਂਜਲੀ ਸਮਾਗਮ 28 ਜੁਲਾਈ ਮੰਗਲਵਾਰ ਨੂੰ ਗੁਰੂ ਘਰ ਬੀਰ ਖੁਰਦ ਵਿਖੇ ਦੁਪਹਿਰ 12 ਤੋਂ 1 ਵਜੇ ਤੱਕ ਹੋਵੇਗਾ।ਇਸ ਮੌਕੇ ਧਾਰਮਿਕ, ਸਮਾਜਿਕ ਤੇ ਰਾਜਸੀ ਆਗੂਆਂ ਤੋਂ ਇਲਾਵਾ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੀ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਨਗੀਆਂ।

**-ਕਾਮਰੇਡ ਕ੍ਰਿਸ਼ਨ ਸਿੰਘ ਚੌਹਾਨ**
**ਸਕੱਤਰ ਸੀ ਪੀ ਆਈ ਜ਼ਿਲ੍ਹਾ ਮਾਨਸਾ।**

# ਪੰਚਾਇਤੀ ਜ਼ਮੀਨ 'ਤੇ ਕਬਜ਼ਾ ਕਰਨ ਦੇ ਦੋਸ਼ 'ਚ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਬੁੱਗਾ ਕਲਾਂ ਦੇ ਸਰਪੰਚ ਦੀ ਸ਼ਿਕਾਇਤ 'ਤੇ ਬੁੱਗਾ ਕਲਾਂ ਚੌਕੀ ਦੀ ਪੁਲਸ ਵੱਲੋਂ ਇੱਕ ਟਰੈਕਟਰ ਚਾਲਕ ਨੂੰ ਗ੍ਰਿਫ਼ਤਾਰ ਕੀਤੇ ਜਾਣ ਦੀ ਸੂਚਨਾ ਹੈ।ਪ੍ਰਾਪਤ ਵੇਰਵਿਆਂ ਅਨੁਸਾਰ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਬੁੱਗਾ ਕਲਾਂ ਦੇ ਸਰਪੰਚ ਅੰਮ੍ਰਿਤਪਾਲ ਸਿੰਘ ਨੇ ਦੋਸ਼ ਲਾਏ ਕਿ ਉਨ੍ਹਾਂ ਦੇ ਪਿੰਡ ਦੀ ਪੰਚਾਇਤ ਨੇ ਪਿੰਡ ਦੀ ਪੰਚਾਇਤੀ ਜ਼ਮੀਨ 'ਚੋਂ ਇੱਕ ਕਿੱਲਾ ਜ਼ਮੀਨ ਖੇਡ ਗਰਾਊਂਡ ਲਈ ਛੱਡੀ ਹੋਈ ਹੈ, ਜਿਸ ਦੇ ਨਾਲ ਹੀ ਪਿੰਡ ਦੇ ਵਸਨੀਕ ਗੁਲਜ਼ਾਰ ਸਿੰਘ ਦੀ ਜ਼ਮੀਨ ਲਗਦੀ ਹੈ ਤੇ ਨਿਸ਼ਾਨਦੇਹੀ ਮੁਤਾਬਿਕ ਉਸ ਨੇ ਪਹਿਲਾਂ ਵੀ ਪੰਚਾਇਤੀ ਜ਼ਮੀਨ ਵਾਹ ਕੇ ਆਪਣੀ ਜ਼ਮੀਨ 'ਚ ਰਲਾਈ ਹੋਈ ਹੈ।ਬੀਤੇ ਦਿਨ ਗੁਲਜ਼ਾਰ ਸਿੰਘ ਨੇ ਟਰੈਕਟਰ ਦੇ ਪਿੱਛੇ ਹਲ ਪਾ ਕੇ ਆਪਣੀ ਜ਼ਮੀਨ ਦੇ ਨਾਲ ਲਗਦੀ ਕਰੀਬ 10-12 ਫੁੱਟ ਚੌੜਾਈ ਵਿੱਚ ਪੰਚਾਇਤੀ ਜ਼ਮੀਨ ਵਾਹ ਕੇ ਉਸ ਉੱਤੇ ਕਬਜ਼ਾ ਕਰ ਲਿਆ।ਸਰਪੰਚ ਦੇ ਬਿਆਨਾਂ 'ਤੇ ਥਾਣਾ ਅਮਲੋਹ ਵਿਖੇ ਵੱਖ ਵੱਖ ਧਾਰਾਵਾਂ ਤਹਿਤ ਦਰਜ ਕਰਵਾਏ ਗਏ ਮੁਕੱਦਮੇ ਵਿੱਚ ਗੁਲਜ਼ਾਰ ਸਿੰਘ ਨੂੰ ਗ੍ਰਿਫ਼ਤਾਰ ਕਰਦੇ ਹੋਏ ਬੁੱਗਾ ਕਲਾਂ ਚੌਕੀ ਦੇ ਇੰਚਾਰਜ ਸਹਾਇਕ ਥਾਣੇਦਾਰ ਅਵਤਾਰ ਸਿੰਘ ਵੱਲੋਂ ਟਰੈਕਟਰ ਨੂੰ ਕਬਜ਼ੇ ਵਿੱਚ ਲੈ ਕੇ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਕਾਤਰਾਂ

# ਐੱਸ ਐੱਸ ਕਾਲਜ ਦਾ ਬੀ ਐੱਡ ਦਾ ਨਤੀਜਾ ਸ਼ਾਨਦਾਰ



**ਭੀਖੀ (ਧਰਮਵੀਰ ਸ਼ਰਮਾ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਬੀ.ਐੱਡ. ਸਮੈਸਟਰ ਚੌਥਾ ਦੇ ਐਲਾਨੇ ਗਏ ਨਤੀਜੇ ਵਿੱਚ ਐਸ.ਐਸ. ਕਾਲਜ ਆਫ਼ ਐਜੂਕੇਸ਼ਨ ਦੀਆਂ ਵਿਦਿਆਰਥਣਾਂ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ। ਇਸ ਨਤੀਜੇ ਵਿੱਚ ਰਾਗਿਨੀ ਨੇ 77.2 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਕਾਲਜ ਵਿਚੋਂ ਪਹਿਲਾ, ਸਿਮਰਨ ਕੌਰ ਨੇ 75.2 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਦੂਸਰਾ ਅਤੇ ਪ੍ਰਿਅੰਕਾ ਨੇ 74.8 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਬਾਕੀ ਸਾਰੀਆਂ ਵਿਦਿਆਰਥਣਾਂ ਨੇ 70 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕਰਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ। ਇਸ ਸ਼ਾਨਦਾਰ ਨਤੀਜੇ ਲਈ ਕਾਲਜ ਮੈਨੇਜਮੈਂਟ ਵੱਲੋਂ ਪ੍ਰਿੰਸੀਪਲ ਡਾ. ਮਨੋਹਰ ਲਾਲ, ਅੰਮ੍ਰਿਤਪਾਲ ਕੌਰ, ਰੁਪਿੰਦਰ ਕੌਰ, ਕੁਲਵੀਰ ਕੌਰ ਅਤੇ ਸਮੂਹ ਅਧਿਆਪਕਾਂ ਨੂੰ ਵਧਾਈ ਦਿੱਤੀ ਗਈ।

# ਫੈਕਟਰੀ 'ਚੋਂ ਸਾਮਾਨ ਚੋਰੀ ਮਾਮਲੇ 'ਚ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਉਦਯੋਗਿਕ ਨਗਰੀ ਮੰਡੀ ਗੋਬਿੰਦਗੜ੍ਹ ਦੀ ਇੱਕ ਫੈਕਟਰੀ ਵਿੱਚ ਹੋਈ ਕਥਿਤ ਚੋਰੀ ਦੇ ਮਾਮਲੇ ਵਿੱਚ ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਕੇਸ ਦਰਜ ਕੀਤੇ ਜਾਣ ਦੀ ਸੂਚਨਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਮਨੋਜ ਕੁਮਾਰ ਨਾਮਕ ਵਿਅਕਤੀ ਨੇ ਦੱਸਿਆ ਕਿ ਮੰਡੀ ਗੋਬਿੰਦਗੜ੍ਹ ਦੇ ਮੁਗਲਮਾਜਰਾ ਇਲਾਕੇ ਵਿੱਚ ਸਥਿਤ ਉਸ ਦੀ ਫੋਰਜਿੰਗ ਫੈਕਟਰੀ ਦਾ ਅਦਾਲਤ ਵਿੱਚ ਬੈਂਕ ਨਾਲ ਕੇਸ ਚੱਲ ਰਿਹਾ ਹੈ।ਬੀਤੀ 21-22 ਜੁਲਾਈ ਦੀ ਦਰਮਿਆਨੀ ਰਾਤ ਨੂੰ ਨਾਮਾਲੂਮ ਵਿਅਕਤੀ ਉਸ ਦੀ ਉਕਤ ਫੈਕਟਰੀ ਵਿੱਚ ਦਾਖਲ ਹੋਏ ਜੋ ਕਿ ਫੈਕਟਰੀ ਵਿੱਚ ਲੱਗੀ ਮਸ਼ੀਨਰੀ ਦੇ ਪਾਰਟਸ, ਉੱਥੇ ਪਿਆ ਹੋਰ ਕੀਮਤੀ ਸਾਮਾਨ ਤੇ ਲੋਹਾ ਆਦਿ ਚੋਰੀ ਕਰਕੇ ਲੈ ਗਏ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਨਾਮਾਲੂਮ ਵਿਅਕਤੀ/ਵਿਅਕਤੀਆਂ ਵਿਰੁੱਧ ਬੀ.ਐੱਨ.ਐੱਸ. ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

# ਕਾਰ ਤੇ ਜੀਪ ਦੀ ਟੱਕਰ 'ਚ ਤਿੰਨ ਜ਼ਖ਼ਮੀ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਾਤੜਾਂ-ਪਟਿਆਲਾ ਮੁੱਖ ਮਾਰਗ 'ਤੇ ਪਿੰਡ ਕਕਰਾਲਾ ਭਾਈਕਾ ਨੇੜੇ ਇੱਕ ਭਿਆਨਕ ਕਾਰ ਤੇ ਪਿੱਕਅੱਪ ਜੀਪ ਦੀ ਟੱਕਰ ਹੋ ਗਈ।ਇਸ ਹਾਦਸੇ ਵਿੱਚ ਕਾਰ ਸਵਾਰ 3 ਨੌਜਵਾਨ ਤੇ ਜੀਪ ਦਾ ਡਰਾਈਵਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ।ਹਾਦਸੇ ਦੀ ਸੂਚਨਾ ਮਿਲਦਿਆਂ ਹੀ ਸੜਕ ਸੁਰੱਖਿਆ ਫੋਰਸ ਦੇ ਮੁਲਾਜ਼ਮਾਂ ਨੇ ਮੌਕੇ 'ਤੇ ਪਹੁੰਚ ਕੇ ਜ਼ਖ਼ਮੀਆਂ ਨੂੰ ਤੁਰੰਤ ਸਿਵਲ ਹਸਪਤਾਲ ਸਮਾਣਾ ਵਿਖੇ ਭਰਤੀ ਕਰਵਾਇਆ।ਜਿੱਥੋਂ ਡਾਕਟਰਾਂ ਵੱਲੋਂ ਜ਼ਖ਼ਮੀਆਂ ਦੀ ਗੰਭੀਰ ਹਾਲਤ ਨੂੰ ਦੇਖਦੇ ਹੋਏ ਮੁਢਲੀ ਸਹਾਇਤਾ ਤੋਂ ਬਾਅਦ ਉਨ੍ਹਾਂ ਨੂੰ ਪਟਿਆਲਾ ਦੇ ਸਰਕਾਰੀ ਹਸਪਤਾਲ ਲਈ ਰੈਫ਼ਰ ਕਰ ਦਿੱਤਾ ਗਿਆ ਹੈ।ਜ਼ਖ਼ਮੀ ਹੋਏ ਕਾਰ ਸਵਾਰ ਨੌਜਵਾਨਾਂ ਦੀ ਪਛਾਣ ਅਰੁਣ ਕੁਮਾਰ, ਅਮਿਤ ਤੇ ਸੋਨੂ ਵਜੋਂ ਹੋਈ ਹੈ, ਜਦੋਂ ਕਿ ਜੀਪ ਡਰਾਈਵਰ ਦੀ ਪਛਾਣ ਸੁਖਵਿੰਦਰ ਸਿੰਘ ਵਾਸੀ ਪਿੰਡ ਦੁਤਾਲ ਵਜੋਂ ਹੋਈ ਹੈ।ਮੌਕੇ 'ਤੇ ਪਹੁੰਚੀ ਥਾਣਾ ਮਵੀ ਕਲਾਂ ਦੀ ਪੁਲਸ ਵੱਲੋਂ ਘਟਨਾ ਦਾ ਜਾਇਜ਼ਾ ਲੈ ਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਬੱਧਨੀ ਕਲਾਂ ਵਿਖੇ ਦੇਸੀ ਪ੍ਰਜਾਤੀਆਂ ਦੇ ਪੌਦੇ ਲਗਾਏ

**ਪੌਦੇ ਸਮੁੱਚੇ ਵਾਤਾਵਰਣ ਲਈ ਲਾਹੇਵੰਦ ਸਾਬਿਤ ਹੋਣਗੇ : ਡਾ. ਲੱਖੇਵਾਲੀ**



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਦੀ ਜੈਵਿਕ ਵਿਭਿੰਨਤਾ ਦੀ ਸਾਂਭ-ਸੰਭਾਲ ਤੇ ਵਾਤਾਵਰਣ ਦੀ ਰੱਖਿਆ ਨੂੰ ਸਮਰਪਤ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਗਾਜ਼ ਪਿੰਡ ਬੱਧਨੀ ਕਲਾਂ ਵਿਖੇ ਕੀਤਾ ਗਿਆ।ਸਮਾਗਮ ਦੀ ਸ਼ੁਰੂਆਤ ਸੰਤ ਬਾਬਾ ਗੁਰਮੀਤ ਸਿੰਘ ਜੀ ਖੋਸਿਆਂ ਵਾਲਿਆਂ ਨੇ ਅਰਦਾਸ ਕਰਕੇ ਕੀਤੀ।ਇਸ ਮੌਕੇ ਸਿਰਫ਼ ਸਥਾਨਕ (ਦੇਸੀ) ਪ੍ਰਜਾਤੀਆਂ ਦੇ ਪੌਦੇ ਲਗਾਏ ਗਏ, ਤਾਂ ਜੋ ਇਲਾਕੇ ਦੀ ਕੁਦਰਤੀ ਜੈਵਿਕ ਵਿਭਿੰਨਤਾ ਨੂੰ ਸੁਰੱਖਿਅਤ ਤੇ ਮਜ਼ਬੂਤ ਕੀਤਾ ਜਾ ਸਕੇ।ਸਮਾਗਮ ਦੌਰਾਨ ਵੀਰ ਵਨਮ ਸੰਸਥਾ ਵੱਲੋਂ ਵੀਰ ਸਿੰਘ ਥਿੰਦ ਅਤੇ ਸੋਚ ਸੰਸਥਾ ਵੱਲੋਂ ਡਾ. ਬ੍ਰਿਜ ਮੋਹਨ ਭਾਰਦਵਾਜ ਨੇ ਪੌਦੇ ਲਗਾਉਣ ਦੀ ਵਿਗਿਆਨਕ ਤੇ ਸਹੀ ਵਿਧੀ ਦੇ ਨਾਲ-ਨਾਲ ਉਨ੍ਹਾਂ ਦੀ ਸੰਭਾਲ ਤੇ ਰੱਖ-ਰਖਾਅ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਡਾ. ਬਲਵਿੰਦਰ ਸਿੰਘ ਲੱਖੇਵਾਲੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਲਗਾਏ ਜਾ ਰਹੇ ਇਹ ਪੌਦੇ ਭਵਿੱਖ ਵਿੱਚ ਮਨੁੱਖੀ ਜੀਵਨ, ਪਸ਼ੂ-ਪੰਛੀਆਂ ਏ ਸਮੁੱਚੇ ਵਾਤਾਵਰਣ ਲਈ ਬਹੁਤ ਲਾਹੇਵੰਦ ਸਾਬਿਤ ਹੋਣਗੇ।ਉਨ੍ਹਾਂ ਸਥਾਨਕ ਪ੍ਰਜਾਤੀਆਂ ਨੂੰ ਤਰਜੀਹ ਦੇਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ।ਇਸ ਮੌਕੇ ਮਿੱਟੀ ਦੀਆਂ ਵੱਖ-ਵੱਖ ਕਿਸਮਾਂ, ਸਥਾਨਕ ਕੀੜੇ-ਮਕੌੜਿਆਂ, ਪਸ਼ੂ-ਪੰਛੀਆਂ ਤੇ ਕੁਦਰਤੀ ਤੌਰ 'ਤੇ ਉੱਗਣ ਵਾਲੇ ਨਦੀਨਾਂ ਦੀ ਮਹੱਤਤਾ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।ਕ੍ਰਿਸ਼ੀ ਵਿਗਿਆਨ ਕੇਂਦਰ ਮੋਗਾ ਦੇ ਡਿਪਟੀ ਡਾਇਰੈਕਟਰ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀ.ਏ.ਯੂ.) ਤੋਂ ਜੰਗਲਾਤ ਵਿਭਾਗ ਦੇ ਡਾ. ਢਿੱਲੋਂ ਅਤੇ ਮਿੱਟੀ ਤੇ ਪਾਣੀ ਦੇ ਨਮੂਨਿਆਂ ਦੇ ਅਧਿਐਨ ਲਈ ਸੋਆਇਲ ਵਿਭਾਗ ਦੇ ਕਈ ਵਿਗਿਆਨੀ ਵੀ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਏ।ਇਸ ਪ੍ਰੋਗਰਾਮ ਵਿੱਚ ਵੀਰ ਵਨਮ ਸੰਸਥਾ ਵੱਲੋਂ ਵੀਰ ਸਿੰਘ ਥਿੰਦ, ਸੋਚ ਵੱਲੋਂ ਡਾ. ਬਲਵਿੰਦਰ ਸਿੰਘ ਲੱਖੇਵਾਲੀ, ਡਾ. ਬ੍ਰਿਜ ਮੋਹਨ ਭਾਰਦਵਾਜ ਤੇ ਚਰਨਦੀਪ ਸਿੰਘ ਹਾਜ਼ਰ ਸਨ। ਇਸ ਤੋਂ ਇਲਾਵਾ ਜੰਗਲਾਤ ਵਿਭਾਗ (ਪੰਜਾਬ ਸਰਕਾਰ) ਦੇ ਅਧਿਕਾਰੀਆਂ, ਐਸ.ਡੀ. ਕਾਲਜ ਫਾਰ ਵੋਮੈਨ, ਮੋਗਾ ਦੇ ਐੱਨ.ਸੀ.ਸੀ. ਵਲੰਟੀਅਰ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਵੀ ਸਰਗਰਮ ਭਾਗੀਦਾਰੀ ਨਿਭਾਈ।

ਸਮਾਗਮ ਦੇ ਅੰਤ ਵਿੱਚ ਲੰਗਰ ਛਕਣ ਉਪਰੰਤ ਡਾ. ਬਲਵਿੰਦਰ ਸਿੰਘ ਲੱਖੇਵਾਲੀ ਨੇ ਸਮੂਹ ਬੱਚਿਆਂ, ਪਿੰਡ ਵਾਸੀਆਂ, ਮਹਿਮਾਨਾਂ ਤੇ ਭਾਗੀਦਾਰਾਂ ਦਾ ਧੰਨਵਾਦ ਕਰਦਿਆਂ ਅਜਿਹੀਆਂ ਵਾਤਾਵਰਣ ਪੱਖੀ ਮੁਹਿੰਮਾਂ ਨੂੰ ਲਗਾਤਾਰ ਜਾਰੀ ਰੱਖਣ ਦਾ ਸੱਦਾ ਦਿੱਤਾ।

# ਅਵਾਰਾ ਕੁੱਤਿਆਂ ਨੇ ਦਰਜਨਾਂ ਭੇਡਾਂ ਤੇ ਬੱਕਰੀਆਂ ਨੂੰ ਮੌਤ ਦੇ ਘਾਟ ਉਤਾਰਿਆ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਬਲਾਕ ਸਨੌਰ ਅਧੀਨ ਆਉਂਦੇ ਪਿੰਡ ਨੌਰੰਗਵਾਲ 'ਚ ਬੀਤੀ ਰਾਤ ਆਵਾਰਾ ਕੁੱਤਿਆਂ ਦੇ ਹਮਲੇ ਨਾਲ ਇੱਕ ਗਰੀਬ ਭੇਡਾਂ-ਚਾਰਕ ਦਾ ਪਰਿਵਾਰ ਸੜਕ 'ਤੇ ਆ ਗਿਆ।ਆਵਾਰਾ ਕੁੱਤਿਆਂ ਦੇ ਝੁੰਡ ਨੇ ਪਿੰਡ ਵਾਸੀ ਕਰਮਜੀਤ ਸਿੰਘ ਦੇ ਵਾੜੇ 'ਤੇ ਹਮਲਾ ਕਰਕੇ ਉਸ ਦੀਆਂ ਸਾਰੀਆਂ ਭੇਡਾਂ ਤੇ ਬੱਕਰੀਆਂ ਨੂੰ ਮਾਰ ਦਿੱਤਾ।ਭਾਵੁਕ ਹੁੰਦੇ ਹੋਏ ਪੀੜਤ ਕਰਮਜੀਤ ਸਿੰਘ ਨੇ ਦੱਸਿਆ ਕਿ ਪਿਛਲੇ 10 ਸਾਲਾਂ ਤੋਂ ਪਸ਼ੂ ਪਾਲਣ ਦਾ ਕੰਮ ਕਰਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਕਰ ਰਿਹਾ ਸੀ।ਉਸ ਕੋਲ ਕਰੀਬ 60-65 ਦੇ ਕਰੀਬ ਭੇਡਾਂ ਤੇ ਬੱਕਰੀਆਂ ਸਨ, ਜਿਨ੍ਹਾਂ ਦਾ ਦੁੱਧ ਤੇ ਉੱਨ ਵੇਚ ਕੇ ਘਰ ਦਾ ਖਰਚਾ ਤੇ ਬੱਚਿਆਂ ਦੀ ਪੜ੍ਹਾਈ ਦਾ ਪ੍ਰਬੰਧ ਕਰਦਾ ਸੀ।ਇਸ ਦੌਰਾਨ ਉਨ੍ਹਾਂ ਕਿਹਾ,'ਬੀਤੀ ਰਾਤ ਕਰੀਬ 12 ਵਜੇ ਦੇ ਆਸ-ਪਾਸ 10-12 ਆਵਾਰਾ ਕੁੱਤੇ ਮੇਰੇ ਵਾੜੇ ਦੀ ਵਾੜ ਤੋੜ ਕੇ ਅੰਦਰ ਵੜ ਗਏ।ਕੁੱਤਿਆਂ ਨੇ ਇੱਕ-ਇੱਕ ਕਰਕੇ ਸਾਰੇ ਪਸ਼ੂਆਂ ਨੂੰ ਵੱਢ-ਖਾ ਕੇ ਮਾਰ ਦਿੱਤਾ ਅਤੇ ਸਵੇਰੇ ਜਦੋਂ ਮੈਂ ਵਾੜੇ 'ਚ ਜਾ ਕੇ ਦੇਖਿਆ ਤਾਂ ਮੇਰੇ ਹੋਸ਼ ਉੱਡ ਗਏ।' ਉਸ ਨੇ ਭਾਵੁਕ ਹੁੰਦਿਆਂ ਕਿਹਾ, 'ਮੈਂ ਕਰਜ਼ਾ ਲੈ ਕੇ ਇਹ ਪਸ਼ੂ ਖਰੀਦੇ ਸਨ।ਇਹੀ ਮੇਰੀ ਪੂੰਜੀ ਸੀ।ਇੱਕ ਰਾਤ 'ਚ ਸਭ ਕੁਝ ਖ਼ਤਮ ਹੋ ਗਿਆ।ਹੁਣ ਮੈਂ ਆਪਣੇ ਬੱਚਿਆਂ ਨੂੰ ਕੀ ਖੁਆਵਾਂਗਾ ? ' ਉਨ੍ਹਾਂ ਰੋਸ ਜਤਾਉਂਦੇ ਹੋਏ ਕਿਹਾ ਕਿ ਹੁਣ ਤੱਕ ਮੇਰੇ ਨਾਲ ਕੋਈ ਸਰਕਾਰੀ ਨੁਮਾਇੰਦਾ ਜਾਂ ਸਿਆਸੀ ਪਾਰਟੀਆਂ ਦੇ ਆਗੂ ਹਮਦਰਦੀ ਜਤਾਉਣ ਵੀ ਨਹੀਂ ਆਏ ਹਨ।ਗਰੀਬ ਪਰਿਵਾਰ ਲਈ ਇਹ ਬਹੁਤ ਵੱਡਾ ਨੁਕਸਾਨ ਹੈ।ਉਨ੍ਹਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪਸ਼ੂ ਪਾਲਣ ਵਿਭਾਗ ਵੱਲੋਂ ਪੀੜਤ ਨੂੰ ਤੁਰੰਤ ਮੁਆਵਜ਼ਾ ਦਿੱਤਾ ਜਾਵੇ।

# ਆਮ ਆਦਮੀ ਕਲੀਨਿਕ ਮੁਲਾਜ਼ਮਾਂ ਵੱਲੋਂ ਸਿਵਲ ਸਰਜਨ ਦਫ਼ਤਰ ਅੱਗੇ ਰੋਸ ਰੈਲੀ



**ਫਿਰੋਜ਼ਪੁਰ (ਗੁਰਬਚਨ ਸਿੰਘ/ਐਲਿਗਜ਼ੈਂਡਰ ਡਿਸੂਜਾ)**-ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਆਮ ਆਦਮੀ ਕਲੀਨਿਕਾਂ ਦੇ ਮੁਲਾਜ਼ਮਾਂ ਨੇ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਸੂਬਾ ਪੱਧਰ 'ਤੇ ਕਲੀਨਿਕ ਬੰਦ ਕਰਕੇ ਰੋਸ ਪ੍ਰਦਰਸ਼ਨ ਕੀਤਾ।ਇਸੇ ਤਹਿਤ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਸਾਂਝਾ ਫਰੰਟ ਦੇ ਸੱਦੇ 'ਤੇ ਮੈਡੀਕਲ ਅਫ਼ਸਰ ਡਾ. ਸਤਕਰਨ ਸਿੰਘ, ਫਾਰਮੇਸੀ ਅਫ਼ਸਰ ਜਸਵਿੰਦਰ ਸਿੰਘ ਤੇ ਕਲੀਨਿਕ ਅਸਿਸਟੈਂਟ ਚਰਨਜੀਤ ਕੌਰ ਦੀ ਅਗਵਾਈ ਹੇਠ ਸਿਵਲ ਸਰਜਨ ਦਫ਼ਤਰ ਵਿਖੇ ਰੋਸ ਰੈਲੀ ਤੇ ਧਰਨਾ ਦਿੱਤਾ ਗਿਆ।ਜਥੇਬੰਦੀ ਦੇ ਆਗੂਆਂ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਨਾਲ ਹੁਣ ਤੱਕ ਕਰੀਬ 10 ਮੀਟਿੰਗਾਂ ਹੋਣ ਦੇ ਬਾਵਜੂਦ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਕੋਈ ਹੱਲ ਨਹੀਂ ਕੀਤਾ ਗਿਆ।ਇਸ ਕਾਰਨ ਮਜਬੂਰਨ ਅੱਜ ਪੂਰੇ ਪੰਜਾਬ ਦੇ ਆਮ ਆਦਮੀ ਕਲੀਨਿਕ ਬੰਦ ਕਰਕੇ ਸਿਵਲ ਸਰਜਨ ਦਫ਼ਤਰਾਂ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ।ਉਨ੍ਹਾਂ ਮੰਗ ਕੀਤੀ ਕਿ ਆਮ ਆਦਮੀ ਕਲੀਨਿਕਾਂ ਵਿੱਚ ਸੇਵਾ ਨਿਭਾਅ ਰਹੇ ਮੈਡੀਕਲ ਅਫ਼ਸਰਾਂ, ਫਾਰਮਾਸਿਸਟਾਂ ਤੇ ਕਲੀਨਿਕਲ ਅਸਿਸਟੈਂਟਾਂ ਦੀ ਇਨਪੈਨਲਮੈਂਟ ਪ੍ਰਣਾਲੀ ਖਤਮ ਕਰਕੇ ਉਨ੍ਹਾਂ ਨੂੰ ਪੰਜਾਬ ਸਰਕਾਰ ਦੇ ਸਿਹਤ ਵਿਭਾਗ (ਡੀਐੱਚਐੱਸ) ਅਧੀਨ ਲਿਆਂਦਾ ਜਾਵੇ।ਇਸ ਤੋਂ ਇਲਾਵਾ ਕਲੀਨਿਕ ਅਸਿਸਟੈਂਟਾਂ ਦੀ ਵਿੱਦਿਅਕ ਯੋਗਤਾ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਨੂੰ ਮਲਟੀਪਰਪਜ਼ ਹੈਲਥ ਵਰਕਰ ਦਾ ਦਰਜਾ ਦਿੱਤਾ ਜਾਵੇ।ਧਰਨੇ ਨੂੰ ਸੰਬੋਧਨ ਕਰਦਿਆਂ ਪੈਰਾ ਮੈਡੀਕਲ ਸਿਹਤ ਕਰਮਚਾਰੀ ਯੂਨੀਅਨ ਪੰਜਾਬ ਦੇ ਆਗੂ ਨਰਿੰਦਰ ਸ਼ਰਮਾ, ਕਮਿਊਨਿਟੀ ਹੈਲਥ ਅਫ਼ਸਰ ਯੂਨੀਅਨ ਦੇ ਆਗੂ ਨਰਿੰਦਰ ਸਿੰਘ, ਪੈਰਾ ਮੈਡੀਕਲ ਸਿਹਤ ਕਰਮਚਾਰੀ ਯੂਨੀਅਨ ਫਿਰੋਜ਼ਪੁਰ ਦੇ ਆਗੂ ਜਸਵਿੰਦਰ ਸਿੰਘ ਕੌੜਾ, ਪ੍ਰੀਤ ਮੁਖੀਜਾ, ਰਾਮ ਪ੍ਰਸਾਦ, ਕੌਰ ਜੀ ਸਿੰਘ, ਮਨਿੰਦਰਜੀਤ ਸਿੰਘ, ਅਰਸ਼ਿਦ, ਵੰਸ਼, ਲਵਪ੍ਰੀਤ ਸਿੰਘ, ਕੁਲਦੀਪ ਕੌਰ, ਆਰਜ਼ੂ, ਪਵਨ ਕੁਮਾਰ, ਸ਼ੁਭਮ, ਮਹਿਕ, ਜਸਬੀਰ ਸਿੰਘ, ਜੁਗਰਾਜ ਸਮੇਤ ਹੋਰਨਾਂ ਆਗੂਆਂ ਨੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਜਾਇਜ਼ ਕਰਾਰ ਦਿੰਦਿਆਂ ਪੰਜਾਬ ਸਰਕਾਰ ਤੋਂ ਤੁਰੰਤ ਹੱਲ ਦੀ ਮੰਗ ਕੀਤੀ।

ਯੂਨੀਅਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦੀ ਮੰਗਾਂ ਦਾ ਨਿਪਟਾਰਾ ਨਾ ਕੀਤਾ ਤਾਂ ਪੈਰਾ ਮੈਡੀਕਲ ਸਿਹਤ ਕਰਮਚਾਰੀ ਯੂਨੀਅਨ ਪੰਜਾਬ ਆਮ ਆਦਮੀ ਕਲੀਨਿਕਾਂ ਦੇ ਮੁਲਾਜ਼ਮਾਂ ਦੇ ਹੱਕ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਸੰਘਰਸ਼ ਕਰੇਗੀ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਸਿਹਤ ਵਿਭਾਗ ਦਾ ਕੰਮ ਠੱਪ ਕਰਕੇ ਸੂਬਾ ਪੱਧਰ 'ਤੇ ਹੋਰ ਤਿੱਖੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ।

# ਐੱਲ ਏ ਡੀ ਸੀ ਦੇ ਮੁੱਦੇ ਨੂੰ ਲੈ ਕੇ ਵਕੀਲਾਂ ਵੱਲੋਂ ਰੋਸ ਮਾਰਚ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਲੀਗਲ ਦੇਸ਼ ਵਿਦੇਸ਼ ਕਾਊਂਸਲ ਨੀਤੀ ਦੇ ਵਿਰੋਧ ਵਿੱਚ ਵਕੀਲਾਂ ਨੇ ਪੰਜਾਬ ਅੰਦਰ ਸ਼ੁਰੂ ਕੀਤਾ ਅੰਦੋਲਨ ਤੇਜ਼ ਕਰ ਦਿੱਤਾ ਹੈ। ਆਪਣੀਆਂ ਮੰਗਾਂ ਨੂੰ ਲੈ ਕੇ ਵਕੀਲਾਂ ਵੱਲੋਂ ਪਟਿਆਲਾ ਸ਼ਹਿਰ ਦੀਆਂ ਸੜਕਾਂ 'ਤੇ ਰੋਸ ਮਾਰਚ ਕਰਦੇ ਹੋਏ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਵਕੀਲਾਂ ਦੀ ਹੜਤਾਲ ਕਾਰਨ ਅਦਾਲਤਾਂ ਦਾ ਕੰਮ ਕਾਜ ਠੱਪ ਪਿਆ ਹੈ। ਬਾਰ ਐਸੋਸੀਏਸ਼ਨਾਂ ਦੀ ਜੁਆਇੰਟ ਐਕਸ਼ਨ ਪਟਿਆਲਾ ਦੇ ਪ੍ਰਧਾਨ ਐਡਵੋਕੇਟ ਮਨਵੀਰ ਸਿੰਘ ਟਿਵਾਣਾ ਦੀ ਅਗਵਾਈ ਹੇਠ ਮੌਜੂਦਾ ਲੀਗਲ ਦੇਸ਼ ਵਿਦੇਸ ਕਾਊਂਸਲ ਨੀਤੀ ਦੇ ਵਿਰੋਧ 'ਚ ਵਕੀਲਾਂ ਦੀ ਭੁੱਖ ਹੜਤਾਲ ਜਾਰੀ ਰਹੀ।

ਐਡਵੋਕੇਟ ਬਿਕਰਮ ਬਰਾੜ, ਐਡਵੈਸਟ ਜਸਪ੍ਰੀਤ ਸਮਰਾਉ, ਐਡਵੋਕੇਟ ਗੁਰਤੇਜ ਚੀਮਾ, ਐਡਵੋਕੇਟ ਪ੍ਰਿੰਸ ਸ਼ਰਮਾ ਭੁੱਖ ਹੜਤਾਲ 'ਤੇ ਬੈਠੇ ਹਨ।ਅਹਿਮ ਗੱਲ ਇਹ ਰਹੀ ਕਿ ਅੱਜ ਵੀ ਕੰਮਕਾਰ ਪੂਰੀ ਤਰ੍ਹਾਂ ਠੱਪ ਰਿਹਾ ਤੇ ਕੇਸਾਂ ਦੀ ਸੁਣਵਾਈ ਨਹੀਂ ਹੋ ਸਕੀ।ਵਕੀਲ ਭਾਈਚਾਰੇ ਵੱਲੋਂ ਪਿਛਲੇ ਕਈ ਦਿਨਾਂ ਤੋਂ ਇਹ ਸੰਘਰਸ਼ ਵਿੱਢਿਆ ਹੋਇਆ ਹੈ ਤੇ ਲੀਗਲ ਏਡ ਡਿਫੈਂਸ ਕਾਊਂਸਲ ਦੀ ਨੀਤੀ ਦਾ ਵਿਰੋਧ ਕੀਤਾ ਜਾ ਰਿਹਾ ਹੈ।ਪ੍ਰਧਾਨ ਐਡਵੋਕੇਟ ਮਨਬੀਰ ਸਿੰਘ ਟਿਵਾਣਾ ਨੇ ਦੱਸਿਆ ਕਿ ਮੌਜੂਦਾ ਐੱਲ. ਏ. ਡੀ. ਸੀ. ਨੀਤੀ ਨਾ ਸਿਰਫ ਪੂਰੀ ਤਰ੍ਹਾਂ ਅਸਰਹੀਣ ਹੈ, ਜਿਸ ਨਾਲ ਭ੍ਰਿਸ਼ਟਾਚਾਰ ਤੇ ਅਪਰਾਧ ਨੂੰ ਬੜ੍ਹਾਵਾ ਮਿਲ ਰਿਹਾ ਹੈ।ਇਸ ਨੀਤੀ ਨਾਲ ਪੇਸ਼ੇਵਰ ਵਕੀਲਾਂ ਦੀ ਸੁਤੰਤਰਤਾ ਤੇ ਹਿੱਤਾਂ ਨੂੰ ਗੰਭੀਰ ਨੁਕਸਾਨ ਪਹੁੰਚ ਰਿਹਾ ਹੈ।ਇਸ ਦੇ ਵਿਰੋਧ 'ਚ ਬਾਰ ਐਸੋਸੀਏਸ਼ਨ ਵੱਲੋਂ ਭਾਰਤ ਦੇ ਚੀਫ ਜਸਟਿਸ, ਨੈਸ਼ਨਲ ਲੀਗਲ ਸਰਵਸਿਜ਼ ਅਥਾਰਟੀ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ ਤੋਂ ਮੰਗ ਕੀਤੀ ਗਈ ਹੈ ਕਿ ਇਸ ਨੀਤੀ ਨੂੰ ਤੁਰੰਤ ਪ੍ਰਭਾਵ ਨਾਲ ਵਾਪਸ ਲਿਆ ਜਾਵੇ ਤੇ ਪਹਿਲਾਂ ਵਾਲੀ ਪ੍ਰਣਾਲੀ ਨੂੰ ਮੁੜ ਤੋਂ ਬਹਾਲ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਇਹ ਨੀਤੀ ਵਾਪਸ ਨਾ ਲਈ ਗਈ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਪ੍ਰਧਾਨ ਐਡਵੋਕੇਟ ਮਨਬੀਰ ਸਿੰਘ ਟਿਵਾਣਾ, ਐਡਵੋਕੇਟ ਬਰਜਿੰਦਰ ਸੋਢੀ ਤੇ ਐਡ. ਜਤਿੰਦਰਪਾਲ ਘੁੰਮਣ, ਐਡ. ਕੁਲਦੀਪ ਵਿਰਕ, ਐਡ. ਗੁਰਪ੍ਰੀਤ ਗਿੱਲ, ਐਡ. ਤੇਗਬੀਰ ਢਿੱਲੋਂ, ਐਡ. ਧੀਰਜ ਪੂਰੀ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਬਾਘਾ ਪੁਰਾਣਾ ਦੇ ਸਰਬਪੱਖੀ ਵਿਕਾਸ ਲਈ ਨਗਰ ਕੌਂਸਲ ਵਚਨਬੱਧ : ਪਵਨ ਗੁਪਤਾ

**ਸੁਖਾਨੰਦ ਦੀ ਅਗਵਾਈ 'ਚ ਤੇਜ਼ੀ ਨਾਲ ਚੱਲ ਰਹੇ ਵਿਕਾਸ ਕਾਰਜ**



**ਬਾਘਾ ਪੁਰਾਣਾ (ਮਨੀ ਸਿੰਗਲਾ)**-ਨਗਰ ਕੌਂਸਲ ਬਾਘਾ ਪੁਰਾਣਾ ਦੇ ਪ੍ਰਧਾਨ ਪਵਨ ਗੁਪਤਾ ਨੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਹੇਠ ਬਾਘਾ ਪੁਰਾਣਾ ਸ਼ਹਿਰ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਕਈ ਪ੍ਰੋਜੈਕਟਾਂ 'ਤੇ ਕੰਮ ਜਾਰੀ ਹੈ, ਜਦਕਿ ਜਿਹੜੇ ਵਿਕਾਸ ਕਾਰਜ ਕਿਸੇ ਕਾਰਨ ਪੈਂਡਿੰਗ ਹਨ, ਉਨ੍ਹਾਂ ਨੂੰ ਵੀ ਜਲਦ ਸ਼ੁਰੂ ਕਰਵਾਉਣ ਲਈ ਨਗਰ ਕੌਂਸਲ ਦੀ ਟੀਮ ਵੱਲੋਂ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਪਵਨ ਗੁਪਤਾ ਨੇ ਕਿਹਾ ਕਿ ਨਗਰ ਕੌਂਸਲ ਦਾ ਮੁੱਖ ਉਦੇਸ਼ ਸ਼ਹਿਰ ਦੇ ਹਰ ਵਾਰਡ ਦਾ ਬਿਨਾਂ ਕਿਸੇ ਭੇਦਭਾਵ ਤੋਂ ਇੱਕੋ ਜਿਹੇ ਢੰਗ ਨਾਲ ਵਿਕਾਸ ਕਰਨਾ ਹੈ।ਉਨ੍ਹਾਂ ਦੱਸਿਆ ਕਿ ਕੌਂਸਲ ਨੇ ਹਮੇਸ਼ਾ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਲੋਕ ਹਿੱਤ ਨੂੰ ਪਹਿਲ ਦਿੱਤੀ ਹੈ ਤੇ ਹਰ ਵਾਰਡ ਵਿੱਚ ਲੋੜ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਬਾਘਾ ਪੁਰਾਣਾ ਦੇ ਲੋਕਾਂ ਨੂੰ ਇੱਕ ਹੋਰ ਵੱਡੀ ਸੌਗਾਤ ਮਿਲਣ ਜਾ ਰਹੀ ਹੈ।ਸ਼ਹਿਰ ਵਿੱਚ ਤਿਆਰ ਕੀਤੇ ਗਏ ਇੱਕ ਆਧੁਨਿਕ ਪਾਰਕ ਦਾ ਉਦਘਾਟਨ ਜਲਦ ਹੀ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਜੀ ਕਰਨਗੇ।ਉਨ੍ਹਾਂ ਕਿਹਾ ਕਿ ਇਹ ਪਾਰਕ ਬੱਚਿਆਂ, ਨੌਜਵਾਨਾਂ ਤੇ ਬਜ਼ੁਰਗਾਂ ਲਈ ਮਨੋਰੰਜਨ ਤੇ ਸੈਰ-ਸਪਾਟੇ ਦਾ ਵਧੀਆ ਕੇਂਦਰ ਸਾਬਿਤ ਹੋਵੇਗਾ।ਨਗਰ ਕੌਂਸਲ ਪ੍ਰਧਾਨ ਨੇ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਬਿਹਤਰ ਸੜਕਾਂ, ਸਾਫ਼-ਸਫ਼ਾਈ ਤੇ ਹੋਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਨਗਰ ਕੌਂਸਲ ਤੇ ਵਿਧਾਇਕ ਦੇ ਸਾਂਝੇ ਯਤਨਾਂ ਨਾਲ ਬਾਘਾ ਪੁਰਾਣਾ ਨੂੰ ਇੱਕ ਸੁੰਦਰ, ਸਾਫ਼-ਸੁਥਰਾ ਤੇ ਵਿਕਸਤ ਸ਼ਹਿਰ ਬਣਾਉਣ ਦਾ ਸੁਪਨਾ ਜਲਦੀ ਸਾਕਾਰ ਹੋਵੇਗਾ।

# ਚੇਅਰਮੈਨ ਢਿੱਲੋਂ ਵੱਲੋਂ ਬਮਾਲ ਤੇ ਦੁਗਨੀ 'ਚ ਆਮ ਆਦਮੀ ਕਲੀਨਿਕ ਲੋਕ ਅਰਪਿਤ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**

ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਘਰ-ਘਰ ਦੇ ਨੇੜੇ ਮੁਫ਼ਤ ਤੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਿਆਂ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਅੱਜ ਪਿੰਡ ਬਮਾਲ ਤੇ ਦੁਗਨੀ ਵਿਖੇ ਨਵੇਂ ਆਮ ਆਦਮੀ ਕਲੀਨਿਕ ਲੋਕ ਅਰਪਿਤ ਕੀਤੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਿਹਤ ਖੇਤਰ ਵਿੱਚ ਇਤਿਹਾਸਕ ਬਦਲਾਅ ਲਿਆ ਰਹੀ ਹੈ।100 ਹੋਰ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਤ ਕੀਤੇ ਜਾਣ ਨਾਲ ਸੂਬੇ ਭਰ ਵਿੱਚ ਚੱਲ ਰਹੇ ਕਲੀਨਿਕਾਂ ਦੀ ਕੁੱਲ ਗਿਣਤੀ 1,090 ਹੋ ਗਈ ਹੈ।ਸਰਕਾਰ ਦੀ ਚੱਲ ਰਹੀ 'ਸਿਹਤ ਕ੍ਰਾਂਤੀ' ਵਿੱਚ ਇੱਕ ਹੋਰ ਮੀਲ ਪੱਥਰ ਗੱਡਦਿਆਂ ਇਸ ਵਿਸਥਾਰ ਨੇ ਪੰਜਾਬ ਦੇ ਮੁਫ਼ਤ ਤੇ ਮਿਆਰੀ ਪ੍ਰਾਇਮਰੀ ਸਿਹਤ ਸੰਭਾਲ ਨੈੱਟਵਰਕ ਨੂੰ ਹੋਰ ਮਜ਼ਬੂਤ ਕੀਤਾ ਹੈ।ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਆਮ ਆਦਮੀ ਕਲੀਨਿਕਾਂ ਵਿੱਚ ਹੁਣ ਤੱਕ ਓ.ਪੀ.ਡੀ. ਵਿੱਚ 5.90 ਕਰੋੜ ਤੋਂ ਵੱਧ ਲੋਕ ਆ ਚੁੱਕੇ ਹਨ ਤੇ 3.43 ਕਰੋੜ ਤੋਂ ਵੱਧ ਮੁਫ਼ਤ ਲੈਬ ਟੈਸਟ ਕੀਤੇ ਜਾ ਚੁੱਕੇ ਹਨ।ਉਨ੍ਹਾਂ ਕਿਹਾ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਤੇ ਆਧੁਨਿਕ ਸਿਹਤ ਢਾਂਚੇ ਵਿੱਚ ਕੀਤੇ ਵੱਡੇ ਨਿਵੇਸ਼ਾਂ ਦੇ ਨਾਲ-ਨਾਲ ਇਸ ਪਹਿਲਕਦਮੀ ਨੇ ਪੂਰੇ ਪੰਜਾਬ ਵਿੱਚ ਕਿਫਾਇਤੀ ਤੇ ਮਿਆਰੀ ਸਿਹਤ ਸੇਵਾਵਾਂ ਤੱਕ ਲੋਕਾਂ ਦੀ ਪਹੁੰਚ ਨੂੰ ਨਵੀਂ ਦਿਸ਼ਾ ਦਿੱਤੀ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਵਿੱਚ ਮਾਹਰ ਡਾਕਟਰਾਂ ਵੱਲੋਂ ਮੁਫ਼ਤ ਡਾਕਟਰੀ ਸਲਾਹ, ਜ਼ਰੂਰੀ ਦਵਾਈਆਂ ਤੇ ਲੈਬ ਟੈਸਟਾਂ ਦੀ ਸਹੂਲਤ ਦਿੱਤੀ ਜਾ ਰਹੀ ਹੈ, ਜਿਸ ਨਾਲ ਲੋਕਾਂ ਦੇ ਇਲਾਜ 'ਤੇ ਆਉਣ ਵਾਲਾ ਖ਼ਰਚਾ ਕਾਫ਼ੀ ਘਟਿਆ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕਲੀਨਿਕਾਂ ਵਿੱਚ ਉਪਲਬਧ ਮੁਫ਼ਤ ਸਿਹਤ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਤੇ ਨਿਯਮਤ ਸਿਹਤ ਜਾਂਚ ਕਰਵਾ ਕੇ ਤੰਦਰੁਸਤ ਜੀਵਨ ਵੱਲ ਕਦਮ ਵਧਾਉਣ।

ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਟਰੇਡ ਵਿੰਗ ਹਲਕਾ ਧੂਰੀ ਦੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ, ਬਲਾਕ ਪ੍ਰਧਾਨ ਸੁਰਜੀਤ ਸਿੰਘ, ਬਲਾਕ ਪ੍ਰਧਾਨ ਸੁਖਦੇਵ ਸਿੰਘ ਬਮਾਲ, ਸਰਪੰਚ ਅਸਗਰ ਖਾਨ (ਦੁਗਨੀ), ਖਾਲਿਦ ਖਾਨ (ਦੁਗਨੀ) ਤੇ ਸਮੂਹ ਪੰਚਾਇਤ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਪੰਜਾਬੀ ਸਾਹਿਤ ਅਕਾਦਮੀ ਵੱਲੋਂ ਡਾ. ਗੁਰਬਖ਼ਸ਼ ਸਿੰਘ ਭੰਡਾਲ ਨਾਲ ਰੂ-ਬ-ਰੂ



**ਲੁਧਿਆਣਾ (ਰੈਕਟਰ ਕਥੂਰੀਆ)**

ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਵੱਲੋਂ ਅਮਰੀਕਾ ਤੋਂ ਆਏ ਪ੍ਰਸਿੱਧ ਵਿਦਵਾਨ ਲੇਖਕ ਡਾ. ਗੁਰਬਖ਼ਸ਼ ਸਿੰਘ ਭੰਡਾਲ ਹੁਰਾਂ ਨਾਲ ਰੂ-ਬ-ਰੂ ਸਮਾਗਮ ਆਯੋਜਤ ਕੀਤਾ ਗਿਆ।ਸਮਾਗਮ ਦੀ ਪ੍ਰਧਾਨਗੀ ਪ੍ਰੋ. ਰਵਿੰਦਰ ਸਿੰਘ ਭੱਠਲ ਨੇ ਕੀਤੀ।ਅਕਾਦਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਵਿਧੀਵਤ ਤਰੀਕੇ ਨਾਲ ਡਾ. ਗੁਰਬਖ਼ਸ਼ ਸਿੰਘ ਭੰਡਾਲ ਨੂੰ ਜੀ ਆਇਆਂ ਨੂੰ ਕਹਿੰਦਿਆਂ ਪਹੁੰਚੇ ਸਭ ਮਹਿਮਾਨਾਂ ਦਾ ਸਵਾਗਤ ਕੀਤਾ।ਪ੍ਰੋ. ਕੁਲਵੰਤ ਸਿੰਘ ਔਜਲਾ ਨੇ ਡਾ. ਗੁਰਬਖ਼ਸ਼ ਸਿੰਘ ਭੰਡਾਲ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਫ਼ਿਜ਼ਿਕਸ ਵਿੱਚ ਪੀ.ਐੱਚ.ਡੀ. ਡਾ. ਗੁਰਬਖ਼ਸ਼ ਸਿੰਘ ਭੰਡਾਲ ਕਈ ਪੁਸਤਕਾਂ ਦੇ ਰਚੇਤਾ ਹਨ।ਉਨ੍ਹਾਂ ਕਿਹਾ ਡਾ. ਭੰਡਾਲ ਬਹੁਮੁੱਖੀ ਤੇ ਕਰਮਸ਼ੀਲ ਸ਼ਖ਼ਸੀਅਤ ਦੇ ਮਾਲਕ ਹਨ।ਅਮਰੀਕਾ ਵਿੱਚ ਰਹਿੰਦਿਆਂ ਵੀ ਪੰਜਾਬ ਤੇ ਪਿੰਡ ਭੰਡਾਲ ਇਨ੍ਹਾਂ ਦੇ ਹਿਰਦੇ ਵਿਚ ਹਮੇਸ਼ਾ ਰਹਿੰਦਾ ਹੈ।ਡਾ. ਗੁਰਬਖ਼ਸ਼ ਸਿੰਘ ਭੰਡਾਲ ਨੇ ਸਰੋਤਿਆਂ ਦੇ ਰੂ-ਬ-ਰੂ ਹੁੰਦਿਆਂ ਆਪਣੇ ਜੀਵਨ ਦੀਆਂ ਕਈ ਯਾਦਾਂ ਸਾਂਝੀਆਂ ਕੀਤੀਆਂ।ਉਨ੍ਹਾ ਕਿਹਾ ਕਿ ਮੈਂ ਭਾਵੇਂ ਅਮਰੀਕਾ ਰਹਿੰਦਾ ਹਾਂ, ਪਰ ਮੇਰੀ ਰੂਹ ਮੇਰੇ ਪਿੰਡ ਵਿੱਚ ਹੀ ਹੁੰਦੀ ਹੈ।ਉਨ੍ਹਾਂ ਕਿਹਾ ਕਿ ਮੈਂ ਸਾਇੰਸ ਦਾ ਵਿਦਿਆਰਥੀ ਹਾਂ ਤੇ ਫਿਜਿਕਸ਼ ਵਿੱਚ ਪੀ ਐੱਚ ਡੀ ਕੀਤੀ।ਮੈਨੂੰ ਆਪਣੇ ਸੁਪਨਿਆਂ ਨੂੰ ਪੂਰਾ ਕਰਨ ਲਈ 40 ਸਾਲ ਲੱਗੇ।ਮਾਂ ਦੀਆਂ ਅਸੀਸਾਂ ਲੈ ਕੇ ਕੈਨੇਡਾ ਗਿਆ।ਸਾਹਿਤਕ ਸਫਰ ਬਾਰੇ ਗੱਲ ਕਰਦਿਆਂ ਕਿਹਾ ਕਿ ਇਹ ਕਾਲਜ ਪੜ੍ਹਦਿਆਂ ਹੀ ਸ਼ੁਰੂ ਹੋ ਗਿਆ।ਸੰਨ 1985 ਵਿੱਚ ਪਹਿਲੀ ਕਵਿਤਾ ਜਨ ਸਾਹਿਤ ਵਿੱਚ ਛਪੀ।'ਸ਼ਬਦ' ਦੀ ਤਾਕਤ ਬਾਰੇ ਭਾਵਪੂਰਤ ਵਿਚਾਰ ਸਾਂਝੇ ਕੀਤੇ।ਪ੍ਰਿੰ. ਰਣਜੀਤ ਕੌਰ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਕਿਵੇਂ ਉਸ ਦੀ ਜ਼ਿੰਦਗੀ ਵਿੱਚ ਤਬਦੀਲੀ ਆਈ।ਸ਼ਬਦਾਂ ਦਾ ਇਸ ਤੋਂ ਵੱਡਾ ਸਨਮਾਨ ਨਹੀਂ ਹੋ ਸਕਦਾ।ਰੂਬਰੂ ਦੌਰਾਨ ਉਨ੍ਹਾਂ ਆਪਣੀਆਂ ਦਰਜਨ ਦੇ ਕਰੀਬ ਕਵਿਤਾਵਾਂ ਸੁਣਾਈਆਂ।ਖਾਸ ਤੌਰ 'ਤੇ ਗਾਜ਼ਾ ਪੱਟੀ 'ਤੇ ਇਜ਼ਰਾਇਲ ਵੱਲੋਂ ਕੀਤੇ ਗਏ ਹਮਲਿਆਂ ਵਿੱਚ ਮਾਰੇ ਗਏ ਬੱਚਿਆਂ ਬਾਰੇ ਭਾਵੁਕ ਕਵਿਤਾ ਵੀ ਸੁਣਾਈ। ਉਪਰੰਤ ਸੁਆਲ ਜਵਾਬ ਸੈਸ਼ਨ ਵਿੱਚ ਭਾਗ ਲੈਂਦਿਆਂ ਡਾ. ਜਗਵਿੰਦਰ ਜੋਧਾ ਨੇ ਕਿਹਾ ਸਾਹਿਤਕਾਰ ਕਵਿਤਾ ਨੂੰ ਕਮਾਉਂਦਾ ਹੈ ਇਹ ਨਾਜ਼ਲ ਨਹੀਂ ਹੁੰਦੀ। ਇਸ ਮੌਕੇ ਪ੍ਰੋ. ਗੁਰਭਜਨ ਸਿੰਘ ਗਿੱਲ, ਡਾ. ਗੁਰਇਕਬਾਲ ਸਿੰਘ, ਤ੍ਰੈਲੋਚਨ ਲੋਚੀ, ਡਾ.ਹਰੀ ਸਿੰਘ ਜਾਚਕ, ਪ੍ਰਭਜੋਤ ਸਿੰਘ ਸੋਹੀ, ਗੁਰਪ੍ਰੀਤ ਸਿੰਘ ਤੂਰ, ਮਲਕੀਤ ਸਿੰਘ ਦਾਖਾ, ਕੇ. ਕੇ. ਬਾਵਾ, ਗੁਰਦੇਵ ਸਿੰਘ ਲਾਪਰਾਂ, ਡਾ. ਜਗਵਿੰਦਰ ਜੋਧਾ, ਭਗਵਾਨ ਢਿੱਲੋਂ, ਸਤੀਸ਼ ਗੁਲਾਟੀ, ਇੰਦਰਜੀਤਪਾਲ ਕੌਰ, ਸੁਰਿੰਦਰ ਦੀਪ ਕੌਰ, ਪਰਮਜੀਤ ਕੌਰ ਮਹਿਕ, ਹਰਵਿੰਦਰ ਸਿੰਘ ਥਰੀਕੇ, ਤਰਲੋਚਨ ਝਾਂਡੇ, ਦਰਸ਼ਨ ਸਿੰਘ ਢੋਲਣ, ਭੁਪਿੰਦਰ ਸਿੰਘ ਚੌਂਕੀਮਾਨ, ਮਨਦੀਪ ਕੌਰ ਸਮੇਤ ਕਾਫ਼ੀ ਗਿਣਤੀ ਵਿੱਚ ਲੇਖਕ ਹਾਜ਼ਰ ਸਨ।

# ਸਾਹਿਤ ਸਭਾ ਭੈਣੀ ਸਾਹਿਬ ਦੀ ਮੀਟਿੰਗ 'ਚ ਮਾਤ ਭਾਸ਼ਾ 'ਤੇ ਵਿਚਾਰਾਂ



**ਸਮਰਾਲਾ/ਖੰਨਾ (ਸੁਰਜੀਤ ਸਿੰਘ/ਸੁਖਵਿੰਦਰ ਭਾਦਲਾ)**-ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੀ ਮਹੀਨਾਵਾਰ ਮੀਟਿੰਗ ਗੁਰਸੇਵਕ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪੰਜਾਬੀ ਮਾਂ ਬੋਲੀ ਤੇ ਹੋਰ ਅਹਿਮ ਮੁੱਦਿਆਂ 'ਤੇ ਉਸਾਰੂ ਤੇ ਮਿਆਰੀ ਵਿਚਾਰ ਚਰਚਾ ਹੋਈ।ਗੁਰਸੇਵਕ ਸਿੰਘ ਢਿੱਲੋਂ ਨੇ ਬੋਲਦਿਆਂ ਆਖਿਆ ਕਿ ਪੰਜਾਬੀ ਪੜ੍ਹਨ ਤੇ ਲਿਖਣ ਵਾਲਿਆਂ ਨੂੰ ਪੰਜਾਬੀ ਮਾਂ ਬੋਲੀ ਦੀ ਸੇਵਾ ਲਈ ਨਿੱਠ ਕੇ ਕੰਮ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਜਿੰਨੀਆਂ ਵੀ ਸਰਕਾਰਾਂ ਆਈਆਂ ਉਨ੍ਹਾਂ ਪੰਜਾਬ ਵਿੱਚ ਹੀ ਮਾਂ ਬੋਲੀ ਪੰਜਾਬੀ ਦੀ ਉਸਾਰੀ ਲਈ ਕੋਈ ਕੰਮ ਨਹੀਂ ਕੀਤਾ, ਇਸ ਦੇ ਉਲਟ ਦਫ਼ਤਰਾਂ ਦੀ ਭਾਸ਼ਾ ਲਗਾਤਾਰ ਅੰਗਰੇਜ਼ੀ ਹੀ ਚਲਦੀ ਰਹੀ ਹੈ।ਉਨ੍ਹਾਂ ਕਿਹਾ ਕਿ 'ਨੀਟ' ਦੇ ਪੇਪਰ ਲੀਕ ਹੋਣਾ ਬਹੁਤ ਗੰਭੀਰ ਤੇ ਚਿੰਤਾਜਨਕ ਵਿਸ਼ਾ ਹੈ।ਉਨ੍ਹਾਂ ਲੇਖਕਾਂ ਨੂੰ ਅਪੀਲ ਕੀਤੀ ਕਿ ਇਸ ਤਰ੍ਹਾਂ ਦੇ ਮੁੱਦਿਆਂ ਉੱਪਰ ਧਿਆਨ ਕੇਂਦਰਿਤ ਕਰ ਕੇ ਆਪਣੀ ਕਲਮ ਰਾਹੀਂ ਸਰਕਾਰ ਤੇ ਪੰਜਾਬ ਦੇ ਲੋਕਾਂ ਨੂੰ ਜਾਗਰੂਕ ਕਰਨ ਦੇ ਪੁਰਜ਼ੋਰ ਉਪਰਾਲੇ ਕਰਨੇ ਚਾਹੀਦੇ ਹਨ।ਰਚਨਾਵਾਂ ਦੇ ਦੌਰ ਵਿੱਚ ਮਨਜੀਤ ਸਿੰਘ ਧੰਜਲ, ਅਵਤਾਰ ਸਿੰਘ ਉਟਾਲਾ, ਪਰਮਜੀਤ ਸਿੰਘ ਮੁੰਡੀਆਂ, ਗ਼ਜ਼ਲਗੋ ਸਰਦਾਰ ਪੰਛੀ, ਮੀਤ ਪਾਣੀਪਤ, ਹਰਬੰਸ ਸਿੰਘ ਰਾਏ, ਬਲਵੰਤ ਸਿੰਘ ਵਿਰਕ, ਦਲਵੀਰ ਸਿੰਘ ਕਲੇਰ, ਨੇਤਰ ਸਿੰਘ ਮੁੱਤੋਂ, ਜ਼ੋਰਾਵਰ ਸਿੰਘ ਪੰਛੀ, ਸਵਿੰਦਰ ਸਿੰਘ, ਪੱਪੂ ਬਲਵੀਰ, ਜਗਵੀਰ ਸਿੰਘ ਵਿੱਕੀ, ਕਰਮਜੀਤ ਸਿੰਘ ਆਜ਼ਾਦ, ਭੇਡੂ ਬਾਬਾ, ਰਜਿੰਦਰ ਕੌਰ ਪੰਨੂ, ਗੁਰਸੇਵਕ ਸਿੰਘ ਢਿੱਲੋਂ ਆਦਿਕ ਸ਼ਾਇਰਾਂ ਨੇ ਆਪੋ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ।ਪੜ੍ਹੀਆਂ ਸੁਣੀਆਂ ਰਚਨਾਵਾਂ 'ਤੇ ਸਮੂਹ ਹਾਜ਼ਰ ਸ਼ਾਇਰਾਂ ਨੇ ਨਿੱਠ ਕੇ ਵਿਚਾਰ ਚਰਚਾ ਕੀਤੀ।ਇਸ ਤੋਂ ਇਲਾਵਾ ਬਲਵੰਤ ਸਿੰਘ ਮਾਂਗਟ, ਕਰਨੈਲ ਸਿੰਘ ਸਿਵੀਆ, ਦਲਜੀਤ ਸਿੰਘ ਬਿੱਲਾ, ਅਮਨਿੰਦਰ ਸਿੰਘ, ਅਮਨਦੀਪ ਸਿੰਘ ਤੇ ਗੁਰਪ੍ਰਤਾਪ ਸਿੰਘ ਆਦਿ ਨੇ ਵੀ ਮੀਟਿੰਗ ਵਿੱਚ ਹਾਜ਼ਰੀ ਭਰੀ ਤੇ ਪਾਠਕ ਵਜੋਂ ਸਮੂਹ ਕਵੀਆਂ ਨੂੰ ਸੁਣਿਆ।ਕਹਾਣੀਕਾਰ ਤਰਨ ਬੱਲ ਨੇ ਮੀਟਿੰਗ ਦੀ ਕਾਰਵਾਈ ਖ਼ੂਬਸੂਰਤ ਤਰੀਕੇ ਨਾਲ ਚਲਾਈ। ਗੁਰਸੇਵਕ ਸਿੰਘ ਢਿੱਲੋਂ ਨੇ ਆਏ ਹੋਏ ਸ਼ਾਇਰਾਂ ਦਾ ਧੰਨਵਾਦ ਕੀਤਾ।

# ਨਰੇਗਾ ਕਰਮਚਾਰੀ ਯੂਨੀਅਨ ਵੱਲੋਂ ਵਿਕਾਸ ਭਵਨ ਦੇ ਘਿਰਾਓ ਸੰਬੰਧੀ ਸਾਥੀ ਲਾਮਬੰਦ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**

ਨਰੇਗਾ ਕ੍ਰਮਚਾਰੀ ਯੂਨੀਅਨ ਪੰਜਾਬ ਵੱਲੋਂ 29 ਜੁਲਾਈ ਨੂੰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਮੁੱਖ ਦਫ਼ਤਰ ਵਿਕਾਸ ਭਵਨ ਮੋਹਾਲੀ ਦਾ ਘਿਰਾਓ ਕਰਨ ਦਾ ਐਲਾਨ ਕੀਤਾ ਹੈ।ਜ਼ਿਕਰਯੋਗ ਹੈ ਕਿ 18 ਸਾਲਾਂ ਤੋਂ ਕੱਚੀ ਨੌਕਰੀ ਦਾ ਸੰਤਾਪ ਭੋਗ ਰਹੇ ਤੇ 8 ਮਹੀਨਿਆਂ ਦੀ ਬਕਾਇਆ ਤਨਖ਼ਾਹ ਨੂੰ ਤਰਸ ਰਹੇ ਨਰੇਗਾ ਮੁਲਾਜ਼ਮਾਂ ਦਾ ਸਰਕਾਰ ਕੋਈ ਵੀ ਮਸਲਾ ਹੱਲ ਕਰਨ ਨੂੰ ਤਿਆਰ ਨਹੀਂ ਹੈ।ਨਰੇਗਾ ਕਰਮਚਾਰੀ ਯੂਨੀਅਨ ਪੰਜਾਬ ਅਜੀਤ ਸਿੰਘ ਤੇ ਪ੍ਰਧਾਨ ਸੇਵਕ ਸਿੰਘ ਝੰਡੂਕੇ ਨੇ ਦੱਸਿਆ ਕਿ ਨਰੇਗਾ ਮੁਲਾਜ਼ਮ ਇਸ ਸਰਕਾਰ ਦੇ ਹਰ ਇੱਕ ਵਿਧਾਇਕ, ਚੇਅਰਮੈਨ, ਸਾਂਸਦ ਤੇ ਮੰਤਰੀ ਨੂੰ ਮਿਲਕੇ ਮੰਗ ਪੱਤਰ ਦੇ ਕੇ ਆਪਣੀਆਂ ਮੰਗਾਂ ਬਾਰੇ ਜਾਣੂ ਕਵਾ ਚੁੱਕੇ ਹਨ।ਜਦੋਂ ਕਿਸੇ ਵੱਲੋਂ ਵੀ ਪਿਛਲੇ ਸਾਢੇ ਚਾਰ ਸਾਲ ਬੀਤ ਜਾਣ ਬਾਅਦ ਵੀ ਕੋਈ ਗੱਲ ਨਾ ਸੁਣੀ ਤਾਂ 1 ਜੂਨ ਤੋਂ ਲਗਾਤਾਰ ਹੜਤਾਲ 'ਤੇ ਚੱਲ ਰਹੇ ਹਨ।ਪੰਚਾਇਤ ਵਿਭਾਗ ਦੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨਾਲ 8 ਮੀਟਿੰਗਾਂ ਹੋ ਚੁੱਕੀਆਂ ਹਨ, ਹਰ ਮੀਟਿੰਗ ਵਿੱਚ ਮੰਤਰੀ ਨੇ ਨਰੇਗਾ ਮੁਲਾਜ਼ਮਾਂ ਨੂੰ ਪੰਚਾਇਤ ਵਿਭਾਗ ਵਿੱਚ ਮਰਜ਼ ਕਰਨ ਤੇ ਪੇ ਸਕੇਲ ਲਾਗੂ ਕਰਨ ਦਾ ਵਾਅਦਾ ਕੀਤਾ, ਪਰ ਜਦੋਂ ਮੁਲਾਜ਼ਮ ਲਿਖ਼ਤੀ ਰੂਪ ਵਿੱਚ ਮੰਗਾਂ ਪ੍ਰਵਾਨ ਕਰਨ ਦਾ ਸਬੂਤ ਮੰਗਦੇ ਹਨ ਤਾਂ ਉੱਚ ਅਧਿਕਾਰੀ ਮੁੱਕਰ ਜਾਂਦੇ ਹਨ।ਉਨ੍ਹਾਂ ਕਿਹਾ ਕਿ ਜਾਂ ਤਾਂ ਉੱਚ ਅਧਿਕਾਰੀ ਮੰਤਰੀ ਦੇ ਹੁਕਮਾਂ ਦੇ ਉਲਟ ਚੱਲਦੇ ਹਨ ਜਾਂ ਮੰਤਰੀ ਉੱਚ ਅਧਿਕਾਰੀਆਂ ਰਾਹੀਂ ਮੁਲਾਜ਼ਮਾਂ ਦਾ ਮਨੋਬਲ ਤੋੜਨਾ ਚਾਹੁੰਦੇ ਹਨ।

ਉਨ੍ਹਾਂ ਕਿਹਾ ਕਿ ਅਜਿਹੀ ਪਹਿਲੀ ਸਰਕਾਰ ਵੇਖੀ ਹੈ, ਜਿਸ ਨੇ ਮੁਲਾਜ਼ਮਾਂ ਦੇ ਮਸਲੇ ਹੱਲ ਕਰਨ ਦੀ ਬਜਾਏ ਮੁਲਾਜ਼ਮਾਂ ਨੂੰ ਨੋ ਵਰਕ ਨੋ ਪੇ, ਨੌਕਰੀ ਤੋਂ ਕੱਢ ਦੇਣ ਦੇ ਪੱਤਰ ਜਾਰੀ ਕੀਤੇ ਹਨ।ਉਨ੍ਹਾਂ ਕਿਹਾ ਕਿ ਇੱਕ ਪਾਸੇ ਮੁੱਖ ਮੰਤਰੀ ਵਾਰ-ਵਾਰ ਆਪਣੇ ਭਾਸ਼ਣਾਂ ਵਿੱਚ ਆਊਟਸੋਰਸਿੰਗ ਵਾਲੇ ਮੁਲਾਜ਼ਮਾਂ ਨੂੰ ਕੰਪਨੀਆਂ ਵਿੱਚੋਂ ਕੱਢ ਕੇ ਸਿੱਧਾ ਵਿਭਾਗ ਅਧੀਨ ਲੈਣ ਦਾ ਦਾਅਵਾ ਕਰ ਰਹੇ ਹਨ। ਦੂਜੇ ਪਾਸੇ ਪਿਛਲੇ 18 ਸਾਲਾਂ ਤੋਂ ਪੰਚਾਇਤ ਵਿਭਾਗ ਵਿੱਚ ਕੰਟਰੈਕਟ ਆਧਾਰਿਤ ਨੌਕਰੀ ਕਰ ਰਹੇ ਨਰੇਗਾ ਮੁਲਾਜ਼ਮਾਂ ਨੂੰ ਕੱਢ ਕੇ ਪੈਸਕੋ ਕੰਪਨੀ ਰਾਹੀਂ ਆਊਟਸੋਰਸਿੰਗ ਮੁਲਾਜ਼ਮ ਭਰਤੀ ਕਰਨ ਦੇ ਪੱਤਰ ਕੱਢ ਚੁੱਕੇ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸੱਤਾ 'ਚ ਆਉਣ ਤੋਂ ਪਹਿਲਾਂ ਨਰੇਗਾ ਮੁਲਾਜ਼ਮਾਂ ਨਾਲ ਵਾਅਦਾ ਕਰਕੇ ਆਈ ਸੀ ਕਿ ਸਰਕਾਰ ਆਉਣ ਤੇ ਨਰੇਗਾ ਮੁਲਾਜ਼ਮ ਪੱਕੇ ਕੀਤੇ ਜਾਣਗੇ।ਇਸ ਲਈ ਨਰੇਗਾ ਨਾਲ ਜੁੜੀ ਵੋਟ ਵੱਡੀ ਪੱਧਰ 'ਤੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਭੁਗਤੀ ਸੀ।ਅੱਜ ਸਰਕਾਰ ਤੇ ਸਰਕਾਰੀ ਤੰਤਰ ਹੀ ਨਰੇਗਾ ਮੁਲਾਜ਼ਮਾਂ ਦਾ ਸਭ ਤੋਂ ਵੱਡਾ ਦੁਸ਼ਮਣ ਬਣਿਆ ਬੈਠਾ ਹੈ।ਉਨ੍ਹਾਂ ਦੱਸਿਆ ਕਿ ਵਿਭਾਗ ਦੇ ਉੱਚ ਅਧਿਕਾਰੀ ਅਤੇ ਮੰਤਰੀ ਸੌਂਦ ਮੁਲਾਜ਼ਮਾਂ ਦੀਆਂ ਮੰਗਾਂ ਦਾ ਹੱਲ ਕਰਨ ਦੀ ਬਜਾਏ ਹੋਰਨਾਂ ਮੁਲਾਜ਼ਮਾਂ ਤੋਂ ਜੀ ਰਾਮ ਜੀ ਸਕੀਮ ਤਹਿਤ ਕੰਮ ਸ਼ੁਰੂ ਕਰਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਪ੍ਰੰਤੂ ਨਰੇਗਾ ਮੁਲਾਜ਼ਮਾਂ ਬਿਨਾਂ ਨਵੇਂ ਮੁਲਾਜ਼ਮਾਂ ਤੋਂ ਕੰਮ ਕਰਾਉਣਾ ਅਗਲੇ ਇੱਕ ਸਾਲ ਤੱਕ ਵੀ ਸੰਭਵ ਨਹੀਂ ਹੋ ਸਕਦਾ।ਉਨ੍ਹਾਂ ਕਿਹਾ ਕਿ ਬਕਾਇਆ ਤਨਖ਼ਾਹ ਦਾ ਵਿਭਾਗ ਕੋਲ ਕੋਈ ਜਵਾਬ ਨਹੀਂ ਹੈ, ਫਿਰ ਵੀ ਨਰੇਗਾ ਮੁਲਾਜ਼ਮਾਂ ਨੂੰ ਕੰਮ ਕਰਨ ਦਾ ਦਬਾਅ ਵਾਰ-ਵਾਰ ਪਾਇਆ ਜਾ ਰਿਹਾ ਹੈ, ਇਸਦੇ ਵਿਰੋਧ ਵਜੋਂ 29 ਜੁਲਾਈ ਨੂੰ ਵਿਕਾਸ ਭਵਨ ਮੋਹਾਲੀ ਦਾ ਲਾਮਿਸਾਲ ਇਕੱਠ ਕਰਕੇ ਘਿਰਾਓ ਕੀਤਾ ਜਾਵੇਗਾ।

# ਜਮਹੂਰੀ ਅਧਿਕਾਰ ਸਭਾ ਜ਼ਿਲ੍ਹਾ ਲੁਧਿਆਣਾ ਦਾ ਅਜਲਾਸ, ਨਵੇਂ ਅਹੁਦੇਦਾਰ ਚੁਣੇ



**ਲੁਧਿਆਣਾ (ਸਤੀਸ਼ ਸਚਦੇਵਾ)**-ਜਮਹੂਰੀ ਅਧਿਕਾਰ ਸਭਾ ਵੱਲੋਂ ਜ਼ਿਲ੍ਹਾ ਲੁਧਿਆਣਾ ਇਕਾਈ ਦਾ ਇੱਕ ਰੋਜ਼ਾ ਅਜਲਾਸ ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ ਵਿਖੇ ਕਰਵਾਇਆ ਗਿਆ, ਜਿਸ ਵਿੱਚ ਲੁਧਿਆਣਾ ਜ਼ਿਲ੍ਹੇ ਦੇ ਡੈਲੀਗੇਟਾਂ ਨੇ ਹਿੱਸਾ ਲਿਆ।ਅਜਲਾਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਵੰਤ ਜੀਰਖ ਤੇ ਜਨਰਲ ਸਕੱਤਰ ਅਰੁਣ ਕੁਮਾਰ ਨੇ ਦੱਸਿਆ ਕਿ ਇਹ ਜ਼ਿਲ੍ਹਾ ਅਜਲਾਸ ਸਭਾ ਦੇ ਸੂਬਾ ਪ੍ਰਧਾਨ ਪ੍ਰੋਫੈਸਰ ਜਗਮੋਹਨ ਸਿੰਘ ਦੀ ਨਿਗਰਾਨੀ ਹੇਠ ਕੀਤਾ ਗਿਆ।ਅਜਲਾਸ ਤੋਂ ਇੱਕ ਮਹੀਨਾ ਪਹਿਲਾਂ ਜਮਹੂਰੀ ਅਧਿਕਾਰ ਸਭਾ ਦੀ ਨਵੀਂ ਮੈਂਬਰਸ਼ਿਪ ਕੀਤੀ ਗਈ ਤੇ ਅਜਲਾਸ ਵਿੱਚ ਬੀਤੇ ਦੋ ਸਾਲਾਂ ਦੇ ਕਾਰਜਕਾਲ ਦੌਰਾਨ ਕੀਤੀਆਂ ਸਰਗਰਮੀਆਂ ਦੀ ਵਿਸਥਾਰ ਸਹਿਤ ਰਿਪੋਰਟ ਪੇਸ਼ ਕੀਤੀ ਗਈ।ਰਿਪੋਰਟ ਪੇਸ਼ ਕਰਨ ਮਗਰੋਂ ਇਸ 'ਤੇ ਭਰਵੀਂ ਚਰਚਾ ਕੀਤੀ ਗਈ ਤੇ ਰਿਪੋਰਟ ਵਿੱਚ ਡੈਲੀਗੇਟਾਂ ਵੱਲੋਂ ਦਿੱਤੇ ਸੁਝਾਵਾਂ ਨੂੰ ਦਰਜ ਕਰਦਿਆਂ ਸਰਬਸੰਮਤੀ ਨਾਲ ਪਾਸ ਕੀਤਾ ਗਿਆ।ਅਜਲਾਸ ਵਿੱਚ ਪੁਰਾਣੀ ਜ਼ਿਲ੍ਹਾ ਕਮੇਟੀ ਨੂੰ ਭੰਗ ਕਰਕੇ ਨਵੀਂ 15 ਮੈਂਬਰੀ ਜ਼ਿਲ੍ਹਾ ਕਮੇਟੀ ਦੀ ਚੋਣ ਕਰਦਿਆਂ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ ਗਈ, ਜਿਨ੍ਹਾਂ ਵਿੱਚ ਜਸਵੰਤ ਜੀਰਖ ਪ੍ਰਧਾਨ, ਡਾ. ਦਰਸ਼ਨ ਖੇੜੀ ਮੀਤ ਪ੍ਰਧਾਨ, ਅਜਮੇਰ ਦਾਖਾ ਜਨਰਲ ਸਕੱਤਰ, ਮੀਨਾਕਸ਼ੀ ਸਹਾਇਕ ਸਕੱਤਰ, ਪਰਮਜੀਤ ਸਿੰਘ ਵਿੱਤ ਸਕੱਤਰ, ਸਤੀਸ਼ ਸਚਦੇਵਾ ਤੇ ਅਰੁਣ ਪ੍ਰੈੱਸ ਸਕੱਤਰ, ਐਡਵੋਕੇਟ ਹਰਪ੍ਰੀਤ ਜੀਰਖ ਤੇ ਨਰਿੰਦਰ ਸਿੰਘ ਨੂੰ ਕਾਨੂੰਨੀ ਸਲਾਹਕਾਰ ਤੇ ਲਿਆ ਗਿਆ। ਡਾ. ਹਰਬੰਸ ਗਰੇਵਾਲ, ਰਾਕੇਸ਼ ਆਜ਼ਾਦ, ਸਵਰਨਜੀਤ ਸਿੰਘ, ਬਲਵਿੰਦਰ ਸਿੰਘ, ਸੁਖਵੀਰ ਸਿੰਘ ਤੇ ਪ੍ਰੋ. ਏ. ਕੇ. ਮਲੇਰੀ ਨੂੰ ਜ਼ਿਲ੍ਹਾ ਕਾਰਜਕਾਰੀ ਕਮੇਟੀ ਵਿੱਚ ਸ਼ਾਮਲ ਕੀਤਾ ਗਿਆ।ਅਖੀਰ ਵਿੱਚ ਅਗਲੇ ਸਮੇਂ ਵਿੱਚ ਹੋਣ ਵਾਲੇ ਸੂਬਾ ਅਜਲਾਸ ਲਈ ਡੈਲੀਗੇਟਾਂ ਦੀ ਚੋਣ ਕੀਤੀ ਗਈ।

# ਲਾਇਨਜ਼ ਕਲੱਬ ਸਿਟੀ ਨੇ ਪੌਦੇ ਲਾ ਕੇ ਵਾਤਾਵਰਣ ਸੰਭਾਲਣ ਦਾ ਦਿੱਤਾ ਸੰਦੇਸ਼

**ਮੋਗਾ (ਇਕਬਾਲ ਸਿੰਘ ਖਹਿਰਾ)**

ਵਾਤਾਵਰਣ ਦੀ ਸੰਭਾਲ ਤੇ ਹਰਿਆਲੀ ਵਧਾਉਣ ਦੇ ਉਦੇਸ਼ ਨਾਲ ਲਾਇਨਜ਼ ਕਲੱਬ ਮੋਗਾ ਸਿਟੀ ਵੱਲੋਂ ਆਈ.ਐੱਸ.ਐੱਫ. ਕਾਲਜ ਆਫ ਫਾਰਮੇਸੀ ਐਂਡ ਰਿਸਰਚ (ਆਈ ਐੱਸ ਐੱਫ ਸੀ ਪੀ ਆਰ ਕੈਂਪਸ-2) ਵਿਖੇ ਸਾਲਾਨਾ ਵਣ ਮਹਾਂਉਤਸਵ ਤਹਿਤ ਵੱਡੀ ਗਿਣਤੀ ਵਿੱਚ ਪੌਦੇ ਲਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੁਹਿੰਮ ਦੀ ਸ਼ੁਰੂਆਤ ਕਲੱਬ ਦੇ ਪ੍ਰਧਾਨ ਲਾਇਨ ਸਤਿੰਦਰਜੀਤ ਸਿੰਘ ਸੋਢੀ ਤੇ ਪ੍ਰੋਜੈਕਟ ਚੇਅਰਮੈਨ ਲਾਇਨ ਪ੍ਰਵੀਨ ਗਰਗ ਦੀ ਅਗਵਾਈ ਹੇਠ ਕੀਤੀ ਗਈ।ਇਸ ਮੌਕੇ ਲਾਇਨਜ਼ ਕਲੱਬ ਦੇ ਮੈਂਬਰਾਂ, ਕਾਲਜ ਪ੍ਰਬੰਧਕਾਂ, ਫੈਕਲਟੀ ਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕਰਦਿਆਂ ਵਾਤਾਵਰਣ ਦੀ ਰੱਖਿਆ ਤੇ ਇਲਾਕੇ ਵਿੱਚ ਹਰਿਆਲੀ ਵਧਾਉਣ ਦਾ ਸੰਕਲਪ ਲਿਆ।ਮੁਹਿੰਮ ਦੌਰਾਨ ਕੈਂਪਸ ਵਿੱਚ ਵੱਖ-ਵੱਖ ਕਿਸਮਾਂ ਦੇ ਪੌਦੇ ਲਗਾਏ ਗਏ।ਇਸ ਮੁਹਿੰਮ ਦੌਰਾਨ ਆਈ.ਐੱਸ.ਐੱਫ. ਕਾਲਜ ਆਫ ਫਾਰਮੇਸੀ ਦੇ ਚੇਅਰਮੈਨ ਪ੍ਰਵੀਨ ਗਰਗ, ਲਾਇਨ ਵਿਜੈ ਸਿੰਗਲਾ, ਲਾਇਨ




ਡਾ. ਅਸ਼ੋਕ ਗਰਗ, ਲਾਇਨ ਸੁਧੀਰ ਗਰਗ, ਲਾਇਨ ਜੀ. ਐੱਸ. ਜੱਸਲ, ਲਾਇਨ ਬਲਵੰਤ ਸਿੰਘ, ਲਾਇਨ ਬਲਦੇਵ ਸਿੰਘ, ਲਾਇਨ ਨਵ ਸ਼ਰਮਾ, ਲਾਇਨ ਅਰਜਿੰਦਰ ਸਿੰਘ, ਆਈ ਐੱਸ ਐੱਫ ਸੀ ਪੀ ਆਰ ਦੇ ਪ੍ਰਿੰਸੀਪਲ ਡਾ. ਆਰ. ਕੇ. ਨਾਰੰਗ, ਡਾ. ਸ਼ਮਸ਼ੇਰ ਸਿੰਘ, ਪ੍ਰੋ. ਸਾਨੀਆ ਗਰੋਵਰ, ਕਾਲਜ ਦੀ ਫੈਕਲਟੀ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।ਇਸ ਮੌਕੇ ਲਾਇਨਜ਼ ਕਲੱਬ ਮੋਗਾ ਸਿਟੀ ਦੇ ਪ੍ਰਧਾਨ ਲਾਇਨ ਸਤਿੰਦਰਜੀਤ ਸਿੰਘ ਸੋਢੀ ਨੇ ਕਿਹਾ ਕਿ ਜਲਵਾਯੂ ਪਰਿਵਰਤਨ ਦੀ ਚੁਣੌਤੀ ਨਾਲ ਨਜਿੱਠਣ ਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼-ਸੁਥਰਾ ਤੇ ਹਰਿਆ-ਭਰਿਆ ਵਾਤਾਵਰਣ ਯਕੀਨੀ ਬਣਾਉਣ ਲਈ ਪੌਦੇ ਲਾਉਣੇ ਸਭ ਤੋਂ ਪ੍ਰਭਾਵਸ਼ਾਲੀ ਉਪਰਾਲਿਆਂ ਵਿੱਚੋਂ ਇੱਕ ਹੈ।ਉਨ੍ਹਾਂ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਤੇ ਉਨ੍ਹਾਂ ਦੀ ਸੰਭਾਲ ਕਰਨ ਦੀ ਅਪੀਲ ਕੀਤੀ।

ਸਮਾਗਮ ਦੇ ਅੰਤ ਵਿੱਚ ਕਲੱਬ ਦੇ ਖਜ਼ਾਨਚੀ ਲਾਇਨ ਹਰਪਾਲ ਸਿੰਘ ਮੱਕੜ ਤੇ ਸਕੱਤਰ ਲਾਇਨ ਡਾ. ਅਜੀਤ ਪਾਲ ਸਿੰਘ ਨੇ ਸਾਰਿਆਂ ਦਾ ਧੰਨਵਾਦ ਕੀਤਾ।ਉਨ੍ਹਾਂ ਆਈ.ਐੱਸ.ਐੱਫ. ਕਾਲਜ ਆਫ ਫਾਰਮੇਸੀ ਦੇ ਚੇਅਰਮੈਨ ਪ੍ਰਵੀਨ ਗਰਗ, ਕਾਲਜ ਪ੍ਰਬੰਧਨ, ਸਟਾਫ਼ ਤੇ ਵਿਦਿਆਰਥੀਆਂ ਦਾ ਸ਼ਾਨਦਾਰ ਸਹਿਯੋਗ, ਮੇਜ਼ਬਾਨੀ ਤੇ ਇਸ ਹਰਿਆਵਲੀ ਮੁਹਿੰਮ ਨੂੰ ਸਫਲ ਬਣਾਉਣ ਲਈ ਵਿਸ਼ੇਸ਼ ਧੰਨਵਾਦ ਕੀਤਾ।

# ਆਤਮਾ ਸਿੰਘ ਪਮਾਰ ਦੀ ਵਾਰਤਕ ਪੁਸਤਕ 'ਦੁਨਿਆਵੀ ਮੰਚ 'ਤੇ ਵਿਚਰਦੇ ਫ਼ਰਿਸ਼ਤੇ' 'ਤੇ ਗੋਸ਼ਟੀ

**ਮਾਨਸਾ (ਪੱਤਰ ਪ੍ਰੇਰਕ)**




ਜ਼ਿਲ੍ਹਾ ਭਾਸ਼ਾ ਅਫ਼ਸਰ ਤੇਜਿੰਦਰ ਕੌਰ ਦੀ ਰਹਿਨੁਮਾਈ ਹੇਠ ਸਥਾਨਕ ਜ਼ਿਲ੍ਹਾ ਭਾਸ਼ਾ ਦਫ਼ਤਰ ਤੇ ਸਰ ਜੈਫ਼ਰੀ ਇੰਸਟੀਚਿਊਟ ਵੱਲੋਂ ਲੇਖਕ ਆਤਮਾ ਸਿੰਘ ਪਮਾਰ ਦੀ ਵਾਰਤਕ-ਪੁਸਤਕ 'ਦੁਨਿਆਵੀ ਮੰਚ 'ਤੇ ਵਿਚਰਦੇ ਫ਼ਰਿਸ਼ਤੇ' ਉੱਪਰ ਵਿਚਾਰ-ਚਰਚਾ ਦਾ ਆਯੋਜਨ ਕੀਤਾ ਗਿਆ।ਸਮਾਗਮ ਦੀ ਪ੍ਰਧਾਨਗੀ ਪ੍ਰਿੰਸੀਪਲ ਦਰਸ਼ਨ ਸਿੰਘ ਵੱਲੋਂ ਕੀਤੀ ਗਈ।ਸੁਆਗਤ ਕਰਦਿਆਂ ਵਿਭਾਗ ਦੇ ਖ਼ੋਜ ਅਫ਼ਸਰ ਤੇ ਕਵੀ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਮਾਨਸਾ ਦੀ ਧਰਤੀ ਲੇਖਕਾਂ, ਅਦਾਕਾਰਾਂ ਤੇ ਸੰਘਰਸ਼ੀ ਯੋਧਿਆਂ ਦੀ ਧਰਤੀ ਹੈ, ਜਿੱਥੇ ਆਏ ਦਿਨ ਸੰਵਾਦ ਗੋਸ਼ਟੀਆਂ ਦਾ ਆਯੋਜਨ ਕੀਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਆਤਮਾ ਸਿੰਘ ਪਮਾਰ ਦੀ ਇਹ ਪੁਸਤਕ ਸਵੈ ਸਿਮਰਤੀਆਂ ਤੇ ਸਮਕਾਲੀ ਰਾਜਨੀਤਕ ਸਰੋਕਾਰਾਂ ਦਾ ਸਾਂਝਾ ਪ੍ਰਗਟਾਵਾ ਹੈ।ਇਸ ਮੌਕੇ ਲੇਖਕ ਆਤਮ ਸਿੰਘ ਪਮਾਰ ਨੇ ਆਪਣੀ ਸਿਰਜਣ ਪ੍ਰਕਿਰਿਆ ਸਾਂਝੀ ਕਰਦਿਆਂ ਦੱਸਿਆ ਕਿ ਇਹ ਲੇਖ ਉਨ੍ਹਾਂ ਨੇ ਆਪਣੇ ਅਨੁਭਵਾਂ ਤੇ ਤਜਰਬਿਆਂ ਨੂੰ ਆਧਾਰ ਬਣਾ ਕੇ ਲਿਖੇ ਹਨ।ਇਸ ਪੁਸਤਕ 'ਤੇ ਪਰਚਾ ਪੜ੍ਹਦਿਆਂ ਡਾ. ਕੁਲਦੀਪ ਚੌਹਾਨ ਨੇ ਕਿਹਾ ਕਿ ਇਹ ਪੁਸਤਕ ਤਿੰਨੇ ਕਾਲਾਂ ਨਾਲ ਸੰਵਾਦ ਰਚਾਉਂਦੀ ਹੈ, ਇਸ ਕਿਤਾਬ 'ਚ ਯਾਦਾਂ ਵੀ ਨੇ, ਵਰਤਮਾਨ ਨਾਲ ਸੁਆਲ ਜੁਆਬ ਵੀ ਅਤੇ ਭਵਿੱਖ ਬਾਰੇ ਰਾਜਨੀਤਕ, ਸਮਾਜਿਕ ਟਿੱਪਣੀਆਂ ਵੀ ਹਨ।ਵਿਚਾਰ ਚਰਚਾ 'ਚ ਭਾਗ ਲੈਂਦਿਆਂ ਕਹਾਣੀਕਾਰ ਦਰਸ਼ਨ ਜੋਗਾ, ਕਾਵਿ ਵਿਅੰਗ ਲੇਖਕ ਸੁਖਚਰਨ ਸੱਦੇਵਾਲੀਆ, ਸਾਬਕਾ ਵਿਧਾਇਕ ਨਾਜ਼ਰ ਸਿੰਘ ਮਾਨਸ਼ਾਹੀਆ ਤੇ ਸਰ ਜੈਫ਼ਰੀ ਇੰਸਟੀਚਿਊਟ ਦੇ ਚੇਅਰਮੈਨ ਲਖਵਿੰਦਰ ਸਿੰਘ ਮੂਸਾ ਨੇ ਕਿਹਾ ਕਿ ਪਮਾਰ ਦੀ ਇਹ ਪੁਸਤਕ ਸਰਲ ਤੇ ਸਾਦਾ ਭਾਸ਼ਾ 'ਚ ਗਹਿਰੇ ਵਿਸ਼ਿਆਂ ਨੂੰ ਪ੍ਰਸਤੁਤ ਕਰਦੀ ਹੈ।ਇਸ ਸਮੇਂ ਦੋਵਾਂ ਸੰਸਥਾਵਾਂ ਵੱਲੋਂ ਲੇਖਕ ਆਤਮਾ ਸਿੰਘ ਪਮਾਰ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।ਮੰਚ ਸੰਚਾਲਨ ਦੀ ਭੂਮਿਕਾ ਪ੍ਰੋ. ਬਲਮ ਲੀਂਬਾ ਵੱਲੋਂ ਬਾਖੂਬੀ ਨਿਭਾਈ ਗਈ।ਇਸ ਗੋਸ਼ਟੀ 'ਚ ਲੇਖਕ ਦੇ ਪੂਰੇ ਪਰਿਵਾਰ ਤੋਂ ਇਲਾਵਾ ਗੁਰਮੇਲ ਕੌਰ ਜੋਸ਼ੀ, ਪ੍ਰੋ. ਬਲਜੀਤ ਕੌਰ, ਰਾਜ ਜੋਸ਼ੀ, ਡਾਕਟਰ ਜਨਕ ਰਾਜ ਸਿੰਗਲਾ, ਹਰਦੀਪ ਸਿੱਧੂ, ਹਰਿੰਦਰ ਮਾਨਸ਼ਾਹੀਆ, ਬਲਰਾਜ ਨੰਗਲ, ਬਿੰਦਰ ਮਾਨਸਾ, ਗੁਰਚਰਨ ਸਿੰਘ, ਵਿਸ਼ਵ ਬਰਾੜ, ਸੁਖਜੀਵਨ ਸਰਾਂ ਤੇ ਰਘਵੀਰ ਸਿੰਘ ਮਾਨਸ਼ਾਹੀਆ ਆਦਿ ਮੌਜੂਦ ਸਨ। ਇਸ ਮੌਕੇ ਵਿਕਰੀ ਇੰਚਾਰਜ ਸਰਬਜੀਤ ਸਿੰਘ ਤੇ ਓਮ ਪ੍ਰਕਾਸ਼ ਨੇ ਜ਼ਿਲ੍ਹਾ ਭਾਸ਼ਾ ਦਫਤਰ ਵੱਲੋਂ ਕਿਤਾਬਾਂ ਦੀ ਪ੍ਰਦਰਸ਼ਨੀ ਲਗਾਈ, ਜਿਸ ਨੂੰ ਪਾਠਕਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਗਿਆ।

# ਸਕੂਲੀ ਬੱਚਿਆਂ ਦੇ ਸ਼ਤਰੰਜ ਮੁਕਾਬਲੇ ਕਰਵਾਏ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਫਿਰੋਜ਼ਪੁਰ ਮੋਗਾ ਰੋਡ ਤੇ ਸਥਿਤ ਟੀ.ਬੀ.ਐੱਸ. ਇੰਟਰਨੈਸ਼ਨਲ ਸਕੂਲ ਵਿੱਚ ਬੱਚਿਆਂ ਦੇ ਸ਼ਤਰੰਜ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਦੀ ਅਗਵਾਈ ਚੇਅਰਮੈਨ ਡਾ. ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਵੇਕ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਵੱਲੋਂ ਕੀਤੀ ਗਈ ਅਤੇ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ। ਅੰਤਰਰਾਸ਼ਟਰੀ ਸ਼ਤਰੰਜ ਦਿਵਸ ਮੌਕੇ ਸਕੂਲ ਨੇ ਵਿਦਿਆਰਥੀਆਂ ਵਿੱਚ ਰਣਨੀਤਕ ਸੋਚ, ਸਬਰ ਤੇ ਖੇਡ ਭਾਵਨਾ ਨੂੰ ਉਤਸ਼ਾਹਤ ਕਰਨ ਲਈ ਇੱਕ ਸ਼ਤਰੰਜ ਮੈਚ ਦਾ ਆਯੋਜਨ ਕੀਤਾ। ਨੌਜਵਾਨ ਦਿਮਾਗਾਂ ਨੇ ਇਕਾਗਰਤਾ ਤੇ ਸਟੀਕ ਚਾਲਾਂ ਨਾਲ ਮੁਕਾਬਲਾ ਕੀਤਾ ਅਤੇ ਇਸ ਦਿਲਚਸਪ ਖੇਡ ਵਿੱਚ ਪਹਿਲਾ ਸਥਾਨ ਅਰਪਨਦੀਪ ਕੌਰ, ਦੂਜਾ ਸਥਾਨ ਸਹਿਜਪ੍ਰੀਤ ਸਿੰਘ ਤੇ ਤੀਜਾ ਸਥਾਨ ਪਰਦੀਪ ਸਿੰਘ ਨੂੰ ਮਿਲਿਆ। ਸਕੂਲ ਦੀ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਤੇ ਪ੍ਰਿੰਸੀਪਲ ਰੇਖਾ ਪਾਸੀ ਨੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਸਾਰੇ ਭਾਗੀਦਾਰਾਂ ਦੀ ਅਨੁਸ਼ਾਸਨ ਤੇ ਸ਼ਾਨਦਾਰ ਖੇਡ ਮੁਕਾਬਲੇ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਸਿੱਖਣ ਤੇ ਇਕਾਗਰਤਾ ਅਤੇ ਫੈਸਲਾ ਲੈਣ ਦੇ ਹੁਨਰ ਵਿਕਸਤ ਕਰਨ ਲਈ ਸ਼ਤਰੰਜ ਦੀ ਵਰਤੋਂ ਕਰਨ ਲਈ ਉਤਸ਼ਾਹਤ ਕੀਤਾ।

# ਸਫ਼ਾਈ ਸੇਵਕਾਂ ਨੇ ਨਗਰ ਨਿਗਮ ਦਫ਼ਤਰ ਅੱਗੇ ਲਾਇਆ ਧਰਨਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਸਫਾਈ ਸੇਵਕ ਯੂਨੀਅਨ ਨਗਰ ਨਿਗਮ ਪਟਿਆਲਾ ਦੇ ਪ੍ਰਧਾਨ ਬਾਬੂ ਰਾਮ (ਬੱਬੂ) ਦੀ ਰਹਿਨੁਮਾਈ ਵਿੱਚ ਨਗਰ ਨਿਗਮ ਪਟਿਆਲਾ ਦੇ ਦਫਤਰ ਕਰਮਚਾਰੀਆਂ ਦੇ ਹਿੱਤ ਲਈ ਧਰਨਾ ਲਾਇਆ ਗਿਆ, ਜਿਸ ਵਿੱਚ ਸਭ ਤੋਂ ਪਹਿਲਾ ਉਸ ਬੁੱਚੜ ਡੀ.ਐੱਸ.ਪੀ. ਸਤਬੀਰ ਬੈਂਸ ਤੇ ਐੱਸ.ਐੱਚ.ਓ. ਲਖਵਿੰਦਰ ਸਿੰਘ ਵੱਲੋਂ ਕਰਮਚਾਰੀਆਂ 'ਤੇ ਜੋ ਜ਼ੁਰਮ ਕੀਤਾ ਗਿਆ, ਲਾਠੀਚਾਰਜ ਕੀਤਾ ਗਿਆ, ਇਹ ਸਰਾਸਰ ਬੇਇਨਸਾਫੀ ਹੈ। ਇਹ ਡੀ.ਐੱਸ.ਪੀ. ਤੇ ਐੱਸ.ਐੱਚ.ਓ. ਨੂੰ ਆਈ.ਐੱਸ.ਸੀ., ਐੱਸ.ਟੀ. ਐਕਟ ਦਾ ਪਰਚਾ ਦਰਜ ਕੀਤਾ ਜਾਵੇ ਤੇ ਇਸ ਨੂੰ ਨੌਕਰੀ ਤੋਂ ਬਰਖਾਸਤ ਕੀਤਾ ਜਾਵੇ।ਇਸ ਧਰਨੇ ਨੂੰ ਵਿਸ਼ੇਸ਼ ਤੌਰ 'ਤੇ ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਦੇ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ ਵੱਲੋਂ ਪੂਰਨ ਸਹਿਯੋਗ ਰਿਹਾ।ਇਸ ਧਰਨੇ ਵਿੱਚ ਵਿਸ਼ੇਸ਼ ਤੌਰ 'ਤੇ ਸਵਿਪਰ ਯੂਨੀਅਨ ਦੇ ਪ੍ਰਧਾਨ ਬੱਬੂ ਰਾਮ (ਬੱਬੂ), ਮੰਗਤ ਕਲਿਆਣ ਜਨਰਲ ਸਕੱਤਰ, ਸੰਜੇ ਕਲਿਆਣ ਚੇਅਰਮੈਨ, ਬਲਜਿੰਦਰ ਸਿੰਘ ਕੈਸ਼ੀਅਰ, ਹੇਮ ਰਾਜ ਸਰਪ੍ਰਸਤ, ਅਜੈ ਕੁਮਾਰ, ਧਰਮਿੰਦਰ, ਰਾਹੁਲ, ਸੰਦੀਪ, ਪੰਮੀ ਦਰੋਗਾ, ਨੇਤਰ ਦਰੋਗਾ, ਵਿਨੋਦ ਦਰੋਗਾ, ਰਾਜੀਵ ਦਰੋਗਾ, ਰਾਜੂ ਦਰੋਗਾ, ਪੱਪੂ ਦਰੋਗਾ, ਕੁਲਦੀਪ ਦਰੋਗਾ, ਓਮ ਗੋਪਾਲ, ਅਸ਼ੋਕ ਵੈਦ, ਅਭਿਸ਼ੇਕ, ਰਤਨ ਦਰੋਗਾ, ਗੱਗੂ, ਮਿੱਠੂ, ਪੂਰਨ ਦਰੋਗਾ, ਅਜੈ ਦਰੋਗਾ, ਮੱਖਣ ਦਰੋਗਾ ਤੇ ਸਮੂਹ ਮੁਲਾਜ਼ਮਾਂ ਨੇ ਸਹਿਯੋਗ ਕੀਤਾ।

# ਸਾਹਿਤ ਸਭਾ ਦੀ ਮੀਟਿੰਗ 'ਚ ਚੱਲਿਆ ਰਚਨਾਵਾਂ ਦਾ ਦੌਰ

**ਜ਼ੀਰਾ (ਨਰਿੰਦਰ ਅਨੇਜਾ)**-ਸਾਹਿਤ ਸਭਾ ਜ਼ੀਰਾ ਦੀ ਇਕੱਤਰਤਾ ਉੱਘੇ ਗ਼ਜ਼ਲਗੋ ਤੇ ਪ੍ਰਕਿਰਤੀ ਕਲੱਬ ਦੇ ਪ੍ਰਧਾਨ ਜਰਨੈਲ ਸਿੰਘ ਭੁੱਲਰ ਦੀ ਪ੍ਰਧਾਨਗੀ ਹੇਠ ਜੀਵਨ ਮੱਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜ਼ੀਰਾ ਵਿਖੇ ਹੋਈ।ਇਕੱਤਰਤਾ ਦੇ ਸ਼ੁਰੂ ਵਿੱਚ ਸਾਹਿਤ ਸਭਾ ਜ਼ੀਰਾ ਦੇ ਪ੍ਰਧਾਨ ਦਲਜੀਤ ਰਾਏ ਕਾਲੀਆ ਨੂੰ ਅਦਬੀ ਵਿਰਾਸਤ ਮੈਗਜ਼ੀਨ ਦਾ ਕਾਰਜਕਾਰੀ ਸੰਪਾਦਕ ਬਣਨ 'ਤੇ ਸਭਾ ਦੇ ਸਮੂਹ ਮੈਂਬਰਾਂ ਵੱਲੋਂ ਮੁਬਾਰਕਬਾਦ ਦਿੱਤੀ ਗਈ ਤੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ। ਰਚਨਾਵਾਂ ਦੇ ਦੌਰ ਦੀ ਸ਼ੁਰੂਆਤ ਸਭਾ ਦੇ ਸੀਨੀਅਰ ਮੈਂਬਰ ਤਾਰਾ ਸਿੰਘ ਫੌਜੀ ਨੇ 'ਸਾਵਣ ਆਇਆ' ਕਵਿਤਾ ਨਾਲ ਕੀਤੀ। ਜਰਨੈਲ ਸਿੰਘ ਭੁੱਲਰ ਨੇ ਗ਼ਜ਼ਲ 'ਰੰਗਾਂ ਵਿੱਚ ਘੁਲ ਗਈ ਗੱਲ ਜੋ ਘਰ ਦੀ ਦੀਵਾਰ ਅੰਦਰ' ਤੇ ਸੁਖਰਾਜ ਸਿੰਘ ਜ਼ੀਰਾ ਨੇ ਆਪਣੀ ਰਚਨਾ 'ਪਾਣੀ ਵਿੱਚ ਪਾਣੀ ਵਿੱਚ ਫ਼ੌਜ ਸੱਜਣ ਮਧਾਣੀਆਂ' ਪੇਸ਼ ਕੀਤੀ।ਗੀਤਕਾਰ ਬਲਵਿੰਦਰ ਸਿੰਘ ਬੱਬ ਨੇ ਆਪਣੇ ਧਾਰਮਿਕ ਗੀਤ ਨਾਲ ਲਵਾਈ।ਬਲਵੀਰ ਸਿੰਘ ਲੋਹਗੜ੍ਹ ਨੇ 'ਰੱਬ ਵਸਦਾ ਏਥੇ' ਤੇ ਹਰਿੰਦਰ ਚੌਹਾਨ ਨੇ ਕਵਿਤਾ 'ਬਣਾ ਲਿਆ ਵਪਾਰ ਲੋਕਾਂ ਰਾਜਨੀਤੀ ਨੂੰ' ਪੇਸ਼ ਕੀਤੀ।ਦਲਜੀਤ ਰਾਏ ਕਾਲੀਆ ਨੇ ਗ਼ਜ਼ਲ 'ਸੋਨਾ ਚਾਂਦੀ ਚੜ੍ਹਦੇ ਧਰਮ ਦੁਆਰੇ ਨੇ' ਤੇ ਗ਼ਜ਼ਲਗੋ ਦੀਪ ਜੀਰਵੀ ਨੇ ਗ਼ਜ਼ਲ 'ਦੱਸ ਦੀ ਗੱਲ ਨਹੀਂ' ਸੁਣਾਈ।ਹਰਬੰਸ ਸਿੰਘ ਗੈਦੂ ਨੇ 'ਸ਼ਹੀਦ ਊਧਮ ਸਿੰਘ' ਤੇ ਬਘੇਲ ਸਿੰਘ ਨੇ 'ਸੂਰਮਾ ਭਗਤ ਸਿੰਘ' ਅਤੇ ਗੁਰੂ ਗੋਬਿੰਦ ਸਿੰਘ ਜੀ ਬਾਰੇ ਕਾਵਿ ਰਚਨਾਵਾਂ ਪੇਸ਼ ਕਰਕੇ ਖੂਬ ਵਾਹ ਵਾਹ ਖੱਟੀ।ਮਖੂ ਤੋਂ ਪੁੱਜੇ ਕਿਰਤੀ ਸ਼ਾਇਰ ਭਜਨ ਪੰਦਰ ਨੇ 'ਮੈਂ ਕੌਣ ਕਿਸੇ ਦੇ ਕੀ ਆਖਾਂ', ਪ੍ਰਿਤਪਾਲ ਸਿੰਘ ਮਣਕੂ ਨੇ 'ਜਦੋਂ ਹੋਵੇ ਪ੍ਰਤੱਖ', ਰੱਬੀ ਸ਼ਾਇਰ ਨੇ 'ਟੁੱਟੇ ਸੀ ਪਰ ਟੁੱਟੇ ਨਹੀਂ ਹਾਂ' ਨਾਲ ਕਾਵਿ ਮਹਿਫ਼ਿਲ ਵਿਚ ਰੰਗ ਬੰਨ੍ਹਿਆ।ਰੇਡੀਓ ਤੇ ਟੀਵੀ ਦੇ ਪ੍ਰਵਾਨਤ ਆਰਟਿਸਟ ਮਿੱਠਾ ਸਿੰਘ ਬੰਡਾਲਵੀ ਨੇ ਵੀ ਆਪਣੀ ਗਾਇਕੀ ਦਾ ਰੰਗ ਬਖੇਰਿਆ। ਸਾਰੀਆਂ ਰਚਨਾਵਾਂ 'ਤੇ ਭਰਵੀਂ ਬਹਿਸ ਹੋਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਜਰਨੈਲ ਸਿੰਘ ਭੁੱਲਰ, ਦੀਪ ਜੀਰਵੀ, ਸੁਖਰਾਜ ਜੀਰਾ ਨੇ ਹਿੱਸਾ ਲਿਆ ਅਤੇ ਉਸਾਰੂ ਸੁਝਾਅ ਦਿੱਤੇ।ਮੀਟਿੰਗ ਵਿੱਚ ਜਗਰਾਜ ਸਿੰਘ ਰਾਜੂ ਤੇ ਹਰਪ੍ਰੀਤ ਸਿੰਘ ਬੱਬ ਨੇ ਵੀ ਸ਼ਿਰਕਤ ਕੀਤੀ। ਸਾਹਿਤ ਦੇ ਮਹੱਤਵ ਬਾਰੇ ਸਭਾ ਦੇ ਸੀਨੀਅਰ ਮੈਂਬਰ ਐਡਵੋਕੇਟ ਹਰਦੀਪ ਸਿੰਘ ਸ਼ੇਰਗਿੱਲ ਨੇ ਆਪਣੇ ਵਿਚਾਰ ਸਾਂਝੇ ਕੀਤੇ।ਮੀਟਿੰਗ ਦੇ ਅੰਤ ਵਿੱਚ ਦਲਜੀਤ ਰਾਏ ਕਾਲੀਆਂ ਨੇ ਮੀਟਿੰਗ ਵਿੱਚ ਸ਼ਾਮਿਲ ਸਾਰੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ ਤੇ ਅਗਸਤ ਮਹੀਨੇ ਦੇ ਆਖਰੀ ਐਤਵਾਰ ਸਾਹਿਤਕ ਇਕੱਤਰਤਾ ਵਿੱਚ ਮੁੜ ਜੁੜਨ ਲਈ ਸੁਨੇਹਾ ਦਿੱਤਾ।ਸਟੇਜ ਸਕੱਤਰ ਦੇ ਫ਼ਰਜ਼ਾਂ ਨੂੰ ਪ੍ਰਿਤਪਾਲ ਮਣਕੂ ਵੱਲੋਂ ਨਿਭਾਇਆ ਗਿਆ।

## ਦਲਜੀਤ ਰਾਏ ਕਾਲੀਆ ਨੂੰ 'ਅਦਬੀ ਵਿਰਾਸਤ' ਦਾ ਕਾਰਜਕਾਰੀ ਸੰਪਾਦਕ ਬਣਨ 'ਤੇ ਵਧਾਈ ਦਿੱਤੀ



# ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਵੱਲੋਂ ਜਲੰਧਰ 'ਚ ਸਾਂਝੀ ਰੈਲੀ 5 ਨੂੰ

**ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ)**-ਬੀਤੇ ਦਿਨੀਂ ਦਿਹਾਤੀ ਮਜ਼ਦੂਰ ਸਭਾ ਦੀ ਜ਼ਿਲ੍ਹਾ ਮੁਕਤਸਰ ਸਾਹਿਬ ਦੀ ਜਨਰਲ ਬਾਡੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਤਖਤ ਮਿਲਾਣਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਉਚੇਚੇ ਤੌਰ 'ਤੇ ਮੀਟਿੰਗ ਵਿੱਚ ਸ਼ਾਮਲ ਹੋਏ। ਉਨ੍ਹਾਂ ਆਗੂਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਜ਼ਦੂਰ ਮੰਗਾਂ ਦੀ ਪ੍ਰਾਪਤੀ ਲਈ 5 ਅਗਸਤ ਨੂੰ ਜਲੰਧਰ ਦੇ ਦੇਸ਼ ਭਗਤ ਹਾਲ ਵਿੱਚ ਮਜ਼ਦੂਰ ਜਥੇਬੰਦੀਆਂ ਦੀ ਸਾਂਝੀ ਰੈਲੀ ਹੋ ਰਹੀ ਹੈ, ਜਿਸ ਵਿੱਚ ਸ੍ਰੀ ਮੁਕਤਸਰ ਸਾਹਿਬ ਵਿੱਚੋਂ ਵੱਡੀ ਸ਼ਮੂਲੀਅਤ ਕੀਤੀ ਜਾਵੇ। ਉਹਨ ਇਹ ਵੀ ਕਿਹਾ ਕਿ ਪੇਂਡੂ ਖੇਤਰ ਦੇ ਸਾਧਨਹੀਣ ਮਜ਼ਦੂਰਾਂ ਦੀਆਂ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ। ਮੀਟਿੰਗ ਵਿੱਚ ਜ਼ਿਲੇ ਭਰ 'ਚੋਂ 17 ਪਿੰਡ ਇਕਾਈਆਂ ਦੀ ਪ੍ਰਧਾਨ, ਸਕੱਤਰ ਸ਼ਾਮਲ ਹੋਏ। ਮੀਟਿੰਗ ਨੂੰ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਹਰਜੀਤ ਸਿੰਘ ਮਦਰੱਸਾ ਨੇ ਸੰਬੋਧਨ ਕਰਦਿਆਂ ਮਜ਼ਦੂਰ ਮੰਗਾਂ ਦਾ ਜ਼ਿਕਰ ਕੀਤਾ ਤੇ ਵਿਸਥਾਰ ਨਾਲ ਸਮਝਾਇਆ। ਉਨ੍ਹਾਂ ਜ਼ਿਲ੍ਹੇ ਭਰ ਵਿੱਚੋ 5 ਅਗਸਤ ਨੂੰ ਜਲੰਧਰ ਰੈਲੀ ਵਿੱਚ ਸ਼ਮੂਲੀਅਤ ਕਰਨ ਦੀ ਯੋਜਨਾਬੰਦੀ ਕੀਤੀ ਤੇ ਕਿਹਾ ਕਿ ਜ਼ਿਲ੍ਹੇ ਭਰ 'ਚੋਂ ਸੈਂਕੜੇ ਦਿਹਾਤੀ ਮਜ਼ਦੂਰ ਸਭਾ ਦੇ ਵਰਕਰ ਜਲੰਧਰ ਰੈਲੀ ਵਿੱਚ ਸ਼ਾਮਲ ਹੋਣਗੇ।

# ਸ਼ਹੀਦ ਕਰਤਾਰ ਸਿੰਘ ਸਰਾਭਾ ਵੈੱਲਫੇਅਰ ਟਰੱਸਟ ਵੱਲੋਂ ਸਨਮਾਨ ਸਮਾਰੋਹ



**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)**

ਸ਼ਹੀਦ ਕਰਤਾਰ ਸਿੰਘ ਸਰਾਭਾ ਵੈਲਫੇਅਰ ਟਰੱਸਟ ਵੱਲੋਂ ਗਿਆਰ੍ਹਵਾਂ ਵਿਦਿਆਰਥੀ ਤੇ ਅਧਿਆਪਕ ਸਨਮਾਨ ਸਮਾਰੋਹ ਮੈਰੀਟੋਰੀਅਸ ਸਕੂਲ, ਪਟਿਆਲਾ ਵਿਖੇ ਬੜੀ ਸ਼ਾਨੋ-ਸ਼ੌਕਤ ਨਾਲ ਕਰਾਇਆ ਗਿਆ।ਇਸ ਮੌਕੇ ਟਰੱਸਟ ਵੱਲੋਂ ਸਾਰੇ ਮੁੱਖ ਮਹਿਮਾਨਾਂ ਦਾ ਇਨਡੋਰ ਪੌਦੇ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਡਾ. ਰਵਿੰਦਰਪਾਲ ਸਿੰਘ ਸ਼ਰਮਾ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ), ਪਟਿਆਲਾ, ਡਾ. ਭੀਮਇੰਦਰ ਸਿੰਘ, ਡਾਇਰੈਕਟਰ, ਯੁਵਕ ਭਲਾਈ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ, ਅਜੀਤ ਸਿੰਘ ਭੱਟੀ, ਸਾਬਕਾ ਪ੍ਰਿੰਸੀਪਲ, ਮਨੀਸ਼ ਮਿੱਤਲ, ਪ੍ਰਸਿੱਧ ਸਮਾਜ ਸੇਵਕ, ਅਵਤਾਰ ਸਿੰਘ, ਪ੍ਰਿੰਸੀਪਲ, ਮੈਰੀਟੋਰੀਅਸ ਸਕੂਲ, ਪਟਿਆਲਾ ਤੇ ਸੁਰਿੰਦਰਪਾਲ, ਮੁਖੀ, ਤਰਕਸ਼ੀਲ ਸੁਸਾਇਟੀ, ਅਰਬਨ ਅਸਟੇਟ, ਪਟਿਆਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਟਰੱਸਟ ਦੇ ਪ੍ਰਧਾਨ ਅਕਸ਼ੈ ਖਨੌਰੀ ਨੇ ਦੱਸਿਆ ਕਿ ਸਮਾਗਮ ਦੌਰਾਨ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਅੱਠਵੀਂ, ਦਸਵੀਂ ਤੇ ਬਾਰ੍ਹਵੀਂ ਜਮਾਤਾਂ ਵਿੱਚ ਮੈਰਿਟ ਪ੍ਰਾਪਤ ਕਰਨ ਵਾਲੇ 32 ਹੋਣਹਾਰ ਵਿਦਿਆਰਥੀਆਂ ਨੂੰ ਟਰੱਸਟ ਵੱਲੋਂ ਪ੍ਰਤੀ ਵਿਦਿਆਰਥੀ ਨਕਦ ਰਾਸ਼ੀ, ਟਰਾਫੀ, ਸਨਮਾਨ ਪੱਤਰ ਤੇ ਪੈਨ ਪੈਕਟ ਭੇਟ ਕੀਤਾ ਗਿਆ।ਇਸ ਤੋਂ ਇਲਾਵਾ 27 ਅਧਿਆਪਕਾਂ ਤੇ 18 ਪ੍ਰਿੰਸੀਪਲਾਂ ਨੂੰ ਵਿਸ਼ੇਸ਼ ਸਨਮਾਨ ਚਿੰਨ੍ਹ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਦੌਰਾਨ ਨੌਜਵਾਨ ਗਾਇਕ ਹਰਮਨ ਵੱਲੋਂ ਪੇਸ਼ ਕੀਤੇ ਗਏ ਪ੍ਰੇਰਣਾਦਾਇਕ ਗੀਤਾਂ ਨੇ ਹਾਜ਼ਰੀਨ ਦਾ ਮਨ ਮੋਹ ਲਿਆ, ਜਦਕਿ ਟਰੱਸਟ ਮੈਂਬਰ ਮੈਡਮ ਕਿਰਨ ਸ਼ਰਮਾ ਨੇ ਆਪਣੀ ਪ੍ਰਭਾਵਸ਼ਾਲੀ ਕਵਿਤਾ ਦੀ ਪੇਸ਼ਕਾਰੀ ਕਰਕੇ ਹਾਜ਼ਰੀਨ ਤੋਂ ਭਰਪੂਰ ਪ੍ਰਸ਼ੰਸਾ ਹਾਸਲ ਕੀਤੀ

# ਭਾਜਪਾ ਮਹਿਲਾ ਮੋਰਚਾ ਵੱਲੋਂ ਰੋਸ ਪ੍ਰਦਰਸ਼ਨ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਨੇ ਭਾਜਪਾ ਪਟਿਆਲਾ ਦੇ ਜ਼ਿਲ੍ਹਾ ਆਗੂਆਂ ਤੇ ਵਰਕਰਾਂ ਸਮੇਤ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਖ਼ਿਲਾਫ਼ ਫਾਰਮਾਸਿਸਟ ਭਰਤੀ ਪ੍ਰੀਖਿਆ ਦੇ ਕਥਿਤ ਪੇਪਰ ਲੀਕ ਤੇ ਸਫ਼ਾਈ ਕਰਮਚਾਰੀਆਂ ਸਮੇਤ ਹੋਰ ਸ਼ਾਂਤਮਈ ਪ੍ਰਦਰਸ਼ਨਕਾਰੀਆਂ 'ਤੇ ਹੋਈ ਕਥਿਤ ਪੁਲਸ ਕਾਰਵਾਈ ਵਿਰੁੱਧ ਪਟਿਆਲਾ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ।ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਜੈ ਇੰਦਰ ਕੌਰ ਨੇ ਕਿਹਾ ਕਿ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਨਾਲ ਜੁੜੇ ਕਥਿਤ ਫਾਰਮਾਸਿਸਟ ਪੇਪਰ ਲੀਕ ਮਾਮਲੇ ਨੇ ਇੱਕ ਵਾਰ ਫਿਰ ਭਰਤੀ ਪ੍ਰਕਿਰਿਆ ਤੋਂ ਪੰਜਾਬ ਦੇ ਯੂਥ ਦਾ ਵਿਸ਼ਵਾਸ ਤੋੜ ਦਿੱਤਾ ਹੈ। ਉਨ੍ਹਾਂ ਇਸ ਮਾਮਲੇ ਦੀ ਨਿਰਪੱਖ ਤੇ ਸਮਾਂਬੱਧ ਜਾਂਚ ਦੀ ਮੰਗ ਕਰਦਿਆਂ ਕਿਹਾ ਕਿ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੂੰ ਇਸ ਦੀ ਨੈਤਿਕ ਜ਼ਿੰਮੇਵਾਰੀ ਲੈਂਦਿਆਂ ਤੁਰੰਤ ਅਸਤੀਫ਼ਾ ਦੇਣਾ ਚਾਹੀਦਾ ਹੈ।ਉਨ੍ਹਾਂ ਬਰਨਾਲਾ ਵਿਖੇ ਆਪਣੀਆਂ ਜਾਇਜ਼ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਰੋਸ ਪ੍ਰਦਰਸ਼ਨ ਕਰ ਰਹੇ ਸਫ਼ਾਈ ਕਰਮਚਾਰੀਆਂ (ਜਿਨ੍ਹਾਂ ਵਿੱਚ ਔਰਤਾਂ ਵੀ ਸ਼ਾਮਲ ਸਨ) 'ਤੇ ਹੋਏ ਕਥਿਤ ਲਾਠੀਚਾਰਜ ਦੀ ਵੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।

# ਡਾ. ਕਲਾਮ ਇੰਟਰਨੈਸ਼ਨਲ ਸਕੂਲ 'ਚ 'ਰੇਨ ਸ਼ਾਵਰ' ਐਕਟੀਵਿਟੀ, ਨੰਨ੍ਹੇ-ਮੁੰਨੇ ਬੱਚਿਆਂ ਨੇ ਕੀਤੀ ਖ਼ੂਬ ਮਸਤੀ



**ਬਾਘਾ ਪੁਰਾਣਾ (ਮਨੀ ਸਿੰਗਲਾ)**- ਇਲਾਕੇ ਦੀ ਨਾਮਵਾਰ ਵਿੱਦਿਅਕ ਸੰਸਥਾ ਡਾ. ਕਲਾਮ ਇੰਟਰਨੈਸ਼ਨਲ ਸਕੂਲ ਵਿੱਚ ਮੈਨੇਜਮੈਂਟ ਤੇ ਪ੍ਰਿੰਸੀਪਲ ਮੈਡਮ ਗੁਰਪ੍ਰੀਤ ਸ਼ਰਮਾ ਦੀ ਅਗਵਾਈ ਹੇਠ ਕਿੰਡਰਗਾਰਟਨ (ਕੇ.ਜੀ.) ਗਰੁੱਪ ਦੇ ਨੰਨ੍ਹੇ-ਮੁੰਨੇ ਬੱਚਿਆਂ ਲਈ ਵਿਸ਼ੇਸ਼ 'ਰੇਨ ਸ਼ਾਵਰ' ਐਕਟੀਵਿਟੀ ਦਾ ਆਯੋਜਨ ਕੀਤਾ ਗਿਆ।ਇਸ ਮਨੋਰੰਜਕ ਤੇ ਸਿੱਖਿਆਤਮਕ ਗਤੀਵਿਧੀ ਦੌਰਾਨ ਬੱਚਿਆਂ ਨੇ ਖੇਡਾਂ, ਸੰਗੀਤ ਤੇ ਪਾਣੀ ਨਾਲ ਜੁੜੀਆਂ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲੈਂਦਿਆਂ ਭਰਪੂਰ ਆਨੰਦ ਮਾਣਿਆ। ਐਕਟੀਵਿਟੀ ਦੌਰਾਨ ਬੱਚੇ ਰੰਗ-ਬਿਰੰਗੇ ਸਵਿਮਿੰਗ ਕੋਸਟਿਊਮ ਪਹਿਨ ਕੇ ਸਕੂਲ ਪਹੁੰਚੇ।ਉਨ੍ਹਾਂ ਲਈ ਪਾਣੀ ਨਾਲ ਭਰੇ ਛੋਟੇ-ਛੋਟੇ ਪੂਲ, ਖਿਡੌਣੇ ਤੇ ਰੰਗੀਨ ਗੇਂਦਾਂ ਦਾ ਖਾਸ ਪ੍ਰਬੰਧ ਕੀਤਾ ਗਿਆ ਸੀ। ਬੱਚਿਆਂ ਨੇ ਰੰਗ-ਬਿਰੰਗੀਆਂ ਛਤਰੀਆਂ ਨਾਲ ਮਸਤੀ ਕਰਦਿਆਂ ਖੂਬ ਖੇਡਿਆ ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ।ਇਸ ਤੋਂ ਇਲਾਵਾ ਬੱਚਿਆਂ ਨੇ ਪੇਪਰ ਬੋਟ (ਕਾਗਜ਼ ਦੀਆਂ ਕਿਸ਼ਤੀਆਂ) ਤਿਆਰ ਕਰਕੇ ਉਨ੍ਹਾਂ ਨੂੰ ਪਾਣੀ ਵਿੱਚ ਚਲਾਇਆ, ਜਿਸ ਨਾਲ ਉਨ੍ਹਾਂ ਦੀ ਰਚਨਾਤਮਕਤਾ ਤੇ ਕਲਪਨਾ ਸ਼ਕਤੀ ਨੂੰ ਵੀ ਨਵਾਂ ਉਤਸ਼ਾਹ ਮਿਲਿਆ।ਇਸ ਮੌਕੇ ਪ੍ਰਿੰਸੀਪਲ ਗੁਰਪ੍ਰੀਤ ਸ਼ਰਮਾ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਦਾ ਉਦੇਸ਼ ਬੱਚਿਆਂ ਨੂੰ ਗਰਮੀ ਤੋਂ ਰਾਹਤ ਦੇਣ ਦੇ ਨਾਲ-ਨਾਲ ਉਨ੍ਹਾਂ ਵਿੱਚ ਆਪਸੀ ਸਾਂਝ, ਦੋਸਤੀ, ਆਤਮ-ਵਿਸ਼ਵਾਸ ਤੇ ਟੀਮ ਵਰਕ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਹੈ।ਇਹ ਮਨਮੋਹਕ ਪਲ ਨਾ ਸਿਰਫ਼ ਬੱਚਿਆਂ ਲਈ, ਸਗੋਂ ਅਧਿਆਪਕਾਂ ਤੇ ਮਾਪਿਆਂ ਲਈ ਵੀ ਯਾਦਗਾਰ ਬਣ ਗਏ।

# ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਨੇ ਬਕਾਏ ਲਈ ਦਿੱਤਾ ਮੈਮੋਰੰਡਮ



**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ, ਅਸ਼ੋਕ ਬਾਂਸਲ)**-ਦੀ ਪੈਨਸ਼ਨਰ ਵੈੱਲਫ਼ੇਅਰ ਐਸੋਸੀਏਸ਼ਨ ਸੁਨਾਮ ਦਾ ਵਫ਼ਦ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ (1) ਨੂੰ ਤਨਖਾਹ ਕਮਿਸ਼ਨ ਵੱਲੋਂ ਸੋਧੇ ਤਨਖਾਹ ਕਮਿਸ਼ਨ ਸਕੇਲਾਂ ਦਾ, ਜੋ 1/1/2016 ਤੋਂ ਬਣਦਾ ਬਕਾਇਆ ਸੇਵਾ ਮੁਕਤ ਅਧਿਆਪਕਾਂ ਨੂੰ ਅਪ੍ਰੈਲ 2026 ਤੋਂ ਦੇਣਾ ਬਣਦਾ ਸੀ, ਦੀ ਅਦਾਇਗੀ ਸਬੰਧੀ ਪ੍ਰਧਾਨ ਰਾਮ ਸਰੂਪ ਢੈਪਈ ਤੇ ਜੀਤ ਸਿੰਘ ਬੰਗਾ ਜਨਰਲ ਸਕੱਤਰ ਦੀ ਅਗਵਾਈ ਹੇਠ ਮਿਲਿਆ।ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਨੂੰ ਬਕਾਇਆਂ ਦੀ ਅਦਾਇਗੀ ਸਬੰਧੀ ਮੈਮੋਰੰਡਮ ਦਿੱਤਾ ਗਿਆ, ਜਿਹੜਾ ਬਕਾਇਆ ਅਪ੍ਰੈਲ ਤੋਂ 36 ਕਿਸ਼ਤਾਂ ਵਿੱਚ ਅਦਾ ਕੀਤਾ ਜਾਣਾ ਸੀ, ਉਸ ਦੀ ਇੱਕ ਵੀ ਕਿਸ਼ਤ ਦੀ ਅਦਾਇਗੀ ਨਹੀਂ ਕੀਤੀ ਗਈ, ਜਦੋਂ ਕਿ ਹੁਣ ਤੱਕ ਚਾਰ ਕਿਸ਼ਤਾਂ ਦੀ ਅਦਾਇਗੀ ਕੀਤੀ ਜਾਣੀ ਬਣਦੀ ਸੀ।ਲੀਵ ਇਨਕੈਸ਼ ਦਾ ਬਕਾਇਆ ਵੀ ਇਸ ਦਫ਼ਤਰ ਨੇ ਕਈ ਕਈ ਮਹੀਨੇ ਲੇਟ ਕੀਤਾ ਗਿਆ ਹੈ।ਇਸ ਦਫ਼ਤਰ ਦੀ ਕਾਰਜਸ਼ੈਲੀ 'ਤੇ ਸਵਾਲੀਆ ਨਿਸ਼ਾਨ ਲਗਦਾ ਹੈ।ਬਹਾਨਾ ਇਹ ਲਾਇਆ ਜਾਂਦਾ ਹੈ ਕਿ ਸਮਰੱਥ ਅਧਿਕਾਰੀ ਦੀ ਅਸਾਮੀ ਖਾਲੀ ਪਈ ਹੈ, ਕਿਸੇ ਹੋਰ ਅਧਿਕਾਰੀ ਨੂੰ ਚਾਰਜ ਦਿੱਤਾ ਗਿਆ ਹੈ।ਪੈਨਸ਼ਨਰ ਵੈੱਲਫ਼ੇਅਰ ਐਸੋਸੀਏਸ਼ਨ ਸੁਨਾਮ ਨੇ ਆਪਣੇ ਮੈਮੋਰੰਡਮ ਵਿੱਚ ਲਿਖਿਆ ਹੈ ਕਿ ਜੇਕਰ ਬਣਦੇ ਬਕਾਇਆਂ ਦੀ ਅਦਾਇਗੀ ਅਗਸਤ ਮਹੀਨੇ ਵਿੱਚ ਨਾ ਕੀਤੀ ਗਈ ਤਾਂ ਪੈਨਸ਼ਨਰ ਐਸੋਸੀਏਸ਼ਨ ਰੋਸ ਵਿਖਾਵੇ ਕਰਨ ਲਈ ਮਜਬੂਰ ਹੋਵੇਗੀ, ਜਿਸ ਦੀ ਜ਼ਿੰਮੇਵਾਰੀ ਖੁਦ ਅਧਿਕਾਰੀ ਦੀ ਹੋਵੇਗੀ।

# ਡੀ ਏ ਵੀ ਸੈਂਟੇਨਰੀ ਦੇ ਸ਼ਤਰੰਜ ਖਿਡਾਰੀਆਂ ਜਿੱਤਿਆ ਗੋਲ੍ਡ ਮੈਡਲ

**ਜਗਰਾਉਂ (ਅਮਿਤ ਖੰਨਾ)**-ਡੀ.ਏ.ਵੀ. ਸੈਂਟੇਨਰੀ ਪਬਲਿਕ ਸਕੂਲ ਬੀ.ਆਰ.ਐੱਸ. ਨਗਰ ਲੁਧਿਆਣਾ ਵਿਖੇ ਆਯੋਜਿਤ ਡੀ.ਏ.ਵੀ. ਨੈਸ਼ਨਲ ਸਪੋਰਟਸ ਕਲੱਸਟਰ ਲੈਵਲ ਸ਼ਤਰੰਜ ਮੁਕਾਬਲਿਆਂ ਵਿੱਚ ਡੀ.ਏ.ਵੀ. ਸੈਂਟੇਨਰੀ ਪਬਲਿਕ ਸਕੂਲ ਜਗਰਾਉਂ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੌਸ਼ਨ ਕੀਤਾ।ਸਕੂਲ ਦੇ ਪ੍ਰਿੰਸੀਪਲ ਡਾਕਟਰ ਵੇਦ ਵਰਤ ਪਲਾਹ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅੰਡਰ-17 ਲੜਕੀਆਂ ਵਰਗ ਵਿੱਚ ਸਕੂਲ ਦੀ ਟੀਮ ਨੇ ਆਪਣੀ ਬੇਮਿਸਾਲ ਖੇਡ ਦਾ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ।ਇਸ ਜੇਤੂ ਟੀਮ ਵਿੱਚ ਆਇਰਾ ਬਾਂਸਲ, ਪਾਰੁਲ ਚੋਪੜਾ, ਏਂਜਲ ਤੇ ਕੁਲਨੂਰ ਕੌਰ ਨੇ ਭਾਗ ਲਿਆ।ਇਸੇ ਤਰ੍ਹਾਂ ਅੰਡਰ-17 ਲੜਕਿਆਂ ਦੇ ਵਰਗ ਵਿੱਚ ਸ਼ਾਨਦਾਰ ਖੇਡ ਦਿਖਾਉਂਦਿਆਂ ਦੂਜਾ ਸਥਾਨ ਪ੍ਰਾਪਤ ਕੀਤਾ।ਇਸ ਟੀਮ ਵਿੱਚ ਅਗਮਪ੍ਰੀਤ ਸਿੰਘ ਕੈਂਥ, ਭਵਿਆ ਬਾਂਸਲ, ਸਪਰਸ ਸਿੰਗਲਾ ਤੇ ਦਿਕਸ਼ਾਤ ਅਰੋੜਾ ਨੇ ਭਾਗ ਲਿਆ। ਸਕੂਲ ਦੇ ਪ੍ਰਿੰਸੀਪਲ ਤੇ ਸਮੂਹ ਸਟਾਫ਼ ਨੇ ਜੇਤੂ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ ਤੇ ਉਨ੍ਹਾਂ ਦੇ ਮਾਪਿਆਂ ਤੇ ਕੋਚਾਂ ਦੀ ਵੀ ਸ਼ਲਾਘਾ ਕੀਤੀ, ਜਿਨ੍ਹਾਂ ਦੀ ਮਿਹਨਤ ਤੇ ਮਾਰਗਦਰਸ਼ਨ ਸਦਕਾ ਇਹ ਸ਼ਾਨਦਾਰ ਸਫ਼ਲਤਾ ਸੰਭਵ ਹੋਈ।ਇਹ ਸਾਰੇ ਜੇਤੂ ਖਿਡਾਰੀ ਆਉਣ ਵਾਲੀਆਂ ਡੀ.ਏ.ਵੀ. ਸਟੇਟ ਪੱਧਰ ਦੀਆਂ ਖੇਡਾਂ ਲਈ ਵੀ ਚੁਣੇ ਗਏ ਹਨ।ਇਸ ਮੌਕੇ ਸਕੂਲ ਦੇ ਡੀ.ਪੀ.ਈ. ਹਰਦੀਪ ਸਿੰਘ ਬਿੰਜਲ, ਸੁਰਿੰਦਰ ਪਾਲ ਵਿੱਜ ਖੁਸ਼ਹਾਲ ਪਟਿਆਲਾ ਤੇ ਸੁਰਿੰਦਰ ਕੌਰ ਤੂਰ ਮੌਜੂਦ ਸਨ।



# ਮੀਰੀ-ਪੀਰੀ ਖ਼ਾਲਸਾ ਅਕੈਡਮੀ ਨੇ ਦੂਜੀ ਵਾਰ ਜਿੱਤੇ ਸੋਨ ਤਗਮੇ




**ਸਰਦੂਲਗੜ੍ਹ (ਅਵਤਾਰ ਜਟਾਣਾ)**- ਕਾਹਨੇਵਾਲਾ ਮੀਰੀ-ਪੀਰੀ ਖ਼ਾਲਸਾ ਅਕੈਡਮੀ, ਕਾਹਨੇਵਾਲਾ ਲਈ ਇਹ ਬੇਹੱਦ ਮਾਣ ਦਾ ਮੌਕਾ ਹੈ ਕਿ ਅਕੈਡਮੀ ਦੀਆਂ ਅੰਡਰ-14 ਤੇ ਅੰਡਰ-19 ਲੜਕੀਆਂ ਦੀਆਂ ਖੋ-ਖੋ ਟੀਮਾਂ ਨੇ ਸੀਬੀਐਸਈ ਕਲੱਸਟਰ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਲਗਾਤਾਰ ਦੂਸਰੀ ਵਾਰ ਸੋਨ ਤਗਮੇ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ।ਇਸ ਸ਼ਾਨਦਾਰ ਜਿੱਤ ਦੇ ਨਾਲ ਦੋਵੇਂ ਟੀਮਾਂ ਨੇ ਸੀਬੀਐਸਈ ਨੈਸ਼ਨਲ ਪੱਧਰ ਦੇ ਮੁਕਾਬਲਿਆਂ ਲਈ ਕੁਆਲੀਫਾਈ ਕਰ ਲਿਆ ਹੈ।ਇਹ ਪ੍ਰਾਪਤੀ ਖਿਡਾਰਨਾਂ ਦੀ ਸਖ਼ਤ ਮਿਹਨਤ, ਅਨੁਸ਼ਾਸਨ, ਟੀਮ ਵਰਕ, ਲਗਨ ਤੇ ਦ੍ਰਿੜ੍ਹ ਇਰਾਦੇ ਦਾ ਨਤੀਜਾ ਹੈ।ਸਕੂਲ ਦੇ ਚੇਅਰਮੈਨ ਇੰਦਰਜੀਤ ਸਿੰਘ ਤੇ ਪ੍ਰਿੰਸੀਪਲ ਪ੍ਰਦੀਪ ਸੋਨੀ ਨੇ ਖਿਡਾਰਨਾਂ, ਕੋਚ ਸਤਪਾਲ ਸਿੰਘ, ਮੈਡਮ ਬੰਧਨਾ ਤੇ ਅਧਿਆਪਕਾਂ ਤੇ ਸਮੁੱਚੇ ਸਕੂਲ ਪਰਵਾਰ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਮੀਰੀ-ਪੀਰੀ ਖ਼ਾਲਸਾ ਅਕੈਡਮੀ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਉੱਚੀਆਂ ਮੰਜ਼ਲਾਂ ਹਾਸਲ ਕਰਨ ਲਈ ਹਰ ਸੰਭਵ ਸਹੂਲਤ ਤੇ ਮੌਕਾ ਪ੍ਰਦਾਨ ਕਰ ਰਹੀ ਹੈ।

# ਸਫ਼ਾਈ ਕਰਮਚਾਰੀਆਂ ਮੁੱਖ ਮੰਤਰੀ ਦਾ ਫੂਕਿਆ ਪੁਤਲਾ



**ਰਾਏਕੋਟ (ਸੰਤੋਖ ਗਿੱਲ)**-ਸਫ਼ਾਈ ਸੇਵਕਾਂ ਤੇ ਮਿਉਂਸਪਲ ਕਰਮਚਾਰੀਆਂ ਦੀਆਂ ਮੰਗਾਂ ਦੇ ਹੱਕ ਵਿੱਚ ਰਾਏਕੋਟ ਦੇ ਪ੍ਰਮੁੱਖ ਹਰੀ ਸਿੰਘ ਨਲੂਆ ਚੌਕ ਵਿੱਚ ਸਫ਼ਾਈ ਕਰਮਚਾਰੀਆਂ ਨੇ ਆਵਾਜਾਈ ਠੱਪ ਕਰਕੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ।ਪ੍ਰਦਰਸ਼ਨਕਾਰੀਆਂ ਨੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ, ਡੀ.ਐੱਸ.ਪੀ. ਤੇ ਥਾਣੇਦਾਰ ਦੇ ਪੁਤਲੇ ਫੂਕੇ।ਰੋਸ ਪ੍ਰਦਰਸ਼ਨ ਉਪਰੰਤ ਤਹਿਸੀਲਦਾਰ ਰੇਸ਼ਮ ਸਿੰਘ ਬਸਰਾਓ ਨੂੰ ਮੰਗ-ਪੱਤਰ ਸੌਂਪਿਆ ਗਿਆ।ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਸਫ਼ਾਈ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਬੌਬੀ ਗਿੱਲ, ਮਿੱਟੂ ਨਾਹਰ, ਰਾਜ ਕੁਮਾਰ ਕਮਲਦੀਪ ਤੇ ਹੋਰ ਆਗੂਆਂ ਨੇ ਕਿਹਾ ਕਿ ਬਰਨਾਲਾ ਵਿੱਚ ਸ਼ਾਂਤਮਈ ਸੰਘਰਸ਼ ਕਰ ਰਹੇ ਸਫ਼ਾਈ ਕਰਮਚਾਰੀਆਂ 'ਤੇ ਬੇਰਹਿਮੀ ਨਾਲ ਲਾਠੀਚਾਰਜ ਕਰ ਕੇ ਜਮਹੂਰੀ ਹੱਕਾਂ ਦਾ ਘਾਣ ਕੀਤਾ ਹੈ।ਉਨ੍ਹਾਂ ਮੰਗ ਕੀਤੀ ਕਿ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਮੰਨਿਆ ਜਾਵੇ ਤੇ ਦੋਸ਼ੀ ਅਧਿਕਾਰੀਆਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇ।ਇਸ ਮੌਕੇ ਕਾਂਗਰਸ ਪਾਰਟੀ ਦੇ ਨਵੇਂ ਚੁਣੇ ਲਗਭਗ ਸਾਰੇ ਕੌਂਸਲਰ ਵੀ ਹਾਜ਼ਰ ਰਹੇ।ਸੀਨੀਅਰ ਕਾਂਗਰਸ ਆਗੂ ਸੁਖਪਾਲ ਸਿੰਘ ਗੋਂਦਵਾਲ, ਸੀਟੂ ਆਗੂ ਰਾਜਜਸਵੰਤ ਸਿੰਘ ਤਲਵੰਡੀ ਤੇ ਪ੍ਰਿਤਪਾਲ ਸਿੰਘ ਬਿੱਟਾ ਨੇ ਸੰਬੋਧਨ ਕਰਦਿਆਂ ਸਫ਼ਾਈ ਕਰਮਚਾਰੀਆਂ ਦੇ ਸੰਘਰਸ਼ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ।ਇਸ ਦੌਰਾਨ ਮਿਉਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਸਫ਼ਾਈ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਦਾ ਤੁਰੰਤ ਨਿਪਟਾਰਾ ਕਰਨ, ਨਗਰ ਕੌਂਸਲਾਂ ਲਈ ਲੋੜੀਂਦੇ ਫ਼ੰਡ ਜਾਰੀ ਕਰਨ, ਕਰਮਚਾਰੀਆਂ ਦੀਆਂ ਲੰਬਿਤ ਮੰਗਾਂ ਦਾ ਹੱਲ ਕਰਨ ਤੇ ਬਰਨਾਲਾ ਘਟਨਾ ਲਈ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ।

# ਡੀ.ਸੀ ਦਫ਼ਤਰ ਕ੍ਰਮਚਾਰੀਆਂ ਵੱਲੋਂ ਮੰਗਾਂ ਨੂੰ ਲੈ ਕੇ ਹੜਤਾਲ



**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਪੰਜਾਬ ਰਾਜ ਡਿਪਟੀ ਕਮਿਸ਼ਨਰ ਦਫ਼ਤਰ ਕ੍ਰਮਚਾਰੀ ਯੂਨੀਅਨ ਵੱਲੋਂ ਤਹਿਸੀਲ ਕੰਪਲੈਕਸ ਰਾਏਕੋਟ ਵਿੱਚ ਡੀ.ਸੀ. ਦਫਤਰ ਯੂਨੀਅਨ ਦੇ ਕ੍ਰਮਚਾਰੀਆਂ ਵੱਲੋਂ ਧਰਨਾ ਪ੍ਰਦਰਸ਼ਨ ਕੀਤਾ ਗਿਆ।ਜਿਸ ਦੌਰਾਨ ਰੋਜ਼ਾਨਾ ਦੀ ਤਰ੍ਹਾਂ ਕੰਮਕਾਰ ਕਰਾਉਣ ਲਈ ਲੋਕ ਆਏ, ਪਰ ਕ੍ਰਮਚਾਰੀਆਂ ਦੀ ਹੜਤਾਲ ਹੋਣ ਕਾਰਨ ਨਿਰਾਸ਼ ਹੋ ਕਰ ਅੱਤ ਦੀ ਗਰਮੀ ਵਿੱਚ ਵਾਪਸ ਜਾਣ ਲਈ ਮਜਬੂਰ ਹੋਏ। ਉਨ੍ਹਾਂ ਆਖਿਆ ਉਕਤ ਧਰਨੇ ਹੜਤਾਲ ਰੋਸ ਪ੍ਰਦਰਸ਼ਨ ਪੰਜਾਬ ਦੇ ਲੋਕਾਂ ਲਈ ਮੁਸੀਬਤ ਬਣੇ ਹੋਏ ਹਨ। ਇਨ੍ਹਾਂ ਦਾ ਕੋਈ ਸਾਰਥਿਕ ਹੱਲ ਕਰਕੇ ਹਰ ਵਰਗ ਦਾ ਧਿਆਨ ਰੱਖਿਆ ਜਾਵੇ।ਉਕਤ ਰੋਸ ਪ੍ਰਦਰਸ਼ਨ ਦੌਰਾਨ ਸਮੂਹ ਕ੍ਰਮਚਾਰੀਆਂ ਵੱਲੋਂ ਪੰਜਾਬ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕੀਤੀ ਗਈ।ਯੂਨੀਅਨ ਦੇ ਮੈਂਬਰ ਵੱਲੋਂ ਦੱਸਿਆ ਗਿਆ ਕਿ ਕ੍ਰਮਚਾਰੀ 17.07.2020 ਦਾ ਪੱਤਰ ਰੱਦ ਕਰਾਉਣ, ਬਕਾਇਆ 41 ਜਾਰੀ ਕਰਾਉਣ, ਸੀਨੀਅਰ ਸਹਾਇਕ ਦੀ ਪ੍ਰਮੋਸ਼ਨ ਅਤੇ ਹੋਰ ਮੰਗਾਂ ਮਨਵਾਉਣ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਹਾਂ।


## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ - ਤੀਸਰੀ/ਫ਼ਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ ਆਖਰੀ ਮਿਤੀ 17.08.2026 ਵਕਤ 15.00 ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ । ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ । ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ । ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ । ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ |
| 24.07.2026 | 03.08.2026 | 17.08.2026 / 15:00 ਵਜੇ |

| ਲ.ਨੰ: | ਟੈਂਡਰ ਨੰਬਰ | ਟੈਂਡਰ ਦਾ ਵੇਰਵਾ | | | |
|---|---|---|---|---|---|
| 1. | 70-2026-27-ADEN-I-ASR | ਸਹਾਇਕ ਮੰਡਲ ਇੰਜੀਨੀਅਰ - ਪਹਿਲੀ/ਅੰਮ੍ਰਿਤਸਰ ਦੇ ਤਹਿਤ ਸੀਨੀਅਰ ਅਨੁਭਾਗੀਯ ਇੰਜੀਨੀਅਰ/ਵਰਕਸ/ML/ਅੰਮ੍ਰਿਤਸਰ ਸੈਕਸ਼ਨ ਵਿਚ ਅੰਮ੍ਰਿਤਸਰ ਰੇਲਵੇ ਸਟੇਸ਼ਨ ਉਤੇ ਵੇਟਿੰਗ ਹਾਲ, ਬੁਕਿੰਗ ਆਫਿਸ, ਰਿਟਾਯਰਿੰਗ ਰੂਮ, ਡਾਰਮੇਟਰੀ, ਰਿਜਰੇਵਸ਼ਨ ਆਫਿਸ ਪਾਰਸਲ ਹੈਂਡਲਿੰਗ ਏਰੀਆ, ਕਮਰੀਸ਼ਅਲ ਆਫਿਸ ਆਦਿ ਵਿਚ ਸੁਧਾਰ ਅਤੇ ਅਪਗ੍ਰੇਡੇਸ਼ਨ ਦਾ ਕੰਮ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 24382611.06 | 487700.00 | 60 ਦਿਨ | 06 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ : "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ ।" | | | |
| 2. | 71-2026-27-SrDEN-III-FZR | ਸਹਾਇਕ ਮੰਡਲ ਇੰਜੀਨੀਅਰ-ਤੀਸਰੀ/ਫ਼ਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ ਫ਼ਿਰੋਜ਼ਪੁਰ ਡਵੀਜਨ ਦੇ ਨਾਨ-ਇੰਟਰਲਾਕ ਲੇਵਲ ਕਰੋਸਿੰਗ ਗੇਟਸ (TVU) 10,000 ਤੋਂ 20,000 ਦੇ ਵਿਚ ਗੇਟ ਸਿੰਗਨਲਿੰਗ ਦੇ ਲਈ 25 ਲੇਵਲ ਕਰੋਸਿੰਗ ਉਤੇ ਰਿਲੇ ਹੱਟ ਦੀ ਵਿਵਸਥਾ, ਟਾਇਪ ਪਲਾਨ ਨੰਬਰ HQ/01/02-2017/R-1 ਦੇ ਅਨੁਸਾਰ । | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 45409308.70 | 908200.00 | 60 ਦਿਨ | 10 ਮਹੀਨੇ |
| | | ਸਮਾਨ ਪ੍ਰਕ੍ਰਿਤੀ ਦਾ ਕੰਮ : "ਇਮਾਰਤ/ਆਵਾਸ ਦਾ ਨਿਰਮਾਣ ।" | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ । 2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ । ਟੈਂਡਰ ਨੰ: -70-2026-27-ADEN-I-ASR & 71-2026-27-SrDEN-III-FZR ਮਿਤੀ :24.07.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 2573/26



AXIS BANK

**Retail Asset Centre:** AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana - 141001. **Corporate Office:** 'Axis House', Block-B, Bombay Dyeing Mills Compound, Pandurang Budhkar Marg, Worli, Mumbai-400025 **Registered Office:** 'Trishul', 3rd floor, opposite Samartheswar Temple, Law garden, Ellisbridge, Ahmadabad-380006

## ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਨਿਕਲਦੀ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ ਤੇ ਪਤਾ : 1. ਮੈਸਰਜ਼ ਗੁਰੂ ਕਿਰਪਾ ਰਾਹੀਂ ਇਸ ਦੇ ਮਾਲਕ ਸ੍ਰੀ ਵਰਿੰਦਰ ਸਿੰਘ ਪੁੱਤਰ ਚਰਨਜੀਤ ਸਿੰਘ। 2. ਸ੍ਰੀ ਵਰਿੰਦਰ ਸਿੰਘ ਪੁੱਤਰ ਚਰਨਜੀਤ ਸਿੰਘ 3. ਸ੍ਰੀ ਰਾਜੀਵ ਸ਼ਰਮਾ ਪੁੱਤਰ ਸਤਪਾਲ ਸ਼ਰਮਾ 4. ਸ੍ਰੀਮਤੀ ਬਿੰਦਰ ਕੌਰ ਪਤਨੀ ਚਰਨਜੀਤ ਸਿੰਘ

ਅਚੱਲ ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ ਮੁਹੱਲਾ ਤਰਖਾਣਾ ਵਾਲਾ ਸੁਨਾਮ ਵਿਖੇ ਸਥਿਤ ਨਾਲ ਸੰਬੰਧਤ ਸਭ ਕੁਝ, ਤਹਿਸੀਲ ਸੁਨਾਮ, ਜ਼ਿਲ੍ਹਾ ਸੰਗਰੂਰ ਕੁੱਲ ਰਕਬਾ 169 ਵਰਗ ਗਜ਼ ਬਿੰਦਰ ਕੌਰ ਪਤਨੀ ਚਰਨਜੀਤ ਸਿੰਘ ਦੇ ਨਾਂਅ ਰਾਹੀਂ ਬੈਨਾਮਾ ਵਸੀਕਾ ਨੰ. 2439 ਮਿਤੀ 5-10-2009 ਅਨੁਸਾਰ। ਹੱਦਾਂ ਹੇਠ ਅਨੁਸਾਰ : ਪੂਰਬ : ਵੀਨਾ ਰਾਣੀ ਦੀ ਜਾਇਦਾਦ ਬਾਹੀ 34'-9", ਪੱਛਮ : ਮਾਲਕ ਦੀ ਜ਼ਮੀਨ ਅਤੇ ਪ੍ਰਕਾਸ਼ ਚੰਦ ਬਾਹੀ 30'-2"+5'-1", ਉੱਤਰ : ਗਲੀ 4'-10" ਬਾਹੀ 44'-0", ਦੱਖਣ : ਮਕਾਨ ਪ੍ਰਕਾਸ਼ ਕੌਰ ਬਾਹੀ 37'-2"+8'-0" ਰਿਹਾਇਸ਼ੀ ਨੰ. ਬੀ-3-254, ਮੁਹੱਲਾ ਅਲੀ ਬਜ਼ਾਰ ਨੇੜੇ ਮੁਹੱਲਾ ਮੈਕਾ ਸੁਨਾਮ ਨਾਲ ਸੰਬੰਧਤ ਸਭ ਕੁਝ, ਤਹਿਸੀਲ ਸੁਨਾਮ, ਜ਼ਿਲ੍ਹਾ ਸੰਗਰੂਰ, ਕੁੱਲ ਖੇਤਰ ਰਕਬਾ 145 ਵਰਗ ਗਜ਼, ਰਾਜੀਵ ਸ਼ਰਮਾ ਪੁੱਤਰ ਸਤਪਾਲ ਸ਼ਰਮਾ ਦੇ ਨਾਂਅ, ਰਜਿਸਟਰਡ ਬੈਨਾਮਾ ਵਸੀਕਾ ਨੰ. 2867 ਮਿਤੀ 16-12-2009 ਅਨੁਸਾਰ, ਜਿਸ ਦੀਆਂ ਹੱਦਾਂ ਹਨ : ਪੂਰਬ : ਮੰਦਰ ਦੀ ਜ਼ਮੀਨ ਬਾਹੀ 15', ਪੱਛਮ : ਮਾਲਕ ਦੀ ਜ਼ਮੀਨ ਬਾਹੀ 8'-6"+ ਸੜਕ ਬਾਹੀ 6'-6", ਉੱਤਰ : ਮਾਲਕ ਦੀ ਜ਼ਮੀਨ ਬਾਹੀ 77'+23', ਦੱਖਣ : ਬਚਨ ਸਿੰਘ ਦਾ ਮਕਾਨ ਬਾਹੀ 77'+23"

13-2 ਨੋਟਿਸ ਅਨੁਸਾਰ ਬਕਾਇਆ ਰਕਮ : ਰੁਪਏ 57,75,041/- (ਸਤਵੰਜਾ ਲੱਖ ਪਝੱਤਰ ਹਜ਼ਾਰ ਇਕਤਾਲੀ ਰੁਪਏ ਕੇਵਲ)

| ਡਿਮਾਂਡ ਨੋਟਿਸ ਦੀ ਮਿਤੀ | ਐੱਨ ਪੀ ਏ ਦੀ ਮਿਤੀ | ਕਬਜ਼ੇ ਦੀ ਮਿਤੀ |
|---|---|---|
| 12 ਫਰਵਰੀ 2025 | 29 ਜੂਨ 2024 | 23 ਜੁਲਾਈ 2026 |

ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ ਤੇ ਪਤਾ : 1. ਮੈਸਰਜ਼ ਸਿੰਗਲਾ ਕੰਟਰੈਕਟਰਜ਼ ਰਾਹੀਂ ਇਸ ਦੇ ਮਾਲਕ ਸ੍ਰੀ ਦਵਿੰਦਰ ਸਿੰਗਲਾ 2. ਸ੍ਰੀ ਦਵਿੰਦਰ ਸਿੰਗਲਾ ਪੁੱਤਰ ਰਾਕੇਸ਼ ਕੁਮਾਰ ਸਿੰਗਲਾ 3. ਸ੍ਰੀਮਤੀ ਦੀਪਿਕਾ ਮਾਰਫਤ ਦਵਿੰਦਰ ਸਿੰਗਲਾ

ਅਚੱਲ ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ ਰਕਬਾ 121.6 ਵਰਗ ਗਜ਼ ਨਾਲ ਸੰਬੰਧਤ ਸਭ ਕੁਝ, ਬਰਨਾਲਾ ਵਿਖੇ ਸਥਿਤ, ਦਵਿੰਦਰ ਸਿੰਗਲਾ ਪੁੱਤਰ ਰਾਕੇਸ਼ ਕੁਮਾਰ ਪੁੱਤਰ ਸ੍ਰੀ ਰਾਮ ਸਰੂਪ ਦੀ ਮਲਕੀਅਤ, ਤਬਾਦਲਾ ਬੈਨਾਮਾ ਨੰ. 2022-23/86/1/1942 ਮਿਤੀ 1-8-2022, ਸਬ-ਰਜਿਸਟਰਾਰ ਬਰਨਾਲਾ ਵਿਖੇ ਦਰਜ, ਬੈਨਾਮਾ 4/5 ਅਨੁਸਾਰ ਹੱਦਾਂ ਪੂਰਬ : 29 ਫੁੱਟ 6 ਇੰਚ ਗੋਪਾਲ ਕ੍ਰਿਸ਼ਨ, ਪੱਛਮ : ਬਾਹੀ 16 ਫੁੱਟ 3 ਇੰਚ ਮਥਰਾ ਦਾਸ ਅਤੇ 12 ਫੁੱਟ 3 ਇੰਚ ਸੜਕ, ਉੱਤਰ : ਬਾਹੀ 44 ਫੁੱਟ ਸੁਦੇਸ਼ ਰਾਣੀ ਵਿਧਵਾ ਰਤਨ ਕੁਮਾਰ, ਦੱਖਣ : ਬਾਹੀ 53 ਫੁੱਟ ਸਿਧਾਰਥ ਕਾਂਸਲ ਪੁੱਤਰ ਓਮ ਪ੍ਰਕਾਸ਼ ਨੇੜੇ ਕਿਲਾ ਮੁਹੱਲਾ ਬਰਨਾਲਾ, 2. ਰਿਹਾਇਸ਼ੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਰਕਬਾ 30.4 ਵਰਗ ਬਰਨਾਲਾ ਵਿਖੇ ਦੀਪਿਕਾ ਪਤਨੀ ਦਵਿੰਦਰ ਸਿੰਗਲਾ ਪੁੱਤਰ ਰਾਕੇਸ਼ ਕੁਮਾਰ ਪੁੱਤਰ ਸ੍ਰੀ ਰਾਮ ਸਰੂਪ ਦੀ ਮਲਕੀਅਤ, ਤਬਾਦਲਾ ਬੈਨਾਮਾ ਨੰ. 2022-23/86/1/2459 ਮਿਤੀ 20-9-2022 ਅਨੁਸਾਰ ਸਬ-ਰਜਿਸਟਰਾਰ ਬਰਨਾਲਾ ਦੇ ਦਫਤਰ ਵਿਖੇ ਦਰਜ, ਬੈਨਾਮਾ 1/5 ਅਨੁਸਾਰ ਹੱਦਾਂ : ਪੂਰਬ : 29 ਫੁੱਟ 6 ਇੰਚ ਗੋਪਾਲ ਕ੍ਰਿਸ਼ਨ, ਪੱਛਮ : ਬਾਹੀ 16 ਫੁੱਟ 3 ਇੰਚ ਮਥਰਾ ਦਾਸ ਅਤੇ 12 ਫੁੱਟ 3 ਇੰਚ ਸੜਕ, ਉੱਤਰ : ਬਾਹੀ 44 ਫੁੱਟ ਸੁਦੇਸ਼ ਰਾਣੀ ਵਿਧਵਾ ਰਤਨ ਕੁਮਾਰ, ਦੱਖਣ : ਬਾਹੀ 53 ਫੁੱਟ ਸਿਧਾਰਥ ਕਾਂਸਲ ਪੁੱਤਰ ਓਮ ਪ੍ਰਕਾਸ਼ ਨੇੜੇ ਕਿਲਾ ਮੁਹੱਲਾ ਬਰਨਾਲਾ।

13-2 ਨੋਟਿਸ ਅਨੁਸਾਰ ਬਕਾਇਆ ਰਕਮ : ਰੁਪਏ 1,03,74,841/- (ਇੱਕ ਕਰੋੜ ਤਿੰਨ ਲੱਖ ਚੁਹੱਤਰ ਹਜ਼ਾਰ ਅੱਠ ਸੌ ਇਕਤਾਲੀ ਰੁਪਏ ਕੇਵਲ)

| ਡਿਮਾਂਡ ਨੋਟਿਸ ਦੀ ਮਿਤੀ | ਐੱਨ ਪੀ ਏ ਦੀ ਮਿਤੀ | ਕਬਜ਼ੇ ਦੀ ਮਿਤੀ |
|---|---|---|
| 27 ਨਵੰਬਰ 2025 | 28 ਫਰਵਰੀ 2025 | 23 ਜੁਲਾਈ 2026 |

ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ ਤੇ ਪਤਾ : 1. ਮੈਸਰਜ਼ ਬਾਜਵਾ ਸੀਮੇਂਟ ਸਟੋਰ ਰਾਹੀਂ ਇਸ ਦੇ ਮਾਲਕ 2. ਸ੍ਰੀ ਕੁਲਵਿੰਦਰ ਸਿੰਘ ਪੁੱਤਰ ਗੁਰਮੇਜ ਸਿੰਘ। 3. ਸ੍ਰੀਮਤੀ ਮਨਿੰਦਰ ਕੌਰ ਪਤਨੀ ਕੁਲਵਿੰਦਰ ਸਿੰਘ

ਅਚੱਲ ਜਾਇਦਾਦ ਦਾ ਵੇਰਵਾ : ਗੈਰ-ਖੇਤੀਬਾੜੀ ਜਾਇਦਾਦ ਰਕਬਾ 0 ਕਨਾਲ 13-1/2 ਮਰਲਾ, ਜੋ ਕਿ 412.66 ਵਰਗ ਨਾਲ ਸੰਬੰਧਤ ਸਭ ਕੁਝ, ਖੇਵਟ ਖਤੌਨੀ ਨੰ. 777/721/1129, ਖਸਰਾ ਨੰ. 136//25 (9-18), 1/44 ਹਿੱਸਾ ਜੋ ਕਿ 0 ਕਨਾਲ 4-1/2 ਮਰਲਾ, ਖੇਵਟ ਖਤੌਨੀ ਨੰ. 778/722/1130, ਖਸਰਾ ਨੰ. 135//21 (8-0), 11/320 ਹਿੱਸਾ, ਜੋ ਕਿ 0 ਕਨਾਲ 5-1/2 ਮਰਲਾ ਖੇਵਟ ਖਤੌਨੀ ਨੰ. 785/1432/1214, ਖਸਰਾ ਨੰ. 136//16/2/2 ਮਿਨ (1-7), 136//17/1/1 (1-0), ਕਿੱਤੇ 2, ਕੁੱਲ ਜ਼ਮੀਨ ਰਕਬਾ 2 ਕਨਾਲ 7 ਮਰਲਾ, 7/94 ਹਿੱਸਾ ਜੋ ਕਿ 3-1/2 ਮਰਲਾ, ਪਿੰਡ ਸ਼ੁਤਰਾਣਾ ਵਿਖੇ ਸਥਿਤ, ਪਾਤੜਾਂ, ਜ਼ਿਲ੍ਹਾ ਪਟਿਆਲਾ, ਮਨਿੰਦਰ ਕੌਰ ਪਤਨੀ ਕੁਲਵਿੰਦਰ ਸਿੰਘ ਦੀ ਮਲਕੀਅਤ, ਬੈਨਾਮਾ ਵਸੀਕਾ ਨੰ. 111 ਮਿਤੀ 27.04.2015 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : 70 ਫੁੱਟ 10 ਇੰਚ, ਪੱਛਮ : 33 ਫੁੱਟ 6 ਇੰਚ (ਗਲੀ) ਉੱਤਰ : 88 ਫੁੱਟ 7 ਇੰਚ-ਰਾਜਵੀਰ ਵਗੀਰਾ, ਦੱਖਣ : 63 ਫੁੱਟ ਹਰਜਿੰਦਰ ਕੌਰ।

13-2 ਨੋਟਿਸ ਅਨੁਸਾਰ ਬਕਾਇਆ ਰਕਮ : ਰੁਪਏ 9,50,364/- (ਨੌ ਲੱਖ ਪੰਜਾਹ ਹਜ਼ਾਰ ਤਿੰਨ ਸੌ ਚੌਂਹਠ ਰੁਪਏ ਕੇਵਲ)

| ਡਿਮਾਂਡ ਨੋਟਿਸ ਦੀ ਮਿਤੀ | ਐੱਨ ਪੀ ਏ ਦੀ ਮਿਤੀ | ਕਬਜ਼ੇ ਦੀ ਮਿਤੀ |
|---|---|---|
| 19 ਫਰਵਰੀ 2024 | 28 ਸਤੰਬਰ 2023 | 22 ਜੁਲਾਈ 2026 |

ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ ਤੇ ਪਤਾ : 1. ਮੈਸਰਜ਼ ਅੰਬਾ ਕਿਸਾਨ ਸੇਵਾ ਕੇਂਦਰ ਰਾਹੀਂ ਇਸ ਦੇ ਮਾਲਕ ਸ੍ਰੀਮਤੀ ਲਖਵਿੰਦਰ ਕੌਰ ਪਤਨੀ ਗੁਰਤੇਜ ਸਿੰਘ 2. ਸ੍ਰੀਮਤੀ ਲਖਵਿੰਦਰ ਕੌਰ ਪਤਨੀ ਗੁਰਤੇਜ ਸਿੰਘ। 3. ਸ੍ਰੀ ਗੁਰਤੇਜ ਸਿੰਘ ਪੁੱਤਰ ਹਰੀਨੰਦ ਸਿੰਘ

ਅਚੱਲ ਜਾਇਦਾਦ ਦਾ ਵੇਰਵਾ : ਜਾਇਦਾਦ ਰਕਬਾ 2 ਕਨਾਲ 10 ਮਰਲਾ, ਜੋ ਕਿ 50/92 ਹਿੱਸਾ ਕੁੱਲ ਜ਼ਮੀਨ ਰਕਬਾ 4 ਕਨਾਲ 12 ਮਰਲਾ ਦਾ, ਖੇਵਟ ਨੰ. 274/233, ਖਤੌਨੀ ਨੰ. 485, ਕਿੱਲਾ ਨੰ. 27//10/2/1 (4-12), ਖੇਵਟ ਜਮ੍ਹਾਂਬੰਦੀ ਸਾਲ 2017-2018 ਅਨੁਸਾਰ ਮੌਜੋਵਾਲ ਤਹਿਸੀਲ ਸੁਨਾਮ ਊਧਮ ਸਿੰਘ ਵਾਲਾ, ਜ਼ਿਲ੍ਹਾ ਸੰਗਰੂਰ ਨਾਲ ਸੰਬੰਧਤ ਸਭ ਕੁਝ। ਹੱਦਾਂ ਹੇਠ ਅਨੁਸਾਰ : ਪੂਰਬ : ਕੇਸਰ ਸਿੰਘ ਪੁੱਤਰ ਹਰੀਨੰਦ ਸਿੰਘ, ਪੱਛਮ : ਕਰਮਜੀਤ ਸਿੰਘ ਪੁੱਤਰ ਜ਼ੋਰਾ ਸਿੰਘ, ਉੱਤਰ : ਗਲੀ, ਦੱਖਣ : ਗੁਰਤੇਜ ਸਿੰਘ ਪੁੱਤਰ ਹਰੀਨੰਦ ਸਿੰਘ

13-2 ਨੋਟਿਸ ਅਨੁਸਾਰ ਬਕਾਇਆ ਰਕਮ : ਰੁਪਏ 48,06,077/- (ਅਠਤਾਲੀ ਲੱਖ ਛੇ ਹਜ਼ਾਰ ਸਤੱਤਰ ਰੁਪਏ ਕੇਵਲ)

| ਡਿਮਾਂਡ ਨੋਟਿਸ ਦੀ ਮਿਤੀ | ਐੱਨ ਪੀ ਏ ਦੀ ਮਿਤੀ | ਕਬਜ਼ੇ ਦੀ ਮਿਤੀ |
|---|---|---|
| 26 ਸਤੰਬਰ 2025 | 28 ਅਗਸਤ 2025 | 22 ਜੁਲਾਈ 2026 |

ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ ਤੇ ਪਤਾ : 1. ਮੈਸਰਜ਼ ਬਾਬਾ ਪਰਮਹੰਸ ਐਂਟਰਪ੍ਰਾਈਜ਼ਿਜ਼ ਰਾਹੀਂ ਇਸ ਦੇ ਮਾਲਕ ਸ੍ਰੀ ਧੀਰਜ ਕੁਮਾਰ 2. ਸ੍ਰੀ ਧੀਰਜ ਕੁਮਾਰ 3. ਸ੍ਰੀਮਤੀ ਨਿਸ਼ਾ ਗੁਪਤਾ

ਅਚੱਲ ਜਾਇਦਾਦ ਦਾ ਵੇਰਵਾ : ਵਪਾਰਕ ਜਾਇਦਾਦ ਰਕਬਾ 21 ਮਰਲਾ 171 ਵਰਗ ਫੁੱਟ ਨਾਲ ਸੰਬੰਧਤ ਸਭ ਕੁਝ। ਖਸਰਾ ਨੰ. 129//3, 4, 5, 14, 15, 16, 17, 18, 23, 24, 25, 130//21/2, 132/1/1, 132//1/2, 133//3, 133//4, 133//5, ਵਾਕਿਆ ਪਿੰਡ ਧੋਗੜੀ, ਐੱਮ ਸੀ ਨੰ. 137, ਜਲੰਧਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ। ਹੱਦਾਂ ਹੇਠ ਅਨੁਸਾਰ : ਪੂਰਬ : ਸੜਕ, ਪੱਛਮ : ਮਾਲਕ, ਉੱਤਰ : ਪਲਾਟ ਨੰ. 138, ਦੱਖਣ : ਪਲਾਟ ਨੰ. 137

13-2 ਨੋਟਿਸ ਅਨੁਸਾਰ ਬਕਾਇਆ ਰਕਮ : ਰੁਪਏ 2,04,80,337/- (ਦੋ ਕਰੋੜ ਚਾਰ ਲੱਖ ਅੱਸੀ ਹਜ਼ਾਰ ਤਿੰਨ ਸੌ ਸੈਂਤੀ ਰੁਪਏ ਕੇਵਲ)

| ਡਿਮਾਂਡ ਨੋਟਿਸ ਦੀ ਮਿਤੀ | ਐੱਨ ਪੀ ਏ ਦੀ ਮਿਤੀ | ਕਬਜ਼ੇ ਦੀ ਮਿਤੀ |
|---|---|---|
| 12 ਫਰਵਰੀ 2025 | 29 ਅਕਤੂਬਰ 2024 | 23 ਜੁਲਾਈ 2026 |

ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ ਤੇ ਪਤਾ : 1. ਮੈਸਰਜ਼ ਗੁਰੂ ਨਾਨਕ ਇਲੈਕਟ੍ਰਿਕ ਕੰਪਨੀ ਰਾਹੀਂ ਇਸ ਦੇ ਮਾਲਕ ਸ੍ਰੀ ਮਹਿੰਦਰ ਸਿੰਘ 2. ਸ੍ਰੀ ਮਹਿੰਦਰ ਸਿੰਘ ਪੁੱਤਰ ਸੰਤਾ ਸਿੰਘ 3. ਸ੍ਰੀ ਗਗਨਦੀਪ ਸਿੰਘ ਪੁੱਤਰ ਮਹਿੰਦਰ ਸਿੰਘ

ਅਚੱਲ ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ ਪਲਾਟ ਰਕਬਾ 146.66 ਵਰਗ ਗਜ਼, ਜੋ ਕਿ 00 ਬਿਘਾ 3 ਬਿਸਵਾ, ਜੋ ਕਿ 146.66/21976 ਜ਼ਮੀਨ ਦਾ ਹਿੱਸਾ ਰਕਬਾ 21 ਬਿੱਘਾ 16 ਬਿਸਵਾ ਨਾਲ ਸੰਬੰਧਤ ਸਭ ਕੁਝ। ਖਸਰਾ ਨੰ. 1935 ਮਿਨ (10-11), 2097 (11-5), ਖੱਤਾ ਨੰ. 1816/9072, ਜਮ੍ਹਾਂਬੰਦੀ ਸਾਲ 2002-03 ਅਨੁਸਾਰ) ਗਲੀ ਨੰ. 10/25 ਦੀਆਂ ਮਾਲੀਆ ਹੱਦਾਂ ਵਿਖੇ ਸਥਿਤ, ਬਾਲਾ ਰਾਮਨਗਰ, ਨੇੜੇ ਸਿਟੀ ਹੋਮਜ਼ ਬਠਿੰਡਾ, ਤਹਿਸੀਲ ਤੇ ਜ਼ਿਲ੍ਹਾ ਬਠਿੰਡਾ। ਹੱਦਾਂ ਹੇਠ ਅਨੁਸਾਰ : ਪੂਰਬ : ਸੁਰਿੰਦਰ ਕੁਮਾਰ, ਪੱਛਮ : ਸੰਜੇ ਮਨੋਚਾ, ਉੱਤਰ : ਖਾਲੀ ਪਲਾਟ, ਦੱਖਣ : ਗਲੀ।

13-2 ਨੋਟਿਸ ਅਨੁਸਾਰ ਬਕਾਇਆ ਰਕਮ : ਰੁਪਏ 67,56,997/- (ਸਤਾਹਠ ਲੱਖ ਛਪੰਜਾ ਹਜ਼ਾਰ ਨੌ ਸੌ ਸਤੰਨਵੇਂ ਰੁਪਏ ਕੇਵਲ)

| ਡਿਮਾਂਡ ਨੋਟਿਸ ਦੀ ਮਿਤੀ | ਐੱਨ ਪੀ ਏ ਦੀ ਮਿਤੀ | ਕਬਜ਼ੇ ਦੀ ਮਿਤੀ |
|---|---|---|
| 14 ਜਨਵਰੀ 2025 | 29 ਦਸੰਬਰ 2024 | 23 ਜੁਲਾਈ 2026 |

ਮਿਤੀ : 28/07/2026, ਸਥਾਨ : ਪੰਜਾਬ — ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

# ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ 30 ਦੇ ਪੰਜਾਬ ਬੰਦ ਨੂੰ ਸਮਰਥਨ ਦਾ ਐਲਾਨ

**ਬਰਨਾਲਾ ਲਾਠੀਚਾਰਜ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਮੰਗ**

ਚੰਡੀਗੜ੍ਹ (ਗਿਆਨ ਸੈਦਪੁਰੀ) - ਬਰਨਾਲਾ ਵਿਖੇ ਸਫ਼ਾਈ ਸੇਵਕਾਂ 'ਤੇ ਪੁਲਿਸ ਵੱਲੋਂ ਵਹਿਸ਼ੀ ਲਾਠੀਚਾਰਜ ਕਰਨ ਦੀ ਸਖ਼ਤ ਨਿੰਦਾ ਕਰਦਿਆਂ ਪੰਜਾਬ ਖੇਤ ਮਜ਼ਦੂਰ ਯੂਨੀਅਨ ਨੇ ਸਫ਼ਾਈ ਕਰਮਚਾਰੀਆਂ ਵੱਲੋਂ 30 ਜੁਲਾਈ ਨੂੰ ਪੰਜਾਬ ਬੰਦ ਦੇ ਸੱਦੇ ਦੀ ਹਮਾਇਤ ਦਾ ਐਲਾਨ ਕੀਤਾ ਹੈ। ਯੂਨੀਅਨ ਦੇ ਸੂਬਾ ਪ੍ਰਧਾਨ ਜ਼ੋਰਾ ਸਿੰਘ ਨਸਰਾਲੀ, ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ ਅਤੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ ਨੇ ਜਾਰੀ ਕੀਤੇ ਬਿਆਨ ਰਾਹੀਂ ਆਖਿਆ ਕਿ ਜਿਵੇਂ ਬਰਨਾਲਾ ਵਿਖੇ ਮਰਦਾਨਾ ਪੁਲਸ ਵੱਲੋਂ ਸਫ਼ਾਈ ਕਰਮਚਾਰੀਆਂ ਅਤੇ ਔਰਤਾਂ 'ਤੇ ਪਸ਼ੂਆਂ ਵਾਂਗ ਡਾਂਗਾਂ ਵਰ੍ਹਾਈ ਗਈ ਉਹ ਗਲਤੀ ਨਹੀਂ ਵੱਡਾ ਗੁਨਾਹ ਹੈ। ਉਹਨਾਂ ਆਖਿਆ ਕਿ ਸਰਕਾਰ ਲਾਠੀਚਾਰਜ ਦੇ ਦੋਸ਼ੀ ਡੀ ਐਸ ਪੀ ਤੋਂ ਸਿਵਾ ਅਤੇ ਹੋਰਨਾਂ ਅਧਿਕਾਰੀਆਂ 'ਤੇ ਇਰਾਦਾ ਕਤਲ ਤੇ ਐਸ ਸੀ ਐਸ ਟੀ ਐਕਟ ਤਹਿਤ ਮੁਕੱਦਮਾ ਦਰਜ ਕਰਨ ਦੀ ਥਾਂ ਸਿਰਫ ਇੱਕ ਡੀ ਐਸ ਪੀ ਨੂੰ ਛੁਡ ਮਹੀਨਿਆਂ ਲਈ ਬਰਖਾਸਤ ਕਰਕੇ ਡੰਗ ਟਪਾਉਣ ਵਾਲੀ ਨੀਤੀ ਅਪਣਾ ਰਹੀ ਹੈ। ਉਹਨਾਂ ਆਖਿਆ ਕਿ ਇਹ ਲੋਕ ਆਪ ਗੰਦਗੀ 'ਚ, ਸਾਰਾ ਦਿਨ ਰਹਿਕੇ ਦੂਜਿਆਂ ਲਈ ਸਫ਼ਾਈ ਦਾ ਵੱਡਮੁੱਲਾ ਕਾਰਜ ਕਰਨ ਵਾਲੇ ਇਸ ਲੋਕ ਸਭ ਤੋਂ ਵੱਧ ਸਤਿਕਾਰ ਦੇ ਹੱਕਦਾਰ ਹਨ, ਪਰ ਅਫ਼ਸਰਸ਼ਾਹੀ ਇਹਨਾਂ ਨੂੰ ਜਾਤਪਾਤੀ ਤੇ ਜਮਾਤੀ ਨਫ਼ਰਤ ਨਾਲ ਦੇਖਦੀ ਹੈ। ਖੇਤ ਮਜ਼ਦੂਰ ਆਗੂਆਂ ਨੇ ਮੰਗ ਕੀਤੀ ਕਿ ਸਫ਼ਾਈ ਕਰਮਚਾਰੀਆਂ 'ਤੇ ਜਬਰ ਦੇ ਦੋਸ਼ੀ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ, ਸਫ਼ਾਈ ਕਰਮਚਾਰੀਆਂ ਨੂੰ ਫੌਰੀ ਤੌਰ 'ਤੇ ਪੱਕੇ ਕੀਤਾ ਜਾਵੇ ਅਤੇ ਗੁਜ਼ਾਰੇ ਯੋਗ ਤਨਖਾਹ ਦੇਣ ਤੋਂ ਇਲਾਵਾ ਉਹਨਾਂ ਦੀ ਸੁਰੱਖਿਆ ਤੇ ਇਲਾਜ ਦੇ ਢੁਕਵੇਂ ਪ੍ਰਬੰਧ ਕੀਤੇ ਜਾਣ।

## ਲਾਠੀਚਾਰਜ ਕਰਨ ਵਾਲੇ ਡੀ ਐੱਸ ਪੀ ਤੇ ਕੇਸ ਦਰਜ ਕਰਨ ਦੀ ਮੰਗ

ਜਲੰਧਰ (ਰਾਜੇਸ਼ ਥਾਪਾ)-ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰਦੇ ਸਫ਼ਾਈ ਕਰਮਚਾਰੀਆਂ ਉੱਪਰ ਬਰਨਾਲਾ ਦੇ ਡੀ ਐਸ ਪੀ ਅਤੇ ਐਸ ਐਚ ਓ ਵੱਲੋਂ ਢਾਹੇ ਗਏ ਤਸ਼ੱਦਦ ਦੀ ਨਿਖੇਧੀ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ, ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਅਤੇ ਪ੍ਰੈਸ ਸਕੱਤਰ ਰਾਮ ਕ੍ਰਿਸ਼ਨ ਸਿੰਘ ਨੂਰਪੁਰੀ ਨੇ ਕਿਹਾ ਕਿ ਡੀ ਐਸ ਪੀ ਉੱਪਰ ਐਸ ਸੀ ਐਸ ਟੀ ਐਕਟ ਤਹਿਤ ਕੇਸ ਦਰਜ ਕਰਕੇ ਨੌਕਰੀ ਤੋਂ ਬਰਖਾਸਤ ਕੀਤਾ ਜਾਵੇ। ਉਹਨਾਂ ਨੇ ਅੱਗੇ ਕਿਹਾ ਕਿ ਸਫ਼ਾਈ ਕਰਮਚਾਰੀਆਂ ਦੇ ਇਲਾਜ ਦਾ ਸਰਕਾਰ ਪ੍ਰਬੰਧ ਕਰੇ। ਆਊਟਸੋਰਸਿੰਗ ਰਾਹੀਂ ਰੱਖੇ ਸਫ਼ਾਈ ਕਰਮਚਾਰੀਆਂ ਨੂੰ ਪੱਕਿਆਂ ਕੀਤਾ ਜਾਵੇ।

# ਸਫ਼ਾਈ ਸੇਵਕਾਂ ਤੇ ਲਾਠੀਚਾਰਜ ਦੇ ਵਿਰੋਧ 'ਚ ਜਲੰਧਰ ਪੂਰੀ ਤਰ੍ਹਾਂ ਬੰਦ ਰਿਹਾ



ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)-ਬਰਨਾਲਾ ਵਿੱਚ ਸਫ਼ਾਈ ਕਰਮਚਾਰੀਆਂ 'ਤੇ ਹੋਏ ਪੁਲਿਸ ਲਾਠੀਚਾਰਜ ਦੇ ਵਿਰੋਧ ਵਿੱਚ ਵਾਲਮੀਕੀ ਸਮਾਜ ਵੱਲੋਂ ਸੋਮਵਾਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ। ਇਸ ਬੰਦ ਦਾ ਸਭ ਤੋਂ ਵੱਧ ਅਸਰ ਜਲੰਧਰ ਵਿੱਚ ਦੇਖਣ ਨੂੰ ਮਿਲਿਆ, ਜਿੱਥੇ ਸ਼ਹਿਰ ਦੇ ਕਈ ਪ੍ਰਮੁੱਖ ਬਾਜ਼ਾਰ ਬੰਦ ਰਹੇ ਅਤੇ ਆਮ ਆਵਾਜਾਈ ਵੀ ਕੁਝ ਹੱਦ ਤੱਕ ਪ੍ਰਭਾਵਿਤ ਹੋਇਆ। ਹਾਲਾਂਕਿ ਨੈਸ਼ਨਲ ਹਾਈਵੇ ਅਤੇ ਸਟੇਟ ਹਾਈਵੇ 'ਤੇ ਆਵਾਜਾਈ ਆਮ ਵਾਂਗ ਜਾਰੀ ਰਹੀ। ਜਲੰਧਰ ਵਿੱਚ ਬੰਦ ਦੇ ਮੱਦੇਨਜ਼ਰ ਕਈ ਨਿੱਜੀ ਵਿਦਿਅਕ ਅਦਾਰਿਆਂ ਨੇ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਛੁੱਟੀ ਦਾ ਐਲਾਨ ਕਰ ਦਿੱਤਾ। ਐਮਜੀਐਨ, ਸੇਂਟ ਜੋਸਫ਼, ਇੰਨੋਸੈਂਟ ਹਾਰਟ ਅਤੇ ਸਿਟੀ ਜੇਤੀ ਸਮੇਤ ਕਈ ਸਕੂਲਾਂ ਨੇ ਆਫਲਾਈਨ ਕਲਾਸਾਂ ਰੱਦ ਕਰਕੇ ਆਨਲਾਈਨ ਪੜ੍ਹਾਈ ਸ਼ੁਰੂ ਕਰ ਦਿੱਤੀ। ਇਸ ਤੋਂ ਇਲਾਵਾ ਬੱਸ ਅੱਡੇ 'ਤੇ ਬੱਸਾਂ ਦੀ ਆਵਾਜਾਈ ਵੀ ਕੁਝ ਹੱਦ ਤੱਕ ਪ੍ਰਭਾਵਿਤ ਰਹੀ, ਜਿਸ ਕਾਰਨ ਯਾਤਰੀਆਂ ਨੂੰ ਪਰੇਸ਼ਾਨੀ ਦਾ ਕਰਨਾ ਪਿਆ। ਵਾਲਮੀਕੀ ਸਮਾਜ ਨਾਲ ਜੁੜੀਆਂ ਵੱਖ-ਵੱਖ ਜਥੇਬੰਦੀਆਂ ਨੇ ਵਪਾਰੀਆਂ, ਸਮਾਜਿਕ ਸੰਸਥਾਵਾਂ ਤੇ ਆਮ ਲੋਕਾਂ ਨੂੰ ਪੰਜਾਬ ਬੰਦ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ ਸੀ। ਹਾਲਾਂਕਿ ਬੰਦ ਤੋਂ ਪਹਿਲਾਂ ਕਿਸੇ ਵੱਡੇ ਵਪਾਰੀ ਜਾਂ ਟਰਾਂਸਪੋਰਟ ਜਥੇਬੰਦੀ ਵੱਲੋਂ ਇਸ ਦਾ ਅਧਿਕਾਰਕ ਸਮਰਥਨ ਨਹੀਂ ਕੀਤਾ ਗਿਆ ਸੀ। ਜ਼ਿਕਰਯੋਗ ਹੈ ਕਿ ਇਸ ਜੁਲਾਈ ਵਿਵਾਦ ਦੀ ਸ਼ੁਰੂਆਤ 22 ਨੂੰ ਬਰਨਾਲਾ ਵਿੱਚ ਸਫ਼ਾਈ ਕਰਮਚਾਰੀਆਂ ਦੇ ਪ੍ਰਦਰਸ਼ਨ ਦੌਰਾਨ ਪੁਲਿਸ ਲਾਠੀਚਾਰਜ ਤੋਂ ਹੋਈ ਸੀ। ਇਸ ਘਟਨਾ ਤੋਂ ਬਾਅਦ ਪੰਜਾਬ ਸਰਕਾਰ ਨੇ ਬਰਨਾਲਾ ਦੇ ਡੀ ਐੱਸ ਪੀ ਨੂੰ ਮੁਅੱਤਲ ਕਰ ਦਿੱਤਾ ਸੀ। ਇਸ ਦੇ ਬਾਵਜੂਦ ਵਾਲਮੀਕੀ ਸਮਾਜ ਦਾ ਕਹਿਣਾ ਹੈ ਕਿ ਇਹ ਕਾਰਵਾਈ ਨਾਕਾਫ਼ੀ ਹੈ ਅਤੇ ਦੋਸ਼ੀਆਂ ਖ਼ਿਲਾਫ਼ ਹੋਰ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

# ਕਲਾਸੀਫਾਈਡ ਇਸ਼ਤਿਹਾਰ

## Change of Name

I Ramanjit Kaur W/o Mukhtar Singh R/o VPO, Panjgraian, Teh. Batala, Distt. Gurdaspur. I have changed my name from Ramanjeet Kaur to Ramanjit Kaur. Please concerned note.

I, Gurmit Lal S/o Sh. Channan Ram R/o Vill. Barsal, PO. Udhpur, Distt. Jalandhar have changed my name Gurmit Lal to Gurmit Ram.

I, Emanuel Masih S/O Fazal Masih R/O 23/673, Gali No. 5, Kishan Kot, Islamabad, Amritsar, Punjab have changed my name from Emanuel Masih to Emanuel Mashi.Concerned note.

I, Vishal Kumar S/O Emanuel Mashi R/O 23/673, Gali No. 5, Kishan Kot, Islamabad, Amritsar, Punjab have changed my name from Vishal Kumar to Vishal. Concerned note.

I, Malka W/O Emanuel Mashi R/O 23/673, Gali No. 5, Kishan Kot, Islamabad, Amritsar, Punjab have changed my name from Malka to Urmila. Concerned note.

I, Gurdip Singh S/O Narnjan Singh R/O VPO Gharka, Distt. Tarn Taran,Punjab have changed my name from Gurdip Singh to Gurdeep Singh.My correct date of birth is 08.01.1965

I, Harkamalpreet Singh S/O Balbir Singh R/O Village Jand PO Nangal Dial Singh Distt. Amritsar, Punjab have changed my name from Harkamalpreet Singh to Harkamalpreet as my Given Name and Singh as my Surname.

I Satpal S/o Ratan Lal R/o 108, Near Love Auto Repair, Kapoori Gate, Batala, Distt. Gurdaspur. I have changed my name from Satpal to Satpal Tatree. Please concerned note.

I Suba Singh S/O Mukhtar Singh R/O Vill Ranike Chugawan Road, Rangarh Amritsar Have Changed My Name From Subba Singh To Suba Singh. All Concerned Please Note.

I, Shamsher Singh S/o Balwinder Singh R/o Village Kotla Saidan, Post Office Kathunangal, Distt. Amritsar, Punjab-143502 have changed my name from Shamsher Singh to Singh is my surname and Shamsher is my given name.

I, Gurmit Singh S/o Awtar Singh R/o VPO Muhar, Tehsil Ajnala, PO Ajnala, Distt. Amritsar, Punjab-143102 have changed my name from Gurmit Singh to Singh is my surname and Gurmit is my given name.

I, Jatinder Singh S/o Sh. Asheshar Singh R/o New Shiv Nagar, Jalandhar have changed the name of my Son from Aditya Singh Neeraj to Neeraj Kumar. All Concerned please note.

I Prince Kumar S/o Mangat Ram R/o House No. 1249, Street No. 8, Bazigar Mohalla, Rama Mandi Po Dakoha, Distt Jalandhar Punjab 144023 I have changed my name from Prince to Prince Kumar and declare that Prince is my given name and Kumar is my Surname.

I, Rabia Mahajan D/O Raj Kumar W/O Manpreet Singh R/O 495, Green Field, Majitha Road, Amritsar, Punjab have changed my name from Rabia Mahajan to Rabia. Concerned note.

I LAVANYA D/o Gurlaldeep Singh Chatha R/o H. No. 102, New Diamond Avenue Green Field Majitha road Amritsar have changed my name from lavanya to lavanya chatha.

I, Ravinder Kumar S/o Ram Lubhaya R/o V.PO. Kalyanpur, Distt. Jalandhar, Punjab have changed my name from Ravinder Kumar to Ravinder Kumar Gupta. (Gupta as Surname). All please note.

I, Sushma Rani W/o Ravinder Kumar R/o V.PO. Kalyanpur, Distt. Jalandhar, Punjab have changed my name from Sushma Rani to Sushma Gupta. (Gupta as Surname). All please note.

I, Amanpreet W/o Dilpreet Singh Bhartiya R/o V.Garhi Mohan Singh, Po. Apra, Teh. Phillaur, Distt. Jalandhar, Punjab have changed my name from Amanpreet to Amanpreet Kaur. (Kaur as Surname). All please note.

I, Jaswinder kaur W/O Surinder Singh R/O VPO:-Fathudhinga, Distt. Kapurthala, Punjab, India, That I have changed my name from JASVINDER KAUR to JASWINDER KAUR. All Please note.

I Bhupinder son of Roshan Lal R/o Patti Shala Nagar Malsian Tehsil Shahkot Distt. Jalandhar Punjab have changed my name Bhupinder to Bhupinder Singh. All concerned to be noted.

I Jeewan Pal S/O Gurdas Ram, R/O Mohalla Bagichi,VPO Jamsher Khas, Jalandhar have changed my name from Jeewan Pal to Jeevan Pal.

I, Anjana Verma w/o Amit Verma r/o H.No. 12, Islam Ganj, Jalandhar, Punjab have changed my name from Anjana Verma to Anjana. All Please Note.

I, Monika Jyoti w/o Rishu Jyoti r/o h.no.N.C-214 A, Kot Kishan Chand, Jalandhar, Punjab have changed my name from Monika Sharma to Monika Jyoti. All Please Note.

I, Rekha w/o Ram Lal r/o Bahadurpur, Po.Garh Padana, Distt. SBS Nagar have changed my name to Rekha Rani (Surname as Rani) All Please Note.

I, Ajay Kumar S/o Subhash Chander R/o H.No.187, Green Land, Opp. Escort Hospital, Majitha Verka Byepass, Amritsar-1, Amritsar Punjab-14300,1 have changed name of my minor daughter Akanksha aged 17 Years to Akanksha Bhardwaj.

## Change of Name

I, Kishan Lal s/o Roshan Lal r/o 102, Gupta Colony, Kapurthala Road, Opp. Sports College, Jalandhar, Punjab have changed my name from Kishan Lal to Krishan Lal. All Please Note.

I, Kulwinder Singh s/o Nirmal Singh r/o VPO. Patti, Distt. Hoshiarpur, Punjab- 146104 declare that my given name as Kulwinder and surname as Singh. All Please Note.

I, Harbhajan Singh S/o Tehal Singh R/o Ward.No.9 Mohalla Roshni Peer, VPO.Tanda.Teh. Dasuya, Distt. Hoshiarpur.Punjab, I Have Changed my name from Harbajan Singh to Harbhajan Singh. Concerned Please Note.

I, Ranjit Singh Sidhu S/o Harbhajan Singh R/o Ward. No. 9 Mohalla Roshni Peer, VPO Tanda, Teh. Dasuya Distt. Hoshiarpur, Punjab, I Have Changed My name from Ranjit Singh to Ranjit Singh Sidhu. (Surname as Sidhu). Please note.

I, Hitherto Known as Avtar Singh S/o Karam Singh, VPO. Miani, Teh. Dasuya, Hoshiarpur, Punjab - 144202 Have Changed my name and shall hereafter be known as Singh Avtar.

I Sandeep Kumar S/O Ram Kishan R/O 167 Sunny Enclave Near Kaler Dairy Ram Tirath Road Amritsar Have Changed My Name From Sandeep Kumar To Given Name Sandeep Surname Kumar

I, Shakti S/o Hans Raj R/o 957, Kabir Nagar, Majitha Road, Amritsar have changed my son's name from Yavraj to Yuvraj.

I, Simranjit Kaur W/o Aroor Singh R/o Rasulpur Kalan, Rasulpur Kalan, Amritsar have changed my name from Simranjit Kaur to Simarjit Kaur.

I, Harjeet Kaur D/o Harbhajan Singh R/o VPO Bangla Rai Tehsil Patti District Tarn Taran have declare that Harjeet is my Given name and Kaur is my Surname.

I, Simarjit Kaur Pannu W/o Daljit Singh R/o Village Maluwal, PO Bhakna Kalan, Distt Amritsar have changed my name from Simarjit Kaur Pannu to Simarjit Kaur.

I, Satwinder Kaur W/o Kashmir Singh R/o Village Bodh, Gilwali, PO Gilwali, District Amritsar have changed my name from Satwinder Kaur to Jaswinder Kaur.

I, Sukhwinder Kaur W/o Bhupinder Singh R/o Village Taragarh, Distt Amritsar, have declared that Kaur is my surname and Sukhwinder is my given name. Concerned Note.

I, Simpy Chauhan W/O Pradeep Chauhan, R/o House No- 728-C, Top Floor, Divine Worlds, Sector 115, Sante Majra, SAS Nagar (Mohali), Punjab-140307, I have changed the name of my minor daughter Amira aged about 15 Years and She shall hereafter be known as Rachna Chauhan.

I, Nirjala, D/O Prem Pal R/o Ward No-13, Kainthan Mohalla, PO: Dasuya, DIST: Hoshiarpur, Punjab-144205. have changed my name and shall hereafter be Known as Nirjala Thapar.

I, Navjot Singh S/O Varinder Singh, R/o H.No. 1014, Guru Nanak Nagar Basti Mithu, Jalandhar- I, PO: Basti, DIST: Jalandhar, Punjab-144002, have changed my name and shall hereafter be Known as Navjot.

I, Subhash Chander S/o Darshan Lal R/o H.No. B-8/33, Prem Nagar, Dara Salam, Batala, Distt. Gurdaspur, Punjab have changed my name from Subhash Chander to Subash Chander. Concerned Note.

I, Leena Wife Of Narinder Sharma Resident Of H.No 42, Jaswant Nagar, Garha, Jalandhar, Punjab After Marriage I Have Changed My Name To Leena Sharma. All Concerned Please Note.

I Onkar Arora S/O Charn Dass.R/O ward no 6, Mand Dhilwan district Kapurthala declare that have changed my name from Onkar Arora to Onkar Nath . Please note.

I Neelam Arora W/O Onkar Nath R/O ward no 6, Mand Dhilwan district Kapurthala declare that have changed my name from Neelam Arora to Neelam Rani . Please note.

I Shikha W/O Gaurav Arora R/O ward No. 6, Mand Dhilwan district Kapurthala declare that have changed my name from Shikha to Shikha Arora. And in my secondary school certificate my DOB is wrongly mentioned as 30/08/1986. My correct DOB is 30/08/1985. Please note.

I, Reema Passi W/o Harish Kumar R/o Old Dana Mandi, Kapurthala. My Previous name was Rajni Kumari (also known as Reema Passi). I have now changed my name and I use only Reema Passi as my legal and official name. Kindly update all records accordingly.

I Parminder Singh S/O Sukhwant Singh R/O Village Chugawan Tehsil Bholath District Kapurthala declare that have changed my name from Parminder Singh to Singh Parminder. Please note.

I, Shakeel Ahmad son of Ikbal Ahmad resident of H.No. B1/171, GT Road, Baba Dada Mal, Maqsudan Chowk, PO: Grain Market, Jalandhar, Punjab-144008 have changed my name from Shakeel Ahmad to Given Name Shakeel & Surname as Ahmad. All concerned please note.

## ਬੇਦਖਲੀ ਨੋਟਿਸ

ਮੈਂ ਗੁਰਮੇਜ ਕੌਰ ਪਤਨੀ ਲੇਟ ਜਰਨੈਲ ਸਿੰਘ ਵਾਸੀ ਪਿੰਡ ਟੋਡਰਪੁਰ ਤਹਿਸੀਲ ਗੜ੍ਹਸ਼ੰਕਰ ਜਿਲਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਕਿ ਮੇਰੀ ਲੜਕੀ ਮਨਪ੍ਰੀਤ ਕੌਰ ਮੇਰੇ ਕਹਿਣੇ ਵਿਚ ਨਹੀ ਹੈ। ਇਸ ਕਰਕੇ ਮੈਂ ਉਸ ਨੂੰ ਆਪਣੀ ਕੁਲ ਵਾ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹ ਆਪਣੇ ਕੀਤੇ ਚੰਗੇ ਮਾੜੇ ਕੰਮ ਦੀ ਖੁਦ ਜੁੰਮੇਵਾਰ ਹੋਵੇਗੀ।

ਮੈਂ ਮਨਜੀਤ ਕੌਰ ਪਤਨੀ ਲੇਟ ਸ੍ਰੀ ਮਲਕੀਤ ਸਿੰਘ ਵਾਸੀ ਗਲੀ ਨੰਬਰ: 7, ਨਿਊ ਮਨਸਾ ਦੇਵੀ ਨਗਰ, ਫਗਵਾੜਾ, ਜ਼ਿਲਾ ਕਪੂਰਥਲਾ ਸੂਚਿਤ ਕਰਦੀ ਹਾਂ ਕਿ ਗੁਰਪ੍ਰੀਤ ਸਿੰਘ ਲੱਲ ਪੁੱਤਰ ਮਲਕੀਤ ਸਿੰਘ -ਵਾ- ਪਰਮਜੀਤ ਕੌਰ ਪੱਤਨੀ ਗੁਰਪ੍ਰੀਤ ਸਿੰਘ ਲੱਲ ਵਾਸੀਆਨ ਗਲੀ ਨੰਬਰ: 7, ਨਿਊ ਮਨਸਾ ਦੇਵੀ ਨਗਰ, ਫਗਵਾੜਾ, ਜ਼ਿਲਾ ਕਪੂਰਥਲਾ ਮੇਰੇ ਹਕੀਕੀ ਪੁੱਤਰ -ਵਾ- ਨੂੰਹ ਹਨ। ਜੋਕਿ ਮੇਰੇ ਕਹਿਣੇ ਤੋਂ ਬਾਹਰ ਹਨ ਇਸ ਲਈ ਮੈਂ ਉਨ੍ਹਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜੁੰਮੇਵਾਰ ਹੋਵੇਗਾ ਮੇਰੀ ਕੋਈ ਜੁੰਮੇਵਾਰੀ ਨਹੀਂ ਹੋਵੇਗੀ।

ਮੈਂ ਚਰਨ ਸਿੰਘ ਪੁੱਤਰ ਕਿਰਪਾਲ ਸਿੰਘ ਵਾਸੀ 403 ਹਰਗੋਬਿੰਦ ਨਗਰ ਫਗਵਾੜਾ ਜਿਲਾਂ ਕਪੂਰਥਲਾ ਦਾ ਹਲਫੀਆ ਬਿਆਨ ਕਰਦਾ ਹਾਂ ਮੇਰਾ ਲੜਕਾ ਦਵਿੰਦਰ ਸਿੰਘ ਉਸਦੀ ਪਤਨੀ ਮਨਮੀਤ ਕੌਰ ਉਸ ਦੀਆਂ ਲੜਕੀਆਂ ਸਰਲੀਨ ਕੌਰ ਅਤੇ ਜੀਆਂ ਮੇਰੇ ਨਾਲ ਲੜਾਈ ਝਗੜਾ ਕਰਦੇ ਹਨ। ਮੇਰੇ ਕਹਿਣੇ ਵਿੱਚ ਨਹੀਂ ਹਨ। ਮੈਂ ਇਹਨਾਂ ਨੂੰ ਆਪਣੀ ਚੱਲ ਅੱਚਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ ਸ੍ਰੀਮਤੀ ਕਵਲਜੀਤ ਕੌਰ ਅਧਾਰ ਨੰਬਰ 253361443376 ਪਤਨੀ ਦਿਲਬਾਗ ਸਿੰਘ ਵਾਸੀ ਪਿੰਡ ਸਤਕੋਹਾ ਤਹਿਸੀਲ ਵਾ ਜਿਲਾ ਗੁਰਦਾਸਪੁਰ ਦੀ ਰਹਿਣ ਵਾਲੀ ਹਾਂ ਬਿਆਨ ਕਰਦੀ ਹਾਂ।ਇਹਕਿ ਮੈਂ ਉਕਤ ਪਿੰਡ ਦੀ ਪੱਕੀ ਵਸਨੀਕ ਹਾਂ ਕਿ ਮੇਰਾ ਪੁੱਤਰ ਗੁਰਦੇਵ ਸਿੰਘ÷ ਜੋ ਗਲਤ ਸੰਗਤ ਵਿੱਚ ਪੈ ਚੁੱਕਾ ਹੈ ਅਤੇ ਹਰ ਰੋਜ ਮੇਰੇ ਨਾਲ ਲੜਾਈ ਝਗੜਾ ਕਰਦਾ ਹੈ ਅਤੇ ਮੇਰੇ ਕਹਿਰ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਸਮੁੱਚੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ, ਇਸ ਨਾਲ ਵਰਤਣ ਖੁਦ ਜਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

ਮੈਂ ਬਲਦੇਵ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਪਿੰਡ ਮਹਾਵਾ ਪੁਲਿਸ ਥਾਣਾ ਘਰਿੰਡਾ ਸਬ ਤਹਿਸੀਲ ਅਟਾਰੀ ਜਿਲ੍ਹਾ ਅੰਮ੍ਰਿਤਸਰ ਦਾ ਰਹਿਣ ਵਾਲਾ ਹਾਂ। ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਨਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਚੱਲਦਾ ਹੈ। ਮੈਂ ਉਸ ਨੂੰ ਆਪਣੀ ਚੱਲ ਅਚੱਲ ਜਮੀਨ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਪਰਿਵਾਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ। ਕਿਰਪਾ ਕਰਕੇ ਸੰਬੰਧਤ ਨੋਟ ਕਰ ਲੈਣ।

ਮੈਂ ਗੁਰਨਾਮ ਸਿੰਘ ਪੁੱਤਰ ਸੁਭੇਗ ਸਿੰਘ ਵਾਸੀ ਪਿੰਡ ਮਹਾਵਾ ਪੁਲਿਸ ਥਾਣਾ ਘਰਿੰਡਾ ਸਬ ਤਹਿਸੀਲ ਅਟਾਰੀ ਜਿਲ੍ਹਾ ਅੰਮ੍ਰਿਤਸਰ ਦਾ ਰਹਿਣ ਵਾਲਾ ਹਾਂ। ਇਹ ਬਿਆਨ ਕਰਦਾ ਹਾਂ ਕਿ ਮੇਰਾ ਸਾਜਨ ਸਿੰਘ ਮੇਰੇ ਕਹਿਣੇ ਤੋਂ ਬਾਹਰ ਚੱਲਦਾ ਹੈ। ਮੈਂ ਉਸ ਨੂੰ ਆਪਣੀ ਚੱਲ ਅਚੱਲ ਜਮੀਨ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਪਰਿਵਾਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ। ਕਿਰਪਾ ਕਰਕੇ ਸਬੰਧਤ ਨੋਟ ਕਰ ਲੈਣ।

ਅਸੀਂ, ਮਹਿੰਦਰ ਸਿੰਘ ਪੁੱਤਰ ਮਹਿੰਗਾ ਵਾਸੀ ਪਿੰਡ ਸਰਾਏ ਖਾਸ, ਪੁਲਿਸ ਸਟੇਸ਼ਨ ਕਰਤਾਰਪੁਰ, ਜਿਲਾ ਜਲੰਧਰ-144805, ਬਿਆਨ ਕਰਦਾ ਹਾਂ ਕਿ ਸਪਨਾ ਪਤਨੀ ਗੁਰਪ੍ਰੀਤ, ਪੁੱਤਰੀ ਮਹਿੰਦਰ ਸਿੰਘ, ਮੇਰੀ ਸਕੀ ਲੜਕੀ ਹੈ। ਇਹ ਹੈ ਕਿ ਮੇਰੀ ਲੜਕੀ ਸਪਨਾ ਮੇਰੇ ਕਹਿਣੇ ਤੋਂ ਬਾਹਰ ਹੈ। ਇਹ ਕਿ ਮੈਂ ਆਪਣੀ ਲੜਕੀ ਸਪਨਾ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ।ਮੇਰਾ ਪਰਿਵਾਰਕ ਮੈਂਬਰ ਜਾਂ ਰਿਸ਼ਤੇਦਾਰ ਉਸ ਵੱਲੋਂ ਕਿਸੇ ਹੋਰ ਵਿਅਕਤੀ ਨਾਲ ਕੀਤੀ ਗਈ ਕਿਸੇ ਵੀ ਤਰ੍ਹਾਂ ਦੀ ਕਾਰਵਾਈ, ਕੰਮ ਜਾਂ ਗਤੀਵਿਧੀ ਲਈ ਜ਼ਿੰਮੇਵਾਰ ਨਹੀਂ ਹੋਵੇਗਾ ਅਤੇ ਇਸਦੀ ਸਪਨਾ ਖੁਦ ਜਿੰਮੇਵਾਰ ਹੋਵੇਗੀ।

ਮੈਂ, ਪ੍ਰੇਮਵਤੀ ਪਤਨੀ ਸ੍ਰੀ ਨੇਪਾਲੀ, ਵਾਸੀ ਗੁਲਾਬ ਪੁਰਵਾ, ਡਾਕਖਾਨਾ ਭਡਾਇਲ, ਤਹਿਸੀਲ ਬਹਰਾਇਲ, ਜ਼ਿਲ੍ਹਾ ਹਰਦੋਈ, ਉੱਤਰ ਪ੍ਰਦੇਸ਼ ਦੀ ਰਹਿਣ ਵਾਲੀ ਹਾਂ। ਮੈਂ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸ਼ਿਵਮ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਅਕਸਰ ਘਰ ਝਗੜਾ ਕਰਦਾ ਰਹਿੰਦਾ ਹੈ। ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਹ ਆਪਣੇ ਕੀਤੇ ਕੰਮਾਂ ਅਤੇ ਲੈਣ-ਦੇਣ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਉਸ ਨਾਲ ਕੋਈ ਲੈਣ-ਦੇਣ ਨਹੀਂ। ਸੰਬੰਧਤ ਨੋਟ ਕਰਨ।

ਮੈਂ ਗੁਰਨਾਮ ਸਿੰਘ ਪੁਤਰ ਲੇਟ ਚਰਨ ਸਿੰਘ ਵਾਸੀ ਮਕਾਨ ਨੰ.17 ਡੀ/4, ਗਲੀ ਲੋਹਾਰਾਂ ਵਾਲੀ ਢਪਈ ਡਾਕਖਾਨਾ ਫਤਾਹਪੁਰ ਜਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾ ਕਿ ਮੇਰੇ ਲੜਕੇ ਮਨਿਦਰ ਸਿੰਘ ਤੇ ਇਸਦੀ ਪਤਨੀ ਪਲਵਿੰਦਰ ਕੋਰ ਅਤੇ ਜਸਵਿੰਦਰ ਸਿੰਘ ਤੇ ਇਸਦੀ ਪਤਨੀ ਸੁਖਵਿੰਦਰ ਕੋਰ ਮੇਰੇ ਕਹਿਣੇ ਤੋ ਬਾਹਰ ਹਨ, ਤੇ ਮਨ ਮਰਜੀ ਕਰਦੇ ਹਨ ਇਸ ਲਈ ਮੈ ਇਹਨਾ ਨੂੰ ਆਪਣੀ ਚੱਲ-ਅੱਚਲ ਜਾਇਦਾਦ ਤੋ ਬੇਦਖਲ ਕਰਦਾ ਹਾਂ। ਇਹਨਾ ਨਾਲ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦੇ ਦੂਜੇ ਮੈਂਬਰਾ ਦਾ ਇਹਨਾ ਨਾਲ ਖੂਨੀ ਰਿਸ਼ਤਾ ਖਤਮ ਹੋ ਗਿਆ ਹੈ।

ਅਸੀਂ, ਰਾਮ ਦਾਸ ਪੁੱਤਰ ਲੇਟ ਸ੍ਰੀ ਲਾਲ ਚੰਦ ਅਤੇ ਵੀਨਾ ਰਾਣੀ ਪਤਨੀ ਰਾਮ ਦਾਸ, ਵਾਸੀਆਨ ਮਕਾਨ ਨੰਬਰ 156, ਗੁਰਬਖਸ਼ ਨਗਰ, ਨੇੜੇ ਏਕਤਾ ਪਾਰਕ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਮੋਨਿਕਾ ਪਤਨੀ ਅਤੁਲ ਵਾਸੀ ਅੰਮ੍ਰਿਤਸਰ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਸਰਬਜੀਤ ਸਿੰਘ ਪੁੱਤਰ ਨੱਥਾ ਸਿੰਘ ਅਤੇ ਕਵਲਜੀਤ ਕੌਰ ਪਤਨੀ ਸਰਬਜੀਤ ਸਿੰਘ, ਵਾਸੀਆਨ ਡਾਕਖਾਨਾ ਫਤਿਹਪੁਰ ਰਾਜਪੂਤਾਂ, ਬਲਾਕ ਜੰਡਿਆਲਾ ਗੁਰੂ, ਨਵਾਂ ਪਿੰਡ, ਤਹਿਸੀਲ ਜੰਡਿਆਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸਾਹਿਲਪ੍ਰੀਤ ਸਿੰਘ (ਕੁਆਰਾ) ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਕੁਲਵੰਤ ਕੌਰ ਪਤਨੀ ਮੇਜਰ ਸਿੰਘ ਵਾਸੀ ਮਕਾਨ ਨੰ: 261, ਪੱਤੀ ਗੁਰਦੁਆਰਾ ਠੱਠੀ ਵਾਲਾ, ਪਿੰਡ ਚੱਬਾ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਭੁਪਿੰਦਰ ਸਿੰਘ ਅਤੇ ਉਸ ਦੀ ਪਤਨੀ ਰਾਜਬੀਰ ਕੌਰ ਅਤੇ ਇਨ੍ਹਾਂ ਦੇ ਬੇਟੇ ਜਸ਼ਨਪ੍ਰੀਤ ਸਿੰਘ ਅਤੇ ਗਗਨਪ੍ਰੀਤ ਸਿੰਘ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ- ਝਗੜਾ, ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਵਿਜੇ ਕੁਮਾਰ ਪੁੱਤਰ ਸ੍ਰੀ ਦਰਸ਼ਨ ਲਾਲ ਵਾਸੀ 2560, ਗਲੀ ਨੰ: 10, ਨਵਾਂ ਕੋਟ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਬੇਟਾ ਮੋਹਿਤ ਕੁਮਾਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

## ਬੇਦਖਲੀ ਨੋਟਿਸ

ਮੈਂ ਧੀਰਾ ਰਾਮ ਪੁੱਤਰ ਸ਼੍ਰੀ ਕਰਤਾਰਾ, ਵਾਸੀ ਜੋਹਲ, ਜ਼ਿਲਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਸਵਿੰਦਰ ਕੁਮਾਰ ਅਤੇ ਉਸਦੀ ਪਤਨੀ ਸੰਧਿਆ ਅਤੇ ਉਹਨਾਂ ਦੇ ਬੱਚਿਆਂ ਮੁਸਕਾਨ, ਰਾਜੀਆ, ਪ੍ਰੀਤ ਅਤੇ ਉਹਨਾਂ ਦਾ ਲੜਕਾ ਕੁਸ਼ਾਂਤ ਵਾਲੀਆ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ ।

ਮੈਂ ਧੀਰਾ ਰਾਮ ਪੁੱਤਰ ਸ਼੍ਰੀ ਕਰਤਾਰਾ, ਵਾਸੀ ਜੋਹਲ, ਜ਼ਿਲਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਿੰਮੀ ਵਾਲੀਆ ਅਤੇ ਉਸਦੀ ਪਤਨੀ ਦੀਪਿਕਾ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਨਰਿੰਦਰ ਸਿੰਘ ਪੁੱਤਰ ਸ੍ਰ: ਬਲਵੰਤ ਸਿੰਘ ਵਾਸੀ ਪਿੰਡ ਗੋਖੂਵਾਲ, ਡਾਕ: ਭੁੱਲਰ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਸੂਰਜ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਹਰਮੇਸ਼ ਲਾਲ ਪੁੱਤਰ ਪਰਮਾ ਨੰਦ ਵਾਸੀ ਪੱਦੀ ਜਗੀਰ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਜਿੰਦਰ ਕੁਮਾਰ ਉਰਫ ਸੋਨੂੰ ਅਤੇ ਉਸਦੀ ਪਤਨੀ ਮਨਪ੍ਰੀਤ ਉਰਫ ਆਰਤੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਵੀਨਸ ਪਤਨੀ ਐਂਨਥਨੀ ਵਾਸੀ ਮਕਾਨ ਨੰ. 221, ਸੰਸਾਰਪੁਰ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਇਮਾਨਵੈਲ ਉਰਫ ਮੁੰਨਾ ਅਤੇ ਉਸਦੀ ਪਤਨੀ ਰੋਜ਼ੀ ਅਤੇ ਉਹਨਾਂ ਦੇ ਬੱਚੇ ਖੁਸ਼ੀ ਅਤੇ ਜੈਸਨ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਸਾਰਿਆਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਆਮ ਸੂਚਨਾ

ਦੀ ਅਕਲੀਆ ਬਹੁ ਮੰਤਵੀ ਸਹਿਕਾਰੀ ਖੇਤੀਬਾੜੀ ਸੇਵਾ ਸਭਾ ਲਿਮਿਟਿਡ ਵੱਲੋਂ ਖੇਤੀਬਾੜੀ ਸੰਦਾਂ ਦੀ ਖੁੱਲੀ ਬੋਲੀ ਮਿਤੀ 07-08-2026 ਨੂੰ ਸਵੇਰੇ 10-30 ਵਜੇ ਸਭਾ ਗੁਦਾਮ ਵਿੱਚ ਰੱਖੀਂ ਗਈ ਹੈ, ਬੋਲੀ ਸਬੰਧੀ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆਂ 2 ਹੈਪੀ ਸੀਡਰ, 2 ਜ਼ੀਰੋ ਡਰਿੱਲ, 1 ਰੋਟਾਵੇਟਰ, 1 ਨਿਊ ਹਾਲੈਂਡ 3630 ਟਰੈਕਟਰ ਮਾਡਲ 2015 ਅਤੇ ਫੁਟਕਰ ਫਰਨੀਚਰ ਪ੍ਰਧਾਨ ਸਤਵਿੰਦਰ ਸਿੰਘ 9888564346 ਸਕੱਤਰ ਅੰਮ੍ਰਿਤਪਾਲ ਸਿੰਘ 9876408248.

## ਨਾਂਅ ਦੀ ਬਦਲੀ

ਮੈਂ, ਸਪਨਾ ਪਤਨੀ ਸੱਤਪਾਲ ਤੇਤਰੀ, ਵਾਸੀ 108 ਬਾਹਰਵਾਰ ਕਪੂਰੀ ਗੇਟ, ਬਟਾਲਾ ਜ਼ਿਲ੍ਹਾ ਗੁਰਦਾਸਪੁਰ । ਮੇਰਾ ਨਾਮ ਆਧਾਰ ਕਾਰਡ ਮੁਤਾਬਕ ਸਪਨਾ ਚਲਦਾ ਹੈ । ਮੈਂ ਬਿਆਨ ਕਰਦੀ ਹਾਂ ਕਿ ਪਲਵਿੰਦਰਜੀਤ ਅਤੇ ਸਪਨਾ ਦੋਵੇਂ ਮੇਰੇ ਅਤੇ ਇੱਕ ਹੀ ਔਰਤ ਦੇ ਨਾਮ ਹਨ । ਸੰਬੰਧਤ ਨੋਟ ਕਰਨ ।

ਮੈਂ, ਜੋਧਵੀਰ ਸਿੰਘ ਪੁੱਤਰ ਬੀਰ ਸਿੰਘ, ਵਾਸੀ ਪਿੰਡ ਸਾਘਣਾ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ ਨੇ ਆਪਣਾ ਨਾਂਅ ਜੋਧਵੀਰ ਸਿੰਘ ਤੋਂ ਬਦਲ ਕੇ ਜੋਧਾ ਸਿੰਘ ਰੱਖ ਲਿਆ ਹੈ। ਅਗਾਂਹ ਤੋਂ ਮੈਨੂੰ ਜੋਧਾ ਸਿੰਘ ਪੁੱਤਰ ਬੀਰ ਸਿੰਘ ਦੇ ਨਾਂਅ ਨਾਲ ਜਾਣਿਆ ਜਾਵੇ। ਸੰਬੰਧਤ ਨੋਟ ਕਰਨ।

ਮੈਂ, ਦਿਲਪ੍ਰੀਤ ਪੁੱਤਰ ਰਾਮ ਸਿੰਘ ਨਿਵਾਸੀ ਐਲ-2/167, ਗਲੀ ਨੰਬਰ 19, ਗੁਰਨਾਮ ਨਗਰ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਨੇ ਆਪਣਾ ਨਾਮ ਦਿਲਪ੍ਰੀਤ ਤੋਂ ਬਦਲ ਕੇ ਦਿਲਪ੍ਰੀਤ ਸਿੰਘ ਰੱਖ ਲਿਆ ਹੈ।

ਮੈਂ, ਰੀਨਾ ਰਾਣੀ ਪਤਨੀ ਜਸਵਿੰਦਰਪਾਲ ਸਿੰਘ, ਵਾਸੀ ਪਿੰਡ ਟਿੱਬਾ, ਤਹਿਸੀਲ ਸੁਲਤਾਨਪੁਰ ਲੋਧੀ, ਜਿਲ੍ਹਾ ਕਪੂਰਥਲਾ, ਬਿਆਨ ਕਰਦੀ ਹਾਂ ਕਿ ਮੈਂ ਆਪਣੀ ਨਾਮ ਰੀਨਾ ਤੋਂ ਬਦਲ ਕੇ ਰੀਨਾ ਰਾਣੀ ਰੱਖ ਲਿਆ ਹੈ ਅਤੇ ਆਪਣੇ ਲੜਕੇ ਦਾ ਨਾਮ ਦਿਲਪ੍ਰੀਤ ਤੋਂ ਬਦਲ ਕੇ ਦਿਲਪ੍ਰੀਤ ਸਿੰਘ ਰੱਖ ਲਿਆ ਹੈ। ਸਾਰੇ ਸੰਬੰਧਤ ਨੋਟ ਕਰਨ।

ਮੈਂ, ਰੀਨਾ ਰਾਣੀ ਪਤਨੀ ਜਸਵਿੰਦਰਪਾਲ ਸਿੰਘ, ਵਾਸੀ ਪਿੰਡ ਟਿੱਬਾ, ਤਹਿਸੀਲ ਸੁਲਤਾਨਪੁਰ ਲੋਧੀ, ਜਿਲ੍ਹਾ ਕਪੂਰਥਲਾ, ਬਿਆਨ ਕਰਦੀ ਹਾਂ ਕਿ ਮੈਂ ਆਪਣੀ ਨਾਮ ਰੀਨਾ ਤੋਂ ਬਦਲ ਕੇ ਰੀਨਾ ਰਾਣੀ ਰੱਖ ਲਿਆ ਹੈ ਅਤੇ ਆਪਣੀ ਲੜਕੀ ਦਾ ਨਾਮ ਸਨੇਹਾ ਤੋਂ ਬਦਲ ਕੇ ਸਨੇਹਾ ਵਰਮਾ ਰੱਖ ਲਿਆ ਹੈ। ਸਾਰੇ ਸੰਬੰਧਤ ਨੋਟ ਕਰਨ।

ਮੈਂ, ਰਫੀਆ ਪੁੱਤਰੀ ਰਸ਼ੀਦ ਮੁਹੰਮਦ ਹਾਲ ਪਤਨੀ ਸ੍ਰੀ ਅਸਲਮ ਮੁਹੰਮਦ, ਵਾਸੀ ਰਫਿਊਜ਼ੀ ਮੁਹੱਲਾ ਅਹੀਆਪੁਰ, ਡਾਕ. ਉੜਮੁੜ, ਤਹਿ. ਟਾਂਡਾ (ਹੁਸ਼ਿਆਰਪੁਰ) ਨੇ ਆਪਣਾ ਨਾਂਅ ਰਫੀਆ ਤੋਂ ਬਦਲ ਕੇ ਰਫੀਆ ਬੇਗਮ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਮੁਸਕਾਨ ਕੁਮਾਰੀ ਪੁੱਤਰੀ ਸੁਰੇਸ਼ ਕੁਮਾਰ, ਵਾਸੀ ਮਕਾਨ ਨੰ: 3, ਗਲੀ ਨੰ: 1, ਜੇ.ਜੇ. ਫੈਕਟਰੀ ਪਿੰਡ ਨਾਗਰਾ, ਜਲੰਧਰ (ਜਨਮ ਤਾਰੀਖ 08-07-2007) ਬਿਆਨ ਕਰਦੀ ਹਾਂ ਕਿ ਮੈਂ ਆਪਣਾ ਨਾਂ ਮੁਸਕਾਨ ਤੋਂ ਬਦਲ ਕੇ ਮੁਸਕਾਨ ਕੁਮਾਰੀ ਰੱਖ ਲਿਆ ਹੈ। ਮੈਂ ਇੱਕੋ ਅਤੇ ਉਹੀ ਵਿਅਕਤੀ ਹਾਂ।

## PUBLIC NOTICE

I, Ekamjot Singh S/O Avtar Singh, R/o 537, Shivjot Enclave Kharar, SAS Nagar (Mohali), Punjab- 140301. Declare that Name of My Father has been wrongly written as Dr. Avtar Singh in my 12th Class Certificate. The actual name of My Father is Avtar Singh, which may be amended accordingly.

This is to inform the general public that Guardian Hospital, 1, Link Road Guru Amardass Chowk, Jalandhar is going to destroy the old record of indoor patients from 24.09.2018 to 31.12.2024. Any Person/Patient desires to see record are requested to contact on 98761-88088, 95014-55055 before 31.08.2026, failing which the Hospital Shall not be responsible. (Hospital Administrator)

I, Ruchika Chander D/o Daljit Singh, R/o Vill. Jaja, Teh. Dasuya, Distt. Hoshiarpur, Punjab declare that my name written wrongly Ruchika in my Passport No. X8795733. According my Aadhar Card my correct name is Ruchika Chander be amended in my Passport No. X8795733.

We, Sonia W/o Hukum Singh & Hukam Singh S/o Surjeet Singh both R/o H.No. 318-B, Ekta Nagar, Po. Chugitti, Jalandhar declare that our Son Gurpreet Singh is out of our control. We disinherit him from our moveable and immovable properties. We and our family shall not be held responsible for any of his acts, deeds and things. All please note.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਸਫ਼ਾਈ ਕਰਮਚਾਰੀਆਂ ਨੇ ਐੱਸ ਡੀ ਐੱਮ ਨੂੰ ਸੌਂਪਿਆ ਮੰਗ ਪੱਤਰ



ਫਿਲੌਰ (ਹਰਜਿੰਦਰ ਕੌਰ ਚਾਹਲ)- ਸਫਾਈ ਕਰਮਚਾਰੀਆਂ ਵੱਲੋਂ ਦਿੱਤੀ ਗਈ ਪੰਜਾਬ ਬੰਦ ਦੀ ਕਾਲ ਦੇ ਚਲਦਿਆਂ ਫਿਲੌਰ ਵਿੱਚ ਵੀ ਇਸ ਦਾ ਅਸਰ ਦੇਖਣ ਨੂੰ ਮਿਲਿਆ। ਕੁਝ ਦੁਕਾਨਦਾਰਾਂ ਨੇ ਪੰਜਾਬ ਬੰਦ ਦੇ ਸੱਦੇ ਦਾ ਸਮਰਥਨ ਕਰਦਿਆਂ ਆਪਣੀਆਂ ਦੁਕਾਨਾਂ ਬੰਦ ਰੱਖੀਆਂ, ਜਦਕਿ ਕਈ ਦੁਕਾਨਦਾਰਾਂ ਨੇ ਆਪਣੀਆਂ ਦੁਕਾਨਾਂ ਆਮ ਦਿਨਾਂ ਵਾਂਗ ਖੁੱਲ੍ਹੀਆਂ ਰੱਖੀਆਂ। ਇਸ ਦੌਰਾਨ ਸਫਾਈ ਕਰਮਚਾਰੀਆਂ ਨੇ ਐਸ ਡੀ ਐਮ ਫਿਲੌਰ ਨੂੰ ਲਿਖਤੀ ਰੂਪ ਵਿੱਚ ਮੰਗ ਪੱਤਰ ਸੌਂਪਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਫਾਈ ਕਰਮਚਾਰੀਆਂ ਨੇ ਕਿਹਾ ਕਿ ਬਰਨਾਲਾ ਵਿੱਚ ਸਫਾਈ ਕਰਮਚਾਰੀਆਂ ਉੱਤੇ ਪੁਲਸ ਵੱਲੋਂ ਕੀਤੇ ਗਏ ਲਾਠੀਚਾਰਜ ਦੀ ਉਹ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹਨ। ਉਨ੍ਹਾਂ ਨੇ ਮੰਗ ਕੀਤੀ ਕਿ ਇਸ ਕਾਰਵਾਈ ਲਈ ਜ਼ਿੰਮੇਵਾਰ ਮੁਲਾਜ਼ਮਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਤੁਰੰਤ ਬਰਖ਼ਾਸਤ ਕੀਤਾ ਜਾਵੇ। ਉਨ੍ਹਾਂ ਨੇ ਅੱਗੇ ਕਿਹਾ ਕਿ ਸਫਾਈ ਕਰਮਚਾਰੀਆਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਪੰਜਾਬ ਸਰਕਾਰ ਵੱਲੋਂ ਜਲਦ ਤੋਂ ਜਲਦ ਮੰਨਿਆ ਜਾਵੇ। ਕਰਮਚਾਰੀਆਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਤਦ ਤੱਕ ਉਨ੍ਹਾਂ ਦੀ ਹੜਤਾਲ ਨਿਰੰਤਰ ਜਾਰੀ ਰਹੇਗੀ ਅਤੇ ਸਫਾਈ ਦਾ ਕੰਮ ਪੂਰੀ ਤਰ੍ਹਾਂ ਬੰਦ ਰਹੇਗਾ।

## COURT NOTICE

(U/o 5 Rule 20 CPC)
In the Court of
Ms. Gurpreet Kaur-II
Civil Judge Junior Division Zira-2, Zira
CNR No. PBFZAO-000815-2025
Next Date :- 18/8/2026
State Bank Of India
Vs.
Beant Kaur Etc.
Publication Issued To:
Beant Kaur Etc
Spouse :- Sukhdev Singh
Vill. Gurditti Wala Sub Teh. Mallanwala, Teh. Zira, Distt. Fzr. 2 Harpal Singh R/O Vill. Gurditti Wala, Sub Teh. Mallanwala, Teh. Zira Distt. Fzr
3 Rachpal Singh S/O Sukhdev Singh R/O Vill. Gurditti Wala Sub Teh. Mallanwala Teh. Zira, Distt. Fzr

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 18.8.2026 at 10:00 am

For details logon to https://highcourtchd.gov.in/?mod=district_notice&district=mogacourt

Civil Judge Junior Division Zira-2, Zira
Dated, this day of 13-07-2026

## COURT NOTICE

(U/o 5 Rule 20 CPC)
In the Court of
Ms. Gurpreet Kaur-II
Civil Judge Junior Division Zira-2, Zira
CNR No. PBFZAO-000815-2025
Next Date :- 18/8/2026
State Bank Of India
Vs.
Beant Kaur Etc.
Publication Issued To:
Beant Kaur Etc
Spouse :- Sukhdev Singh
Vill. Gurditti Wala Sub Teh. Mallanwala, Teh. Zira, Distt. Fzr. 2 Harpal Singh R/O Vill. Gurditti Wala, Sub Teh. Mallanwala, Teh. Zira Distt. Fzr
3 Rachpal Singh S/O Sukhdev Singh R/O Vill. Gurditti Wala Sub Teh. Mallanwala Teh. Zira, Distt. Fzr

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 18.8.2026 at 10:00 am

For details logon to https://highcourtchd.gov.in/?mod=district_notice&district=mogacourt

Civil Judge Junior Division Zira-2, Zira
Dated, this day of 13-07-2026

## STATE BANK OF INDIA — SMECC, 1ST FLOOR, MAIN BRANCH, Civil Lines, Jalandhar

[ਰੂਲ 8 (1)] ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨ ਹਸਤਾਖਰੀ ਨੇ ਸਟੇਟ ਬੈਂਕ ਆਫ ਇੰਡੀਆ, ਸਮਾਲ ਐਂਡ ਮੀਡੀਅਮ ਇੰਟਰਪ੍ਰਾਈਜ਼ਜ਼ ਸਿਟੀ ਕ੍ਰੈਡਿਟ ਸੈਂਟਰ (05024), ਜਲੰਧਰ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰੀਟੀਜ਼ੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 (2002 ਦਾ 54) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12) ਅਧੀਨ ਮੈਸ. ਧਾਲੀਵਾਲ ਫੂਡਜ਼ (ਪ੍ਰੋਪਰਾਈਟਰਸ਼ਿਪ ਫਰਮ), ਐੱਸ ਸੀ ਐੱਫ 151, ਅਰਬਨ ਅਸਟੇਟ, ਫੇਜ਼-1, ਪੰਜਾਬ-144022 ਰਾਹੀਂ ਇਸ ਦੇ ਮਾਲਕ ਸ੍ਰੀ ਮਨਪ੍ਰੀਤ ਸਿੰਘ ਪੁੱਤਰ ਸ੍ਰੀ ਰਸ਼ਪਾਲ ਸਿੰਘ ਉਰਫ ਜਸਪਾਲ ਸਿੰਘ, ਵਾਸੀ ਵਾਰਡ ਨੰ. 2, ਤਲਵੰਡੀ ਰੋਡ, ਬਸਤੀ ਸੰਤ ਪੂਰਨ ਸਿੰਘ ਜ਼ੀਰਾ,ਫਿਰੋਜ਼ਪੁਰ-142047 (ਖਾਤਾ ਨੰ. ਸੀ ਸੀ-43354085802, ਟੀ ਐਲ-43354099983) ਨੂੰ ਅਲੱਗ-ਅਲੱਗ ਕਰਜ਼ਾ ਸਹੂਲਤਾਂ ਤਹਿਤ ਰਕਮ ਰੁਪਏ 35,81,209.00 (ਪੈਂਤੀ ਲੱਖ ਇਕਾਸੀ ਹਜ਼ਾਰ ਦੋ ਸੌ ਨੌਂ ਰੁਪਏ ਕੇਵਲ) ਨੋਟਿਸ ਦੀ ਮਿਤੀ ਤੋਂ 11.05.2026 ਨੂੰ ਭਵਿਖੀ ਵਿਆਜ,ਅਚਨਚੇਤੀ ਖਰਚੇ, ਲਾਗਤਾਂ ਅਤੇ ਚਾਰਜਿਜ਼ ਸਮੇਤ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਮੋੜਨ ਦਾ ਮਿਤੀ 11.05.2026 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਕਰਜ਼ਦਾਰ ਅਤੇ ਆਮ ਜਨਤਾ ਨੂੰ ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ ਦੀ ਧਾਰਾ 13(4) ਅਧੀਨ ਹੇਠਾਂ ਦਰਸਾਈ ਜਾਇਦਾਦ ਦਾ ਮਿਤੀ 21.07.2026 ਨੂੰ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਇਸ ਦੁਆਰਾ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ ਦੇਣ ਸਟੇਟ ਬੈਂਕ ਆਫ ਇੰਡੀਆ, ਐੱਸ ਐੱਮ ਈ ਸੀ ਸੀ (05024), ਜਲੰਧਰ ਨੂੰ ਰਕਮ ਰੁਪਏ 35,81,209.00 (ਮਿਤੀ 11.05.2026 ਅਨੁਸਾਰ) ਸਮੇਤ ਭਵਿੱਖੀ ਵਿਆਜ, ਚਾਰਜਿਜ਼ ਅਤੇ ਖਰਚਿਆਂ ਦਾ ਹੱਕਦਾਰ ਬਣਾਏਗਾ।

ਕਰਜ਼ਦਾਰ ਦਾ ਧਿਆਨ ਸਕਿਓਰਡ ਅਸਾਸਿਆਂ ਦੇ ਪੁਨਰਗ੍ਰਹਿਣ ਲਈ ਉਪਲੱਬਧ ਸਮੇਂ ਦੇ ਸੰਬੰਧ ਵਿੱਚ ਐਕਟ ਦੀ ਧਾਰਾ 13 ਦੀ ਉਪ ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

ਅਚੱਲ ਜਾਇਦਾਦ ਦਾ ਵੇਰਵਾ

ਰਿਹਾਇਸ਼ੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਦਾ ਉਚਿਤ ਗਿਰਵੀਨਾਮਾ ਰਕਬਾ 10 ਮਰਲਾ, ਬੈਨਾਮਾ ਮਿਤੀ 23.08.2005, ਵਸੀਕਾ ਨੰ. 2311 ਬਸਤੀ ਸੰਤ ਪੂਰਨ ਸਿੰਘ ਵਾਲੀ ਵਿਖੇ ਸਥਿਤ, ਨਵੀਂ ਤਲਵੰਡੀ ਰੋਡ, ਜ਼ੀਰਾ, ਤਹਿਸੀਲ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ ਸ੍ਰੀ ਰਛਪਾਲ ਸਿੰਘ ਉਰਫ ਜਸਪਾਲ ਸਿੰਘ ਦੇ ਨਾਂਅ। ਜਾਇਦਾਦ ਦੀਆਂ ਹੱਦਾਂ ਬੈਨਾਮੇ ਅਨੁਸਾਰ: ਪੂਰਬ : ਸ੍ਰੀ ਭਜਨ ਸਿੰਘ, ਪੱਛਮ: ਸ੍ਰੀ ਜੋਗਿੰਦਰ ਪਾਲ ਆਦਿ, ਉੱਤਰ : ਗਲੀ, ਦੱਖਣ: ਸ੍ਰੀ ਨਰਿੰਦਰ ਸਿੰਘ।

ਅਸਲ ਦਿਸ਼ਾਵਾਂ : ਪੂਰਬ : ਸ੍ਰੀ ਇਕਬਾਲ ਸਿੰਘ, ਪੱਛਮ: ਸ੍ਰੀ ਅਜੀਤ ਸਿੰਘ, ਉੱਤਰ :ਗਲੀ, ਦੱਖਣ: ਸ੍ਰੀ ਚਰਨ ਸਿੰਘ ਗਿੱਲ।

ਮਿਤੀ :28.07.2026 — ਅਧਿਕਾਰਤ ਅਫਸਰ

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਉਪ ਮੁੱਖ ਇੰਜੀਨੀਅਰ/ਪੁਲ/ਵਰਕਸ਼ਾਪ, ਉੱਤਰ ਰੇਲਵੇ, ਜਲੰਧਰ ਛਾਵਣੀ ਦੇ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ, ਓਪਨ ਈ-ਟੈਂਡਰ ਨੂੰ ਏਕਲ ਪੈਕੇਟ ਸਿਸਟਮ ਦੇ ਤਹਿਤ ਮੰਗ ਕੀਤੀ ਗਈ ਹੈ।

| | |
|---|---|
| ਲੜੀ ਨੰ: 1: ਟੈਂਡਰ ਨੰ: | OT-19-JRC-2026 |
| ਕੰਮ ਦਾ ਵੇਰਵਾ : | ਸਵੀਕ੍ਰਿਤ ਡਰਾਇੰਗ ਦੇ ਅਨੁਸਾਰ 3.05 ਮੀਟਰ ਤੋਂ 12.20 ਮੀਟਰ ਲੰਬਾਈ ਦੀ ਪ੍ਰੀ-ਸਟ੍ਰੇਸਟ ਕੰਕਰੀਟ (PSC) ਸਲੈਬਾਂ ਦੀ ਢਲਾਈ, ਬ੍ਰਿਜ ਵਰਕਸ਼ਾਪ, ਜਲੰਧਰ ਕੈਂਟ ਦੇ PSC ਯਾਰਡ ਵਿਚ ਕੰਮ ਕਰਨਾ। |
| ਅਨੁਮਾਨਿਤ ਲਾਗਤ : | ਰੁ: 8,99,42,565.06 |
| ਬਿਆਨਾ ਰਾਸ਼ੀ : | ਰੁ: 17,98,900.00 |
| ਖੁਲਣ ਦੀ ਮਿਤੀ : | 17.08.2026 |
| IREPS ਉਤੇ ਬੋਲੀ ਲਗਾਣ ਦੀ ਮਿਤੀ : | 03.08.2026 ਤੋਂ 17.08.2026 |
| ਟੈਂਡਰ ਫਾਰਮ ਦੀ ਲਾਗਤ ਰੁਪਏ : | 0 |
| ਕੰਮ ਪੂਰਾ ਕਰਨ ਦਾ ਸਮਾਂ : | 18 ਮਹੀਨੇ |

ਟੈਂਡਰ ਪੇਸ਼ ਕਰਨ ਅਤੇ ਟੈਂਡਰ ਖੁਲਣ ਦੇ ਲਈ ਮਿਤੀ ਅਤੇ ਸਮਾਂ : ਹਰੇਕ ਦੇ ਖਿਲਾਫ ਦਿਖਾਏ ਗਈ ਮਿਤੀਆਂ ਉਤੇ 15:00 ਵਜੇ ਤਕ ਅਤੇ ਉਸੀ ਸਮਂ 15:00 ਵਜੇ ਦੇ ਬਾਦ।

ਵੈੱਬਸਾਈਟ ਵੇਰਵਾ ਜਿਥੋਂ ਟੈਂਡਰ ਦਾ ਪੂਰਾ ਵੇਰਵਾ ਦੇਖਿਆ ਜਾਂ ਸਕਦਾ ਹੈ ਅਤੇ ਡਾਊਨਲੋਡ ਕੀਤਾ ਜਾਂ ਸਕਦਾ ਹੈ : ਪੂਰੀ ਈ-ਟੈਂਡਰ ਸੂਚਨਾ ਉੱਤਰ ਰੇਲਵੇ ਵੈੱਬਸਾਈਟ www.nr.indianrailways.gov.in ਉਤੇ ਉਪਲਬਧ ਹੈ ਅਤੇ ਟੈਂਡਰ ਦਸਤਾਵੇਜ www.ireps.gov.in ਉਤੇ ਉਪਲਬਧ ਹੈ।

ਨੰ: 80-W/30/Bridges/Invitation ਮਿਤੀ : 24.07.2026 — 2578/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## PUBLIC NOTICE

It is for the information of the general public that M/s Veer Colonisers & Builders Pvt. Ltd. has been granted Environmental Clearance by the State Environment Impact Assessment Authority (SEIAA), Punjab for the Commercial Project namely "Veer Autograph" located at Village Heir and Schneider, Ajnala Road, District Amritsar, Punjab, vide EC Identification No. EC25C3802PB5831756N and File No. 2026/EC/F/442 dated 05.05.2026 through our Environmental Consultant M/s Eco Paryavaran Laboratories & Consultants Pvt. Ltd., Mohali. A copy of the Environmental Clearance along with the conditions stipulated therein is available with the Project Proponent and may also be accessed on the PARIVESH Environmental Clearance Portal (hps://pari vesh.nic.in). Any interested person may contact either of the following:

M/s Veer Colonisers & Builders Pvt. Ltd.
SCO 48-50, Veer Enclave, G.T. Road, Bye Pass, VPO Khankot, Amritsar, Punjab – 143001
Email: info@theveergroup.com
M/s ECO Paryavaran Laboratories & Consultants Pvt. Ltd. E-207, Industrial Area, Phase VIII-B, Sector-74, SAS Nagar (Mohali), Punjab – 160071
Contact: +91-99159-46784
Website: www.ecoparyavaran.org

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਨੰ. 433-ਸਿਗ- ਟੀ-27-26-27 — ਮਿਤੀ: 24.07.2026

ਬੰਦ ਹੋਣ ਦੀ ਮਿਤੀ/ਸਮਾਂ: 17.08.2026 15:00 ਵਜੇ

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ-ਟੀ-27/26-27 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 17.08.2026 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ। ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਂਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।
ਐਨ.ਆਈ.ਟੀ.

| | | | |
|---|---|---|---|
| ਕੰਮ ਦਾ ਨਾਮ | (i) ADEN/ਲੁਧਿਆਣਾ ਦੇ ਤਹਿਤ ਸਾਹਨੇਵਾਲ-ਜਲੰਧਰ ਕੈਂਟ ਸੈਕਸ਼ਨ ਉਤੇ KM 398$970 (TVUS 78912) ਸਥਿਤ ਐਲ ਸੀ ਨੰਬਰ ਐਸ 84 ਦੀ ਜਗ੍ਹਾ ਬੀ-ਰੂਟ (ਵੰਦੇ ਭਾਰਤ ਰੂਟ) ਤੇ ਲਿਮਟਿਡ ਹਾਈਟ ਸਬਵੇ (5.0 x 5.0 ਮੀਟਰ ਇੰਟਰਨਲ ਸਾਈਜ) ਦੀ ਉਸਾਰੀ ਦੇ ਸਬੰਧ ਵਿਚ ਪੁਸ਼ਿੰਗ ਵਿਧੀ ਨਾਲ ਸਿਗਨਲਿੰਗ ਅਤੇ ਟੇਲੀਕਾਮ ਦਾ ਕੰਮ। (ii) ਡੀਐਸਟੀਈ/ਫਿਰੋਜਪੁਰ ਦੇ ਅਨੁਭਾਗਾਂ ਦੇ ਲਈ ਇਕ ਸਾਲ ਦੇ ਲਈ ਅਨੁਭਾਗੀ ਸਿਗਨਲ ਰਖਰਖਾਅ ਕਾਂਟਰੈਕਟ ਦਾ ਕੰਮ। (iii) ਐਸ ਐਂਡ ਟੀ ਦਾ ਕੰਮ ਜੋ ਇਨ੍ਹਾਂ ਨਾਲ ਜੁੜਿਆ ਹੈ: (1) ਜਲੰਧਰ ਸਿਟੀ-ਅੰਮ੍ਰਿਤਸਰ ਸੈਕਸ਼ਨ ਉਤੇ ਪੁਲ ਨੰਬਰ 102 UP&DN, 111 UP&DN, 119 UP; ਅੰਮ੍ਰਿਤਸਰ-ਅਟਾਰੀ ਸੈਕਸ਼ਨ ਉਤੇ ਪੁਲ ਨੰਬਰ 180; ਅਤੇ ਵੇਰਕਾ-ਡੇਰਾ ਬਾਬਾ ਨਾਨਕ ਸੈਕਸ਼ਨ ਉਤੇ ਪੁਲ ਨੰਬਰ 103 ਦੇ ਸਟੀਲ ਗਡੂਰ ਨੂੰ ਆਰਸੀਸੀ ਸਲੈਬ ਨਾਲ ਬਦਲਣਾ। (ii) ਫਿਰੋਜਪੁਰ ਡਵੀਜਨ ਦੇ ADEN- ਜਲੰਧਰ ਦੇ ਤਹਿਤ ਜਲੰਧਰ ਸਿਟੀ-ਨਕੋਦਰ ਸੈਕਸ਼ਨ ਉਤੇ KM 4/13-14 ਉਤੇ LC C-7 ਦੀ ਜਗ੍ਹਾ 5 m x 3.5 m ਸਾਈਜ ਦਾ LHS ਬਨਾਉਣਾ। (iii) ADEN-I/ਅੰਮ੍ਰਿਤਸਰ ਦੇ ਤਹਿਤ ਵੇਰਕਾ-ਡੇਰਾ ਬਾਬਾ ਨਾਨਕ ਸੈਕਸ਼ਨ ਉਤੇ ਮੈਨ ਵਾਲੇ ਐਲ-ਕ੍ਰਾਸਿੰਗ ਨੰਬਰ ਏ-5 ਤੇ ਪੁਸ਼ਿੰਗ ਮੇਥਡ ਤੋਂ 5.0 x 5.0m ਸਾਈਜ ਦਾ LHS ਬਨਾਉਣਾ। (iv) ਫਿਲੌਰ-ਲੋਹਿਯਾਂ ਖਾਸ ਸੈਕਸ਼ਨ ਵਿਚ ਸਟੀਲ ਟ੍ਰਫ ਪੁਲ ਨੰਬਰ 158 ਦੀ ਜਗ੍ਹਾ ਆਰਸੀਸੀ ਬਾਕਸ (2 ਟਵਿਨ ਬਾਕਸ) ਪੁਲ ਬਨਾਉਣਾ। | | |
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | (i) 17.08.2026 15:00<br>(ii) 17.08.2026 15:00<br>(iii) 17.08.2026 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 24.07.2026 18:22 |
| ਅੰਦਾਜਨ ਲਾਗਤ | (i) 3548796.61<br>(ii) 14984554.68<br>(iii) 10311974.40 | ਬਿਡਿੰਗ ਸ਼ੁਰੂ ਦੀ ਮਿਤੀ ਆਈਆਰਈਪੀਐਸ | (i) 03.08.2026<br>(ii) 03.08.2026<br>(iii) 03.08.2026 |
| ਬਿਆਨਾ ਰਾਸ਼ੀ (ਰੁ) | (i) 71000.00<br>(ii) 299700.00<br>(iii) 206200.00 | ਕੰਮ ਪੂਰਾ ਕਰਨ ਦਾ ਸਮਾਂ | (i) 6 ਮਹੀਨੇ<br>(ii) 12 ਮਹੀਨੇ<br>(iii) 6 ਮਹੀਨੇ |
| ਨੋਟ: | ਨਿਵਿਦਾਕਰਤਾ ਰੈਗੂਲਰ ਤੌਰ ਤੇ ਵੈਬਸਾਈਟ ਦੇ ਸੰਪਰਕ ਵਿਚ ਰਹਿ ਕੇ ਨਿਵਿਦਾ ਸੰਸ਼ੋਧਨਾਂ, ਸੁਧੀਪੱਤਰ ਆਦਿ ਬਾਰੇ ਵਿਚ ਖੁਦ ਨੂੰ ਅਪਡੇਟ ਰੱਖਣ। | | 2575/26 |

ਗ੍ਰਾਹਕਾਂ ਦਾ ਸੇਵਾ ਵਿਚ ਮੁਸਕਾਨ ਦੇ ਨਾਲ

## AXIS BANK

Branch Address : AXIS Bank Ltd., Retail Asset Centre, First Floor, SCB 5,Chotti Baradari, Patiala-147001.
Registered Office: 'Trishul', 3rd Floor, Opposite Samartheswar Temple, Law Garden, Ellisbridge, Ahmedabad-380006.

**ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਦੀ ਪਾਲਣਾ 'ਚ ਪਬਲਿਕ ਨੋਟਿਸ**

ਇਹ ਜਨਤਾ ਦੀ ਜਾਣਕਾਰੀ ਹਿੱਤ ਨੋਟਿਸ ਹੈ ਕਿ ਹੇਠਾਂ ਵਰਨਣ ਕਰਜ਼ਦਾਰ/ਸਹਿ-ਕਰਜ਼ਦਾਰਾਂ/ਗਰੰਟਰ (ਗਰੰਟਰਾਂ) ਨੇ ਬੈਂਕ ਕੋਲੋਂ ਪ੍ਰਾਪਤ ਕੀਤੀ ਕਰਜ਼ਾ ਸਹੂਲਤ ਉਪਰ ਬਣਦੇ ਵਿਆਜ ਅਤੇ ਮੂਲ ਦੋਵਾਂ ਨੂੰ ਮੋੜਨ ਵਿੱਚ ਅਨੇਕਾਂ ਗਲਤੀਆਂ ਕੀਤੀਆਂ ਹਨ। ਅਜਿਹੇ ਵਿੱਚ ਕਰਜ਼ਿਆਂ ਨੂੰ ਨਾਨ-ਪਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕੀਤਾ ਜਾ ਚੁੱਕਾ ਹੈ। ਕਰਜ਼ਦਾਰ (ਕਰਜ਼ਦਾਰਾਂ) ਨੂੰ ਉਨ੍ਹਾਂ ਦੇ ਆਖਰੀ ਮਲੂਮ ਪਤਿਆਂ ਉਪਰ ਉਪਰੋਕਤ ਵਰਨਣ ਐਕਟ ਦੇ ਸੈਕਸ਼ਨ 13 (2) ਅਧੀਨ ਨੋਟਿਸ ਭੇਜੇ ਗਏ ਸਨ, ਪਰ ਇਹ ਨੋਟਿਸ ਬਿਨਾਂ ਤਾਮੀਲ ਵਾਪਸ ਆ ਗਏ।

| ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ | ਨੋਟਿਸ ਦੀ ਮਿਤੀ | ਐੱਨ ਪੀ ਏ ਦੀ ਮਿਤੀ | ਨੋਟਿਸ ਦੀ ਮਿਤੀ ਨੂੰ ਬਕਾਇਆ ਰਕਮ |
|---|---|---|---|
| (1) ਮੈਸ: ਕੁਬੇਰ ਇੰਡਸਟਰੀਜ਼ ਇੰਡੀਆ ਰਾਹੀਂ ਇਸ ਦੇ ਮਾਲਕ ਸ੍ਰੀ ਵਰੁਣ ਸੇਠੀ ਵਾਸੀ ਸੈਕਟਰ 6-ਏ, ਖਸਰਾ ਨੰ. 232-1-1, ਜੀ ਟੀ ਰੋਡ ਸਰਹਿੰਦ ਸਾਈਡ, ਸ਼ੇਰ-ਏ-ਪੰਜਾਬ ਮਿੱਲ ਰੋਡ, ਨੇੜੇ ਮੁਖਤਿਆਰ ਫਾਰਮ, ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ-147301 (2) ਸ੍ਰੀ ਵਰੁਣ ਸੇਠੀ ਪੁੱਤਰ ਰੋਸ਼ਨ ਲਾਲ ਵਾਸੀ ਮਕਾਨ ਨੰ. 44, ਸੈਕਟਰ 4 ਏ, ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ-147301 (3) ਸ੍ਰੀਮਤੀ ਰਮਨ ਰਾਣੀ ਪਤਨੀ ਰੋਸ਼ਨ ਲਾਲ ਵਾਸੀ ਮਕਾਨ ਨੰ. 44, ਸੈਕਟਰ 4 ਏ, ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ-147301 | 09-July-2026 | 05-June-2026 | ਰੁਪਏ 1,00,17,367/- (ਇੱਕ ਕਰੋੜ ਸਤਾਰਾਂ ਹਜ਼ਾਰ ਤਿੰਨ ਸੌ ਸਤਾਹਠ ਰੁਪਏ ਕੇਵਲ) |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ

ਜਾਇਦਾਦ ਨੰ. 1 : ਜਾਇਦਾਦ/ਪਲਾਟ ਨਾਲ ਸੰਬੰਧਤ ਸਭ ਕੁਝ ਦਾ ਉਚਿਤ ਗਿਰਵੀਨਾਮਾ, ਜੋ ਕਿ ਰਕਬਾ 2 ਬਿਸਵੇ 10 ਬਿਸਵਾਸੀ, ਪਲਾਟ ਖੱਤਾ ਨੰ. 584/817, ਖਸਰਾ ਨੰ. 1036/898/215 (4-8), 1038/904/734/ 216 ਮਿੰਨ (0-12) ਕੁੱਲ 5 ਵਿੱਘਾ ਵਿੱਚੋਂ 2 ਬਿਸਵਾ 10 ਬਿਸਵਾਸੀ ਦਾ 50/2000 ਹਿੱਸਾ, ਜਮ੍ਹਾਂਬੰਦੀ ਸਾਲ 2011-2012, ਵਾਕਿਆ ਕੁੱਕੜ ਮਾਜਰਾ ਵਿਖੇ ਸਥਿਤ, ਤਹਿਸੀਲ ਅਮਲੋਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਰਾਹੀਂ ਇਸ ਦੇ ਰਜਿਸਟਰਡ ਮਾਲਕ ਸ੍ਰੀਮਤੀ ਰਮਨ ਰਾਣੀ ਪਤਨੀ ਰੋਸ਼ਨ ਲਾਲ, ਵਸੀਕਾ ਨੰ. ਬੈਨਾਮਾ ਨੰ. 2018-19/24/230 ਮਿਤੀ 04 ਮਈ 2018 ਅਨੁਸਾਰ। ਹੱਦਾਂ ਬੈਨਾਮੇ ਅਨੁਸਾਰ : ਪੂਰਬ : ਗਲੀ 20 ਫੁੱਟ, ਪੱਛਮ : ਤੇਜਿੰਦਰ ਸਿੰਘ, ਉੱਤਰ : ਮਕਾਨ, ਦੱਖਣ : ਰਮਨ ਰਾਣੀ ਖੁਦ। ਜਾਇਦਾਦ ਨੰ. 2- ਜਾਇਦਾਦ/ਪਲਾਟ ਨਾਲ ਸੰਬੰਧਤ ਸਭ ਕੁਝ ਦਾ ਉਚਿਤ ਗਿਰਵੀਨਾਮਾ, ਜੋ ਕਿ ਰਕਬਾ 2 ਬਿਸਵੇ 10 ਬਿਸਵਾਸੀ, ਪਲਾਟ ਖੱਤਾ ਨੰ. 504/817, ਖਸਰਾ ਨੰ. 1036/898/215 (4-8), 1038/904/734/216 ਮਿੰਨ (0-12) ਕੁੱਲ 5 ਬਿਘੇ 'ਚੋਂ 2 ਬਿਸਵਾ 10 ਬਿਸਵਾਸੀ ਦਾ 50/2000 ਹਿੱਸਾ, ਜਮ੍ਹਾਂਬੰਦੀ ਸਾਲ 2011-2012, ਵਾਕਿਆ ਕੁੱਕੜ ਮਾਜਰਾ ਵਿਖੇ ਸਥਿਤ, ਤਹਿਸੀਲ ਅਮਲੋਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਰਾਹੀਂ ਇਸ ਦੇ ਰਜਿਸਟਰਡ ਮਾਲਕ ਸ੍ਰੀਮਤੀ ਰਮਨ ਰਾਣੀ ਪਤਨੀ ਰੋਸ਼ਨ ਲਾਲ ਵਸੀਕਾ ਨੰ. ਬੈਨਾਮਾ ਨੰ. 2017-18/24/1/7304 ਮਿਤੀ 20-02-2018 ਅਨੁਸਾਰ। ਹੱਦਾਂ : ਬੈਨਾਮੇ ਅਨੁਸਾਰ : ਪੂਰਬ : ਗਲੀ 20 ਫੁੱਟ, ਪੱਛਮ : ਤੇਜਿੰਦਰ ਸਿੰਘ, ਉੱਤਰ : ਵੇਚਣ ਵਾਲਾ, ਦੱਖਣ : ਰਮਨ ਰਾਣੀ ਖੁਦ। ਜਾਇਦਾਦ ਨੰ. 3 : ਜਾਇਦਾਦ/ਮਕਾਨ ਨਾਲ ਸੰਬੰਧਤ ਸਭ ਕੁਝ ਦਾ ਉਚਿਤ ਗਿਰਵੀਨਾਮਾ, ਜੋ ਕਿ ਰਕਬਾ 2-1/2 ਬਿਸਵੇ, ਖੱਤਾ ਨੰ. 567/799, ਖਸਰਾ ਨੰ. 1036/898/265 (4-8), 1038/904/734/216 ਮਿੰਨ (0-12) ਕੁੱਲ 5 ਬਿਘੇ ਵਿੱਚੋਂ 0 ਬਿਘਾ 2 ਬਿਸਵਾ 10 ਬਿਸਵਾਸੀ ਦਾ 50/2000 ਹਿੱਸਾ, ਜਮ੍ਹਾਂਬੰਦੀ ਸਾਲ 1996-97, ਵਾਕਿਆ ਕੁੱਕੜ ਮਾਜਰਾ ਵਿਖੇ ਸਥਿਤ, ਤਹਿਸੀਲ ਅਮਲੋਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਰਾਹੀਂ ਇਸ ਦੇ ਰਜਿਸਟਰਡ ਮਾਲਕ ਸ੍ਰੀਮਤੀ ਰਮਨ ਰਾਣੀ ਪਤਨੀ ਰੋਸ਼ਨ ਲਾਲ ਵਸੀਕਾ ਬੈਨਾਮਾ ਨੰ. 2017-18/24/1/7304 ਮਿਤੀ 20-02-2018 ਅਨੁਸਾਰ। ਹੱਦਾਂ ਬੈਨਾਮੇ ਅਨੁਸਾਰ : ਪੂਰਬ : ਗਲੀ 20 ਫੁੱਟ, ਪੱਛਮ : ਤੇਜਿੰਦਰ ਸਿੰਘ, ਉੱਤਰ : ਵੇਚਣ ਵਾਲਾ, ਦੱਖਣ : ਰਮਨ ਰਾਣੀ ਖੁਦ।

| ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ | ਨੋਟਿਸ ਦੀ ਮਿਤੀ | ਐੱਨ ਪੀ ਏ ਦੀ ਮਿਤੀ | ਨੋਟਿਸ ਦੀ ਮਿਤੀ ਨੂੰ ਬਕਾਇਆ ਰਕਮ |
|---|---|---|---|
| (1) ਮੈਸ: ਕੇ ਐੱਮ ਟਰੇਡਰਜ਼ ਰਾਹੀਂ ਇਸ ਦੇ ਮਾਲਕ ਸ੍ਰੀ ਕਰਨ ਵਾਸੀ ਬੀXXXVII/4410 ਅਵਤਾਰ ਨਗਰ, ਨੇੜੇ ਕਿੰਗ ਢਾਬਾ, ਜਲੰਧਰ ਪੰਜਾਬ-144001, ਨਾਲ ਹੀ : ਦਫਤਰ ਨੰ. 3-4 ਸੈਣੀ ਕਾਲੋਨੀ, ਨੇੜੇ ਸੰਗਮ ਹਾਲ, ਜਲੰਧਰ-4, ਜਲੰਧਰ-144001 (2) ਸ੍ਰੀ ਕਰਨ ਪੁੱਤਰ ਦੀਪਕ ਕੁਮਾਰ ਵਾਸੀ ਮਕਾਨ ਨੰ. 1415, ਨੇੜੇ ਸੂਰਾਜ ਗੰਜ, ਜਲੰਧਰ-1, ਜਲੰਧਰ-144001 (3) ਸ੍ਰੀਮਤੀ ਜਿਓਤੀ ਪਤਨੀ ਕਰਨ ਵਾਸੀ ਮਕਾਨ ਨੰ. 1415, ਨਿਊ ਸੂਰਾਜ ਗੰਜ, ਜਲੰਧਰ-1, ਜਲੰਧਰ-144001 (4) ਸ੍ਰੀ ਅਰੁਣ ਪੁੱਤਰ ਦੀਪਕ ਕੁਮਾਰ ਵਾਸੀ ਮਕਾਨ ਨੰ. 1415, ਨਿਊ ਸੂਰਾਜ ਗੰਜ, ਜਲੰਧਰ-1, ਜਲੰਧਰ-144001 (5) ਸ੍ਰੀ ਦੀਪਕ ਕੁਮਾਰ ਪੁੱਤਰ ਹਰਬੰਸ ਲਾਲ ਵਾਸੀ ਮਕਾਨ ਨੰ. 1415, ਨਿਊ ਸੂਰਾਜ ਗੰਜ, ਜਲੰਧਰ-1, ਜਲੰਧਰ-144001 | 10-July-2026 | 29-June-2026 | ਰੁਪਏ 83,18,628/- (ਤਰਿਆਸੀ ਲੱਖ ਅਠਾਰਾਂ ਹਜ਼ਾਰ ਛੇ ਸੌ ਅਠਾਈ ਰੁਪਏ ਕੇਵਲ) |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ

ਜਾਇਦਾਦ/ਇੰਡਸਟਰੀਅਲ ਸ਼ੈੱਡ ਨਾਲ 3 ਅਤੇ 4 ਨਾਲ ਸੰਬੰਧਤ ਸਭ ਦਾ ਉਚਿਤ ਗਿਰਵੀਨਾਮਾ ਰਕਬਾ 5 ਮਰਲੇ 165 ਵਰਗ ਫੁੱਟ (1200 ਵਰਗ ਫੁੱਟ) ਛੱਤ ਸਮੇਤ, ਹੱਦਬਸਤ ਨੰ. 307/3, ਖੱਤਾ ਨੰ. 5584/6550, 5599/6565, 5660/6628-6629, ਖਸਰਾ ਨੰ. 12956, 19920/18689/12942, 19924/12957-12958, ਜਮ੍ਹਾਂਬੰਦੀ ਸਾਲ 2009-10, ਸੈਣੀ ਕਾਲੋਨੀ ਵਿਖੇ ਸਥਿਤ, ਜਲੰਧਰ ਰਾਹੀਂ ਇਸ ਦੇ ਰਜਿਸਟਰਡ ਮਾਲਕ ਸ੍ਰੀਮਤੀ ਜਿਓਤੀ ਪਤਨੀ ਕਰਨ ਬੈਨਾਮਾ ਨੰ. 2024-25/186/1/7744 ਮਿਤੀ 11 ਸਤੰਬਰ 2024 ਅਨੁਸਾਰ। ਹੱਦਾਂ ਬੈਨਾਮੇ ਅਨੁਸਾਰ : ਪੂਰਬ : ਸੜਕ 15 ਫੁੱਟ, ਪੱਛਮ : ਸੁਧੀਰ ਕਪੂਰ, ਉੱਤਰ : ਸੁਧੀਰ ਕਪੂਰ, ਦੱਖਣ : ਜਰਨੈਲ ਸਿੰਘ।

ਇਸ ਲਈ, ਇਹ ਜਨਤਕ ਸੂਚਨਾ ਸਿੱਧੇ ਪੱਤਰ ਵਿਹਾਰ ਦੀ ਜਗ੍ਹਾ ਜਾਰੀ ਕੀਤੀ ਜਾਂਦੀ ਹੈ।

ਕਰਜ਼ਦਾਰ (ਕਰਜ਼ਦਾਰਾਂ) ਅਤੇ/ਜਾਂ ਉਨ੍ਹਾਂ ਦੇ ਗਰੰਟਰ (ਗਰੰਟਰਾਂ) ਜਿੱਥੇ ਲਾਗੂਯੋਗ, ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਰਕਮ ਜਮ੍ਹਾਂ ਕਰਵਾਉਣ ਦਾ ਸੱਦਾ ਦਿੱਤਾ ਜਾਂਦਾ ਹੈ। ਅਜਿਹਾ ਕਰਨ ਵਿੱਚ ਨਾਕਾਮ ਰਹਿਣ ਦੀ ਸੂਰਤ ਵਿੱਚ ਸਕਿਓਰਟਾਈਜ਼ੇਸ਼ਨ ਐਂਡ ਰੀਕੰਸਟਰਕਸ਼ਨ ਆਫ਼ ਫਾਈਨਾਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਸਕਿਓਰਿਟੀ ਇੰਟਰੈਸਟ ਐਕਟ, 2002 ਸੈਕਸ਼ਨ 13 ਦੇ ਸਬ-ਸੈਕਸ਼ਨ (4) ਦੇ ਤਹਿਤ 60 ਦਿਨਾਂ ਦਾ ਸਮਾਂ ਲੰਘ ਜਾਣ ਤੋਂ ਬਾਅਦ ਅਗਲੀਆਂ ਕਾਰਵਾਈਆਂ ਕੀਤੀਆਂ ਜਾਣਗੀਆਂ।

ਕਰਜ਼ਦਾਰਾਂ ਨੂੰ ਆਪਣੇ ਸਕਿਓਰਡ ਐਸਟਸ ਦੇ ਪੁਨਰਗ੍ਰਹਿਣ ਲਈ ਆਪਣੇ ਅਧਿਕਾਰਾਂ ਵਾਸਤੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦਾ ਵਿਸ਼ੇਸ਼ ਹਵਾਲਾ ਦਿੱਤਾ ਜਾਂਦਾ ਹੈ।

ਮਿਤੀ : 28.07.2026 , ਸਥਾਨ : ਪੰਜਾਬ — ਸਹੀ/- (ਅਧਿਕਾਰਤ ਅਫਸਰ) ਐਕਸਿਸ ਬੈਂਕ ਲਿਮਟਿਡ

## SBI — AGRI & MSME CREDIT CENTRE, JAGRAON, DISTT. LUDHIANA (PB)
email : sbi.63433@sbi.co.in

### ਰੂਲ 8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਸਟੇਟ ਬੈਂਕ ਆਫ ਇੰਡੀਆ, ਐਗਰੀ ਅਤੇ ਐੱਮ ਐੱਸ ਐੱਮ ਈ ਕ੍ਰੈਡਿਟ ਸੈਂਟਰ, ਜਗਰਾਉਂ, ਜ਼ਿਲ੍ਹਾ ਲੁਧਿਆਣਾ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ 'ਤੇ ਕਰਜ਼ਦਾਰਾਂ/ਗਰੰਟਰਾਂ ਨੂੰ ਉਕਤ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ।

ਕਰਜ਼ਦਾਰ ਅਤੇ ਗਰੰਟਰ ਰਕਮ ਅਦਾ ਕਰਨ 'ਚ ਅਸਫਲ ਰਹੇ ਹਨ, ਕਰਜ਼ਦਾਰਾਂ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਇਨ੍ਹਾਂ ਮਿਤੀਆਂ ਨੂੰ ਕਬਜ਼ਾ ਹਾਸਲ ਕਰ ਲਿਆ ਹੈ।

ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕੀਤੇ ਜਾਣ ਲਈ ਚਿਤਾਵਨੀ ਦਿੱਤੀ ਜਾਂਦੀ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕਰਨ 'ਤੇ ਸਟੇਟ ਬੈਂਕ ਆਫ ਇੰਡੀਆ, ਐਗਰੀ ਅਤੇ ਐੱਮ ਐੱਸ ਐੱਮ ਈ ਕ੍ਰੈਡਿਟ ਸੈਂਟਰ, ਜਗਰਾਉਂ, ਜ਼ਿਲ੍ਹਾ ਲੁਧਿਆਣਾ ਵੱਲੋਂ ਹੇਠਾਂ ਦਰਸਾਈ ਕੁੱਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਵਸੂਲ ਕੀਤੀ ਜਾਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ ਅਤੇ ਜਾਇਦਾਦ ਦਾ ਮਾਲਕ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| (ਕਰਜ਼ਦਾਰ) : (ਏ) ਸ੍ਰੀ ਹਰਸ਼ਵੀਰ ਸਿੰਘ ਤੱਖਰ ਪੁੱਤਰ ਸ੍ਰੀ ਬਲਜੀਤ ਸਿੰਘ ਵਾਸੀ ਮਕਾਨ ਨੰ. 329/3 ਏ ਈ ਵਾਰਡ ਨੰ. 12, ਗਲੀ ਨੰ. 6 ਐੱਲ, ਗੁਰਦੀਪ ਨਗਰ, ਜਗਰਾਉਂ, ਜ਼ਿਲ੍ਹਾ ਲੁਧਿਆਣਾ (ਪੰਜਾਬ)-142026 (ਬੀ) ਸਹਿ-ਕਰਜ਼ਦਾਰ ਅਤੇ ਗਰੰਟਰ :- ਸ੍ਰੀ ਬਲਜੀਤ ਸਿੰਘ ਪੁੱਤਰ ਸ੍ਰੀ ਹਰਪਾਲ ਸਿੰਘ ਵਾਸੀ ਮਕਾਨ ਨੰ. 329/3 ਏ ਈ ਵਾਰਡ ਨੰ. 12, ਗਲੀ ਨੰ. 6 ਐੱਲ, ਗੁਰਦੀਪ ਨਗਰ, ਜਗਰਾਉਂ, ਜ਼ਿਲ੍ਹਾ ਲੁਧਿਆਣਾ (ਪੰਜਾਬ)-142026 | ਰਿਹਾਇਸ਼ੀ ਮਕਾਨ ਦਾ ਉੱਚਿਤ ਗਿਰਵੀਨਾਮਾ, ਮਕਾਨ ਨੰ. 329/3 ਏ ਈ ਵਾਰਡ ਨੰ. 12 ਵਿਖੇ ਸਥਿਤ, ਗਲੀ ਨੰ. 6 ਐੱਲ ਗੁਰਦੀਪ ਨਗਰ, ਜਗਰਾਉਂ, ਜ਼ਿਲ੍ਹਾ ਲੁਧਿਆਣਾ (ਪੰਜਾਬ) 142026 ਅਤੇ ਖੇਤਰ ਰਕਬਾ 0 ਕਨਾਲ 9 ਮਰਲਾ, ਕੁੱਲ ਜ਼ਮੀਨ ਰਕਬਾ 17 ਕਨਾਲ 5 ਮਰਲੇ ਦਾ 3/115 ਹਿੱਸਾ, ਖੱਤਾ/ਖਤੌਨੀ ਨੰ. 286/299 ਖਸਰਾ ਨੰ. 1019 (17-5), ਅਗਵਾੜ ਗੁੱਜਰਾਂ-1 ਵਿਖੇ ਸਥਿਤ, ਹੱਦਬਸਤ ਨੰ. 126, ਜਗਰਾਉਂ, ਜ਼ਿਲ੍ਹਾ ਲੁਧਿਆਣਾ (ਪੰਜਾਬ) ਜਮ੍ਹਾਂਬੰਦੀ ਸਾਲ 2019-20, ਬਲਜੀਤ ਸਿੰਘ ਪੁੱਤਰ ਸ੍ਰੀ ਹਰਪਾਲ ਸਿੰਘ ਦੇ ਨਾਂਅ ਰਜਿਸਟਰਡ ਬੈਨਾਮਾ ਵਸੀਕਾ ਨੰ. 137, ਮਿਤੀ 09/04/1999 ਸਬ-ਰਜਿਸਟਰਾਰ ਜਗਰਾਉਂ, ਜ਼ਿਲ੍ਹਾ ਲੁਧਿਆਣਾ (ਪੰਜਾਬ) ਵਿਖੇ ਦਰਜ। | 15.05.2026 | 22-07-2026 | ਸੰਕੇਤਕ ਕਬਜ਼ਾ<br>15/05/2026 ਨੂੰ ਰੁਪਏ 22,58,887/- (ਬਾਈ ਲੱਖ ਅਠਵੰਜਾ ਹਜ਼ਾਰ ਅੱਠ ਸੌ ਸਤਾਸੀ ਰੁਪਏ ਕੇਵਲ) ਜਮ੍ਹਾਂ ਉਕਤ ਰਕਮ 'ਤੇ ਇਕਰਾਰਨਾਮੇ ਦੀ ਦਰ 'ਤੇ ਭਵਿਖੀ ਵਿਆਜ ਸਮੇਤ ਅਚਨਚੇਤੀ ਖਰਚੇ, ਲਾਗਤਾਂ, ਚਾਰਜਿਜ਼ ਆਦਿ। |

ਮਿਤੀ : 27.07.2026 — ਸਥਾਨ : ਜਗਰਾਉਂ — ਅਧਿਕਾਰਤ ਅਫਸਰ

# ਸੀਹੋਵਾਲ ਦੀ ਸਮੁੱਚੀ ਪੰਚਾਇਤ 'ਆਪ 'ਚ ਸ਼ਾਮਲ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**
ਹਲਕਾ ਨਕੋਦਰ ਦੇ ਪਿੰਡ ਸੀਹੋਵਾਲ ਦੀ ਸਮੁੱਚੀ ਪੰਚਾਇਤ ਵਿਧਾਇਕ ਇੰਦਰਜੀਤ ਕੌਰ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਵਿੱਚ ਹੋਈ ਸ਼ਾਮਲ ਜਿਹਨਾਂ ਵਿੱਚ ਸਰਪੰਚ ਨਵਜੀਤ ਕੌਰ, ਪੰਚ ਸਤਨਾਮ ਸਿੰਘ, ਪੰਚ ਸਰਬਜੀਤ ਸਿੰਘ, ਪੰਚ ਮਨਜੀਤ ਕੌਰ, ਪੰਚ ਕਰਨੈਲ ਸਿੰਘ, ਪੰਚ ਸੁਖਵਿੰਦਰ ਸਿੰਘ, ਤੀਰਥ ਸਿੰਘ, ਸਾਬਕਾ ਸਰਪੰਚ ਬਲਵਿੰਦਰ ਸਿੰਘ, ਸਤਨਾਮ ਸਿੰਘ, ਬਲਦੇਵ ਸਿੰਘ, ਅਮਰੀਕ ਸਿੰਘ, ਜਸਵਿੰਦਰ ਸਿੰਘ ਹੋਰਾਂ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਇਸ ਮੌਕੇ ਤੇ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਪਿੰਡ ਸੀਹੋਵਾਲ ਦੀ ਸਮੁੱਚੀ ਪੰਚਾਇਤ ਦਾ ਜ਼ੋਰਦਾਰ ਸਵਾਗਤ ਕਰਦਿਆਂ ਉਹਨਾਂ ਨੂੰ ਜੀ ਆਇਆ ਆਖਿਆ ਤੇ ਪਾਰਟੀ ਵਿੱਚ ਪੂਰਾ ਮਾਣ ਸਤਿਕਾਰ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਤੇ ਬੀਬੀ ਮਾਨ ਨੇ ਆਖਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਵਿੱਢੀ ਮੁਹਿੰਮ ਨੂੰ ਦੇਖਦਿਆਂ ਲੋਕ ਦੂਸਰੀਆਂ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਲਗਾਤਾਰ ਸ਼ਾਮਿਲ ਹੋ ਰਹੇ ਹਨ। ਜਿਸ ਦੀ ਮਿਸਾਲ ਤੁਹਾਡੇ ਸਾਹਮਣੇ ਪਿੰਡ ਸੀਹੋਵਾਲ ਦੀ ਪੰਚਾਇਤ ਅੱਜ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਈ ਹੈ। ਪਹਿਲਾਂ ਵੀ ਹਲਕਾ ਨਕੋਦਰ ਦੀਆਂ ਅਨੇਕਾਂ ਪੰਚਾਇਤਾਂ ਦੂਸਰੀਆਂ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਚੁੱਕੀਆਂ ਹਨ। ਬੀਬੀ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਾਰੇ ਵਰਗਾਂ ਨੂੰ ਬਰਾਬਰ ਸਤਿਕਾਰ ਦਿੰਦੀ ਹੈ। ਪਾਰਟੀ ਵਿੱਚ ਮਿਲ ਰਹੇ ਸਤਿਕਾਰ ਕਾਰਨ ਲੋਕ ਲਗਾਤਾਰ ਪਾਰਟੀ ਦਾ ਹਿੱਸਾ ਬਣ ਰਹੇ ਹਨ। ਇਸ ਮੌਕੇ ਤੇ ਕੁਲਦੀਪ ਸਿੰਘ ਸਰਪੰਚ ਕਾਂਗਣਾ, ਬੂਟਾ ਸਿੰਘ ਸੰਧੂ ਬਲਾਕ ਪ੍ਰਧਾਨ, ਸੋਨੀ ਗਿੱਲ ਬਲਾਕ ਪ੍ਰਧਾਨ, ਹੈਪੀ ਸੀਹੋਵਾਲ, ਬਲਵਿੰਦਰ ਸਿੰਘ ਸਰਾਏ ਖਾਮ, ਸੁੱਖਾ ਸਰਾਏ ਖਾਮ, ਪਾਲ ਸਿੰਘ ਆਦਿ ਮੌਕੇ 'ਤੇ ਹਾਜ਼ਰ ਸਨ।



# 'ਆਪ' ਦਾ ਅਕਾਲੀ ਦਲ ਖ਼ਿਲਾਫ਼ ਪ੍ਰਦਰਸ਼ਨ

**ਕਪੂਰਥਲਾ (ਮਨਜੀਤ ਮਾਨ)**
ਮੁੱਖ ਮੰਤਰੀ ਭਗਵੰਤ ਮਾਨ ਦੀ ਇੱਕ ਕਥਿਤ ਵੀਡੀਓ ਜੋ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਹੈ, ਨੂੰ ਲੈ ਕੇ ਪੰਜਾਬ ਦਾ ਰਾਜਨੀਤਿਕ ਮਾਹੌਲ ਕਾਫ਼ੀ ਗਰਮਾ ਗਿਆ ਹੈ। ਵੀਡੀਓ ਨੂੰ ਜਾਅਲੀ ਅਤੇ ਏ ਆਈ- ਜਨਰੇਟਡ ਪ੍ਰੋਪੇਗੰਡਾ ਕਰਾਰ ਦਿੰਦੇ ਹੋਏ, ਆਮ ਆਦਮੀ ਪਾਰਟੀ (ਆਪ) ਦੇ ਵਰਕਰਾਂ ਨੇ ਸ਼ਹੀਦ ਭਗਤ ਸਿੰਘ ਚੌਕ 'ਤੇ ਸ਼੍ਰੋਮਣੀ ਅਕਾਲੀ ਦਲ ਖ਼ਿਲਾਫ਼ ਜ਼ੋਰਦਾਰ ਵਿਰੋਧ ਪ੍ਰਦਰਸ਼ਨ ਕੀਤਾ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਦਾ ਪੁਤਲਾ ਸਾੜਿਆ।ਆਗੂਆਂ ਨੇ ਵਿਰੋਧੀ ਧਿਰ 'ਤੇ ਮੁੱਖ ਮੰਤਰੀ ਦੇ ਅਕਸ ਨੂੰ ਖ਼ਰਾਬ ਕਰਨ ਲਈ ਘਟੀਆ ਹਥਕੰਡੇ ਅਪਣਾਉਣ ਦਾ ਦੋਸ਼ ਲਗਾਇਆ ਹੈ। ਵਿਰੋਧ ਪ੍ਰਦਰਸ਼ਨ ਦੌਰਾਨ 'ਆਪ' ਆਗੂਆਂ ਨੇ ਸਪੱਸ਼ਟ ਕੀਤਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਵਿੱਤ ਮੰਤਰੀ ਹਰਪਾਲ ਚੀਮਾ ਪਹਿਲਾ ਹੀ ਵੀਡੀਓ ਸੰਬੰਧੀ ਸੱਚਾਈ ਦਾ ਖੁਲਾਸਾ ਕਰ ਚੁੱਕੇ ਹਨ। ਸਰਕਾਰ ਦਾ ਦਾਅਵਾ ਹੈ ਕਿ ਵੀਡੀਓ ਦੀ ਜਾਂਚ ਪੰਜਾਬ ਤੋਂ ਬਾਹਰ ਦੋ ਨਾਮਵਰ ਪ੍ਰਯੋਗਸ਼ਾਲਾਵਾਂ ਦੁਆਰਾ ਕੀਤੀ ਗਈ ਸੀ ਅਤੇ ਇਹ ਪੂਰੀ ਤਰ੍ਹਾਂ ਜਾਅਲੀ ਪਾਇਆ ਗਿਆ ਸੀ।ਵੀਡਿਓ ਫੁਟੇਜ ਵਿੱਚ ਦਿਖਾਈ ਦੇ ਰਿਹਾ ਵਿਅਕਤੀ ਮੁੱਖ ਮੰਤਰੀ ਦੇ ਅਸਲ ਕੱਦ ਤੋਂ ਇੱਕ ਇਚ ਲੰਬਾ ਹੈ, ਜੋ ਸਾਬਤ ਕਰਦਾ ਹੈ ਕਿ ਇਹ ਤਕਨਾਲੋਜੀ ਦੀ ਵਰਤੋਂ ਕਰਕੇ ਬਣਾਈ ਗਈ ਇੱਕ ਮਨਘੜਤ ਵੀਡੀਓ ਹੈ। ਲੋਕ ਸਭਾ ਮੈਂਬਰ ਰਾਜ ਕੁਮਾਰ ਚੱਬੇਵਾਲ, ਜੋ ਵਿਰੋਧ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਹਨ, ਨੇ ਕਿਹਾ ਕਿ ਵਿਰੋਧੀ ਪਾਰਟੀਆਂ ਏ ਆਈ (ਆਰਟੀਫੀਸ਼ੀਅਲ ਇੰਟੈਲੀਜੈਂਸ) ਤਕਨਾਲੋਜੀ ਦੀ ਦੁਰਵਰਤੋਂ ਕਰਨ ਅਤੇ ਝੂਠੀਆਂ ਤਸਵੀਰਾਂ ਪੇਸ਼ ਕਰਕੇ ਜਨਤਾ ਨੂੰ ਗੁੰਮਰਾਹ ਕਰਨ ਲਈ ਮਿਲੀਭੁਗਤ ਕਰ ਰਹੀਆਂ ਹਨ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਲੁਬਾਣਾ , ਹਲਕਾ ਇੰਚਾਰਜ ਕਰਮਵੀਰ ਚਾਂਦੀ, ਜ਼ਿਲ੍ਹਾ ਮੀਡਿਆ ਇੰਚਾਰਜ ਇੰਦਰਜੀਤ ਸਿੰਘ ਜੁਗਨੂੰ, ਤੇ ਅਹੁਦੇਦਾਰ ਮੌਜੂਦ ਸਨ।



# ਸੁਤੰਤਰਤਾ ਦਿਵਸ ਮਨਾਉਣ ਸੰਬੰਧੀ ਮੀਟਿੰਗ 30 ਨੂੰ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)-**
ਸੁਤੰਤਰਤਾ ਦਿਵਸ ਸਮਾਰੋਹ 15 ਅਗਸਤ ਨੂੰ ਉਪ ਮੰਡਲ ਪੱਧਰ ਨੰਗਲ ਵਿਚ ਮਨਾਉਣ ਸਬੰਧੀ ਇਕ ਵਿਸ਼ੇਸ਼ ਮੀਟਿੰਗ 30 ਜੁਲਾਈ ਨੂੰ ਸਵੇਰੇ 12 ਵਜੇ ਨਗਰ ਕੌਂਸਲ ਨੰਗਲ ਦੇ ਮੀਟਿੰਗ ਹਾਲ ਵਿੱਚ ਹੋਵੇਗੀ। ਜਿਸ ਵਿੱਚ ਇਸ ਪ੍ਰੋਗਰਾਮ ਦੀਆਂ ਤਿਆਰੀਆਂ ਬਾਰੇ ਵਿਚਾਰ ਵਟਾਂਦਰਾ ਕੀਤਾ ਜਾਵੇਗਾ।ਜਾਣਕਾਰੀ ਦਿੰਦੇ ਹੋਏ ਸਚਿਨ ਪਾਠਕ ਐਸ ਡੀ ਐਮ ਨੰਗਲ ਨੇ ਦੱਸਿਆ ਕਿ ਮੀਟਿੰਗ ਵਿੱਚ ਸਮਾਰੋਹ ਦਾ ਸਥਾਨ ਅਤੇ ਹੋਣ ਵਾਲੇ ਪ੍ਰੋਗਰਾਮ ਬਾਰੇ ਵਿਚਾਰ ਵਟਾਂਦਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਬੰਧਤ ਅਧਿਕਾਰੀ ਸਮੇਂ ਸਿਰ ਮੀਟਿੰਗ ਵਿਚ ਆਪਣੀ ਪੂਰੀ ਤਿਆਰੀ ਨਾਲ ਆਉਣ ਤਾਂ ਜੋ ਅਜ਼ਾਦੀ ਦਿਹਾੜੇ ਦੇ ਸਮਾਰੋਹ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਮਨਾਇਆ ਜਾਵੇ। ਉਨ੍ਹਾਂ ਨੇ ਕਿਹਾ ਕਿ ਇਸ ਵਾਰ ਅਜ਼ਾਦੀ ਦਿਹਾੜੇ ਦਾ ਸਮਾਗਮ ਬਹੁਤ ਹੀ ਪ੍ਰਭਾਵਸ਼ਾਲੀ ਹੋਵੇਗਾ। ਮੀਟਿੰਗ ਵਿੱਚ ਸਭਿਆਚਾਰਕ ਪ੍ਰੋਗਰਾਮ ਲਈ ਕਮੇਟੀ ਦੀ ਚੋਣ ਕੀਤੀ ਜਾਵੇਗੀ ਜੋ ਇਸ ਸਮਾਰੋਹ ਲਈ ਦੇਸ਼ ਭਗਤੀ ਅਤੇ ਸੱਭਿਆਚਾਰਕ ਪ੍ਰੋਗਰਾਮ ਦੀਆਂ ਤਿਆਰੀਆਂ ਅਤੇ ਰਿਹਰਸਲ ਕਰਵਾਏਗੀ।

# ਕੁੱਲ ਹਿੰਦ ਕਿਸਾਨ ਸਭਾ ਦੀ ਮੀਟਿੰਗ

**ਨੰਗਲ (ਸੁਰਜੀਤ ਸਿੰਘ ਢੇਰ)**
ਇੱਥੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ,ਖੇਤ ਮਜ਼ਦੂਰ ਯੂਨੀਅਨ ਦੇ ਆਗੂ ਰਕੇਸ਼ ਬਾਲੀ ਕਲਸੇੜਾ, ਸੀਟੂ ਆਗੂ ਸਤਨਾਮ ਸਿੰਘ, ਕੇਵਲ ਕ੍ਰਿਸ਼ਨ ਦੁਬੇਟਾ, ਪ੍ਰੇਮ ਚੰਦ ਨੇ ਮਨਰੇਗਾ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਉਹ ਪ੍ਰਸ਼ਾਸਨ ਦੇ ਝਾਂਸੇ ਵਿੱਚ ਨਾ ਆਉਣ, ਸਗੋਂ ਸੰਘਰਸ਼ਸ਼ੀਲ ਮਨਰੇਗਾ ਕਰਮਚਾਰੀਆਂ ਦਾ ਡੱਟ ਕੇ ਸਾਥ ਦੇਣ।ਮਨਰੇਗਾ ਮਜ਼ਦੂਰ ਤੁਸੀਂ ਚੰਗੀ ਤਰ੍ਹਾਂ ਜਾਣਦੇ ਹੀ ਹੋ ਕਿ 15 ਜੁਲਾਈ 2026 ਨੂੰ ਧੌਣਾ ਵਿਖੇ ਮਨਰੇਗਾ ਕਰਮਚਾਰੀਆਂ ਅਤੇ ਮਨਰੇਗਾ ਮਜ਼ਦੂਰਾਂ ਤੇ ਭਾਰੀ ਲਾਠੀਚਾਰਜ ਕੀਤਾ ਗਿਆ। ਪਾਣੀ ਦੀਆਂ ਬੁਛਾੜਾਂ ਮਾਰੀਆਂ ਗਈਆਂ।ਜਿਸ ਵਿੱਚ ਬਹੁਤ ਸਾਰੇ ਮਨਰੇਗਾ ਮਜ਼ਦੂਰ ਅਤੇ ਕਰਮਚਾਰੀਆਂ ਨੂੰ ਫੱਟੜ ਕੀਤਾ ਗਿਆ। ਇਸ ਤੋਂ ਉਪਰੰਤ ਤਰੁਣਪ੍ਰੀਤ ਸੌਂਦ ਕੈਬਨਿਟ ਮੰਤਰੀ ਪੰਜਾਬ ਸਰਕਾਰ ਵੱਲੋਂ ਹਸਪਤਾਲ ਵਿਚ ਜ਼ਖਮੀਆਂ ਦੀ ਖ਼ਬਰ ਲੈਣ ਲਈ ਹਸਪਤਾਲ ਵਿਚ ਜਾਕੇ ਮਨਰੇਗਾ ਕਰਮਚਾਰੀ ਯੂਨੀਅਨ ਦੇ ਆਗੂਆਂ ਨਾਲ ਮੀਟਿੰਗ ਵੀ ਕੀਤੀ ਗਈ। ਜਿਸ ਵਿੱਚ ਮੁਲਾਜ਼ਮਾਂ ਦੀਆਂ ਮੰਗਾਂ ਮੰਨਣ ਦਾ ਭਰੋਸਾ ਵੀ ਦਿਵਾਇਆ।ਪ੍ਰੰਤੂ 20/7/2026 ਨੂੰ 2100 ਦੇ ਲਗਭਗ ਮਨਰੇਗਾ ਕਰਮਚਾਰੀਆਂ ਨੂੰ ਟਰਮੀਨੇਟ ਕਰ ਦਿੱਤਾ। ਇਹਨਾਂ ਦੀ ਜਗ੍ਹਾ ਤੇ ਸੈਲਫ ਹੈਲਪ ਗਰੁੱਪ ਦੀਆਂ ਭੈਣਾਂ ਨੂੰ 6-6 ਪਿੰਡਾਂ ਦੇ ਜੀ ਆਰ ਐਸ ਦੀ ਥਾਂ ਉੱਤੇ ਲਗਾਇਆ ਜਾ ਰਿਹਾ ਹੈ।ਪਿੰਡਾਂ ਦੇ ਸਰਪੰਚਾਂ ਨੂੰ ਵੀ ਅਪੀਲ ਕੀਤੀ ਕਿ ਮੋਦੀ ਸਰਕਾਰ ਵੱਲੋਂ ਮਨਰੇਗਾ ਕਾਨੂੰਨ 2005 ਖ਼ਤਮ ਕਰਕੇ ਵੀ.ਬੀ. ਗਰਾਮ ਜੀ ਲਿਆਂਦਾ ਗਿਆ ਹੈ। ਇਸ ਵਿਚ ਪੰਚਾਇਤਾਂ ਅਤੇ ਗ੍ਰਾਮ ਸਭਾ ਦੇ ਅਧਿਕਾਰ ਖ਼ਤਮ ਕਰ ਦਿੱਤੇ ਹਨ।ਸਾਰੇ ਕੰਮ ਜਿਨ੍ਹਾਂ ਵਿੱਚ ਟੋਭਿਆਂ ਦੀ ਸਫਾਈ, ਵਰਮਾਂ ਤੇ ਮਿੱਟੀ ਲਗਾਉਣ ਦਾ ਕੰਮ, ਕੱਸੀਆਂ, ਦਰਿਆਵਾਂ ਦੀ ਸਫ਼ਾਈ, ਸ਼ਮਸ਼ਾਨ ਘਾਟ ਦੀ ਸਫਾਈ ਆਦਿ ਕੰਮ ਖ਼ਤਮ ਕਰ ਦਿੱਤੇ ਹਨ।



# ਪੱਤਰਕਾਰ ਸੁਖਵਿੰਦਰ ਸੋਹੀ ਸਨਮਾਨਤ

**ਸੁਭਾਨਪੁਰ (ਹਰਮੇਸ਼ ਦੱਤ)**-ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਰਜਿ ਵੱਲੋਂ ਪੱਤਰਕਾਰ ਸੁਖਵਿੰਦਰ ਸਿੰਘ ਸੋਹੀ ਨੂੰ ਜ਼ਿਲਾ ਕਪੂਰਥਲਾ ਦਾ ਉਪ ਪ੍ਰਧਾਨ ਨਿਯੁਕਤ ਕੀਤਾ ਗਿਆ ਸੀ। ਇਸ ਨਾਲ ਪੱਤਰਕਾਰ ਭਾਈਚਾਰੇ ਅਤੇ ਪੂਰੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਪਾਈ ਗਈ। ਇਸ ਦੇ ਤਹਿਤ ਪਿੰਡ ਹਮੀਰਾ ਦੇ ਮੋਹਤਬਾਰ ਵਿਅਕਤੀਆਂ ਵੱਲੋਂ ਪੱਤਰਕਾਰ ਸੁਖਵਿੰਦਰ ਸੋਹੀ ਨੂੰ ਸਿਰੋਪਾ ਦੇ ਕੇ ਸਨਮਾਨਤ ਕੀਤਾ ਗਿਆ। ਸੁਖਵਿੰਦਰ ਸੋਹੀ ਵੱਲੋਂ ਸਾਰੇ ਸਤਿਕਾਰਯੋਗ ਵਿਅਕਤੀਆਂ ਦਾ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਮੌਜੂਦ ਬਲਾਕ ਪ੍ਰਧਾਨ ਢਿਲਵਾਂ ਲਖਵਿੰਦਰ ਸਿੰਘ ਹਮੀਰਾ ਪ੍ਰਧਾਨ, ਬਲਵਿੰਦਰ ਸਿੰਘ, ਬਾਬਾ ਵਿਜੇ ਕੁਮਾਰ ਹਮੀਰਾ, ਬਲਜਿੰਦਰ ਸਿੰਘ ਮੱਲੀ, ਰਾਕੇਸ਼ ਕੁਮਾਰ, ਗੁਰਨਾਮ ਸਿੰਘ, ਮਨਜੀਤ ਸਿੰਘ ਡੋਗਰਾਵਾਲ, ਮੁਕਲ ਜੋਸ਼ੀ, ਸ਼ਾਮ ਲਾਲ ਆਦਿ ਹਾਜ਼ਰ ਸਨ।



# 'ਸਾਡੀ ਸਮਝਦਾ ਗੱਲ ਨਾ ਕੋਈ' ਦਾ ਪੋਸਟਰ ਜਾਰੀ




**ਬੰਗਾ (ਅਵਤਾਰ ਕਲੇਰ)**-ਧੰਨ ਧੰਨ ਸ੍ਰੀ ਹਜ਼ੂਰ ਲਾਲਾ ਹੰਭੀਰ ਚੰਦ ਬਲੀ, ਧੰਨ ਧੰਨ ਬਾਬਾ ਜਵਾਹਰ ਸਿੰਘ, ਧੰਨ ਧੰਨ ਸ੍ਰੀ ਹਜ਼ੂਰ ਨਾਭ ਕੰਵਲ ਰਾਜਾ ਸਾਹਿਬ, ਧੰਨ ਧੰਨ ਮਹਾਰਾਜ ਪ੍ਰੀਤਮ ਦਾਸ ਸਮਾਧਾਂ ਝਿੰਗੜਾ ਵਿਖੇ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਸੁਖਵਿੰਦਰ ਸਿੰਘ ਮੰਗਾ ਵਲੋਂ ਧੰਨ ਧੰਨ ਹਜ਼ੂਰ ਰਾਜਾ ਸਾਹਿਬ ਮਹਾਰਾਜ ਜੀ ਦੀ ਮਹਿਮਾਂ ਦੇ ਗੁਣਗਾਨ ਕਰਦੇ ਧਾਰਮਿਕ ਟਰੈਕ (ਸਾਡੀ ਸਮਝ ਦਾ ਗੱਲ ਨਾ ਕੋਈ ) ਸੰਗਤਾਂ ਦੀ ਹਾਜ਼ਰੀ 'ਚ ਰਿਲੀਜ਼ ਕੀਤਾ ਗਿਆ। ਇਸ ਟਰੈਕ ਨੂੰ ਗੋਲਡ ਮੈਡਲਿਸਟ ਗਾਇਕ ਭੈਣਾਂ ਕੌਰ ਸਿਸਟਰਜ਼ ਵਲੋਂ ਗਾਇਆ ਗਿਆ ਹੈ। ਗੀਤਕਾਰ ਰਣਵੀਰ ਬੇਰਾਜ ਵਲੋਂ ਕਲਮ ਬੱਧ ਕੀਤਾ ਗਿਆ ਹੈ। ਇਸ ਦਾ ਮਿਊਜ਼ਿਕ ਰਣਵੀਰ ਬੇਰਾਜ ਵਲੋਂ ਤਿਆਰ ਕੀਤਾ ਗਿਆ ਹੈ। ਗੀਤ ਨੂੰ ਚੈਨਲ ਕੌਰ ਸਿਸਟਰਜ਼ ਵਲੋਂ ਪੇਸ਼ ਕੀਤਾ ਗਿਆ, ਪੋਸਟਰ ਰਿਲੀਜ਼ ਕਰਨ ਸਮੇ ਬਾਬਾ ਸੁਖਵਿੰਦਰ ਸਿੰਘ ਮੰਗਾ, ਗੁਰਮੀਤ ਰਾਮ, ਪ੍ਰੇਮ ਸਿੰਘ, ਗਾਇਕ ਹਰਬੰਸ ਲਾਲ, ਬਲਜੀਤ ਸਿੰਘ ਕੰਗ ਰਾਈਆਂ, ਚੰਨੀ ਸੈਂਪਲੇ, ਮੈਗਾ ਰਾਣੀ, ਰਜਨੀ ਬਾਲਾ ਹਾਜ਼ਰ ਸਨ।

# 79 ਸਾਲਾ ਬਜ਼ੁਰਗ ਨੂੰ ਅਗਵਾ ਕਰਕੇ 48 ਲੱਖ ਹੜੱਪੇ, ਔਰਤ ਸਮੇਤ ਕਈਆਂ ਖ਼ਿਲਾਫ਼ ਕੇਸ ਦਰਜ

**ਜ਼ੀਰਕਪੁਰ (ਜਤਿੰਦਰ ਕੁਮਾਰ)**
ਪਟਿਆਲਾ ਰੋਡ ਸਥਿਤ ਏ ਕੇ ਐਸ-2 ਕਲੋਨੀ ਦੇ 79 ਸਾਲਾ ਬਜ਼ੁਰਗ ਨੂੰ ਕਥਿਤ ਤੌਰ 'ਤੇ ਨਸ਼ੀਲਾ ਪਦਾਰਥ ਖਵਾ ਕੇ ਅਗਵਾ ਕਰਨ, ਕਈ ਦਿਨਾਂ ਤੱਕ ਬੰਦੀ ਬਣਾ ਕੇ ਰੱਖਣ ਅਤੇ ਉਸ ਦੇ ਬੈਂਕ ਖਾਤੇ ਵਿੱਚੋਂ ਕਰੀਬ 48 ਲੱਖ ਰੁਪਏ ਦੀ ਹੇਰਾਫੇਰੀ ਕਰਨ ਦੇ ਦੋਸ਼ਾਂ ਦੇ ਮਾਮਲੇ ਵਿੱਚ ਥਾਣਾ ਜ਼ੀਰਕਪੁਰ ਪੁਲਸ ਨੇ ਇੱਕ ਔਰਤ ਅਤੇ 2-3 ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕੀਤਾ ਹੈ।ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਕੁਲਵੰਤ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਏ ਕੇ ਐਸ-2 ਕਲੋਨੀ ਨੇ ਦੋਸ਼ ਲਗਾਇਆ ਕਿ ਚਰਨਜੀਤ ਕੌਰ ਉਰਫ਼ ਪ੍ਰੀਤੀ ਮਾਨ, ਜੋ ਪਹਿਲਾਂ ਉਨ੍ਹਾਂ ਦੇ ਘਰ ਖਾਣਾ ਬਣਾਉਣ ਦਾ ਕੰਮ ਕਰਦੀ ਸੀ, ਨੇ ਕਥਿਤ ਤੌਰ 'ਤੇ ਉਸ ਦੇ ਖਾਣੇ ਵਿੱਚ ਨਸ਼ੀਲਾ ਪਦਾਰਥ ਮਿਲਾ ਦਿੱਤਾ। ਸ਼ਿਕਾਇਤ ਅਨੁਸਾਰ ਇਸ ਤੋਂ ਬਾਅਦ ਉਹ ਬੇਹੋਸ਼ੀ ਦੀ ਹਾਲਤ ਵਿੱਚ ਉਸ ਨੂੰ ਪਹਿਲਾਂ ਖਰੜ ਲੈ ਗਈ, ਜਿੱਥੇ ਉਸ ਦੇ 3 ਹੋਰ ਸਾਥੀ ਮੌਜੂਦ ਸਨ। ਇਸ ਤੋਂ ਬਾਅਦ ਉਸ ਨੂੰ ਰਾਜਸਥਾਨ ਦੇ ਜ਼ਿਲ੍ਹਾ ਹਨੂੰਮਾਨਗੜ੍ਹ ਦੇ ਪਿੰਡ ਢਾਬਾ ਲਿਜਾ ਕੇ ਕਥਿਤ ਤੌਰ 'ਤੇ ਬੰਦੀ ਬਣਾ ਕੇ ਰੱਖਿਆ ਗਿਆ।ਸ਼ਿਕਾਇਤਕਰਤਾ ਦਾ ਦਾਅਵਾ ਹੈ ਕਿ ਇਸ ਦੌਰਾਨ ਹਥਿਆਰਾਂ ਦਾ ਡਰ ਦਿਖਾ ਕੇ ਉਸ ਤੋਂ ਬੈਂਕ ਖਾਤਿਆਂ ਦੀ ਜਾਣਕਾਰੀ ਲਈ ਗਈ, ਉਸ ਦਾ ਮੋਬਾਈਲ ਫੋਨ ਆਪਣੇ ਕਬਜ਼ੇ ਵਿੱਚ ਲੈ ਕੇ ਉਸ 'ਤੇ ਯੂ ਪੀ ਆਈ ਸੇਵਾ ਚਾਲੂ ਕੀਤੀ ਗਈ ਅਤੇ ਉਸ ਦੀ ਜਾਇਦਾਦ ਨਾਲ ਸੰਬੰਧਤ ਦਸਤਾਵੇਜ਼ਾਂ ਦੀਆਂ ਫੋਟੋਕਾਪੀਆਂ ਵੀ ਕਰਵਾ ਲਈਆਂ ਗਈਆਂ। ਦੋਸ਼ ਹੈ ਕਿ ਇਸ ਦੌਰਾਨ ਉਸ ਦੇ ਬੈਂਕ ਖਾਤੇ ਵਿੱਚੋਂ ਕਰੀਬ 48 ਲੱਖ ਰੁਪਏ ਕੱਢ ਲਏ ਗਏ।ਸ਼ਿਕਾਇਤ ਵਿੱਚ ਇਹ ਵੀ ਦੋਸ਼ ਲਗਾਇਆ ਗਿਆ ਹੈ ਕਿ ਜਦੋਂ ਉਨ੍ਹਾਂ ਦੇ ਅਮਰੀਕਾ ਰਹਿੰਦੇ ਪੁੱਤਰ ਰਾਜ ਸਿੱਧੂ ਅਤੇ ਹੋਰ ਰਿਸ਼ਤੇਦਾਰਾਂ ਨੇ ਉਸ ਨਾਲ ਸੰਪਰਕ ਨਾ ਹੋਣ ਕਾਰਨ ਲਗਾਤਾਰ ਫੋਨ ਕਰਨੇ ਸ਼ੁਰੂ ਕੀਤੇ ਤਾਂ ਕਥਿਤ ਦੋਸ਼ੀ ਔਰਤ ਉਸ ਨੂੰ 18 ਮਈ ਨੂੰ ਬਠਿੰਡਾ ਲੈ ਗਈ ਅਤੇ ਅਗਲੇ ਦਿਨ ਜ਼ੀਰਕਪੁਰ ਸਥਿਤ ਉਸ ਦੇ ਘਰ ਛੱਡ ਗਈ। ਕੁਲਵੰਤ ਸਿੰਘ ਦਾ ਕਹਿਣਾ ਹੈ ਕਿ 20 ਮਈ ਨੂੰ ਜਦੋਂ ਉਸ ਨੇ ਆਪਣਾ ਬੈਂਕ ਖਾਤਾ ਚੈੱਕ ਕੀਤਾ ਤਾਂ ਕਰੀਬ 48 ਲੱਖ ਰੁਪਏ ਨਿਕਲੇ ਹੋਣ ਦਾ ਪਤਾ ਲੱਗਾ, ਜਿਸ ਤੋਂ ਬਾਅਦ ਉਨ੍ਹਾਂ ਨੇ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ।ਸ਼ਿਕਾਇਤ ਦੇ ਆਧਾਰ 'ਤੇ ਥਾਣਾ ਜ਼ੀਰਕਪੁਰ ਪੁਲਸ ਨੇ ਚਰਨਜੀਤ ਕੌਰ ਉਰਫ਼ ਪ੍ਰੀਤੀ ਮਾਨ ਅਤੇ 2-3 ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਬੀ ਐਨ ਐਸ ਦੀਆਂ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ।

# ਕਾਰਗਿਲ ਦੇ ਸ਼ਹੀਦਾਂ ਦਾ ਬਲਿਦਾਨ ਦੇਸ਼ ਵਾਸੀਆਂ ਲਈ ਪ੍ਰੇਰਣਾਸਰੋਤ : ਬ੍ਰਹਮ ਸ਼ੰਕਰ ਜਿੰਪਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਕਾਰਗਿਲ ਵਿਜੇ ਦਿਵਸ ਦੇ ਮੌਕੇ 'ਤੇ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਸਥਾਨਕ ਸ਼ਹੀਦੀ ਸਮਾਰਕ ਵਿਖੇ ਪਹੁੰਚ ਕੇ ਕਾਰਗਿਲ ਯੁੱਧ ਦੇ ਅਮਰ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।



ਇਸ ਮੌਕੇ ਉਨ੍ਹਾਂ ਨੇ ਦੇਸ਼ ਦੀ ਰੱਖਿਆ ਲਈ ਕੁਰਬਾਨੀ ਦੇਣ ਵਾਲੇ ਵੀਰ ਜਵਾਨਾਂ ਦੇ ਸਾਹਸ, ਬਹਾਦਰੀ ਅਤੇ ਬਲਿਦਾਨ ਨੂੰ ਨਿੱਘੀ ਸ਼ਰਧਾਂਜਲੀ ਭੇਟ ਕੀਤੀ। ਵਿਧਾਇਕ ਜਿੰਪਾ ਨੇ ਕਿਹਾ ਕਿ ਕਾਰਗਿਲ ਵਿਜੇ ਦਿਵਸ ਸਿਰਫ਼ ਇੱਕ ਇਤਿਹਾਸਕ ਜਿੱਤ ਦਾ ਪ੍ਰਤੀਕ ਨਹੀਂ, ਸਗੋਂ ਇਹ ਭਾਰਤੀ ਫੌਜ ਦੇ ਬੇਮਿਸਾਲ ਕੁਰਬਾਨੀ, ਦ੍ਰਿੜ੍ਹ ਸੰਕਲਪ ਅਤੇ ਰਾਸ਼ਟਰ ਭਗਤੀ ਦਾ ਗੌਰਵਮਈ ਅਧਿਆਇ ਹੈ। ਸਾਲ 1999 ਵਿੱਚ ਭਾਰਤੀ ਜਵਾਨਾਂ ਨੇ ਬੇਹੱਦ ਮੁਸ਼ਕਲ ਹਾਲਾਤਾਂ ਵਿੱਚ ਦੁਸ਼ਮਣ ਨੂੰ ਮਾਤ ਦੇ ਕੇ ਦੇਸ਼ ਦੀਆਂ ਸਰਹੱਦਾਂ ਦੀ ਰੱਖਿਆ ਕੀਤੀ ਅਤੇ ਪੂਰੀ ਦੁਨੀਆ ਅੱਗੇ ਭਾਰਤੀ ਫੌਜ ਦੀ ਬਹਾਦਰੀ ਦਾ ਸਬੂਤ ਦਿੱਤਾ। ਉਨ੍ਹਾਂ ਕਿਹਾ ਕਿ ਦੇਸ਼ ਦੇ ਵੀਰ ਜਵਾਨਾਂ ਦੇ ਬਲਿਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਦੇ ਤਿਆਗ ਅਤੇ ਸਮਰਪਣ ਸਦਕਾ ਹੀ ਦੇਸ਼ਵਾਸੀ ਸੁਰੱਖਿਅਤ ਮਾਹੌਲ ਵਿੱਚ ਜੀਵਨ ਬਤੀਤ ਕਰ ਰਹੇ ਹਨ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸ਼ਹੀਦਾਂ ਦੇ ਜੀਵਨ ਤੋਂ ਪ੍ਰੇਰਣਾ ਲੈ ਕੇ ਰਾਸ਼ਟਰ ਸੇਵਾ, ਅਨੁਸ਼ਾਸਨ ਅਤੇ ਦੇਸ਼ਭਗਤੀ ਦੀ ਭਾਵਨਾ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ। ਵਿਧਾਇਕ ਜਿੰਪਾ ਨੇ ਕਿਹਾ ਕਿ ਦੇਸ਼ ਦੀ ਏਕਤਾ, ਅਖੰਡਤਾ ਅਤੇ ਪ੍ਰਭੁਸੱਤਾ ਦੀ ਰੱਖਿਆ ਲਈ ਸ਼ਹੀਦਾਂ ਦਾ ਬਲਿਦਾਨ ਸਦਾ ਹੀ ਦੇਸ਼ਵਾਸੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ। ਇਸ ਮੌਕੇ ਕੌਂਸਲਰ ਪ੍ਰਵੀਣ ਸੈਣੀ, ਮੋਹਨ ਲਾਲ ਪਹਿਲਵਾਨ, ਬਹਾਦੁਰ ਸਿੰਘ ਸੁਨੇਤ, ਮਨਜੀਤ ਸਿੰਘ, ਪ੍ਰਦੀਪ ਸੈਣੀ, ਸੰਜੇ ਸ਼ਰਮਾ, ਸਤਪਾਲ, ਜਸਵੰਤ ਰਾਏ, ਜਸਬੀਰ ਸਿੰਘ ਕੋਚ, ਹਰਬਿੰਦਰ ਸਿੰਘ ਹੈਰੀ, ਮਦਨ ਲਾਲ, ਸੁਜਾਤਾ ਬਰਜਾਤਾ ਤੋਂ ਇਲਾਵਾ ਹੋਰ ਪਤਵੰਤੇ ਵੀ ਹਾਜ਼ਰ ਸਨ।

# ਏ ਟੀ ਐੱਮ ਕਾਰਡ ਬਦਲ ਕੇ 65 ਹਜ਼ਾਰ ਦੀ ਠੱਗੀ

**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਅੱਜ-ਕੱਲ੍ਹ ਡਿਜੀਟਲ ਲੈਣ-ਦੇਣ ਦੇ ਵਧਦੇ ਰੁਝਾਨ ਦੇ ਨਾਲ-ਨਾਲ ਸਾਈਬਰ ਠੱਗਾਂ ਅਤੇ ਏ ਟੀ ਐਮ ਫਰਾਡ ਕਰਨ ਵਾਲਿਆਂ ਦੇ ਹੌਸਲੇ ਵੀ ਬੁਲੰਦ ਹੁੰਦੇ ਜਾ ਰਹੇ ਹਨ। ਅਜਿਹਾ ਹੀ ਇੱਕ ਤਾਜ਼ਾ ਮਾਮਲਾ ਸ੍ਰੀ ਆਨੰਦਪੁਰ ਸਾਹਿਬ ਤੋਂ ਸਾਹਮਣੇ ਆਇਆ ਹੈ, ਜਿੱਥੇ ਇੱਕ ਭੋਲੇ-ਭਾਲੇ ਵਿਅਕਤੀ ਨੂੰ ਗੱਲਾਂ ਵਿੱਚ ਉਲਝਾ ਕੇ ਸ਼ਾਤਰ ਠੱਗ ਵੱਲੋਂ ਏਟੀਐਮ ਕਾਰਡ ਬਦਲ ਲਿਆ ਗਿਆ ਅਤੇ ਉਸਦੇ ਬੈਂਕ ਖਾਤੇ ਵਿੱਚੋਂ 65 ਹਜ਼ਾਰ ਰੁਪਏ ਦੀ ਮੋਟੀ ਰਕਮ ਉਡਾ ਲਈ ਗਈ। ਪ੍ਰੀਤਮ ਪੁੱਤਰ ਰੋਸ਼ਨ ਲਾਲ, ਜੋ ਕਿ ਪਿੰਡ ਧਰੋਟ ਦਾ ਰਹਿਣ ਵਾਲਾ ਹੈ, ਨੇ ਆਪਣੀ ਹੱਡ-ਭੰਨਵੀਂ ਕਮਾਈ ਲੁੱਟੇ ਜਾਣ ਦਾ ਦੁੱਖ ਬਿਆਨ ਕਰਦਿਆਂ ਦੱਸਿਆ ਕਿ ਇਹ ਘਟਨਾ ਵੀਰਵਾਰ ਸ਼ਾਮ ਕਰੀਬ 6 ਵਜੇ ਵਾਪਰੀ। ਪ੍ਰੀਤਮ ਆਪਣੀ ਪਤਨੀ ਦੇ ਨਾਲ ਪੁੱਡਾ ਮਾਰਕੀਟ, ਸ੍ਰੀ ਆਨੰਦਪੁਰ ਸਾਹਿਬ ਵਿਖੇ ਸਥਿਤ ਇੱਕ ਏ ਟੀ ਐਮ ਵਿੱਚੋਂ ਪੈਸੇ ਕਢਵਾਉਣ ਲਈ ਗਿਆ ਸੀ। ਜਦੋਂ ਉਹ ਮਸ਼ੀਨ ਤੋਂ ਪੈਸੇ ਕਢਵਾਉਣ ਦੀ ਕੋਸ਼ਿਸ਼ ਕਰ ਰਹੇ ਸਨ, ਤਾਂ ਏ ਟੀ ਐਮ ਕੈਬਿਨ ਦੇ ਅੰਦਰ ਪਹਿਲਾਂ ਤੋਂ ਹੀ ਇੱਕ ਅਣਪਛਾਤਾ ਆਦਮੀ ਮੌਜੂਦ ਸੀ। ਉਸ ਸ਼ਾਤਰ ਵਿਅਕਤੀ ਨੇ ਬੜੀ ਚਲਾਕੀ ਨਾਲ ਪ੍ਰੀਤਮ ਵੱਲੋਂ ਭਰਿਆ ਜਾ ਰਿਹਾ ਏ ਟੀ ਐਮ ਦਾ ਗੁਪਤ ਪਾਸਵਰਡ ਦੇਖ ਲਿਆ। ਇਸ ਤੋਂ ਬਾਅਦ, ਉਸ ਨੇ ਪਤੀ-ਪਤਨੀ ਨੂੰ ਗੱਲਾਂ ਵਿੱਚ ਪਾ ਲਿਆ ਅਤੇ ਕਿਹਾ ਕਿ ਇਹ ਏ ਟੀ ਐਮ ਮਸ਼ੀਨ ਖਰਾਬ ਹੈ, ਤੁਸੀਂ ਥੋੜ੍ਹੀ ਦੇਰ ਬਾਅਦ ਜਾਂ ਕਿਸੇ ਹੋਰ ਮਸ਼ੀਨ ਤੋਂ ਪੈਸੇ ਕੱਢਣ ਦੀ ਕੋਸ਼ਿਸ਼ ਕਰਿਓ। ਇਸੇ ਗੱਲਬਾਤ ਦੀ ਉਲਝਣ ਦਾ ਫਾਇਦਾ ਚੁੱਕਦਿਆਂ, ਉਸ ਵਿਅਕਤੀ ਨੇ ਬੜੀ ਫੁਰਤੀ ਨਾਲ ਪ੍ਰੀਤਮ ਦਾ ਅਸਲੀ ਏ ਟੀ ਐਮ ਕਾਰਡ ਆਪਣੇ ਕੋਲ ਰੱਖ ਲਿਆ ਅਤੇ ਉਸ ਨੂੰ ਕੋਈ ਹੋਰ ਫਰਜ਼ੀ ਕਾਰਡ ਫੜਾ ਕੇ ਉੱਥੋਂ ਰਫੂਚੱਕਰ ਹੋ ਗਿਆ। ਪੀੜਤ ਮੁਤਾਬਕ, ਠੱਗ ਨੇ ਗੰਗੂਵਾਲ ਦੇ ਏਟੀਐਮ ਵਿੱਚੋਂ ਤਿੰਨ ਵਾਰ 10-10 ਹਜ਼ਾਰ ਰੁਪਏ, ਨੰਗਲ ਦੀਆਂ ਟੱਪਰੀਆਂ ਵਾਲੇ ਏਟੀਐਮ ਤੋਂ ਦੋ ਵਾਰ ਅਤੇ ਚੰਗੇਰਾ ਪਿੰਡ ਦੇ ਏਟੀਐਮ ਤੋਂ ਤਿੰਨ ਵਾਰ ਪੈਸੇ ਕਢਵਾਏ। ਇਸ ਤਰ੍ਹਾਂ ਉਸ ਨੇ ਕੁੱਲ 65 ਹਜ਼ਾਰ ਰੁਪਏ ਦੀ ਨਕਦੀ ਕਢਵਾ ਲਈ। ਇਸ ਪੂਰੇ ਮਾਮਲੇ ਸਬੰਧੀ ਜਦੋਂ ਚੌਂਕੀ ਇੰਚਾਰਜ ਜਸਮੇਰ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਨੇ ਮਾਮਲੇ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਪੀੜਤ ਪ੍ਰੀਤਮ ਵੱਲੋਂ ਉਨ੍ਹਾਂ ਨੂੰ ਸ਼ਿਕਾਇਤ ਮਿਲ ਚੁੱਕੀ ਹੈ ਅਤੇ ਸਾਰਾ ਮਾਮਲਾ ਪੁਲਿਸ ਦੇ ਧਿਆਨ ਵਿੱਚ ਆ ਗਿਆ ਹੈ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਸਬੰਧਤ ਬੈਂਕ ਦੇ ਅਧਿਕਾਰੀਆਂ ਨੂੰ ਏਟੀਐਮ ਬੂਥ ਦੀ ਸੀਸੀਟੀਵੀ ਫੁਟੇਜ ਮੁਹੱਈਆ ਕਰਵਾਉਣ ਲਈ ਅਪਲਾਈ ਕਰ ਦਿੱਤਾ ਗਿਆ ਹੈ।

# ਸੁਤੰਤਰਤਾ ਦਿਵਸ ਸਮਾਰੋਹ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪੱਧਰੀ ਸੁਤੰਤਰਤਾ ਦਿਵਸ ਸਮਾਰੋਹ ਨੂੰ ਗਰਿਮਾਪੂਰਨ ਅਤੇ ਸੁਚਾਰੂ




ਢੰਗ ਨਾਲ ਆਯੋਜਿਤ ਕਰਨ ਦੇ ਉਦੇਸ਼ ਨਾਲ ਸਹਾਇਕ ਕਮਿਸ਼ਨਰ (ਜਨਰਲ) ਸੁਮਿਤ ਮੁਧ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ ਸਮਾਰੋਹ ਦੀਆਂ ਤਿਆਰੀਆਂ ਦਾ ਵਿਸਥਾਰ ਨਾਲ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਨਿਰਧਾਰਿਤ ਸਮੇਂ ਅੰਦਰ ਪੂਰੀਆਂ ਕਰਨ ਦੇ ਨਿਰਦੇਸ਼ ਦਿੱਤੇ ਗਏ। ਸਹਾਇਕ ਕਮਿਸ਼ਨਰ ਸੁਮਿਤ ਮੁਧ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਸੁਤੰਤਰਤਾ ਦਿਵਸ ਸਮਾਰੋਹ 15 ਅਗਸਤ ਨੂੰ ਪੁਲਸ ਲਾਈਨ ਗਰਾਊਂਡ, ਹੁਸ਼ਿਆਰਪੁਰ ਵਿਖੇ ਪੂਰੇ ਉਤਸ਼ਾਹ, ਦੇਸ਼ਭਗਤੀ ਅਤੇ ਸਨਮਾਨ ਨਾਲ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਰਾਸ਼ਟਰੀ ਪਰਵ ਦੀ ਮਹੱਤਤਾ ਨੂੰ ਧਿਆਨ ਵਿੱਚ ਰੱਖਦਿਆਂ ਤਿਆਰੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਨਾ ਵਰਤੀ ਜਾਵੇ ਅਤੇ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ, ਤਾਂ ਜੋ ਸਮਾਰੋਹ ਸ਼ਾਨਦਾਰ ਅਤੇ ਯਾਦਗਾਰੀ ਬਣ ਸਕੇ। ਮੀਟਿੰਗ ਦੌਰਾਨ ਉਨ੍ਹਾਂ ਪਰੇਡ ਦੀਆਂ ਤਿਆਰੀਆਂ, ਸਮਾਰੋਹ ਸਥਾਨ ਦੀ ਸਫ਼ਾਈ, ਸਟੇਜ ਅਤੇ ਬੈਠਣ ਦੀ ਵਿਵਸਥਾ, ਮਹਿਮਾਨਾਂ ਨੂੰ ਸੱਦਾ, ਵੱਖ-ਵੱਖ ਵਿਭਾਗਾਂ ਦੀਆਂ ਵਿਕਾਸਮੁਖੀ ਝਾਕੀਆਂ, ਸੱਭਿਆਚਾਰਕ ਪ੍ਰੋਗਰਾਮ, ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦਾਂ ਦੇ ਪਰਿਵਾਰਾਂ ਦਾ ਸਨਮਾਨ, ਸੁਰੱਖਿਆ ਪ੍ਰਬੰਧ, ਆਵਾਜਾਈ ਪ੍ਰਬੰਧ, ਡਾਕਟਰੀ ਸਹੂਲਤਾਂ, ਪੀਣ ਵਾਲੇ ਪਾਣੀ, ਬਿਜਲੀ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੀਆਂ ਤਿਆਰੀਆਂ ਨਿਰਧਾਰਿਤ ਸਮਾਂ-ਸੀਮਾ ਤੋਂ ਪਹਿਲਾਂ ਮੁਕੰਮਲ ਕੀਤੀਆਂ ਜਾਣ ਅਤੇ ਹਰ ਵਿਭਾਗ ਆਪਣੇ ਕੰਮ ਦੀ ਨਿਯਮਿਤ ਨਿਗਰਾਨੀ ਵੀ ਯਕੀਨੀ ਬਣਾਵੇ।

# ਡਿਪਟੀ ਸਪੀਕਰ ਨੇ ਲੋਕ ਮਿਲਣੀ ਦੌਰਾਨ ਪੰਚਾਇਤ ਨੂੰ ਸੌਂਪਿਆ 8 ਲੱਖ ਦਾ ਚੈੱਕ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**
ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਦੇ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਪਿੰਡ ਝੰਜੋਵਾਲ ਵਿਖੇ ਕਰਵਾਈ ਲੋਕ ਮਿਲਣੀ ਦੌਰਾਨ ਪਿੰਡ ਦੇ ਵਿਕਾਸ ਕਾਰਜਾਂ ਲਈ 8 ਲੱਖ ਰੁਪਏ ਦਾ ਪਿੰਡ ਦੀ ਪੰਚਾਇਤ ਨੂੰ ਚੈੱਕ ਸੌਂਪਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪੰਚਾਇਤ ਮੈਂਬਰ, ਆਮ ਆਦਮੀ ਪਾਰਟੀ ਦੇ ਆਗੂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਰਹੇ।ਲੋਕ ਮਿਲਣੀ ਨੂੰ ਸੰਬੋਧਨ ਕਰਦਿਆਂ ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹਰ ਪਿੰਡ ਵਿੱਚ ਸੜਕਾਂ, ਗਲੀਆਂ, ਨਾਲੀਆਂ, ਪੀਣ ਵਾਲੇ ਪਾਣੀ, ਸੀਵਰੇਜ, ਖੇਡ ਮੈਦਾਨਾਂ, ਸਕੂਲਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਵਿਕਾਸ ਨੂੰ ਪਹਿਲ ਦਿੱਤੀ ਜਾ ਰਹੀ ਹੈ ਤਾਂ ਜੋ ਲੋਕਾਂ ਨੂੰ ਆਪਣੇ ਹੀ ਪਿੰਡ ਵਿੱਚ ਵਧੀਆ ਸਹੂਲਤਾਂ ਪ੍ਰਾਪਤ ਹੋ ਸਕਣ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਹੋਰ ਵਿਕਾਸ ਪ੍ਰੋਜੈਕਟ ਵੀ ਮਨਜ਼ੂਰ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਲੋਕਾਂ ਨਾਲ ਸਿੱਧਾ ਸੰਪਰਕ ਬਣਾਈ ਰੱਖਣ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਮੌਕੇ 'ਤੇ ਸੁਣ ਕੇ ਹੱਲ ਕਰਨ ਦੇ ਉਦੇਸ਼ ਨਾਲ ਹਲਕੇ ਦੇ ਪਿੰਡਾਂ ਵਿੱਚ ਲਗਾਤਾਰ ਲੋਕ ਮਿਲਣੀਆਂ ਕਰਵਾਈਆਂ ਜਾ ਰਹੀਆਂ ਹਨ।ਡਿਪਟੀ ਸਪੀਕਰ ਰੌੜੀ ਨੇ ਲੋਕਾਂ ਤੋਂ ਵਿਕਾਸ ਸਬੰਧੀ ਸੁਝਾਅ ਵੀ ਮੰਗੇ ਅਤੇ ਭਰੋਸਾ ਦਿੱਤਾ ਕਿ ਹਲਕਾ ਗੜ੍ਹਸ਼ੰਕਰ ਦੇ ਹਰ ਪਿੰਡ ਦਾ ਬਿਨਾਂ ਕਿਸੇ ਭੇਦਭਾਵ ਤੋਂ ਵਿਕਾਸ ਕਰਵਾਇਆ ਜਾਵੇਗਾ।

# ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਵੱਲੋਂ ਰੈਲੀ 5 ਨੂੰ

**ਜਲੰਧਰ (ਰਾਜੇਸ ਥਾਪਾ)**-ਮਜ਼ਦੂਰ ਮੰਗਾਂ ਮਨਵਾਉਣ ਲਈ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ 5 ਅਗਸਤ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾ ਪੱਧਰੀ ਰੈਲੀ ਤੇ ਮੁਜ਼ਾਹਰੇ ਦੀ ਤਿਆਰੀ ਲਈ ਪਿੰਡ ਜਮਸ਼ੇਰ ਖਾਸ ਤਹਿਸੀਲ ਜਲੰਧਰ ਵਿਖੇ ਸਾਥੀ ਸੰਤੋਖ ਸਿੰਘ ਮੁਹੱਲਾ ਬਗੀਚੀ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਜੁਆਇੰਟ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਮਨਰੇਗਾ ਕਾਨੂੰਨ ਰੱਦ ਕਰਕੇ ਨਵੇਂ ਬਣਾਏ ਵੀ ਬੀ ਜੀ ਰਾਮ ਜੀ ਕਾਨੂੰਨ ਤਹਿਤ ਮਜ਼ਦੂਰਾਂ ਦੀ ਰੋਜ਼ੀ ਰੋਟੀ ਖੋਹ ਲਈ ਹੈ ਬਲਦੇ ਚੁੱਲ੍ਹੇ ਬੰਦ ਕਰ ਦਿੱਤੇ ਹਨ। ਮਜ਼ਦੂਰਾਂ ਸਿਰ ਚੜ੍ਹਿਆ ਸਰਕਾਰੀ ਗੈਰਸਰਕਾਰੀ ਸਹਿਕਾਰੀ ਅਤੇ ਮਾਈਕਰੋ ਫਾਇਨਾਂਸ ਕੰਪਨੀ ਦਾ ਕਰਜ਼ਾ ਮੁਆਫ਼ ਨਹੀਂ ਕੀਤਾ ਜਾ ਰਿਹਾ ਹੈ। ਬੁਢਾਪਾ, ਵਿਧਵਾ, ਅੰਗਹੀਣ ਅਤੇ ਆਸ਼ਰਿਤਾਂ ਦੀ ਪੈਨਸ਼ਨ ਵਾਅਦੇ ਮੁਤਾਬਕ ਨਹੀਂ ਦਿੱਤੀ ਜਾ ਰਹੀ ਹੈ, ਬੇਘਰਾਂ ਅਤੇ ਲੋੜਵੰਦਾਂ ਨੂੰ 10-10 ਮਰਲੇ ਦੇ ਰਿਹਾਇਸ਼ੀ ਪਲਾਟ ਅਤੇ ਮਕਾਨ ਬਣਾਉਣ ਲਈ 5 ਲੱਖ ਰੁਪਏ ਦੀ ਗ੍ਰਾਂਟ ਦੇਣ, ਜਨਤਕ ਪਬਲਿਕ ਵੰਡ ਪ੍ਰਣਾਲੀ ਰਾਹੀਂ ਪਿੰਡਾਂ ਵਿਚ ਸਸਤੇ ਭਾਅ ਦੇ ਡੀਪੂ ਖੋਹਲ ਕੇ ਰਸੋਈ ਵਿਚ ਨਿੱਤ ਵਰਤੋਂ ਦੀਆਂ ਜ਼ਰੂਰੀ ਵਸਤਾਂ ਸਸਤੇ ਭਾਅ ਮੁਹੱਈਆ ਕਰਨ ਆਦਿ ਤੇ ਹੋਰ ਬਹੁਤ ਸਾਰੀਆਂ ਮੰਗਾਂ ਜਿਉਂ ਦੀ ਤਿਉਂ ਖੜੀਆਂ ਹਨ। ਉਨ੍ਹਾਂ 5 ਅਗਸਤ ਦੀ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾ ਪੱਧਰੀ ਰੈਲੀ ਵਿਚ ਵੱਡੀ ਗਿਣਤੀ ਵਿਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਇਸ ਮੌਕੇ ਦਿਹਾਤੀ ਮਜ਼ਦੂਰ ਸਭਾ ਦੇ ਸਾਥੀ ਸਟੀਫਨ ਮਸੀਹ, ਖੁਸ਼ੀ ਰਾਮ ਜਮਸ਼ੇਰ, ਜਸਵਿੰਦਰ, ਰਾਮ ਲਾਲ ਪੱਪੂ, ਚਰਨਜੀਤ, ਬਲਦੇਵ ਸਿੰਘ, ਜਰਨੈਲ ਸਿੰਘ ਹਾਜ਼ਰ ਸਨ।

# ਧਾਰਮਿਕ ਸਥਾਨਾਂ 'ਤੇ ਜਾਣ ਵਾਲੇ ਸ਼ਰਧਾਲੂਆਂ ਲਈ ਲੰਗਰ ਲਗਾਉਣਾ ਪੁੰਨ ਦਾ ਕਾਰਜ : ਦੀਪਕ ਬਹਿਲ



**ਟਾਂਡਾ ਉੜਮੁੜ (ਮਿਥਲੇਸ ਗਰਗ, ਜਸਵਿੰਦਰ ਸੰਧੂ)**
ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜੰਮੂ ਕਸ਼ਮੀਰ ਚ ਭਗਵਾਨ ਸ਼ਿਵ ਦੇ ਦਰਸ਼ਨਾਂ ਲਈ ਦੇਸ਼ ਭਰ ਵਿੱਚੋਂ ਲੱਖਾਂ ਸ਼ਰਧਾਲੂ ਪੈਦਲ ਅਤੇ ਵਹੀਕਲਾਂ ਰਾਹੀਂ ਸੜਕ ਰਸਤੇ ਅਮਰਨਾਥ ਧਾਮ ਜਾਂਦੇ ਹਨ। ਉਨ੍ਹਾਂ ਦੇ ਖਾਣ ਪੀਣ ਲਈ ਜਲੰਧਰ ਪਠਾਨਕੋਟ ਨੈਸ਼ਨਲ ਹਾਈਵੇ 44 ਤੇ ਪੈਂਦੇ ਟਾਂਡਾ ਫੋਕਲ ਪੁਆਇੰਟ ਦੇ ਨਜ਼ਦੀਕ ਜੈ ਭੋਲੇਨਾਥ ਸ਼ੰਕਰ ਲੰਗਰ ਸੇਵਾ ਸੰਮਤੀ ਟਾਂਡਾ ਦੇ ਸੰਚਾਲਕ ਪਵਨ ਚੱਢਾ ਅਤੇ ਇੰਦਰਜੀਤ ਸਿੰਘ ਮੁਲਤਾਨੀ ਦੀ ਅਗਵਾਈ ਵਿੱਚ ਲਗਾਇਆ ਗਿਆ 21 ਰੋਜ਼ਾ ਲੰਗਰ ਦਾ ਸਮਾਪਨ ਸਮਾਰੋਹ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਸੰਪੰਨ ਹੋ ਨਿਬੜਿਆ।ਇਸ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸਨਾਤਨ ਧਰਮ ਸਭਾ ਟਾਂਡਾ ਦੇ ਪ੍ਰਧਾਨ ਦੀਪਕ ਬਹਿਲ ਸ਼ਾਮਿਲ ਹੋਏ। ਇਸ ਮੌਕੇ ਤੇ ਉਨ੍ਹਾਂ ਨਾਲ ਅਰਜੁਨ ਕਲੱਬ ਟਾਂਡਾ ਦੇ ਪ੍ਰਧਾਨ ਰਣਜੀਤ ਸਿੰਘ ਜੀਤਾ, ਸ਼ਿਵ ਸ਼ਕਤੀ ਕਲੱਬ ਦੇ ਪ੍ਰਧਾਨ ਸੋਨੂੰ ਖੁਲਰ, ਆਜ਼ਾਦ ਕਲੱਬ ਟਾਂਡਾ ਦੇ ਪ੍ਰਧਾਨ ਰਵੀ ਡੋਗਰਾ, ਦੁਸਹਿਰਾ ਕਮੇਟੀ ਟਾਂਡਾ ਦੇ ਪ੍ਰਧਾਨ ਸ਼ੁਭਮ ਬਿੱਲਾ ਤੋਂ ਇਲਾਵਾ ਕ੍ਰਿਸ਼ਨ ਕੁਮਾਰ, ਵਿਨੋਦ ਕੁਮਾਰ, ਰਜਿੰਦਰ ਤਲਵਾੜ, ਹਰਪ੍ਰੀਤ ਹੈਪੀ, ਬ੍ਰਹਮ ਕੁਮਾਰ, ਰਕੇਸ਼, ਰਾਣਾ, ਕਾਲਾ, ਵਿੱਕੀ, ਸੋਨੂੰ ਅਤੇ ਹੋਰ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਸਵੈ ਸੇਵੀ ਸੰਸਥਾਵਾਂ ਦੇ ਆਗੂ ਆਪਣੇ ਮੈਂਬਰਾਂ ਸਮੇਤ ਹਾਜ਼ਰ ਸਨ।

# ਬਿਜਲੀ ਕੱਟਾਂ ਦੇ ਸਤਾਏ ਲੋਕਾਂ ਨੇ ਦਿੱਤਾ ਰੋਸ ਧਰਨਾ

**ਫਗਵਾੜਾ (ਡਾ. ਰਮਨ)**
ਭਖਦੀ ਗਰਮੀ ਦੇ ਵਿੱਚ ਲਗਾਤਾਰ ਲੱਗ ਰਹੇ ਬਿਜਲੀ ਕੱਟਾਂ ਤੋਂ ਤੰਗ ਆ ਕੇ ਫਗਵਾੜਾ ਸ਼ਹਿਰ ਅਤੇ ਆਸ-ਪਾਸ ਦੇ ਪਿੰਡਾਂ ਦੇ ਲੋਕ ਸੜਕਾਂ 'ਤੇ ਉਤਰ ਆਏ। ਗੁੱਸੇ ਵਿੱਚ ਆਏ ਲੋਕਾਂ ਨੇ ਭੁੱਲਾਰਾਈ ਚੌਂਕ, ਮੇਹਟਾਂ ਬਾਈਪਾਸ ਤੋਂ ਇਲਾਵਾ ਹੁਸ਼ਿਆਰਪੁਰ ਰੋਡ ਸਥਿਤ ਬਿਜਲੀ ਮਹਿਕਮੇ ਦੇ ਦਫ਼ਤਰ ਅੱਗੇ ਰੋਸ ਧਰਨੇ ਦੇ ਕੇ ਪੰਜਾਬ ਸਰਕਾਰ ਅਤੇ ਬਿਜਲੀ ਵਿਭਾਗ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਧਰਨਾਕਾਰੀਆਂ ਨੇ ਦੱਸਿਆ ਕਿ ਪਿਛਲੇ ਕਈ ਦਿਨਾਂ ਤੋਂ ਬਿਨਾਂ ਕਿਸੇ ਪਹਿਲਾਂ ਸੂਚਨਾ ਦੇ ਵਾਰ-ਵਾਰ ਬਿਜਲੀ ਸਪਲਾਈ ਕੱਟ ਦਿੱਤੀ ਜਾਂਦੀ ਹੈ। ਜਿਸ ਕਾਰਨ ਆਮ ਜਨਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਪ੍ਰਦਰਸ਼ਨਕਾਰੀਆਂ ਨੇ ਦੱਸਿਆ ਕਿ ਬਿਜਲੀ ਕੱਟਾਂ ਕਾਰਨ ਪਿੰਡਾਂ ਅਤੇ ਸ਼ਹਿਰਾਂ ਵਿੱਚ ਕਿਸਾਨ, ਵਪਾਰੀ, ਵਿਦਿਆਰਥੀ, ਛੋਟੇ ਬੱਚੇ, ਬਜ਼ੁਰਗ ਅਤੇ ਬਿਮਾਰ ਲੋਕ ਸਭ ਤੋਂ ਵੱਧ ਪ੍ਰੇਸ਼ਾਨ ਹਨ। ਖੇਤਾਂ ਵਿੱਚ ਸਿੰਚਾਈ ਦਾ ਕੰਮ ਪ੍ਰਭਾਵਿਤ ਹੋ ਰਿਹਾ ਹੈ, ਜਦਕਿ ਘਰੇਲੂ ਅਤੇ ਵਪਾਰਕ ਕੰਮਕਾਜ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੇ ਹਨ। ਰੋਸ ਧਰਨੇ ਦੌਰਾਨ ਵੱਡੀ ਗਿਣਤੀ ਵਿੱਚ ਪਹੁੰਚੇ ਕਿਸਾਨਾਂ ਤੇ ਆਮ ਨਾਗਰਿਕਾਂ ਨੇ ਦੋਸ਼ ਲਾਇਆ ਕਿ ਕਈ ਵਾਰ ਸ਼ਿਕਾਇਤਾਂ ਕਰਨ ਦੇ ਬਾਵਜੂਦ ਸਮੱਸਿਆ ਦਾ ਕੋਈ ਪੱਕਾ ਹੱਲ ਨਹੀਂ ਕੀਤਾ ਜਾ ਰਿਹਾ। ਭੁੱਲਾਰਾਈ ਵਿਖੇ ਧਰਨੇ ਦੌਰਾਨ ਐਕਸ ਈ ਐਨ ਪਾਵਰ ਕਾਮ ਹਰਦੀਪ ਕੁਮਾਰ ਤੇ ਹੋਰ ਵਿਭਾਗੀ ਅਧਿਕਾਰੀ ਮੌਕੇ ਤੇ ਪਹੁੰਚੇ ਅਤੇ ਧਰਨਾਕਾਰੀਆਂ ਨਾਲ ਗੱਲਬਾਤ ਕੀਤੀ। ਉਹਨਾਂ ਭਰੋਸਾ ਦਿੱਤਾ ਕਿ ਬਿਜਲੀ ਸਬੰਧੀ ਹਰ ਸਮੱਸਿਆ ਦਾ ਢੁਕਵਾ ਹਲ ਜਲਦੀ ਕਰਵਾਇਆ ਜਾਵੇਗਾ। ਇਸ ਮੌਕੇ ਬੀਰਾ ਰਾਮ ਬਲਜੋਤ ਕੌਂਸਲਰ, ਨਿਰਮਲ ਸਿੰਘ, ਦਲਬੀਰ ਸਿੰਘ, ਜਸਵਿੰਦਰ ਸਿੰਘ, ਲਵਪ੍ਰੀਤ ਸਿੰਘ, ਮਨਦੀਪ ਸਿੰਘ, ਅਵਤਾਰ ਸਿੰਘ, ਰਣਜੀਤ ਸਿੰਘ, ਅਮਰੀਕ ਸਿੰਘ, ਸੁਲੱਖਣ ਸਿੰਘ, ਮਹਿੰਦਰ ਸਿੰਘ ਆਦਿ ਹਾਜ਼ਰ ਸਨ।



# ਕਿਸ਼ਨਗੜ੍ਹ ਅੱਡਾ ਭੀਮ ਆਰਮੀ ਨੇ ਕਰਵਾਇਆ ਬੰਦ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)**-ਪਿਛਲੇ ਦਿਨੀ ਬਰਨਾਲਾ ਵਿਖੇ ਆਪਣੀਆਂ ਮੰਗਾ ਲਈ ਸ਼ਾਂਤਮਈ ਰੋਸ ਪ੍ਰਦਰਸ਼ਨ ਕਰ ਰਹੇ ਸਫਾਈ ਸੇਵਕਾਂ ਤੇ ਪੁਲਸ ਵੱਲੋਂ ਲਾਠੀਚਾਰਜ ਕੀਤਾ ਗਿਆ ਜਿਸ ਵਿੱਚ ਕਈ ਲੋਕ ਜਖ਼ਮੀ ਹੋ ਗਏ ਸਨ। ਇਸ ਦੇ ਮੱਦੇ ਨਜ਼ਰ, ਵਾਲਮੀਕਿ ਭਾਈਚਾਰੇ, ਭਗਵਾਨ ਵਾਲਮੀਕਿ ਤੀਰਥ ਅਸਥਾਨ, ਦਲਿਤ ਜਥੇਬੰਦੀਆਂ, ਸਫਾਈ ਸੇਵਕਾਂ ਅਤੇ ਹੋਰ ਜੱਥੇਬੰਦੀਆਂ ਵੱਲੋਂ ਸੋਮਵਾਰ ਨੂੰ ਪੰਜਾਬ ਬੰਦ ਦੀ ਕਾਲ ਦਿੱਤੀ ਗਈ ਸੀ ਜਿਸ ਦੇ ਚਲਦੇ ਪੰਜਾਬ ਵਿੱਚ ਜਥੇਬੰਦੀਆਂ ਵੱਲੋਂ ਪੰਜਾਬ ਬੰਦ ਕੀਤਾ ਗਿਆ। ਕਿਸ਼ਨਗੜ੍ਹ ਵਿਖੇ ਭੀਮ ਆਰਮੀ ਪੰਜਾਬ ਦੇ ਚੀਫ ਸੰਨੀ ਜੱਸਲ ਆਜ਼ਾਦ ਵੱਲੋਂ ਆਪਣੇ ਸਮਰਥਕਾਂ ਨਾਲ ਕਿਸ਼ਨਗੜ੍ਹ ਚੌਂਕ ਵਿੱਚ ਅਤੇ ਪੂਰਾ ਅੱਡਾ ਬੰਦ ਕਰਵਾਇਆ ਗਿਆ। ਇਸ ਮੌਕੇ ਸੰਨੀ ਜੱਸਲ ਆਜ਼ਾਦ ਨੇ ਕਿਹਾ ਕਿ ਸਫਾਈ ਕਰਮਚਾਰੀਆਂ ਤੇ ਲਾਠੀ ਚਾਰਜ ਕਰਨ ਵਾਲੇ ਪੁਲਸ ਮੁਲਾਜ਼ਮਾਂ ਤੇ ਪਰਚਾ ਦਰਜ ਕਰਕੇ ਉਹਨਾਂ ਤੇ ਸਰਕਾਰ ਵੱਲੋਂ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ।

# ਕਾਰਗਿਲ ਵਿਜੈ ਦਿਵਸ ਮੌਕੇ ਸ਼ਰਧਾ ਦੇ ਫੁੱਲ ਭੇਟ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**
ਪੰਜਾਬ ਦੇ ਲੋਕ ਸਮੁੱਚੇ ਸੰਸਾਰ ਵਿੱਚ ਆਪਣੀ ਬਹਾਦਰੀ ਅਤੇ ਬਲੀਦਾਨ ਲਈ ਪ੍ਰੇਰਨਾ ਸਰੋਤ ਰਹੇ ਹਨ। ਕਾਰਗਿਲ ਦੀ ਜੰਗ ਵਿੱਚ ਦੁਸ਼ਮਣਾਂ ਦੇ ਦੰਦ ਖੱਟੇ ਕਰਨ ਵਾਲੇ ਭਾਰਤੀ ਸੈਨਾ ਦੇ ਸੂਰਵੀਰ ਜਵਾਨਾਂ ਨੇ ਸੰਸਾਰ ਵਿੱਚ ਇੱਕ ਨਵੀ ਮਿਸਾਲ ਪੈਦਾ ਕੀਤੀ ਸੀ, ਉਸ ਦਿਨ ਨੂੰ ਭਾਰਤ ਵਿੱਚ ਕਾਰਗਿਲ ਵਿਜੈ ਦਿਵਸ ਵਜੋਂ ਮਨਾਇਆ ਜਾਂਦਾ ਹੈ।



ਨੰਗਲ ਦੇ ਕੈਪਟਨ ਅਮੋਲ ਕਾਲੀਆਂ ਦੀ ਸ਼ਹਾਦਤ ਸਮੁੱਚੇ ਦੇਸ਼ ਲਈ ਬਹੁਤ ਵੱਡੇ ਮਾਣ ਵਾਲੀ ਗੱਲ ਹੈ, ਜਿਸ ਤੋ ਪ੍ਰੇਰਨਾ ਲੈ ਕੇ ਨੋਜਵਾਨ ਦੇਸ਼ ਦੀ ਸੇਵਾ ਤੇ ਰੱਖਿਆ ਲਈ ਅੱਗੇ ਵਧੇ ਹਨ।ਕਿਰਨ ਬਾਲਾ ਪ੍ਰਧਾਨ ਨਗਰ ਕੌਂਸਲ ਨੰਗਲ ਵੱਲੋਂ ਸ਼ਹੀਦ ਕੈਪਟਨ ਅਮੋਲ ਕਾਲੀਆ ਪਾਰਕ ਵਿੱਚ ਉਨ੍ਹਾਂ ਦੀ ਪ੍ਰਤਿਮਾ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਪੰਜਾਬੀਆਂ ਨੇ ਵਿਸ਼ਵ ਯੁੱਧ ਇਕ ਅਤੇ ਦੋ ਦੌਰਾਨ, 1965 ਦੀ ਜੰਗ ਅਤੇ ਕਾਰਗਿਲ ਯੁੱਧ ਦੌਰਾਨ ਜਿੰਨੀਆਂ ਕੁਰਬਾਨੀਆਂ ਦਿੱਤੀਆਂ ਹਨ ਉਸ ਤਰਾਂ ਹੱਸਦੇ ਹੋਏ ਕੁਰਬਾਨੀਆ ਕਿਸੇ ਨੇ ਨਹੀਂ ਦਿੱਤੀਆਂ ਹਨ। ਸ਼ਹੀਦ ਕੈਪਟਨ ਅਮੋਲ ਕਾਲੀਆ ਤੇ ਉਨ੍ਹਾਂ ਦੇ ਹੋਰ ਸਾਥੀਆਂ ਦੀਆਂ ਕੁਰਬਾਨੀਆ ਸਦਾ ਯਾਦ ਰੱਖੀਆਂ ਜਾਣਗੀਆਂ। ਨੰਗਲ, ਸ੍ਰੀ ਅਨੰਦਪੁਰ ਸਾਹਿਬ ਦੇ ਸਮੁੱਚੇ ਇਲਾਕੇ ਦੇ ਸੈਂਕੜੇ ਨੋਜਵਾਨ ਲੰਮੇ ਅਰਸੇ ਤੋਂ ਦੇਸ਼ ਦੀ ਸੇਵਾ ਲਈ ਵੱਖ ਵੱਖ ਫੋਜਾਂ ਵਿੱਚ ਸੇਵਾਵਾ ਨਿਭਾ ਰਹੇ ਹਨ। ਉਨ੍ਹਾਂ ਨੇ ਦੇਸ਼ ਭਗਤੀ ਦੀ ਸ਼ਲਾਘਾਯੋਗ ਮਿਸਾਲ ਪੈਦਾ ਕੀਤੀ ਹੈ। ਅਜਿਹੇ ਪਰਵਾਰਾ ਨੇ ਆਪਣੀ ਪੁੱਤਰਾਂ ਨੂੰ ਦੇਸ਼ ਦੀ ਰੱਖਿਆਂ ਲਈ ਹਮੇਸ਼ਾ ਹੱਸ ਕੇ ਕੁਰਬਾਨ ਕੀਤਾ ਹੈ, ਅਸੀ ਉਨ੍ਹਾ ਪਰਵਾਰਾਂ ਤੇ ਮਾਤਾ-ਪਿਤਾ ਦੇ ਸਨਮਾਨ ਵਿੱਚ ਵੀ ਸਿਰ ਝੁਕਾਉਦੇ ਹਾਂ, ਜਿਨ੍ਹਾਂ ਦੀ ਬਦੋਲਤ ਦੇਸ਼ ਦਾ ਹਰ ਨਾਗਰਿਕ ਚੈਨ ਨਾਲ ਜੀਵਨ ਬਤੀਤ ਕਰ ਰਿਹਾ ਹੈ।

# ਕੋਆਪ੍ਰੇਟਿਵ ਸੁਸਾਇਟੀ ਢੱਡੇ ਵਿਖੇ ਪੀ ਐੱਮ ਪ੍ਰਣਾਮ ਕਿਸਾਨ ਗੋਸ਼ਟੀ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**- ਨਜ਼ਦੀਕੀ ਪਿੰਡ ਢੱਡੇ ਸਥਿਤ ਕੋਆਪ੍ਰੇਟਿਵ ਸੁਸਾਇਟੀ ਵਿਖੇ ਪੀ.ਐਮ. ਪ੍ਰਣਾਮ ਕਿਸਾਨ ਗੋਸ਼ਠੀ (ਉਰਵਰਕ ਦੀ ਪਾਠਸ਼ਾਲਾ) ਦਾ ਆਯੋਜਨ ਸੁਸਾਇਟੀ ਦੇ ਪ੍ਰਧਾਨ ਜੋਗਾ ਸਿੰਘ ਢੱਡਾ ਦੀ ਅਗਵਾਈ ਹੇਠ ਕੀਤਾ ਗਿਆ। ਇਸ ਦੌਰਾਨ ਮੁੱਖ ਮਹਿਮਾਨਾਂ ਵਜੋਂ ਕ੍ਰਿਭਕੋ ਫਰਟੀਲਾਈਜਰ ਕੰਪਨੀ ਦੇ ਸੀਨੀਅਰ ਏਰੀਆ ਮੈਨੇਜਰ ਅਵਤਾਰ ਸਿੰਘ ਅਤੇ ਫੀਲਡ ਅਫਸਰ ਵਿਵੇਕ ਬਿਸ਼ਨੋਈ ਤੋਂ ਇਲਾਵਾ ਵਿਸ਼ੇਸ਼ ਮਹਿਮਾਨ ਵਜੋਂ ਸੀਮਾ ਰਾਣੀ ਸਹਾਇਕ ਰਜਿਸਟਰਾਰ ਕੋਆਪ੍ਰੇਟਿਵ ਸੁਸਾਇਟੀ ਫਗਵਾੜਾ ਨੇ ਸ਼ਿਰਕਤ ਕੀਤੀ। ਇਸ ਦੌਰਾਨ ਕ੍ਰਿਭਕੋ ਕੰਪਨੀ ਵਲੋਂ ਸੁਸਾਇਟੀ ਨੂੰ ਅਡਾਪਟ ਕਰਨ ਦਾ ਐਲਾਨ ਕਰਦਿਆਂ ਸਪਲਿਟ ਏ.ਸੀ. ਭੇਟ ਕੀਤਾ ਅਤੇ ਸੁਸਾਇਟੀ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਹਾਜ਼ਰ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਸੀਨੀਅਰ ਏਰੀਆ ਮੈਨੇਜਰ ਅਵਤਾਰ ਸਿੰਘ ਅਤੇ ਫੀਲਡ ਅਫਸਰ ਵਿਵੇਕ ਬਿਸ਼ਨੋਈ ਨੇ ਦੱਸਿਆ ਕਿ ਪੀ.ਐਮ. ਪ੍ਰਣਾਮ ਯੋਜਨਾ ਦਾ ਮੁੱਖ ਉਦੇਸ਼ ਧਰਤੀ ਦੀ ਸਿਹਤ ਨੂੰ ਬਚਾਉਣਾ ਅਤੇ ਰਸਾਇਣਕ ਖਾਦਾਂ ਦੀ ਸੰਤੁਲਿਤ ਵਰਤੋਂ ਨੂੰ ਉਤਸ਼ਾਹਿਤ ਕਰਨਾ ਹੈ। ਉਹਨਾਂ ਕਿਹਾ ਕਿ ਕਿਸਾਨਾਂ ਨੂੰ ਨੈਨੋ ਯੂਰੀਆ, ਡੀ.ਏ.ਪੀ. ਅਤੇ ਜੈਵਿਕ ਖਾਦਾਂ ਦੀ ਵੱਧ ਤੋਂ ਵੱਧ ਵਰਤੋਂ ਕਰਨੀ ਚਾਹੀਦੀ ਹੈ ਤਾਂ ਜੋ ਫ਼ਸਲਾਂ ਦੀ ਲਾਗਤ ਘਟਾਈ ਜਾ ਸਕੇ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਲੰਬੇ ਸਮੇਂ ਤੱਕ ਬਰਕਰਾਰ ਰੱਖਿਆ ਜਾ ਸਕੇ। ਸਹਾਇਕ ਰਜਿਸਟਰਾਰ ਸੀਮਾ ਰਾਣੀ ਨੇ ਕਿਹਾ ਕਿ ਕੋਆਪ੍ਰੇਟਿਵ ਸੁਸਾਇਟੀਆਂ ਕਿਸਾਨਾਂ ਦੀ ਰੀੜ੍ਹ ਦੀ ਹੱਡੀ ਹਨ ਅਤੇ ਅਜਿਹੇ ਜਾਗਰੂਕਤਾ ਕੈਂਪ ਕਿਸਾਨਾਂ ਨੂੰ ਆਧੁਨਿਕ ਖੇਤੀ ਤਕਨੀਕਾਂ ਨਾਲ ਜੋੜਨ ਵਿੱਚ ਅਹਿਮ ਰੋਲ ਅਦਾ ਕਰਦੇ ਹਨ। ਸੁਸਾਇਟੀ ਦੇ ਪ੍ਰਧਾਨ ਜੋਗਾ ਸਿੰਘ ਨੇ ਸਮੂਹ ਮਹਿਮਾਨਾਂ ਦਾ ਧੰਨਵਾਦ ਕੀਤਾ। ਸੁਸਾਇਟੀ ਵਲੋਂ ਕ੍ਰਿਭਕੋ ਫਰਟੀਲਾਈਜਰ ਕੰਪਨੀ ਦੇ ਨੁਮਾਇੰਦਿਆਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸੁਸਾਇਟੀ ਦੇ ਮੀਤ ਪ੍ਰਧਾਨ ਗੁਲਜਿੰਦਰ ਸਿੰਘ ਕੁਲਾਰ, ਮੈਂਬਰ ਮਹਿੰਦਰ ਸਿੰਘ ਢੱਡਵਾਲ ਲੱਖਪੁਰ, ਚਰਨਜੀਤ ਸਿੰਘ, ਪਲਵਿੰਦਰ ਸਿੰਘ, ਕੁਲਦੀਪ ਸਿੰਘ, ਬਲਦੇਵ ਸਿੰਘ ਢੱਡਾ, ਬਲਵਿੰਦਰ ਸਿੰਘ ਸਾਬਕਾ ਸਰਪੰਚ, ਸਿਮਰਨ ਢੱਡਾ, ਗੁਰਦੇਵ ਸਿੰਘ ਰਿਟਾ. ਐਸ.ਡੀ.ਓ. ਬਿਜਲੀ ਬੋਰਡ, ਵਿੱਕੀ ਭੋਗਪੁਰ, ਪਰਮਜੀਤ ਢੱਡਾ, ਪ੍ਰਿਤਪਾਲ ਸਿੰਘ ਲਾਇਲ, ਇੰਦਰਜੀਤ ਸਿੰਘ ਲੱਖਪੁਰ, ਜੱਸੀ, ਉਂਕਾਰ ਸਿੰਘ ਲੱਖਪੁਰ, ਸ਼ਰਨਜੀਤ ਸਿੰਘ ਲੱਖਪੁਰ ਤੋਂ ਇਲਾਵਾ ਫਗਵਾੜਾ ਸਰਕਲ ਦੇ ਸਮੂਹ ਸਕੱਤਰ ਵੀ ਹਾਜ਼ਰ ਸਨ।




# ਲੋੜਵੰਦ ਔਰਤ ਨੂੰ ਭੇਟ ਕੀਤਾਂ ਟਰਾਈ ਸਾਇਕਲ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**
ਕੇ ਐੱਲ ਚਾਂਦ ਵੈਲਫੇਅਰ ਟਰੱਸਟ ਯੂ.ਕੇ. ਦੀ ਪੰਜਾਬ ਇਕਾਈ ਵਲੋਂ ਸੂਬਾ ਕੋਆਰਡੀਨੇਟਰ ਰਾਜਿੰਦਰ ਕੁਮਾਰ ਬੰਟੀ ਦੀ ਅਗਵਾਈ ਹੇਠ ਅੰਗਹੀਣਾਂ ਦੀ ਸੇਵਾ ਸਹਾਇਤਾ ਦੀ ਲੜੀ ਨੂੰ ਅੱਗੇ ਤੋਰਦੇ ਹੋਏ ਨਜਦੀਕੀ ਪਿੰਡ ਬੇਗਮਪੁਰਾ ਦੀ ਇੱਕ ਲੋੜਵੰਦ ਅੰਗਹੀਣ ਬਜੁਰਗ ਔਰਤ ਨੂੰ ਟਰਾਈ ਸਾਇਕਲ ਭੇਟ ਕੀਤੀ ਗਈ ਹੈ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਦੇ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ, ਸਮਾਜ ਸੇਵਕ ਜਸਵਿੰਦਰ ਢੱਡਾ ਤੇ ਰਮਨ ਨਹਿਰਾ ਨੇ ਟਰੱਸਟ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਮਲਕੀਅਤ ਸਿੰਘ ਰਗਬੋਤਰਾ ਨੇ ਕਿਹਾ ਕਿ ਕੇ.ਐਲ. ਚਾਂਦ ਵੈਲਫੇਅਰ ਟਰੱਸਟ ਵੱਲੋਂ ਲੋੜਵੰਦ ਅਤੇ ਅੰਗਹੀਣ ਵਿਅਕਤੀਆਂ ਦੀ ਸਹਾਇਤਾ ਲਈ ਲਗਾਤਾਰ ਕੀਤੇ ਜਾ ਰਹੇ ਉਪਰਾਲੇ ਬਹੁਤ ਹੀ ਸ਼ਲਾਘਾਯੋਗ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਸਮਾਜ ਸੇਵੀ ਸੰਸਥਾਵਾਂ ਸਮਾਜ ਵਿੱਚ ਮਨੁੱਖਤਾ ਦੀ ਮਿਸਾਲ ਪੇਸ਼ ਕਰਦੀਆਂ ਹਨ ਅਤੇ ਹੋਰਨਾਂ ਨੂੰ ਵੀ ਸੇਵਾ ਦੇ ਕਾਰਜਾਂ ਲਈ ਪ੍ਰੇਰਿਤ ਕਰਦੀਆਂ ਹਨ। ਉਹਨਾਂ ਕਿਹਾ ਕਿ ਕੇ.ਐਲ. ਚਾਂਦ ਵੈਲਫੇਅਰ ਟਰੱਸਟ ਲੋੜਵੰਦ ਵਰਗ ਲਈ ਮਸੀਹਾ ਬਣ ਕੇ ਸਾਹਮਣੇ ਆਈ ਹੈ। ਸਮਾਜ ਦੇ ਸਮਰੱਥ ਲੋਕਾਂ ਨੂੰ ਵੀ ਅੱਗੇ ਆ ਕੇ ਅਜਿਹੇ ਸੇਵਾ ਕਾਰਜਾਂ ਵਿੱਚ ਆਪਣਾ ਵਢਮੁੱਲਾ ਯੋਗਦਾਨ ਪਾਉਣਾ ਚਾਹੀਦਾ ਹੈ ਤਾਂ ਜੋ ਹਰ ਲੋੜਵੰਦ ਤੱਕ ਮਦਦ ਪਹੁੰਚ ਸਕੇ। ਟਰੱਸਟ ਦੇ ਸੂਬਾ ਕੋਆਰਡੀਨੇਟਰ ਰਾਜਿੰਦਰ ਕੁਮਾਰ ਬੰਟੀ ਨੇ ਦੱਸਿਆ ਕਿ ਬਜੁਰਗ ਮਹਿਲਾ ਆਰਥਕ ਪੱਖੋਂ ਗਰੀਬ ਪਰਵਾਰ ਦੇ ਨਾਲ ਸਬੰਧ ਰੱਖਦੀ ਹੈ ਜਿਸ ਦੀਆਂ ਦੋਵੇਂ ਲੱਤਾਂ ਪੋਲੀਓ ਦਾ ਸ਼ਿਕਾਰ ਹਨ। ਉਹਨਾਂ ਨੇ ਟਰੱਸਟ ਦੇ ਦੇਸ਼ ਵਿਦੇਸ਼ ਵਿੱਚ ਵੱਸਦੇ ਸਮੂਹ ਮੈਂਬਰਾਂ ਦਾ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਟਰੱਸਟ ਦੇ ਸੰਸਥਾਪਕ ਕੇ.ਐਲ. ਚਾਂਦ ਦੀ ਅਗਵਾਈ ਹੇਠ ਲੋੜਵੰਦਾਂ ਦੀ ਸੇਵਾ ਸਹਾਇਤਾ ਦਾ ਇਹ ਉਪਰਾਲਾ ਅੱਗੇ ਵੀ ਜਾਰੀ ਰਹੇਗਾ। ਇਸ ਮੌਕੇ ਟਰੱਸਟ ਦੀ ਕੈਸ਼ੀਅਰ ਆਸ਼ਾ ਰਾਣੀ ਚੁੰਬਰ, ਜਸਵਿੰਦਰ ਸਿੰਘ ਠੇਕੇਦਾਰ ਅਕਾਲਗੜ੍ਹ, ਗੁਰਨਾਮ ਪਾਲ ਅਕਾਲਗੜ੍ਹ, ਸ਼ਿੰਗਾਰਾ ਰਾਮ, ਕੈਲਵਿਨ ਚੁੰਬਰ, ਸਰਪੰਚ ਬਲਵੰਤ ਬੇਗਮਪੁਰ, ਭਗਤ ਗੁਰਦਿਆਲ ਸਿੰਘ, ਮਲਕੀਤ ਸਿੰਘ ਅਕਾਲਗੜ੍ਹ, ਜੱਸੀ ਅਕਾਲਗੜ੍ਹ, ਰਣਦੀਪ ਸਿੰਘ ਰਾਣਾ ਸਾਹਨੀ, ਰਘਬੀਰ ਸਿੰਘ ਰਿਹਾਣਾ ਜੱਟਾਂ ਤੋਂ ਇਲਾਵਾ ਹੋਰ ਪਤਵੰਤੇ ਹਾਜ਼ਰ ਸਨ।

# ਮੁੱਖ ਮੰਤਰੀ ਦੀ ਅਗਵਾਈ 'ਚ ਰਿਕਾਰਡ ਵਿਕਾਸ ਕਾਰਜ ਹੋਏ : ਡਾ. ਰਵਜੋਤ ਸਿੰਘ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਪਿੰਡ ਬਾਗਪੁਰ ਵਿਖੇ ਕਰਵਾਈ ਗਈ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ



ਅਤੇ ਉਨ੍ਹਾਂ ਦੇ ਜਲਦ ਹੱਲ ਦਾ ਭਰੋਸਾ ਦਿੱਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਪੂਰੀ ਤਰ੍ਹਾਂ ਖਰੀ ਉਤਰ ਰਹੀ ਹੈ ਅਤੇ ਸ਼ਾਮਚੁਰਾਸੀ ਵਿਧਾਨ ਸਭਾ ਹਲਕੇ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ। ਡਾ. ਰਵਜੋਤ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਸ਼ਾਮਚੁਰਾਸੀ ਹਲਕੇ ਦੇ ਵਿਕਾਸ ਲਈ ਖੁੱਲ੍ਹੇ ਦਿਲ ਨਾਲ ਫੰਡ ਜਾਰੀ ਕੀਤੇ ਜਾ ਰਹੇ ਹਨ, ਜਿਸ ਕਾਰਨ ਪਿੰਡਾਂ ਵਿੱਚ ਸੜਕਾਂ, ਪੀਣ ਵਾਲੇ ਪਾਣੀ, ਸਿੰਚਾਈ, ਸਿੱਖਿਆ, ਸਿਹਤ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਸਿਰਫ਼ ਐਲਾਨ ਕਰਨ ਤੱਕ ਸੀਮਿਤ ਨਹੀਂ, ਸਗੋਂ ਹਰ ਯੋਜਨਾ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨਾ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮਾਂ ਰਾਹੀਂ ਲੋਕਾਂ ਨਾਲ ਸਿੱਧਾ ਸੰਵਾਦ ਸਥਾਪਤ ਹੋ ਰਿਹਾ ਹੈ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਨ ਲਈ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਪਿੰਡ ਦਾ ਸੰਤੁਲਿਤ ਵਿਕਾਸ ਯਕੀਨੀ ਬਣਾਇਆ ਜਾਵੇਗਾ ਅਤੇ ਕਿਸੇ ਵੀ ਪਿੰਡ ਨਾਲ ਵਿਤਕਰਾ ਨਹੀਂ ਕੀਤਾ ਜਾਵੇਗਾ। ਇਸ ਮੌਕੇ ਪਿੰਡ ਦੀ ਸਰਪੰਚ ਗੁਰਪ੍ਰੀਤ ਕੌਰ, ਜ਼ਿਲ੍ਹਾ ਪਰਿਸ਼ਦ ਮੈਂਬਰ ਇੰਦਰਜੀਤ ਕੌਰ, ਸਰਦਾਰ ਹਰਦੇਵ ਸਿੰਘ ਕੌਂਸਲ, ਮਨੀਸ਼ ਸੈਣੀ, ਮਲਕੀਤ ਸਿੰਘ, ਸਾਬਕਾ ਸਰਪੰਚ ਗੁਰਮੀਤ ਸਿੰਘ, ਕੁਲਦੀਪ ਭਾਗਪੁਰੀ, ਗੁਰਮੁਖ ਸਿੰਘ, ਹਰਪ੍ਰੀਤ ਸਿੰਘ, ਡਾ. ਸੰਦੀਪ ਅਤੇ ਸੁਖਵਿੰਦਰ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਸਫਾਈ ਕਰਮਚਾਰੀਆਂ ਵੱਲੋਂ ਮੰਗਾਂ ਦੇ ਸੰਬੰਧ 'ਚ ਹੜਤਾਲ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਸਫਾਈ ਕਰਮਚਾਰੀਆਂ ਨੂਰਮਹਿਲ ਵਾਲਿਆਂ ਨੇ ਲੰਮੇ ਸਮੇਂ ਤੋਂ ਰਹਿੰਦੀਆਂ ਮੰਗਾਂ ਦੇ ਸਬੰਧ ਵਿੱਚ ਨਗਰ ਕੌਂਸਲ ਨੂਰਮਹਿਲ ਵਿਖੇ ਹੜਤਾਲ ਕੀਤੀ ਜਿਸ ਵਿੱਚ ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾ ਅਤੇ ਸਮਾਜ ਸੇਵਕ ਬਾਲ ਕ੍ਰਿਸ਼ਨ ਬਾਲੀ ਪੱਤਰਕਾਰ ਨੂਰਮਹਿਲ ਨੇ ਪੂਰਨ ਹਮਾਇਤ ਦੇਣ ਦਾ ਐਲਾਨ ਕੀਤਾ। ਇਸ ਮੌਕੇ ਤੇ ਬੋਲਦਿਆਂ ਹੰਸ ਰਾਜ ਪੱਬਵਾ , ਬਾਲ ਕ੍ਰਿਸ਼ਨ ਬਾਲੀ,ਸ਼੍ਰੋਮਣੀ ਰੰਘਰੇਟਾ ਦਲ ਪੰਜਾਬ ਦੇ ਚੇਅਰਮੈਨ ਬਲਵੀਰ ਸਿੰਘ ਚੀਮਾ, ਭਾਰਤੀ ਜਨਤਾ ਪਾਰਟੀ ਦੇ ਫ਼ਿਲੌਰ ਦੇ ਆਗੂ, ਰਾਜਪਾਲ ਸਿੰਘ ਅਟਵਾਲ, ਨੂਰਮਹਿਲ ਦੇ ਪ੍ਰਧਾਨ ਮਨਦੀਪ ਸ਼ੁਕਲਾ, ਬਲਵੀਰ ਸੌਂਧੀ, ਰਾਜ ਕੁਮਾਰ ਸਹੋਤਾ, ਬਲਵੀਰ ਚੰਦ ਕੌਲਧਾਰ ਨੇ ਕਿਹਾ ਕਿ ਸਫ਼ਾਈ ਸੇਵਕਾਂ ਦੀਆਂ ਬਹੁਤ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਕੱਚੇ ਮੁਲਾਜ਼ਮਾਂ ਨੂੰ ਪੱਕੇ ਕੀਤੇ ਜਾਣ, ਤਨਖਾਹਾਂ ਚ ਵਾਧਾ ਕੀਤਾ ਜਾਵੇ, ਨਵੇਂ ਮੁਲਾਜ਼ਮਾਂ ਦੀ ਭਰਤੀ ਕੀਤੀ ਜਾਵੇ। ਇਸ ਉਨ੍ਹਾਂ ਕਿਹਾ ਕਿ ਬਰਨਾਲਾ ਵਿਖੇ ਲਾਠੀਚਾਰਜ ਕਰਨ ਵਾਲੇ ਡੀ ਐਸ ਪੀ ਨੂੰ ਡਿਸਮਿੱਸ ਕੀਤਾ ਜਾਵੇ। ਠੇਕਾ ਸਿਸਟਮ ਪ੍ਰਣਾਲੀ ਬੰਦ ਕੀਤਾਂ ਜਾਵੇ, ਮੈਡੀਕਲ ਸਹੂਲਤਾਂ ਦਿੱਤੀਆਂ ਜਾਣ ਆਦਿ ਮੰਗਾਂ ਪੂਰੀਆਂ ਕੀਤੀਆਂ ਜਾਣ ਅਤੇ ਬਰਨਾਲਾ ਵਿਖੇ ਮਜ਼ਦੂਰਾਂ ਤੇ ਹੋਏ ਲਾਠੀਚਾਰਜ ਦੀ ਸੱਖਤ ਸ਼ਬਦਾਂ ਵਿਚ ਨਿੰਦਾ ਕੀਤੀ।ਇਸ ਹੜਤਾਲ ਵਿੱਚ, ਸਫ਼ਾਈ ਕਰਮਚਾਰੀਆਂ ਨੂਰਮਹਿਲ ਦੇ ਪ੍ਰਧਾਨ ਰਵੀ ਕੁਮਾਰ ਸਹੋਤਾ, ਵਾਈਸ ਪ੍ਰਧਾਨ ਸੁਭਾਸ਼ ਕੁਮਾਰ, ਪੇਂਡੂ ਮਜ਼ਦੂਰ ਯੂਨੀਅਨ ਦਾ ਆਗੂ ਚੰਨਣ ਸਿੰਘ ਬੁੱਟਰ, ਦਰਸ਼ਨਪਾਲ ਬੁੰਡਾਲਾ, ਕਿਰਤੀ ਕਿਸਾਨ ਯੂਨੀਅਨ ਦੇ ਆਗੂ ਸੁਰਜੀਤ ਸਿੰਘ ਸਮਰਾ, ਸੁੱਚਾ ਸਿੰਘ, ਮਮਤ ਰਾਜ, ਬਲਵੀਰ ਸੌਂਧੀ, ਬਿੱਟੂ ਭੇਣੀ, ਅਮਿਤ ਯਾਦਵ, ਸੰਨੀ ਸਹੋਤਾ, ਸੁਧੀਰ ਕੁਮਾਰ, ਕੁਲਦੀਪ ਨਰੇਸ਼ ਰਾਮ, ਸਰੂਪ ਗੋਰਵ, ਸੌਂਧੀ, ਰੇਖਾ, ਰਾਣੀ, ਪੂਨਮ ਰਾਣੀ, ਗੀਟਾ, ਕੇਵਲ, ਬੁੱਧ ਨਾਥ, ਸੱਚਣ ਸੌਂਧੀ, ਮਨਦੀਪ ਸੌਂਧੀ, ਸੋਨੀ ਸੌਂਧੀ ਰਮੇਸ਼ ਗਿੱਲ ਆਦਿ ਹਾਜ਼ਰ ਸਨ।



# ਸਿੱਖਿਆ ਮੰਤਰੀ ਦਾ ਅਸਤੀਫ਼ਾ ਵਿਦਿਆਰਥੀਆਂ ਦੀ ਪਹਿਲੀ ਜਿੱਤ : ਅਮਿਤ ਬਾਵਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਨੀਟ ਪ੍ਰੀਖਿਆ ਪੇਪਰ ਲੀਕ ਮਾਮਲੇ ਨੂੰ ਲੈ ਕੇ ਦੇਸ਼ ਭਰ 'ਚ ਅੰਦੋਲਨ ਕਰ ਰਹੇ ਵਿਦਿਆਰਥੀਆਂ ਦੇ ਸਮਰਥਨ ਵਿੱਚ ਡੇਰਾਬੱਸੀ ਹਲਕੇ ਵਿਖੇ ਇੱਕ ਕੈਂਡਲ ਮਾਰਚ ਦਾ ਆਯੋਜਨ ਕੀਤਾ ਗਿਆ। ਇਸ ਮਾਰਚ ਦੌਰਾਨ ਪੁਲਿਸ ਵੱਲੋਂ ਪ੍ਰਦਰਸ਼ਨਕਾਰੀ ਵਿਦਿਆਰਥੀਆਂ 'ਤੇ ਕੀਤੀ ਗਈ ਕਾਰਵਾਈ ਦਾ ਜ਼ੋਰਦਾਰ ਰੋਸ ਜਤਾਇਆ ਗਿਆ ਅਤੇ ਵਿਦਿਆਰਥੀਆਂ ਦੀਆਂ ਮੰਗਾਂ ਦਾ ਪੂਰਨ ਸਮਰਥਨ ਕੀਤਾ ਗਿਆ। ਡੇਰਾਬੱਸੀ ਵਿਧਾਨ ਸਭਾ ਤੋਂ ਕਾਂਗਰਸ ਪਾਰਟੀ ਦੇ ਨੁਮਾਇੰਦੇ ਅਤੇ ਪੰਜਾਬ ਕਾਂਗਰਸ ਦੇ ਬੁਲਾਰੇ ਅਮਿਤ ਬਾਵਾ ਸੈਣੀ ਦੀ ਅਗਵਾਈ ਹੇਠ ਕੱਢੇ ਗਏ ਇਸ ਕੈਂਡਲ ਮਾਰਚ ਵਿੱਚ ਸੈਂਕੜੇ ਲੋਕਾਂ ਨੇ ਸ਼ਮੂਲੀਅਤ ਕੀਤੀ। ਇਹ ਮਾਰਚ ਸ਼ਾਮ 6 ਵਜੇ ਬਰਵਾਲਾ ਰੋਡ ਤੋਂ ਸ਼ੁਰੂ ਹੋ ਕੇ ਸ਼ਹਿਰ ਦੀਆਂ ਮੁੱਖ ਸੜਕਾਂ ਤੋਂ ਹੁੰਦਾ ਹੋਇਆ ਸਿਵਲ ਹਸਪਤਾਲ ਦੇ ਸਾਹਮਣੇ ਰਾਮ ਤਲਾਈ ਵਿਖੇ ਸਮਾਪਤ ਹੋਇਆ।ਮਾਰਚ ਦੇ ਅੰਤ ਵਿੱਚ ਨੀਟ ਪੇਪਰ ਲੀਕ ਮਾਮਲੇ ਤੋਂ ਬਾਅਦ ਆਪਣੀ ਜਾਨ ਗਵਾਉਣ ਵਾਲੇ ਵਿਦਿਆਰਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮਾਰਚ ਵਿੱਚ ਜ਼ਿਲ੍ਹਾ ਮੋਹਾਲੀ ਕਾਂਗਰਸ ਕਮੇਟੀ ਦੇ ਉਪ ਪ੍ਰਧਾਨ ਮਨੋਜ ਸ਼ਰਮਾ, ਜਨਰਲ ਸਕੱਤਰ ਪਰਵੀਨ ਮਾਖੀਜਾ, ਵਿਕਰਮ ਰਾਣਾ, ਪ੍ਰਦੇਸ਼ ਮਹਿਲਾ ਕਾਂਗਰਸ ਸਕੱਤਰ ਬਰਜਿੰਦਰ ਕੌਰ ਰਾਏ, ਜ਼ਿਲ੍ਹਾ ਮੋਹਾਲੀ ਮਹਿਲਾ ਕਾਂਗਰਸ ਉਪ ਪ੍ਰਧਾਨ ਤੇ ਜ਼ੀਰਕਪੁਰ ਦੀ ਸਾਬਕਾ ਕੌਂਸਲਰ ਰੇਣੂ ਨਹਿਰੂ, ਵਿਧਾਨ ਸਭਾ ਮਹਿਲਾ ਕਾਂਗਰਸ ਪ੍ਰਧਾਨ ਕਿਰਨ ਮਾਖੀਜਾ, ਯੂਥ ਕਾਂਗਰਸ ਦੇ ਵਿਧਾਨ ਸਭਾ ਉਪ ਪ੍ਰਧਾਨ ਪਰਮਵੀਰ ਰਾਣਾ ਸਮੇਤ ਹੋਰ ਸੀਨੀਅਰ ਕਾਂਗਰਸੀ ਆਗੂ ਅਤੇ ਸਥਾਨਕ ਨਿਵਾਸੀ ਵੱਡੀ ਗਿਣਤੀ 'ਚ ਹਾਜ਼ਰ ਸਨ।



# ਸ਼੍ਰੋਮਣੀ ਅਕਾਲੀ ਦਲ ਨੂੰ ਬੂਥ ਪੱਧਰ ਤੱਕ ਮਜ਼ਬੂਤ ਕੀਤਾ ਜਾਵੇਗਾ : ਸਰਬਜੀਤ ਸਿੰਘ ਮੋਮੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਪੰਡਿਤ ਮਿਥਲੇਸ਼)**- ਸ਼੍ਰੋਮਣੀ ਅਕਾਲੀ ਦਲ ਦੇ ਐਸ ਸੀ ਵਿੰਗ ਦੀ ਵਿਸ਼ੇਸ਼ ਮੀਟਿੰਗ ਟਾਂਡਾ ਵਿਖੇ ਹੋਈ। ਇਸ ਮੀਟਿੰਗ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਮਜਬੂਤੀ ਲਈ ਵਿਚਾਰਾਂ ਸਾਂਝੀਆਂ ਕੀਤੀਆਂ ਗਈਆਂ। ਇਸ ਮੌਕੇ ਤੇ ਸ਼੍ਰੋਮਣੀ ਅਕਾਲੀ ਦਲ ਐਸ ਸੀ ਵਿੰਗ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਮੋਮੀ ਨੇ ਅਕਾਲੀ ਆਗੂਆਂ ਅਤੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਮਜਬੂਤੀ ਲਈ ਸਾਡੇ ਵੱਲੋਂ ਦਿਨ ਰਾਤ ਇੱਕ ਕੀਤਾ ਜਾਵੇਗਾ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਬੂਥ ਪੱਧਰ ਤੱਕ ਮਜਬੂਤ ਕਰਨ ਲਈ ਹਲਕਾ ਪਧਰੀ ਮੀਟਿੰਗਾਂ ਕੀਤੀਆਂ ਜਾਣਗੀਆਂ। ਉਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਐਸ ਸੀ ਵਿੰਗ ਦੇ ਕੌਮੀ ਪ੍ਰਧਾਨ ਗੁਲਜਾਰ ਸਿੰਘ ਰਾਣੀਕੇ ਅਤੇ ਦੁਆਬਾ ਜੋਨ ਦੇ ਪ੍ਰਧਾਨ ਕੁਲਦੀਪ ਸਿੰਘ ਬੂਲੇ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲਾ ਹੁਸ਼ਿਆਰਪੁਰ ਦੇ ਸਾਰੇ ਵਿਧਾਨ ਸਭਾ ਹਲਕਿਆਂ ਵਿੱਚ ਹਲਕਾ ਪਧਰੀ ਮੀਟਿੰਗਾਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜਾਂ ਦੀ ਦੇਖ ਰੇਖ ਹੇਠ ਅਤੇ ਐਸ ਸੀ ਵਿੰਗ ਦੇ ਹਲਕਾ ਪ੍ਰਧਾਨਾਂ ਦੀਆਂ ਪ੍ਰਧਾਨਗੀ ਹੇਠ ਕੀਤੀਆਂ ਕੀਤੀਆਂ ਜਾਣਗੀਆਂ। ਉਨ੍ਹਾਂ ਸਾਰੇ ਐਸ ਸੀ ਵਿੰਗ ਦੇ ਹਲਕਾ ਪ੍ਰਧਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪਣੇ-ਆਪਣੇ ਹਲਕਿਆਂ ਵਿੱਚ ਐਸ ਸੀ ਵਿੰਗ ਦੀਆਂ ਕਮੇਟੀਆਂ ਬਣਾਉਣ ਅਤੇ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜਬੂਤ ਕਰਨ। ਇਸ ਮੌਕੇ ਤੇ ਉਨ੍ਹਾਂ ਨਾਲ ਅੰਕੁਸ਼ ਹਰਦੋਖਾਨਪੁਰ ਹਲਕਾ ਪ੍ਰਧਾਨ ਐਸਸੀ ਵਿੰਗ ਸ਼ਾਮ 84, ਨਿਰਵੈਰ ਸਿੰਘ ਉੜਮੁੜ ਹਲਕਾ ਪ੍ਰਧਾਨ ਬੀਸੀ ਵਿੰਗ ਉੜਮੁੜ, ਅਮਰਜੀਤ ਕਲਸੀਆ ਰਲਣ , ਕਮਲਜੀਤ ਸਿੰਘ ਮੂਨਕਾ ਸਰਕਲ ਪ੍ਰਧਾਨ ਬੀ ਸੀ ਵਿੰਗ ਟਾਂਡਾ, ਮਨਦੀਪ ਸਿੰਘ ਸ਼ਾਹਪੁਰ, ਰੱਤੀ ਬੋਦਲ ਕੋਟਲੀ, ਸੰਜੀਵ ਕੁਮਾਰ ਟਾਂਡਾ, ਰਤਨ ਸਿੰਘ ਖੁੱਡਾ, ਸੁਖਵਿੰਦਰ ਸਿੰਘ ਬਿੱਟਾ ਝਾਵਾਂ, ਅਰਮਾਨਦੀਪ ਸਿੰਘ ਮੋਮੀ, ਹਿੰਮਤ ਸਿੰਘ ਮੂਨਕ, ਅਜੀਤ ਸਿੰਘ ਮੂਨਕਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਕਾਲੀ ਦਲ ਦੇ ਵਰਕਰ ਹਾਜ਼ਰ ਸਨ।



# ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਬਿਜਲੀ ਮੁਲਾਜ਼ਮਾਂ ਦੀ ਚੱਲ ਰਹੀ ਹੜਤਾਲ ਦਾ ਪੂਰਨ ਸਮਰਥਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬਿਜਲੀ ਮੁਲਾਜ਼ਮਾਂ ਦੀ ਹੜਤਾਲ ਨੂੰ ਲੈ ਕੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਪ੍ਰਮੁੱਖ ਆਗੂਆਂ ਸਤੀਸ਼ ਰਾਣਾ, ਕਰਮ ਸਿੰਘ ਧਨੋਆ, ਰਣਜੀਤ ਸਿੰਘ ਰਾਣਵਾਂ, ਗਗਨਦੀਪ ਸਿੰਘ ਭੁੱਲਰ, ਕੁਲਵਿੰਦਰ ਸਿੰਘ ਜੋਸਨ, ਜਸਵੀਰ ਸਿੰਘ ਗਿੱਲ, ਧਨਵੰਤ ਸਿੰਘ ਭੱਠਲ, ਜਰਮਨਜੀਤ ਸਿੰਘ, ਮਨਜੀਤ ਸਿੰਘ ਬਾਸਰਕੇ, ਜਗਦੀਸ਼ ਸਿੰਘ ਚਾਹਲ, ਰਾਧੇ ਸ਼ਾਮ, ਕੁਲਦੀਪ ਸਿੰਘ ਉਦੋਕੇ, ਗੁਰਜੀਤ ਸਿੰਘ ਗਗੜਾ, ਸੁਖਦੇਵ ਸਿੰਘ ਸੈਣੀ, ਅਮਰੀਕ ਸਿੰਘ ਕੰਗ, ਜਸਵੀਰ ਸਿੰਘ ਤਲਵਾੜਾ, ਦਿਗਵਿਜੇ ਪਾਲ ਸ਼ਰਮਾ, ਕਰਮਜੀਤ ਸਿੰਘ ਬੀਹਲਾ ਅਤੇ ਬੋਬਿੰਦਰ ਸਿੰਘ ਨੇ ਇਕ ਸਾਂਝਾ ਬਿਆਨ ਜਾਰੀ ਕਰਦਿਆਂ ਆਖਿਆ ਕਿ PSPCL ਪੀ ਐੱਸ ਪੀ ਸੀ ਐੱਲ ਅੰਦਰ ਕੰਮ ਕਰਦੀਆਂ ਵੱਖ-ਵੱਖ ਜਥੇਬੰਦੀਆਂ ਤੇ ਆਧਾਰਤ ਬਣੇ ਸਾਂਝੇ ਫੋਰਮ ਵੱਲੋਂ ਆਪਣੀਆਂ ਹੱਕੀ ਤੇ ਜਾਇਜ਼ ਮੰਨੀਆਂ ਮੰਗਾਂ ਨੂੰ ਲਾਗੂ ਕਰਾਉਣ ਲਈ 21 ਜੁਲਾਈ ਤੋਂ ਹੜਤਾਲ ਕੀਤੀ ਜਾ ਰਹੀ ਹੈ ਪ੍ਰੰਤੂ ਬਿਜਲੀ ਵਿਭਾਗ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਕਰਮਚਾਰੀਆਂ ਦੀਆਂ ਮੰਨੀਆਂ ਮੰਗਾਂ ਲਾਗੂ ਕਰਨ ਤੋਂ ਲਗਾਤਾਰ ਪਾਸਾ ਵੱਟ ਰਹੀ ਹੈ। ਸਾਂਝਾ ਫਰੰਟ ਦੇ ਉਕਤ ਆਗੂਆਂ ਆਖਿਆ ਕਿ ਬਿਜਲੀ ਵਿਭਾਗ ਦੇ ਮੁਲਾਜ਼ਮ ਜ਼ਰੂਰੀ ਸੇਵਾਵਾਂ ਪ੍ਰਦਾਨ ਕਰਦੇ ਹਨ, ਜਿਸ ਕਰਕੇ ਇਹਨਾਂ ਦੀ ਹੜਤਾਲ ਨਾਲ ਆਮ ਲੋਕ ਤਾਂ ਪ੍ਰਭਾਵਿਤ ਹੋ ਹੀ ਰਹੇ ਹਨ, ਵਿਸ਼ੇਸ਼ ਕਰਕੇ ਹੁਣ ਜਦੋਂ ਝੋਨੇ ਦਾ ਸੀਜ਼ਨ ਚੱਲ ਰਿਹਾ ਹੋਵੇ ਤਾਂ ਕਿਸਾਨੀ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ। ਇਸ ਲਈ ਸਾਂਝਾ ਫਰੰਟ ਬਿਜਲੀ ਵਿਭਾਗ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਨੂੰ ਪੁਰਜ਼ੋਰ ਅਪੀਲ ਕਰਦਾ ਹੈ ਕਿ ਇਹਨਾਂ ਦੀਆਂ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ ।

# ਬਰਨਾਲਾ ਲਾਠੀਚਾਰਜ ਮਾਮਲੇ ਦੇ ਦੋਸ਼ੀ ਪੁਲਸ ਅਧਿਕਾਰੀਆਂ ਨੂੰ ਤੁਰੰਤ ਬਰਖਾਸਤ ਕੀਤਾ ਜਾਵੇ : ਹਰਜੀ ਮਾਨ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**- ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਫਗਵਾੜਾ ਦੇ ਸਾਬਕਾ ਹਲਕਾ ਇੰਚਾਰਜ ਹਰਨੂਰ ਸਿੰਘ ਹਰਜੀ ਮਾਨ ਨੇ ਬਰਨਾਲਾ ਵਿਖੇ ਸਫਾਈ ਕਰਮਚਾਰੀਆਂ 'ਤੇ ਹੋਏ ਲਾਠੀਚਾਰਜ ਦੀ ਸਖ਼ਤ ਨਿੰਦਾ ਕਰਦਿਆਂ ਇਸ ਘਟਨਾ ਨੂੰ ਬੇਹੱਦ ਦੁਖਦਾਈ ਅਤੇ ਮੰਦਭਾਗਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਅਨੁਸੂਚਿਤ ਜਾਤੀ (ਐਸ.ਸੀ.) ਸਮਾਜ ਲਈ ਇਹ ਬਹੁਤ ਵੱਡੀ ਤ੍ਰਾਸਦੀ ਹੈ ਕਿ ਸਦੀਆਂ ਤੋਂ ਉਨ੍ਹਾਂ ਨੂੰ ਸਮਾਜਿਕ ਵਿਤਕਰੇ ਅਤੇ ਗੈਰ-ਮਨੁੱਖੀ ਅੱਤਿਆਚਾਰਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਵੇਂ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੇ ਸੰਵਿਧਾਨ ਰਾਹੀਂ ਐਸ.ਸੀ. ਸਮਾਜ ਨੂੰ ਬਰਾਬਰੀ ਦੇ ਅਧਿਕਾਰ ਦਿੱਤੇ ਹਨ, ਪਰ ਅੱਜ ਵੀ ਸਮਾਜ ਦੇ ਕੁਝ ਉੱਚੇ ਅਖਵਾਉਣ ਵਾਲੇ ਵਰਗ ਦੀ ਸੋਚ ਵਿੱਚ ਪੂਰੀ ਤਰ੍ਹਾਂ ਬਦਲਾਅ ਨਹੀਂ ਆਇਆ। ਹਰਜੀ ਮਾਨ ਨੇ ਕਿਹਾ ਕਿ ਬਰਨਾਲਾ ਵਿੱਚ ਆਪਣੇ ਹੱਕਾਂ ਲਈ ਸ਼ਾਂਤਮਈ ਢੰਗ ਨਾਲ ਆਵਾਜ਼ ਉਠਾ ਰਹੇ ਗਰੀਬ ਸਫਾਈ ਕਰਮਚਾਰੀਆਂ 'ਤੇ ਜਿਸ ਤਰ੍ਹਾਂ ਪੁਲਸ ਵੱਲੋਂ ਲਾਠੀਆਂ ਵਰ੍ਹਾਈਆਂ ਗਈਆਂ, ਉਹ ਕਿਸੇ ਵੀ ਲੋਕਤੰਤਰੀ ਅਤੇ ਸੰਵੇਦਨਸ਼ੀਲ ਸਮਾਜ ਲਈ ਸ਼ੋਭਾਯੋਗ ਨਹੀਂ । ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਲਾਠੀਚਾਰਜ ਦੇ ਹੁਕਮ ਜਾਰੀ ਕਰਨ ਵਾਲੇ ਪ੍ਰਸ਼ਾਸਨਿਕ ਅਧਿਕਾਰੀ ਅਤੇ ਉਸ ਡੀ.ਐਸ.ਪੀ. ਸਮੇਤ ਸਾਰੇ ਪੁਲਸ ਕਰਮਚਾਰੀਆਂ ਨੂੰ, ਜਿਨ੍ਹਾਂ ਦੀ ਅਗਵਾਈ ਹੇਠ ਇਹ ਕਾਰਵਾਈ ਕੀਤੀ ਗਈ, ਤੁਰੰਤ ਨੌਕਰੀ ਤੋਂ ਬਰਖਾਸਤ ਕਰਕੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਹਰ ਨਾਗਰਿਕ ਨੂੰ ਆਪਣੀਆਂ ਜਾਇਜ਼ ਮੰਗਾਂ ਸ਼ਾਂਤਮਈ ਢੰਗ ਨਾਲ ਰੱਖਣ ਦਾ ਸੰਵਿਧਾਨਕ ਅਧਿਕਾਰ ਹੈ ਅਤੇ ਉਸ ਅਧਿਕਾਰ ਨੂੰ ਬਲ ਪ੍ਰਯੋਗ ਕਰਕੇ ਆਵਾਜ਼ ਨੂੰ ਦਬਾਉਣ ਕਦੇ ਵੀ ਸਵੀਕਾਰ ਨਹੀਂ ਕੀਤਾ ਜਾ ਸਕਦਾ।ਹਰਜੀ ਮਾਨ ਨੇ ਕਿਹਾ ਕਿ ਸਫਾਈ ਕਰਮਚਾਰੀ ਸਮਾਜ ਦੀ ਰੀੜ੍ਹ ਦੀ ਹੱਡੀ ਹਨ, ਜੋ ਹਰ ਹਾਲਤ ਵਿੱਚ ਆਪਣੀਆਂ ਸੇਵਾਵਾਂ ਨਿਭਾਉਂਦੇ ਹਨ। ਅਜਿਹੇ ਮਿਹਨਤੀ ਕਰਮਚਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਗੱਲਬਾਤ ਰਾਹੀਂ ਕੀਤਾ ਜਾਣਾ ਚਾਹੀਦਾ ਹੈ, ਨਾ ਕਿ ਲਾਠੀਚਾਰਜ ਜਾਂ ਧੱਕੇਸ਼ਾਹੀ ਰਾਹੀਂ।



# ਵਿਗਿਆਨ ਤੇ ਕਲਾ ਪ੍ਰਦਰਸ਼ਨੀ 'ਉਡਾਣ-2026' ਕਰਵਾਈ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਕਰਨਲ ਵੀ. ਆਰ. ਮੋਹਨ ਡੀ.ਏ.ਵੀ. ਪਬਲਿਕ ਸਕੂਲ, ਡੇਰਾਬੱਸੀ ਵਿਖੇ ਵਿਦਿਆਰਥੀਆਂ ਦੀ ਅਸੀਮ ਸਿਰਜਣਾਤਮਕਤਾ, ਨਵੀਨਤਾਕਾਰੀ ਸੋਚ ਅਤੇ ਬੌਧਿਕ ਸਮਰੱਥਾ ਨੂੰ ਉਜਾਗਰ ਕਰਨ ਦੇ ਉਦੇਸ਼ ਨਾਲ ਇੱਕ ਵਿਸ਼ਾਲ ਅਤੇ ਆਕਰਸ਼ਕ ਪ੍ਰਦਰਸ਼ਨੀ 'ਉਡਾਣ-2026' ਦਾ ਆਯੋਜਨ ਬਹੁਤ ਹੀ ਉਤਸ਼ਾਹ ਅਤੇ ਧੂਮਧਾਮ ਨਾਲ ਕੀਤਾ ਗਿਆ। ਇਸ ਪ੍ਰਦਰਸ਼ਨੀ ਦਾ ਮੁੱਖ ਮੰਤਵ ਵਿਦਿਆਰਥੀਆਂ ਅੰਦਰ ਛੁਪੀ ਪ੍ਰਤਿਭਾ ਨੂੰ ਅਸਮਾਨ ਦੀਆਂ ਉੱਚਾਈਆਂ ਤੱਕ ਪਹੁੰਚਾਉਣ ਲਈ ਇੱਕ ਯੋਗ ਮੰਚ ਪ੍ਰਦਾਨ ਕਰਨਾ ਸੀ। ਸਮਾਰੋਹ ਦੀ ਸ਼ੁਰੂਆਤ ਰਵਾਇਤੀ ਅਤੇ ਧਾਰਮਿਕ ਮਰਿਆਦਾ ਅਨੁਸਾਰ ਸ਼ਮ੍ਹਾਂ ਰੋਸ਼ਨ ਕਰਕੇ ਕੀਤੀ ਗਈ। ਇਸ ਸਮਾਗਮ ਦਾ ਉਦਘਾਟਨ ਸਕੂਲ ਦੇ ਚੇਅਰਮੈਨ ਰਵਿੰਦਰ ਤਲਵਾਰ ਅਤੇ ਉੱਘੇ ਉਦਯੋਗਪਤੀ, ਮਹਾਨ ਸਿੱਖਿਆ ਸ਼ਾਸਤਰੀ ਅਤੇ ਪ੍ਰਬੰਧਕੀ ਕਮੇਟੀ ਦੇ ਮੈਂਬਰ ਸ਼੍ਰੀ ਐਸ. ਐਸ. ਵਿਰਦੀ ਵੱਲੋਂ ਪ੍ਰਮੁੱਖ ਸ਼ਖਸੀਅਤਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ। ਉਦਘਾਟਨੀ ਸਮਾਰੋਹ ਦੌਰਾਨ ਵਿਦਿਆਰਥੀਆਂ ਵੱਲੋਂ ਗਾਇਨ ਕੀਤੇ ਗਏ ਵੈਦਿਕ ਮੰਤਰਾਂ ਅਤੇ ਸਵਾਗਤੀ ਗੀਤ ਨੇ ਪੂਰੇ ਮਾਹੌਲ ਨੂੰ ਰੂਹਾਨੀ ਅਤੇ ਉਤਸ਼ਾਹਜਨਕ ਬਣਾ ਦਿੱਤਾ। ਪ੍ਰਦਰਸ਼ਨੀ ਦੌਰਾਨ ਵੱਖ-ਵੱਖ ਵਿਸ਼ਿਆਂ ਨਾਲ ਸਬੰਧਤ ਸਥਿਰ ਅਤੇ ਚੱਲਦੇ ਮਾਡਲ ਪੇਸ਼ ਕੀਤੇ ਗਏ, ਜੋ ਕਿ ਵਿਦਿਆਰਥੀਆਂ ਦੀ ਮਿਹਨਤ ਅਤੇ ਤਕਨੀਕੀ ਸਮਝ ਦੀ ਗਵਾਹੀ ਭਰ ਰਹੇ ਸਨ। ?ਸਾਇੰਸ ਅਤੇ ਤਕਨਾਲੋਜੀ: ਵਿਗਿਆਨ ਵਿਭਾਗ ਵੱਲੋਂ ਤਿਆਰ ਕੀਤਾ ਗਿਆ 'ਸੈਟੇਲਾਈਟ ਕਮਿਊਨੀਕੇਸ਼ਨ' ਤੇ ਨਵੀਨਤਮ ਰੋਬੋਟਿਕਸ ਮਾਡਲ ਦਰਸ਼ਕਾਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ। ਆਰਟ ਵਿਭਾਗ ਵੱਲੋਂ ਬਣਾਈ ਗਈ 'ਬੁੱਕ ਆਫ਼ ਡ੍ਰੀਮਜ਼' ਨੇ ਵਿਦਿਆਰਥੀਆਂ ਦੇ ਕਲਪਨਾਤਮਕ ਰੰਗਾਂ ਨੂੰ ਬਹੁਰੰਗੀ ਰੂਪ ਵਿੱਚ ਪੇਸ਼ ਕੀਤਾ। ਇਸ ਤੋਂ ਇਲਾਵਾ ਹਿੰਦੀ ਅਤੇ ਅੰਗਰੇਜ਼ੀ ਸਾਹਿਤ ਨਾਲ ਸਬੰਧਤ ਸਿਰਜਣਾਤਮਕ ਚਾਰਟ ਅਤੇ ਮਾਡਲ ਵੀ ਸ਼ਾਨਦਾਰ ਸਨ।ਗਣਿਤ ਦੇ ਔਖੇ ਫਾਰਮੂਲਿਆਂ ਨੂੰ ਸਰਲ ਬਣਾਉਂਦੇ ਮਾਡਲਾਂ ਅਤੇ ਸਮਾਜਿਕ ਵਿਗਿਆਨ ਦੇ ਇਤਿਹਾਸਕ ਤੇ ਭੂਗੋਲਿਕ ਮਾਡਲਾਂ ਨੇ ਸਭ ਦਾ ਧਿਆਨ ਆਪਣੇ ਵੱਲ ਖਿੱਚਿਆ।ਵਿਦਿਆਰਥੀਆਂ ਨੇ ਸਿਹਤ, ਖੇਡਾਂ ਅਤੇ ਯੋਗਾ ਦੇ ਮਹੱਤਵ ਨੂੰ ਦਰਸਾਉਂਦੇ ਮਾਡਲ ਵੀ ਪ੍ਰਦਰਸ਼ਿਤ ਕੀਤੇ।



# ਬਰਨਾਲਾ ਲਾਠੀਚਾਰਜ ਦੇ ਵਿਰੋਧ 'ਚ ਡੀ ਐੱਸ ਪੀ ਤੇ ਐੱਸ ਐੱਚ ਓ ਦਾ ਪੁਤਲਾ ਫੂਕਿਆ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਲੰਘੇ ਦਿਨੀਂ ਬਰਨਾਲਾ 'ਚ ਸਫ਼ਾਈ ਕਰਮਚਾਰੀਆਂ 'ਤੇ ਪੁਲੀਸ ਲਾਠੀਚਾਰਜ ਦੇ ਵਿਰੋਧ ਵਿੱਚ ਸਥਾਨਕ ਨਗਰ ਕੌਂਸਲ ਮੁਲਾਜ਼ਮਾਂ ਨੇ ਬਰਨਾਲਾ ਦੇ ਡੀ ਐਸ ਪੀ ਅਤੇ ਥਾਣਾ ਮੁਖੀ ਦੇ ਪੁਤਲੇ ਫੂਕ ਮੁਜ਼ਾਹਰਾ ਕੀਤਾ। ਸਫਾਈ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਚਮਨ ਲਾਲ ਦੀ ਅਗਵਾਈ ਹੇਠ ਮੁਲਾਜ਼ਮ ਸਥਾਨਕ ਮਹਾਰਾਣਾ ਪ੍ਰਤਾਪ ਚੌਂਕ 'ਤੇ ਇੱਕਤਰ ਹੋਏ। ਬੁਲਾਰਿਆਂ ਨੇ ਪੁਲਸ ਵੱਲੋਂ ਸਫਾਈ ਕਰਮਚਾਰੀਆਂ 'ਤੇ ਕੀਤੇ ਅੰਨ੍ਹੇਵਾਹ ਲਾਠੀਚਾਰਜ ਦੀ ਨਿਖੇਧੀ ਕੀਤੀ ਹੈ। ਦੋਸ਼ੀ ਪੁਲਸ ਅਧਿਕਾਰੀਆਂ ਤੇ ਮੁਲਾਜ਼ਮਾਂ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਪ੍ਰਧਾਨ ਚਮਨ ਲਾਲ ਨੇ ਕਿਹਾ ਕਿ ਬਰਨਾਲਾ ਘਟਨਾਂ ਨੇ ਸਫਾਈ ਕਰਮਚਾਰੀਆਂ ਦੇ ਦਿਲਾਂ ਨੂੰ ਬੁਰੀ ਤਰ੍ਹਾਂ ਵਲੂੰਧਰ ਕੇ ਰੱਖ ਦਿੱਤਾ ਹੈ, ਪੰਜਾਬ ਭਰ ਦੇ ਸਫ਼ਾਈ ਸੇਵਕਾਂ 'ਚ ਸਰਕਾਰ ਅਤੇ ਪ੍ਰਸ਼ਾਸਨ ਖ਼ਿਲਾਫ਼ ਜਬਰਦਸਤ ਰੋਸ ਹੈ। ਯੂਨੀਅਨ ਨੇ ਘਟਨਾਂ ਦੀ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ ਹੈ। ਸਫ਼ਾਈ ਸੇਵਕਾਂ ਦੀਆਂ ਮੰਗਾਂ ਨਾ ਮੰਨਣ 'ਤੇ ਸੰਘਰਸ਼ ਨੂੰ ਤੇਜ਼ ਕਰਨ ਦੀ ਚਿਤਾਵਨੀ ਦਿੱਤੀ ਹੈ। ਉਪਰੰਤ ਪ੍ਰਦਰਸ਼ਨਕਾਰੀਆਂ ਨੇ ਬਰਨਾਲਾ ਦੇ ਡੀਐਸਪੀ ਅਤੇ ਐਸਐਚਓ ਦੇ ਪੁਤਲੇ ਫੂਕੇ ਅਤੇ ਨਾਅਰੇਬਾਜੀ ਕੀਤੀ। ਹੋਰਨਾਂ ਤੋਂ ਇਲਾਵਾ ਇਸ ਮੌਕੇ ਚੌਹਾਨ ਲਾਲ, ਬਿਕਰਮ ਸਿੰਘ, ਅਜੇ ਕੁਮਾਰ, ਸੁਨੀਲ ਕੁਮਾਰ, ਦਿਲੀਪ ਕੁਮਾਰ, ਤੇਜਵਿੰਦਰ ਸਿੰਘ, ਰਚਨਾ ਕੁਮਾਰੀ, ਬਲਵਿੰਦਰ ਕੌਰ, ਵਿਪਿਨ ਕੁਮਾਰ ਆਦਿ ਹਾਜ਼ਰ ਸਨ।

# ਜਨਤਕ ਜਥੇਬੰਦੀਆਂ ਵੱਲੋਂ ਵਿਦਿਆਰਥੀਆਂ ਦੀ ਜਿੱਤ ਦਾ ਜਸ਼ਨ ਮਨਾਇਆ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਸੀ ਪੀ ਐਮ ਦੀਆਂ ਜਨਤੱਕ ਜਥੇਬੰਦੀਆਂ ਵਲੋਂ ਮੋਮਬੱਤੀਆਂ ਜਗਾ ਕੇ ਬੰਗਾ ਚੌਕ ਵਿੱਚ ਵਿਦਿਆਰਥੀਆਂ ਦੀ ਜਿੱਤ ਦਾ ਜਸ਼ਨ ਮਨਾਇਆ ਗਿਆ। ਇਸ ਮੌਕੇ ਦਰਸ਼ਨ ਸਿੰਘ ਮੱਟੂ, ਮਹਿੰਦਰ ਕੁਮਾਰ ਬੱਡੋਆਣ, ਸੁਭਾਸ਼ ਮੱਟੂ, ਨੀਲਮ ਬੱਡੋਆਣ, ਕੁਲਵਿੰਦਰ ਸੰਘਾ, ਗੁਰਬਖ਼ਸ਼ ਕੌਰ ਨੇ ਕਿਹਾ ਕਿ ਵਿਦਿਆਰਥੀਆਂ ਨੇ ਸਿਖਿਆ ਨੀਤੀ ਅਤੇ ਪੇਪਰ ਲੀਕ ਵਿਰੁੱਧ ਲਗਾਤਾਰ ਜੰਤਰ ਮੰਤਰ ਤੇ ਘਿਰਾਓ ਕਰਕੇ ਆਪਣੀਆਂ ਮੰਗਾਂ ਨੂੰ ਮਨਵਾਇਆ। ਮੋਦੀ ਸਰਕਾਰ ਦੀ ਹੈਂਕੜ ਨੂੰ ਤੋੜਿਆ। ਜਦੋਂ ਦੀ ਮੋਦੀ ਸ਼ਾਹ ਦੀ ਸਰਕਾਰ ਆਈ ਇਸ ਸਰਕਾਰ ਨੇ ਪਹਿਲਾਂ ਕਿਸਾਨਾਂ ਤੇ ਅਤਿਆਚਾਰ ਕੀਤੇ ਹੁਣ ਵਿਦਿਆਰਥੀਆਂ ਤੇ ਭਿਆਨਕ ਲਾਠੀਚਾਰਜ ਕਰਕੇ ਬੱਚਿਆਂ ਨੂੰ ਫੱਟੜ ਕੀਤਾ। ਇਸ ਮੌਕੇ ਰੋਕੀ ਮੋਇਲਾ, ਰਛਪਾਲ ਕੌਰ, ਜਸਵਿੰਦਰ ਕੌਰ ਬੋੜਾ, ਬਲਵਿੰਦਰ ਕੌਰ, ਹਰੀਸ਼ ਭੱਲਾ, ਦੀਪਕ ਕੁਮਾਰ ਸਾਬਕਾ ਐਮ ਸੀ ਤਰਸੇਮ ਲਾਲ, ਡਾਕਟਰ ਲਖਵਿੰਦਰ ਸਿੰਘ, ਬਲਵੀਰ ਬੋੜਾ, ਬਲਵਿੰਦਰ ਕੁਮਾਰ, ਰਵੀ ਰਲ, ਹੇਮ ਰਾਜ, ਬਲਦੇਵ ਰਾਜ ਨੇ ਵੀ ਸੰਬੋਧਨ ਕੀਤਾ।

# ਮਾਪੇ-ਅਧਿਆਪਕ ਮਿਲਣੀ ਕਰਵਾਈ

**ਸੁਲਤਾਨਪੁਰ ਲੋਧੀ (ਹਨੀ)** ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਕੂਲ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਦੀ ਅਗਵਾਈ 'ਚ ਮਾਪੇ-ਅਧਿਆਪਕ ਮਿਲਣੀ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਮੌਕੇ ਅਧਿਆਪਕਾਂ ਨੇ ਵਿਦਿਆਰਥੀਆਂ ਦੇ ਮਾਪਿਆਂ ਨਾਲ ਬੱਚਿਆਂ ਦੀ ਪੜ੍ਹਾਈ, ਅਨੁਸ਼ਾਸਨ, ਹਾਜ਼ਰੀ ਅਤੇ ਸਮੁੱਚੀ ਪ੍ਰਗਤੀ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ। ਆਉਣ ਵਾਲੀ ਸਤੰਬਰ ਮਹੀਨੇ ਦੀ ਪਹਿਲੀ ਟਰਮ ਪ੍ਰੀਖਿਆ ਨੂੰ ਧਿਆਨ ਵਿੱਚ ਰੱਖਦਿਆਂ ਅਧਿਆਪਕਾਂ ਨੇ ਮਾਪਿਆਂ ਨੂੰ ਪ੍ਰੀਖਿਆ ਦੀ ਤਿਆਰੀ ਬਾਰੇ ਜਾਣੂ ਕਰਵਾਇਆ ਤੇ ਅਪੀਲ ਕੀਤੀ ਕਿ ਉਹ ਘਰ ਵਿੱਚ ਬੱਚਿਆਂ ਲਈ ਪੜ੍ਹਾਈ ਦਾ ਅਨੁਕੂਲ ਮਾਹੌਲ ਬਣਾਉਣ, ਰੋਜ਼ਾਨਾ ਦੁਹਰਾਈ ਕਰਵਾਉਣ, ਸਮੇਂ-ਸਮੇਂ 'ਤੇ ਉਨ੍ਹਾਂ ਦਾ ਹੋਮਵਰਕ ਚੈੱਕ ਕਰਨ ਅਤੇ ਪੜ੍ਹਾਈ ਵਿੱਚ ਉਨ੍ਹਾਂ ਦੀ ਹਰ ਸੰਭਵ ਮਦਦ ਕਰਨ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਅਤੇ ਸਕੂਲ ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਨੇ ਕਿਹਾ ਕਿ ਸਕੂਲ ਤੇ ਮਾਪਿਆਂ ਦੇ ਆਪਸੀ ਸਹਿਯੋਗ ਨਾਲ ਹੀ ਵਿਦਿਆਰਥੀ ਵਧੀਆ ਅਕਾਦਮਿਕ ਪ੍ਰਦਰਸ਼ਨ ਕਰ ਸਕਦੇ ਹਨ।



# ਮਹਿੰਦਰੂ ਪਰਵਾਰ ਵੱਲੋਂ ਸਕੂਲ ਨੂੰ ਖੇਡ ਸਮੱਗਰੀ ਭੇਟ

**ਟਾਂਡਾ ਉੜਮੁੜ (ਮਿਥਲੇਸ਼ ਗਰਗ,ਜਸਵਿੰਦਰ ਸੰਧੂ)**- ਡੀ.ਏ.ਵੀ. ਸੀਨੀਅਰ ਸੈਕੰਡਰੀ ਸਕੂਲ, ਉੜਮੁੜ ਟਾਂਡਾ ਦੇ ਵਿਦਿਆਰਥੀਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਪ੍ਰਭਾ ਰਾਣੀ ਮਹਿੰਦਰੂ (ਪਤਨੀ ਸਵਰਗਵਾਸੀ ਦੌਲਤ ਰਾਮ ਮਹਿੰਦਰੂ), ਮਾਤਾ ਬਲਰਾਜ ਮਹਿੰਦਰੂ ਵੱਲੋਂ ਸਕੂਲ ਲਈ ਖੇਡ ਸਮੱਗਰੀ ਭੇਟ ਕੀਤੀ ਗਈ।ਇਸ ਮੌਕੇ ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਉਹ ਭਵਿੱਖ ਵਿੱਚ ਵੀ ਸਕੂਲ ਦੀਆਂ ਲੋੜਾਂ ਅਨੁਸਾਰ ਸਮੇਂ-ਸਮੇਂ 'ਤੇ ਸਹਿਯੋਗ ਅਤੇ ਯੋਗਦਾਨ ਦਿੰਦੇ ਰਹਿਣਗੇ, ਤਾਂ ਜੋ ਵਿਦਿਆਰਥੀਆਂ ਨੂੰ ਹੋਰ ਵਧੀਆ ਵਿਦਿਅਕ ਅਤੇ ਸਹਿ-ਪਾਠਕ੍ਰਮਕ ਸਹੂਲਤਾਂ ਪ੍ਰਾਪਤ ਹੋ ਸਕਣ।ਖੇਡ ਸਮੱਗਰੀ ਉਨ੍ਹਾਂ ਦੇ ਪੁੱਤਰ ਬਲਰਾਜ ਮਹਿੰਦਰੂ ਵੱਲੋਂ ਸਕੂਲ ਮੈਨੇਜਿੰਗ ਕਮੇਟੀ ਦੇ ਉਪ-ਪ੍ਰਧਾਨ ਸ਼੍ਰੀ ਅਸ਼ੋਕ ਬਹਲ ਨੂੰ ਸੌਂਪੀ ਗਈ।ਸਕੂਲ ਦੇ ਪ੍ਰਿੰਸੀਪਲ ਕੰਵਲਜੀਤ ਸ਼ਰਮਾ ਅਤੇ ਸਮੂਹ ਮੈਨੇਜਮੈਂਟ ਕਮੇਟੀ ਵੱਲੋਂ ਪ੍ਰਭਾ ਰਾਣੀ ਮਹਿੰਦਰੂ ਤੇ ਮਹਿੰਦਰੂ ਪਰਵਾਰ ਦਾ ਇਸ ਨੇਕ ਉਪਰਾਲੇ ਲਈ ਤਹਿ ਦਿਲੋਂ ਧੰਨਵਾਦ ਕੀਤਾ ਗਿਆ।



# ਇਨੋਸੈਂਟ ਹਾਰਟਸ ਵੱਲੋਂ ਸਿੱਖਿਆ ਸੰਮੇਲਨ

## 100 ਤੋਂ ਵੱਧ ਸੀ ਬੀ ਐੱਸ ਈ ਸਕੂਲਾਂ ਦੇ ਪ੍ਰਿੰਸੀਪਲ ਹੋਏ ਸ਼ਾਮਲ

**ਜਲੰਧਰ (ਸ਼ੈਲੀ ਐਲਬਰਟ)**- ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਵੱਲੋਂ ਸੰਚਾਲਿਤ ਅਤੇ ਪ੍ਰਬੰਧਿਤ ਦਿਸ਼ਾ-ਐਨ ਇਨੀਸ਼ੀਏਟਿਵ ਦੇ ਤਹਿਤ ਇੰਨੋਸੈਂਟ ਹਾਰਟਸ ਨੇ ਇੰਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਲੋਹਾਰਾਂ ਕੈਂਪਸ ਵਿੱਚ ਹਾਰਟ, ਮਾਈਂਡ ਐਂਡ ਮਸ਼ੀਨ ਵਿਸ਼ੇ 'ਤੇ ਇੱਕ ਭਵਿਆ ਸਿੱਖਿਆ ਸੰਮੇਲਨ (ਐਜੂਕੇਸ਼ਨ ਕਾਂਕਲੇਵ) ਦਾ ਆਯੋਜਨ ਕੀਤਾ। ਇਸ ਸੰਮੇਲਨ ਵਿੱਚ ਖੇਤਰ ਭਰ ਤੋਂ ਸਿੱਖਿਆਵਿਦ, ਚਿੰਤਕ ਅਤੇ ਪੇਸ਼ੇਵਰ ਇਕੱਠੇ ਹੋਏ ਅਤੇ ਇਸ ਗੱਲ 'ਤੇ ਵਿਚਾਰ-ਵਟਾਂਦਰਾ ਕੀਤਾ ਕਿ ਕਿਸ ਤਰ੍ਹਾਂ ਮਨੁੱਖੀ ਕਦਰਾਂ-ਕੀਮਤਾਂ ਅਤੇ ਬੁੱਧੀਮਾਨ ਨਵੀਨਤਾ ਮਿਲ ਕੇ ਭਵਿੱਖ ਦੀ ਸਿੱਖਿਆ ਦਾ ਨਿਰਮਾਣ ਕਰ ਸਕਦੀਆਂ ਹਨ। ਇੰਨੋਸੈਂਟ ਹਾਰਟਸ ਗਰੁੱਪ ਦੀ ਸੀਐੱਸਆਰ ਡਾਇਰੈਕਟਰ ਡਾ. ਪਲਕ ਗੁਪਤਾ ਬੌਰੀ ਨੇ ਹਾਜ਼ਰ ਸਿੱਖਿਆਵਿਦਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਇੰਨੋਸੈਂਟ ਹਾਰਟਸ ਦੀ ਸੰਸਥਾਪਕ ਸਵਰਗਵਾਸੀ ਕਮਲੇਸ਼ ਬੌਰੀ ਦੇ ਵਿਜ਼ਨ ਨੂੰ ਸਾਂਝਾ ਕੀਤਾ। ਉਨ੍ਹਾਂ ਦੱਸਿਆ ਕਿ ਸੰਸਥਾ ਦੀ ਸਥਾਪਨਾ ਨੈਤਿਕ ਕਦਰਾਂ-ਕੀਮਤਾਂ ਅਤੇ ਸਰਵਪੱਖੀ ਵਿਕਾਸ 'ਤੇ ਆਧਾਰਿਤ ਗੁਣਵੱਤਾਪੂਰਨ ਸਿੱਖਿਆ ਪ੍ਰਦਾਨ ਕਰਨ ਦੇ ਉਦੇਸ਼ ਨਾਲ ਕੀਤੀ ਗਈ ਸੀ। ਸਮਾਗਮ ਦੇ ਮੁੱਖ ਮਹਿਮਾਨ ਸੰਜੇ ਕੁਮਾਰ ਬਿਸ਼ਟ (ਰੀਜਨਲ ਅਫ਼ਸਰ, ਸੀ ਬੀ ਐੱਸ ਈ, ਲੁਧਿਆਣਾ) ਅਤੇ ਸੰਦੀਪ ਰਾਜਪਾਲ (ਪ੍ਰਿੰਸੀਪਲ ਪ੍ਰਾਈਵੇਟ ਸੈਕਟਰੀ) ਨੇ ਆਪਣੀ ਹਾਜ਼ਰੀ ਨਾਲ ਸਮਾਗਮ ਦੀ ਸ਼ੋਭਾ ਵਧਾਈ। ਮੁੱਖ ਮਹਿਮਾਨਾਂ ਅਤੇ ਐਡਵਾਈਜ਼ਰੀ ਪੈਨਲ ਦੇ ਮੈਂਬਰਾਂ ਦੀਪਾ ਡੋਗਰਾ (ਡਾਇਰੈਕਟਰ, ਕੈਂਬਰਿਜ ਸਕੂਲ), ਡਾ. ਵੰਦਨਾ ਸ਼ਾਹੀ (ਪ੍ਰਿੰਸੀਪਲ, ਬੀ ਸੀ ਐਮ ਲੁਧਿਆਣਾ), ਡਾ. ਹਰਮੀਤ ਬੜੈਚ (ਸਿਟੀ ਕੋਆਰਡੀਨੇਟਰ, ਲੁਧਿਆਣਾ), ਡਾ. ਵਿਨੋਦਿਤਾ ਸੰਖਿਆਨ (ਪ੍ਰਿੰਸੀਪਲ, ਰਾਮ ਆਸ਼ਰਮ ਪਬਲਿਕ ਸਕੂਲ, ਅੰਮ੍ਰਿਤਸਰ), ਪਰਮਜੀਤ ਕੌਰ ਢਿੱਲੋਂ (ਡਾਇਰੈਕਟਰ, ਕਮਲਾ ਨਹਿਰੂ ਸਕੂਲ, ਫਗਵਾੜਾ) ਅਤੇ ਯੋਗੇਸ਼ ਗੰਭੀਰ (ਪ੍ਰਿੰਸੀਪਲ, ਡੀਏਵੀ ਫਲੌਰ ਅਤੇ ਪੁਲਿਸ ਡੀਏਵੀ, ਜਲੰਧਰ) ਵੱਲੋਂ ਰਵਾਇਤੀ ਤੌਰ 'ਤੇ ਦੀਪ ਪ੍ਰਜਵਲਿਤ ਕਰਕੇ ਸਮਾਗਮ ਦਾ ਸ਼ੁਭ ਆਰੰਭ ਕੀਤਾ ਗਿਆ।ਇਸ ਤੋਂ ਬਾਅਦ 'ਵਿਕਸਿਤ ਭਾਰਤ-2047' ਥੀਮ 'ਤੇ ਆਧਾਰਿਤ ਇੱਕ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਸਮਰੱਥ ਅਤੇ ਵਿਕਸਿਤ ਭਾਰਤ ਦੀ ਝਲਕ ਪੇਸ਼ ਕੀਤੀ ਗਈ। ਆਪਣੇ ਸੰਬੋਧਨ ਦੌਰਾਨ ਮੁੱਖ ਮਹਿਮਾਨ ਨੇ ਅਧਿਆਪਕਾਂ ਨੂੰ ਸਿੱਖਿਆ ਦੀ ਗੁਣਵੱਤਾ ਨੂੰ ਹੋਰ ਉੱਚਾ ਚੁੱਕਣ ਲਈ ਪ੍ਰੇਰਿਤ ਕੀਤਾ।




# ਲੋੜਵੰਦਾਂ ਨੂੰ ਮੁਫ਼ਤ ਸੁਣਨ ਵਾਲੀਆਂ ਮਸ਼ੀਨਾਂ ਵੰਡਣ ਸੰਬੰਧੀ ਅਰਜ਼ੀਆਂ ਦੀ ਮੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮਾਣਯੋਗ ਡਿਪਟੀ ਕਮਿਸ਼ਨਰ-ਕਮ- ਪ੍ਰਧਾਨ, ਜਿਲ੍ਹਾ ਰੈੱਡ ਕਰਾਸ ਸੁਸਾਇਟੀ, ਹੁਸ਼ਿਆਰਪੁਰ ਸ਼੍ਰੀਮਤੀ ਆਸ਼ਿਕਾ ਜੈਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਰੈੱਡ ਕਰਾਸ ਸੁਸਾਇਟੀ, ਵੱਲੋਂ ਅਲਿਮਕੋ, ਮੋਹਾਲੀ ਦੇ ਸਹਿਯੋਗ ਨਾਲ ਇੱਕ ਮੁਫ਼ਤ ਸੁਣਨ ਵਾਲੀਆਂ ਮਸ਼ੀਨਾ ਦੀ ਵੰਡ ਸਬੰਧੀ ਮੈਗਾ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਵਿੱਚ ਸੁਣਨ ਦੀ ਸ਼ਕਤੀ ਘੱਟ ਹੋਣ ਕਾਰਨ ਰੋਜ਼ਾਨਾ ਜੀਵਨ ਵਿੱਚ ਦਿੱਕਤਾਂ ਦਾ ਸਾਹਮਣਾ ਕਰ ਰਹੇ ਮਰੀਜ਼ਾਂ ਨੂੰ ਮੁਫਤ ਸੁਣਨ ਵਾਲੀਆਂ ਮਸ਼ੀਨਾਂ ਵੰਡੀਆਂ ਜਾਣਗੀਆਂ। ਸਕੱਤਰ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਮੰਗੇਸ਼ ਸੂਦ ਨੇ ਦੱਸਿਆ ਕਿ ਕੈਂਪ ਦਾ ਲਾਭ ਉਠਾਉਣ ਲਈ ਚਾਹਵਾਨ ਅਤੇ ਯੋਗ ਲਾਭਪਾਤਰੀ ਕਿਸੇ ਵੀ ਕੰਮਕਾਜੀ ਦਿਨ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਰੈੱਡ ਕਰਾਸ ਦਫ਼ਤਰ ਵਿਖੇ ਨਿੱਜੀ ਤੌਰ 'ਤੇ ਪਹੁੰਚ ਕੇ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ ਜਾਂ ਦਿੱਤੇ ਗਏ ਫ਼ੋਨ ਨੰਬਰ 81462 41296 'ਤੇ ਸੰਪਰਕ ਕਰਕੇ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਰਜਿਸਟ੍ਰੇਸ਼ਨ ਕਰਵਾਉਣ ਦੀ ਆਖਰੀ ਮਿਤੀ 31 ਜੁਲਾਈ 2026 ਹੈ। ਬਿਨੈਕਾਰਾਂ ਨੂੰ ਆਪਣੀ ਬੇਨਤੀ ਅਰਜ਼ੀ ਦੇ ਨਾਲ ਆਧਾਰ ਕਾਰਡ ਜਮ੍ਹਾਂ ਕਰਵਾਉਣਾ ਹੋਵੇਗਾ ਅਤੇ ਜੇਕਰ ਉਨ੍ਹਾਂ ਕੋਲ ਆਪਣਾ ਕੋਈ ਤਾਜ਼ਾ ਮੈਡੀਕਲ ਸਰਟੀਫਿਕੇਟ ਹੈ, ਤਾਂ ਉਹ ਉਸ ਨੂੰ ਵੀ ਨਾਲ ਲਿਆ ਸਕਦੇ ਹਨ।

# ਕਾਰਗਿਲ ਵਿਜੇ ਦਿਵਸ ਮੌਕੇ ਸ਼ਹੀਦਾਂ ਨੂੰ ਸ਼ਰਧਾਂਜਲੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**- ਪੰਜਾਬ ਡਿਫੈਂਸ ਵੈਟਰਨਜ਼ ਆਰਗੇਨਾਈਜ਼ੇਸ਼ਨ ਦੇ ਪ੍ਰਧਾਨ ਵੈਟਰਨ ਜਤਿੰਦਰ ਸਿੰਘ ਰਾਣਾ, (ਬੱਡਲਾ) ਨੇ ਜੰਗੀ ਯਾਦਗਾਰ ਹੁਸ਼ਿਆਰਪੁਰ ਵਿਖੇ ਕਾਰਗਿਲ ਵਿਜੇ ਦਿਵਸ ਦੇ ਮੌਕੇ 'ਤੇ ਡਿਫੈਂਸ ਵੈਟਰਨਜ਼ ਆਰਗੇਨਾਈਜ਼ੇਸ਼ਨ ਵੱਲੋਂ ਕਾਰਗਿਲ ਯੁੱਧ (1999) ਦੌਰਾਨ ਦੇਸ਼ ਦੀ ਰੱਖਿਆ ਕਰਦੇ ਹੋਏ ਸਰਵੱਚ ਬਲਿਦਾਨ ਦੇਣ ਵਾਲੇ ਵੀਰ ਸ਼ਹੀਦਾਂ ਨੂੰ ਭਾਵ ਭਿੰਨੀ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਡੀ.ਵੀ.ਓ. ਦੇ ਮੈਂਬਰਾਂ ਨੇ ਸ਼ਹੀਦਾਂ ਦੀ ਯਾਦ ਵਿੱਚ ਪੁਸ਼ਪ ਚੱਕਰ ਅਰਪਿਤ ਕੀਤਾ ਅਤੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਉਨ੍ਹਾਂ ਦੀ ਅਦੁੱਤੀ ਬਹਾਦਰੀ, ਦੇਸ਼-ਪ੍ਰੇਮ ਅਤੇ ਫ਼ਰਜ਼ ਪ੍ਰਤੀ ਅਟੁੱਟ ਸਮਰਪਣ ਨੂੰ ਨਮਨ ਕੀਤਾ। ਸੰਸਥਾ ਦੇ ਨੁਮਾਇੰਦਿਆਂ ਨੇ ਕਿਹਾ ਕਿ ਕਾਰਗਿਲ ਦੇ ਸ਼ਹੀਦਾਂ ਦਾ ਬਲਿਦਾਨ ਸਦਾ ਦੇਸ਼ਵਾਸੀਆਂ ਲਈ ਪ੍ਰੇਰਣਾ ਦਾ ਸਰੋਤ ਰਹੇਗਾ। ਉਨ੍ਹਾਂ ਨੇ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਕਿ ਉਹ ਦੇਸ਼ਭਗਤੀ, ਅਨੁਸ਼ਾਸਨ ਅਤੇ ਨਿਸ਼ਕਾਮ ਸੇਵਾ ਦੀ ਭਾਵਨਾ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਸੁਰੱਖਿਆ ਲਈ ਹਮੇਸ਼ਾ ਸਮਰਪਿਤ ਰਹਿਣ।

ਸਮਾਗਮ ਦੇ ਅੰਤ ਵਿੱਚ ਸਮੂਹ ਹਾਜ਼ਰੀਨਾਂ ਨੇ ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਸਿਰਜਣ ਅਤੇ ਦੇਸ਼ ਦੀ ਸੇਵਾਲਈ ਸਦਾ ਤਤਪਰ ਰਹਿਣ ਦਾ ਸੰਕਲਪ ਲਿਆ। ਇਸ ਮੌਕੇ ਸੰਸਥਾ ਦੇ ਮੈਂਬਰ ਵੈਟਰਨ ਅਵਤਾਰ ਸਿੰਘ ਭਟਰਾਣਾ, ਵੈਟਰਨ ਕਮਲ ਜੀਤ ਸਿੰਘ ਬੁੱਡਲਾ,ਵੈਟਰਨ ਪਰਮਜੀਤ ਸਿੰਘ ਖਨੌੜਾ, ਵੈਟਰਨ ਰਾਮ ਲੁਭਾਇਆ, ਅਜੜਾਮ, ਵੈਟਰਨ ਸੁਰਜੀਤ ਸਿੰਘ ਬੋਹਣ, ਵੈਟਰਨ ਮਹਿੰਦਰ ਸਿੰਘ ਜੱਟਪੁਰ, ਵੈਟਰਨ ਨੰਦ ਸਿੰਘ ਸੀਣਾ ਅਤੇ ਵੈਟਰਨ ਅਮਰਜੀਤ ਸਿੰਘ ਪੱਟੀ ਆਦਿ ਹਾਜ਼ਰ ਸਨ।



# ਵਿਦਿਆਰਥੀਆਂ ਨੂੰ ਬੈਗ ਵੰਡੇ

**ਅਲਾਵਲਪੁਰ, (ਬੰਗੜ)**- ਪੰਜਾਬ ਸਰਕਾਰ ਵੱਲੋਂ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਦੋਲੀਕੇ ਦੂਹੜੇ (ਜ਼ਿਲ੍ਹਾ ਜਲੰਧਰ) ਵਿਖੇ 11ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਕੂਲੀ ਬੈਗ ਵੰਡਣ ਲਈ ਵਿਸ਼ੇਸ਼ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਮੁਫ਼ਤ ਬੈਗ ਵੰਡੇ ਗਏ ਅਤੇ ਉਨ੍ਹਾਂ ਨੂੰ ਮਨ ਲਾ ਕੇ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ ਗਿਆ। ਸਮਾਗਮ ਵਿੱਚ ਮੁੱਖ ਤੌਰ 'ਤੇ ਕਮਲਜੀਤ ਸਿੰਘ ਸਲਾਲਾ (ਚੇਅਰਮੈਨ, ਬਲਾਕ ਸੰਮਤੀ ਆਦਮਪੁਰ), ਸੁਖਜੀਤ ਸਿੰਘ ਸਰਪੰਚ ਅਤੇ ਸੋਸ਼ਲ ਮੀਡੀਆ ਕੋਆਰਡੀਨੇਟਰ, ਬੂਟਾ ਸਿੰਘ ਟੀਟੂ (ਚੇਅਰਮੈਨ, ਦਲਿਤ ਵਿਕਾਸ ਬੋਰਡ), ਰਵਿੰਦਰ ਸਿੰਘ (ਸੋਸ਼ਲ ਮੀਡੀਆ ਕੋਆਰਡੀਨੇਟਰ), ਤਰਲੋਚਨ ਕੁਮਾਰ (ਸਰਪੰਚ ਦੋਲੀਕੇ), ਸਮੂਹ ਪੰਚਾਇਤ ਮੈਂਬਰ, ਨਰਿੰਦਰ ਕੌਰ (ਐੱਸ.ਐੱਮ.ਸੀ. ਕਮੇਟੀ ਚੇਅਰਪਰਸਨ) ਅਤੇ ਸਮੂਹ ਕਮੇਟੀ ਮੈਂਬਰ ਹਾਜ਼ਰ ਸਨ। ਇਸ ਮੌਕੇ ਸਕੂਲ ਇੰਚਾਰਜ ਹਰੀਦਰਸ਼ਨ ਸਿੰਘ ਅਤੇ ਸਮੂਹ ਸਟਾਫ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ। ਬੁਲਾਰਿਆਂ ਨੇ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਉਨ੍ਹਾਂ ਦੀ ਪੜ੍ਹਾਈ ਨੂੰ ਹੋਰ ਉਤਸ਼ਾਹਿਤ ਕਰਨਗੀਆਂ। ਸਮਾਰੋਹ ਦੌਰਾਨ ਵਿਦਿਆਰਥੀਆਂ ਨੇ ਵੀ ਸਰਕਾਰ ਦਾ ਧੰਨਵਾਦ ਪ੍ਰਗਟਾਇਆ।



# ਮਾਨਵ ਸੇਵਾ ਸੰਘ ਵੱਲੋਂ ਲਗਾਇਆ ਭੰਡਾਰਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਮਾਜ ਸੇਵਾ ਦੀ ਦਿਸ਼ਾ ਵਿੱਚ ਨਿਰੰਤਰ ਕਾਰਜਸ਼ੀਲ ਸੰਸਥਾ 'ਮਾਨਵ ਸੇਵਾ ਸੰਘ (ਇੱਕ ਛੋਟੀ ਜਿਹੀ ਪਹਿਲ)' ਵੱਲੋਂ ਆਪਣੀ ਮਹੀਨਾਵਾਰ ਸੇਵਾ ਦੇ ਤਹਿਤ ਰਾਮ ਤਲਾਈ ਬੱਸ ਸਟੈਂਡ, ਡੇਰਾਬੱਸੀ ਵਿਖੇ ਵਿਸ਼ਾਲ ਭੰਡਾਰੇ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਲਗਭਗ 2500 ਤੋਂ ਵੱਧ ਲੋੜਵੰਦਾਂ ਨੂੰ ਸੰਗਠਨ ਵੱਲੋਂ ਕੜ੍ਹੀ-ਚੌਲ ਅਤੇ ਹਲਵੇ ਦਾ ਪ੍ਰਸ਼ਾਦ ਵਰਤਾਇਆ ਗਿਆ। ਇਸ ਤੋਂ ਇਲਾਵਾ 'ਇੱਕ ਪੇੜ ਮਾਂ ਦੇ ਨਾਂਅ' ਮੁਹਿੰਮ ਤਹਿਤ ਵਾਤਾਵਰਣ ਦੀ ਸੰਭਾਲ ਲਈ ਬੇਲਪੱਤਰ, ਜਾਮਣ, ਨਿੰਮ, ਅਸ਼ੋਕ, ਅਮਰੂਦ ਅਤੇ ਔਂਵਲੇ ਦੇ ਪੌਦੇ ਵੀ ਸੰਗਤਾਂ ਨੂੰ ਵੰਡੇ ਗਏ।

ਇਸ ਮੌਕੇ ਡੇਰਾਬੱਸੀ ਦੇ ਪ੍ਰਮੁੱਖ ਸਮਾਜ ਸੇਵਕਾਂ ਤੋਂ ਇਲਾਵਾ ਨਗਰ ਕੌਂਸਲ ਪ੍ਰਧਾਨ ਨੇ ਵੀ ਖਾਸ ਤੌਰ 'ਤੇ ਸ਼ਿਰਕਤ ਕੀਤੀ ਅਤੇ ਸੰਸਥਾ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ?ਸੰਸਥਾ ਦੇ ਸੰਚਾਲਕ ਭੁਵਨੇਸ਼ ਚੌਹਾਨ ਨੇ ਦੱਸਿਆ ਕਿ ਮਾਨਵ ਸੇਵਾ ਸੰਘ ਦੇ ਸਾਰੇ ਮੈਂਬਰ ਫਾਰਮਾ ਸੈਕਟਰ (ਦਵਾਈ ਕੰਪਨੀਆਂ) ਨਾਲ ਜੁੜੇ ਹੋਏ ਹਨ ਅਤੇ ਉਹ ਆਪਣੇ ਸਮਾਜਿਕ ਜੀਵਨ ਦੇ ਨਾਲ-ਨਾਲ 'ਨਰ ਸੇਵਾ ਹੀ ਨਾਰਾਇਣ ਸੇਵਾ' ਦੇ ਉਦੇਸ਼ ਨੂੰ ਮੁੱਖ ਰੱਖ ਕੇ ਨਿਸ਼ਕਾਮ ਭਾਵ ਨਾਲ ਸਮਾਜ ਸੇਵਾ ਕਰ ਰਹੇ ਹਨ।

ਇਸ ਮੌਕੇ ਸੁਰਿੰਦਰ ਸ਼ਰਮਾ, ਜਿਤਿੰਦਰ ਮਿਸ਼ਰਾ, ਰਮਨ ਕੌਸ਼ਲ, ਨਿਤਿਨ ਜੈਨ, ਪਰਵਿੰਦਰ ਰਾਣਾ, ਜਨਕ ਕੁਮਾਰ, ਸੁਧੀਰ ਸੇਠੀ, ਮਿਥਿਲੇਸ਼ ਦ੍ਵਿਵੇਦੀ, ਅਜੇ ਕੁਮਾਰ, ਮੋਨੀ ਧੀਮਾਨ, ਰਾਜੇਸ਼ ਮਧਵਾਲ, ਮੰਜੂ ਸ਼ਰਮਾ, ਦੇਵਰਾਜ, ਅਵਨੀਸ਼ ਕੁਮਾਰ, ਨਿਤੇਸ਼ ਕੁਮਾਰ, ਮ੍ਰਿਗੇਸ਼ਵਰ ਰਾਜਪੂਤ, ਸੰਜੀਵ ਕੌਸ਼ਿਕ, ਗਿਰਧਰ ਬਣਵਾਲ, ਬਿਸ਼ਨ ਚੰਦ, ਸੰਜੀਵ ਕੁਮਾਰ, ਵਿਸ਼ੰਬਰ ਦਾਸ, ਰਾਜੇਸ਼ ਸ਼ੁਕਲਾ, ਵਿਜੇ ਕੁਮਾਰ ਦੂਬੇ, ਅੰਕਿਤ ਕੁਮਾਰ, ਵਾਸੁਦੇਵ, ਵਿਕਲਪ ਆਦਿ ਸਮੇਤ ਸੰਘ ਦੇ ਅਨੇਕਾਂ ਮੈਂਬਰ ਹਾਜ਼ਰ ਸਨ।



# ਪ੍ਰਵਾਸੀ ਮਜ਼ਦੂਰਾਂ ਦੀ ਸਮੱਸਿਆ ਨੂੰ ਲੈ ਕੇ ਆਮ ਅਜਲਾਸ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਇਤਿਹਾਸਿਕ ਨਗਰ ਮੂਨਕ ਖੁਰਦ ਵਿਖੇ ਪਿੰਡ ਵਾਸੀਆਂ ਤੇ ਗ੍ਰਾਮ ਪੰਚਾਇਤ ਦਾ ਆਮ ਇਜਲਾਸ ਹੋਇਆ ਜਿਸ ਦੌਰਾਨ ਪਿੰਡ ਵਿੱਚ ਵਧ ਰਹੀ ਪ੍ਰਵਾਸੀ ਮਜ਼ਦੂਰਾਂ ਦੀ ਗਿਣਤੀ ਉਪਰ ਰੋਕ ਲਗਾਉਣ ਲਈ ਸਰਬ ਸੰਮਤੀ ਨਾਲ ਮਤਾ ਪਾਸ ਕੀਤਾ ਗਿਆ। ਇਸ ਆਮ ਇਜਲਾਸ ਦੌਰਾਨ ਗ੍ਰਾਮ ਪੰਚਾਇਤ ਤੋਂ ਇਲਾਵਾ ਪਿੰਡ ਦੇ ਮੋਹਤਬਰ ਸਾਬਕਾ ਸਰਪੰਚਾਂ ਨੰਬਰਦਾਰਾਂ ਤੇ ਸਮਾਜ ਸੇਵੀ ਵਿਅਕਤੀਆਂ ਨੇ ਭਾਗ ਲਿਆ। ਇਸ ਮੌਕੇ ਗ੍ਰਾਮ ਪੰਚਾਇਤ ਵੱਲੋਂ ਪਿੰਡ ਦੇ ਮੋਹਤਵਰ ਪਤਵੰਤੇ ਵਿਅਕਤੀਆਂ ਨਾਲ ਵਿਚਾਰ ਵਟਾਂਦਰਾ ਕਰਨ ਉਪਰੰਤ ਪਿੰਡ ਵਿੱਚ ਪ੍ਰਵਾਸੀ ਮਜ਼ਦੂਰਾਂ ਦੀ ਵਧ ਰਹੀ ਗਿਣਤੀ ਅਤੇ ਪ੍ਰਵਾਸੀ ਮਜ਼ਦੂਰਾਂ ਵੱਲੋਂ ਪਿੰਡ ਵਿੱਚ ਪੱਕੇ ਤੌਰ ਤੇ ਮਕਾਨ ਖਰੀਦ ਕੇ ਰਹਿਣ ਤੇ ਰੋਕ ਲਗਾਉਣ ਲਈ ਮਤਾ ਪਾਸ ਕੀਤਾ ਗਿਆ।ਇਸ ਸਮੇਂ ਸਰਪੰਚ ਮਨਪ੍ਰੀਤ ਕੌਰ, ਸਾਬਕਾ ਸਰਪੰਚ ਸ਼ਾਮ ਸਿੰਘ, ਨੰਬਰਦਾਰ ਦਰਬਾਰਾ ਸਿੰਘ, ਪੰਚ ਸਰਬਜੀਤ ਸਿੰਘ ਮੋਮੀ, ਨੰਬਰਦਾਰ ਗੁਰਿੰਦਰ ਸਿੰਘ, ਪੰਚ ਰਾਜਵਿੰਦਰ ਕੌਰ, ਪੰਚ ਹਰਪ੍ਰੀਤ ਸਿੰਘ, ਪੰਚ ਸਵਰਨ ਕੌਰ, ਸਮਾਜ ਸੇਵੀ ਸੁਰਜੀਤ ਸਿੰਘ ਭਾਰਦਵਾਜ, ਸਮਾਜ ਸੇਵੀ ਕਮਲਜੀਤ ਸਿੰਘ, ਅਮਰੀਕ ਸਿੰਘ ਸੈਣੀ ਨੇ ਦੱਸਿਆ ਕਿ ਦੇਖਣ ਵਿੱਚ ਆਇਆ ਹੈ ਕਿ ਪਿੰਡ ਵਿੱਚ ਪਰਵਾਸੀ ਮਜ਼ਦੂਰਾਂ ਵੱਲੋਂ ਮਕਾਨ ਖਰੀਦ ਕੇ ਪੱਕੇ ਤੌਰ ਤੇ ਰਿਹਾਇਸ਼ ਬਣਾਈ ਜਾ ਰਹੀ ਹੈ ਪ੍ਰੰਤੂ ਅਪਰਾਧਕ ਪਿਛੋਕੜ ਨਾਲ ਸੰਬੰਧਿਤ ਪ੍ਰਵਾਸੀ ਮਜ਼ਦੂਰਾਂ ਨੂੰ ਪਿੰਡ ਦੀ ਸੁਰੱਖਿਆ ਦੇ ਮੱਦੇਨਜ਼ਰ ਅਜਿਹਾ ਨਹੀਂ ਕਰਨ ਦਿੱਤਾ ਜਾਵੇਗਾ ਅਤੇ ਇਸ ਸੰਬੰਧੀ ਪੱਕੇ ਤੌਰ ਤੇ ਰੋਕ ਲਗਾਉਣ ਲਈ ਗ੍ਰਾਮ ਪੰਚਾਇਤ ਤੇ ਪਿੰਡ ਦੇ ਪਤਵੰਤੇ ਵਿਅਕਤੀਆਂ ਵੱਲੋਂ ਉਪ ਮੰਡਲ ਮੈਜਿਸਟਰੇਟ ਟਾਂਡਾ ਨੂੰ ਮੰਗ ਪੱਤਰ ਦੇ ਕੇ ਪਰਵਾਸੀ ਮਜ਼ਦੂਰਾਂ ਤੇ ਤੇ ਕਾਰਵਾਈ ਕਰਨ ਅਤੇ ਇਸ ਵਿੱਚ ਸਹਿਯੋਗ ਕਰਨ ਵਾਲਿਆਂ ਤੇ ਵੀ ਕਾਰਵਾਈ ਕਰਨ ਦੀ ਮੰਗ ਕੀਤੀ ਜਾਵੇਗੀ। ਇਸ ਮੀਟਿੰਗ ਵਿੱਚ ਰਵਿੰਦਰ ਸਿੰਘ ਕਾਕਾ,ਨਿਰੰਕਾਰ ਸਿੰਘ ਮਿੰਟੂ, ਰਵਿੰਦਰ ਸਿੰਘ ਲਾਡੀ, ਜਸਵੀਰ ਸਿੰਘ ਗਿਟਕੀ, ਰਾਜਾ ਸਿੰਘ, ਪ੍ਰਗਨ ਸਿੰਘ ਬਾਊ, ਪਰਮਜੀਤ ਸਿੰਘ ਪੰਮਾ, ਗੁਰਦੀਪ ਸਿੰਘ, ਹਰਭਜਨ ਸਿੰਘ ਫੌਜੀ, ਮਨਜੀਤ ਸਿੰਘ ਬਬਲੂ, ਹਿੰਮਤ ਭਾਰਦਵਾਜ ਆਦਿ ਹਾਜ਼ਰ ਸਨ।



# ਰੋਟਰੀ ਕਲੱਬ ਨੇ ਵਣ ਮਹਾਂਉਤਸਵ ਉਤਸਵ ਮਨਾਇਆ




**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਰੋਟਰੀ ਕਲੱਬ ਮੋਰਿੰਡਾ ਵਲੋਂ ਮਾਤਾ ਪ੍ਰਸਿੰਨੀ ਦੇਵੀ ਸਕੂਲ ਵਿਖੇ ਵਣ ਮਹਾਂਉਤਸਵ ਮਨਾਇਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡਾਕਟਰ ਨਿਰਮਲ ਕੁਮਾਰ ਧੀਮਾਨ ਨੇ ਦੱਸਿਆ ਕਿ ਇਸ ਸਮੇਂ ਫ਼ਲਦਾਰ ਅਤੇ ਛਾਂਦਾਰ ਬੂਟੇ ਲਗਾਏ ਗਏ। ਕਲੱਬ ਵਲੋਂ 250 ਬੂਟੇ ਲਗਾਉਣ ਦਾ ਟੀਚਾ ਮਿਥੀਆਂ ਗਿਆ। ਇਸ ਮੌਕੇ ਕਰਨਲ ਮਲਕੀਤ ਸਿੰਘ ਵਲੋਂ ਹਰ ਇੱਕ ਮਨੁੱਖ ਨੂੰ ਇੱਕ ਬੂਟਾ ਲਗਾਉਣ ਅਤੇ ਉਸ ਦੀ ਸਾਂਭ ਸੰਭਾਲ ਕਰਨ ਦੀ ਜਿੰਮੇਵਾਰੀ ਲੈਣ ਦੀ ਪ੍ਰੇਰਨਾ ਦਿੱਤੀ ਗਈ ਤਾਂ ਜੋ ਵਾਤਾਵਰਨ ਸ਼ੁੱਧ ਹੋ ਸਕੇ, ਪੰਛੀਆਂ ਲਈ ਰੈਣ ਬਸੇਰੇ ਬਣ ਸਕਣ ਤੇ ਆਲਮੀ ਤਪਸ਼ ਘਟ ਸਕੇ।ਇਸ ਮੌਕੇ ਸਕੂਲ ਦੇ ਮੈਨੇਜਰ ਰਮਨ ਕੌਲ, ਪ੍ਰਧਾਨ ਧਰਮਵੀਰ ਸੈਣੀ, ਪ੍ਰਿੰਸੀਪਲ ਪੁਨੀਤ ਧੀਮਾਨ, ਰੋਟਰੀ ਕਲੱਬ ਦੇ ਪ੍ਰਧਾਨ ਰਜਨੀਸ਼ ਭਾਟੀਆ, ਸਕੱਤਰ ਮਨਜੀਤ ਭਾਟੀਆ, ਅਵਤਾਰ ਸਿੰਘ ਅਤੇ ਦਵਿੰਦਰ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਡਾ ਨਿਰਮਲ ਕੁਮਾਰ ਧੀਮਾਨ ਨੇ ਦੱਸਿਆ ਅਗਲੇ ਪੜ੍ਹਾਅ ਵਿੱਚ ਆਰਮੀ ਗਰਾਉਂਡ ਮੋਰਿੰਡਾ ਵਿਖੇ ਬੂਟੇ ਲਗਾਏ ਜਾਣਗੇ।

# ਅਮਰਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਨਿਯੁਕਤ

**ਜਲੰਧਰ (ਸੁਰਿੰਦਰ ਕੁਮਾਰ)**-ਜਲੰਧਰ ਵਿੱਚ ਵਿਸ਼ੇਸ਼ ਤੌਰ ਤੇ ਪੁਹੰਚੇ ਕਾਂਗਰਸ ਸੇਵਾਂ ਦਲ ਦੇ ਪੰਜਾਬ ਪ੍ਰਧਾਨ ਸ਼ੁਭਾਸ਼ ਭਾਗਵਤ ਨੇ ਜਲੰਧਰ ਜਿਲ੍ਹੇ ਦੇ ਅਹੁਦੇਦਾਰਾ ਨਾਲ ਵਿੱਚ ਵਿਸੇਸ਼ ਬੈਠਕ ਕੀਤੀ ਤੇ ਪੰਜਾਬ ਵਿੱਚ ਆਉਣ ਵਾਲੀਆ 2027 ਦੀਆ ਵਿਧਾਨ ਸਭਾ ਚੋਣਾਂ ਤੇ ਜ਼ਿਲ੍ਹਾ ਜੋਨ ਦੇ ਪ੍ਰਧਾਨਾ ਨਾਲ ਅਪਣਾਈ ਜਾਣ ਵਾਲੀ ਰਣਨੀਤੀ ਦੇ ਸੰਬੰਧ ਵਿੱਚ ਵਿਚਾਰ ਚਰਚਾ ਕੀਤੀ। ਇਸ ਮੌਕੇ ਤੇ ਜੰਤਿਦਰ ਸਿੰਘ ਮਾਰਸ਼ਲ ਵਾਇਸ ਪ੍ਰਧਾਨ ਪੰਜਾਬ ਕਾਗਰਸ ਸੇਵਾਂ ਦਲ ਗੁਰਦੀਪ ਸਿੰਘ ਅਹਿਦੀਆ ਬਲਾਕ ਪ੍ਰਧਾਨ ਅਮ੍ਰਿਤਸਰ ਵੀ ਵਿਸ਼ੇਸ਼ ਤੋਰ 'ਤੇ ਪੁਹੰਚੇ। ਪੰਜਾਬ ਕਾਂਗਰਸ ਸੇਵਾਂ ਦਲ ਦੇ ਪੰਜਾਬ ਪ੍ਰਧਾਨ ਸ਼ੁਭਾਸ਼ ਭਾਗਵਤ ਨੇ ਅਮਰਜੀਤ ਸਿੰਘ ਨੂੰ ਜਲੰਧਰ ਦਾ ਜਿਲ੍ਹਾ ਪ੍ਰਧਾਨ ਨਿਯੁਕਤ ਕੀਤਾ।

# ਗੁਰਸ਼ਰਨ ਸਿੰਘ ਬਣੇ ਯੂਥ ਵਿੰਗ ਜ਼ਿਲ੍ਹਾ ਕਪੂਰਥਲਾ ਦੇ ਮੀਤ ਪ੍ਰਧਾਨ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਆਮ ਆਦਮੀ ਪਾਰਟੀ ਵਲੋਂ ਫਗਵਾੜਾ ਦੇ ਨੌਜਵਾਨ ਤੇ ਮਿਹਨਤੀ ਪਾਰਟੀ ਵਰਕਰ ਗੁਰਸ਼ਰਨ ਸਿੰਘ ਸਪੁੱਤਰ ਯਾਦਵਿੰਦਰ ਸਿੰਘ ਸੋਢੀ ਨੂੰ ਯੂਥ ਵਿੰਗ ਜ਼ਿਲ੍ਹਾ ਕਪੂਰਥਲਾ ਦਾ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਪਾਰਟੀ ਹਾਈਕਮਾਂਡ ਵੱਲੋਂ ਮਿਲੀ ਜਿੰਮੇਵਾਰੀ ਨੂੰ ਲੈ ਕੇ ਗੁਰਸ਼ਰਨ ਸਿੰਘ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਅਤੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਤੋਂ ਇਲਾਵਾ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ ਇੰਚਾਰਜ ਹਲਕਾ ਫਗਵਾੜਾ ਅਤੇ ਯੂਥ ਵਿੰਗ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਪਰਮਿੰਦਰ ਸਿੰਘ ਗੋਲਡੀ ਸਮੇਤ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਪ੍ਰਗਟਾਇਆ। ਉਨ੍ਹਾਂ ਨੇ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ 'ਤੇ ਜੋ ਭਰੋਸਾ ਪ੍ਰਗਟਾਇਆ ਗਿਆ ਹੈ, ਉਹ ਉਸ 'ਤੇ ਪੂਰੀ ਤਰ੍ਹਾਂ ਖਰਾ ਉਤਰਨ ਦੀ ਕੋਸ਼ਿਸ਼ ਕਰਨਗੇ। ਨਵ ਨਿਯੁਕਤ ਜਿਲ੍ਹਾ ਮੀਤ ਪ੍ਰਧਾਨ ਨੇ ਭਰੋਸਾ ਦਿੱਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਲੋਕ ਭਲਾਈ ਯੋਜਨਾਵਾਂ ਦਾ ਲਾਭ ਹਰ ਲੋੜਵੰਦ ਤਕ ਪਹੁੰਚਾਉਣਾ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਗੁਰਸ਼ਰਨ ਸਿੰਘ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁੱਭ ਇੱਛਾਵਾਂ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਪਾਰਟੀ ਦੀਆਂ ਉਮੀਦਾਂ 'ਤੇ ਖਰੇ ਉਤਰਨਗੇ ਅਤੇ ਯੂਥ ਵਿੰਗ ਨੂੰ ਜ਼ਿਲ੍ਹੇ ਵਿੱਚ ਹੋਰ ਮਜ਼ਬੂਤੀ ਪ੍ਰਦਾਨ ਕਰਨਗੇ।



# ਸਾਲਾਨਾ ਇਨਾਮ ਵੰਡ ਸਮਾਰੋਹ ਸੰਪੰਨ

**ਬਲਾਚੌਰ (ਜਸਵਿੰਦਰ ਬੈਂਸ)**- ਇਲਾਕੇ ਦੇ ਨਾਮਵਰ ਐੱਮ.ਆਰ. ਸਿਟੀ ਪਬਲਿਕ ਸਕੂਲ, ਬਲਾਚੌਰ ਵਿਖੇ ਸੈਸ਼ਨ 2025-26 ਦਾ ਸਲਾਨਾ ਇਨਾਮ ਵੰਡ ਸਮਾਰੋਹ ਬੜੇ ਹੀ ਉਤਸ਼ਾਹ, ਸ਼ਾਨੋ-ਸ਼ੌਕਤ ਅਤੇ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀਆਂ ਨਾਲ ਕਰਵਾਇਆ ਗਿਆ। ਸਮਾਗਮ ਦੌਰਾਨ ਜਮਾਤ ਪਹਿਲੀ ਤੋਂ ਚੌਥੀ ਤੱਕ ਦੇ ਅਕਾਦਮਿਕ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਅਤੇ 100 ਫ਼ੀਸਦੀ ਹਾਜ਼ਰੀ ਦਰਜ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕਰਕੇ ਉਨ੍ਹਾਂ ਦੀ ਮਿਹਨਤ ਨੂੰ ਸਲਾਮ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਦੀਪ ਪ੍ਰਜਵਲਨ ਅਤੇ ਗਣੇਸ਼ ਵੰਦਨਾ ਨਾਲ ਹੋਈ, ਜਿਸ ਨੇ ਪੂਰੇ ਮਾਹੌਲ ਨੂੰ ਆਧਿਆਤਮਿਕ ਅਤੇ ਸ਼ੁਭ ਰੰਗ ਵਿੱਚ ਰੰਗ ਦਿੱਤਾ। ਇਸ ਉਪਰੰਤ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀ ਗਈ ਪ੍ਰਭਾਵਸ਼ਾਲੀ ਰੋਲ ਪਲੇ, ਸੰਗੀਤ ਅਧਿਆਪਕ ਸੁਖਬਿੰਦਰ ਸਿੰਘ ਦੀ ਮਧੁਰ ਸੰਗੀਤਕ ਪੇਸ਼ਕਾਰੀ ਅਤੇ ਅੰਤ ਵਿੱਚ ਪੇਸ਼ ਕੀਤਾ ਗਿਆ ਜੋਸ਼ ਭਰਿਆ ਭੰਗੜਾ ਦਰਸ਼ਕਾਂ ਲਈ ਖਿੱਚ ਦਾ ਕੇਂਦਰ ਬਣਿਆ। ਹਾਜ਼ਰ ਦਰਸ਼ਕਾਂ ਨੇ ਹਰ ਪੇਸ਼ਕਾਰੀ ਨੂੰ ਤਾੜੀਆਂ ਦੀ ਗੂੰਜ ਨਾਲ ਭਰਪੂਰ ਸਰਾਹਿਆ।ਸਮਾਗਮ ਦੀ ਵਿਸ਼ੇਸ਼ ਖ਼ਾਸੀਅਤ ਸਕੂਲ ਦੇ ਮਾਪਿਆਂ ਵਿੱਚੋਂ ਚੁਣੇ ਗਏ ਚਾਰ ਪ੍ਰਤਿਸ਼ਠਿਤ ਮੁੱਖ ਵਕਤਾ ਯਸ਼ਪਾਲ, ਅਵਨੀਸ਼, ਹੇਮੰਤ ਤੇ ਸ੍ਰੀ ਦੇਵਰਾਜ ਰਹੇ। ਸਿੱਖਿਆ, ਉਦਯੋਗ, ਵਿਗਿਆਨ ਅਤੇ ਪ੍ਰਬੰਧਨ ਦੇ ਖੇਤਰਾਂ ਨਾਲ ਜੁੜੀਆਂ ਇਨ੍ਹਾਂ ਸ਼ਖ਼ਸੀਅਤਾਂ ਨੇ ਆਪਣੇ ਜੀਵਨ ਦੇ ਅਨੁਭਵ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਵੱਡੇ ਸੁਪਨੇ ਦੇਖਣ, ਆਪਣੇ ਆਪ 'ਤੇ ਵਿਸ਼ਵਾਸ ਰੱਖਣ ਅਤੇ ਦ੍ਰਿੜ੍ਹ ਇਰਾਦਿਆਂ ਨਾਲ ਸਫਲਤਾ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਮਾਪਿਆਂ ਨੂੰ ਵੀ ਬੱਚਿਆਂ ਦੀ ਬਿਹਤਰ ਪਰਵਰਿਸ਼, ਸਹੀ ਮਾਰਗਦਰਸ਼ਨ ਅਤੇ ਨੈਤਿਕ ਕਦਰਾਂ-ਕੀਮਤਾਂ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਸਕੂਲ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀਆਂ ਗਈਆਂ ਵਿਭਿੰਨ ਸੱਭਿਆਚਾਰਕ ਪੇਸ਼ਕਾਰੀਆਂ ਨੇ ਸਮਾਗਮ ਨੂੰ ਹੋਰ ਵੀ ਰੰਗੀਨ ਅਤੇ ਯਾਦਗਾਰ ਬਣਾ ਦਿੱਤਾ। ਸਮਾਗਮ ਦੌਰਾਨ ਸਾਰਾ ਹਾਲ ਤਾੜੀਆਂ ਦੀ ਗੂੰਜ ਨਾਲ ਗੂੰਜਦਾ ਰਿਹਾ ਅਤੇ ਵਿਦਿਆਰਥੀਆਂ ਦੀ ਪ੍ਰਤਿਭਾ ਨੇ ਹਰ ਕਿਸੇ ਦਾ ਦਿਲ ਜਿੱਤ ਲਿਆ।ਇਸ ਮੌਕੇ ਸਕੂਲ ਮੈਨੇਜਮੈਂਟ ਅਤੇ ਪ੍ਰਿੰਸੀਪਲ ਰਿਤੂ ਬੱਤਰਾ ਨੇ ਸਾਰੇ ਸਨਮਾਨਤ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਦਿਲੋਂ ਵਧਾਈ ਦਿੱਤੀ। ਸਮਾਗਮ ਦਾ ਸਮਾਪਨ ਰਾਸ਼ਟਰੀ ਗਾਨ ਨਾਲ ਹੋਇਆ। ਪੂਰਾ ਸਮਾਰੋਹ ਪ੍ਰੇਰਣਾ, ਉਤਸ਼ਾਹ ਅਤੇ ਉਪਲਬਧੀਆਂ ਦਾ ਸੁੰਦਰ ਸੰਗਮ ਬਣ ਕੇ ਹਰ ਹਾਜ਼ਰ ਵਿਅਕਤੀ ਦੇ ਮਨ ਵਿੱਚ ਅਮਿੱਟ ਛਾਪ ਛੱਡ ਗਿਆ।




# ਲਾਂਬੜਾ ਮੁਕੰਮਲ ਬੰਦ ਰਿਹਾ



**ਲਾਂਬੜਾ (ਮਨਜੀਤ ਮਾਨ)**-ਡਾ ਅੰਬੇਡਕਰ ਸੰਘਰਸ਼ ਮੋਰਚਾ ਭਾਰਤ ਦੇ ਪੰਜਾਬ ਦੇ ਚੇਅਰਮੈਨ ਵਿਜੇ ਘਾਰੂ, ਸਾਬੀ ਆਦਿਵਾਸੀ, ਅਭੀਸੇਖ ਬਖਸ਼ੀ, ਮਹਾਕਾਲ ਬਾਬਾ ਹਰੀ ਸਿੰਘ ਨੇ ਲਾਂਬੜਾ ਦੇ ਦੁਕਾਨਦਾਰਾਂ ਅਤੇ ਹਰੇਕ ਵਰਗ ਦੇ ਲੋਕਾਂ ਦਾ ਬੰਦ ਦਾ ਸਮਰਥਨ ਕਰਨ ਤੇ ਧੰਨਵਾਦ ਕੀਤਾ। ਵਿਸ਼ੇਸ਼ ਤੌਰ 'ਤੇ ਡਾ ਅੰਬੇਡਕਰ ਸੰਘਰਸ਼ ਮੋਰਚਾ ਭਾਰਤ ਦੇ ਰਾਸ਼ਟਰੀ ਪ੍ਰਧਾਨ ਤਰਲੋਕ ਵੇਡਲ ਤੇ ਰਾਸ਼ਟਰੀ ਮੀਤ ਪਰਧਾਨ ਹਰਜਿੰਦਰ ਮੱਟੂ ਵੀ ਪਹੁੰਚੇ ਅਤੇ ਉਹਨਾਂ ਕਿਹਾ ਕਿ ਬਰਨਾਲਾ ਦੇ ਡੀ ਐਸ ਪੀ ਤੇ ਉੱਥੇ ਦੇ ਸਿਟੀ ਐਸ ਐਚ ਓ ਤੇ ਐਸ ਸੀ /ਐਸ ਟੀ ਐਕਟ ਤਹਿਤ ਪਰਚਾ ਦਰਜ ਕਰਕੇ ਤੁਰੰਤ ਗ੍ਰਿਫਤਾਰ ਕਰਨਾ ਚਾਹੀਦਾ ਹੈ।

# ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ ਵਿਖੇ ਗੁਰਮਤਿ ਸਮਾਗਮ ਕਰਵਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਤੇ ਪਵਿੱਤਰ ਚਰਨਾਂ ਦੀ ਛੋਹ ਪ੍ਰਾਪਤ ਇਤਿਹਾਸਕ ਅਸਥਾਨ ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ ਵਿਖੇ ਸਿੱਖ ਪੰਥ ਦੀਆਂ ਮਹਾਨ ਬੀਬੀਆਂ ਦੀ ਲਾਸਾਨੀ ਸ਼ਹਾਦਤਾਂ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਖਾਲਸਾਈ ਸ਼ਾਨੋ-ਸ਼ੌਕਤ ਕਰਵਾਇਆ ਗਿਆ। ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਜਥੇਬੰਦੀ ਵੱਲੋਂ ਮਾਤਾ ਗੰਗਾ ਜੀ ਵੈਲਫੇਅਰ ਸੋਸਾਇਟੀ, ਸਮੂਹ ਸੇਵਾਦਾਰ ਬੀਬੀਆਂ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ ਦੇ ਮੁੱਖ ਸੇਵਾਦਾਰ ਬਾਬਾ ਕੁਲਦੀਪ ਸਿੰਘ ਤੇ ਭਾਈ ਤੇ ਸੇਵਾਦਾਰ ਭਾਈ ਹਰਪ੍ਰੀਤ ਸਿੰਘ ਦੀ ਦੇਖ ਰੇਖ ਹੇਠ ਕਰਵਾਏ ਗਏ ਇਸ ਸਮਾਗਮ ਵਿੱਚ ਸ਼ਾਮ ਦੇ ਸਮੇਂ ਸਭ ਤੋਂ ਪਹਿਲਾਂ ਸੋਦਰ ਰਹਿਰਾਸ ਸਾਹਿਬ ਜੀ ਦੇ ਪਾਠ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਸਜਾਏ ਗਏ ਕੀਰਤਨ ਸਮਾਗਮ ਵਿੱਚ ਸਿੱਖ ਪੰਥ ਦੇ ਮਹਾਨ ਵਿਦਵਾਨ ਢਾਡੀ ਜਥਾ ਭਾਈ ਸਰੂਪ ਸਿੰਘ ਕਡਿਆਣਾ, ਗਿਆਨੀ ਅਮਰਜੀਤ ਸਿੰਘ ਗਾਲਿਬ, ਬਾਬਾ ਹਰਭਜਨ ਸਿੰਘ ਸੋਤਲੇ ਵਾਲੇ ਤੇ ਭਾਈ ਕੁਲਵਿੰਦਰ ਸਿੰਘ ਕੰਗ ਮਾਈ ਦੇ ਰਾਗੀ ਜਥਿਆਂ ਨੇ ਸਮੂਹ ਸੰਗਤ ਨੂੰ ਨਿਹਾਲ ਕਰਦੇ ਹੋਏ ਜਿੱਥੇ ਸਿੱਖ ਕੌਮ ਦੇ ਕੁਰਬਾਨੀਆਂ ਭਰੇ ਇਤਿਹਾਸ ਤੋਂ ਜਾਣੂ ਕਰਵਾਇਆ ਉਥੇ ਹੀ ਕੌਮ ਦੀ ਚੜ੍ਹਦੀ ਕਲਾ ਵਾਸਤੇ ਸਿੱਖ ਬੀਬੀਆਂ ਵੱਲੋਂ ਪਾਏ ਗਏ ਮਹਾਨ ਯੋਗਦਾਨ ਦਾ ਵਰਣਨ ਵੀ ਕੀਤਾ। ਸਮਾਗਮ ਦੌਰਾਨ ਮੁੱਖ ਸੇਵਾਦਾਰ ਬਾਬਾ ਕੁਲਦੀਪ ਸਿੰਘ ਜੀ ਅਤੇ ਭਾਈ ਹਰਪ੍ਰੀਤ ਸਿੰਘ ਜੀ ਸਮਾਗਮ ਵਿੱਚ ਸਹਿਯੋਗ ਕਰਨ ਵਾਲੀਆਂ ਸਾਰੀਆਂ ਹੀ ਸੰਗਤਾਂ ਦਾ ਧੰਨਵਾਦ ਕੀਤਾ। ਸੰਗਤ ਦੀ ਸੇਵਾ ਵਾਸਤੇ ਚਾਹ ਪਕੌੜੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਬਾਬਾ ਨਾਗਰ ਸਿੰਘ ਜੀ, ਸੰਤ ਬਾਬਾ ਮੱਖਣ ਸਿੰਘ ਜੀ ਦਰੀਆ ਵਾਲੇ, ਗੁਰਦੁਆਰਾ ਗੁਰ ਸ਼ਬਦ ਪ੍ਰਕਾਸ਼ ਰਮਦਾਸਪੁਰ ਦੇ ਮੁੱਖ ਬੁਲਾਰੇ ਭਾਈ ਜਸਵਿੰਦਰ ਸਿੰਘ ਧੁੱਗਾ, ਹਰਬੰਸ ਸਿੰਘ ਮੰਝਪੁਰ, ਸਰਪੰਚ ਸੁਖਨਿੰਦਰ ਸਿੰਘ, ਮਾਸਟਰ ਰਾਜਾ ਸਿੰਘ, ਸਰਬਜੀਤ ਸਿੰਘ ਮੋਮੀ, ਭਾਈ ਹਰ ਅਵਤਾਰ ਸਿੰਘ ਸੀਕਰੀ, ਸਰਪੰਚ ਮਨਵੀਰ ਸਿੰਘ, ਸ਼ਰਨਦੀਪ ਸਿੰਘ, ਸਾਬਕਾ ਸਰਪੰਚ ਸ਼ਾਮ ਸਿੰਘ, ਸੁਰਿੰਦਰ ਸਿੰਘ, ਸਰਪੰਚ ਜਸਵੀਰ ਕੌਰ, ਸੁਰਜੀਤ ਸਿੰਘ ਭਾਰਦਵਾਜ, ਸਰਪੰਚ ਮਨਪ੍ਰੀਤ ਕੌਰ, ਜਰਨੈਲ ਸਿੰਘ ਦਰਦੀ, ਤਜਿੰਦਰ ਸਿੰਘ, ਰਵਿੰਦਰ ਸਿੰਘ ਰਵੀ, ਸੰਦੀਪ ਸਿੰਘ ਕੁਰਾਲਾ, ਪ੍ਰਭਕਰਨ ਸਿੰਘ, ਜਸਪ੍ਰੀਤ ਸਿੰਘ ਸੈਣੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



## ਸੇਵਾ ਸੰਮਤੀ ਵੱਲੋਂ ਲਗਾਏ ਕੈਂਪ 'ਚ 250 ਤੋਂ ਵੱਧ ਮਰੀਜ਼ਾਂ ਦੀ ਜਾਂਚ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਫਰੈਂਡਜ਼ ਕਾਲੋਨੀ ਵਿਖੇ ਸਵਾਮੀ ਗੰਗਾ ਨੰਦ ਜੀ ਭੂਰੀ ਵਾਲੇ ਸੇਵਾ ਸੰਮਤੀ ਵੱਲੋਂ ਸਥਾਪਤ ਐੱਸ.ਜੀ.ਬੀ. ਚੈਰੀਟੇਬਲ ਹਸਪਤਾਲ ਦੇ ਨਵੀਨੀਕਰਨ ਉਪਰੰਤ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਸਵਾਮੀ ਰਾਮ ਤੀਰਥ ਜੀ, ਸਵਾਮੀ ਕ੍ਰਿਸ਼ਨਾ ਨੰਦ ਜੀ ਨੇ ਸ਼ਮੂਲੀਅਤ ਕੀਤੀ, ਜਿਨ੍ਹਾਂ ਆਪਣੇ ਪ੍ਰਵਚਨਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਮੁਫ਼ਤ ਮੈਡੀਕਲ ਕੈਂਪ ਵੀ ਲਗਾਇਆ ਗਿਆ, ਜਿਸ ਵਿਚ ਵੱਖ-ਵੱਖ ਬੀਮਾਰੀਆਂ ਦੇ ਮਾਹਰ ਡਾਕਟਰ ਸੇਵਾਮੁਕਤ ਸੀਨੀਅਰ ਮੈਡੀਕਲ ਅਫ਼ਸਰ ਡਾ. ਜਸਦੇਵ ਸਿੰਘ, ਡਾ. ਜੀ. ਐੱਸ. ਢਿੱਲੋਂ ਤੇ ਡਾ. ਹਰਮਨਦੀਪ ਸਿੰਘ (ਦੰਦਾਂ ਦੇ ਮਾਹਰ) ਵੱਲੋਂ ਕਰੀਬ 250 ਤੋਂ ਵੱਧ ਮਰੀਜ਼ਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਮੁੱਖ ਮਹਿਮਾਨ ਵਜੋਂ ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਤੇ ਭਾਜਪਾ ਮੰਡਲ ਪ੍ਰਧਾਨ ਸੁਖਵਿੰਦਰ ਲਾਲ ਸ਼ੁੱਖੀ ਸ਼ਰਮਾ ਨੇ ਸ਼ਮੂਲੀਅਤ ਕੀਤੀ। ਉਕਤ ਆਗੂਆਂ ਵੱਲੋਂ ਸਵਾਮੀ ਗੰਗਾ ਨੰਦ ਜੀ ਭੂਰੀ ਵਾਲੇ ਸੇਵਾ ਸੰਮਤੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ। ਸੰਸਥਾ ਦੇ ਚੇਅਰਮੈਨ ਚਰਨਜੀਤ ਸਿੰਘ ਚੰਪੀਆ ਵੱਲੋਂ ਆਏ ਮੁੱਖ ਮਹਿਮਾਨਾਂ ਤੇ ਸੰਗਤਾਂ ਦਾ ਧੰਨਵਾਦ ਪ੍ਰਗਟਾਇਆ। ਇਸ ਮੌਕੇ ਸਰਵਣ ਸਿੰਘ ਧੋਜੇਵਾਲ, ਪ੍ਰਿੰਸੀਪਲ ਡੀ. ਡੀ. ਵਰਮਾ, ਟਹਿਲ ਸਿੰਘ ਔਜਲਾ, ਸਾਬਕਾ ਕੌਂਸਲਰ ਚੌਧਰੀ ਬਲਵਿੰਦਰ ਰਾਏ, ਰਵਿੰਦਰ ਮੰਦਗਿੱਲ, ਪੀ. ਏ. ਗੁਰਮੁਖ ਸਿੰਘ, ਨੰਬਰਦਾਰ ਹਰਮਿੰਦਰ ਸਿੰਘ ਗਿੱਲ, ਪ੍ਰੇਮ ਸਿੰਘ ਜਜ਼ੂਲ, ਅਸ਼ੋਕ ਖੁਰਾਣਾ, ਡਾਕਟਰ ਦੇਵ ਭਾਰਦਵਾਜ, ਰਾਮਪਾਲ ਠੇਕੇਦਾਰ, ਗੁਰਚਰਨ ਸਿੰਘ ਚੰਨੀ, ਹਰਦਿਲ ਪ੍ਰਿਥੀਪੁਰ, ਸੇਵਾਮੁਕਤ ਇੰਸਪੈਕਟਰ ਮਹਿੰਦਰਪਾਲ ਭਾਟੀਆ, ਸੁਖਵਿੰਦਰ ਰਾਏ, ਅਸ਼ੋਕ ਕੁਮਾਰ, ਹਰਜਿੰਦਰ ਸਿੰਘ ਗੜ੍ਹੀ ਤਰਖਾਣਾ ਹਾਜ਼ਰ ਸਨ।

## ਕਿਸਾਨਾਂ ਮਜ਼ਦੂਰਾਂ ਵੱਲੋਂ ਪੁਲਸ ਜਬਰ ਖਿਲਾਫ ਅਰਥੀ ਫੂਕ ਮੁਜ਼ਾਹਰਾ



**ਮੌੜ (ਰਛਪਾਲ ਸਿੰਘ ਸੰਧੂ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਅਗਵਾਈ ਹੇਠ ਅੱਜ ਜ਼ੋਨ ਮੌੜ ਦੇ ਕਿਸਾਨਾਂ ਮਜ਼ਦੂਰਾਂ ਵੱਲੋਂ ਜ਼ੋਨ ਪ੍ਰਧਾਨ ਵੀਰ ਸਿੰਘ ਨਿਜਾਮਦੀਨ ਵਾਲਾ ਦੀ ਪ੍ਰਧਾਨਗੀ ਹੇਠ ਮੌੜ ਮੰਡੀ ਦੇ ਗੇਟ ਨੰਬਰ-1 ਤੇ ਨੈਸ਼ਨਲ ਹਾਈਵੇ-54 ਅੰਮ੍ਰਿਤਸਰ-ਬਠਿੰਡਾ 'ਤੇ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਪੰਜਾਬ ਦੀ ਪੁਲਸ ਵੱਲੋਂ ਕੀਤੇ ਜਾ ਰਹੇ ਜਬਰ ਦੇ ਰੋਸ ਵਿੱਚ ਪੰਜਾਬ ਸਰਕਾਰ ਦਾ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਝੱਬਰ, ਜ਼ੋਨ ਸਕੱਤਰ ਬਲਜਿੰਦਰ ਸਿੰਘ ਤਲਵੰਡੀ ਨਿਪਾਲਾਂ ਨੇ ਲਿਖਤੀ ਪ੍ਰੈੱਸ ਨੋਟ ਰਾਹੀਂ ਦੱਸਿਆ ਕਿ ਬਿਜਲੀ ਮੁਲਾਜ਼ਮਾਂ, ਸਫ਼ਾਈ ਤੇ ਮਨਰੇਗਾ ਕਰਮਚਾਰੀਆਂ ਵੱਲੋਂ ਆਪਣੇ ਹੱਕਾਂ ਦੀ ਪੂਰਤੀ ਲਈ ਜੋ ਸ਼ਾਂਤਮਈ ਸੰਘਰਸ਼ ਕੀਤੇ ਜਾ ਰਹੇ ਹਨ, ਉਸ ਵਿੱਚ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਇਸ਼ਾਰੇ 'ਤੇ ਪੰਜਾਬ ਪੁਲਸ ਵੱਲੋਂ ਬਹੁਤ ਹੀ ਬੁਰੇ ਵਿਹਾਰ ਨਾਲ ਲਾਠੀਚਾਰਜ ਕਰਕੇ ਸ਼ਾਂਤਮਈ ਧਰਨਾਕਾਰੀਆਂ ਨੂੰ ਖਦੇੜਿਆ ਤੇ ਬੁਰੀ ਤਰ੍ਹਾਂ ਕੁੱਟਿਆ ਗਿਆ, ਜੋ ਕਿ ਬਹੁਤ ਹੀ ਨਿੰਦਣਯੋਗ ਹੈ। ਇਸ ਵਿੱਚ ਲੋਕਤੰਤਰ ਦਾ ਬੁਰੀ ਤਰ੍ਹਾਂ ਘਾਣ ਕੀਤਾ ਜਾ ਰਿਹਾ ਹੈ ਤੇ ਹੱਕਾਂ ਦੀ ਪੂਰਤੀ ਲਈ ਕੀਤੇ ਜਾ ਰਹੇ ਸੰਘਰਸ਼ਾਂ ਨੂੰ ਦੇਖਿਆ ਕੁਚਲਿਆ ਜਾ ਰਿਹਾ ਹੈ। ਕਿਸਾਨ ਆਗੂਆਂ ਨੇ ਅੱਗੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਲੈਂਡ ਪੂਲਿੰਗ ਨੀਤੀ ਲਿਆ ਕੇ ਜ਼ਮੀਨਾਂ ਖੋਹਣ ਦੀ ਜੋ ਤਿਆਰੀ ਕੀਤੀ ਜਾ ਰਹੀ ਹੈ, ਕਿਸਾਨ ਮਜ਼ਦੂਰ ਕਿਸੇ ਵੀ ਕੀਮਤ 'ਤੇ ਇਸ ਨੀਤੀ ਨੂੰ ਪ੍ਰਵਾਨ ਨਹੀਂ ਕਰਨਗੇ ਤੇ ਆਉਣ ਵਾਲੇ ਦਿਨਾਂ ਵਿੱਚ ਵੱਡੇ ਸੰਘਰਸ਼ਾਂ ਦੇ ਰਸਤੇ ਅਖਤਿਆਰ ਕੀਤੇ ਜਾਣਗੇ। ਇਸ ਮੌਕੇ ਲਖਵਿੰਦਰ ਸਿੰਘ ਬਸਤੀ ਨਾਮਦੇਵ, ਬਲਕਾਰ ਸਿੰਘ ਝਾਮੇ ਵਾਲੀ ਬਸਤੀ, ਹਰਭਜਨ ਸਿੰਘ ਜੋਗੇਵਾਲਾ, ਗੁਰਭੇਜ ਸਿੰਘ, ਬਾਜ ਸਿੰਘ, ਜੋਗਾ ਸਿੰਘ ਫੱਮੀਵਾਲਾ, ਜਗਰੂਪ ਸਿੰਘ, ਸਤਨਾਮ ਸਿੰਘ, ਲਖਵੀਰ ਸਿੰਘ ਟਿੱਬੀ ਅਰਾਈਆਂ, ਜਰਨੈਲ ਸਿੰਘ ਵਾਰਡਵਾਲਾ ਜੈਂਟਾਂ, ਸੁਖਚੈਨ ਸਿੰਘ ਬਸਤੀ ਨਾਮਦੇਵ, ਪਿਆਰਾ ਸਿੰਘ ਘੁੱਦੂ ਵਾਲਾ, ਪ੍ਰਗਟ ਸਿੰਘ ਨਿਜਾਮੀ ਵਾਲਾ ਆਦਿ ਹਾਜ਼ਰ ਸਨ।

## ਆਸਰਾ ਫਾਊਂਡੇਸ਼ਨ ਵੱਲੋਂ ਅੱਖਾਂ ਦਾ ਮੁਫ਼ਤ ਅਪ੍ਰੇਸ਼ਨ ਕੈਂਪ




**ਬਰੇਟਾ (ਰੀਤਵਾਲ)**-ਆਸਰਾ ਫਾਊਂਡੇਸ਼ਨ ਬਰੇਟਾ ਵੱਲੋਂ ਜਿਉਣਾ ਮੱਲ ਕਪੂਰ ਚੰਦ ਦੀ ਪਵਿੱਤਰ ਯਾਦ ਨੂੰ ਸਮਰਪਤ 151ਵਾਂ ਮੁਫ਼ਤ ਅੱਖਾਂ ਦਾ ਚੈੱਕਅਪ ਤੇ ਆਪ੍ਰੇਸ਼ਨ ਕੈਂਪ ਗੁਰਦੁਆਰਾ ਸਾਹਿਬ ਭਾਈ ਘਨੱਈਆ ਜੀ ਵਿਖੇ ਲਗਾਇਆ ਗਿਆ। ਕੈਂਪ ਦੌਰਾਨ ਸ਼ੰਕਰਾ ਹਸਪਤਾਲ ਲੁਧਿਆਣਾ ਦੀ ਮਾਹਰ ਟੀਮ ਵੱਲੋਂ 413 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 55 ਮਰੀਜ਼ਾਂ ਨੂੰ ਮੁਫ਼ਤ ਅੱਖਾਂ ਦੇ ਆਪ੍ਰੇਸ਼ਨ ਲਈ ਚੁਣਿਆ ਗਿਆ। ਇਸ ਮੌਕੇ ਡਾਕਟਰ ਅਵਤਾਰ ਸਿੰਘ ਖੜਕੀਵਾਲਾ, ਡਾਕਟਰ ਬਿੱਟੂ, ਡਾਕਟਰ ਕੁਲਜੀਤ ਸਿੰਘ ਬਰੇਟਾ ਤੇ ਡਾਕਟਰ ਸਲਿੰਦਰ ਸਿੰਘ ਵੱਲੋਂ ਕੈਂਪ ਵਿੱਚ ਪਹੁੰਚੇ ਮਰੀਜ਼ਾਂ ਨੂੰ ਅੱਖਾਂ ਦੀ ਸੰਭਾਲ ਤੇ ਅੱਖਾਂ ਨਾਲ ਸਬੰਧਤ ਵੱਖ-ਵੱਖ ਬਿਮਾਰੀਆਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਭਾਜਪਾ ਦੇ ਉੱਘੇ ਆਗੂ ਬਲਵਿੰਦਰ ਸਿੰਘ ਪਟਵਾਰੀ, ਭੀਮ ਸਿੰਘ ਬੱਬਲਪੁਰ ਤੇ ਇੰਸਪੈਕਟਰ ਜਰਨੈਲ ਸਿੰਘ ਬਰੇਟਾ ਵੱਲੋਂ ਸਾਰੇ ਦਾਨੀ ਸੱਜਣਾਂ, ਸੇਵਾਦਾਰਾਂ, ਡਾਕਟਰੀ ਟੀਮ ਤੇ ਆਸਰਾ ਫਾਊਂਡੇਸ਼ਨ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ, ਜ਼ਿਲ੍ਹਾ ਰੂਰਲ ਯੂਥ ਕਲੱਬ ਐਸੋਸੀਏਸ਼ਨ ਮਾਨਸਾ, ਜੈ ਕਾਲੀ ਮਾਤਾ ਮੰਡਲ ਬਰੇਟਾ, ਗਿਆਨ ਸਾਗਰ ਕਾਨਵੈਂਟ ਸਕੂਲ ਕਾਹਨਗੜ੍ਹ, ਸੰਜੀਵਨੀ ਵੈਲਫੇਅਰ ਸੋਸਾਇਟੀ ਬੁਢਲਾਡਾ, ਭਾਰਤ ਵਿਕਾਸ ਪ੍ਰੀਸ਼ਦ ਬਰੇਟਾ, ਸਤਿਕਾਰ ਕਮੇਟੀ ਦੇਵੇ ਸਾਹਿਬ, ਐਨੀਮਲ ਏਡ ਟੀਮ ਚੋਟੀਆਂ ਤੇ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਬਰੇਟਾ ਸਮੇਤ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ, ਇਲਾਕੇ ਤੇ ਸ਼ਹਿਰ ਦੇ ਪਤਵੰਤੇ ਸੱਜਣ ਤੇ ਆਸਰਾ ਫਾਊਂਡੇਸ਼ਨ ਬਰੇਟਾ ਦੀ ਸਮੁੱਚੀ ਟੀਮ ਹਾਜ਼ਰ ਸੀ।

## ਸਫ਼ਾਈ ਸੇਵਕਾਂ 'ਤੇ ਲਾਠੀਚਾਰਜ ਕਰਨਾ ਸ਼ਰਮਨਾਕ : ਬੂਟਾ ਰਾਮ ਸ਼ੁਤਰਾਣਾ




**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਹੱਕੀ ਤੇ ਜਾਇਜ਼ ਮੰਗਾਂ ਲਈ ਪ੍ਰਦਰਸ਼ਨ ਕਰ ਰਹੇ ਸਫ਼ਾਈ ਸੇਵਕਾਂ 'ਤੇ ਪੁਲਸ ਪ੍ਰਸ਼ਾਸਨ ਵੱਲੋਂ ਜੋ ਤਸ਼ੱਦਦ ਢਾਹਿਆ ਗਿਆ, ਉਹ ਬਹੁਤ ਹੀ ਸ਼ਰਮਨਾਕ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਅਨੁਸੂਚਿਤ ਜਾਤੀਆਂ ਤੇ ਕਾਮਚਾਰੀ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਬੂਟਾ ਰਾਮ ਸ਼ੁਤਰਾਣਾ ਨੇ ਕੀਤਾ। ਉਨ੍ਹਾਂ ਕਿਹਾ ਕਿ ਸਫ਼ਾਈ ਸੇਵਕਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਸੀ, ਪੰਜ਼ੂ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੀ ਗੱਲ ਸੁਣਨ ਦੀ ਬਜਾਏ ਪੁਲਸ ਵੱਲੋਂ ਉਨ੍ਹਾਂ 'ਤੇ ਜੋ ਲਾਠੀਚਾਰਜ ਕੀਤਾ ਗਿਆ ਹੈ, ਬਹੁਤ ਹੀ ਗਲਤ ਤੇ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਭਾਵੇਂ ਇਸ ਸਬੰਧ ਵਿੱਚ ਸਬੰਧਤ ਡੀ ਐੱਸ ਪੀ ਨੂੰ ਮੁਅੱਤਲ ਕਰ ਦਿੱਤਾ ਗਿਆ, ਪਰ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਪੂਰੇ ਪੰਜਾਬ ਵਿੱਚ ਚੱਲ ਰਹੀ ਸਫਾਈ ਸੇਵਕਾਂ ਦੀ ਹੜਤਾਲ ਤੇ ਜਾਇਜ਼ ਮੰਗਾਂ ਵੱਲ ਧਿਆਨ ਦੇ ਕੇ ਤੇ ਇਸ ਪਾਸੇ ਤਾਂ ਸਰਕਾਰ ਨੂੰ ਗੰਭੀਰਤਾ ਨਾਲ ਵਿਚਾਰਨਾ ਚਾਹੀਦਾ ਹੈ ਤੇ ਉਨ੍ਹਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਮੰਗਾਂ ਦਾ ਹੱਲ ਕਰੇ ਬੂਟਾ ਰਾਮ ਸ਼ੁਤਰਾਣਾ ਨੇ ਕਿਹਾ ਕਿ ਇੱਕ ਪਾਸੇ ਤਾਂ ਪੰਜਾਬ ਸਰਕਾਰ ਨੌਜਵਾਨਾਂ ਨੂੰ ਨੌਕਰੀਆਂ ਦੇਣ ਦੀ ਗੱਲ ਕਰ ਰਹੀ ਹੈ ਤੇ ਦੂਜੇ ਪਾਸੇ ਮੁਲਾਜ਼ਮਾਂ ਦੀਆਂ ਜਾਇਜ਼ ਦੇ ਹੱਕੀ ਮੰਗਾਂ ਨੂੰ ਅਣਗੌਲਿਆ ਕੀਤਾ ਜਾ ਰਿਹਾ।

## ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨਾ ਸਰਕਾਰ ਦੀ ਮੁੱਖ ਤਰਜੀਹ : ਢਿੱਲੋਂ



**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਪਾਰਦਰਸ਼ੀ ਤੇ ਜਵਾਬਦੇਹ ਪ੍ਰਸ਼ਾਸਨ ਮੁਹੱਈਆ ਕਰਵਾਉਣ ਲਈ ਚਲਾਏ ਜਾ ਰਹੇ 'ਲੋਕ ਮਿਲਣੀ' ਪ੍ਰੋਗਰਾਮ ਤਹਿਤ ਪਿੰਡ ਸਲੇਮਪੁਰ ਵਿਖੇ ਲੋਕ ਮਿਲਣੀ ਕਰਵਾਈ ਗਈ। ਇਸ ਮੌਕੇ ਹਲਕਾ ਮਹਿਲ ਕਲਾਂ ਦੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਅਤੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ। ਵਿਧਾਇਕ ਪੰਡੋਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਲੋਕਾਂ ਦੇ ਜਾਇਜ਼ ਕੰਮ ਉਨ੍ਹਾਂ ਦੇ ਘਰਾਂ ਨੇੜੇ ਹੀ ਨਿਪਟਾਉਣ ਲਈ ਵਚਨਬੱਧ ਹੈ। ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਤਰਜੀਹੀ ਆਧਾਰ 'ਤੇ ਹੱਲ ਕਰਨਾ ਸਰਕਾਰ ਦੀ ਮੁੱਖ ਤਰਜੀਹ ਹੈ ਅਤੇ ਹਰ ਜਾਇਜ਼ ਮੰਗ ਸਬੰਧਤ ਵਿਭਾਗਾਂ ਰਾਹੀਂ ਪਹਿਲ ਦੇ ਆਧਾਰ 'ਤੇ ਹੱਲ ਕਰਵਾਈ ਜਾਵੇਗੀ। ਇਸ ਮੌਕੇ ਪ੍ਰਸ਼ਾਸਨਿਕ ਅਧਿਕਾਰੀ, ਹਰਜਿੰਦਰ ਸਿੰਘ ਕਾਂਝਲਾ, ਅੰਮ੍ਰਿਤਪਾਲ ਸਿੰਘ, ਮਨਪ੍ਰੀਤ ਸ਼ਰਮਾ, ਭੀਮ ਸਿੰਘ ਤੇ ਹੋਰ ਪਤਵੰਤੇ ਹਾਜ਼ਰ ਸਨ।

## ਅਦਾਲਤੀ ਕੰਪਲੈਕਸ ਵਿਖੇ 'ਰੁੱਖ ਲਗਾਓ' ਮੁਹਿੰਮ ਤਹਿਤ ਪੌਦੇ ਲਗਾਏ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ੍ਰੀਮਤੀ ਮਨਪ੍ਰੀਤ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਫਿਰੋਜ਼ਪੁਰ ਦੀ ਅਗਵਾਈ ਤੇ ਨਿਗਰਾਨੀ ਹੇਠ ਜ਼ਿਲ੍ਹਾ ਨਿਆਂਪਾਲਿਕਾ ਫਿਰੋਜ਼ਪੁਰ ਵੱਲੋਂ ਜ਼ਿਲ੍ਹਾ ਅਦਾਲਤੀ ਕੰਪਲੈਕਸ ਫਿਰੋਜ਼ਪੁਰ ਵਿਖੇ 'ਰੁੱਖ ਲਗਾਓ' ਮੁਹਿੰਮ ਤਹਿਤ ਪੌਦੇ ਲਗਾਏ ਗਏ। ਇਸ ਮੌਕੇ ਵਾਤਾਵਰਣ ਦੀ ਸੰਭਾਲ ਤੇ ਹਰਿਆਵਲ ਨੂੰ ਉਤਸ਼ਾਹਤ ਕਰਨ ਦਾ ਸੰਦੇਸ਼ ਦਿੰਦਿਆਂ ਕਿਹਾ ਗਿਆ ਕਿ ਰੁੱਖ ਸਾਡੇ ਜੀਵਨ ਲਈ ਅਤਿ ਮਹੱਤਵਪੂਰਨ ਹਨ ਤੇ ਸਾਫ਼-ਸੁਥਰੇ ਵਾਤਾਵਰਣ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਕਰਨ ਦੀ ਲੋੜ ਹੈ। ਇਸ ਮੁਹਿੰਮ ਦੌਰਾਨ ਜ਼ਿਲ੍ਹਾ ਨਿਆਂਪਾਲਿਕਾ ਦੇ ਨਿਆਂਇਕ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਵੀ ਉਤਸ਼ਾਹ ਨਾਲ ਪੌਦੇ ਲਗਾਏ ਅਤੇ ਵਾਤਾਵਰਣ ਦੀ ਰੱਖਿਆ ਲਈ ਆਪਣਾ ਯੋਗਦਾਨ ਪਾਉਣ ਦਾ ਸੰਕਲਪ ਲਿਆ। ਇਸ ਮੌਕੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਵੱਧ ਤੋਂ ਵੱਧ ਰੁੱਖ ਲਗਾਉਣ ਤੇ ਉਨ੍ਹਾਂ ਦੀ ਸਾਂਭ-ਸੰਭਾਲ ਕਰਕੇ ਵਾਤਾਵਰਣ ਨੂੰ ਹਰਿਆ-ਭਰਿਆ ਤੇ ਪ੍ਰਦੂਸ਼ਣ-ਮੁਕਤ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ। ਇਸ ਮੁਹਿੰਮ ਦੇ ਤਹਿਤ ਜ਼ਿਲ੍ਹਾ ਫਿਰੋਜ਼ਪੁਰ ਦੀਆਂ ਦੋਵੇਂ ਸਬ ਡਵੀਜ਼ਨਾਂ ਜ਼ੀਰਾ ਤੇ ਗੁਰੂ ਹਰਸਹਾਏ ਵਿਖੇ ਵੀ ਬੂਟੇ ਲਗਾਏ ਗਏ।

# ਮ੍ਰਿਤਕ ਨੌਜਵਾਨ ਦੇ ਪਰਵਾਰਕ ਮੈਂਬਰਾਂ ਵੱਲੋਂ ਇਨਸਾਫ ਲਈ ਗੁਹਾਰ

- ਕਾਂਗਰਸ ਤੇ ਭਾਜਪਾ ਆਗੂ ਪਰਵਾਰ ਦੇ ਹੱਕ 'ਚ ਨਿੱਤਰੇ
- ਪਰਵਾਰ ਵੱਲੋਂ ਇਨਸਾਫ ਨਾ ਮਿਲਣ 'ਤੇ ਸੰਘਰਸ਼ ਦਾ ਐਲਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਗਲੀ ਵਿੱਚ ਪਏ ਕੂੜੇ ਨੂੰ ਲੈ ਕੇ ਹੋਈ ਤਕਰਾਰਬਾਜ਼ੀ ਮਗਰੋਂ ਘਰ ਅੰਦਰ ਵੜ ਕੇ ਕੀਤੀ ਗਈ ਕੁੱਟਮਾਰ ਦੀ ਤਾਬ ਨਾ ਝੱਲਦਿਆਂ ਮਰਨ ਵਾਲੇ ਨੌਜਵਾਨ ਦੇ ਦੋਸ਼ ਵਿੱਚ ਨਾਮਜ਼ਦ ਕਥਿਤ ਦੋਸ਼ੀ ਨਾ ਫੜੇ ਜਾਣ 'ਤੇ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਤੇ ਰਿਸ਼ਤੇਦਾਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਦੇ ਹੱਕ ਵਿੱਚ ਆਏ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਦਰਬਾਰਾ ਸਿੰਘ ਬਣਵਾਲਾ ਤੇ ਭਾਰਤੀ ਜਨਤਾ ਪਾਰਟੀ ਦੇ ਹਲਕਾ ਇੰਚਾਰਜ ਨਰਾਇਣ ਸਿੰਘ ਨਰਸੋਤ ਦੀ ਅਗਵਾਈ 'ਚ ਵਰਕਰਾਂ ਵੱਲੋਂ ਹਰ ਤਰ੍ਹਾਂ ਦਾ ਸਾਥ ਦਿੱਤੇ ਜਾਣ ਦਾ ਐਲਾਨ ਕੀਤਾ ਗਿਆ।

ਇਨਸਾਫ ਦੀ ਮੰਗ ਨੂੰ ਲੈ ਕੇ ਸਥਾਨਕ ਮਿਲਨ ਪੈਲੇਸ ਵਿੱਚ ਰਾਜਨੀਤਕ ਆਗੂਆਂ ਦੀ ਹਾਜ਼ਰੀ ਵਿੱਚ ਸ਼ਹਿਰ ਦੇ ਵਾਰਡ ਨੰਬਰ 10 ਦੇ ਵਾਸੀ ਮੇਘ ਚੰਦ ਨੇ ਦੱਸਿਆ ਕਿ 13 ਜੁਲਾਈ ਨੂੰ ਮਾਮੂਲੀ ਤਕਰਾਰ ਨੂੰ ਲੈ ਕੇ 7 ਨੰਬਰ ਵਾਰਡ ਦੇ ਕੌਂਸਲਰ ਪ੍ਰੇਮ ਲਤਾ ਦੇ ਪਤੀ ਰਾਜ ਕੁਮਾਰ, ਉਸ ਦੇ ਲੜਕੇ ਤੇ ਹੋਰ ਸਾਥੀਆਂ ਵੱਲੋਂ ਘਰ ਦੇ ਬੰਦ ਮੁੱਖ ਦਰਵਾਜ਼ੇ ਦੇ ਉੱਪਰ ਦੀ ਲੰਘ ਕੇ ਆ ਕੇ ਘਰ ਵਿੱਚ ਮੌਜੂਦ ਉਸ ਦੇ ਲੜਕਿਆਂ ਦੀ ਕੁੱਟਮਾਰ ਕੀਤੀ ਗਈ, ਜਿਸ ਨਾਲ 28 ਸਾਲਾ ਨੌਜਵਾਨ ਲੜਕੇ ਹਰੀਸ਼ ਕੁਮਾਰ ਦੇ ਸਿਰ ਤੇ ਪੇਟ ਵਿੱਚ ਜ਼ਿਆਦਾ ਸੱਟਾਂ ਵੱਜੀਆਂ ਹੋਣ ਕਾਰਨ, ਉਸ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਇਸ ਦੀ ਹਾਲਤ ਜ਼ਿਆਦਾ ਗੰਭੀਰ ਹੋਣ ਕਾਰਨ ਲੁਧਿਆਣਾ ਦੇ ਡੀਐੱਮਸੀ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਨੌਜਵਾਨ ਲੜਕੇ ਦੀ ਇਲਾਜ ਦੌਰਾਨ 20 ਜੁਲਾਈ ਨੂੰ ਮੌਤ ਹੋ ਗਈ ਹੈ। ਇਸ ਦੌਰਾਨ ਪੁਲਸ ਨੇ 15 ਜੁਲਾਈ ਨੂੰ ਦਰਜ ਕੇਸ ਵਿੱਚ ਕਤਲ ਦੀਆਂ ਧਾਰਾਵਾਂ ਦਾ ਵਾਧਾ ਕਰ ਦਿੱਤਾ ਸੀ, ਪਰ ਹਫਤੇ ਤੋਂ ਵੱਧ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਹਾਲੇ ਤੱਕ ਕਿਸੇ ਵੀ ਦੋਸ਼ੀ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਗਿਆ। ਵੱਡੀ ਗਿਣਤੀ ਵਿੱਚ ਰਿਸ਼ਤੇਦਾਰਾਂ ਤੇ ਸ਼ਹਿਰ ਵਾਸੀਆਂ ਦੀ ਹਾਜ਼ਰੀ ਵਿੱਚ ਪਰਿਵਾਰ ਨੇ ਐਲਾਨ ਕੀਤਾ ਕਿ ਜੇਕਰ ਉਨ੍ਹਾਂ ਨੂੰ ਇਨਸਾਫ ਨਾ ਮਿਲਿਆ ਤਾਂ ਉਹ ਇਨਸਾਫ ਦੀ ਮੰਗ ਨੂੰ ਲੈ ਕੇ ਚੌਕ ਵਿੱਚ ਆਉਣ ਲਈ ਮਜਬੂਰ ਹੋਣਗੇ।

ਇਸ ਦੌਰਾਨ ਕਾਂਗਰਸ ਪਾਰਟੀ ਦੇ ਹਲਕਾ ਸ਼ੁਤਰਾਣਾ ਦੇ ਇੰਚਾਰਜ ਦਰਬਾਰਾ ਸਿੰਘ ਬਨਵਾਲਾ ਤੇ ਪਾਰਟੀ ਦੇ ਸੂਬਾ ਆਗੂ ਦਲੇਰ ਸਿੰਘ ਹਰਿਆਊ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਵੱਧ ਰਹੀ ਗੁੰਡਾਗਰਦੀ ਕਾਰਨ ਸੂਬੇ ਵਿੱਚ ਕਾਲੇ ਦੌਰ ਵਾਲੇ ਡਰ ਦਾ ਮਾਹੌਲ ਬਣਿਆ ਹੋਇਆ ਹੈ ਤੇ ਲੋਕਾਂ ਨੂੰ ਕੋਈ ਵੀ ਇਨਸਾਫ਼ ਨਹੀਂ ਮਿਲ ਰਿਹਾ, ਪਰ ਕਾਂਗਰਸ ਪਾਰਟੀ ਪੀੜਤ ਪਰਿਵਾਰ ਦੇ ਨਾਲ ਖੜ੍ਹੀ ਹੈ ਅਤੇ ਪਰਿਵਾਰ ਵੱਲੋਂ ਜੋ ਵੀ ਸੰਘਰਸ਼ ਵਿੱਢਿਆ ਜਾਵੇਗਾ, ਉਸ ਦਾ ਪੂਰਾ ਸਾਥ ਦਿੱਤਾ ਜਾਵੇਗਾ। ਦੂਜੇ ਪਾਸੇ ਭਾਜਪਾ ਦੇ ਹਲਕਾ ਇੰਚਾਰਜ ਨਰਾਇਣ ਸਿੰਘ ਨਰਸੋਤ ਨੇ ਪਰਿਵਾਰ ਨਾਲ ਹਮਦਰਦੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਈ ਪੀੜਤ ਪਰਿਵਾਰ ਨਾਲ ਭਾਜਪਾ ਵੱਲੋਂ ਹਰ ਤਰ੍ਹਾਂ ਦਾ ਸਾਥ ਦਿੱਤਾ ਜਾਵੇਗਾ। ਇਸ ਮੌਕੇ ਕੇਵਲ ਕੁਮਾਰ, ਪ੍ਰੇਮ ਚੰਦ ਗੁਪਤਾ ਸਾਬਕਾ ਪ੍ਰਧਾਨ ਨਗਰ ਕੌਂਸਲ, ਕ੍ਰਿਸ਼ਨ ਕੁਮਾਰ, ਸੁਰੇਸ਼ ਕੁਮਾਰ, ਕਾਂਗਰਸ ਦੇ ਸ਼ਹਿਰੀ ਪ੍ਰਧਾਨ ਰਾਕੇਸ਼ ਕੁਮਾਰ ਹੈਪੀ ਤੇ ਭਾਜਪਾ ਦੇ ਮੰਡਲ ਪ੍ਰਧਾਨ ਲਾਲ ਚੰਦ ਲਾਲੀ ਨੇ ਕਿਹਾ ਕਿ ਮ੍ਰਿਤਕ ਨੌਜਵਾਨ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ।

## ਚੇਅਰਮੈਨ ਬਰਸਟ ਨੇ ਲੋਕ ਮਿਲਣੀ 'ਚ ਸ਼ਿਕਾਇਤਾਂ ਦਾ ਮੌਕੇ 'ਤੇ ਕੀਤਾ ਨਿਪਟਾਰਾ

- ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇਣ ਲਈ ਵਚਨਬੱਧ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਸਮਾਣਾ ਦਫ਼ਤਰ ਵਿਖੇ 'ਲੋਕ ਮਿਲਣੀ' ਦੌਰਾਨ ਵੱਖ-ਵੱਖ ਪਿੰਡਾਂ ਤੋਂ ਪਹੁੰਚੀਆਂ ਗ੍ਰਾਮ ਪੰਚਾਇਤਾਂ ਤੇ ਆਮ ਲੋਕਾਂ ਨੇ ਚੇਅਰਮੈਨ ਨਾਲ ਮੁਲਾਕਾਤ ਕੀਤੀ। ਸ੍ਰ. ਬਰਸਟ ਨੇ ਸਾਰੇ ਲੋਕਾਂ ਦੀਆਂ ਸਮੱਸਿਆਵਾਂ ਤੇ ਮੁੱਦਿਆਂ ਨੂੰ ਬਹੁਤ ਹੀ ਗੰਭੀਰਤਾ ਤੇ ਹਮਦਰਦੀ ਨਾਲ ਸੁਣਿਆ ਅਤੇ ਮੌਕੇ 'ਤੇ ਹੀ ਉਨ੍ਹਾਂ ਦਾ ਨਿਪਟਾਰਾ ਕੀਤਾ। ਲੋਕ ਮਿਲਣੀ ਦੌਰਾਨ ਪਹੁੰਚੇ ਸਰਪੰਚਾਂ, ਪੰਚਾਂ ਤੇ ਆਮ ਲੋਕਾਂ ਨੇ ਪੰਜਾਬ ਸਰਕਾਰ ਤੇ ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਚੰਗੀਆਂ ਸੇਵਾਵਾਂ ਪ੍ਰਦਾਨ ਕਰਨ ਲਈ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਦੀ ਮੁੱਖ ਤਰਜੀਹ ਆਮ ਲੋਕਾਂ ਦੀਆਂ ਬੁਨਿਆਦੀ ਜ਼ਰੂਰਤਾਂ ਨੂੰ ਪੂਰਾ ਕਰਨਾ ਤੇ ਪਿੰਡਾਂ ਦਾ ਸਰਬਪੱਖੀ ਵਿਕਾਸ ਕਰਨਾ ਹੈ। ਚੇਅਰਮੈਨ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਬਿਨਾਂ ਕਿਸੇ ਰਿਸ਼ਵਤ ਜਾਂ ਸਿਫ਼ਾਰਸ਼ ਦੇ 67 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦੇ ਚੁੱਕੀ ਹੈ।

ਲੋਕਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਤੇ ਹੋਰ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਤੇ ਪੰਜਾਬ ਨੂੰ ਤਰੱਕੀ ਤੇ ਖੁਸ਼ਹਾਲੀ ਦੇ ਰਾਹ 'ਤੇ ਅੱਗੇ ਲਿਜਾਣ ਵਿੱਚ ਆਪਣਾ ਯੋਗਦਾਨ ਪਾਉਣ। ਬਰਸਟ ਨੇ ਕਿਹਾ ਕਿ ਅਜਿਹੇ ਲੋਕ ਮਿਲਣੀ ਪ੍ਰੋਗਰਾਮ ਭਵਿੱਖ ਵਿੱਚ ਵੀ ਆਯੋਜਿਤ ਕੀਤੇ ਜਾਣਗੇ, ਤਾਂ ਜੋ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਸਕੇ।

## ਗਰਮੀ ਕਾਰਨ ਸਬਜ਼ੀਆਂ ਦੇ ਭਾਅ ਚੜ੍ਹੇ ਅਸਮਾਨੀ, ਆਮ ਲੋਕਾਂ ਦੀ ਜੇਬ 'ਤੇ ਪਿਆ ਬੋਝ

**ਬਰੇਟਾ (ਰੀਤਵਾਲ)**-ਪਿਛਲੇ ਕੁਝ ਦਿਨਾਂ ਤੋਂ ਪੈ ਰਹੀ ਭਿਆਨਕ ਗਰਮੀ ਨੇ ਸਬਜ਼ੀ ਮੰਡੀਆਂ ਵਿੱਚ ਹਾਹਾਕਾਰ ਮਚਾ ਦਿੱਤੀ ਹੈ। ਤਾਪਮਾਨ ਵਿੱਚ ਲਗਾਤਾਰ ਹੋ ਰਹੇ ਵਾਧੇ ਕਾਰਨ ਫ਼ਸਲਾਂ ਦੀ ਪੈਦਾਵਾਰ 'ਤੇ ਮਾੜਾ ਅਸਰ ਪਿਆ ਹੈ, ਜਿਸ ਦੇ ਨਤੀਜੇ ਵਜੋਂ ਸਬਜ਼ੀਆਂ ਦੇ ਭਾਅ ਅਸਮਾਨ ਛੂਹ ਰਹੇ ਹਨ। ਟਮਾਟਰ, ਭਿੰਡੀ, ਘੀਆ, ਸ਼ਿਮਲਾ ਮਿਰਚ ਤੇ ਹਰੀ ਧਨੀਆ ਵਰਗੀਆਂ ਰੋਜ਼ਾਨਾ ਵਰਤੋਂ ਦੀਆਂ ਸਬਜ਼ੀਆਂ ਦੀਆਂ ਕੀਮਤਾਂ ਵਿੱਚ ਦੁੱਗਣਾ-ਤਿੱਗਣਾ ਵਾਧਾ ਦੇਖਣ ਨੂੰ ਮਿਲਿਆ ਹੈ। ਸਬਜ਼ੀ ਵਿਕਰੇਤਾਵਾਂ ਦਾ ਕਹਿਣਾ ਹੈ ਕਿ ਤੇਜ਼ ਧੁੱਪ ਤੇ ਲੂ ਕਾਰਨ ਖੇਤਾਂ ਵਿੱਚ ਫ਼ਸਲਾਂ ਸਮੇਂ ਤੋਂ ਪਹਿਲਾਂ ਹੀ ਸੁੱਕ ਰਹੀਆਂ ਹਨ, ਜਿਸ ਕਾਰਨ ਮੰਡੀਆਂ ਵਿੱਚ ਸਪਲਾਈ ਪਹਿਲਾਂ ਨਾਲੋਂ ਕਾਫ਼ੀ ਘੱਟ ਗਈ ਹੈ। ਇੱਕ ਥੋਕ ਵਿਕਰੇਤਾ ਨੇ ਦੱਸਿਆ ਕਿ ਟਰਾਂਸਪੋਰਟੇਸ਼ਨ ਦੌਰਾਨ ਵੀ ਸਬਜ਼ੀਆਂ ਗਰਮੀ ਕਾਰਨ ਖ਼ਰਾਬ ਹੋ ਜਾਂਦੀਆਂ ਹਨ, ਜਿਸ ਕਾਰਨ ਨੁਕਸਾਨ ਤੋਂ ਬਚਣ ਲਈ ਭਾਅ ਵਧਾਉਣੇ ਪੈ ਰਹੇ ਹਨ। ਵਧਦੀਆਂ ਕੀਮਤਾਂ ਕਾਰਨ ਆਮ ਖਪਤਕਾਰਾਂ ਦਾ ਘਰੇਲੂ ਬਜਟ ਵਿਗੜ ਗਿਆ ਹੈ। ਸਥਾਨਕ ਵਾਸੀਆਂ ਨੇ ਦੱਸਿਆ ਕਿ ਪਹਿਲਾਂ ਜੋ ਸਬਜ਼ੀਆਂ 30-40 ਰੁਪਏ ਕਿੱਲੋ ਮਿਲਦੀਆਂ ਸਨ, ਹੁਣ ਉਹ 70-80 ਰੁਪਏ ਕਿੱਲੋ ਤੱਕ ਵਿਕ ਰਹੀਆਂ ਹਨ। ਕਈ ਲੋਕਾਂ ਨੇ ਖ਼ਰੀਦ ਦੀ ਮਾਤਰਾ ਵੀ ਘਟਾ ਦਿੱਤੀ ਹੈ। ਖੇਤੀਬਾੜੀ ਮਾਹਰਾਂ ਅਨੁਸਾਰ ਜੇਕਰ ਗਰਮੀ ਦਾ ਇਹ ਦੌਰ ਲੰਬਾ ਚੱਲਿਆ ਤਾਂ ਭਾਅ ਹੋਰ ਵੀ ਵਧ ਸਕਦੇ ਹਨ। ਉਨ੍ਹਾਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਕਿਸਾਨਾਂ ਨੂੰ ਸਿੰਚਾਈ ਲਈ ਢੁੱਕਵੀਂ ਸਹੂਲਤ ਦਿੱਤੀ ਜਾਵੇ ਤਾਂ ਜੋ ਫ਼ਸਲਾਂ ਦਾ ਨੁਕਸਾਨ ਘੱਟ ਕੀਤਾ ਜਾ ਸਕੇ।

## ਲਵਪ੍ਰੀਤ ਲਵੀ ਬਣੇ ਜ਼ਿਲ੍ਹਾ ਵਾਈਸ ਪ੍ਰਧਾਨ

**ਬਰਨਾਲਾ (ਰਾਜਿੰਦਰ ਬਰਾੜ)**



ਆਮ ਆਦਮੀ ਪਾਰਟੀ ਵੱਲੋਂ ਲਵਪ੍ਰੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਨੂੰ ਯੂਥ ਦਾ ਜ਼ਿਲ੍ਹਾ ਵਾਇਸ ਪ੍ਰਧਾਨ ਲਾਉਣ 'ਤੇ ਜ਼ਿਲ੍ਹਾ ਬਰਨਾਲਾ ਵਿੱਚ ਖੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ। ਲਵਪ੍ਰੀਤ ਸਿੰਘ ਉਰਫ਼ ਲਵੀ ਵੱਲੋਂ ਐੱਮ.ਪੀ ਗੁਰਮੀਤ ਸਿੰਘ ਮੀਤ ਹੇਅਰ ਤੇ ਸਮੁੱਚੀ ਜ਼ਿਲ੍ਹਾ ਲੀਡਰਸ਼ਿਪ ਦਾ ਧੰਨਵਾਦ ਕੀਤਾ, ਉਥੇ ਉਨ੍ਹਾਂ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀ ਮਜਬੂਤੀ ਲਈ ਪੂਰੀ ਮਿਹਨਤ ਤੇ ਲਗਨ ਨਾਲ ਕੰਮ ਕਰਨਗੇ।

## ਸਿੱਖਿਆ ਖੇਤਰ 'ਚ ਸਰਕਾਰ ਦੀ ਵੱਡੀ ਛਾਲ, ਪਹਿਲੀ ਤੋਂ 12ਵੀਂ ਜਮਾਤ ਤੱਕ ਏ ਆਈ ਹੋਵੇਗੀ ਪਾਠਕ੍ਰਮ ਦਾ ਹਿੱਸਾ

**ਭਵਾਨੀਗੜ੍ਹ (ਰਾਜ ਖੁਰਮੀ)**




ਪੰਜਾਬ ਸਰਕਾਰ ਨੇ ਸੂਬੇ ਦੀ ਸਕੂਲੀ ਸਿੱਖਿਆ ਨੂੰ ਆਧੁਨਿਕ ਤਕਨਾਲੋਜੀ ਨਾਲ ਜੋੜਦਿਆਂ ਇੱਕ ਇਤਿਹਾਸਕ ਫ਼ੈਸਲਾ ਲਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਕੂਲ ਸਿੱਖਿਆ ਬੋਰਡ (ਪੀਐੱਸਈਬੀ) ਅਧੀਨ ਆਉਂਦੇ ਸਾਰੇ 25,172 ਸਰਕਾਰੀ ਤੇ ਮਾਨਤਾ ਪ੍ਰਾਪਤ ਸਕੂਲਾਂ ਵਿੱਚ ਪਹਿਲੀ ਤੋਂ 12ਵੀਂ ਜਮਾਤ ਤੱਕ ਆਰਟੀਫ਼ੀਸ਼ੀਅਲ ਇੰਟੈਲੀਜੈਂਸ (ਏ ਆਈ) ਨੂੰ ਪਾਠਕ੍ਰਮ ਦਾ ਅਹਿਮ ਹਿੱਸਾ ਬਣਾਇਆ ਜਾ ਰਿਹਾ ਹੈ। ਇਸ ਪਹਿਲ ਨਾਲ ਪੰਜਾਬ ਸਕੂਲੀ ਪੱਧਰ 'ਤੇ ਏ ਆਈ ਸਿੱਖਿਆ ਨੂੰ ਵਿਆਪਕ ਤੌਰ 'ਤੇ ਲਾਗੂ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣਨ ਵੱਲ ਕਦਮ ਵਧਾ ਰਿਹਾ ਹੈ। 'ਸਰਬੱਤ.19' ਮਿਸ਼ਨ ਤਹਿਤ ਸੂਬੇ ਦੇ ਕਰੀਬ 31.5 ਲੱਖ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਤਕਨੀਕੀ ਸਿੱਖਿਆ ਨਾਲ ਜੋੜਨ ਦੀ ਯੋਜਨਾ ਬਣਾਈ ਗਈ ਹੈ।

ਸਰਕਾਰ ਅਨੁਸਾਰ ਇਹ ਪਾਠਕ੍ਰਮ ਫਿਨਲੈਂਡ, ਸਿੰਗਾਪੁਰ, ਅਮਰੀਕਾ ਤੇ ਯੂਨੈਸਕੋ ਦੇ ਅੰਤਰਰਾਸ਼ਟਰੀ ਮਾਪਦੰਡਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਹੈ, ਤਾਂ ਜੋ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਤਕਨੀਕੀ ਲੋੜਾਂ ਅਨੁਸਾਰ ਸਿੱਖਿਆ ਪ੍ਰਦਾਨ ਕੀਤੀ ਜਾ ਸਕੇ। ਯੋਜਨਾ ਦੇ ਪਹਿਲੇ ਪੜਾਅ ਵਿੱਚ ਅੱਠਵੀਂ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਲਾਈਵ ਕਲਾਸਾਂ, ਲਰਨਿੰਗ ਮੈਨੇਜਮੈਂਟ ਸਿਸਟਮ ਤੇ ਪ੍ਰੋਜੈਕਟ ਅਧਾਰਤ ਸਿੱਖਣ ਰਾਹੀਂ ਏ ਆਈ ਦੀ ਸਿਖਲਾਈ ਦਿੱਤੀ ਜਾਵੇਗੀ। ਇਸ ਤੋਂ ਬਾਅਦ ਦੂਜੇ ਪੜਾਅ ਵਿੱਚ ਪਹਿਲੀ ਤੋਂ ਸੱਤਵੀਂ ਜਮਾਤ ਦੇ ਬੱਚਿਆਂ ਨੂੰ ਬੁਨਿਆਦੀ ਡਿਜੀਟਲ ਤੇ ਏ ਆਈ ਸਿੱਖਿਆ ਨਾਲ ਜਾਣੂ ਕਰਵਾਇਆ ਜਾਵੇਗਾ। ਵਿਦਿਆਰਥੀਆਂ ਦੀ ਪ੍ਰਗਤੀ ਦਾ ਮੁਲਾਂਕਣ ਕਰਕੇ ਪ੍ਰਾਪਤ ਅੰਕ ਬੋਰਡ ਦੀ ਅਧਿਕਾਰਤ ਮਾਰਕਸ਼ੀਟ ਵਿੱਚ ਵੀ ਦਰਜ ਕੀਤੇ ਜਾਣਗੇ।

ਇਸ ਇਤਿਹਾਸਕ ਪਹਿਲ ਦਾ ਸਵਾਗਤ ਕਰਦਿਆਂ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਕੂਲਾਂ ਵਿੱਚ ਏ ਆਈ ਅਧਾਰਤ ਸਿੱਖਿਆ ਸ਼ੁਰੂ ਕਰਨਾ ਦੂਰਅੰਦੇਸ਼ੀ ਸੋਚ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਪਿੰਡਾਂ ਤੇ ਸ਼ਹਿਰਾਂ ਦੇ ਵਿਦਿਆਰਥੀਆਂ ਵਿਚਕਾਰ ਤਕਨੀਕੀ ਸਿੱਖਿਆ ਦਾ ਪਾੜਾ ਘਟੇਗਾ ਤੇ ਹਰ ਵਰਗ ਦੇ ਬੱਚਿਆਂ ਨੂੰ ਨਵੀਨਤਮ ਤਕਨਾਲੋਜੀ ਸਿੱਖਣ ਦੇ ਸਮਾਨ ਮੌਕੇ ਮਿਲਣਗੇ। ਉਨ੍ਹਾਂ ਦੱਸਿਆ ਕਿ ਮਿਸ਼ਨ ਨੂੰ ਸਫ਼ਲ ਬਣਾਉਣ ਲਈ ਗੂਗਲ, ਇੰਟੈਲ ਤੇ ਕੈਨਵਾ ਵਰਗੀਆਂ ਅੰਤਰਰਾਸ਼ਟਰੀ ਤਕਨੀਕੀ ਕੰਪਨੀਆਂ ਦੇ ਸਹਿਯੋਗ ਨਾਲ 12,424 ਕੰਪਿਊਟਰ ਅਧਿਆਪਕਾਂ ਸਮੇਤ ਦੋ ਲੱਖ ਤੋਂ ਵੱਧ ਅਧਿਆਪਕਾਂ ਤੇ ਸਟਾਫ਼ ਨੂੰ ਵਿਸ਼ੇਸ਼ ਏ ਆਈ ਸਿਖਲਾਈ ਦਿੱਤੀ ਜਾ ਰਹੀ ਹੈ।

## ਗੁਰੂ ਰਵਿਦਾਸ ਜੀ ਨਾਲ ਸੰਬੰਧਤ ਢੈਂਠਲ 'ਚ ਹੋਇਆ ਸੱਤਵਾਂ ਸੈਮੀਨਾਰ



**ਪਟਿਆਲਾ/ਸ਼ਮਾਣਾ (ਰਾਜਿੰਦਰ ਸਿੰਘ ਥਿੰਦ/ਗੁਰਪਿਆਰ ਸਿੰਘ ਬੱਲ)**-ਸਤਿਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਬਾਣੀ ਵਿਚਾਰ ਚੇਤਨਾ ਮੰਚ ਪੰਜਾਬ ਰਜਿ. ਵੱਲੋਂ ਕਰਾਏ ਜਾ ਰਹੇ ਸੈਮੀਨਾਰਾਂ ਦੀ ਲੜੀ ਤਹਿਤ ਸੱਤਵਾਂ ਸੈਮੀਨਾਰ ਮੁੱਖ ਸਰਪ੍ਰਸਤ ਬਲਵਿੰਦਰ ਸਿੰਘ ਜਾਤੀਵਾਲ ਦੀ ਪ੍ਰਧਾਨਗੀ ਤਹਿਤ ਪੇਂਡੂ ਖੇਤਰ 'ਚ ਸਮਾਣਾ ਨਜ਼ਦੀਕ ਪਿੰਡ ਢੈਂਠਲ ਵਿਖੇ ਕਰਾਇਆ ਗਿਆ। 'ਗੁਰੂ ਰਵਿਦਾਸ ਦੇ ਸਮਕਾਲੀ ਬਾਣੀਕਾਰਾਂ ਨਾਲ ਸਰੋਕਾਰ' ਵਿਸ਼ੇ 'ਤੇ ਹੋਏ ਇਸ ਸੈਮੀਨਾਰ 'ਚ ਮੁੱਖ ਮਹਿਮਾਨ ਦੇ ਤੌਰ 'ਤੇ ਸੰਨ੍ਹੀ ਓਬਰਾਏ ਵਿਵੇਕ ਸਦਨ ਫਿਉਚਰਸਟਿਕ ਯੂਨੀਵਰਸਿਟੀ ਸ੍ਰੀ ਆਨੰਦਪੁਰ ਸਾਹਿਬ ਦੇ ਵਾਈਸ ਚਾਂਸਲਰ ਡਾ. ਸਰਬਜਿੰਦਰ ਸਿੰਘ ਨੇ ਕੁੰਜੀਵਤ ਭਾਸ਼ਣ ਦਿੰਦਿਆਂ ਕਿਹਾ ਕਿ ਸਿੱਖੀ ਦੀ ਸ਼ੁਰੂਆਤ ਕਰਨ ਵਾਲੇ ਮੁੱਢਲੇ ਬਾਣੀਕਾਰਾਂ ਵਿਚ ਗੁਰੂ ਰਵਿਦਾਸ ਜੀ ਵੱਲੋਂ ਸ਼ੁਰੂ ਕੀਤੀ ਕ੍ਰਾਂਤੀਕਾਰੀ ਲਹਿਰ ਨੇ ਹਾਸ਼ੀਏ 'ਤੇ ਬੈਠੇ ਪਛੜੇ ਸਮਾਜ ਨੂੰ ਇਨਸਾਨ ਹੋਣ ਦਾ ਅਹਿਸਾਸ ਕਰਾਇਆ।

ਡਾ. ਸਰਬਜਿੰਦਰ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਬਾਣਕਾਰੀ ਸਾਰੇ ਪਾਖੰਡਵਾਦ ਦਾ ਖੰਡਨ ਕਰਦੇ ਹਨ, ਪਰ ਫਿਰ ਵੀ ਸਾਡੇ ਸਿੱਖ ਸਮਾਜ ਵਿਚ ਅਮਲ ਕਰਨ ਨਾਲੋਂ ਵੱਧ ਪੂਜਾ ਪ੍ਰਣਾਲੀ ਅਪਣਾਈ ਜਾ ਰਹੀ ਹੈ। ਗੁਰੂ ਗ੍ਰੰਥ ਸਾਹਿਬ ਸਿਰਫ਼ ਸ਼ਬਦ ਗੁਰੂ ਨਾਲ ਜੋੜਦੇ ਹਨ, ਪਰ ਅਸੀਂ ਅੱਜ ਵੀ ਜਾਤਾਂ-ਪਾਤਾਂ ਊਚ-ਨੀਚ ਦੇ ਅਡੰਬਰਾਂ ਵਿੱਚ ਉਲਝੇ ਪਏ ਹਾਂ। ਗੁਰੂ ਰਵਿਦਾਸ ਜੀ ਦੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਬਾਣੀ ਅਹਿਸਾਸ ਕਰਾਉਂਦੀ ਹੈ ਕਿ ਵਾਹਿਗੁਰੂ ਸਿਰਫ਼ ਅਮੀਰ ਜਾਂ ਫਿਰ ਕਿਸੇ ਉੱਚੀ ਜਾਤ ਵਾਲੇ ਦਾ ਨਹੀਂ ਹੈ, ਸਗੋਂ ਉਹ ਖੰਡਾਂ ਬ੍ਰਹਿਮੰਡ ਦੇ ਕਣ ਕਣ ਦਾ ਰੱਖਿਅਕ ਹੈ। ਇਸ ਵੇਲੇ ਮੁੱਖ ਭਾਸ਼ਣ ਦਿੰਦਿਆਂ ਗੌਰਮਿੰਟ ਕਾਲਜ ਚੰਡੀਗੜ੍ਹ ਦੇ ਪ੍ਰੋਫੈਸਰ ਡਾ. ਪ੍ਰੀਤਇੰਦਰ ਸਿੰਘ ਨੇ ਕਿਹਾ ਕਿ ਗੁਰੂ ਰਵਿਦਾਸ, ਸੰਤ ਪੁਰਖ ਕਬੀਰ ਜੀ, ਸਰਬ ਪਰਮ ਸੰਤ ਨਾਮਦੇਵ ਜੀ, ਸੈਣ ਜੀ, ਪੀਪਾ ਆਦਿ ਸਮਕਾਲੀ ਬਾਣੀਕਾਰਾਂ ਦੀ ਬਾਣੀ ਸਿੱਧੇ ਅਸਿੱਧੇ ਤੌਰ 'ਤੇ ਬਿਪਰਵਾਦ ਦੀਆਂ ਰਵਾਇਤਾਂ ਨੂੰ ਮੁੱਢੋਂ ਰੱਦ ਕਰਦੀ ਹੈ।

ਗੁਰੂ ਗ੍ਰੰਥ ਸਾਹਿਬ ਦੀ ਬਾਣੀ ਸਿੱਧੇ ਤੌਰ 'ਤੇ ਆਮ ਲੋਕਾਂ ਦੇ ਪੱਖ ਵਿਚ ਖੜਦੀ ਹੋਈ ਬੁਰਜੂਆ ਤੇ ਸਾਮਰਾਜਵਾਦ ਦਾ ਖੰਡਨ ਕਰਦੀ ਹੈ। ਗੁਰੂ ਰਵਿਦਾਸ ਦਾ ਗਿਆਨ ਨਾਲ ਪ੍ਰਕਾਸ਼ ਦੇਣ ਦਾ ਸੰਕਲਪ ਜਿੱਥੇ ਇਨਸਾਨ ਨੂੰ ਪੜਾਈ ਨਾਲ ਜੋੜਦਾ ਹੈ, ਉੱਥੇ ਹੀ ਬੇਗਮਪੁਰੇ ਦਾ ਸੰਦੇਸ਼ ਬਰਾਬਰਤਾ ਦੀ ਅਗਵਾਈ ਕਰਦਾ ਹੈ। ਇਸ ਵੇਲੇ ਵਿਸ਼ੇਸ਼ ਮਹਿਮਾਨ ਸਾਬਕਾ ਐਮਪੀ ਅਤਿੰਦਰਪਾਲ ਸਿੰਘ ਨੇ ਕਿਹਾ ਸਮਾਜ ਵਿੱਚ ਘਰ ਕਰ ਚੁੱਕੀਆਂ ਮਨੂੰਵਾਦੀ ਰਵਾਇਤਾਂ ਨੇ ਗੁਰੂ ਰਵਿਦਾਸ ਜਿਹੇ ਰਹਿਬਰਾਂ ਨੂੰ ਇਤਿਹਾਸ ਵਿਚ ਅਣਗੌਲੇ ਕੀਤਾ।

## ਰਾਕੇਸ਼ ਬੱਗਾ ਨੂੰ ਦਿੱਤਾ ਅਜ਼ਾਦ ਚੋਣ ਲੜਨ ਦਾ ਸਮਰਥਨ


**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਅਲੀਪੁਰ ਜੱਟਾਂ ਪਿੰਡ ਵਿਖੇ ਬਾਜ਼ੀਗਰ ਸਮਾਜ ਦੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ 'ਚ ਸਮਾਜ ਨੇ ਸਰਬਸੰਮਤੀ ਨਾਲ ਫੈਸਲਾ ਲਿਆ ਕਿ ਆਉਣ ਵਾਲੀਆਂ ਚੋਣਾਂ ਵਿੱਚ ਅਜ਼ਾਦ ਉਮੀਦਵਾਰ ਵਜੋਂ ਚੋਣ ਲੜਨ ਦੀ ਤਿਆਰੀ ਕਰ ਰਹੇ ਰਾਕੇਸ਼ ਬੱਗਾ ਨਾਲ ਮੀਟਿੰਗ ਵਿੱਚ ਸ਼ਾਮਲ ਰਹੇ ਸਤਪਾਲ ਸਿੰਘ, ਸਵਰਣ ਸਿੰਘ, ਜਤਿੰਦਰ ਸਿੰਘ ਗਿੱਲ, ਮੋਹਨ ਸਿੰਘ ਮਹਿਮਦਪੁਰ ਤੇ ਬਾਜ਼ੀਗਰ ਸਮਾਜ ਵੱਲੋਂ ਖੁੱਲ੍ਹ ਕੇ ਸਮਰਥਨ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਲੰਬੇ ਸਮੇਂ ਤੋਂ ਬਾਜ਼ੀਗਰ ਸਮਾਜ ਆਪਣੇ ਹੱਕਾਂ ਤੇ ਮੰਗਾਂ ਲਈ ਆਵਾਜ਼ ਉਠਾਉਂਦਾ ਆ ਰਿਹਾ ਹੈ। ਹੁਣ ਸਮਾਂ ਆ ਗਿਆ ਹੈ ਕਿ ਸਮਾਜ ਦਾ ਆਪਣਾ ਨੁਮਾਇੰਦਾ ਅੱਗੇ ਆ ਕੇ ਲੋਕਾਂ ਦੀ ਸੇਵਾ ਕਰੇ। ਰਾਕੇਸ਼ ਬੱਗਾ ਪਿਛਲੇ ਕਈ ਸਾਲਾਂ ਤੋਂ ਸਮਾਜ ਦੀ ਸੇਵਾ ਵਿੱਚ ਜੁਟੇ ਹੋਏ ਹਨ ਅਤੇ ਲੋਕਾਂ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੁੰਦੇ ਰਹਿੰਦੇ ਹਨ।



## ਪ੍ਰਿਯਾਂਕ ਕਾਨੂੰਨਗੋ ਭਲਕੇ ਕਰਨਗੇ ਮਨੁੱਖੀ ਅਧਿਕਾਰਾਂ ਦੀ ਸੁਣਵਾਈ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਸ਼੍ਰੀ ਪ੍ਰਿਯਾਂਕ ਕਾਨੂੰਨਗੋ 29 ਜੁਲਾਈ ਨੂੰ ਸਵੇਰੇ 11 ਵਜੇ ਬਿਲਾਸਪੁਰ ਵਿਖੇ ਪਹੁੰਚਣਗੇ। ਉਹ ਉਨ੍ਹਾਂ ਲੋਕਾਂ ਦੀਆਂ ਸ਼ਿਕਾਇਤਾਂ ਦੀ ਸੁਣਵਾਈ ਕਰਨਗੇ, ਜਿਨ੍ਹਾਂ ਦਾ ਦੋਸ਼ ਹੈ ਕਿ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕੀਤੀ ਗਈ ਹੈ ਜਾਂ ਉਨ੍ਹਾਂ ਦੀਆਂ ਸ਼ਿਕਾਇਤਾਂ ਦੀ ਸੁਣਵਾਈ ਨਹੀਂ ਹੋਈ। ਇਸ ਤੋਂ ਇਲਾਵਾ ਜਿਨ੍ਹਾਂ ਵਿਅਕਤੀਆਂ ਦਾ ਦਾਅਵਾ ਹੈ ਕਿ ਉਨ੍ਹਾਂ ਖ਼ਿਲਾਫ਼ ਨਾਜਾਇਜ਼ ਤੌਰ 'ਤੇ ਨਸ਼ੇ ਜਾਂ ਹੋਰ ਮਾਮਲਿਆਂ ਵਿੱਚ ਪਰਚੇ ਦਰਜ ਕੀਤੇ ਗਏ ਹਨ, ਉਹ ਵੀ ਆਪਣਾ ਪੱਖ ਰੱਖ ਸਕਣਗੇ। ਸ਼ਿਕਾਇਤਾਂ ਦੀ ਸੁਣਵਾਈ ਤੋਂ ਬਾਅਦ ਲੋੜ ਪੈਣ 'ਤੇ ਸਬੰਧਤ ਪੁਲਿਸ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਤੋਂ ਜਵਾਬ ਵੀ ਮੰਗਿਆ ਜਾਵੇਗਾ। ਇਹ ਪ੍ਰੋਗਰਾਮ ਬਿਲਾਸਪੁਰ ਇਲਾਕੇ ਦੇ ਭਾਜਪਾ ਆਗੂ ਵਿਨੋਦ ਕੁਮਾਰ ਸ਼ਰਮਾ (ਵਿੱਕੀ ਬਿਲਾਸਪੁਰ) ਵੱਲੋਂ ਕਰਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਉਪਰਾਲੇ ਦਾ ਮਕਸਦ ਹਰ ਗ਼ਰੀਬ ਤੇ ਪੀੜਤ ਵਿਅਕਤੀ ਦੀ ਆਵਾਜ਼ ਨੂੰ ਪ੍ਰਸ਼ਾਸਨ ਤੱਕ ਪੁਚਾਉਣਾ ਅਤੇ ਇਨਸਾਫ਼ ਦਿਵਾਉਣ ਲਈ ਯਤਨ ਕਰਨਾ ਹੈ। ਸ਼੍ਰੀ ਪ੍ਰਿਯਾਂਕ ਕਾਨੂੰਨਗੋ ਇਸ ਵੇਲੇ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਵਜੋਂ ਸੇਵਾਵਾਂ ਨਿਭਾਅ ਰਹੇ ਹਨ।

## ਕਾਰਗਿਲ ਵਿਜੇ ਦਿਵਸ 'ਤੇ ਡੀ ਸੀ ਐੱਮ ਗਰੁੱਪ ਆਫ਼ ਸਕੂਲਜ਼ 'ਚ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਕਾਰਗਿਲ ਵਿਜੇ ਦਿਵਸ ਦੇ ਮੌਕੇ 'ਤੇ ਡੀਸੀਐੱਮ ਗਰੁੱਪ ਆਫ਼ ਸਕੂਲਜ਼ ਦੇ ਵੱਖ-ਵੱਖ ਸਕੂਲਾਂ ਵਿੱਚ ਭਾਰਤੀ ਸੈਨਾ ਦੀ ਬਹਾਦਰੀ, ਸਾਹਸ ਤੇ ਕੁਰਬਾਨੀ ਨੂੰ ਸਮਰਪਤ ਵਿਸ਼ੇਸ਼ ਪ੍ਰੋਗਰਾਮ ਕੀਤੇ ਗਏ। ਵਿਦਿਆਰਥੀਆਂ ਨੇ ਦੇਸ਼ ਭਗਤੀ ਨਾਲ ਭਰਪੂਰ ਪੇਸ਼ਕਾਰੀਆਂ ਦੇ ਮਾਧਿਅਮ ਨਾਲ ਕਾਰਗਿਲ ਦੇ ਵੀਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਤੇ ਦੇਸ਼ ਸੇਵਾ ਦਾ ਪ੍ਰਣ ਲਿਆ। ਡੀਸੀਐੱਮ ਇੰਟਰਨੈਸ਼ਨਲ ਸਕੂਲ ਦੀ ਪ੍ਰਿੰਸੀਪਲ ਅਨੁਰਾਧਾ ਚੰਦੇਲ ਨੇ ਦੱਸਿਆ ਕਿ ਸਕੂਲ ਵਿੱਚ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਨੇ ਭਾਸ਼ਣ, ਕਵਿਤਾ ਉਚਾਰਨ, ਦੇਸ਼ ਭਗਤੀ ਦੇ ਗੀਤ, ਡਾਂਸ, ਵਿਚਾਰ ਤੇ ਸ਼ਬਦ ਗਾਇਨ ਸਮੇਤ ਵੱਖ-ਵੱਖ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਉਨ੍ਹਾਂ ਵਿਦਿਆਰਥੀਆਂ ਨੂੰ ਕਾਰਗਿਲ ਯੁੱਧ ਦੇ ਇਤਿਹਾਸ, ਭਾਰਤੀ ਸੈਨਾ ਦੀ ਬਹਾਦਰੀ ਤੇ ਸ਼ਹੀਦ ਜਵਾਨਾਂ ਦੀ ਮਹਾਨ ਕੁਰਬਾਨੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਭਾਰਤੀ ਸੈਨਿਕਾਂ ਨੇ ਅਟੁੱਟ ਸਾਹਸ ਤੇ ਬਹਾਦਰੀ ਦਾ ਪ੍ਰਦਰਸ਼ਨ ਕਰਦਿਆਂ ਕਾਰਗਿਲ ਦੀਆਂ ਔਖੀਆਂ ਚੋਟੀਆਂ 'ਤੇ ਜਿੱਤ ਪ੍ਰਾਪਤ ਕਰਕੇ ਦੇਸ਼ ਦਾ ਮਾਣ ਵਧਾਇਆ। ਵਿਦਿਆਰਥੀਆਂ ਨੂੰ ਕਾਰਗਿੱਲ ਯੁੱਧ 'ਤੇ ਅਧਾਰਤ ਪ੍ਰੇਰਨਾਦਾਇਕ ਡਾਕੂਮੈਂਟਰੀ ਵੀ ਦਿਖਾਈ ਗਈ, ਜਿਸ ਨਾਲ ਉਨ੍ਹਾਂ ਨੂੰ ਸੈਨਿਕਾਂ ਦੇ ਸੰਘਰਸ਼ ਤੇ ਕੁਰਬਾਨੀ ਨੂੰ ਨੇੜਿਓਂ ਸਮਝਣ ਦਾ ਮੌਕਾ ਮਿਲਿਆ। ਡੀਸੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੀ ਪ੍ਰਿੰਸੀਪਲ ਯਾਚਨਾ ਚਾਵਲਾ ਨੇ ਦੱਸਿਆ ਕਿ ਸਕੂਲ ਵਿਚ ਆਯੋਜਿਤ ਵਿਸ਼ੇਸ਼ ਪ੍ਰਾਰਥਨਾ ਸਭਾ ਵਿੱਚ ਵਿਦਿਆਰਥੀਆਂ ਨੂੰ ਕਾਰਗਿਲ ਵਿਜੇ ਦਿਵਸ ਦੀ ਮਹੱਤਤਾ ਤੋਂ ਜਾਣੂ ਕਰਵਾਇਆ ਗਿਆ। ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤਾਂ 'ਤੇ ਆਕਰਸ਼ਕ ਸੱਭਿਆਚਾਰਕ ਪੇਸ਼ਕਾਰੀਆਂ ਦਿੱਤੀਆਂ ਤੇ ਭਾਰਤੀ ਸੈਨਾ ਦੀ ਬਹਾਦਰੀ ਤੇ ਰਾਸ਼ਟਰ ਪ੍ਰਤੀ ਸਮਰਪਣ ਨੂੰ ਸਲਾਮ ਕੀਤਾ। ਪ੍ਰੋਗਰਾਮ ਦੇ ਅੰਤ ਵਿੱਚ ਸਾਰੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਕਾਰਗਿਲ ਦੇ ਅਮਰ ਸ਼ਹੀਦਾਂ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਤੇ ਰਾਸ਼ਟਰ ਦੀ ਏਕਤਾ, ਅਖੰਡਤਾ ਤੇ ਸੁਰੱਖਿਆ ਲਈ ਹਮੇਸ਼ਾ ਸਮਰਪਤ ਰਹਿਣ ਦਾ ਪ੍ਰਣ ਲਿਆ।

## ਫ਼ੈਕਲਟੀ ਆਫ਼ ਬੇਸਿਕ ਸਾਇੰਸਿਜ਼ ਵੱਲੋਂ ਵਿਦਿਆਰਥੀ ਇੰਡਕਸ਼ਨ ਪ੍ਰੋਗਰਾਮ ਦਾ ਆਯੋਜਨ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੀ ਫ਼ੈਕਲਟੀ ਆਫ਼ ਬੇਸਿਕ ਸਾਇੰਸਿਜ਼ ਵੱਲੋਂ ਬੀ.ਐੱਸਸੀ. ਆਨਰਜ਼ ਮਲਟੀਡਿਸੀਪਲਿਨਰੀ (ਲਾਈਫ ਸਾਇੰਸਿਜ਼ ਤੇ ਫਿਜ਼ੀਕਲ ਸਾਇੰਸਿਜ਼) ਵਿੱਚ ਨਵੇਂ ਦਾਖਲ ਹੋਏ ਵਿਦਿਆਰਥੀਆਂ ਲਈ ਵਿਸ਼ੇਸ਼ ਇੰਡਕਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਕਾਲਜ ਦੀ ਪ੍ਰੰਪਰਾ ਅਨੁਸਾਰ ਉਦਘਾਟਨੀ ਸੈਸ਼ਨ ਦੀ ਸ਼ੁਰੂਆਤ ਸ੍ਰੀ ਮੂਲ ਮੰਤਰ ਸਾਹਿਬ ਦੇ ਉਚਾਰਨ ਨਾਲ ਕੀਤੀ ਗਈ। ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਇੰਡਕਸ਼ਨ ਪ੍ਰੋਗਰਾਮ ਨਵੇਂ ਵਿਦਿਆਰਥੀਆਂ ਨੂੰ ਕਾਲਜ ਦੇ ਅਕਾਦਮਿਕ ਤੇ ਪ੍ਰਸ਼ਾਸਨਿਕ ਢਾਂਚੇ, ਵਿਭਾਗਾਂ ਦੀ ਕਾਰਜ-ਪ੍ਰਣਾਲੀ ਅਤੇ ਕੈਂਪਸ ਦੇ ਸਮੁੱਚੇ ਮਾਹੌਲ ਨਾਲ ਜਾਣੂ ਕਰਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਪ੍ਰੋਗਰਾਮ ਕੋਆਰਡੀਨੇਟਰ ਅਤੇ ਜ਼ੂਆਲੋਜੀ ਵਿਭਾਗ ਦੇ ਮੁਖੀ ਪ੍ਰੋ. ਪਰਦੀਪ ਕੌਰ ਸੰਧੂ ਨੇ ਨਵੇਂ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਕਾਲਜ ਪਰਿਵਾਰ ਦਾ ਹਿੱਸਾ ਬਣਨ 'ਤੇ ਵਧਾਈ ਦਿੱਤੀ। ਪ੍ਰੋਗਰਾਮ ਦੇ ਕੋ-ਕੋਆਰਡੀਨੇਟਰ ਤੇ ਕੈਮਿਸਟਰੀ ਵਿਭਾਗ ਦੇ ਮੁਖੀ ਡਾ. ਕਮਲਪ੍ਰੀਤ ਕੌਰ ਨੇ ਉਦਘਾਟਨੀ ਸੈਸ਼ਨ ਦਾ ਪ੍ਰਭਾਵਸ਼ਾਲੀ ਢੰਗ ਨਾਲ ਸੰਚਾਲਨ ਕਰਦਿਆਂ ਪ੍ਰੋਗਰਾਮ ਦੀ ਰੂਪ-ਰੇਖਾ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਾਇਆ। ਫ਼ੈਕਲਟੀ ਆਫ਼ ਬੇਸਿਕ ਸਾਇੰਸਿਜ਼ ਦੇ ਡੀਨ ਤੇ ਗਣਿਤ ਵਿਭਾਗ ਦੇ ਮੁਖੀ ਪ੍ਰੋ. ਨਮਿਤਾ ਬੈਰੀ ਨੇ ਨਵੇਂ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਨੂੰ ਆਪਣੀ ਅਕਾਦਮਿਕ ਯਾਤਰਾ ਦੌਰਾਨ ਮਿਹਨਤ, ਅਨੁਸ਼ਾਸਨ ਤੇ ਨੈਤਿਕ ਕਦਰਾਂ-ਕੀਮਤਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ ਨੂੰ ਕਾਲਜ ਦੇ ਮਾਹੌਲ ਨਾਲ ਜਾਣੂ ਕਰਾਉਣ ਲਈ ਡਾ. ਨਵਜੀਤ ਕੌਰ, ਡਾ. ਮਨਪ੍ਰੀਤ ਕੌਰ ਤੇ ਡਾ. ਨੈਨਾ ਖੁੱਲਰ ਵੱਲੋਂ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਰਾਹੀਂ ਆਈਸ-ਬ੍ਰੇਕਿੰਗ ਸੈਸ਼ਨ ਕਰਾਇਆ ਗਿਆ। ਇਸ ਉਪਰੰਤ ਵਿਦਿਆਰਥੀਆਂ ਨੂੰ ਕਾਲਜ ਕੈਂਪਸ ਦਾ ਦੌਰਾ ਵੀ ਕਰਾਇਆ ਗਿਆ।

## ਟੀਚਰ ਸੁਸਾਇਟੀ ਦਾ ਜਨਰਲ ਅਜਲਾਸ ਤੇ ਮੁਨਾਫ਼ਾ ਵੰਡ ਸਮਾਰੋਹ ਸ਼ਾਂਤੀਪੂਰਵਕ ਸੰਪੰਨ



**ਮਾਨਸਾ (ਆਤਮਾ ਸਿੰਘ ਪਮਾਰ)**-ਪੈਨਸ਼ਨਰਜ਼ ਭਵਨ ਵਿਖੇ ਜ਼ਿਲ੍ਹੇ ਦੀ ਸਭ ਤੋਂ ਵੱਡੀ ਟੀਚਰਜ਼ ਸਹਿਕਾਰੀ ਸੁਸਾਇਟੀ ਦਾ ਜਨਰਲ ਇਜਲਾਸ ਇਜਲਾਸ ਪ੍ਰਧਾਨ ਪਰਮਿੰਦਰ ਕੌਰ ਦੀ ਪ੍ਰਧਾਨਗੀ ਹੇਠ ਸਫ਼ਲਤਾ ਪੂਰਵਕ ਸੰਪੰਨ ਹੋਇਆ। ਆਡੀਟਰ ਅਰਸ਼ਦੀਪ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਪ੍ਰੋਗਰਾਮ ਦੇ ਸ਼ੁਰੂ 'ਚ ਸਭਾ ਦੇ ਪ੍ਰਧਾਨ ਵੱਲੋਂ ਹਾਜ਼ਰੀਨ ਸੁਸਾਇਟੀ ਮੈਂਬਰਾਂ ਤੇ ਹੋਰ ਅਧਿਆਪਕਾਂ ਨੂੰ ਜੀ ਆਇਆਂ ਨੂੰ ਕਿਹਾ। ਉਪਰੰਤ ਸੁਸਾਇਟੀ ਦੇ ਸਹਾਇਕ ਖ਼ਜ਼ਾਨਚੀ ਹਰਜੀਤ ਸਿੰਘ ਸਿੱਧੂ ਵੱਲੋਂ ਸੁਸਾਇਟੀ ਦੀ ਸਾਲਾਨਾ ਰਿਪੋਰਟ ਹਾਊਸ ਅੱਗੇ ਪੇਸ਼ ਕੀਤੀ ਗਈ। ਇਸ ਤੋਂ ਇਲਾਵਾ ਲੈਕਚਰਾਰ ਜਸਵਿੰਦਰ ਸਿੰਘ ਨੇ ਸੁਸਾਇਟੀ ਨੂੰ ਡਿਜ਼ੀਟਲ ਕਰਨ ਤੇ ਵੈਬਸਾਈਟ ਲਾਂਚ ਕਰਨ ਬਾਰੇ ਵਿਸਥਾਰਿਤ ਜਾਣਕਾਰੀ ਦਿੱਤੀ। ਪ੍ਰੋਗਰਾਮ ਦੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਝੁਨੀਰ ਸੁਸਾਇਟੀ ਦੇ ਸਾਬਕਾ ਪ੍ਰਧਾਨ ਗੁਰਲਾਭ ਸਿੰਘ ਸੇਵਾ ਮੁਕਤ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਤੇ ਇਸੇ ਸੁਸਾਇਟੀ ਦੇ ਸਾਬਕਾ ਡਾਇਰੈਕਟਰ ਜਗਰਾਜ ਸਿੰਘ ਸੇਵਾ ਮੁਕਤ ਲੈਕਚਰਾਰ ਉਚੇਚੇ ਤੌਰ 'ਤੇ ਪਹੁੰਚੇ ਅਤੇ ਆਪਣੀਆਂ ਸ਼ੁਭਕਾਮਨਾਵਾਂ ਤੋਂ ਇਲਾਵਾ ਆਪਣੇ ਵਿਚਾਰ ਵੀ ਹਾਜ਼ਰ ਮੈਂਬਰਾਂ ਨਾਲ ਸਾਂਝੇ ਕੀਤੇ। ਸਟੇਜ ਸਕੱਤਰ ਦੀ ਭੂਮਿਕਾ ਮਾਸਟਰ ਅਮਰੀਕ ਭੀਖੀ ਵੱਲੋਂ ਬਾਖੂਬੀ ਨਿਭਾਈ ਗਈ। ਸੁਸਾਇਟੀ ਦੇ ਕੰਮ ਨੂੰ ਸੁਚਾਰੂ ਤਰੀਕੇ ਨਾਲ ਚਲਾਉਣ 'ਚ ਸਹਿਯੋਗ ਕਰਨ ਲਈ ਪ੍ਰਿੰਸੀਪਲ ਕਸ਼ਮੀਰਾ ਸਿੰਘ, ਸੇਵਾਦਾਰ ਸੁਨੀਲ ਕੁਮਾਰ, ਹੇਮਰਾਜ ਸਾਬਕਾ ਸਕੱਤਰ ਦਾ ਸੁਸਾਇਟੀ ਵੱਲੋਂ ਸਨਮਾਨ ਵੀ ਕੀਤਾ ਗਿਆ। ਇਜਲਾਸ ਦੌਰਾਨ ਸੁਸਾਇਟੀ ਦੇ ਡਾਇਰੈਕਟਰ ਮਹਿੰਦਰ ਕੌਰ, ਰਜਿੰਦਰ ਕੌਰ, ਲੈਕਚਰਾਰ ਨਰਿੰਦਰ ਸਿੰਘ ਮੋਹਲ, ਬਲਕਰਨ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਸੁਸਾਇਟੀ ਦੇ ਮੈਂਬਰ ਵੀ ਹਾਜ਼ਰ ਸਨ। ਇਜਲਾਸ ਦੇ ਅਖੀਰ 'ਚ ਡੀਟੀਐਫ ਦੇ ਜ਼ਿਲ੍ਹਾ ਪ੍ਰਧਾਨ ਅਮੋਲਕ ਡੇਲੂਆਣਾ ਨੇ ਸਮੁੱਚੇ ਹਾਜ਼ਰੀਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੌਜੂਦਾ ਮੈਨੇਜਮੈਂਟ ਸੁਸਾਇਟੀ ਨੂੰ ਬੁਲੰਦੀਆਂ 'ਤੇ ਲੈ ਕੇ ਗਈ ਹੈ ਤੇ ਨਵੰਬਰ 'ਚ ਸੁਸਾਇਟੀ ਦਾ ਕਾਰਜਕਾਲ ਪੂਰਾ ਹੋਣਾ ਹੈ।

## ਗਾਮੀਵਾਲ ਦੀ ਪੂਰੀ ਪੰਚਾਇਤ ਆਪ 'ਚ ਸ਼ਾਮਲ



**ਬੋਹਾ (ਨਿਰੰਜਣ ਬੋਹਾ)**-ਪੰਜਾਬ ਸਰਕਾਰ ਤੇ ਹਲਕਾ ਵਿਧਾਇਕ ਬੁੱਧ ਰਾਮ ਵੱਲੋਂ ਹਲਕੇ ਦੇ ਵਿਕਾਸ ਲਈ ਕੀਤੇ ਯਤਨਾਂ ਸਦਕਾ ਪਿੰਡ ਗਾਮੀਵਾਲਾ ਦੀ ਪੂਰੀ ਪੰਚਾਇਤ ਆਮ ਆਦਮੀ ਵਿੱਚ ਸ਼ਾਮਲ ਹੋ ਗਈ। ਨਵਜੋਤ ਸਿੰਘ ਦੇ ਘਰ ਹੋਈ ਮੀਟਿੰਗ ਵਿੱਚ ਵਿਧਾਇਕ ਬੁੱਧ ਰਾਮ ਨੇ ਪਿੰਡ ਦੀ ਪੂਰੀ ਪੰਚਾਇਤ ਨੂੰ ਪਾਰਟੀ ਦਾ ਚਿੰਨ੍ਹ ਪਾ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕੀਤਾ। ਇਸ 'ਚ ਨਵਜੋਤ ਸਿੰਘ ਪੁੱਤਰ ਸਰਪੰਚ ਸਰਬਜੀਤ ਕੌਰ ਤੇ ਪੂਰੀ ਪੰਚਾਇਤ ਮੱਖਣ ਸਿੰਘ, ਗੁਰਮੀਤ ਸਿੰਘ, ਦਰਸ਼ਨ ਸਿੰਘ, ਗੁਰਲਾਲ ਸਿੰਘ, ਹਰਪ੍ਰੀਤ ਸਿੰਘ, ਨੀਤੂ ਰਾਣੀ, ਮੱਖਣਜੀਤ ਸ਼ਰਮਾ, ਸੁਰਜਨ ਸਿੰਘ, ਹਰਮੰਦਰ ਸਿੰਘ, ਸੰਦੀਪ ਸਿੰਘ, ਹਰਪਾਲ ਸਿੰਘ, ਗੁਰਨਾਮ ਸਿੰਘ, ਤਰਸੇਮ ਸਿੰਘ, ਹਰਬੰਸ ਸਿੰਘ, ਬਲਦੇਵ ਸਿੰਘ, ਸੁਖਵਿੰਦਰ ਸਿੰਘ, ਕੇਵਲ ਸਿੰਘ, ਕੁਲਵਿੰਦਰ ਸਿੰਘ ਤੇ ਗੋਰਖਾ ਟੋਲਰ ਸ਼ਾਮਲ ਹੋਏ ਸਨ। ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਪਿੰਡ ਦੇ ਵਿਕਾਸ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਪਿੰਡ ਇਕਾਈ ਦੇ ਪ੍ਰਧਾਨ ਜੱਗਾ ਰਾਮ ਪੰਡਿਤ, ਬਾਬਾ ਹਰਦੇਵ ਸਿੰਘ, ਜਸਪ੍ਰੀਤ ਸਿੰਘ, ਅਸ਼ੋਕ ਕੁਮਾਰ ਨੇ ਸਰਪੰਚ ਦਾ ਤੇ ਪੰਚਾਂ ਦਾ ਪਾਰਟੀ ਵਿੱਚ ਸਵਾਗਤ ਕੀਤਾ।

## ਖਾਲਸਾ ਸੇਵਾ ਸੁਸਾਇਟੀ ਨੇ ਸੈਂਕੜੇ ਲੋਕਾਂ ਨੂੰ ਵੰਡੇ ਮੁਫ਼ਤ ਬੂਟੇ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼ਹੀਦਾਂ ਦੇ ਸਿਰਤਾਜ ਧੰਨ-ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਖਾਲਸਾ ਸੇਵਾ ਸੁਸਾਇਟੀ (ਰਜਿ.) ਮੋਗਾ ਵੱਲੋਂ 10ਵਾਂ 'ਠੰਡੀ ਛਾਂ ਦਾ ਲੰਗਰ' ਸ਼ਰਧਾ ਤੇ ਸੇਵਾ ਭਾਵਨਾ ਨਾਲ ਲਗਾਇਆ ਗਿਆ। ਇਸ ਮੌਕੇ ਸੰਗਤਾਂ ਤੇ ਸ਼ਹਿਰ ਵਾਸੀਆਂ ਨੂੰ ਫਲਦਾਰ, ਛਾਂਦਾਰ ਤੇ ਸਜਾਵਟੀ ਬੂਟੇ ਮੁਫ਼ਤ ਵੰਡੇ ਗਏ ਅਤੇ ਵਾਤਾਵਰਣ ਦੀ ਸੰਭਾਲ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਦਾ ਸੰਦੇਸ਼ ਦਿੱਤਾ ਗਿਆ। ਸਮਾਗਮ ਦਾ ਉਦਘਾਟਨ ਉੱਘੇ ਸਮਾਜ ਸੇਵੀ ਸ੍ਰੀ ਸੰਜੀਵ ਕੁਮਾਰ ਸੈਣੀ, ਚੇਅਰਮੈਨ ਬਲੂਮਿੰਗ ਬਡਜ਼ ਸਕੂਲ ਮੋਗਾ ਨੇ ਕੀਤਾ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਖਾਲਸਾ ਸੇਵਾ ਸੁਸਾਇਟੀ ਦੇ ਇਸ ਵਿਲੱਖਣ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਰੁੱਖ ਲਗਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਤੇ ਅਜਿਹੇ ਉਪਰਾਲੇ ਸਮਾਜ ਨੂੰ ਵਾਤਾਵਰਨ ਪ੍ਰਤੀ ਜਾਗਰੂਕ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਸੁਸਾਇਟੀ ਦੇ ਮੁੱਖ ਸੇਵਾਦਾਰ ਪਰਮਜੋਤ ਸਿੰਘ ਖਾਲਸਾ ਤੇ ਕੁਲਦੀਪ ਸਿੰਘ ਕਲਸੀ ਨੇ ਦੱਸਿਆ ਕਿ ਸੁਸਾਇਟੀ ਪਿਛਲੇ ਦਸ ਸਾਲਾਂ ਤੋਂ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦੀ ਸ਼ਹਾਦਤ ਨੂੰ ਸਮਰਪਤ 'ਠੰਡੀ ਛਾਂ ਦਾ ਲੰਗਰ' ਲਗਾ ਰਹੀ ਹੈ। ਇਸ ਦਾ ਮੰਤਵ ਗੁਰੂ ਸਾਹਿਬ ਦੇ ਸੇਵਾ, ਮਨੁੱਖਤਾ ਤੇ ਕੁਦਰਤ ਨਾਲ ਪਿਆਰ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਹਰ ਘਰ ਤੱਕ ਹਰਿਆਲੀ ਦਾ ਸੁਨੇਹਾ ਪਹੁੰਚਾਉਣਾ ਹੈ। ਉਨ੍ਹਾਂ ਦੱਸਿਆ ਕਿ ਇਸ ਸਮਾਗਮ ਵਿੱਚ ਕੁਲਵੰਤ ਕੌਰ ਔਲਖ ਤੇ ਸੋਢੀ ਫਾਊਂਡੇਸ਼ਨ ਦੇ ਪਰਮਿੰਦਰ ਸਿੰਘ ਵੱਲੋਂ ਵਿਸ਼ੇਸ਼ ਸਹਿਯੋਗ ਪ੍ਰਾਪਤ ਹੋਇਆ। ਇਸ ਮੌਕੇ ਦਲਜੀਤ ਸਿੰਘ ਔਲਖ, ਸਤਨਾਮ ਸਿੰਘ ਕਾਰਪੈਂਟਰ, ਹਰਦੀਪ ਸਿੰਘ ਮਨੀ, ਸਤਿੰਦਰ ਪਾਲ ਸਿੰਘ ਸੈਂਭੀ, ਗੁਰਜੰਟ ਸਿੰਘ ਜੰਟਾ, ਪਰਮਜੀਤ ਸਿੰਘ ਬਿੱਟੂ ਨੇ ਪਹੁੰਚੀਆਂ ਸ਼ਖਸੀਅਤਾਂ ਨੂੰ ਸਨਮਾਨਤ ਕੀਤਾ। ਸਮਾਗਮ ਦੌਰਾਨ ਸੈਂਕੜੇ ਬੂਟੇ ਵੰਡੇ ਗਏ ਤੇ ਸੰਗਤਾਂ ਨੇ ਵਾਤਾਵਰਨ ਦੀ ਸੰਭਾਲ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਦਾ ਸੰਕਲਪ ਲਿਆ।

## ਰੋਟਰੀ ਕਲੱਬ ਸਮਾਣਾ ਦੇ ਡਾ: ਮਨੀਸ਼ ਪ੍ਰਧਾਨ, ਗੋਇਲ ਸੈਕਟਰੀ ਤੇ ਅਮਿਤ ਕੈਸ਼ੀਅਰ ਬਣੇ



**ਸਮਾਣਾ (ਇਕਬਾਲ ਸਿੰਘ ਬੱਲ)**-ਸਥਾਨਕ ਰੋਟਰੀ ਭਵਨ ਵਿਚ ਰੋਟਰੀ ਕਲੱਬ ਸਮਾਣਾ ਜ਼ਿਲ੍ਹਾ 3090 ਦੀ 2026-27 ਲਈ ਇੰਸਟਾਲੇਸ਼ਨ ਸੈਰੇਮਨੀ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਐੱਸ.ਡੀ.ਐੱਮ. ਰਿਚਾ ਗੋਇਲ ਤੇ ਵਿਸ਼ੇਸ਼ ਮਹਿਮਾਨ ਵਜੋਂ ਪ੍ਰਧਾਨ ਕਪੂਰ ਚੰਦ ਬਾਂਸਲ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਉਚੇਚੇ ਤੌਰ 'ਤੇ ਜ਼ਿਲ੍ਹਾ ਗਵਰਨਰ ਸੀ. ਏ. ਅਮਿਤ ਸਿੰਗਲਾ, ਸਹਾਇਕ ਗਵਰਨਰ ਅਮਨਦੀਪ ਸਿੰਘ, ਨਰੈਣ ਗਰਗ ਵੀ ਸ਼ਾਮਲ ਸਨ। ਸਮਾਗਮ ਨੂੰ ਸੰਬੋਧਨ ਕਰਦਿਆਂ ਐੱਸ.ਡੀ.ਐੱਮ. ਰਿਚਾ ਗੋਇਲ ਤੇ ਪ੍ਰਧਾਨ ਕਪੂਰ ਚੰਦ ਬਾਂਸਲ ਨੇ ਜਿੱਥੇ ਕਲੱਬ ਦੇ ਨਵੇਂ ਬਣੇ ਪ੍ਰਧਾਨ ਡਾ: ਮਨੀਸ਼ ਗੁਪਤਾ ਤੇ ਉਨ੍ਹਾਂ ਦੀ ਟੀਮ ਨੂੰ ਵਧਾਈ ਦਿੱਤੀ, ਉਥੇ ਰੋਟਰੀ ਕਲੱਬ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾ ਦੀ ਸ਼ਲਾਘਾ ਕੀਤੀ। ਇੰਸਟਾਲੇਸ਼ਨ ਚੇਅਰਮੈਨ ਗੌਰਵ ਜਿੰਦਲ ਨੇ ਨਵੇ ਬਣੇ ਪ੍ਰਧਾਨ ਡਾ: ਮਨੀਸ਼ ਗੁਪਤਾ ਨੂੰ ਪ੍ਰਧਾਨਗੀ, ਐਡਵੋਕੇਟ ਜੀ. ਸੀ. ਗੋਇਲ ਨੂੰ ਸੈਕਟਰੀ ਤੇ ਅਮਿਤ ਗੁਰਦਾਸ ਨੂੰ ਕੈਸ਼ੀਅਰ ਦਾ ਕਾਲਰ, ਪਿੰਨ ਤੇ ਲੋਗੋ ਲਗਾ ਕੇ ਕਲੱਬ ਦੀਆਂ ਅਹੁਦੇਦਾਰੀਆਂ ਸੌਂਪੀਆਂ। ਇਸ ਸਮੇਂ ਮਾਸਟਰ ਆਫ ਸੈਰੇਮਨੀ ਦੀ ਭੂਮਿਕਾ ਪ੍ਰੋ: ਵਿਕਰਮ ਗੁਪਤਾ ਨੇ ਬਾਖੂਬੀ ਨਿਭਾਈ। ਇਸ ਮੌਕੇ ਵਿਸ਼ਾਲ ਗੁਪਤਾ, ਡਾਕਟਰ ਮਨੀਸ਼ ਗੁਪਤਾ ਦੇ ਧਰਮ ਪਤਨੀ ਪੈਰੀ ਗੁਪਤਾ, ਸੁਰਿੰਦਰ ਗੁਪਤਾ, ਵਿਜੇ ਕੁਮਾਰ ਗਰਗ ਪੱਤਰਕਾਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਸਮਾਗਮ 'ਚ ਸਾਬਕਾ ਪ੍ਰਧਾਨ ਨਗਰ ਕੌਂਸਲ ਯਸ਼ਪਾਲ ਸਿੰਗਲਾ, ਅਸ਼ਵਨੀ ਗੁਪਤਾ, ਡਾ: ਸਤੀਸ਼ ਅਰੋੜਾ, ਮਨੋਜ ਬਾਂਸਲ, ਯਸ਼ ਗਰਗ, ਮਨੀਸ਼ ਰੋਕੀ, ਜੇ. ਪੀ. ਗਰਗ, ਪ੍ਰਦੀਪ ਮਿੰਕਾ, ਸੰਜੀਵ ਬਾਂਸਲ, ਬਲਜਿੰਦਰ ਮੋਦਗਿਲ, ਰਾਜੀਵ ਸਿੰਗਲਾ, ਸਤੀਸ਼ ਸਿੰਗਲਾ, ਸੁਮਿਤ ਗੋਇਲ, ਸੁਮਿਤ ਸਿੰਗਲਾ, ਸੁਨੀਲ ਗਰਗ, ਅਜੇ ਗਰਗ, ਵਨੀਤ ਮੋਂਟੀ ਅਗਰਵਾਲ, ਰਾਜਿੰਦਰ ਗੁਪਤਾ, ਡਾ: ਓਮ ਅਰੋੜਾ ਤੋਂ ਇਲਾਵਾ ਸਮੂਹ ਮੈਂਬਰ ਰੋਟਰੀ ਕਲੱਬ ਸਮਾਣਾ ਮੌਜੂਦ ਰਹੇ।

# 5 ਪਿਸਤੌਲ, 2 ਕਿੱਲੋ ਹੈਰੋਇਨ ਤੇ 5 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਚਾਰ ਕਾਬੂ



ਅੰਮ੍ਰਿਤਸਰ ਛੇਹਰਟਾ/ਖਾਸਾ, ਜਸਬੀਰ ਸਿੰਘ ਪੱਟੀ/ ਕੰਵਲਜੀਤ ਸਿੰਘ ਮਨੋਜ ਕੁਮਾਰ/ ਸ਼ਸ਼ਪਾਲ ਸਿੰਘ) : ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਚਾਰ ਵਿਅਕਤੀਆਂ ਨੂੰ ਪੰਜ ਆਧੁਨਿਕ .30 ਬੋਰ ਪਿਸਤੌਲਾਂ, 2.015 ਕਿਲੋਗ੍ਰਾਮ ਹੈਰੋਇਨ ਤੇ 5 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਚੱਲ ਰਹੇ ਗੈਰ-ਕਾਨੂੰਨੀ ਹਥਿਆਰ ਤੇ ਨਸ਼ਾ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ।

ਇਹ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬਿੱਟੂ ਕੁਮਾਰ ਉਰਫ਼ ਭਈਆ (20) ਵਾਸੀ ਨਵੀਂ ਆਬਾਦੀ, ਅੰਮ੍ਰਿਤਸਰ; ਸਾਹਿਬ ਸਿੰਘ (21) ਵਾਸੀ ਪਿੰਡ ਧਗਾਨਾ ਤੇ ਮੌਜੂਦਾ ਪਤਾ ਫਤਿਹ ਸਿੰਘ ਕਾਲੋਨੀ, ਅੰਮ੍ਰਿਤਸਰ; ਸੰਜੀਵ ਕੁਮਾਰ ਉਰਫ਼ ਨੰਨੂ (22) ਵਾਸੀ ਪਿੰਕ ਕਾਲੋਨੀ, ਤਰਨਤਾਰਨ ਤੇ ਸੰਦੀਪ ਕੁਮਾਰ ਉਰਫ਼ ਸੰਨੀ (22) ਵਾਸੀ ਪਿੰਡ ਛਿੱਡਨ, ਅੰਮ੍ਰਿਤਸਰ ਵਜੋਂ ਹੋਈ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਵਿਅਕਤੀ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰ ਤੇ ਨਸ਼ਾ ਤਸਕਰੀ ਦੀਆਂ ਗਤੀਵਿਧੀਆਂ ਵਿਚ ਸ਼ਾਮਲ ਸਨ। ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਕਮਿਸ਼ਨਰ ਆਫ ਪੁਲਸ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਭਰੋਸੇਯੋਗ ਖੁਫ਼ੀਆ ਜਾਣਕਾਰੀ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਪੁਲਸ ਟੀਮਾਂ ਨੇ ਪਹਿਲਾਂ ਬਿੱਟੂ ਉਰਫ਼ ਭਈਆ ਅਤੇ ਸਾਹਿਬ ਸਿੰਘ ਨੂੰ ਇਕ ਪਿਸਤੌਲ ਸਮੇਤ ਗ੍ਰਿਫ਼ਤਾਰ ਕੀਤਾ। ਬਾਅਦ ਵਿੱਚ ਉਨ੍ਹਾਂ ਦੇ ਖੁਲਾਸੇ ਦੇ ਆਧਾਰ 'ਤੇ ਦੋ ਹੋਰ ਪਿਸਤੌਲ ਬਰਾਮਦ ਕੀਤੇ ਗਏ। ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਦੋਵਾਂ ਮੁਲਜ਼ਮਾਂ ਨੇ ਖੁਲਾਸਾ ਕੀਤਾ ਕਿ ਉਹ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਸਬੰਧੀ ਗਤੀਵਿਧੀਆਂ ਵਿੱਚ ਵੀ ਸ਼ਾਮਲ ਸਨ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਦੇ ਖੁਲਾਸਿਆਂ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਪੁਲਸ ਟੀਮਾਂ ਨੇ ਦੋ ਹੋਰ ਮੁਲਜ਼ਮਾਂ ਸੰਜੀਵ ਕੁਮਾਰ ਉਰਫ਼ ਨੰਨੂ ਅਤੇ ਸੰਦੀਪ ਉਰਫ਼ ਸੰਨੀ ਨੂੰ 2.015 ਕਿਲੋ ਹੈਰੋਇਨ ਤੇ 5 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕੀਤਾ। ਉਨ੍ਹਾਂ ਅੱਗੇ ਦੱਸਿਆ ਕਿ ਹੋਰ ਜਾਂਚ ਦੌਰਾਨ ਮੁਲਜ਼ਮ ਸੰਦੀਪ ਉਰਫ਼ ਸੰਨੀ ਵੱਲੋਂ ਕੀਤੇ ਗਏ ਖੁਲਾਸੇ ਦੇ ਆਧਾਰ 'ਤੇ ਪੁਲਸ ਟੀਮਾਂ ਨੇ ਦੋ ਹੋਰ ਪਿਸਤੌਲ ਬਰਾਮਦ ਕੀਤੇ। ਸੀਪੀ ਨੇ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮ ਬਿੱਟੂ ਉਰਫ਼ ਭਈਆ ਅਸਲਾ ਐਕਟ ਤੇ ਚੋਰੀ ਨਾਲ ਸਬੰਧਤ ਕਈ ਅਪਰਾਧਿਕ ਮਾਮਲਿਆਂ ਵਿਚ ਲੋੜੀਂਦਾ ਹੈ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਚਾਰੇ ਮੁਲਜ਼ਮ ਨੌਜਵਾਨ ਹਨ। ਇਸ ਸਬੰਧੀ ਮਾਮਲਾ ਥਾਣਾ ਸਦਰ ਅੰਮ੍ਰਿਤਸਰ ਵਿਚ ਦਰਜ ਕੀਤਾ ਗਿਆ ਹੈ।

# ਮਿਹਨਤਕਸ਼ਾਂ ਵੱਲ ਪਿੱਠ ਕਰਕੇ ਸਰਕਾਰ ਪਈ ਮੜ੍ਹੀਆਂ ਦੇ ਰਾਹ: ਐੱਸ ਕੇ ਐੱਮ

*** ਸੇਰੋਂ ਖੰਡ ਮਿੱਲ ਮਸਲੇ 'ਤੇ ਸਰਕਾਰ ਵੱਲੋਂ ਧਾਰੀ ਚੁੱਪ ਮਹਿੰਗੀ ਪਵੇਗੀ: ਕਿਸਾਨ ਆਗੂ**



ਵਲਟੋਹਾ, (ਰਣਜੀਤ ਸਿੰਘ ਵਲਟੋਹਾ)-ਸੇਰੋਂ ਖੰਡ ਮਿੱਲ ਪੱਕੇ ਮੋਰਚੇ 'ਤੇ ਕਿਸਾਨ 68ਵੇਂ ਦਿਨ ਵੀ ਡਟੇ ਰਹੇ। ਸੰਯੁਕਤ ਕਿਸਾਨ ਮੋਰਚੇ ਦੇ ਕਿਸਾਨ ਆਗੂਆਂ ਨੇ ਧਰਨੇ 'ਤੇ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਕਦੇ ਬੇਰੁਜ਼ਗਾਰਾਂ, ਕਦੇ ਸਫ਼ਾਈ ਸੇਵਕਾਂ, ਕਦੇ ਬਿਜਲੀ ਐਪਰੈਂਟਸਾਂ, ਕਦੇ ਕਿਸਾਨਾਂ ਤੇ ਕਦੇ ਮੁਲਾਜ਼ਮਾਂ ਨੂੰ ਡੰਡੇ ਵਰ੍ਹਾਉਂਦੀ ਹੈ।ਹੁਣ ਸਫ਼ਾਈ ਕਾਮਿਆਂ ਨਾਲ਼ ਬੇਰਹਿਮੀ ਨਾਲ ਪੇਸ਼ ਆਈ ਹੈ। ਕਿਸਾਨ ਆਗੂਆਂ ਮਹਾਂਬੀਰ ਸਿੰਘ ਗਿੱਲ, ਤਰਸੇਮ ਸਿੰਘ ਲੁਹਾਰ, ਨਛੱਤਰ ਸਿੰਘ ਪੰਨੂ, ਹਰਜਿੰਦਰ ਸਿੰਘ ਟਾਂਡਾ, ਦਲਜੀਤ ਸਿੰਘ ਦਿਆਲਪੁਰਾ, ਇੰਦਰਜੀਤ ਸਿੰਘ ਮਰਹਾਣਾ, ਸੁਲੱਖਣ ਸਿੰਘ ਮੰਡਾਲਾ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਵੀ ਵਿਦਿਆਰਥੀਆਂ ਤੇ ਨੌਜਵਾਨਾਂ ਤੇ ਤਸ਼ੱਦਦ ਕਰਕੇ ਵੇਖ ਲਿਆ ਹੈ।ਉਨ੍ਹਾਂ ਕਿਹਾ ਕਿ ਸੇਰੋਂ ਖੰਡ ਮਿੱਲ ਦੀ ਮਹਿੰਗੀ ਜ਼ਮੀਨ ਘੱਟੇ ਕੌਡੀ ਕਰਨ ਵਿਰੁੱਧ ਅਤੇ ਮਿੱਲ ਮੁੜ ਚਾਲੂ ਕਰਨ ਲਈ ਪਿਛਲੇ ਢਾਈ ਮਹੀਨਿਆਂ ਤੋਂ ਪੱਕੇ ਧਰਨੇ 'ਤੇ ਬੈਠੇ ਕਿਸਾਨਾਂ ਦੀ ਗੱਲ ਨਹੀਂ ਸੁਣੀ ਜਾ ਰਹੀ।ਇਹੋ ਕਿਸਾਨ ਮੁੜ ਕੇ ਲੋਕਾਂ 'ਚ ਘੇਰ ਕੇ ਤੁਹਾਡੇ ਨੁਮਾਇੰਦਿਆਂ ਨੂੰ ਸਵਾਲ ਪੁੱਛਣਗੇ।

ਆਗੂਆਂ ਮੰਗ ਕੀਤੀ ਕਿ ਸਮੇਂ ਦੀਆਂ ਸਰਕਾਰਾਂ ਲੋਕਾਂ ਵੱਲ ਪਿੱਠ ਕਰਨ ਦੀ ਬਜਾਏ ਜਵਾਬਦੇਹ ਬਣਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜੱਸਾ ਸਿੰਘ ਕੱਦਗਿੱਲ, ਬਲਕਾਰ ਸਿੰਘ ਵਲਟੋਹਾ, ਸੁਖਚੈਨ ਸਿੰਘ ਸਰਹਾਲੀ, ਮਨਜੀਤ ਸਿੰਘ ਬੱਗੂ, ਰੇਸ਼ਮ ਸਿੰਘ ਫੈਲੋਕੇ, ਦਰਸ਼ਨ ਸਿੰਘ ਬਿਹਾਰੀਪੁਰ, ਗੁਰਦਿਆਲ ਸਿੰਘ ਵਰਨਾਲਾ, ਸੁਖਬਾਜ ਸਿੰਘ ਸਿੱਧੂ, ਜਸਬੀਰ ਸਿੰਘ ਠਾਣੇਦਾਰ, ਸੁਖਰਾਜ ਸਿੰਘ ਚੋਹਲਾ, ਦਾਰਾ ਸਿੰਘ ਚੋਹਲਾ, ਦਵਿੰਦਰ ਸੋਹਲ, ਕੁਲਦੀਪ ਸਿੰਘ, ਇੰਦਰਜੀਤ ਸਿੰਘ ਮਾੜੀਮੇਘਾ, ਦਲੇਰ ਸਿੰਘ ਰਾਜੋਕੇ, ਜਸਬੀਰ ਸਿੰਘ ਨਿੱਜਰਪੁਰਾ, ਨਿਰਮਲ ਸਿੰਘ ਨਾਗੋਕੇ, ਸੁਖਦੇਵ ਸਿੰਘ ਵੈਰੋਵਾਲ, ਸਵਿੰਦਰ ਸਿੰਘ ਲੁਹਾਰ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਅੱਜ ਧਰਨੇ ਵਿੱਚ ਹਾਜ਼ਰੀ ਭਰਦੇ ਰਹੇ।

# ਜਮਹੂਰੀ ਅਧਿਕਾਰ ਸਭਾ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦਾ ਸਾਲਾਨਾ ਅਜਲਾਸ ਸੰਪੰਨ

*** ਡਾ. ਜਗਜੀਵਨ ਲਾਲ ਪ੍ਰਧਾਨ ਤੇ ਅਮਰਜੀਤ ਸ਼ਾਸਤਰੀ ਸਕੱਤਰ ਬਣੇ**



ਗੁਰਦਾਸਪੁਰ, (ਜਨਕ ਮਹਾਜਨ)- ਜਮਹੂਰੀ ਅਧਿਕਾਰ ਸਭਾ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦਾ ਸਾਲਾਨਾ ਅਜਲਾਸ ਗੁਰਦਾਸਪੁਰ ਵਿਖੇ ਕਾਮਰੇਡ ਨਰਭਿੰਦਰ ਸਿੰਘ ਜਥੇਬੰਦਕ ਸਕੱਤਰ ਪੰਜਾਬ ਦੀ ਨਿਗਰਾਨੀ ਹੇਠ ਸੰਪੰਨ ਹੋਇਆ। ਵਿੱਛੜੇ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕਰਨ ਤੋਂ ਬਾਅਦ ਕਾਮਰੇਡ ਨਰਭਿੰਦਰ ਨੇ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਪਿਛੋਕੜ ਬਾਰੇ, ਪ੍ਰਾਪਤੀਆਂ ਅਤੇ ਆਉਣ ਵਾਲੇ ਚੈਲੰਜ ਬਾਰੇ ਜਾਣਕਾਰੀ ਦਿੱਤੀ। ਗੁਰਦਾਸਪੁਰ ਇਕਾਈ ਦੇ ਜਨਰਲ ਸਕੱਤਰ ਅਸ਼ਵਨੀ ਕੁਮਾਰ ਨੇ ਪਿਛਲੇ ਦੋ ਸਾਲਾਂ ਦੀ ਰਿਪੋਰਟ ਪੜ੍ਹ ਕੇ ਸਭਾ ਦੇ ਕੰਮ ਕਾਜ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਜਮਹੂਰੀ ਅਧਿਕਾਰਾਂ ਦੀ ਰਾਖੀ ਲਈ ਵੱਖ-ਵੱਖ ਦਿਨਾਂ 'ਤੇ ਚੇਤਨਾ ਕਨਵੈਨਸ਼ਨਾਂ ਕਰਵਾਈਆਂ ਗਈਆਂ। ਸਭਾ ਵੱਲੋਂ ਪਿੰਡ ਆਦੀਆਂ ਵਿਖੇ ਨੌਜਵਾਨ ਰਣਜੀਤ ਸਿੰਘ ਦੇ ਝੂਠੇ ਪੁਲਸ ਮੁਕਾਬਲੇ ਬਾਰੇ ਜਾਂਚ ਪੜਤਾਲ ਕਰਕੇ ਆਵਾਜ਼ ਬੁਲੰਦ ਕੀਤੀ। ਰਿਪੋਰਟ ਉਪਰ ਚਰਚਾ ਵਿਚ ਸੁਰਿੰਦਰ ਸਿੰਘ ਕੋਠੇ ਘੁਰਾਲਾ, ਸੁਖਦੇਵ ਸਿੰਘ ਗੋਸਲ, ਸੰਜੀਵ ਮਿੰਟੂ , ਗੁਰਵਿੰਦਰ ਸਿੰਘ ਨੇ ਆਪਣੇ ਸੁਝਾਅ ਦਿੱਤੇ ਜਿਸ ਨੂੰ ਕੁੱਝ ਸੋਧਾਂ ਕਰਨ ਉਪਰੰਤ ਅਜਲਾਸ ਨੇ ਪਾਸ ਕੀਤਾ। ਸੂਬਾ ਕਮੇਟੀ ਮੈਂਬਰ ਅਮਰਜੀਤ ਸ਼ਾਸਤਰੀ ਵੱਲੋਂ ਕੁਝ ਮਤੇ ਪੇਸ਼ ਕੀਤੇ ਗਏ। ਕੁਲਦੀਪ ਸਿੰਘ ਰਿਆੜ ਅਤੇ ਹੈੱਡਮਾਸਟਰ ਅਬਨਾਸ਼ ਸਿੰਘ ਦੀ ਨਿਗਰਾਨੀ ਹੇਠ ਹੋਈ ਚੋਣ ਦੀ ਪ੍ਰਕਿਰਿਆ ਨੂੰ ਪੂਰੀ ਕਰਦਿਆਂ ਨਵੀਂ ਜਥੇਬੰਦਕ ਟੀਮ ਦਾ ਐਲਾਨ ਕੀਤਾ ਗਿਆ ਜਿਸ ਵਿਚ ਜਗਜੀਵਨ ਲਾਲ ਪ੍ਰਧਾਨ, ਅਸ਼ੋਕ ਕੁਮਾਰ ਸਾਬਕਾ ਐੱਸ ਡੀ ਐੱਮ ਉਪ ਪ੍ਰਧਾਨ, ਜਰਨਲ ਸਕੱਤਰ ਅਮਰਜੀਤ ਸ਼ਾਸਤਰੀ, ਜੁਆਇੰਟ ਸਕੱਤਰ ਅਸ਼ਵਨੀ ਕੁਮਾਰ, ਵਿੱਤ ਸਕੱਤਰ ਪ੍ਰਿੰਸੀਪਲ ਅਮਰਜੀਤ ਸਿੰਘ ਮਨੀ, ਪ੍ਰੈੱਸ ਸਕੱਤਰ ਕਰਨੈਲ ਸਿੰਘ ਚਿੱਟੀ ਤੋਂ ਇਲਾਵਾ ਹੇਮ ਰਾਜ ਦੀਨਾਨਗਰ, ਸੁਰਿੰਦਰ ਸਿੰਘ ਕੋਠੇ ਘੁਰਾਲਾ, ਸੁਖਦੇਵ ਸਿੰਘ ਗੋਸਲ, ਅਮਰ ਕ੍ਰਾਂਤੀ, ਅਸ਼ੋਕ ਭਾਰਤੀ, ਵਿਜੇ ਕੁਮਾਰ ਦੀਨਾਨਗਰ, ਰੂਪ ਸਿੰਘ, ਗੁਰਵਿੰਦਰ ਸਿੰਘ ਜੀਵਨ ਚੱਕ, ਹਰਭਜਨ ਸਿੰਘ ਮਾਂਗਟ, ਸੁਖਵਿੰਦਰ ਪਾਲ ਬਾਜੇਚੱਕ, ਗੁਰਦਿਆਲ ਸਿੰਘ ਬਾਲਾ ਪਿੰਡੀ, ਰਣਜੀਤ ਸਿੰਘ ਧਾਲੀਵਾਲ ਜ਼ਿਲ੍ਹਾ ਕਮੇਟੀ ਮੈਂਬਰ ਚੁਣੇ ਗਏ। ਸਭਾ ਵੱਲੋਂ ਚੌਧਰੀ ਰਾਮ ਸਿੰਘ ਦੱਤ ਯਾਦਗਾਰੀ ਹਾਲ ਕਮੇਟੀ ਗੁਰਦਾਸਪੁਰ ਵਲੋਂ 31 ਜੁਲਾਈ ਨੂੰ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਫ਼ਿਰਕਾਪ੍ਰਸਤੀ ਅਤੇ ਫ਼ਾਸ਼ੀਵਾਦ ਵਿਰੋਧੀ ਦਿਵਸ ਵਜੋਂ ਮਨਾਉਣ ਸਬੰਧੀ ਕਰਵਾਏ ਜਾ ਰਹੇ ਸਮਾਗਮ ਮੌਕੇ ਸ਼ਿਰਕਤ ਕਰਨ ਲਈ ਸਮੂਹ ਲੋਕਾਂ ਨੂੰ ਅਪੀਲ ਕੀਤੀ।

# ਭੀਮ ਆਰਮੀ ਤੇ ਬਸਪਾ ਨੇ ਰੋਸ ਪ੍ਰਦਰਸ਼ਨ ਉਪਰੰਤ ਡੀ ਸੀ ਨੂੰ ਦਿੱਤਾ ਮੰਗ ਪੱਤਰ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਭੀਮ ਆਰਮੀ ਜ਼ਿਲ੍ਹਾ ਗੁਰਦਾਸਪੁਰ ਦੀ ਇਕਾਈ ਵੱਲੋਂ ਬਰਨਾਲਾ ਵਿਖੇ ਆਪਣੇ ਹੱਕਾਂ ਲਈ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਸਫਾਈ ਸੇਵਕਾਂ ਤੇ ਪੁਲਸ ਪ੍ਰਸ਼ਾਸਨ ਵੱਲੋਂ ਕੀਤੇ ਵਹਿਸ਼ੀਆਨਾ ਅਤੇ ਤਾਨਾਸ਼ਾਹੀ ਲਾਠੀਚਾਰਜ ਦੇ ਦੋਸ਼ੀਆਂ ਨੂੰ ਸਜ਼ਾ ਦੇਣ ਲਈ ਰਾਜਨ ਕੁਮਾਰ ਦੀ ਪ੍ਰਧਾਨਗੀ ਵਿੱਚ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਮੰਗ ਪੱਤਰ ਦਿੱਤਾ ਗਿਆ। ਇਸ ਤੋਂ ਪਹਿਲਾਂ ਭੀਮ ਆਰਮੀ ਵੱਲੋਂ ਰੋਸ ਮੁਜ਼ਾਹਰਾ ਕੀਤਾ ਗਿਆ।

ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਾਜਨ ਕੁਮਾਰ ਨੇ ਕਿਹਾ ਕਿ ਸਫਾਈ ਸੇਵਕਾਂ 'ਤੇ ਲਾਠੀਚਾਰਜ ਦਾ ਹੁਕਮ ਦੇਣ ਵਾਲੇ ਅਤੇ ਲਾਠੀਚਾਰਜ ਕਰਨ ਵਾਲੇ ਦੋਸ਼ੀ ਪੁਲਸ ਅਫਸਰਾਂ, ਕਰਮਚਾਰੀਆਂ ਦੀ ਤੁਰੰਤ ਪਹਿਚਾਣ ਕਰਕੇ ਉਨ੍ਹਾਂ ਖਿਲਾਫ ਸਖਤ ਵਿਭਾਗੀ ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਜ਼ਖ਼ਮੀ ਹੋਏ ਸਫਾਈ ਸੇਵਕਾਂ ਦਾ ਸਰਕਾਰੀ ਖਰਚੇ ਦੇ ਮੁਫਤ ਇਲਾਜ ਕਰਵਾਇਆ ਜਾਵੇ, ਉਨ੍ਹਾ ਨੂੰ ਬਣਦਾ ਆਰਥਿਕ ਮੁਆਵਜ਼ਾ ਦਿੱਤਾ ਜਾਵੇ ਅਤੇ ਸਫਾਈ ਸੇਵਕਾਂ ਦੀਆਂ ਸਾਰੀਆਂ ਲਟਕਦੀਆਂ ਜਾਇਜ਼ ਮੰਗਾਂ ਨੂੰ ਸਰਕਾਰ ਤੁਰੰਤ ਪ੍ਰਵਾਨ ਕਰੇ।

ਉਨ੍ਹਾਂ ਮੰਗ ਪੱਤਰ ਰਾਹੀਂ ਚੇਤਾਵਨੀ ਦਿੱਤੀ ਕਿ ਜੇਕਰ ਉਪਰੋਕਤ ਮੰਗਾਂ ਤੇ ਜਲਦ ਕੋਈ ਠੋਸ ਕਦਮ ਨਾ ਚੁਕਿਆ ਗਿਆ ਤਾਂ ਭੀਮ ਆਰਮੀ ਪੂਰੇ ਪੰਜਾਬ ਵਿਚ ਸਫਾਈ ਸੇਵਕਾਂ ਦੇ ਹੱਕ ਵਿਚ ਸੜਕਾਂ ਤੇ ਉਤਰ ਕੇ ਤਿੱਖਾ ਸੰਘਰਸ਼ ਕਰਨ ਨੂੰ ਮਜਬੂਰ ਹੋਵੇਗੀ।

ਇਸ ਮੌਕੇ ਮੀਤ ਪ੍ਰਧਾਨ ਬਲਜੀਤ ਸਿੰਘ, ਸ਼ਹਿਰੀ ਪ੍ਰਧਾਨ ਅਨਮੋਲ ਕੁਮਾਰ, ਜਨਰਲ ਸਕੱਤਰ ਅਕਾਸ਼ਦੀਪ, ਕਾਨੂੰਨੀ ਸਲਾਹਕਾਰ ਵਰਿੰਦਰ ਅਤਰੀ, ਜੋਬਨ, ਹੈਪੀ ਯੂਥ ਪ੍ਰਧਾਨ, ਸਤੀਸ਼, ਬਬਲੂ, ਗੁਰਪ੍ਰੀਤ ਇੰਚਾਰਜ ਡੇਰਾ ਬਾਬਾ ਨਾਨਕ, ਹੀਰਾ ਲਾਲ ਬਹਿਰਾਮਪੁਰ, ਬਾਲੀ, ਅਮਿਤ ਆਦਿ ਵੀ ਹਾਜ਼ਰ ਸਨ।

# ਕਲੇਰ ਕਲਾਂ ਤੇ ਕਲੇਰ ਖੁਰਦ 'ਚ ਗੁਰੂ ਰਵਿਦਾਸ ਜੀ ਦੇ ਸੰਦੇਸ਼ ਆਧਾਰਿਤ ਦਸਤਾਵੇਜ਼ੀ ਫਿਲਮ ਦਿਖਾਈ



ਬਟਾਲਾ (ਡਾ. ਮਲਵਿੰਦਰ ਸਿੰਘ ) ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਅਤੇ ਸਤਿਕਾਰ ਨਾਲ ਮਨਾਉਣ ਅਤੇ ਉਨ੍ਹਾਂ ਦੇ ਜੀਵਨ ਫਲਸਫ਼ੇ, ਬਾਣੀ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡ-ਪਿੰਡ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਦਸਤਾਵੇਜ਼ੀ ਫਿਲਮ ਦਿਖਾਈ ਜਾ ਰਹੀ ਹੈ ਜਿਸ ਦੇ ਚੱਲਦਿਆਂ ਵਿਧਾਨ ਸਭਾ ਹਲਕਾ ਬਟਾਲਾ ਦੇ ਪਿੰਡ ਕਲੇਰ ਕਲਾਂ ਅਤੇ ਕਲੇਰ ਖੁਰਦ ਵਿਖੇ ਵਿਸ਼ੇਸ਼ ਡਾਕੂਮੈਂਟਰੀ ਦਿਖਾਈ ਗਈ ਹੈ।ਇਸ ਡਾਕੂਮੈਂਟਰੀ ਮੁਹਿੰਮ ਤਹਿਤ ਪਿੰਡਾਂ ਲਈ ਤਿਆਰ ਕੀਤੀ ਗਈ ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਮਹਾਨ ਸੰਦੇਸ਼ ਨੂੰ ਉਜਾਗਰ ਕਰਦੀ ਦਸਤਾਵੇਜ਼ੀ ਫਿਲਮ ਵਿਖਾਈ ਗਈ।ਇਹ ਡਾਕੂਮੈਂਟਰੀ ਵੈਨ ਹਰ ਰੋਜ਼ ਦੋ ਪਿੰਡਾਂ ਵਿੱਚ ਸ਼ਾਮ 6 ਵਜੇ ਅਤੇ 7 ਵਜੇ ਦੋ ਸ਼ੋਅ ਕਰ ਰਹੀ ਹੈ।ਜ਼ਿਲ੍ਹੇ ਵਿੱਚ ਬਟਾਲਾ, ਗੁਰਦਾਸਪੁਰ, ਦੀਨਾਨਗਰ ਅਤੇ ਡੇਰਾ ਬਾਬਾ ਨਾਨਕ ਦੇ ਪਿੰਡਾਂ ਵਿੱਚ ਦਸਤਾਵੇਜ਼ੀ ਫਿਲਮਾਂ ਦਿਖਾਈਆਂ ਜਾ ਰਹੀਆਂ ਹਨ।ਪੰਜਾਬ ਸਰਕਾਰ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਨੂੰ ਘਰ-ਘਰ ਤੱਕ ਪਹੁੰਚਾ ਕੇ ਸਮਾਜ ਵਿੱਚ ਸਮਾਨਤਾ, ਸਦਭਾਵਨਾ ਅਤੇ ਸਾਂਝੀਵਾਲਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਹੈ।ਇਹ ਦਸਤਾਵੇਜ਼ੀ ਨੌਜਵਾਨਾਂ ਨੂੰ ਗੁਰੂ ਸਾਹਿਬ ਦੇ ਆਦਰਸ਼ਾਂ ਨਾਲ ਜੋੜਨ, ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈਣ ਅਤੇ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਝਣ ਲਈ ਇੱਕ ਮਹੱਤਵਪੂਰਨ ਉਪਰਾਲਾ ਸਾਬਤ ਹੋਵੇਗੀ। ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਅੱਜ ਵੀ ਸਮਾਜ ਨੂੰ ਸੱਚ, ਸਮਾਨਤਾ, ਆਪਸੀ ਸਤਿਕਾਰ ਅਤੇ ਮਨੁੱਖੀ ਏਕਤਾ ਦਾ ਰਾਹ ਦਿਖਾਉਂਦੀ ਹੈ।ਖ਼ਾਸ ਕਰਕੇ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣ ਲਈ ਕੀਤੇ ਜਾ ਰਹੇ ਇਸ ਵਿਲੱਖਣ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਗਈ।

# ਸ਼ਹਿਰ 'ਚ ਥਾਂ-ਥਾਂ ਲੱਗੇ ਕੂੜੇ ਦੇ ਢੇਰ; ਭਿਆਨਕ ਬਿਮਾਰੀਆਂ ਫੈਲਣ ਦਾ ਖਦਸ਼ਾ : ਕਾਮਰੇਡ ਸ਼ਿਵ ਕੁਮਾਰ



ਗੁਰਦਾਸਪੁਰ, (ਜਨਕ ਮਹਾਜਨ)- ਸਫ਼ਾਈ ਕਾਮਿਆਂ ਦੀਆਂ ਮੰਗਾਂ ਮੰਨਣ ਦੀ ਬਜਾਏ ਸਰਕਾਰ ਦੇ ਪੁਲਸੀਆ ਜਬਰ ਅਤੇ ਅੜੀਅਲ ਵਤੀਰੇ ਕਰਕੇ ਸਮੁੱਚੇ ਪੰਜਾਬ ਅੰਦਰ ਥਾਂ-ਥਾਂ ਕੂੜੇ ਦੇ ਢੇਰ ਉੱਚੇ ਹੁੰਦੇ ਜਾ ਰਹੇ ਹਨ। ਕਿਸੇ ਵੇਲੇ ਵੀ ਕੋਈ ਭਿਆਨਕ ਬਿਮਾਰੀ ਫੈਲ ਸਕਦੀ ਹੈ। ਪੰਜਾਬ ਸਰਕਾਰ ਸਫ਼ਾਈ ਮਜ਼ਦੂਰਾਂ ਦੀਆਂ ਮੰਗਾਂ ਦਾ ਨਿਪਟਾਰਾ ਕਰਕੇ ਸਫ਼ਾਈ ਵਿਵਸਥਾ ਨੂੰ ਬਹਾਲ ਕਰੇ। ਗੁਰਦਾਸਪੁਰ ਸ਼ਹਿਰ ਅੰਦਰ ਗੰਦਗੀ ਦੇ ਢੇਰਾਂ ਕਾਰਨ ਸ਼ਹਿਰ ਵਾਸੀਆਂ ਦਾ ਬੁਰਾ ਹਾਲ ਹੋ ਗਿਆ ਹੈ, ਬਰਸਾਤ ਦਾ ਮੌਸਮ ਹੋਣ ਕਰਕੇ ਹਰ ਪਾਸੇ ਬਦਬੂ ਹੀ ਬਦਬੂ ਹੈ। ਭਗਵੰਤ ਮਾਨ ਸਰਕਾਰ ਤੇ ਪ੍ਰਸ਼ਾਸਨ ਦੀ ਅਣਦੇਖੀ ਖ਼ਿਲਾਫ਼ ਪ੍ਰਤੀਕਿਰਿਆ ਪ੍ਰਗਟ ਕਰਦੇ ਹੋਏ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੇ ਆਗੂ ਕਾਮਰੇਡ ਸ਼ਿਵ ਕੁਮਾਰ, ਮੱਖਣ ਕੁਹਾੜ ਅਤੇ ਧਿਆਨ ਸਿੰਘ ਠਾਕੁਰ ਨੇ ਸਾਂਝੇ ਪ੍ਰੈੱਸ ਬਿਆਨ ਵਿਚ ਕਿਹਾ ਕਿ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਸਾਬਕਾ ਚੇਅਰਮੈਨ ਅਤੇ ਗੁਰਦਾਸਪੁਰ ਤੋਂ ਮੌਜੂਦਾ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਰਮਨ ਬਹਿਲ ਵੀ ਇਸ ਸਮੱਸਿਆ ਵੱਲ ਕੋਈ ਤਵੱਜੋਂ ਨਹੀਂ ਦੇ ਰਹੇ ਅਤੇ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੀ ਲੋਕਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਨੂੰ ਅਣਦੇਖਿਆਂ ਕਰ ਰਿਹਾ। ਗੰਦਗੀ ਦੇ ਢੇਰਾਂ ਕਾਰਨ ਦਿਨੋ-ਦਿਨ ਗੁਰਦਾਸਪੁਰ ਸ਼ਹਿਰ ਦੀ ਮਾੜੀ ਹੋ ਰਹੀ ਅਵਸਥਾ ਨੂੰ ਦੇਖਦੇ ਹੋਏ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਨੇ ਛੇਤੀ 'ਤੇ ਕੋਈ ਹੱਲ ਨਾ ਕੀਤਾ ਤਾਂ ਗੁਰਦਾਸਪੁਰ ਸ਼ਹਿਰ ਦੀਆਂ ਸਭ ਰਾਜਨੀਤਕ ਪਾਰਟੀਆਂ ਨਾਲ ਤਾਲਮੇਲ ਕਰਕੇ ਅਤੇ ਸਮੂਹ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਜ਼ੋਰਦਾਰ ਵਿਰੋਧ ਕਰਨ ਦਾ ਪ੍ਰੋਗਰਾਮ ਉਲੀਕਿਆ ਜਾਵੇਗਾ।

# ਨਗਰ ਪੰਚਾਇਤ ਰਈਆ ਵੱਲੋਂ 1.06 ਕਰੋੜ ਦੇ ਵਿਕਾਸ ਕਾਰਜਾਂ ਨੂੰ ਮਨਜ਼ੂਰੀ



ਬਿਆਸ (ਪਰਮਜੀਤ ਸਿੰਘ ਰੱਖੜਾ)-ਨਗਰ ਪੰਚਾਇਤ ਰਈਆ ਦੀ ਪਹਿਲੀ ਜਨਰਲ ਹਾਊਸ ਮੀਟਿੰਗ ਸੋਮਵਾਰ ਨਗਰ ਪੰਚਾਇਤ ਦੇ ਪ੍ਰਧਾਨ ਸੰਜੀਵ ਭੰਡਾਰੀ ਦੀ ਪ੍ਰਧਾਨਗੀ ਹੇਠ ਅਤੇ ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਦੀ ਰਹਿਨੁਮਾਈ ਵਿੱਚ ਸੰਪੰਨ ਹੋਈ।

ਮੀਟਿੰਗ ਦੌਰਾਨ ਨਗਰ ਦੇ ਵਿਕਾਸ ਨਾਲ ਸੰਬੰਧਤ ਵੱਖ-ਵੱਖ ਮਤੇ ਪੇਸ਼ ਕੀਤੇ ਗਏ, ਜਿਨ੍ਹਾਂ ਨੂੰ ਸਮੂਹ ਕੌਂਸਲਰਾਂ ਵੱਲੋਂ ਸਰਬਸੰਮਤੀ ਨਾਲ ਮਨਜ਼ੂਰੀ ਦਿੱਤੀ ਗਈ। ਇਸ ਮੌਕੇ ਕੁੱਲ 1 ਕਰੋੜ 6 ਲੱਖ ਦੇ ਵਿਕਾਸ ਕਾਰਜਾਂ ਨੂੰ ਹਰੀ ਝੰਡੀ ਦਿੱਤੀ ਗਈ, ਜਿਸ ਨਾਲ ਸ਼ਹਿਰ ਵਿੱਚ ਬੁਨਿਆਦੀ ਢਾਂਚੇ ਅਤੇ ਨਾਗਰਿਕ ਸਹੂਲਤਾਂ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਮੀਟਿੰਗ ਵਿੱਚ ਵਾਰਡ ਨੰਬਰ 1 ਤੋਂ ਜਸਬੀਰ ਕੌਰ, ਵਾਰਡ ਨੰਬਰ 2 ਤੋਂ ਸਰਬਜੀਤ ਮਾਨ, ਵਾਰਡ ਨੰਬਰ 3 ਤੋਂ ਅਮਰਵੀਰ ਸਿੰਘ ਆਜ਼ਾਦ, ਵਾਰਡ ਨੰਬਰ 4 ਤੋਂ ਸੰਜੀਵ ਭੰਡਾਰੀ, ਵਾਰਡ ਨੰਬਰ 6 ਤੋਂ ਸਰਬਜੀਤ ਸਿੰਘ, ਵਾਰਡ ਨੰਬਰ 9 ਤੋਂ ਜੋਤੀ ਬਾਲਾ, ਵਾਰਡ ਨੰਬਰ 10 ਤੋਂ ਸੁਖਵਿੰਦਰ ਸਿੰਘ ਪੱਡਾ, ਵਾਰਡ ਨੰਬਰ 11 ਤੋਂ ਰਿਪੀ ਭੰਡਾਰੀ, ਵਾਰਡ ਨੰਬਰ 12 ਤੋਂ ਵਿਸ਼ਾਲ ਮੈਨਣ ਤੇ ਵਾਰਡ ਨੰਬਰ 13 ਤੋਂ ਸਰਬਜੀਤ ਕੌਰ ਸਮੇਤ ਸਮੂਹ ਕੌਂਸਲਰ ਹਾਜ਼ਰ ਸਨ।

ਇਸ ਤੋਂ ਇਲਾਵਾ ਗਗਨਦੀਪ ਸ਼ਰਮਾ (ਪੀ ਏ) ਕਰਮਜੀਤ ਮਾਨ, ਬਲਾਕ ਸੰਮਤੀ ਚੇਅਰਮੈਨ ਯੋਗਵੀਰ ਜੋਗੀ ਅਤੇ ਨਗਰ ਪੰਚਾਇਤ ਦਾ ਸਮੂਹ ਸਟਾਫ ਵੀ ਮੀਟਿੰਗ ਵਿੱਚ ਮੌਜੂਦ ਸੀ।

ਮੀਟਿੰਗ ਦੌਰਾਨ ਨਗਰ ਦੇ ਸਰਬਪੱਖੀ ਵਿਕਾਸ, ਲੋਕ ਭਲਾਈ ਅਤੇ ਨਾਗਰਿਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ ਮਿਲਜੁਲ ਕੇ ਕੰਮ ਕਰਨ ਦਾ ਸੰਕਲਪ ਦੁਹਰਾਇਆ ਗਿਆ।

# ਪੰਚਾਇਤ ਸੈਕਟਰੀ ਮੇਵਾ ਸਿੰਘ ਸਾਧਪੁਰ ਨੂੰ ਸਦਮਾ; ਬੇਟੀ ਦਾ ਦਿਹਾਂਤ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪੰਚਾਇਤ ਸੈਕਟਰੀ ਮੇਵਾ ਸਿੰਘ ਸਾਧਪੁਰ ਨੂੰ ਉਸ ਵਕਤ ਭਾਰੀ ਸਦਮਾ ਲੱਗਾ ਜਦੋਂ ਉਨ੍ਹਾਂ ਦੀ ਹੋਣਹਾਰ ਬੇਟੀ ਸਾਹਿਲਦੀਪ ਕੌਰ ਦਾ ਬੇਵਕਤ ਦੇਹਾਂਤ ਹੋ ਗਿਆ। ਵੱਖ-ਵੱਖ ਆਗੂ ਪੰਚਾਇਤ ਸੈਕਟਰੀ ਮੇਵਾ ਸਿੰਘ ਨਾਲ ਦੁੱਖ ਪ੍ਰਗਟ ਕਰਨ ਲਈ ਪਹੁੰਚ ਰਹੇ ਹਨ। ਜਾਣਕਾਰੀ ਦਿੰਦਿਆਂ ਪੰਚਾਇਤ ਸੈਕਟਰੀ ਮੇਵਾ ਸਿੰਘ ਨੇ ਦੱਸਿਆ ਕਿ ਸਾਹਿਲਦੀਪ ਕੌਰ ਅੱਠਵੀਂ 'ਚ ਪੜ੍ਹਦੀ ਸੀ। ਬੀਤੇ ਦਿਨੀਂ ਉਸ ਨੂੰ ਕਿਸੇ ਵਾਹਨ ਨੇ ਟੱਕਰ ਮਾਰ ਦਿੱਤੀ ਸੀ। ਗੁਰੂ ਰਾਮਦਾਸ ਹਸਪਤਾਲ ਵੱਲਾ ਵਿਖੇ ਦਾਖਲ ਕਰਾਇਆ ਗਿਆ ਸੀ ਪਰ ਬੀਤੇ ਕੱਲ ਉਸਦਾ ਦਿਹਾਂਤ ਹੋ ਗਿਆ। ਸਾਹਿਲਦੀਪ ਕੌਰ ਦੇ ਹੋਏ ਦਿਹਾਂਤ 'ਤੇ ਨਗਰ ਸਾਧਪੁਰ ਦੀ ਪੰਚਾਇਤ ਅਤੇ ਹੋਰ ਆਗੂਆਂ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।



# ਸਵਰਾਜ ਟਰੈਕਟਰ ਏਜੰਸੀ ਵੱਲੋਂ ਡਾ. ਇੰਦਰਜੀਤ ਸਿੰਘ ਦਾ ਸਨਮਾਨ



ਚੋਹਲਾ ਸਾਹਿਬ (ਰਮਨ ਚੱਢਾ)-ਚੋਹਲਾ ਸਾਹਿਬ ਸਵਰਾਜ ਟਰੈਕਟਰ ਵੱਲੋਂ ਮੈਗਾ ਸਰਵਿਸ ਕੈਂਪ ਲਗਾਇਆ ਗਿਆ ਜਿਸ ਵਿੱਚ ਨਗਰ ਪੰਚਾਇਤ ਦੇ ਵੱਖ-ਵੱਖ ਅਹੁਦੇਦਾਰ ਅਤੇ ਸੀਨੀਅਰ ਆਗੂ ਹਾਜ਼ਰ ਹੋਏ। ਇਸ ਕੈਂਪ ਵਿੱਚ ਪਿੰਡ ਚੋਹਲਾ ਸਾਹਿਬ ਦੇ ਸੀਨੀਅਰ ਆਮ ਆਦਮੀ ਪਾਰਟੀ ਆਗੂ ਮੈਂਬਰ ਪੰਚਾਇਤ ਡਾਕਟਰ ਇੰਦਰਜੀਤ ਸਿੰਘ ਨੂੰ ਸਵਰਾਜ ਕੰਪਨੀ ਵੱਲੋਂ ਸਨਮਾਨਿਤ ਕੀਤਾ ਗਿਆ। ਗੱਲਬਾਤ ਕਰਦਿਆਂ ਡਾ. ਇੰਦਰਜੀਤ ਸਿੰਘ ਨੇ ਕਿਹਾ ਕਿ ਕੈਂਪ ਵਿੱਚ ਕਿਸਾਨਾਂ ਨੂੰ ਖੇਤੀਬਾੜੀ ਸਬੰਧੀ ਬਹੁਤ ਹੀ ਵਧੀਆ ਸੁਚੱਜੇ ਢੰਗ ਨਾਲ ਕੰਪਨੀ ਵੱਲੋਂ ਆਏ ਹੋਏ ਸੀਨੀਅਰ ਮੈਨੇਜਰ ਅਤੇ ਅਧਿਕਾਰੀਆਂ ਵੱਲੋਂ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਉਹ ਧੰਨਵਾਦ ਕਰਦੇ ਹਨ ਮੈਨੇਜਰ ਪੁਨੀਤ ਸ਼ੁਕਲਾ ਤੇ ਮੈਨੇਜਰ ਪ੍ਰਗਟ ਸਿੰਘ ਦਾ ਜਿਨ੍ਹਾਂ ਵੱਲੋਂ ਕਿਸਾਨਾਂ ਨੂੰ ਬਹੁਤ ਹੀ ਵਧੀਆ ਜਾਣਕਾਰੀ ਦਿੱਤੀ ਗਈ। ਇਸ ਮੌਕੇ ਪੁਨੀਤ ਸ਼ੁਕਲਾ ਸਟੇਟ ਕਸਟਮਰ ਕੇਅਰ ਮੈਨੇਜਰ ਮੁਹਾਲੀ, ਪ੍ਰਗਟ ਸਿੰਘ ਮੋਹਾਲੀ ਮੈਨੇਜਰ, ਸੰਜੀਵ ਕੁਮਾਰ ਸੋਭਤਾ ਆਇਲ, ਦਿਲਬਾਗ ਸਿੰਘ ਆਗੂ, ਗੁਰਜੀਤ ਸਿੰਘ, ਪਵਨਦੀਪ ਸਿੰਘ ਆਦਿ ਪਤਵੰਤੇ ਸੱਜਣ ਹਾਜ਼ਰ ਸਨ।

# ਵੈਦ ਐੱਸ ਜੂਸਫ ਨੇ ਪਾਇਆ ਮਨੁੱਖਤਾ ਦੀ ਸੇਵਾ 'ਚ ਯੋਗਦਾਨ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਵੈਦ ਐੱਸ ਯੂਸਫ ਨੇ ਬਜ਼ੁਰਗਾਂ ਦੇ ਵਿਹੜੇ ਵਿੱਚ ਸੇਵਾ ਕੀਤੀ। ਬਜ਼ੁਰਗਾਂ ਨੂੰ ਸਿਹਤ ਸਾਂਭ-ਸੰਭਾਲ ਲਈ ਦਵਾਈਆਂ ਅਤੇ ਹੋਰ ਲੋੜਵੰਦ ਚੀਜ਼ਾਂ ਵੰਡੀਆਂ।ਉਨ੍ਹਾਂ ਨੂੰ ਆਯੁਰਵੇਦ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਉਨ੍ਹਾਂ ਨੇ ਬਜ਼ੁਰਗਾਂ ਨੂੰ ਸਾਦਾ ਖਾਣ-ਪੀਣ, ਯੋਗਾ ਅਤੇ ਕੁਦਰਤੀ ਢੰਗਾਂ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣ ਦੀ ਸਲਾਹ ਦਿੱਤੀ।ਬਜ਼ੁਰਗਾਂ ਨੇ ਇਸ ਉਪਰਾਲੇ ਲਈ ਉਨ੍ਹਾਂ ਦਾ ਧੰਨਵਾਦ ਕੀਤਾ।ਉਨ੍ਹਾਂ ਨੇ ਆਸ਼ਰਮ ਪ੍ਰਬੰਧਕਾਂ ਨੂੰ ਕਿਹਾ ਕਿ ਜੋ ਤੁਸੀਂ ਮਾਨਵਤਾ ਦੀ ਸੇਵਾ ਕਰ ਰਹੇ ਹੋ ਉਹ ਸਭ ਤੋਂ ਉੱਤਮ ਸੇਵਾ ਹੈ।ਅਸੀਂ ਪ੍ਰਾਰਥਨਾ ਕਰਦੇ ਹਾਂ ਕਿ ਪ੍ਰਮਾਤਮਾ ਤੁਹਾਨੂੰ ਇਨ੍ਹਾਂ ਬਜ਼ੁਰਗਾਂ ਦੀ ਸੇਵਾ ਕਰਨ ਲਈ ਹੋਰ ਵੀ ਬਲ ਬਖਸ਼ੇ ਅਤੇ ਤੁਸੀਂ ਹਮੇਸ਼ਾ ਇਨ੍ਹਾਂ ਬਜ਼ੁਰਗਾਂ ਦੀ ਸੇਵਾ ਕਰਦੇ ਰਹੋ।ਇਸ ਮੌਕੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ, ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ, ਸਵਿਤਾ, ਆਸ਼ਾ ਰਾਣੀ, ਸੁਰਜੀਤ ਕੌਰ, ਓਮ ਰਾਜ, ਮਮਤਾ ਦੇਵੀ, ਸ਼ਾਰਦਾ, ਵਿਪਨ ਕੁਮਾਰ ਆਦਿ ਵੀ ਮੌਜੂਦ ਸਨ।

# ਸਰਪੰਚ ਜਗਬੀਰ ਸਿੰਘ ਪੰਜਵੜ ਦੀ ਮਾਤਾ ਰਘਬੀਰ ਕੌਰ ਦਾ ਦਿਹਾਂਤ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਕਾਂਗਰਸ ਦੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ ਦੇ ਭੂਆ ਅਤੇ ਪਿੰਡ ਪੰਜਵੜ ਦੇ ਸਾਬਕਾ ਸਰਪੰਚ ਜਗਬੀਰ ਸਿੰਘ ਪੰਜਵੜ ਦੀ ਮਾਤਾ ਸਰਦਾਰਨੀ ਰਘਬੀਰ ਕੌਰ ਦਾ ਅਚਾਨਕ ਦਿਹਾਂਤ ਹੋ ਗਿਆ।ਉਨ੍ਹਾਂ ਦਾ ਅੰਤਿਮ ਸੰਸਕਾਰ ਪਿੰਡ ਪੰਜਵੜ ਵਿਖੇ ਕੀਤਾ ਗਿਆ। ਇਸ ਦੁੱਖ ਦੀ ਘੜੀ 'ਚ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਨ ਲਈ ਵੱਡੀ ਗਿਣਤੀ 'ਚ ਸਿਆਸੀ ਤੇ ਸਮਾਜਿਕ ਆਗੂ ਪਹੁੰਚੇ ਜਿਨ੍ਹਾਂ 'ਚ ਬੀਜੇਪੀ ਆਗੂ ਰਵੀਕਰਨ ਸਿੰਘ ਕਾਹਲੋਂ, ਸਾਬਕਾ ਨਾਇਬ ਤਹਿਸੀਲਦਾਰ ਗੁਰਵਰਿਆਮ ਸਿੰਘ, ਚੇਅਰਮੈਨ ਲਖਬੀਰ ਸਿੰਘ ਬੁਰਜ, ਕਰਮਜੀਤ ਸਿੰਘ ਢਿੱਲੋਂ, ਜਥੇਦਾਰ ਬਾਬਾ ਭੋਲਾ ਸਿੰਘ, ਸੁੱਖੀ ਬੁਰਜ, ਕਾਂਗਰਸੀ ਆਗੂ ਗੁਰਬਾਜ ਸਿੰਘ, ਗੁਰਪ੍ਰੀਤ ਸਿੰਘ ਪੰਜਵੜ, ਗੁਰਪ੍ਰੀਤ ਸਿੰਘ, ਅਰਜਨ ਸਿੰਘ ਪੰਜਵੜ, ਇੰਦਰਜੀਤ ਸਿੰਘ ਲਾਲੀ, ਸੁਖਵਿੰਦਰ ਸਿੰਘ ਬਿੱਟੂ, ਬਲਾਕ ਪ੍ਰਧਾਨ ਨੌਨਿਹਾਲ ਸਿੰਘ ਕਸੇਲ, ਸਾਬਕਾ ਬਲਾਕ ਪ੍ਰਧਾਨ ਗੁਰਪਾਲ ਸਿੰਘ ਜਗਤਪੁਰਾ, ਕਾਮਰੇਡ ਅਸ਼ੋਕ ਕੁਮਾਰ ਸੋਹਲ, ਸਰਪੰਚ ਗੁਰਚਰਨ ਸਿੰਘ ਖੈਰਦੀ, ਸਾਬਕਾ ਸਰਪੰਚ ਸੁੱਚਾ ਸਿੰਘ ਖੈਰਦੀ, ਮੈਨੇਜਰ ਮੁਖਵਿੰਦਰ ਸਿੰਘ ਬਿੱਟੂ ਪੰਜਵੜ, ਥਾਣੇਦਾਰ ਇਸ਼ਪਾਲ ਸਿੰਘ, ਸਰਪੰਚ ਮਨਜੀਤ ਸਿੰਘ ਮੰਨਾ ਪੰਜਵੜ, ਵਿੱਕੀ, ਸਾਬਕਾ ਸੰਮਤੀ ਮੈਂਬਰ ਬਖਤਾਵਰ ਸਿੰਘ, ਸੈਂਡੀ, ਪੀ. ਏ. ਗੁਰਜਿੰਦਰ ਸਿੰਘ ਸੰਧੂ, ਆੜ੍ਹਤੀ ਬੂਟਾ ਸਿੰਘ, ਆੜ੍ਹਤੀ ਹਰਦੀਪ ਸਿੰਘ, ਸਰਪੰਚ ਵਰਿੰਦਰਜੀਤ ਸਿੰਘ ਹੀਰਾਪੁਰ, ਜਥੇ. ਦਿਲਜੀਤ ਸਿੰਘ ਪੰਜਵੜ ਆਦਿ ਸ਼ਾਮਲ ਸਨ।

# ਇੰਜ. ਜੇ ਪੀ ਸਿੰਘ ਐੱਸ ਸੀ/ਬੀ ਸੀ ਏਕਤਾ ਮੰਚ ਪੰਜਾਬ ਦੇ ਪ੍ਰਧਾਨ ਬਣੇ



ਧਾਰੀਵਾਲ, (ਮਨਦੀਪ ਵਿੱਕੀ)-ਐੱਸਸੀ/ਬੀਸੀ ਏਕਤਾ ਮੰਚ ਪੰਜਾਬ ਦੀ ਇੱਕ ਵਿਸ਼ਾਲ ਮੀਟਿੰਗ ਗੁਰੂ ਰਵਿਦਾਸ ਭਵਨ ਧਾਰੀਵਾਲ ਵਿਖੇ ਸਰਪਰਸਤ ਜਸਪਾਲ ਸਿੰਘ ਕਲਿਆਨਪੁਰ ਅਤੇ ਚੇਅਰਮੈਨ ਬਾਊ ਹੰਸਰਾਜ ਦੀ ਅਗਵਾਈ ਵਿੱਚ ਹੋਈ।ਇਸ ਮੀਟਿੰਗ ਵਿੱਚ ਵੱਖ-ਵੱਖ ਬੁਲਾਰਿਆਂ ਨੇ ਬੋਲਦਿਆਂ ਹੋਇਆਂ ਕਿਹਾ ਕਿ ਐੱਸਸੀ ਬੀਸੀ ਭਾਈਚਾਰਿਆਂ ਦੀ ਬਹੁ-ਗਿਣਤੀ ਵੋਟਰ ਹੋਣ ਦੇ ਬਾਵਜੂਦ ਵੀ ਉਨਾਂ ਨੂੰ ਸਰਕਾਰ ਵਿੱਚ ਕੋਈ ਵੀ ਯੋਗ ਨੁਮਾਇੰਦਗੀ ਨਹੀਂ ਮਿਲਦੀ।ਇਹ ਭਾਈਚਾਰਾ ਸਿਰਫ ਜਿਹੜੀ ਮਰਜ਼ੀ ਸਰਕਾਰਾਂ ਹੋਣ ਉਨ੍ਹਾਂ ਦੀਆਂ ਰੈਲੀਆਂ ਦੀ ਸ਼ੋਭਾ ਹੀ ਬਣਦਾ ਹੈ। ਉਨ੍ਹਾਂ ਨੇ ਐੱਸਸੀ ਬੀਸੀ ਸਮਾਜ ਨੂੰ ਇੱਕਜੁੱਟ ਹੋ ਕੇ ਸਮਾਜ ਦੀ ਤਰੱਕੀ ਅਤੇ ਮੰਚ ਦੀ ਭਲਾਈ ਲਈ ਕੰਮ ਕਰਨ ਲਈ ਬੇਨਤੀ ਕੀਤੀ।ਆਗੂਆਂ ਨੇ ਦੱਸਿਆ ਕਿ ਜਲਦੀ ਹੀ ਪਿੰਡ ਪਿੰਡ ਜਾ ਕੇ ਯੂਨਿਟ ਬਣਾਏ ਜਾਣਗੇ ਅਤੇ ਸਮਾਜ ਦੀ ਲੋਕਾਂ ਦੀ ਦੁੱਖ ਤਕਲੀਫਾਂ ਸੁਣੀਆਂ ਜਾਣਗੀਆਂ।ਉਹਨਾਂ ਦੱਸਿਆ ਕਿ ਸਾਡੀ ਸੰਸਥਾ ਆਪਣੇ ਸਮਾਜ ਦੇ ਨਾਲ ਚਟਾਨ ਵਾਂਗ ਖੜੀ ਹੈ।ਇਸ ਮੌਕੇ ਇੰਜੀਨੀਅਰ ਜਤਿੰਦਰ ਪਾਲ ਸਿੰਘ ਜੇਪੀ ਨੂੰ ਸਰਬਸੰਮਤੀ ਦੇ ਨਾਲ ਐੱਸਸੀ ਬੀਸੀ ਏਕਤਾ ਮੰਚ ਦਾ ਪ੍ਰਧਾਨ ਚੁਣਿਆ।ਗਿਆ ਨਵ ਨਿਯੁਕਤ ਪ੍ਰਧਾਨ ਇੰਜ. ਜੇ. ਪੀ. ਸਿੰਘ ਨੇ ਕਿਹਾ ਕਿ ਉਹ ਸਮਾਜ ਦੀ ਭਲਾਈ ਲਈ ਪਹਿਲਾਂ ਤੋਂ ਹੀ ਤੱਤਪਰ ਰਹਿੰਦੇ ਹਨ ਤੇ ਜੋ ਉਨ੍ਹਾਂ ਨੂੰ ਜ਼ਿੰਮੇਵਾਰੀ ਸੌਂਪੀ ਗਈ ਉਹ ਪੂਰੀ ਤਨਦੇਹੀ ਦੇ ਨਾਲ ਨਿਭਾਉਣਗੇ।ਉਨ੍ਹਾਂ ਨੇ ਸਾਰੀ ਸੀਨੀਅਰ ਟੀਮ ਦਾ ਧੰਨਵਾਦ ਕੀਤਾ।ਇਸ ਮੌਕੇ ਡਾਕਟਰ ਕਮਲਜੀਤ ਸਿੰਘ ਕੇਜੇ, ਬੀਬੀ ਸਾਹਿਬ ਕੌਰ ਗੁਰਦਾਸਪੁਰ, ਸਾਬਕਾ ਸਰਪੰਚ ਰਜੇਸ਼ ਕੁਮਾਰ ਸੋਹਲ, ਰਾਮਪਾਲ ਬੱਲ, ਲਾਭਾ ਮਸੀਹ, ਗੁਰਮੇਜ ਸਿੰਘ ਕਾਦੀਆਂ, ਦਲਜੀਤ ਸਿੰਘ ਛੋਟੇਪੁਰ, ਚੇਅਰਮੈਨ ਭੁਪਿੰਦਰ ਸਿੰਘ ਰਿੰਕਾ, ਵਿਜੇ ਕੰਗ, ਕਰਤਾਰ ਚੰਦ, ਡਾਕਟਰ ਸੱਤਪਾਲ ਡਡਵਾਂ, ਬਲਕਾਰ ਸਿੰਘ, ਨਿਸ਼ਾਨ ਸਿੰਘ, ਮਾਈਕਲ ਸਹੋਤਾ, ਚਮਨ ਲਾਲ, ਗੁਰਮੇਜ ਸਿੰਘ, ਇੰਸਪੈਕਟਰ ਰਾਮ, ਨੰਦ ਲਾਲ, ਕਸਤੂਰੀ ਲਾਲ, ਕਿਰਪਾਲ ਗਿੱਲ, ਐਰਿਕ ਭੱਟੀ, ਮਨੋਜ ਕੁਮਾਰ, ਬਿਸ਼ਨ ਸਿੰਘ, ਹਰਪਾਲ ਸਿੰਘ, ਤੇਜਪਾਲ ਸਿੰਘ, ਖਰੈਤੀ ਲਾਲ, ਕੁਲਵੰਤ ਸਿੰਘ, ਵਿਸ਼ਾਲ ਢਾਬੇ ਵਾਲੇ, ਤਿਲਕ ਰਾਜ, ਜਸਪਾਲ ਸੋਹਲ, ਜਗੀਰ ਸਿੰਘ ਸੁਜਾਨਪੁਰ, ਰਵਿੰਦਰ ਭੱਟੀ, ਪ੍ਰੇਮ ਸਿੰਘਪੁਰੀਆ, ਵਿਕਰਮ ਦਿਆਲ ਸਿੰਘ, ਪਰਸ਼ੋਤਮ ਲਾਲ, ਹਰਦੇਵ ਸਿੰਘ, ਗਗਨ, ਵਿਜੇ ਵਰਮਾ, ਵਾਰਿਸ ਗੁਰਦਾਸ ਨੰਗਲ, ਗੁਰਮੇਜ, ਗੁਰਨਾਮ ਸਿੰਘ, ਮਨਦੀਪ ਕੌਰ, ਦਰਸ਼ਨ, ਪ੍ਰਕਾਸ਼ ਚੰਦ ਆਦਿ ਸਮੇਤ ਭਾਰੀ ਗਿਣਤੀ ਦੇ ਵਿੱਚ ਐੱਸੀ/ਬੀਸੀ ਸਮਾਜ ਦੇ ਲੋਕ ਹਾਜ਼ਰ ਸਨ।

# ਐੱਸ ਆਈ ਆਰ ਨੂੰ ਲੈ ਕੇ ਜ਼ਿਲ੍ਹਾ ਸਵੀਪ ਟੀਮ ਨੇ ਵੱਖ-ਵੱਖ ਦਫਤਰਾਂ 'ਚ ਚਲਾਈ ਜਾਗਰੂਕਤਾ ਮੁਹਿੰਮ



ਪਠਾਨਕੋਟ (ਦਵਿੰਦਰ ਸਿੰਘ)-ਮੁੱਖ ਚੋਣ ਅਧਿਕਾਰੀ ਪੰਜਾਬ ਅਤੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਨੋਡਲ ਅਫ਼ਸਰ (ਸਵੀਪ)-ਕਮ-ਜ਼ਿਲ੍ਹਾ ਭੂਮੀ ਰੱਖਿਆ ਅਫ਼ਸਰ ਗੁਰਪ੍ਰੀਤ ਸਿੰਘ ਦੀ ਅਗਵਾਈ ਵਿਚ ਐੱਸ.ਆਈ.ਆਰ. ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਉਂਦੇ ਹੋਏ ਜ਼ਿਲ੍ਹਾ ਸਵੀਪ ਟੀਮ ਵੱਲੋਂ ਜ਼ਿਲ੍ਹਾ ਪਠਾਨਕੋਟ ਦੇ ਵੱਖ-ਵੱਖ ਦਫਤਰਾਂ ਵਿੱਚ ਜਾਗਰੂਕਤਾ ਅਭਿਆਨ ਚਲਾਇਆ ਗਿਆ। ਇਸ ਦੌਰਾਨ ਜ਼ਿਲ੍ਹਾ ਸਵੀਪ ਟੀਮ ਨੋਡਲ ਅਧਿਕਾਰੀ ਗੁਰਪ੍ਰੀਤ ਸਿੰਘ ਦੀ ਅਗਵਾਈ ਵਿਚ ਟੀਮ ਵੱਲੋਂ ਵੱਖ-ਵੱਖ ਦਫਤਰ ਦੇ ਬਾਹਰ ਜਾਗਰੂਕਤਾ ਸਟੀਕਰ ਵੀ ਲਗਾਏ ਗਏ ਅਤੇ ਪੰਫਲੈੱਟ ਵੀ ਵੰਡੇ ਗਏ। ਜ਼ਿਲ੍ਹਾ ਸਵੀਪ ਨੋਡਲ ਅਧਿਕਾਰੀ ਕਮ-ਜ਼ਿਲ੍ਹਾ ਭੂਮੀ ਰੱਖਿਆ ਅਧਿਕਾਰੀ ਗੁਰਪ੍ਰੀਤ ਸਿੰਘ ਨੇ ਐੱਸ.ਆਈ.ਆਰ. ਮੁਹਿੰਮ ਦੇ ਉਦੇਸ਼, ਵੋਟਰ ਸੂਚੀ ਵਿੱਚ ਨਾਮ ਦਰਜ ਕਰਵਾਉਣ, ਸੋਧ, ਤਬਦੀਲੀ ਅਤੇ ਲੋੜੀਂਦੇ ਦਸਤਾਵੇਜ਼ਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਸ਼ੁੱਧ ਅਤੇ ਅਪਡੇਟ ਵੋਟਰ ਸੂਚੀ ਇੱਕ ਮਜ਼ਬੂਤ ਲੋਕਤੰਤਰ ਦੀ ਨੀਂਹ ਹੈ ਅਤੇ ਹਰ ਯੋਗ ਨਾਗਰਿਕ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਸਮੇਂ ਸਿਰ ਆਪਣੀ ਵੋਟਰ ਰਜਿਸਟ੍ਰੇਸ਼ਨ ਕਰਵਾਏ।ਉਪਰੰਤ ਜ਼ਿਲ੍ਹਾ. ਨੋਡਲ ਅਧਿਕਾਰੀ ਗੁਰਪ੍ਰੀਤ ਸਿੰਘ ਵੱਲੋਂ ਜ਼ਿਲ੍ਹਾ ਸਵੀਪ ਟੀਮ ਦੇ ਮੈਂਬਰਾਂ ਨਾਲ. ਮੀਟਿੰਗ ਕਰਕੇ ਐੱਸ ਆਈ ਆਰ ਅਧੀਨ ਕੀਤੀਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਦਾ ਜਾਇਜ਼ਾ ਵੀ ਲਿਆ ਗਿਆ। ਇਸ ਮੌਕੇ ਸਹਾਇਕ ਨੋਡਲ ਅਧਿਕਾਰੀ ਸੋਸ਼ਲ ਮੀਡੀਆ ਹੈੱਡਮਾਸਟਰ ਰਵੀ ਕਾਂਤ, ਸਹਾਇਕ ਨੋਡਲ ਅਫ਼ਸਰ ਸਵੀਪ ਟੀਮ ਤੇ ਜਾਗਰੂਕਤਾ ਸੈੱਲ ਹੈੱਡਮਾਸਟਰ ਸੰਜੀਵ ਕੁਮਾਰ, ਜ਼ਿਲ੍ਹਾ ਸਵੀਪ ਟੀਮ ਦੇ ਮੈਂਬਰ ਵਿਵੇਕ ਡੋਗਰਾ, ਹਰਸਿਮਰਨਜੀਤ ਸਿੰਘ, ਅਮਿਤ ਡੋਗਰਾ ਆਦਿ ਵੀ ਹਾਜ਼ਰ ਸਨ।

# ਬਿਜਲੀ ਕੱਟਾਂ ਤੋਂ ਅੱਕੇ ਲੋਕ ਸੜਕ 'ਤੇ ਉਤਰੇ



ਛੇਹਰਟਾ, (ਮਨੋਜ ਕੁਮਾਰ) : ਭਿਆਨਕ ਗਰਮੀ ਵਿੱਚ ਲਗਾਤਾਰ ਬਿਜਲੀ ਕੱਟਾਂ ਤੋਂ ਤੰਗ ਆਏ ਲੋਕ ਐਤਵਾਰ ਰਾਤ ਮੋਹਕਮਪੁਰਾ ਚੌਕ ਨੇੜੇ ਸੜਕ 'ਤੇ ਉਤਰ ਆਏ ਅਤੇ ਰੋਸ ਪ੍ਰਦਰਸ਼ਨ ਕੀਤਾ। ਇਸ ਦੌਰਾਨ ਹਲਕਾ ਪੂਰਬੀ ਦੇ ਸੀਨੀਅਰ ਕਾਂਗਰਸੀ ਆਗੂ ਤੇ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਦਿਨੇਸ਼ ਬੱਸੀ ਆਪਣੇ ਪੁੱਤਰ ਵੰਸ਼ ਬੱਸੀ ਤੇ ਵਾਰਡ ਦੇ ਕੌਂਸਲਰ ਛਿੰਦਰ ਨਾਲ ਪ੍ਰਦਰਸ਼ਨਕਾਰੀਆਂ ਦੇ ਨਾਲ ਧਰਨੇ 'ਤੇ ਬੈਠ ਗਏ। ਪ੍ਰਦਰਸ਼ਨਕਾਰੀਆਂ ਨੇ ਬਿਜਲੀ ਵਿਭਾਗ ਤੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਲੋਕਾਂ ਨੇ ਦੋਸ਼ ਲਾਇਆ ਕਿ ਹਲਕੇ ਦੀ ਵਿਧਾਇਕ ਜੀਵਨਜੋਤ ਕੌਰ ਨੇ ਇਥੋਂ ਲੰਘਣ ਦੇ ਬਾਵਜੂਦ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨਾ ਜ਼ਰੂਰੀ ਨਹੀਂ ਸਮਝਿਆ। ਲੋਕਾਂ ਨੇ ਦੱਸਿਆ ਕਿ ਰਸੂਲਪੁਰ ਕੱਲਰ, ਕ੍ਰਿਸ਼ਨਾ ਨਗਰ, ਮੋਹਕਮਪੁਰਾ ਚੌਕ ਤੇ ਜੋੜਾ ਫਾਟਕ ਇਲਾਕੇ ਵਿਚ ਸ਼ਨਿਚਰਵਾਰ ਰਾਤ ਤੋਂ ਹੀ ਬਿਜਲੀ ਬੰਦ ਹੈ। ਗਰਮੀ ਕਾਰਨ ਛੋਟੇ ਬੱਚਿਆਂ, ਬਜ਼ੁਰਗਾਂ ਤੇ ਔਰਤਾਂ ਨੂੰ ਸਭ ਤੋਂ ਵੱਧ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਬਿਜਲੀ ਨਾ ਹੋਣ ਕਰ ਕੇ ਪਾਣੀ ਦੀ ਸਪਲਾਈ ਵੀ ਪ੍ਰਭਾਵਿਤ ਹੋਈ ਹੈ। ਸਥਾਨਕ ਨਿਵਾਸੀਆਂ ਸਾਹਿਲ, ਪ੍ਰਿੰਸ ਤੇ ਗੁਰਦੇਵ ਸਿੰਘ ਨੇ ਕਿਹਾ ਕਿ ਮਜਬੂਰੀ ਵਿਚ ਉਨ੍ਹਾਂ ਨੂੰ ਸੜਕ 'ਤੇ ਉਤਰ ਕੇ ਰੋਸ ਪ੍ਰਦਰਸ਼ਨ ਕਰਨਾ ਪਿਆ ਹੈ। ਉਨ੍ਹਾਂ ਨੇ ਚਿਤਾਵਨੀ ਦਿੱਤੀ ਕਿ ਜਦੋਂ ਤਕ ਬਿਜਲੀ ਸਪਲਾਈ ਬਹਾਲ ਨਹੀਂ ਹੁੰਦੀ, ਉਨ੍ਹਾਂ ਦਾ ਧਰਨਾ ਜਾਰੀ ਰਹੇਗਾ। ਲੋਕਾਂ ਨੇ ਹਲਕੇ ਦੀ ਵਿਧਾਇਕ ਤੋਂ ਬਿਜਲੀ ਪ੍ਰਬੰਧ ਦੀ ਜਾਂਚ ਕਰਵਾ ਕੇ ਤੁਰੰਤ ਹੱਲ ਕਰਨ ਦੀ ਮੰਗ ਕੀਤੀ। ਮੌਕੇ 'ਤੇ ਪੁੱਜੇ ਦਿਨੇਸ਼ ਬੱਸੀ ਨੇ ਕਿਹਾ ਕਿ ਜਿੰਨਾ ਚਿਰ ਲੋਕ ਇੱਥੇ ਬੈਠੇ ਰਹਿਣਗੇ, ਉਹ ਵੀ ਉਨ੍ਹਾਂ ਦੇ ਨਾਲ ਬੈਠਣਗੇ। ਉਨ੍ਹਾਂ ਨੇ ਕਿਹਾ ਕਿ ਜਨਤਾ ਦੀਆਂ ਸਮੱਸਿਆਵਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ। ਵਾਰਡ ਦੇ ਕੌਂਸਲਰ ਛਿੰਦਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਿਰਫ਼ ਲੋਕਾਂ ਤੋਂ ਵੋਟਾਂ ਲੈਣੀਆਂ ਜਾਣਦੀ ਹੈ, ਪਰ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਲਈ ਕੋਈ ਅੱਗੇ ਨਹੀਂ ਆ ਰਿਹਾ। ਪ੍ਰਦਰਸ਼ਨ ਦੌਰਾਨ ਮੌਕੇ 'ਤੇ ਪੁੱਜੇ ਐੱਸਐੱਚਓ ਨੇ ਪ੍ਰਦਰਸ਼ਨਕਾਰੀਆਂ ਨੂੰ ਸਮਝਾ ਕੇ ਧਰਨਾ ਖਤਮ ਕਰਨ ਦੀ ਕੋਸ਼ਿਸ਼ ਕੀਤੀ ਤੇ ਭਰੋਸਾ ਦਿੱਤਾ ਕਿ ਜਲਦੀ ਹੀ ਬਿਜਲੀ ਸਪਲਾਈ ਬਹਾਲ ਕਰ ਦਿੱਤੀ ਜਾਵੇਗੀ। ਪ੍ਰੰਤੂ ਲੋਕਾਂ ਨੇ ਸਾਫ਼ ਕਹਿ ਦਿੱਤਾ ਕਿ ਜਦੋਂ ਤਕ ਬਿਜਲੀ ਨਹੀਂ ਆਉਂਦੀ, ਉਹ ਧਰਨੇ ਤੋਂ ਨਹੀਂ ਉੱਠਣਗੇ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਪੁਲਸ ਜਬਰ ਵਿਰੁੱਧ ਪੁਤਲੇ ਫੂਕਣ ਦਾ ਐਲਾਨ

ਪੱਟੀ (ਸ਼ਮਸ਼ੇਰ ਸਿੰਘ ਯੋਧਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਪੰਜਾਬ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੇ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਲੋਕਾਂ ਤੇ ਪੁਲਸ ਵੱਲੋਂ ਕੀਤੇ ਜਾ ਰਹੇ ਅਸਿਹ ਤਸ਼ੱਦਦ ਦੇ ਵਿਰੋਧ ਵਿੱਚ ਸੂਬੇ ਭਰ ਵਿੱਚ ਜ਼ੋਨ ਪੱਧਰੀ ਰੋਸ ਪ੍ਰਦਰਸ਼ਨ ਕਰਦਿਆਂ ਪੁਤਲੇ ਫੂਕੇ ਜਾਣਗੇ।ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਧਰਨਿਆਂ ਵਿੱਚ ਕਿਸਾਨ, ਮਜ਼ਦੂਰ, ਮੁਲਾਜ਼ਮ, ਯੂਥ ਨੌਜਵਾਨਾਂ ਅਤੇ ਹੋਰ ਕਈ ਵਰਗਾਂ ਦੇ ਲੋਕ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਲੋਕਾਂ ਦੀਆਂ ਮੰਗਾਂ ਨੂੰ ਆਰਾਮ ਨਾਲ ਸੁਣੇ ਤੇ ਗੱਲਬਾਤ ਕਰਕੇ ਹੱਲ ਕੱਢੇ। ਬਰਨਾਲਾ ਵਿਖੇ ਨਗਰ ਕੌਂਸਲ ਦੇ ਕਰਮਚਾਰੀਆਂ ਨਾਲ ਪੁਲਸ ਨੇ ਧੱਕੇਸ਼ਾਹੀ ਕੀਤੀ ।ਪੰਜਾਬ ਪ੍ਰਧਾਨ ਨੇ ਕਿਹਾ ਕਿ ਪੰਜਾਬ ਭਰ ਵਿੱਚ ਵੱਖ-ਵੱਖ ਵਰਗਾਂ ਵੱਲੋਂ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਬਹੁਤ ਹੀ ਸ਼ਾਂਤਮਈ ਢੰਗ ਨਾਲ ਲਗਾਤਾਰ ਸੰਘਰਸ਼ ਕੀਤੇ ਜਾ ਰਹੇ ਹਨ ਪਰ ਅਫਸੋਸ ਵਾਲੀ ਗੱਲ ਹੈ ਕਿ ਪੰਜਾਬ ਸਰਕਾਰ ਮੰਗਾਂ ਦਾ ਹੱਲ ਕੱਢਣ ਦੀ ਬਜਾਏ ਉਨ੍ਹਾਂ 'ਤੇ ਤਸ਼ੱਦਦ ਢਾਹ ਰਹੀ ਹੈ ਤੇ ਲੋਕਾਂ ਦੀ ਆਵਾਜ਼ ਨੂੰ ਦਬਾਉਣਾ ਚਾਹੁੰਦੀ ਹੈ। ਜਥੇਬੰਦੀ ਦੇ ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸੂਬਾ ਸਰਕਾਰ ਨੇ ਲੋਕਾਂ ਦੀਆਂ ਜਾਇਜ਼ ਮੰਗਾਂ ਦਾ ਤੁਰੰਤ ਮਸਲਾ ਹੱਲ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਜਥੇਬੰਦੀ ਦੇ ਪ੍ਰਧਾਨ ਨੇ ਸਮੂਹ ਵਰਗ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਜ਼ੋਨ ਪੱਧਰੀ ਰੋਸ ਮੁਜ਼ਾਹਰਿਆ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਤਾਂ ਜੋ ਪੰਜਾਬ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਅਤੇ ਪੁਲਸ ਦੇ ਜਬਰ ਜ਼ੁਲਮ ਖਿਲਾਫ਼ ਆਪਣੀ ਆਵਾਜ਼ ਨੂੰ ਬੁਲੰਦ ਕੀਤਾ ਜਾ ਸਕੇ।


## MIDLAND MICROFIN LIMITED

Midland microfin beyond microfinance

Registered Office:- The AXIS, Plot No.1, R.B. Badri Dass Colony, G.T Road, Jalandhar PB 144001 (INDIA)

(CIN: U65921PB1988PLC008430), Tel : +91-181-5076000, Fax No : +91- 181-2236070 Website : www.midlandmicrofin.com

30 ਜੂਨ, 2026 ਨੂੰ ਖਤਮ ਹੋਈ ਤਿਮਾਹੀ ਦੇ ਅਣ-ਪੜਤਾਲੇ ਵਿੱਤੀ ਨਤੀਜਿਆਂ ਦਾ ਸਾਰ (ਰੁ. ਮਿਲੀਅਨ 'ਚ ਜਦ ਤੱਕ ਹੋਰ ਤਰ੍ਹਾਂ ਨਾ ਐਲਾਨੇ ਜਾਣ)

| ਲੜੀ ਨੰ | ਵੇਰਵੇ | ਤਿਮਾਹੀ ਖਤਮ 30.06.2026 ਅਣ-ਪੜਤਾਲੇ | 31.03.2026 ਪੜਤਾਲੇ | 30.06.2025 ਅਣ-ਪੜਤਾਲੇ | ਸਾਲ ਖਤਮ 31.03.2026 ਪੜਤਾਲੇ |
|---|---|---|---|---|---|
| 1 | ਕਾਰੋਬਾਰਾਂ ਤੋਂ ਕੁੱਲ ਆਮਦਨ | 1,865.57 | 1607.22 | 1,464.54 | 6,369.57 |
| 2 | ਸਮੇਂ ਲਈ ਸ਼ੁੱਧ ਲਾਭ/(ਹਾਨੀ) (ਟੈਕਸ ਤੋਂ ਪਹਿਲਾਂ, ਖਾਸ/ ਜਾਂ ਅਸਧਾਰਨ ਆਈਟਮਾਂ) | 131.50 | 198.91 | 46.76 | 417.81 |
| 3 | ਸਮੇਂ ਲਈ ਟੈਕਸ ਤੋਂ ਪਹਿਲਾਂ ਸ਼ੁੱਧ ਲਾਭ/(ਹਾਨੀ)/(ਖਾਸ/ਜਾਂ ਅਸਧਾਰਨ ਆਈਟਮਾਂ ਤੋਂ ਮਗਰੋਂ) | 131.50 | 198.91 | 46.76 | 417.81 |
| | ਸਮੇਂ ਲਈ ਟੈਕਸ ਤੋਂ ਬਾਅਦ ਸ਼ੁੱਧ ਲਾਭ/ਹਾਨੀ) (ਖਾਸ/ਜਾਂ ਅਸਧਾਰਨ ਆਈਟਮਾਂ ਤੋਂ ਮਗਰੋਂ) | | | | |
| 4 | ਸਮੇਂ ਲਈ ਕੁੱਲ ਵਿਆਪਕ ਆਮਦਨ (ਸਮੇਂ ਲਈ ਸ਼ਾਮਲ ਲਾਭ/(ਹਾਨੀ) (ਟੈਕਸ ਤੋਂ ਬਾਅਦ) ਅਤੇ ਹੋਰ ਵਿਆਪਕ ਆਮਦਨ (ਟੈਕਸ ਤੋਂ ਬਾਅਦ) | 102.24 | 173.69 | 39.30 | 347.64 |
| 5 | ਪੇਡਅਪ ਇਕੁਇਟੀ ਸ਼ੇਅਰ ਕੈਪੀਟਲ | 100.31 | 192.10 | 57.33 | 401.83 |
| | ਯੰਤਰ ਪੂਰੀ ਤਰ੍ਹਾਂ ਇਕੁਇਟੀ ਸੂਰਤ 'ਚ | | | | |
| 6 | | 523.87 | 523.73 | 523.73 | 523.73 |
| 7 | ਰਿਜ਼ਰਵਜ਼ (ਰੀਵੈਲੂਏਸ਼ਨ ਰਿਜ਼ਰਵ ਤੋਂ ਬਗੈਰ) | 472.18 | 472.12 | 457.68 | 472.12 |
| 8 | ਸਕਿਉਰਟੀਜ਼ ਪ੍ਰੀਮੀਅਮ ਅਕਾਊਂਟ | 2,438.08 | 2,338.54 | 2,096.01 | 2,338.54 |
| 9 | ਕੁੱਲ ਮੁੱਲ | 3,494.56 | 3,492.58 | 3,276.04 | 3,492.58 |
| 10 | ਪੇਡਅਪ ਡੈਬਟ ਕੈਪੀਟਲ/ਆਊਟਸਟੈਂਡਿੰਗ ਡੈਬਟ | 6,928.69 | 6,826.97 | 6,353.46 | 6,826.97 |
| 11 | ਆਊਟਸਟੈਂਡਿੰਗ ਰੀਡੀਮੇਬਲ ਪ੍ਰੈਫਰੈਂਸ ਸ਼ੇਅਰਜ਼ | 29,179.61 | 27,394.35 | 21,325.31 | 27,394.35 |
| 12 | ਡੈਬਟ ਇਕੁਇਟੀਰੇਸ਼ੋ (ਸਮੇਂ ਦੇ ਅੰਦਰ) | 275.04 | 267.95 | 247.70 | 267.95 |
| 13 | | 4.14 | 4.01 | 3.36 | 4.01 |
| 14 | ਪ੍ਰਤੀ ਸ਼ੇਅਰ ਕਮਾਈ (ਹਰੇਕ 10 ਰੁਪਏ ਦੀ) (ਚਾਲੂ ਅਤੇ ਬੰਦ ਕਾਰੋਬਾਰਾਂ ਵਾਸਤੇ) | | | | |
| | 1. ਬੇਸਿਕ (ਰੁਪਏ) | 1.95 | 3.32 | 0.75 | 6.64 |
| | 2. ਡਿਲਿਊਟਿਡ (ਰੁਪਏ) | 1.68 | 2.86 | 0.66 | 5.79 |
| 15 | ਕੈਪੀਟਲ ਰੀਡੰਪਸ਼ਨ ਰਿਜ਼ਰਵ | 106.20 | 106.20 | 106.20 | 106.20 |
| 16 | ਡਿਬੈਂਚਰ ਰੀਡੰਪਸ਼ਨ ਰਿਜ਼ਰਵ | 36.63 | 36.63 | 36.63 | 36.63 |
| 17 | ਡੈਬਿਟ ਸਰਵਿਸ ਕਵਰੇਜ ਰੇਸ਼ੋ | ਐੱਨ/ਏ | ਐੱਨ/ਏ | ਐੱਨ/ਏ | ਐੱਨ/ਏ |
| 18 | ਇੰਟਰੈਸਟ ਸਰਵਿਸ ਕਵਰੇਜ ਰੇਸ਼ੋ | ਐੱਨ/ਏ | ਐੱਨ/ਏ | ਐੱਨ/ਏ | ਐੱਨ/ਏ |

ਟਿੱਪਣੀਆਂ

1. ਉਪਰੋਕਤ ਨਤੀਜੇ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼, 2015 ਦੇ ਰੈਗੂਲੇਸ਼ਨ 52 ਦੀਆਂ ਰਿਕੁਆਇਰਮੈਂਟਸ ਦੇ ਅਨੁਸਾਰ ਬੋਰਡ ਦੇ ਡਾਇਰੈਕਟਰਾਂ ਦੀਆਂ ਕ੍ਰਮਵਾਰ 27 ਜੁਲਾਈ 2026 ਨੂੰ ਹੋਈਆਂ ਮੀਟਿੰਗਾਂ 'ਚ ਮਨਜ਼ੂਰ ਕੀਤੇ ਗਏ ਅਤੇ ਆਡਿਟ ਕਮੇਟੀ ਵੱਲੋਂ ਨਜ਼ਰਸ਼ਾਨੀ ਕੀਤੇ ਜਾ ਚੁੱਕੇ ਹਨ। 30 ਜੂਨ, 2026 ਨੂੰ ਖਤਮ ਹੋਈ ਤਿਮਾਹੀ ਦੇ ਉਪਰੋਕਤ ਨਤੀਜੇ ਕੰਪਨੀ ਦੇ ਸੰਵਿਧਾਨਕ ਆਡੀਟਰਾਂ ਵੱਲੋਂ ਨਜ਼ਰਸ਼ਾਨੀ ਕੀਤੇ ਜਾ ਚੁੱਕੇ ਹਨ।
2. ਉਪਰੋਕਤ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼, 2015 ਦੇ ਰੈਗੂਲੇਸ਼ਨ 33 ਅਤੇ 52 ਤਹਿਤ ਸਟਾਕ ਐਕਸਚੇਂਜ ਕੋਲ ਦਾਖਲ ਅਣ-ਪੜਤਾਲੇ ਵਿੱਤੀ ਨਤੀਜਿਆਂ ਦੇ ਵਿਸਥਾਰਤ ਫਾਰਮਟ ਦਾ ਸਾਰ ਹੈ। ਅਣ-ਪੜਤਾਲੇ ਵਿੱਤੀ ਨਤੀਜਿਆਂ ਦਾ ਮੁਕੰਮਲ ਫਾਰਮਟ ਸਟਾਕ ਐਕਸਚੇਂਜ ਦੀ ਵੈੱਬਸਾਈਟ (www.bseindia.com) ਅਤੇ ਕੰਪਨੀ ਦੀ ਵੈੱਬਸਾਈਟ (www.midlandmicrofin.com) 'ਤੇ ਉਪਲੱਬਧ ਹੈ।
3. ਉਪਰੋਕਤ ਵਿੱਤੀ ਨਤੀਜੇ ਕਾਰਪੋਰੇਟ ਮਾਮਲੇ ਮੰਤਰਾਲਾ ਵੱਲੋਂ ਨੋਟੀਫਾਈਡ ਇੰਡੀਅਨ ਅਕਾਊਂਟਿੰਗ ਸਟੈਂਡਰਡਜ਼ (ਇੰਡ-ਏ ਐੱਸ) ਦੇ ਅਨੁਸਾਰ ਤਿਆਰ ਕੀਤੇ ਗਏ ਹਨ।

ਵਾਸਤੇ ਮਿਡਲੈਂਡ ਮਾਈਕ੍ਰੋਫਿਨ ਲਿਮਟਿਡ
ਸਹੀ/-
ਅਮਰਦੀਪ ਸਿੰਘ ਸਮਰਾ
ਮੈਨੇਜਿੰਗ ਡਾਇਰੈਕਟਰ

ਸਥਾਨ : ਜਲੰਧਰ
ਮਿਤੀ : 27 ਜੁਲਾਈ 2026


# ਅਲੀਵਾਲ 'ਚ ਪੰਨੂ ਨੇ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪੇ



ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ)-ਹਲਕਾ ਫ਼ਤਿਹਗੜ੍ਹ ਚੂੜੀਆਂ ਦੇ ਆਮ ਆਦਮੀ ਪਾਰਟੀ ਦਫ਼ਤਰ, ਅਲੀਵਾਲ ਵਿਖੇ ਆਂਗਣਵਾੜੀ ਵਰਕਰਾਂ ਨੂੰ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਨਿਯੁਕਤੀ ਪੱਤਰ ਸੌਂਪੇ। ਪੰਨੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਅਤੇ ਮਹਿਲਾ ਸਸ਼ਕਤੀਕਰਨ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਵਚਨਬੱਧ ਹੈ।ਇਹ ਨਿਯੁਕਤੀਆਂ ਸਿਰਫ਼ ਰੁਜ਼ਗਾਰ ਨਹੀਂ, ਸਗੋਂ ਪੰਜਾਬ ਦੇ ਬੱਚਿਆਂ ਦੇ ਸਿਹਤਮੰਦ ਅਤੇ ਸੁਨਹਿਰੇ ਭਵਿੱਖ ਵੱਲ ਇੱਕ ਮਜ਼ਬੂਤ ਕਦਮ ਹਨ। ਆਂਗਣਵਾੜੀ ਵਰਕਰ ਮਾਵਾਂ ਅਤੇ ਨੰਨ੍ਹੇ-ਮੁੰਨੇ ਬੱਚਿਆਂ ਦੀ ਸਿਹਤ, ਪੋਸ਼ਣ ਅਤੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਮੈਨੂੰ ਵਿਸ਼ਵਾਸ ਹੈ ਕਿ ਨਵੇਂ ਨਿਯੁਕਤ ਹੋਏ ਵਰਕਰ ਆਪਣੀ ਡਿਊਟੀ ਨੂੰ ਪੂਰੀ ਇਮਾਨਦਾਰੀ, ਸਮਰਪਣ ਅਤੇ ਸੇਵਾ ਭਾਵਨਾ ਨਾਲ ਨਿਭਾਉਂਦੇ ਹੋਏ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਉਤਰਨਗੇ।ਇਸ ਮੌਕੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਕਿਹਾ ਕਿ ਪੰਜਾਬ ਦੀ ਤਰੱਕੀ

# ਭਗਵੰਤ ਮਾਨ ਲੋਕਾਂ ਨੂੰ ਮਹਾਰਾਜਾ ਰਣਜੀਤ ਸਿੰਘ ਵਰਗਾ ਰਾਜ ਦੇ ਰਹੇ:ਜੋਬਨ ਰੰਧਾਵਾ



ਫਤਿਹਗੜ੍ਹ ਚੂੜੀਆਂ, (ਜਸਦੇਵ ਮਾਨ)-ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਜੋਬਨ ਰੰਧਾਵਾ ਦੇ ਹੱਕ 'ਚ ਮਲਕੀਤ ਸਿੰਘ ਪ੍ਰੀਤ, ਰਜਿੰਦਰ ਸਿੰਘ ਰਾਜਾ, ਗੁਰਪ੍ਰੀਤ ਸਿੰਘ ਗੋਪੀ ਅਤੇ ਮਨਜੋਤ ਰੰਧਾਵਾ ਵੱਲੋਂ ਫਤਿਹਗੜ੍ਹ ਚੂੜੀਆਂ ਵਾਰਡ ਨੰਬਰ 10 ਵਿਖੇ ਵਿਸ਼ਾਲ ਮੀਟਿੰਗ ਕਰਵਾਈ ਗਈ ਜਿਸ ਵਿਚ ਵੱਡੀ ਗਿਣਤੀ 'ਚ ਲੋਕ ਸ਼ਾਮਲ ਹੋਏ।ਇਸ ਮੌਕੇ ਜੋਬਨ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਲੋਕਾਂ ਨੂੰ ਮਹਾਰਾਜਾ ਰਣਜੀਤ ਸਿੰਘ ਵਰਗਾ ਰਾਜ ਦੇ ਰਹੇ ਹਨ ਜਿਸ ਨਾਲ ਹਰ ਵਰਗ ਖੁਸ਼ ਦਿਖਾਈ ਦੇ ਰਿਹਾ ਹੈ।ਇਸ ਮੌਕੇ ਜੋਬਨ ਰੰਧਾਵਾ ਨੇ ਮਲਕੀਤ ਸਿੰਘ ਪ੍ਰੀਤ, ਰਜਿੰਦਰ ਸਿੰਘ ਰਾਜਾ, ਗੁਰਪ੍ਰੀਤ ਸਿੰਘ ਗੋਪੀ ਅਤੇ ਮਨਜੋਤ ਰੰਧਾਵਾ ਨੂੰ ਵਿਸ਼ੇਸ਼ ਥਾਪੜਾ ਦਿੰਦੇ ਹੋਏ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਮਿਹਨਤ ਕਰਨ।ਇਸ ਮੌਕੇ ਵੱਡੀ ਗਿਣਤੀ 'ਚ ਆਮ ਆਦਮੀ ਪਾਰਟੀ ਦੇ ਆਗੂ ਅਤੇ ਵਰਕਰ ਹਾਜ਼ਰ ਸਨ।

# ਹਲਕੇ ਦਾ ਸਰਬਪੱਖੀ ਵਿਕਾਸ ਕਰਵਾਉਣਾ ਹੀ ਮੇਰੀ ਪਹਿਲੀ ਤਰਜੀਹ : ਸ਼ੈਰੀ ਕਲਸੀ



ਬਟਾਲਾ, (ਤਰਲੋਕ ਬੱਗਾ)- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਉਨ੍ਹਾਂ ਨੂੰ ਹੱਲ ਕਰਨ ਦੇ ਮੰਤਵ ਨਾਲ ਲੋਕ ਮਿਲਣੀ ਪ੍ਰੋਗਰਾਮ ਤਹਿਤ ਮੁਸ਼ਕਿਲਾਂ ਸੁਣੀਆਂ ਤੇ ਮੌਕੇ 'ਤੇ ਹੱਲ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਦਿੱਤੇ।ਗੱਲਬਾਤ ਦੌਰਾਨ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਰਬਪੱਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸਦੇ ਚੱਲਦਿਆਂ ਵਿਧਾਨ ਸਭਾ ਹਲਕਾ ਬਟਾਲਾ ਵਿਖੇ ਲੋਕਹਿੱਤ ਲਈ ਵਿਕਾਸ ਕਾਰਜ ਕੀਤੇ ਜਾ ਰਹੇ ਹਨ।ਵਿਧਾਇਕ ਨੇ ਕਿਹਾ ਕਿ ਹਲਕੇ ਦੇ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕਰਨਾ ਅਤੇ ਹਲਕੇ ਦਾ ਸਰਬਪੱਖੀ ਵਿਕਾਸ ਕਾਰਜ ਕਰਵਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ ਅਤੇ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਅੰਦਰ ਵਿਕਾਸ ਕਾਰਜ ਤੇਜ਼ ਗਤੀ ਨਾਲ ਕੀਤੇ ਜਾਣਗੇ।

ਹਲਕੇ ਅੰਦਰ ਕਰਵਾਏ ਗਏ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾਂ ਬਟਾਲੇ ਸਮੇਤ ਦੱਸਿਆ ਕਿ ਹਲਕੇ ਅੰਦਰ ਗੰਦੇ ਪਾਣੀ ਲਈ ਨਿਕਾਸੀ ਦੇ ਕਾਰਜ, ਗਲੀਆਂ ਦੀ ਉਸਾਰੀ, ਸੀਵਰੇਜ, ਪਾਰਕਾਂ ਦਾ ਸੁੰਦਰੀਕਰਨ ਆਦਿ ਦੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਤੇ ਵਿਕਾਸ ਕਾਰਜਾਂ ਵਿੱਚ ਕੋਈ ਢਿੱਲਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

**ਜਨਮ ਦਿਨ ਮੁਬਾਰਕ**



ਹਰਫਤਹਿ ਸਿੰਘ ਸੰਧੂ



ਵੰਸ਼ ਜੈਨ
ਲਹਿਰਾਗਾਗਾ

# ਸਫਾਈ ਕਰਮੀਆਂ 'ਤੇ ਪੰਜਾਬ ਪੁਲਸ ਦੇ ਜਬਰ ਵਿਰੁੱਧ ਬਸਪਾ ਵੱਲੋਂ ਰੋਸ ਧਰਨਾ

**ਹੁਸ਼ਿਆਰਪੁਰ (ਓ ਪੀ ਰਾਣਾ)**

ਬਹੁਜਨ ਸਮਾਜ ਪਾਰਟੀ ਵੱਲੋਂ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਹੁਸ਼ਿਆਰਪੁਰ ਵਿਖੇ ਦਲਜੀਤ ਰਾਏ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਹੇਠ ਧਰਨਾ ਰੋਸ ਪ੍ਰਦਰਸ਼ਨ ਕੀਤਾ ਗਿਆ ਜਿਸ ਰਾਹੀਂ ਪੰਜਾਬ ਦੇ ਰਾਜਪਾਲ ਦੇ ਨਾਂਅ ਤੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਰਾਹੀਂ ਮੰਗ ਪੱਤਰ ਭੇਜ ਕੇ ਬਰਨਾਲਾ 'ਚ ਸਫਾਈ ਕਰਮਚਾਰੀਆਂ ਦੇ ਉੱਪਰ ਹੋਏ ਜਬਰ ਜ਼ੁਲਮ ਦੇ ਦੋਸ਼ੀ ਅਧਿਕਾਰੀਆਂ ਦੇ ਲਈ ਸਜ਼ਾ ਦਾ ਪ੍ਰਬੰਧ ਕਰਨ ਅਤੇ ਸਫਾਈ ਕਰਮੀਆਂ ਦੀਆਂ ਮੰਗਾਂ ਤੁਰੰਤ ਮੰਨਵਾਉਣ, ਜਖਮੀਆਂ ਦਾ ਇਲਾਜ ਮੁਫਤ ਕਰਵਾਉਣ, ਲਾਠੀਚਾਰਜ ਕਰਨ ਵਾਲੇ ਪੁਲਸ ਅਧਿਕਾਰੀਆਂ ਨੂੰ ਬਰਖ਼ਾਸਤ ਕਰਕੇ ਉਨ੍ਹਾਂ ਤੇ ਸਖ਼ਤ ਕਾਰਵਾਈ ਕਰਨ ਆਦਿ ਮੰਗਾਂ ਨੂੰ ਲੈ ਕੇ ਨਾਅਰੇਬਾਜ਼ੀ ਕੀਤੀ ਅਤੇ ਮੰਗ ਪੱਤਰ ਦਿੱਤਾ।ਬਸਪਾ ਆਗੂਆਂ ਨੇ ਮੰਗ ਕੀਤੀ ਪੁਲਿਸ ਤਸ਼ੱਦਦ ਸਮੇਂ ਤਾਇਨਾਤ ਅਧਿਕਾਰੀਆਂ ਨੂੰ ਬਰਖ਼ਾਸਤ ਕੀਤਾ ਜਾਵੇ ਅਤੇ ਇਸ ਵਰਤਾਰੇ ਦੀ ਉੱਚ ਪੱਧਰੀ ਜਾਂਚ ਲਈ ਹਾਈ ਕੋਰਟ ਦੇ ਜੱਜ ਦੀ ਨਿਗਰਾਨੀ ਹੇਠ ਨਿਰਪੱਖ ਕਮਿਸ਼ਨ ਬਣਾਇਆ ਜਾਵੇ ਤਾਂ ਕਿ ਜ਼ੁਲਮ ਤਸ਼ੱਦਦ ਦੇ ਸ਼ਿਕਾਰ ਹੋਏ ਸਫਾਈ ਕਰਮੀਆਂ ਨੂੰ ਜਲਦ ਇਨਸਾਫ ਮਿਲ ਸਕੇ। ਇਸ ਮੌਕੇ ਗੁਰਨਾਮ ਚੌਧਰੀ ਜੋਨ ਇੰਚਾਰਜ, ਮਨਿੰਦਰ ਸਿੰਘ ਸ਼ੇਰਪੁਰੀ ਸਕੱਤਰ ਪੰਜਾਬ, ਦਲਜੀਤ ਰਾਏ ਜ਼ਿਲ੍ਹਾ ਪ੍ਰਧਾਨ, ਪ੍ਰੋਫੈਸਰ ਸੁਰਜੀਤ ਸਿੰਘ, ਸਰਵਣ ਸਿੰਘ ਜ਼ਿਲ੍ਹਾ ਸਕੱਤਰ, ਸੁਰਜੀਤ ਮਹਿਮੀ ਪ੍ਰਧਾਨ ਵਿਧਾਨ ਸਭਾ ਹੁਸ਼ਿਆਰਪੁਰ, ਨਿਸ਼ਾਨ ਚੌਧਰੀ ਇੰਚਾਰਜ ਹਲਕਾ ਸ਼ਾਮ ਚੌਰਾਸੀ, ਯਸ਼ ਭੱਟੀ ਪ੍ਰਧਾਨ ਚੱਬੇਵਾਲ, ਸੁਖਦੇਵ ਸਿੰਘ ਬਿੱਟਾ, ਪਵਨ ਕੁਮਾਰ ਸੁੱਖਾ ਕਾਟੀਆਂ, ਬਲਜਿੰਦਰ ਬੈਸ ਪੰਮਾ,ਤੀਰਥ ਸਿੰਘ ਬੈਸ ਵੀ ਹਾਜ਼ਰ ਸਨ।



# ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਦੇ ਭਵਿੱਖ ਦੇ ਅਧਿਆਪਕਾਂ ਨੇ ਕੀਤਾ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ (ਸ਼ੈਲੀ ਐਲਬਰਟ)**

ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਨੇ ਜੀ ਐਨ ਡੀ ਯੂ ਬੀ.ਐੱਡ. ਸਮੈਸਟਰ ਚੌਥਾ ਪ੍ਰੀਖਿਆ ਦੇ ਨਤੀਜਿਆਂ (ਮਈ 2026) ਵਿੱਚ ਜਲੰਧਰ ਦੇ ਸਿੱਖਿਆ ਕਾਲਜਾਂ ਵਿੱਚੋਂ ਸਭ ਤੋਂ ਵੱਧ ਔਸਤ ਸੀ ਜੀ ਪੀ ਏ ਪ੍ਰਾਪਤ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ। ਕਾਲਜ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਮੈਰਿਟ ਸੂਚੀ ਵਿੱਚ 9ਵਾਂ ਸਥਾਨ ਪ੍ਰਾਪਤ ਕੀਤਾ, ਜੋ ਕਿ ਵਿਦਿਆਰਥੀ-ਅਧਿਆਪਕ ਗੀਤਿਕਾ ਨੂੰ ਗਿਆ ਉਸ ਨੇ 8.43 ਦਾ ਸੀ ਜੀ ਪੀ ਏ ਪ੍ਰਾਪਤ ਕੀਤਾ। ਸਾਰੇ ਵਿਦਿਆਰਥੀ-ਅਧਿਆਪਕਾਂ ਵਿੱਚੋਂ 100% ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਐਸੀ ਪ੍ਰਤੀਸ਼ਤ ਵਿਦਿਆਰਥੀ-ਅਧਿਆਪਕਾਂ ਨੇ ਡਿਸਟਿੰਕਸ਼ਨ ਪ੍ਰਾਪਤ ਕੀਤਾ, ਅਤੇ ਛੱਤੀ ਪ੍ਰਤੀਸ਼ਤ ਨੇ 8 ਤੋਂ ਉੱਪਰ ਸੀਜੀਪੀਏ ਪ੍ਰਾਪਤ ਕੀਤਾ। ਗੀਤਿਕਾ ਨੇ 8.43 ਦੇ ਸੀ ਜੀ ਪੀ ਏ ਨਾਲ ਕਾਲਜ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਪੁਨੀਤ ਕੌਰ ਰਾਏ ਨੇ 8.28 ਦੇ ਸੀ ਜੀ ਪੀ ਏ ਨਾਲ ਦੂਜਾ ਸਥਾਨ ਪ੍ਰਾਪਤ ਕੀਤਾ, ਅਤੇ ਗੁਰਸਹਿਜ ਕੌਰ ਅਤੇ ਮਨਦੀਪ ਸ਼ਾਹੀ ਨੇ 8.18 ਦੇ ਸੀ ਜੀ ਪੀ ਏ ਨਾਲ ਕਾਲਜ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ। ਮਹਿਕ ਸ਼ਰਮਾ ਅਤੇ ਕਵਿਤਾ ਗਿਰੀ ਨੇ 8.15 ਸੀ ਜੀ ਪੀ ਏ ਨਾਲ ਕਾਲਜ ਵਿੱਚ ਚੌਥਾ ਸਥਾਨ ਪ੍ਰਾਪਤ ਕੀਤਾ, ਅਤੇ ਸਿਮਰਨਦੀਪ ਕੌਰ ਨੇ 8.13 ਸੀ ਜੀ ਪੀ ਏ ਨਾਲ ਕਾਲਜ ਵਿੱਚ ਪੰਜਵਾਂ ਸਥਾਨ ਪ੍ਰਾਪਤ ਕੀਤਾ।ਪ੍ਰਿੰਸੀਪਲ ਡਾ. ਅਰਜਿੰਦਰ ਸਿੰਘ ਨੇ ਚਾਹਵਾਨ ਅਧਿਆਪਕਾਂ ਨੂੰ ਉਨ੍ਹਾਂ ਸਫ਼ਲਤਾ ਵਿੱਚ ਲਗਨ ਨਾਲ ਕੰਮ ਕਰਦੇ ਰਹਿਣ ਅਤੇ ਆਪਣੇ ਅਧਿਆਪਨ ਹੁਨਰ ਨੂੰ ਬਿਹਤਰ ਬਣਾਉਣ ਲਈ ਉਤਸ਼ਾਹਿਤ ਕੀਤਾ। ਪ੍ਰਬੰਧਨ ਦੇ ਮੈਂਬਰਾਂ, ਪ੍ਰਿੰਸੀਪਲ ਅਤੇ ਸਾਰੇ ਫੈਕਲਟੀ ਮੈਂਬਰਾਂ ਨੇ ਸਾਰੇ ਵਿਦਿਆਰਥੀ-ਅਧਿਆਪਕਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ।



# ਮੇਰੀ ਰਸੋਈ ਯੋਜਨਾ ਤਹਿਤ ਰਾਸ਼ਨ ਕਿੱਟਾਂ ਦੀ ਵੰਡ

**ਟਾਂਡਾ ਉੜਮੁੜ, (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**

ਪੰਜਾਬ ਸਰਕਾਰ ਵੱਲੋਂ ਲੋੜਵੰਦ ਪਰਵਾਰਾਂ ਨੂੰ ਰਾਹਤ ਪ੍ਰਦਾਨ ਕਰਨ ਦੇ ਉਦੇਸ਼ ਨਾਲ ਚਲਾਈ ਜਾ ਰਹੀ 'ਮੇਰੀ ਰਸੋਈ ਯੋਜਨਾ' ਤਹਿਤ ਸੋਮਵਾਰ ਨੂੰ ਟਾਂਡਾ ਸ਼ਹਿਰ ਦੇ ਵੱਖ-ਵੱਖ ਰਾਸ਼ਨ ਡਿਪੂਆਂ 'ਤੇ ਲਾਭਪਾਤਰੀਆਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ।ਇਸ ਦੌਰਾਨ ਵੱਡੀ ਗਿਣਤੀ ਵਿੱਚ ਯੋਗ ਪਰਵਾਰਾਂ ਨੇ ਯੋਜਨਾ ਦਾ ਲਾਭ ਪ੍ਰਾਪਤ ਕੀਤਾ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਖੁਦ ਲਾਭਪਾਤਰੀਆਂ ਨੂੰ ਰਾਸ਼ਨ ਕਿੱਟਾਂ ਸੌਂਪੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਹਰ ਲੋੜਵੰਦ ਵਰਗ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਾਰਦਰਸ਼ੀ ਢੰਗ ਨਾਲ ਪਹੁੰਚਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਆਮ ਲੋਕਾਂ ਦੇ ਹਿੱਤ ਵਿੱਚ ਕਈ ਲੋਕ-ਭਲਾਈ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਦਾ ਮਕਸਦ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨੂੰ ਰਾਹਤ ਪ੍ਰਦਾਨ ਕਰਨਾ ਹੈ।ਇਸ ਮੌਕੇ ਨਗਰ ਕੌਂਸਲ ਟਾਂਡਾ ਦੇ ਪ੍ਰਧਾਨ ਹਰੀ ਕ੍ਰਿਸ਼ਨ ਸੈਣੀ ਕੁੱਕੂ, ਬਲਾਕ ਸਮਿਤੀ ਦੇ ਚੇਅਰਮੈਨ ਸੁਖਵਿੰਦਰ ਸਿੰਘ ਝਾਵਰ, ਫੂਡ ਇੰਸਪੈਕਟਰ ਨਵਨੀਤ ਸਿੰਘ, ਅਨਿਲ ਗੋਰਾ, ਬਿੱਟੂ ਸਮੇਤ ਹੋਰ ਪਤਵੰਤੇ ਵਿਅਕਤੀ ਅਤੇ ਵਰਕਰ ਵੀ ਹਾਜ਼ਰ ਸਨ। ਉਨ੍ਹਾਂ ਲਾਭਪਾਤਰੀਆਂ ਨੂੰ ਅਪੀਲ ਕੀਤੀ ਕਿ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ।



# ਅਮਰਜੀਤ ਸਿੰਘ ਖੁਰਲ ਦੀ ਯਾਦ ਨੂੰ ਸਮਰਪਿਤ ਸਾਵਣ ਕਵੀ ਦਰਬਾਰ

**ਚੰਡੀਗੜ੍ਹ (ਸੁਰਜੀਤ ਸੁਮਨ)**

ਸਾਹਿਤ ਵਿਗਿਆਨ ਕੇਂਦਰ ਚੰਡੀਗੜ੍ਹ ਵੱਲੋਂ ਅਮਰਜੀਤ ਸਿੰਘ ਖੁਰਲ ਨੂੰ ਸਮਰਪਿਤ ਸਾਵਣ ਕਵੀ ਦਰਬਾਰ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਪ੍ਰਸਿੱਧ ਨਾਵਲਕਾਰ ਤੇ ਕਹਾਣੀਕਾਰ ਸੰਤਵੀਰ ਨੇ ਕੀਤੀ ਅਤੇ ਖੁਰਲ ਸਾਹਿਬ ਦੇ ਸਪੁੱਤਰ ਗੁਰਪ੍ਰੀਤ ਸਿੰਘ ਖੁਰਲ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ। ਸੰਸਥਾ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਮਾਵੀ ਨੇ ਆਏ ਹੋਏ ਸਾਹਿਤਕਾਰਾਂ ਨੂੰ ਜੀ ਆਇਆਂ ਆਖਿਆ ਅਤੇ ਸਮਾਗਮ ਦੀ ਰੂਪ-ਰੇਖਾ ਬਾਰੇ ਜਾਣਕਾਰੀ ਦਿੱਤੀ। ਰਾਜਵਿੰਦਰ ਗੱਡੂ, ਊਮਰਾਓ ਸਿੰਘ, ਰਜਿੰਦਰ ਸਿੰਘ ਧੀਮਾਨ, ਗੁਰਮੇਲ ਸਿੰਘ ਮੋਜੋਵਾਲ, ਸਰਬਜੀਤ ਸਿੰਘ ਪੱਡਾ, ਭਰਪੂਰ ਸਿੰਘ, ਬਾਬੂ ਰਾਮ ਦੀਵਾਨਾ, ਮਹਿੰਦਰ ਸਿੰਘ ਗੋਸਲ, ਗੁਰਦਾਸ ਸਿੰਘ ਦਾਸ, ਪ੍ਰਤਾਪ ਪਾਰਸ ਗੁਰਦਾਸਪੁਰੀ ਅਤੇ ਡਾ. ਗੁਰਦੇਵ ਸਿੰਘ ਗਿੱਲ ਵੱਲੋਂ ਸਾਵਣ ਦੀਆਂ ਰਚਨਾਵਾਂ ਪੇਸ਼ ਕੀਤੀਆਂ ਅਤੇ ਰਤਨ ਬਾਬਕਵਾਲਾ ਨੇ ਵਿਅੰਗਮਈ ਰਚਨਾ ਸੁਣਾ ਕੇ ਮਾਹੌਲ ਖੁਸ਼ਨੁਮਾ ਬਣਾ ਦਿੱਤਾ। ਮਲਕੀਤ ਸਿੰਘ ਨਾਗਰਾ ਨੇ ਸੰਤ ਰਾਮ ਉਦਾਸੀ ਦੀ ਰਚਨਾ ਬਹੁਤ ਬੁਲੰਦ ਆਵਾਜ਼ ਵਿੱਚ ਪੇਸ਼ ਕੀਤੀ। ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਸੰਤਵੀਰ ਨੇ ਸਾਵਣ ਮਹੀਨੇ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਗੁਰਪ੍ਰੀਤ ਸਿੰਘ ਖੁਰਲ ਵਲੋਂ ਆਪਣੇ ਪਿਤਾ ਦੀਆਂ ਯਾਦਾਂ ਤਾਜ਼ਾ ਕਰਦਿਆਂ ਦੱਸਿਆ ਕਿ ਉਹਨਾਂ ਦੇ ਪਿਤਾ ਸਾਹਿਤ ਵਿੱਚ ਬਹੁਤ ਰੁਚੀ ਰੱਖਦੇ ਸਨ ਅਤੇ ਅੰਤ ਤੱਕ ਸਾਹਿਤ ਵਿਗਿਆਨ ਕੇਂਦਰ ਨਾਲ ਜੁੜੇ ਰਹੇ। ਸਭਾ ਦੇ ਇਸਤਰੀ ਮੈਂਬਰਾਂ ਨਰਿੰਦਰ ਕੌਰ ਲੌਂਗੀਆ, ਰਮਨਦੀਪ ਰਮਣੀਕ, ਬਲਜੀਤ ਬੈਂਸ, ਹਰਭਜਨ ਕੌਰ ਢਿੱਲੋਂ, ਅਮਰਜੀਤ ਕੌਰ, ਡਾ. ਰਜਿੰਦਰ ਰੇਣੂ, ਬਬੀਤਾ ਸਾਗਰ, ਬਲਜੀਤ ਕੌਰ ਬੁੱਟਰ, ਮਨਦੀਪ ਕੌਰ ਸੇਹਲ, ਜਸ਼ਨਦੀਪ ਕੌਰ ਸਿੱਧੂ, ਸੁਮਨ ਰਾਣੀ ਤੇ ਉਹਨਾਂ ਦੇ ਮਾਤਾ ਕੁਲਦੀਪ ਕੌਰ, ਵੈਸ਼ਾਲੀ, ਕੁਲਵਿੰਦਰ ਕੌਰ, ਪਰਮਿੰਦਰ ਵਰਮਾ, ਰੇਖਾ ਮਿੱਤਲ, ਦਵਿੰਦਰ ਕੌਰ ਢਿੱਲੋਂ ਅਤੇ ਡਾ. ਹਰਬੰਸ ਕੌਰ ਗਿੱਲ ਵੱਲੋਂ ਤੀਆਂ ਦਾ ਤਿਉਹਾਰ ਮਨਾਇਆ ਗਿਆ। ਅੰਤਰਰਾਸ਼ਟਰੀ ਢੋਲੀ ਜਸਬੀਰ ਸਿੰਘ ਮੀਕਾ, ਹਰਿਦਰ ਹਰ, ਪਿਆਰਾ ਸਿੰਘ ਰਾਹੀ ਅਤੇ ਬਲਕਾਰ ਸਿੰਘ ਸਿੱਧੂ ਨੇ ਬੋਲੀਆਂ ਪਾ ਕੇ ਖੂਬ ਵਾਹ ਵਾਹ ਖੱਟੀ। ਪਰਮਿੰਦਰ ਸਿੰਘ ਅਜ਼ੀਜ਼, ਜਰਨੈਲ ਸਿੰਘ ਖੀਵਾ, ਅੰਸ਼ੁਕਰ ਮਹੇਸ਼, ਮੰਦਰ ਗਿੱਲ ਸਾਹਬਚੰਦੀਆ, ਨਰਿੰਦਰ ਸਿੰਘ ਦੌੜਕਾ, ਜਸਬੀਰ ਸਿੰਘ, ਬਸ਼ੇਸ਼ਰ ਸਿੰਘ, ਸੁਰਿੰਦਰ ਕੁਮਾਰ, ਸੁਖਦੇਵ ਸਿੰਘ, ਰਾਜੂ ਨਾਹਰ, ਦਰਸ਼ਨ ਤਿਉਣਾ, ਪਰਲਾਦ ਸਿੰਘ, ਬਲਵਿੰਦਰ ਢਿੱਲੋਂ, ਲਾਭ ਸਿੰਘ ਲਹਿਲੀ ਅਤੇ ਵਿੰਦਰ ਮਾਂਝੀ ਹਾਜ਼ਰ ਸਨ। ਮੰਚ ਸੰਚਾਲਨ ਦਵਿੰਦਰ ਕੌਰ ਢਿੱਲੋਂ ਨੇ ਬਾਖੂਬੀ ਨਿਭਾਇਆ। ਅੰਤ ਵਿੱਚ ਖੁਰਲ ਪਰਵਾਰ ਵੱਲੋਂ ਤਿਆਰ ਕੀਤਾ ਖੀਰ ਪੂੜਿਆਂ ਦਾ ਲੰਗਰ ਵਰਤਾਇਆ ਗਿਆ।



# ਸੰਤ ਬਾਬਾ ਹਰੀ ਸਿੰਘ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਤਕਨਾਲੋਜੀ ਦਾ ਸ਼ੁੱਭ ਆਰੰਭ



**ਮਾਹਿਲਪੁਰ (ਸ਼ਗਨ)**

ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਕੈਂਪਸ ਵਿੱਚ ਆਈਕੇਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਜਲੰਧਰ ਵਲੋਂ ਮਾਨਤਾ ਪ੍ਰਾਪਤ ਸੰਤ ਬਾਬਾ ਹਰੀ ਸਿੰਘ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਤਕਨਾਲੋਜੀ ਦਾ ਉਦਘਾਟਨ ਕੌਂਸਲ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰੀ ਵੱਲੋਂ ਕੌਂਸਲ ਦੇ ਅਹੁਦੇਦਾਰਾਂ ਅਤੇ ਸਟਾਫ ਦੀ ਹਾਜ਼ਰੀ ਵਿੱਚ ਕੀਤਾ ਗਿਆ। ਇਸ ਮੌਕੇ ਕਰਵਾਏ ਉਦਘਾਟਨੀ ਸਮਾਰੋਹ ਵਿੱਚ ਕੌਂਸਲ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰੀ, ਮੈਨੇਜਰ ਇੰਦਰਜੀਤ ਸਿੰਘ ਭਾਰਟਾ, ਖਜ਼ਾਨਚੀ ਵੀਰਇੰਦਰ ਸ਼ਰਮਾ, ਮੰਗਲਜੀਤ ਸਿੰਘ ਲਾਲੀ, ਜਸਵੰਤ ਸਿੰਘ, ਗੁਰਦਿਆਲ ਸਿੰਘ ਕਹਾਰਪੁਰ, ਪ੍ਰਿੰਸੀਪਲ ਡਾ ਪਰਵਿੰਦਰ ਸਿੰਘ, ਪ੍ਰਿੰਸੀਪਲ ਡਾ ਰੋਹਤਾਂਸ਼, ਪ੍ਰਿੰਸੀਪਲ ਸ਼ਿੱਬੂ ਮੈਥਿਊ ਸਮੇਤ ਇਲਾਕੇ ਦੀਆਂ ਉੱਘੀਆਂ ਸ਼ਖ਼ਸੀਅਤਾਂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਕੌਂਸਲ ਦੇ ਅਹੁਦੇਦਾਰਾਂ ਦੀ ਹਾਜ਼ਰੀ ਵਿੱਚ ਇੰਸਟੀਚਿਊਟ ਦੇ ਪ੍ਰਿੰਸੀਪਲ ਵੱਜੋਂ ਡਾ. ਬਿਮਲਾ ਜਸਵਾਲ ਤੇ ਅਧਿਆਪਕਾਂ ਵੱਜੋਂ ਡਾ. ਰਾਜ ਕੁਮਾਰ ਅਤੇ ਡਾ. ਕੁਲਜੀਤ ਕੌਰ ਨੇ ਆਪਣਾ ਕਾਰਜ ਭਾਰ ਸੰਭਾਲਿਆ। ਇਸ ਮੌਕੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਸਵਾਗਤੀ ਸ਼ਬਦ ਸਾਂਝੇ ਕਰਦਿਆਂ ਕਿਹਾ ਕਿ ਕੌਂਸਲ ਦੀ ਅਗਵਾਈ ਹੇਠ ਸ਼ੁਰੂ ਕੀਤੇ ਗਏ ਇਸ ਇੰਸਟੀਚਿਊਟ ਦੇ ਆਰੰਭ ਹੋਣ ਨਾਲ ਇਲਾਕੇ ਦੇ ਵਿਦਿਆਰਥੀਆਂ ਨੂੰ ਮੈਨੇਜਮੈਂਟ ਅਤੇ ਤਕਨਾਲੋਜੀ ਨਾਲ ਜੁੜੇ ਨਵੇਂ ਕੋਰਸਾਂ ਵਿੱਚ ਦਾਖ਼ਲ ਹੋਣ ਦਾ ਮੌਕਾ ਮਿਲੇਗਾ ਜਿਸ ਨਾਲ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਨਵੇਂ ਰੁਜ਼ਗਾਰਾਂ ਨਾਲ ਜੁੜਨਗੇ। ਉਨ੍ਹਾਂ ਇਸ ਉੱਦਮ ਲਈ ਕੌਂਸਲ ਦੇ ਅਹੁਦੇਦਾਰਾਂ ਦਾ ਧੰਨਵਾਦ ਕੀਤਾ ਅਤੇ ਸੰਸਥਾ ਦੇ ਵਿਸਥਾਰ ਲਈ ਪ੍ਰਬੰਧਕਾਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਨਵ ਨਿਯੁਕਤ ਪ੍ਰਿੰਸੀਪਲ ਡਾ ਬਿਮਲਾ ਜਸਵਾਲ ਨੇ ਕੌਂਸਲ ਦੇ ਅਹੁਦੇਦਾਰਾਂ ਦਾ ਧੰਨਵਾਦ ਕੀਤਾ ਅਤੇ ਨਵੀਂ ਸੰਸਥਾ ਦੀ ਤਰੱਕੀ ਲਈ ਮਿਹਨਤ ਅਤੇ ਲਗਨ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਕੌਂਸਲ ਦੇ ਅਹੁਦੇਦਾਰਾਂ ਵੱਲੋਂ ਇੰਸਟੀਚਿਊਟ ਦੀ ਮਾਨਤਾ ਸਬੰਧੀ ਵਿਸ਼ੇਸ਼ ਉੱਦਮ ਕਰਨ ਵਾਲੇ ਸਟਾਫ ਨੂੰ ਸਨਮਾਨਤ ਕੀਤਾ ਗਿਆ। ਸਮਾਰੋਹ ਦੌਰਾਨ ਪ੍ਰਸਿੱਧ ਗੀਤਕਾਰ ਗੁਰਵਿੰਦਰ ਕੰਡਵਾਲ, ਵਾਤਾਵਰਨ ਚਿੰਤਕ ਵਿਜੇ ਬੰਬੇਲੀ, ਬਾਲ ਸਾਹਿਤ ਲੇਖਕ ਬਲਜਿੰਦਰ ਮਾਨ, ਪ੍ਰਿੰਸੀਪਲ ਸੁਰਜੀਤ ਸਿੰਘ, ਰਾਮ ਤੀਰਥ ਪਰਮਾਰ, ਪ੍ਰਿੰਸੀਪਲ ਰੁਪਿੰਦਰਜੋਤ ਸਿੰਘ, ਪ੍ਰਿੰਸੀਪਲ ਸਰਬਜੀਤ ਸਿੰਘ, ਸ਼ਾਇਰ ਜੀਵਨ ਚੰਦੇਲੀ, ਉੱਪ ਪ੍ਰਿੰਸੀਪਲ ਅਰਾਧਨਾ ਦੁੱਗਲ, ਸਟਾਫ਼ ਸਕੱਤਰ ਡਾ ਆਰਤੀ ਸ਼ਰਮਾ ,ਪ੍ਰੋ ਜਸਵਿੰਦਰ ਸਿੰਘ ਆਦਿ ਸਮੇਤ ਡਿਗਰੀ ਕਾਲਜ, ਬੀ ਐੱਡ ਕਾਲਜ ਅਤੇ ਸਕੂਲ ਦੇ ਸਮੂਹ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ ਨੇ ਸ਼ਿਰਕਤ ਕੀਤੀ। ਮੰਚ ਦੀ ਕਾਰਵਾਈ ਡਾ ਜੇ ਬੀ ਸੇਖੋਂ ਨੇ ਚਲਾਈ।

# ਸਾਵਣ ਮਹੀਨੇ ਮੌਕੇ ਮਾਲਪੂੜਾ-ਖੀਰ ਦਾ ਲੰਗਰ ਲਗਾਇਆ

**ਜ਼ੀਰਕਪੁਰ (ਜਤਿੰਦਰ ਕੁਮਾਰ)**

ਸਾਵਣ ਮਹੀਨੇ ਦੇ ਪਵਿੱਤਰ ਮੌਕੇ 'ਤੇ ਸ੍ਰੀ ਸਿੱਧ ਬਾਬਾ ਬਾਲਕ ਨਾਥ ਸੇਵਾ ਮੰਡਲ ਕਮੇਟੀ ਵੱਲੋਂ ਔਤਵਾਰ ਨੂੰ ਮਾਲਪੂੜਾ-ਖੀਰ ਦਾ ਵਿਸ਼ਾਲ ਭੰਡਾਰਾ ਲਗਾਇਆ ਗਿਆ। ਧਾਰਮਿਕ ਸਮਾਗਮ ਦੌਰਾਨ ਸਵੇਰੇ ਤੋਂ ਹੀ ਸ਼ਰਧਾਲੂਆਂ ਦੀ ਭਾਰੀ ਭੀੜ ਉਮੜਦੀ ਰਹੀ ਤੇ ਹਜ਼ਾਰਾਂ ਸੰਗਤਾਂ ਨੇ ਸ਼ਰਧਾ ਨਾਲ ਪ੍ਰਸ਼ਾਦ ਛਕ ਕੇ ਬਾਬਾ ਬਾਲਕ ਨਾਥ ਪ੍ਰਤੀ ਆਪਣੀ ਆਸਥਾ ਪ੍ਰਗਟਾਈ।ਕਮੇਟੀ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਇਹ ਸੇਵਾ ਕਾਰਜ ਪਿਛਲੇ ਸੱਤ ਸਾਲਾਂ ਤੋਂ ਲਗਾਤਾਰ ਸਾਵਣ ਮਹੀਨੇ ਦੌਰਾਨ ਕਰਵਾਇਆ ਜਾ ਰਿਹਾ ਹੈ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਵੱਡੀ ਗਿਣਤੀ ਵਿੱਚ ਸ਼ਰਧਾਲੂ ਭੰਡਾਰੇ ਵਿੱਚ ਸ਼ਾਮਲ ਹੋਏ। ਸਮਾਗਮ ਦੌਰਾਨ ਸੇਵਾ ਭਾਵਨਾ ਅਤੇ ਧਾਰਮਿਕ ਮਾਹੌਲ ਦੇਖਣ ਨੂੰ ਮਿਲਿਆ।ਕਮੇਟੀ ਦੇ ਮੈਂਬਰਾਂ ਅਤੇ ਸੇਵਾਦਾਰਾਂ ਨੇ ਪੂਰੇ ਉਤਸ਼ਾਹ ਨਾਲ ਸ਼ਰਧਾਲੂਆਂ ਦੀ ਸੇਵਾ ਕੀਤੀ।ਕਮੇਟੀ ਦੇ ਪ੍ਰਧਾਨ ਰਾਜੇਸ਼ ਪਠਾਨੀਆ ਨੇ ਕਿਹਾ ਕਿ ਸਮਾਜ ਵਿੱਚ ਸੇਵਾ, ਸ਼ਰਧਾ ਅਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਸੰਸਥਾ ਦਾ ਮੁੱਖ ਉਦੇਸ਼ ਹੈ। ਇਸ ਮੌਕੇ ਜਨਰਲ ਸਕੱਤਰ ਸਵਰੂਪ ਸਿੰਘ ਪਠਾਨੀਆ, ਖ਼ਜ਼ਾਨਚੀ ਜਮਵਾਲ, ਸੀਨੀਅਰ ਵਾਈਸ ਪ੍ਰਧਾਨ ਕੇ ਆਰ ਸ਼ਰਮਾ, ਚੇਤਨ ਧੀਮਾਨ, ਨਰਿੰਦਰ ਰਾਵਤ, ਸੁਸ਼ੀਲ, ਮੰਜੀਤ ਸਿੰਘ, ਰਾਜੀਵ ਮਹਿਰਾ, ਰਾਜ ਧੀਮਾਨ, ਰਾਜਿੰਦਰ ਠਾਕੁਰ ਸਮੇਤ ਕਮੇਟੀ ਦੇ ਹੋਰ ਅਹੁਦੇਦਾਰ, ਮੈਂਬਰ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ।



# ਗੁਰੂ ਪੁੰਨਿਆ ਦੇ ਸੰਬੰਧ 'ਚ ਸ੍ਰੀ ਅਖੰਡ ਪਾਠ ਸਾਹਿਬ ਦੀ ਕੀਤੀ ਆਰੰਭਤਾ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਨਿਰਮਲ ਕੁਟੀਆ ਟੂਟੋਮਜਾਰਾ ਜਨਮ ਅਸਥਾਨ ਸੰਤ ਬਾਬਾ ਦਲੇਲ ਸਿੰਘ ਮਹਾਰਾਜ ਜੀ ਵਿਖੇ ਗੁਰੂ ਪੁੰਨਿਆਂ ਦਾ ਪਵਿੱਤਰ ਦਿਹਾੜਾ 29 ਜੁਲਾਈ ਦਿਨ ਬੁੱਧਵਾਰ ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਮੱਖਣ ਸਿੰਘ ਜੀ ਅਤੇ ਸੰਤ ਬਾਬਾ ਬਲਬੀਰ ਸਿੰਘ ਸਾਸ਼ਤਰੀ ਨੇ ਸਾਂਝੇ ਤੌਰ ਤੇ ਦੱਸਿਆ ਕਿ ਸਮਾਗਮ ਨੂੰ ਮੁੱਖ ਰੱਖਦਿਆਂ 27 ਜੁਲਾਈ ਦਿਨ ਸੋਮਵਾਰ ਨੂੰ ਸਵੇਰੇ 11 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ, ਜਿਨਾਂ ਦੇ ਭੋਗ 29 ਜੁਲਾਈ ਦਿਨ ਬੁੱਧਵਾਰ ਨੂੰ ਪੈਣਗੇ। ਪਾਠ ਦੇ ਭੋਗ ਤੋਂ ਬਾਅਦ 10. 30 ਤੋ 12.30 ਤੱਕ ਕੀਰਤਨ ਹੋਵੇਗਾ। ਉਹਨਾਂ ਦੱਸਿਆ ਕਿ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਸਮਾਗਮ ਵਿੱਚ ਇਲਾਕਾ ਨਿਵਾਸੀ ਸੰਗਤਾਂ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।



# ਵੇਸਟ-ਟੂ-ਆਰਟ ਮੁਕਾਬਲਾ ਕਰਵਾਇਆ

**ਆਦਮਪੁਰ (ਪਰਮਜੀਤ ਸਿੰਘ)**

ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾ ਤਹਿਤ ਵੇਸਟ-ਟੂ-ਆਰਟ ਕੰਮਪੀਟੀਸ਼ਨ ਦਾ ਇੰਪੀਰੀਅਲ ਸਕੂਲ ਆਦਮਪੁਰ ਵਿਖੇ ਕਰਵਾਇਆ ਗਿਆ। ਇਸ ਮੌਕੇ ਤੇ ਸਕੂਲ ਦੀ ਪ੍ਰਿੰਸੀਪਲ ਰਾਜਵਿੰਦਰ ਕੋਰ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਕਿਹਾ, ਅਤੇ ਕੰਪੀਟਸ਼ਨ ਦਾ ਆਗਾਜ ਕੀਤਾ। ਇਸ ਵਿੱਚ ਗੋਰਮਿੰਟ ਸਿਨੀਅਰ ਸਕੈਡਰੀ ਸਕੂਲ, ਖੁਰਦਪੁਰ (ਕੰਨਿਆ), ਸਕੂਲ ਆਫ ਐਮੀਨੈਂਸ ਗਾਜੀਪੁਰ ਅਤੇ ਦਾ ਇੰਪੀਰੀਅਲ ਸਕੂਲ, ਆਦਮਪੁਰ ਦੇ ਬੱਚਿਆਂ ਨੇ ਭਾਗ ਲਿਆ। ਜਿਸ ਵਿੱਚ ਬੱਚਿਆ ਨੇ ਆਪਣੇ-ਆਪਣੇ ਬਣਾਏ ਹੋਏ ਵੇਸਟ-ਟੂ-ਆਰਟ ਦੇ ਮਾਡਲਾਂ ਨੂੰ ਪੇਸ਼ ਕੀਤਾ। ਇਸ ਕੰਮਪੀਟੀਸ਼ਨ ਵਿੱਚ ਮੁੱਖ ਜੱਜ ਸਬ ਡਵੀਜਨਲ ਮੈਜੀਸਟਰੇਟ ਲਾਲ ਵਿਸ਼ਵਾਸ ਬੈਂਸ, ਕਾਰਜ ਸਾਧਕ ਅਫਸਰ ਰਾਜੀਵ ਉਬਰਾਏ ਅਤੇ ਪ੍ਰਧਾਨ ਚਰਨਜੀਤ ਸਿੰਘ ਸ਼ੇਰੀ ਮੁੱਖ ਜੱਜ ਸਨ ਜਿਨਾਂ ਨੇ ਬੱਚਿਆ ਵਲੋ ਬਣਾਏ ਮਾਡਲਾਂ ਨੂੰ ਦੇਖ ਕੇ ਪਹਿਲਾ ਇਨਾਮ ਪੂਜਾ ਕੁਮਾਰੀ ਦਾ ਇੰਪੀਰੀਅਲ ਸਕੂਲ, ਦੂਜਾ ਵੰਸ਼ਿਕਾ ਗੋਰਮਿੰਟ ਸਿਨੀਅਰ ਸਕੈਡਰੀ ਸਕੂਲ, ਖੁਰਦਪੁਰ (ਕੰਨਿਆ), ਅਤੇ ਤੀਜਾ ਪ੍ਰੀਤੀ ਕੁਮਰੀ ਸਕੂਲ ਆਫ ਐਮੀਨੈਂਸ ਗਾਜੀਪੁਰ ਨੂੰ ਇਨਾਮ, ਸਰਟੀਫਿਕੇਟ ਅਤੇ ਮੈਡਲ ਦਿੱਤੇ। ਇਸ ਤੋਂ ਇਲਾਵਾ ਜਿਨ੍ਹਾ ਬੱਚਿਆ ਨੇ ਭਾਗ ਲਿਆ ਸੀ, ਉਹਨਾਂ ਨੂੰ ਵੀ ਸਰਟੀਫਿਕੇਟ ਦਿੱਤੇ ਗਏ। ਇਸ ਮੌਕੇ ਤੇ ਸਬ ਡਵੀਜਨਲ ਮੈਜਿਸਟਰੇਟ ਲਾਲ ਵਿਸ਼ਵਾਸ ਬੈਂਸ, ਨਗਰ ਕੌਂਸਲ ਆਦਮਪੁਰ ਦੇ ਪ੍ਰਧਾਨ ਚਰਨਜੀਤ ਸਿੰਘ ਸ਼ੇਰੀ, ਕਾਰਜ ਸਾਧਕ ਅਫਸਰ ਰਾਜੀਵ ਉਬਰਾਏ, ਸੀਨਿਅਰ ਵਾਈਸ ਪ੍ਰਧਾਨ ਹਰਵਿੰਦਰ ਸਿੰਘ (ਬਿੰਦਾ ਗਰੇਵਾਲ), ਵਾਈਸ ਪ੍ਰਧਾਨ ਕੰਨੂ ਬਾਂਸਲ, ਕੌਂਸਲਰ ਪਵਿੱਤਰ ਸਿੰਘ, ਅਮਰੀਕ ਸਿੰਘ, ਜੋਗਿੰਦਰਪਾਲ, ਦਵਿੰਦਰ ਸਿੰਘ ਸੂਰੀ, ਰੀਨਾ ਅਗਰਵਾਲ, ਹਨੀ ਭੱਟੀ, ਬਿਕਰਮ ਬੱਧਣ, ਸੀ ਐਫ ਨਿਰਮਲ ਬੈਸ, ਕਲਰਕ ਤਨੁਜ ਮਲਹੋਤਰਾ, ਮੋਟੀਵੇਟਰ ਸੁਰਿੰਦਰ ਸਿੰਘ ਅਤੇ ਸੰਦੀਪ ਕੋਰ ਆਦਿ ਹਾਜਰ ਸਨ। ਇਸ ਮੌਕੇ ਤੇ ਡਾਇਰੇਕਟਰ ਦਾ ਇੰਪੀਰੀਅਲ ਸਕੂਲ ਜਗਮੋਹਨ ਪਸਰੀਚਾ ਅਤੇ ਸੀ.ਓ ਸੁਖਦੇਵ ਅਰੋੜਾ ਵਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।



# 'ਸੀ ਐਮ ਦੀ ਯੋਗਸ਼ਾਲਾ ਰੰਗਲਾ ਪੰਜਾਬ-ਸਿਹਤਮੰਦ ਪੰਜਾਬ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰ ਰਹੀ'



**ਬੰਗਾ (ਅਵਤਾਰ ਕਲੇਰ)**- ਪੰਜਾਬ ਸਰਕਾਰ ਦੇ 'ਰੰਗਲਾ ਪੰਜਾਬ ਸਿਹਤਮੰਦ ਪੰਜਾਬ ਮਿਸ਼ਨ ਅਧੀਨ ਚਲਾਈ ਜਾ ਰਹੀ ਸੀ ਐਮ ਦੀ ਯੋਗਸ਼ਾਲਾ ਯੋਜਨਾ ਨਵਾਂਸ਼ਹਿਰ ਜ਼ਿਲ੍ਹੇ ਵਿੱਚ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਵੱਲ ਸੇਧਿਤ ਕਰ ਰਹੀ ਹੈ। ਜ਼ਿਲ੍ਹੇ ਵਿੱਚ ਰੋਜ਼ਾਨਾ 231 ਯੋਗਾ ਕਲਾਸਾਂ ਲਗਾਈਆਂ ਜਾ ਰਹੀਆਂ ਹਨ, ਜਿਸ ਵਿੱਚ 2,500 ਤੋਂ ਵੱਧ ਨਾਗਰਿਕ ਨਿਯਮਿਤ ਤੌਰ 'ਤੇ ਯੋਗਾ ਦਾ ਅਭਿਆਸ ਕਰ ਰਹੇ ਹਨ।ਇਸ ਸੰਦਰਭ ਵਿੱਚ ਬਲਾਕ ਪੱਧਰ 'ਤੇ ਕੰਮ ਕਰਨ ਵਾਲੀ ਪ੍ਰਿਯੰਕਾ ਯੋਗਿਨੀ, ਇਕੱਲੇ ਛੇ ਯੋਗਾ ਕਲਾਸਾਂ ਚਲਾ ਰਹੀ ਹੈ। ਪ੍ਰਿਯੰਕਾ ਯੋਗਿਨੀ ਦੀ ਯਾਤਰਾ ਸਵੇਰੇ 4 ਵਜੇ ਸ਼ੁਰੂ ਹੁੰਦੀ ਹੈ ਅਤੇ ਉਹ ਸਵੇਰੇ 11 ਵਜੇ ਤੱਕ ਵੱਖ-ਵੱਖ ਮੁਹੱਲਿਆਂ ਅਤੇ ਪਾਰਕਾਂ ਵਿੱਚ ਲੋਕਾਂ ਨੂੰ ਮੁਫਤ ਯੋਗਾ ਸਿਖਾਉਂਦੀ ਰਹਿੰਦੀ ਹੈ। ਜਿਸ ਵਿੱਚ ਔਰਤਾਂ, ਬਜ਼ੁਰਗਾਂ ਅਤੇ ਨੌਜਵਾਨਾਂ ਨੂੰ ਗੰਭੀਰ ਬਿਮਾਰੀਆਂ ਤੋਂ ਰਾਹਤ ਮਿਲ ਰਹੀ ਹੈ। ਪ੍ਰਿਯੰਕਾ ਯੋਗਿਨੀ ਦੀਆਂ ਯੋਗਾ ਕਲਾਸਾਂ ਵਿੱਚ ਨਿਯਮਿਤ ਤੌਰ 'ਤੇ ਹਾਜ਼ਰ ਹੋਣ ਵਾਲੇ ਅਭਿਆਸੀਆਂ ਦੁਆਰਾ ਅਨੁਭਵ ਕੀਤੇ ਗਏ ਚਮਤਕਾਰੀ ਨਤੀਜਿਆਂ ਦੀ ਵਿਆਪਕ ਤੌਰ 'ਤੇ ਚਰਚਾ ਕੀਤੀ ਜਾ ਰਹੀ ਹੈ। ਵੱਖ ਵੱਖ ਰੋਗਾਂ ਦੀਆਂ ਦਵਾਈਆਂ ਖਾਣ ਵਾਲੇ ਮਰੀਜ਼ਾਂ ਦੀਆਂ ਦਵਾਈਆਂ ਘੱਟ ਹੋ ਰਹੀਆਂ ਹਨ ਅਤੇ ਕਈ ਮਰੀਜ਼ਾਂ ਦੀਆਂ ਦਵਾਈਆਂ ਬੰਦ ਵੀ ਹੋ ਗਈਆਂ ਹਨ। ਪ੍ਰਿਯੰਕਾ ਯੋਗਿਨੀ ਇਸ ਸਫਲਤਾ 'ਤੇ ਬੋਲਦਿਆਂ, ਪ੍ਰਿਯੰਕਾ ਯੋਗਿਨੀ ਨੇ ਕਿਹਾ, ਮੇਰਾ ਟੀਚਾ ਮੁੱਖ ਮੰਤਰੀ ਦੇ ਦ੍ਰਿਸ਼ਟੀਕੋਣ ਅਨੁਸਾਰ ਯੋਗ ਨੂੰ ਹਰ ਘਰ ਤੱਕ ਪਹੁੰਚਾਉਣਾ ਹੈ।'

# ਇੱਕ ਪੇੜ ਮਾਂ ਦੇ ਨਾਂਅ ਮੁਹਿੰਮ ਤਹਿਤ ਵੰਡੇ ਪੌਦੇ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਸਮਾਜ ਸੇਵਾ ਦੀ ਦਿਸ਼ਾ ਵਿੱਚ ਨਿਰੰਤਰ ਕਾਰਜਸ਼ੀਲ ਸੰਸਥਾ 'ਮਾਨਵ ਸੇਵਾ ਸੰਘ (ਇੱਕ ਛੋਟੀ ਜਿਹੀ ਪਹਿਲ)' ਵੱਲੋਂ ਆਪਣੀ ਮਹੀਨਾਵਾਰ ਸੇਵਾ ਦੇ ਤਹਿਤ ਸ੍ਰੀ ਰਾਮ ਤਲਾਈ ਬੱਸ ਸਟੈਂਡ, ਡੇਰਾਬੱਸੀ ਵਿਖੇ ਵਿਸ਼ਾਲ ਭੰਡਾਰੇ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਲਗਭਗ 2500 ਤੋਂ ਵੱਧ ਲੋੜਵੰਦਾਂ ਨੂੰ ਸੰਗਠਨ ਵੱਲੋਂ ਕੜ੍ਹੀ-ਚੌਲ ਅਤੇ ਹਲਵੇ ਦਾ ਪ੍ਰਸ਼ਾਦ ਵਰਤਾਇਆ ਗਿਆ। ਇਸ ਤੋਂ ਇਲਾਵਾ 'ਇੱਕ ਪੇੜ ਮਾਂ ਦੇ ਨਾਂਅ' ਮੁਹਿੰਮ ਤਹਿਤ ਵਾਤਾਵਰਣ ਦੀ ਸੰਭਾਲ ਲਈ ਬੇਲਪੱਤਰ, ਜਾਮਣ, ਨਿੰਮ, ਅਸ਼ੋਕ, ਅਮਰੂਦ ਅਤੇ ਔਂਵਲੇ ਦੇ ਪੌਦੇ ਵੀ ਸੰਗਤਾਂ ਨੂੰ ਵੰਡੇ ਗਏ।ਇਸ ਮੌਕੇ ਡੇਰਾਬੱਸੀ ਦੇ ਪ੍ਰਮੁੱਖ ਸਮਾਜ ਸੇਵਕਾਂ ਤੋਂ ਇਲਾਵਾ ਨਗਰ ਕੌਂਸਲ ਪ੍ਰਧਾਨ ਨੇ ਵੀ ਖਾਸ ਤੌਰ 'ਤੇ ਸ਼ਿਰਕਤ ਕੀਤੀ। ਸੰਸਥਾ ਦੇ ਸੰਚਾਲਕ ਭੁਵਨੇਸ਼ ਚੌਹਾਨ ਨੇ ਦੱਸਿਆ ਕਿ ਮਾਨਵ ਸੇਵਾ ਸੰਘ ਦੇ ਸਾਰੇ ਮੈਂਬਰ ਫਾਰਮਾ ਸੈਕਟਰ (ਦਵਾਈ ਕੰਪਨੀਆਂ) ਨਾਲ ਜੁੜੇ ਹੋਏ ਹਨ ਅਤੇ ਉਹ ਆਪਣੇ ਸਮਾਜਿਕ ਜੀਵਨ ਦੇ ਨਾਲ-ਨਾਲ 'ਨਰ ਸੇਵਾ ਹੀ ਨਾਰਾਇਣ ਸੇਵਾ' ਦੇ ਉਦੇਸ਼ ਨੂੰ ਮੁੱਖ ਰੱਖ ਕੇ ਨਿਸ਼ਕਾਮ ਭਾਵ ਨਾਲ ਸਮਾਜ ਸੇਵਾ ਕਰ ਰਹੇ ਹਨ।ਇਸ ਮੌਕੇ ਸੁਰਿੰਦਰ ਸ਼ਰਮਾ, ਜਿਤਿੰਦਰ ਮਿਸ਼ਰਾ, ਰਮਨ ਕੌਸ਼ਲ, ਨਿਤਿਨ ਜੈਨ, ਪਰਵਿੰਦਰ ਰਾਣਾ, ਜਨਕ ਕੁਮਾਰ, ਸੁਧੀਰ ਸੇਠੀ, ਮਿਥਿਲੇਸ਼ ਦ੍ਵਿਵੇਦੀ, ਅਜੇ ਕੁਮਾਰ, ਮੋਨੀ ਧੀਮਾਨ, ਰਾਜੇਸ਼ ਮਧਵਾਲ, ਮੰਜੂ ਸ਼ਰਮਾ, ਦੇਵਰਾਜ, ਅਵਨੀਸ਼ ਕੁਮਾਰ, ਨਿਤੇਸ਼ ਕੁਮਾਰ, ਮ੍ਰਿਗੇਸ਼ਵਰ ਰਾਜਪੂਤ, ਸੰਜੀਵ ਕੌਸ਼ਿਕ, ਗਿਰਧਰ ਬਣਵਾਲ ਆਦਿ ਸਮੇਤ ਸੰਘ ਦੇ ਅਨੇਕਾਂ ਮੈਂਬਰ ਹਾਜ਼ਰ ਸਨ।



# ਸਿਲਾਈ ਸੈਂਟਰ ਦਾ ਉਦਘਾਟਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਸ਼ਿਵਾ ਐਜੂਕੇਸ਼ਨਲ ਸੁਸਾਇਟੀ ਨੂਰਮਹਿਲ ਵੱਲੋਂ ਨੂਰਮਹਿਲ ਵਿੱਚ ਔਰਤਾਂ ਤੇ ਲੜਕੀਆਂ ਲਈ ਸਿਖਲਾਈ ਸੈਂਟਰ ਖੋਲਿਆ ਗਿਆ ਜਿਸ ਦਾ ਉਦਘਾਟਨ ਨੂਰਮਹਿਲ ਦੇ ਕੌਂਸਲਰ ਰਜਨੀ ਕੋਹਲੀ ਨੇ ਰੀਬਨ ਕੱਟ ਕੇ ਕੀਤਾ । ਇਸ ਮੌਕੇ ਸੁਸਾਇਟੀ ਦੇ ਸਰਪ੍ਰਸਤ ਮੈਡਮ ਸੁਮਨ ਪਾਠਕ ਨੇ ਦੱਸਿਆ ਕਿ ਇਹ ਗਿਆਰਵਾਂ ਸਿਖਲਾਈ ਸੈਂਟਰ ਹੈ। ਇਸ ਤੋਂ ਪਹਿਲਾਂ ਪਿੰਡ ਸ਼ਾਮ ਪੁਰ, ਉੱਪਲ ਖ਼ਾਲਸਾ, ਉੱਪਲ ਭੂਪਾ, ਸਿੰਧਮ ਹਰੀ ਸਿੰਘ, ਸੁੰਨੜ ਕਲਾਂ, ਪੱਬਮਾਂ ਤੇ ਪਿੰਡ ਚੂਹੇਕੀ ਵਿੱਚ ਦੋ ਸੈਂਟਰ ਖੋਲ੍ਹੇ ਗਏ । ਉਨ੍ਹਾਂ ਦੱਸਿਆ ਕਿ ਇਸ ਸੈਂਟਰ ਵਿੱਚ 29 ਲੜਕੀਆਂ ਤੇ ਔਰਤਾਂ ਨੂੰ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਨੂੰ ਸਿਲਾਈ ਮਸ਼ੀਨ ਤੇ ਹੋਰ ਸਮੱਗਰੀ ਸਾਰੀ ਸੁਸਾਇਟੀ ਵੱਲੋਂ ਫ੍ਰੀ ਦਿੱਤੀ ਜਾਵੇਗੀ । ਇਨ੍ਹਾਂ ਲੜਕੀਆਂ ਨੂੰ ਸਿਖਲਾਈ ਗੀਤਾ ਵੱਲੋਂ ਦਿੱਤੀ ਜਾਵੇਗੀ ਤੇ ਓਮਾ ਸ਼ੰਕਰ ਵੱਲੋਂ ਲੜਕੀਆਂ ਨੂੰ ਡਿਜ਼ਾਈਨ ਬਾਰੇ ਦੱਸਿਆ ਜਾਵੇਗਾ । ਇਹ ਸਿਲਾਈ ਸੈਂਟਰ ਤਿੰਨ ਮਹੀਨੇ ਚੱਲੇਗਾ ਖਤਮ ਹੋਣ ਤੋਂ ਬਾਅਦ ਸਰਟੀਫਿਕੇਟ ਦਿੱਤੇ ਜਾਣਗੇ। ਇਸ ਮੌਕੇ ਪ੍ਰਧਾਨ ਦੀਪਕ ਕੁਮਾਰ ਦੀਪੂ, ਕੌਂਸਲਰ ਜੰਗ ਬਹਾਦਰ ਕੋਹਲੀ, ਪ੍ਰਿੰਸੀਪਲ ਰੀਨਾ ਸ਼ਰਮਾਂ ਤੇ ਸ਼ਿਵਾ ਸਕੂਲ ਦੇ ਪ੍ਰਿੰਸੀਪਲ ਅਮਨਦੀਪ ਪਾਠਕ ਤੇ ਹੋਰ ਪਤਵੰਤੇ ਹਾਜ਼ਰ ਸਨ।



# ਅਨਪਛਾਤੀ ਔਰਤ ਦੀ ਗਲੀ-ਸੜੀ ਲਾਸ਼ ਬਰਾਮਦ

**ਡੇਰਾਬੱਸੀ (ਵਿਨੈ ਕੁਮਾਰ ਜੈਨ)**-ਮੁਬਾਰਕਪੁਰ ਚੌਂਕੀ ਦੇ ਅਧੀਨ ਪੈਂਦੇ ਘੱਗਰ ਦਰਿਆ 'ਚੋਂ ਇੱਕ ਅਨਪਛਾਤੀ ਔਰਤ ਦੀ ਗਲੀ-ਸੜੀ ਹਾਲਤ ਵਿੱਚ ਲਾਸ਼ ਮਿਲਣ ਦੀ ਖ਼ਬਰ ਪ੍ਰਾਪਤ ਹੋਈ ਹੈ। ਇਸ ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਮੁਬਾਰਕਪੁਰ ਚੌਂਕੀ ਦੇ ਤਫਤੀਸ਼ੀ ਅਫਸਰ ਲਖਵਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਨੂੰ ਇੱਕ ਰਾਹਗੀਰ ਵੱਲੋਂ ਫੋਨ 'ਤੇ ਇਤਲਾਹ ਦਿੱਤੀ ਗਈ ਸੀ ਕਿ ਘੱਗਰ ਦਰਿਆ ਵਿੱਚ ਇੱਕ ਔਰਤ ਦੀ ਲਾਸ਼ ਫਸੀ ਹੋਈ ਹੈ। ਸੂਚਨਾ ਮਿਲਦਿਆਂ ਹੀ ਪੁਲਿਸ ਟੀਮ ਨੇ ਮੌਕੇ 'ਤੇ ਪਹੁੰਚ ਕੇ ਮੁਬਾਰਕਪੁਰ ਕਾਜਵੇ ਵਾਲੇ ਉਪਰਲੇ ਪਾਸੇ, ਦਰਿਆ ਦੇ ਅੰਦਰ ਲਗਭਗ ਅੱਧਾ ਕਿਲੋਮੀਟਰ ਪਿੱਛੇ ਪਾਣੀ ਵਿੱਚ ਅਟਕੀ ਹੋਈ ਲਾਸ਼ ਨੂੰ ਬਾਹਰ ਕੱਢਿਆ।ਤਫਤੀਸ਼ੀ ਅਫਸਰ ਅਨੁਸਾਰ ਮ੍ਰਿਤਕ ਔਰਤ ਦੀ ਉਮਰ ਲਗਭਗ 30 ਤੋਂ 35 ਸਾਲ ਦੇ ਦਰਮਿਆਨ ਜਾਪਦੀ ਹੈ। ਲਾਸ਼ ਕਈ ਦਿਨ ਪੁਰਾਣੀ ਹੋਣ ਕਰਕੇ ਕਾਫ਼ੀ ਗਲ ਚੁੱਕੀ ਹੈ ਅਤੇ ਫੁੱਲੀ ਹੋਈ ਹਾਲਤ ਵਿੱਚ ਹੈ। ਪਾਣੀ ਦੇ ਬਹਾਅ ਕਾਰਨ ਔਰਤ ਦੇ ਕੱਪੜੇ ਵੀ ਫਟ ਚੁੱਕੇ ਹਨ ਅਤੇ ਸਰੀਰ 'ਤੇ ਅਜਿਹਾ ਕੋਈ ਖ਼ਾਸ ਨਿਸ਼ਾਨ ਨਹੀਂ ਮਿਲਿਆ, ਜਿਸ ਤੋਂ ਉਸ ਦੀ ਤੁਰੰਤ ਪਛਾਣ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਪੁਲਿਸ ਵੱਲੋਂ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਅਣਪਛਾਤੀ ਵਜੋਂ ਪਛਾਣ (ਸ਼ਨਾਖ਼ਤ) ਲਈ 72 ਘੰਟਿਆਂ ਵਾਸਤੇ ਸਿਵਲ ਹਸਪਤਾਲ ਡੇਰਾਬੱਸੀ ਦੇ ਮੁਰਦਾਘਰ ਵਿੱਚ ਰਖਵਾ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਆਸ-ਪਾਸ ਦੇ ਇਲਾਕਿਆਂ ਅਤੇ ਥਾਣਿਆਂ ਵਿੱਚ ਇਸ ਸਬੰਧੀ ਸੂਚਨਾ ਭੇਜ ਕੇ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

# ਸਾਲਾਨਾ ਇਨਾਮ ਵੰਡ ਸਮਾਰੋਹ ਸੰਪੰਨ

**ਬਲਾਚੌਰ (ਜਸਵਿੰਦਰ ਬੈਂਸ)**

ਇਲਾਕੇ ਦੇ ਨਾਮਵਰ ਐੱਮ.ਆਰ. ਸਿਟੀ ਪਬਲਿਕ ਸਕੂਲ, ਬਲਾਚੌਰ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਬੜੇ ਹੀ ਉਤਸ਼ਾਹ, ਸ਼ਾਨੋ-ਸ਼ੌਕਤ ਅਤੇ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀਆਂ ਨਾਲ ਕਰਵਾਇਆ ਗਿਆ। ਸਮਾਗਮ ਦੌਰਾਨ ਜਮਾਤ ਪਹਿਲੀ ਤੋਂ ਚੌਥੀ ਤੱਕ ਦੇ ਅਕਾਦਮਿਕ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਅਤੇ 100 ਫ਼ੀਸਦੀ ਹਾਜ਼ਰੀ ਦਰਜ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕਰਕੇ ਉਨ੍ਹਾਂ ਦੀ ਮਿਹਨਤ ਨੂੰ ਸਲਾਮ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਦੀਪ ਪ੍ਰਜਵਲਨ ਅਤੇ ਗਣੇਸ਼ ਵੰਦਨਾ ਨਾਲ ਹੋਈ, ਜਿਸ ਨੇ ਪੂਰੇ ਮਾਹੌਲ ਨੂੰ ਆਧਿਆਤਮਿਕ ਅਤੇ ਸ਼ੁਭ ਰੰਗ ਵਿੱਚ ਰੰਗ ਦਿੱਤਾ। ਇਸ ਉਪਰੰਤ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀ ਗਈ ਪ੍ਰਭਾਵਸ਼ਾਲੀ ਰੋਲ ਪਲੇ, ਸੰਗੀਤ ਅਧਿਆਪਕ ਸੁਖਬਿੰਦਰ ਸਿੰਘ ਦੀ ਮਧੁਰ ਸੰਗੀਤਕ ਪੇਸ਼ਕਾਰੀ ਅਤੇ ਅੰਤ ਵਿੱਚ ਪੇਸ਼ ਕੀਤਾ ਗਿਆ ਜੋਸ਼ ਭਰਿਆ ਭੰਗੜਾ ਦਰਸ਼ਕਾਂ ਲਈ ਖਿੱਚ ਦਾ ਕੇਂਦਰ ਬਣਿਆ। ਹਾਜ਼ਰ ਦਰਸ਼ਕਾਂ ਨੇ ਹਰ ਪੇਸ਼ਕਾਰੀ ਨੂੰ ਤਾੜੀਆਂ ਦੀ ਗੂੰਜ ਨਾਲ ਭਰਪੂਰ ਸਰਾਹਿਆ। ਸਮਾਗਮ ਦੀ ਵਿਸ਼ੇਸ਼ ਖ਼ਾਸੀਅਤ ਸਕੂਲ ਦੇ ਮਾਪਿਆਂ ਵਿੱਚੋਂ ਚੁਣੇ ਗਏ ਚਾਰ ਪ੍ਰਤਿਸ਼ਠਿਤ ਮੁੱਖ ਵਕਤਾ ਯਸ਼ਪਾਲ, ਅਵਨੀਸ਼, ਹੇਮੰਤ ਅਤੇ ਦੇਵਰਾਜ ਰਹੇ। ਸਿੱਖਿਆ, ਉਦਯੋਗ, ਵਿਗਿਆਨ ਅਤੇ ਪ੍ਰਬੰਧਨ ਦੇ ਖੇਤਰਾਂ ਨਾਲ ਜੁੜੀਆਂ ਇਨ੍ਹਾਂ ਸ਼ਖ਼ਸੀਅਤਾਂ ਨੇ ਆਪਣੇ ਜੀਵਨ ਦੇ ਅਨੁਭਵ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਵੱਡੇ ਸੁਪਨੇ ਦੇਖਣ, ਆਪਣੇ ਆਪ 'ਤੇ ਵਿਸ਼ਵਾਸ ਰੱਖਣ ਅਤੇ ਦ੍ਰਿੜ੍ਹ ਇਰਾਦਿਆਂ ਨਾਲ ਸਫਲਤਾ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਮਾਪਿਆਂ ਨੂੰ ਵੀ ਬੱਚਿਆਂ ਦੀ ਬਿਹਤਰ ਪਰਵਰਿਸ਼, ਸਹੀ ਮਾਰਗਦਰਸ਼ਨ ਅਤੇ ਨੈਤਿਕ ਕਦਰਾਂ-ਕੀਮਤਾਂ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਸਕੂਲ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀਆਂ ਗਈਆਂ ਵਿਭਿੰਨ ਸੱਭਿਆਚਾਰਕ ਪੇਸ਼ਕਾਰੀਆਂ ਨੇ ਸਮਾਗਮ ਨੂੰ ਹੋਰ ਵੀ ਰੰਗੀਨ ਅਤੇ ਯਾਦਗਾਰ ਬਣਾ ਦਿੱਤਾ। ਸਮਾਗਮ ਦਾ ਸਮਾਪਨ ਰਾਸ਼ਟਰੀ ਗਾਨ ਨਾਲ ਹੋਇਆ। ਪੂਰਾ ਸਮਾਰੋਹ ਪ੍ਰੇਰਣਾ, ਉਤਸ਼ਾਹ ਅਤੇ ਉਪਲਬਧੀਆਂ ਦਾ ਸੁੰਦਰ ਸੰਗਮ ਬਣ ਕੇ ਹਰ ਹਾਜ਼ਰ ਵਿਅਕਤੀ ਦੇ ਮਨ ਵਿੱਚ ਅਮਿੱਟ ਛਾਪ ਛੱਡ ਗਿਆ।





# ਐਥਲੈਟਿਕਸ ਤੇ ਫੁੱਟਬਾਲ ਮੁਕਾਬਲੇ ਕਰਵਾਏ

**ਬਿਲਗਾ (ਵਿਜੇ ਕੁਮਾਰ)**

ਐੱਸ ਆਰ ਟੀ ਡੀ ਏ ਵੀ ਪਬਲਿਕ ਸਕੂਲ, ਬਿਲਗਾ ਵਿਖੇ ਡੀ ਏ ਵੀ ਖੇਡਾਂ (ਕਲਸਟਰ ਪੱਧਰੀ) ਐਥਲੈਟਿਕਸ ਅਤੇ ਫੁੱਟਬਾਲ ਮੁਕਾਬਲਿਆਂ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿੱਚ ਅੱਠ ਡੀ ਏ ਵੀ ਸਕੂਲਾਂ ਦੇ ਅੰਡਰ-14, ਅੰਡਰ-17 ਅਤੇ ਅੰਡਰ-19 ਵਰਗ ਦੇ ਲੜਕੇ ਅਤੇ ਲੜਕੀਆਂ ਨੇ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਭਾਗ ਲਿਆ। ਅੰਡਰ-14 ਅਤੇ ਅੰਡਰ-19 ਵਰਗ ਵਿੱਚ ਪੀ ਏ ਪੀ ਡੀ ਏ ਵੀ ਪਬਲਿਕ ਸਕੂਲ, ਜਲੰਧਰ ਨੇ ਸਭ ਤੋਂ ਵੱਧ ਅੰਕ ਪ੍ਰਾਪਤ ਕੀਤੇ, ਜਦਕਿ ਅੰਡਰ-17 (ਲੜਕੇ ਅਤੇ ਲੜਕੀਆਂ) ਵਰਗ ਵਿੱਚ ਐੱਸ ਆਰ ਟੀ ਡੀ ਏ ਵੀ ਪਬਲਿਕ ਸਕੂਲ, ਬਿਲਗਾ ਨੇ ਸਰਵੋਚ ਅੰਕ ਹਾਸਲ ਕੀਤੇ । ਫੁੱਟਬਾਲ ਮੁਕਾਬਲਿਆਂ ਦੇ ਅੰਡਰ-14 ਫਾਈਨਲ ਵਿੱਚ ਬਿਲਗਾ ਦੀ ਟੀਮ ਨੇ ਡੀ.ਏ.ਵੀ. ਨਕੋਦਰ ਨੂੰ ਅਤੇ ਅੰਡਰ-17 ਫਾਈਨਲ ਵਿੱਚ ਐੱਮ.ਡੀ. ਦਯਾਨੰਦ ਮਾਡਲ ਸਕੂਲ, ਜਲੰਧਰ ਨੂੰ ਹਰਾਕੇ ਚੈਂਪੀਅਨ ਬਣਨ ਦਾ ਮਾਣ ਪ੍ਰਾਪਤ ਕੀਤਾ। ਸਮਾਪਨ ਸਮਾਰੋਹ ਦੀ ਅਧਿਆਕਸ਼ਤਾ ਸੋਨਾਲੀ ਸ਼ਰਮਾ, ਪ੍ਰਿੰਸੀਪਲ, ਡੀ.ਏ.ਵੀ. ਪਬਲਿਕ ਸਕੂਲ, ਕਪੂਰਥਲਾ ਅਤੇ ਸ਼੍ਰੀ ਬਲਜਿੰਦਰ ਸਿੰਘ, ਪ੍ਰਿੰਸੀਪਲ, ਐੱਮ.ਡੀ. ਦਯਾਨੰਦ ਮਾਡਲ ਸਕੂਲ, ਨਕੋਦਰ ਨੇ ਕੀਤੀ।ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਲੀਡਰਸ਼ਿਪ ਅਤੇ ਟੀਮ ਭਾਵਨਾ ਦਾ ਵਿਕਾਸ ਕਰਦੀਆਂ ਹਨ।ਉਨ੍ਹਾਂ ਐੱਸ ਆਰ ਟੀ ਡੀ ਏ ਵੀ ਪਬਲਿਕ ਸਕੂਲ, ਬਿਲਗਾ ਵੱਲੋਂ ਕੀਤੇ ਗਏ ਸ਼ਾਨਦਾਰ ਪ੍ਰਬੰਧਾਂ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਸਕੂਲ ਨੇ ਇਸ ਸਫਲ ਆਯੋਜਨ ਰਾਹੀਂ ਇੱਕ ਮਿਸਾਲ ਕਾਇਮ ਕੀਤੀ ਹੈ। ਸਕੂਲ ਦੇ ਪ੍ਰਿੰਸੀਪਲ ਸ਼੍ਰੀ ਸੰਜੀਵ ਗੁਜਰਾਲ ਨੇ ਖੇਤਰੀ ਅਧਿਕਾਰੀ ਯੋਗੇਸ਼ ਗੰਭੀਰ ਦਾ ਸਕੂਲ ਨੂੰ ਇਸ ਪ੍ਰਤੀਯੋਗਿਤਾ ਦੀ ਮੇਜ਼ਬਾਨੀ ਦਾ ਮੌਕਾ ਦੇਣ ਲਈ ਦਿਲੋਂ ਧੰਨਵਾਦ ਕੀਤਾ ।ਉਨ੍ਹਾਂ ਕਿਹਾ ਕਿ ਅਜਿਹੇ ਖੇਡ ਸਮਾਗਮ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦੇ ਨਾਲ-ਨਾਲ ਖੇਡ ਸਭਿਆਚਾਰ ਨੂੰ ਵੀ ਨਵੀਂ ਦਿਸ਼ਾ ਪ੍ਰਦਾਨ ਕਰਦੇ ਹਨ।




# ਅਮਰਜੀਤ ਸਿੰਘ ਚੱਢਾ ਸਨਮਾਨਤ



**ਚੰਡੀਗੜ੍ਹ (ਸੁਰਜੀਤ ਸੁਮਨ)**-ਚੰਡੀਗੜ੍ਹ ਗੁਰਦੁਆਰਾ ਅਸਥਾਪਨ ਕਮੇਟੀ ਦੀ ਇਕੱਤਰਤਾ ਵਿੱਚ ਨਵੇਂ ਚੁਣੇ ਪ੍ਰਧਾਨ ਅਮਰਜੀਤ ਸਿੰਘ ਚੱਡਾ ਨੂੰ ਸਿਰੋਪਾਓ ਦੇ ਕੇ ਸਨਮਾਜਿਨਤ ਵੀ ਕੀਤਾ ਗਿਆ। ਇਸ ਮੌਕੇ ਜਨਰਲ ਸਕੱਤਰ ਗੁਰਜੋਤ ਸਿੰਘ ਸਾਹਨੀ ਨੇ ਕਿਹਾ ਹੈ ਕਿ ਉਹ ਵਿਦਿਆਰਥੀਆਂ ਦੇ ਹਰ ਤਰ੍ਹਾਂ ਦੇ ਅੰਦੋਲਨ ਦਾ ਸਮਰਥਨ ਕਰਦੇ ਹਨ। ਉਹਨਾਂ ਕਿਹਾ ਕਿ ਜਿਸ ਤਰੀਕੇ ਨਾਲ ਵਿਦਿਆਰਥੀਆਂ ਉੱਤੇ ਤਸ਼ੱਦਦ ਕੀਤਾ ਗਿਆ ਹੈ, ਇਹ ਬਿਲਕੁਲ ਗਲਤ ਤੇ ਨਿੰਦਣਯੋਗ ਹੈ। ਉਹਨਾਂ ਕਿਹਾ ਕਿ ਸਾਨੂੰ ਸਮੁੱਚੇ ਮਸਲੇ ਮਿਲ ਬੈਠ ਕੇ ਅਤੇ ਨੌਜਵਾਨ ਵਰਗ ਦੀ ਸੋਚ ਨੂੰ ਸਾਹਮਣੇ ਰੱਖ ਕੇ ਕਰਨੇ ਚਾਹੀਦੇ ਹਨ, ਕਿਉਂਕਿ ਨੌਜਵਾਨ ਵਰਗ ਹੀ ਸਾਡਾ ਆਉਣ ਵਾਲਾ ਭਵਿੱਖ ਹੈ। ਅਸੀਂ ਜਿਸ ਤਰ੍ਹਾਂ ਦੀ ਗੁੜ੍ਹਤੀ ਇਹਨਾਂ ਨੂੰ ਦੇਵਾਂਗੇ, ਉਸੇ ਤਰ੍ਹਾਂ ਦਾ ਹੀ ਸਾਡਾ ਆਉਣ ਵਾਲਾ ਭਵਿੱਖ ਹੋਵੇਗਾ। ਇਹ ਇਸ ਤਰ੍ਹਾਂ ਹੀ ਆਉਣ ਵਾਲੇ ਸਮੇਂ ਵਿੱਚ ਕੰਮ ਕਰਨਗੇ। ਇਸ ਮੌਕੇ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਅਮਰਜੀਤ ਸਿੰਘ ਚੱਡਾ, ਗੁਰਿੰਦਰ ਸਿੰਘ ਉਬਰਾਏ, ਪਰਮਦੀਪ ਸਿੰਘ ਭਬਾਤ, ਚਰਨਜੀਤ ਸਿੰਘ ਵਿਲੀ, ਜਸਬੀਰ ਸਿੰਘ ਉੱਪਰ, ਵਿੱਕੀ ਚੱਡਾ, ਦਲੀਪ ਸਿੰਘ, ਮਨਪ੍ਰੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਸਥਾਪਨ ਕਮੇਟੀ ਦੇ ਮੈਂਬਰ ਹਾਜ਼ਰ ਸਨ।

# ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਦਾ ਸਥਾਪਨਾ ਦਿਵਸ ਮਨਾਇਆ



**ਕਪੂਰਥਲਾ (ਮਨਜੀਤ ਮਾਨ)**

ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਕਾਲਾ ਸੰਘਿਆਂ ਦਾ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜ. ਸੀਤਲ ਸਿੰਘ ਸੰਘਾ, ਡਾਇਰੈਕਟਰ ਡਾ. ਰਾਮ ਮੂਰਤੀ ਤੇ ਪ੍ਰਿੰਸੀਪਲ ਬਲਜਿੰਦਰ ਕੌਰ ਸੱਚਦੇਵਾ ਦੀ ਅਗਵਾਈ ਹੇਠ 40 ਵਾਂ ਸਥਾਪਨਾ ਦਿਵਸ ਮਨਾਇਆ ਗਿਆ। ਇਸ ਸਮਾਗਮ ਦੀ ਆਰੰਭਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਕੀਤੀ ਗਈ। ਅੰਤ ਵਿੱਚ ਸਰਬੱਤ ਦੇ ਭਲੇ ਦੀ ਅਰਦਾਸ ਵਿੱਚ ਕਾਲਜ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਗਈ। ਕਾਲਜ ਦੀਆਂ ਹੋਣਹਾਰ ਵਿਦਿਆਰਥਣਾਂ ਨੇ ਕਵੀਸ਼ਰੀ ਗਾ ਕੇ ਸਿੱਖ ਕੌਮ ਦੇ ਸ਼ਹੀਦਾਂ ਦਾ ਜਸ ਗਾਇਨ ਕੀਤਾ। ਸੰਤ ਹੀਰਾ ਦਾਸ ਸਿੱਖਿਆ ਸੰਸਥਾਵਾਂ ਦੇ ਡਾਇਰੈਕਟਰ ਡਾ. ਰਾਮ ਮੂਰਤੀ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਗੁਰੂ ਗ੍ਰੰਥ ਸਾਹਿਬ ਜੀ ਦੇ ਓਟ ਆਸਰੇ ਹੀ ਅਸੀਂ ਚੰਗੇ ਗੁਣ ਧਾਰਨ ਕਰ ਸਕਦੇ ਹਾਂ।ਪ੍ਰਿੰਸੀਪਲ ਬਲਜਿੰਦਰ ਕੌਰ ਸੱਚਦੇਵਾ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਹੋਇਆ ਕਿਹਾ ਕਿ ਕਾਲਜ ਹਰ ਖੇਤਰ ਵਿੱਚ ਵਿਦਿਆ, ਸੱਭਿਆਚਾਰਕ ਅਤੇ ਖੇਡ ਖੇਤਰ ਵਿੱਚ ਪਿਛਲੇ 40 ਸਾਲਾਂ ਤੋਂ ਆਪਣੀਆਂ ਸੇਵਾਵਾਂ ਨਿਭਾਉਂਦਾ ਹੋਇਆ ਇਲਾਕੇ ਵਿੱਚ ਆਪਣੇ ਵਿਸ਼ੇਸ਼ ਸਥਾਨ ਰੱਖਦਾ ਹੈ। ਇਸ ਸਮਾਗਮ ਵਿੱਚ ਕਾਲਜ ਪ੍ਰਬੰਧਕ ਕਮੇਟੀ ਦੇ ਵਾਈਸ ਪ੍ਰੈਜੀਡੈਂਟ ਬਿਕਰਮਜੀਤ ਸਿੰਘ, ਸੈਕਟਰੀ ਸੰਜੀਵ ਕੁਮਾਰ ਹੈਪੀ, ਕਾਲਜੀਏਟ ਪ੍ਰਿੰਸੀਪਲ ਰਜਿੰਦਰ ਕੌਰ, ਸੰਤ ਹੀਰਾ ਦਾ ਪਬਲਿਕ ਸਕੂਲ ਦੇ ਪ੍ਰਿੰਸੀਪਲ ਮੈਡਮ ਕਰੁਣਾ ਤੇ ਸਟਾਫ ਮੈਂਬਰਜ਼, ਗੁਰੂ ਨਾਨਕ ਦੇਵ ਸਕੂਲ ਦੇ ਪ੍ਰਿੰਸੀਪਲ ਮੈਡਮ ਨੀਲਮ ਕੁਮਾਰੀ ਤੇ ਸਟਾਫ, ਕਾਲਜ ਦੇ ਸਮੂਹ ਸਟਾਫ ਮੈਂਬਰਜ਼ ਤੇ ਵਿਦਿਆਰਥੀ ਸ਼ਾਮਲ ਹੋਏ।ਅੰਤ ਵਿੱਚ ਗੁਰੂ ਦਾ ਲੰਗਰ ਵਰਤਾਇਆ ਗਿਆ।

# ਕਾਰਗਿਲ ਵਿਜੈ ਦਿਵਸ ਮੌਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**-ਕਾਰਗਿਲ ਵਿਜੈ ਦਿਵਸ ਦੇ ਮੌਕੇ ਅਖਿਲ ਭਾਰਤੀ ਵਿਦਿਆਰਥੀ ਪਰਿਸ਼ਦ (ਏ ਬੀ ਵੀ ਪੀ) ਹੋਸ਼ਿਆਰਪੁਰ ਵੱਲੋਂ ਵਾਰ ਮੈਮੋਰੀਅਲ, ਹੁਸ਼ਿਆਰਪੁਰ ਵਿਖੇ ਕਾਰਗਿਲ ਯੁੱਧ ਦੇ ਅਮਰ ਸ਼ਹੀਦਾਂ ਨੂੰ ਫੁੱਲ ਭੇਟ ਕਰਕੇ ਸ਼ਰਧਾਂਜਲੀ ਅਰਪਿਤ ਕੀਤੀ ਗਈ।ਇਸ ਮੌਕੇ ਏ ਬੀ ਵੀ ਪੀ ਦੇ ਕਾਰਕੁਨਾਂ ਨੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਸਰਵਭੌਮਤਾ ਦੀ ਰੱਖਿਆ ਲਈ ਆਪਣੇ ਪ੍ਰਾਣ ਨਿਛਾਵਰ ਕਰਨ ਵਾਲੇ ਵੀਰ ਜਵਾਨਾਂ ਨੂੰ ਨਮਨ ਕੀਤਾ।ਇਸ ਮੌਕੇ ਏ ਬੀ ਵੀ ਪੀ ਪੰਜਾਬ ਦੇ ਪ੍ਰਾਂਤ ਸਹਿ ਮੰਤਰੀ ਅੰਕਿਤ ਕੁੰਦਰਾ, ਨਗਰ ਪ੍ਰਧਾਨ ਅਰਵਿੰਦ ਸ਼ਰਮਾ, ਨਗਰ ਸਹਿ ਮੰਤਰੀ ਰਿਤਿਸ਼ ਸ਼ਰਮਾ, ਨਗਰ ਐੱਸ.ਐੱਫ.ਐੱਸ. ਸੰਯੋਜਕ ਗੋਪਾਲ ਅਤੇ ਵੱਡੀ ਗਿਣਤੀ ਵਿੱਚ ਏ ਬੀ ਵੀ ਪੀ ਦੇ ਕਾਰਕੁਨ ਹਾਜ਼ਰ ਸਨ।ਸਮਾਗਮ ਨੂੰ ਸੰਬੋਧਨ ਕਰਦਿਆਂ ਅੰਕਿਤ ਕੁੰਦਰਾ ਨੇ ਕਿਹਾ ਕਿ ਕਾਰਗਿਲ ਵਿਜੈ ਦਿਵਸ ਭਾਰਤੀ ਫੌਜ ਦੇ ਅਦੁੱਤੀ ਸਾਹਸ, ਸ਼ੌਰਿਆ, ਬਲਿਦਾਨ ਅਤੇ ਰਾਸ਼ਟਰ ਪ੍ਰਤੀ ਅਟੱਲ ਸਮਰਪਣ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਭਾਰਤੀ ਫੌਜ ਨੇ ਬਹੁਤ ਹੀ ਮੁਸ਼ਕਲ ਹਾਲਾਤਾਂ ਵਿੱਚ ਵੀ ਆਪਣੇ ਸ਼ੌਰਿਆ ਨਾਲ ਦੁਸ਼ਮਣ ਨੂੰ ਮਾਤ ਦੇ ਕੇ ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਰੱਖਿਆ ਕੀਤੀ। ਕਾਰਗਿਲ ਦੇ ਵੀਰਾਂ ਦਾ ਬਲਿਦਾਨ ਹਰ ਭਾਰਤੀ ਲਈ ਪ੍ਰੇਰਣਾ ਦਾ ਸਰੋਤ ਹੈ।



# ਸੀਵਰੇਜ ਓਵਰਫਲੋਅ ਹੋਣ ਨਾਲ ਬਿਮਾਰੀਆਂ ਫੈਲਣ ਦਾ ਖ਼ਤਰਾ

**ਜ਼ੀਰਕਪੁਰ (ਜਤਿੰਦਰ ਕੁਮਾਰ)**

ਪੀਰਮੁੱਛਲਾ ਖੇਤਰ ਵਿੱਚ ਇੱਕ ਵਾਰ ਫਿਰ ਸੀਵਰੇਜ ਓਵਰਫਲੋ ਦੀ ਸਮੱਸਿਆ ਗੰਭੀਰ ਹੋ ਗਈ ਹੈ। ਸਥਾਨਕ ਵਸਨੀਕਾਂ ਦਾ ਦੋਸ਼ ਹੈ ਕਿ ਪ੍ਰਾਈਵੇਟ ਇੰਟਰਨੈੱਟ ਕੇਬਲ ਵਿਛਾਉਣ ਲਈ ਕੀਤੀ ਜਾ ਰਹੀ ਖੁਦਾਈ ਦੌਰਾਨ ਸੀਵਰੇਜ ਪਾਈਪਾਂ ਨੂੰ ਨੁਕਸਾਨ ਪਹੁੰਚ ਰਿਹਾ ਹੈ। ਇਸ ਕਾਰਨ ਪਿਛਲੇ ਕਰੀਬ ਇੱਕ ਮਹੀਨੇ ਤੋਂ ਕਈ ਸੜਕਾਂ ਅਤੇ ਗਲੀਆਂ ਵਿੱਚ ਗੰਦਾ ਪਾਣੀ ਖੜ੍ਹਾ ਰਹਿਣ ਨਾਲ ਲੋਕਾਂ ਨੂੰ ਆਵਾਜਾਈ ਵਿੱਚ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਮੱਸਿਆ ਦੀ ਜਾਣਕਾਰੀ ਮਿਲਣ 'ਤੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਉਦੇਵੀਰ ਸਿੰਘ ਢਿੱਲੋਂ, ਕਾਂਗਰਸ ਦੇ ਬਲਾਕ ਪ੍ਰਧਾਨ ਹਰਸ਼ ਰਿਸ਼ੀ ਅਤੇ ਪਾਰਸ਼ਦ ਗੁਰਸੇਵਕ ਸਿੰਘ ਪੂਨੀਆ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਸਮੱਸਿਆ ਦੇ ਜਲਦੀ ਅਤੇ ਸਥਾਈ ਹੱਲ ਦੀ ਮੰਗ ਕੀਤੀ।ਇਲਾਕਾ ਵਾਸੀਆਂ ਨੇ ਮੰਗ ਕੀਤੀ ਹੈ ਕਿ ਸੀਵਰੇਜ ਪ੍ਰਣਾਲੀ ਦੀ ਪੱਕੇ ਤੌਰ 'ਤੇ ਮੁਰੰਮਤ ਕਰਵਾਈ ਜਾਵੇ, ਖੁਦਾਈ ਕਰਨ ਵਾਲੀਆਂ ਏਜੰਸੀਆਂ ਦੀ ਜ਼ਿੰਮੇਵਾਰੀ ਤੈਅ ਕੀਤੀ ਜਾਵੇ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਪ੍ਰਭਾਵਸ਼ਾਲੀ ਪ੍ਰਬੰਧ ਕੀਤੇ ਜਾਣ। ਮਾਮਲੇ ਸਬੰਧੀ ਨਗਰ ਕੌਂਸਲ ਦੇ ਜੂਨੀਅਰ ਇੰਜੀਨੀਅਰ ਸਵਨੀਤ ਸਿੰਘ ਨੇ ਦੱਸਿਆ ਕਿ ਨਗਰ ਕੌਂਸਲ ਵੱਲੋਂ ਸਬੰਧਿਤ ਠੇਕੇਦਾਰ ਨੂੰ ਸਮੱਸਿਆ ਦਾ ਤੁਰੰਤ ਅਸਥਾਈ ਹੱਲ ਕਰਨ ਦੇ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਇੱਕ ਤੋਂ ਦੋ ਦਿਨਾਂ ਵਿੱਚ ਸੀਵਰੇਜ ਲਾਈਨ ਦੀ ਸਥਾਈ ਮੁਰੰਮਤ ਕਰਕੇ ਸਮੱਸਿਆ ਦਾ ਪੱਕਾ ਹੱਲ ਕਰ ਦਿੱਤਾ ਜਾਵੇਗਾ।



# ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ 31 ਨੂੰ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ 31 ਜੁਲਾਈ ਨੂੰ ਸ਼ਹੀਦ ਊਧਮ ਸਿੰਘ ਚੌਂਕ, ਸੁਲਤਾਨਪੁਰ ਲੋਧੀ ਵਿਖੇ ਵਿਸ਼ਾਲ ਸ਼ਰਧਾਂਜਲੀ ਸਮਾਗਮ ਕਰਵਾਇਆ ਜਾਵੇਗਾ। ਇਹ ਸਮਾਗਮ ਸ਼ਹੀਦ ਊਧਮ ਸਿੰਘ ਮੈਮੋਰੀਅਲ ਟਰੱਸਟ ਵੱਲੋਂ ਸਾਹਿਤ ਸਭਾ ਸੁਲਤਾਨਪੁਰ ਲੋਧੀ, ਬਾਰ ਐਸੋਸੀਏਸ਼ਨ ਸੁਲਤਾਨਪੁਰ ਲੋਧੀ, ਸ੍ਰੀ ਗੁਰੂ ਨਾਨਕ ਦੇਵ ਪ੍ਰੈਸ ਕਲੱਬ ਸੁਲਤਾਨਪੁਰ ਲੋਧੀ ਅਤੇ ਵੱਖ-ਵੱਖ ਸਮਾਜਿਕ, ਧਾਰਮਿਕ ਤੇ ਰਾਜਨੀਤਿਕ ਜਥੇਬੰਦੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਸਮਾਗਮ ਦੀਆਂ ਤਿਆਰੀਆਂ ਸੰਬੰਧੀ ਟਰੱਸਟ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਦੀ ਵਿਸ਼ੇਸ਼ ਮੀਟਿੰਗ ਹੋਈ, ਜਿਸ ਦੌਰਾਨ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ ਅਤੇ ਸਮਾਗਮ ਦੀਆਂ ਸਾਰੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਗਿਆ। ਟਰੱਸਟ ਦੇ ਸਕੱਤਰ ਐਡਵੋਕੇਟ ਰਜਿੰਦਰ ਸਿੰਘ ਰਾਣਾ ਅਤੇ ਸਾਹਿਤ ਸਭਾ ਦੇ ਸਰਪ੍ਰਸਤ ਨਰਿੰਦਰ ਸਿੰਘ ਸੋਨੀਆ ਨੇ ਦੱਸਿਆ ਕਿ ਸਮਾਗਮ ਵਿੱਚ ਸ਼ਮੂਲੀਅਤ ਲਈ ਵੱਖ-ਵੱਖ ਰਾਜਨੀਤਿਕ, ਧਾਰਮਿਕ, ਸਮਾਜਿਕ ਅਤੇ ਸੇਵਾ ਸੰਸਥਾਵਾਂ ਨੂੰ ਸੱਦਾ ਪੱਤਰ ਭੇਜੇ ਗਏ। ਉਨ੍ਹਾਂ ਕਿਹਾ ਕਿ ਸ਼ਹੀਦ ਊਧਮ ਸਿੰਘ ਦੀ ਲਾਸਾਨੀ ਕੁਰਬਾਨੀ ਨੂੰ ਨਮਨ ਕਰਨ ਲਈ ਸਮੂਹ ਨਗਰ ਵਾਸੀਆਂ ਅਤੇ ਨੌਜਵਾਨਾਂ ਨੂੰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਜਾਵੇਗੀ। ਮੀਟਿੰਗ ਵਿੱਚ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਜਰਨੈਲ ਸਿੰਘ ਸੰਧਾ, ਐਡਵੋਕੇਟ ਸ਼ੈਲ ਪ੍ਰਭਾਕਰ, ਨਰਿੰਦਰ ਸਿੰਘ ਸੋਨੀਆ, ਸਤਵੀਰ ਮਾਹੀਪਾਲ, ਸੁੱਚਾ ਸਿੰਘ ਮੋਮੀ, ਗੁਰਮੇਲ ਸਿੰਘ ਥਿੰਦ, ਕਰਮਜੀਤ ਸਿੰਘ ਕੌੜਾ, ਬਲਵਿੰਦਰ ਸਿੰਘ ਧਾਲੀਵਾਲ, ਐਡਵੋਕੇਟ ਅਸ਼ੂਤੋਸ਼ ਪਾਲ, ਪ੍ਰਦੀਪ ਸਿੰਘ ਅਟਵਾਲ, ਸੁਖਵਿੰਦਰ ਸਿੰਘ ਚੱਕ ਕੋਟਲਾ ਸਮੇਤ ਵੱਖ-ਵੱਖ ਜਥੇਬੰਦੀਆਂ ਦੇ ਆਗੂ ਅਤੇ ਪਤਵੰਤੇ ਹਾਜ਼ਰ ਸਨ।

